ਚੜ੍ਹਦੀਕਲਾ ਪੜ੍ਹੋ ! ਚੜ੍ਹਦੀਕਲਾ 'ਚ ਰਹੋ !!
ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬੱਤ ਦਾ ਭਲਾ
ਚੜ੍ਹਦੀਕਲਾ
ਬੀਤੀ ਅੱਧੀ ਸਦੀ ਤੋਂ ਧਰੂ ਤਾਰੇ ਵਾਂਗ ਚਮਕ ਰਿਹਾ ਰੋਜ਼ਾਨਾ 'ਚੜ੍ਹਦੀਕਲਾ' ਅਖ਼ਬਾਰ
- ਦੇਸ਼ ਦੇ ਸਭ ਤੋਂ ਸੀਨੀਅਰ ਪੱਤਰਕਾਰਾਂ ਵਿਚੋਂ ਇੱਕ ਸ੍ਰ. ਜਗਜੀਤ ਸਿੰਘ ਦਰਦੀ ਦੀ ਯੋਗ ਰਹਿਨੁਮਾਈ
- ਬਿਨਾਂ ਕਿਸੇ ਸਿਆਸੀ ਦਬਾਅ ਜਾਂ ਲਾਲਚ ਤੋਂ ਨਿਰਪੱਖਤਾ ਅਤੇ ਨਿਡਰਤਾ ਨਾਲ ਲੋਕ ਮੁੱਦਿਆਂ ਨੂੰ ਪੇਸ਼ ਕਰਨਾ
- ਧਾਰਮਿਕ ਕੱਟੜਤਾ ਅਤੇ ਵਪਾਰਕ ਲਾਭਾਂ ਜਿਹੀ ਸੌੜੀ ਸੋਚ ਤੋਂ ਕੋਹਾਂ ਦੂਰ, ਕੌਮੀ ਹਿੱਤਾਂ ਨੂੰ ਸਮਰਪਿਤ ਸੋਚ
- ਪੇਸ਼ੇ ਪ੍ਰਤੀ ਇਮਾਨਦਾਰ, ਸਮਰਪਿਤ ਅਤੇ ਸੰਵੇਦਨਸ਼ੀਲ ਪੱਤਰਕਾਰ ਅਤੇ ਸੰਪਾਦਕ ਸਟਾਫ
- ਹਰ ਵਰਗ ਦੇ ਪਾਠਕਾਂ ਲਈ ਉਸਾਰੂ ਸਮੱਗਰੀ ਦੀ ਭਰਮਾਰ

ਰਾਜਨੀਤਿਕ, ਸਮਾਜਿਕ, ਆਰਥਿਕ ਅਤੇ ਹਰ ਤਰ੍ਹਾਂ ਦੀਆਂ ਤਾਜ਼ਾ ਖ਼ਬਰਾਂ
ਪੰਜਾਬ ਦੇ ਹਰ ਪਿੰਡ ਹਰ ਸ਼ਹਿਰ 'ਚ ਮਿਲਦਾ ਹੈ
ਵੱਖ-ਵੱਖ ਵਿਸ਼ਿਆਂ ਅਤੇ ਚਾਲੂ ਮਾਮਲਿਆਂ ਬਾਰੇ ਜਾਣਕਾਰੀ
ਭਰਪੂਰ ਸੰਪਾਦਕੀ ਲੇਖ, ਫੀਚਰ ਅਤੇ ਪੜ੍ਹਨਯੋਗ ਸਮੱਗਰੀ
ਆਪਣੇ ਅਖ਼ਬਾਰਾਂ ਏਜੰਟ ਤੋਂ 'ਚੜ੍ਹਦੀਕਲਾ' ਦੀ ਮੰਗ ਕਰੋ

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬੱਤ ਦਾ ਭਲਾ

PRGI (RNI) Regd. No. 22972/1972

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ:) ਗਿ: ਹਰਨਾਮ ਸਿੰਘ ਜੀ

ਮੁੱਖ ਸੰਪਾਦਕ: ਡਾ. ਜਗਜੀਤ ਸਿੰਘ 'ਦਰਦੀ'

ਸੰਪਾਦਕ : ਹਰਪ੍ਰੀਤ ਸਿੰਘ 'ਦਰਦੀ'

(ਕੁੱਲ ਸਫ਼ੇ 12 Pages 12)

(Saturday, 24 May, 2025) ਪਟਿਆਲਾ ਸ਼ਨੀਵਾਰ, 24 ਮਈ, 2025, 11 ਜੇਠ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26, ਸਾਲ (Year) 57 ਅੰਕ ਨੰਬਰ (Volume No.) 142 ਮੁੱਲ : 2.00 ਰੁਪਏ ਫ਼ੋਨ: +91- 92168-07500 Posted at RMS Patiala www.charhdikala.com E-mail: news@charhdikala.com

## ਮੇਘਾਲਿਆ 'ਚ ਲੱਗੇ ਭੂਚਾਲ ਦੇ ਝਟਕੇ

ਸਿਲਾਂਗ, 23 ਮਈ (ਚੜ੍ਹਦੀਕਲਾ ਬਿਊਰੋ) : ਏਸ਼ੀਆ ਸਣੇ ਦੁਨੀਆਂ ਭਰ ਦੇ ਦੇਸ਼ਾਂ 'ਚ ਲਗਾਤਾਰ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਜਾ ਰਹੇ ਹਨ। ਅੱਜ ਸਵੇਰੇ ਜਿੱਥੇ ਭਾਰਤ ਦੇ ਗੁਆਂਢੀ ਮੁਲਕ ਤਿੱਬਤ 'ਚ ਭੂਚਾਲ ਆਇਆ ਸੀ, ਉੱਥੇ ਹੀ ਹੁਣ ਭਾਰਤ ਦੇ ਉੱਤਰ-ਪੂਰਬੀ ਸੂਬੇ ਮੇਘਾਲਿਆ 'ਚ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ ਹਨ। ਨੈਸ਼ਨਲ ਸੈਂਟਰ ਫ਼ਾਰ ਸੀਸਮੋਲੌਜੀ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਅੱਜ ਦੁਪਹਿਰ ਕਰੀਬ 3 ਵਜੇ ਇਹ ਭੂਚਾਲ ਆਇਆ, ਜਿਸ ਦੀ ਤੀਬਰਤਾ 3.4 ਦੱਸੀ ਜਾ ਰਹੀ ਹੈ। ਇਸ ਭੂਚਾਲ ਦਾ ਕੇਂਦਰ ਪੂਰਬੀ ਗੈਰੋ ਹਿੱਲਜ਼ ਇਲਾਕੇ 'ਚ ਜ਼ਮੀਨ ਤੋਂ 10 ਕਿੱਲੋਮੀਟਰ ਹੇਠਾਂ ਦਸਿਆ ਜਾ ਰਿਹਾ ਹੈ।



# ਪਾਣੀ ਵਿਵਾਦ ਨੇ ਲਿਆ ਨਵਾਂ ਮੋੜ

## ਦੋਵਾਂ ਸੂਬਿਆਂ ਦੇ ਮੰਤਰੀਆਂ ਵੱਲੋਂ ਪਾਣੀ ਸਬੰਧੀ ਆਪੋ-ਆਪਣੇ ਦਾਅਵੇ ਪੇਸ਼

ਚੰਡੀਗੜ੍ਹ,23 ਮਈ (ਚ. ਨ. ਸ.): ਹੁਣ ਤੱਕ ਹਰਿਆਣਾ ਨੂੰ ਪਾਣੀ ਨਾ ਛੱਡਣ 'ਤੇ ਦੋਵਾਂ ਸੂਬਿਆਂ ਵਿਚਾਲੇ ਚੱਲਿਆ ਆ ਰਿਹਾ ਵਿਵਾਦ ਹੁਣ ਨਵਾਂ ਮੋੜ ਲੈ ਗਿਆ ਹੈ। ਦੋਵਾਂ ਸੂਬਿਆਂ ਦੇ ਮੰਤਰੀ ਪਾਣੀ ਮਿਲਣ ਦੇ ਆਪਣੇ-ਆਪਣੇ ਦਾਅਵੇ ਕਰ ਰਹੇ ਹਨ। ਜਿੱਥੇ ਹਰਿਆਣਾ ਸਰਕਾਰ ਨੇ ਦਾਅਵਾ ਕੀਤਾ ਹੈ ਕਿ ਉਨ੍ਹਾਂ ਨੂੰ ਉਨ੍ਹਾਂ ਦੀ ਮੰਗ ਦੇ ਮੁਤਾਬਕ 10300 ਕਿਊਸਿਕ ਪਾਣੀ ਮਿਲਣਾ ਸ਼ੁਰੂ ਹੋ ਗਿਆ ਹੈ, ਉੱਥੇ ਪੰਜਾਬ ਸਰਕਾਰ ਦਾ ਦਾਅਵਾ ਹੈ ਕਿ ਭਾਖੜਾ ਮੇਨ ਲਾਈਨ 'ਚ 11700 ਕਿਊਸਿਕ ਪਾਣੀ ਛੱਡਿਆ ਗਿਆ ਹੈ, ਜਿਸ ਵਿੱਚੋਂ ਤਿੰਨ ਹਜ਼ਾਰ ਕਿਊਸਿਕ ਪਾਣੀ ਪੰਜਾਬ ਆਪਣੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਲੈ ਰਿਹਾ ਹੈ, ਤੇ ਬਾਕੀ ਬਚਿਆ ਹੋਇਆ ਪਾਣੀ ਹਰਿਆਣਾ ਨੂੰ ਉਸ ਦੇ ਨਵੇਂ ਸ਼ੈਸ਼ਨ ਦੇ ਕੋਟੇ ਤੋਂ ਜਾਰੀ ਕਰ ਰਿਹਾ ਹੈ। ਹਾਲਾਂਕਿ ਨਹਿਰੀ ਵਿਭਾਗ ਨਾਲ ਜੁੜੇ ਹੋਏ ਵਿਭਾਗ ਦੇ ਇੰਜੀਨੀਅਰਾਂ ਦਾ ਕਹਿਣਾ ਹੈ ਕਿ ਨਹਿਰ ਦੀ ਸਮਰੱਥਾ ਹੀ 12500 ਹੈ। ਅਜਿਹੇ 'ਚ ਹਰਿਆਣਾ ਦਾ ਇਹ ਦਾਅਵਾ ਸਹੀ ਨਹੀਂ ਹੋ ਸਕਦਾ ਕਿ ਉਨ੍ਹਾਂ ਨੂੰ 10300 ਕਿਊਸਿਕ ਪਾਣੀ ਮਿਲ ਰਿਹਾ ਹੈ ਕਿਉਂਕਿ ਨਹਿਰ ਦੇ ਹੈੱਡ 'ਤੇ 11700 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ, ਜਿਸ ਵਿੱਚੋਂ ਤਿੰਨ ਹਜ਼ਾਰ ਕਿਊਸਿਕ ਪਾਣੀ ਪੰਜਾਬ ਆਪਣੇ ਹਿੱਸੇ ਦਾ ਲੈ ਰਿਹਾ ਹੈ। ਅਜਿਹੇ 'ਚ ਉਨ੍ਹਾਂ ਨੂੰ 10300 ਕਿਊਸਿਕ ਪਾਣੀ ਕਿਵੇਂ ਮਿਲ ਸਕਦਾ ਹੈ।

ਹਰਿਆਣਾ ਦੀ ਜਲ ਵਸੀਲਾ ਵਿਭਾਗ ਦੀ ਮੰਤਰੀ ਸ਼ਰੂਤੀ ਚੌਧਰੀ ਨੇ ਅੱਜ ਕਿਹਾ ਕਿ ਹਰਿਆਣਾ ਨੂੰ ਉਸਦੇ ਹਿੱਸੇ ਦਾ 10300 ਕਿਊਸਿਕ ਪਾਣੀ ਮਿਲਣਾ ਸ਼ੁਰੂ ਹੋ ਗਿਆ ਹੈ। ਉਨ੍ਹਾਂ ਕਿਹਾ ਕਿ 3600 ਕਿਊਸਿਕ ਪਾਣੀ ਹਰਿਆਣਾ ਬ੍ਰਾਂਚ 'ਚ ਤੇ 6700 ਕਿਊਸਿਕ ਪਾਣੀ ਬੀਐੱਮਐੱਲ 'ਚ ਮਿਲਣਾ ਸ਼ੁਰੂ ਹੋ ਗਿਆ ਹੈ, ਜਿਸ ਨਾਲ ਹਰਿਆਣਾ ਦੇ ਜੀਂਦ, ਭਿਵਾਨੀ, ਰੋਹਤਕ ਤੇ ਝੱਜਰ 'ਚ ਪਾਣੀ ਦੀ ਕਮੀ ਪੂਰੀ ਹੋ ਗਈ ਹੈ। ਉੱਧਰ, ਪੰਜਾਬ ਦੇ ਜਲ ਵਸੀਲਾ ਵਿਭਾਗ ਦੇ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਦਾਅਵਾ ਕੀਤਾ ਹੈ ਕਿ ਭਾਖੜਾ ਮੇਨ ਲਾਈਨ ਤੋਂ ਤਿੰਨ ਹਜ਼ਾਰ ਕਿਊਸਿਕ ਪਾਣੀ ਪੰਜਾਬ ਨੂੰ ਮਿਲ ਰਿਹਾ ਹੈ, ਜਦਕਿ ਹਾਲੇ ਵੀ ਸਿਰਫ਼ 11700 ਕਿਊਸਿਕ ਪਾਣੀ ਹੀ ਛੱਡਿਆ ਗਿਆ ਹੈ। ਅਸੀਂ ਹੈੱਡ 'ਤੇ ਬੈਠੇ ਹਾਂ। ਸਾਡੀ ਜ਼ਰੂਰਤ ਪੂਰਾ ਹੋਣ ਦੇ ਬਾਅਦ ਹੀ ਹਰਿਆਣਾ ਨੂੰ ਪਾਣੀ ਮਿਲੇਗਾ। ਹਾਲਾਂਕਿ ਜਲ ਵਸੀਲਾ ਵਿਭਾਗ ਦੇ ਸੂਤਰ ਵੀ ਇਹ ਕਹਿ ਰਹੇ ਹਨ ਕਿ ਹਾਲੇ 11700 ਕਿਊਸਿਕ ਹੀ ਪਾਣੀ ਛੱਡਿਆ ਗਿਆ ਹੈ, ਜਿਸਨੂੰ ਨਹਿਰ ਦੀ ਸਥਿਤੀ ਨੂੰ ਦੇਖਦੇ ਹੋਏ ਹਰ ਘੰਟੇ ਬਾਅਦ 100 ਕਿਊਸਿਕ ਵਧਾਇਆ ਜਾ ਰਿਹਾ ਹੈ।

ਜ਼ਿਕਰਯੋਗ ਹੈ ਕਿ ਪੰਜਾਬ ਬੀਬੀਐੱਮਬੀ ਵਲੋਂ ਹਰਿਆਣਾ ਨੂੰ 10300 ਕਿਊਸਿਕ ਪਾਣੀ ਦੇਣ 'ਤੇ ਇਹ ਕਹਿੰਦੇ ਹੋਏ ਇਤਰਾਜ਼ ਕਰ ਰਿਹਾ ਹੈ, ਕਿ ਜਦੋਂ ਨਹਿਰ ਦੀ ਸਮਰੱਥਾ ਹੀ 12500 ਹੈ ਤਾਂ ਹਰਿਆਣਾ ਨੂੰ 10300 ਪਾਣੀ ਕਿਵੇਂ ਦਿੱਤਾ ਜਾ ਸਕਦਾ ਹੈ। ਜੇਕਰ ਇਸ ਤਰ੍ਹਾਂ ਕੀਤਾ ਗਿਆ ਤਾਂ ਪੰਜਾਬ ਨੂੰ ਇਸ ਦੇ ਹਿੱਸੇ ਦਾ ਪਾਣੀ ਨਹੀਂ ਮਿਲੇਗਾ। ਪੰਜਾਬ ਇਹ ਵੀ ਵਾਰ-ਵਾਰ ਕਹਿ ਰਿਹਾ ਹੈ ਕਿ ਨਹਿਰ ਕਈ ਥਾਵਾਂ ਤੋਂ ਕਾਫੀ ਖਰਾਬ ਸਥਿਤੀ 'ਚ ਹੈ। ਜੇਕਰ ਨਹਿਰ ਟੁੱਟ ਗਈ ਤਾਂ ਪੰਜਾਬ ਦੇ ਇਲਾਕਿਆਂ ਦਾ ਬਹੁਤ ਨੁਕਸਾਨ ਹੋਵੇਗਾ। ਇਸ ਦੌਰਾਨ ਚੰਗੀ ਗੱਲ ਇਹ ਰਹੀ ਕਿ ਕੱਲ੍ਹ ਪਹਾੜਾਂ 'ਤੇ ਹੋਈ ਜ਼ੋਰਦਾਰ ਬਾਰਿਸ਼ ਤੇ ਬਰਫ ਦੇ ਪਿਘਲਣ ਨਾਲ ਭਾਖੜਾ 'ਚ ਪਾਣੀ ਦਾ ਇਨਫਲੋਅ ਨੌ ਹਜ਼ਾਰ ਕਿਊਸਿਕ ਵੱਧ ਗਿਆ ਹੈ। ਪਿਛਲੇ ਕੱਲ੍ਹ ਇਹ 20607 ਕਿਊਸਕ ਸੀ ਜਿਹੜਾ ਅੱਜ 29110 ਦਰਜ ਕੀਤਾ ਗਿਆ। ਹਾਲਾਂਕਿ ਪਾਣੀ ਨੂੰ ਰਿਲੀਜ਼ ਕਰਨ 'ਚ ਜ਼ਿਆਦਾ ਵਾਧਾ ਨਹੀਂ ਕੀਤਾ ਗਿਆ। ਅੱਜ ਭਾਖੜਾ ਤੋਂ ਪਾਣੀ ਕੱਲ੍ਹ ਦੇ 20607 ਦੇ ਮੁਕਾਬਲੇ 20957 ਛੱਡਿਆ ਗਿਆ ਹੈ ਜਿਸ ਵਿਚੋਂ 11700 ਬੀਐਮਐਲ 'ਚ ਤੇ ਬਾਕੀ ਸਰਹਿੰਦ ਫੀਡਰ ਸਮੇਤ ਹੋਰ ਨਹਿਰੀ ਸਿਸਟਮ 'ਚ ਛੱਡਿਆ ਗਿਆ ਹੈ। ਭਾਖੜਾ ਦੇ ਇਲਾਵਾ ਪੌਂਗ ਡੈਮ ਦਾ ਪਾਣੀ ਦਾ ਪੱਧਰ ਵੀ ਵਧਿਆ ਹੈ, ਪਰ ਰਣਜੀਤ ਸਾਗਰ ਡੈਮ ਦਾ ਪਾਣੀ ਦਾ ਪੱਧਰ ਕੱਲ੍ਹ ਦੇ ਮੁਕਾਬਲੇ ਘੱਟ ਹੋਇਆ ਹੈ।

# ਹੇਮਕੁੰਟ ਸਾਹਿਬ ਹਾਦਸੇ ਦੇ 5 ਪੀੜਤ ਪਰਿਵਾਰਾਂ ਨੂੰ 4 ਕਰੋੜ 20 ਲੱਖ ਰੁ. ਮਿਲੇਗਾ ਮੁਆਵਜ਼ਾ

## ਛੇ ਸਾਲ ਪਹਿਲਾਂ ਯਾਤਰਾ ਦੌਰਾਨ ਹਾਦਸੇ 'ਚ 7 ਯਾਤਰੀਆਂ ਦੀ ਹੋਈ ਸੀ ਮੌਤ



ਚੰਡੀਗੜ੍ਹ, 23 ਮਈ (ਚ. ਨ. ਸ.): ਛੇ ਸਾਲ ਪਹਿਲਾਂ 28 ਸਤੰਬਰ 2019 ਨੂੰ, ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਦੌਰਾਨ, ਇੱਕ ਟੈਂਪੂ ਟਰੈਵਲ 'ਤੇ ਚੱਟਾਨ ਡਿੱਗਣ ਕਾਰਨ ਟਰਾਈਸਿਟੀ ਦੇ 7 ਲੋਕਾਂ ਦੀ ਜਾਨ ਚਲੀ ਗਈ ਸੀ। ਸਾਰੇ ਮ੍ਰਿਤਕ ਦੋਸਤ ਸਨ। ਡਰਾਈਵਰ ਦੀ ਵੀ ਇਸ ਹਾਦਸੇ ਵਿੱਚ ਮੌਤ ਹੋ ਗਈ ਸੀ।

ਇਸ ਮਾਮਲੇ ਵਿੱਚ, ਚੰਡੀਗੜ੍ਹ ਮੋਟਰ ਐਕਸੀਡੈਂਟ ਕਲੇਮ ਟ੍ਰਿਬਿਊਨਲ ਨੇ ਪੰਜ ਮ੍ਰਿਤਕਾਂ ਦੇ ਪਰਿਵਾਰਾਂ ਨੂੰ 4.20 ਕਰੋੜ ਰੁਪਏ ਦਾ ਮੁਆਵਜ਼ਾ ਦੇਣ ਦੇ ਹੁਕਮ ਜਾਰੀ ਕੀਤੇ ਹਨ। ਇਨ੍ਹਾਂ ਸਾਰਿਆਂ ਨੇ ਇਸ ਮਾਮਲੇ ਵਿੱਚ ਵੱਖ-ਵੱਖ ਕੇਸ ਦਾਇਰ ਕੀਤੇ ਸਨ। ਇਸ ਦੌਰਾਨ, ਸਭ ਤੋਂ ਵੱਧ ਮੁਆਵਜ਼ਾ ਖਰੜ ਨਿਵਾਸੀ ਤੇਜਿੰਦਰ ਸਿੰਘ ਨੂੰ ਦਿੱਤਾ ਜਾਵੇਗਾ। ਉਹ ਓਮੈਕਸ ਕੰਪਨੀ ਵਿੱਚ ਤਾਇਨਾਤ ਸੀ। ਉਸ ਦੀ ਤਨਖਾਹ 2.26 ਲੱਖ ਪ੍ਰਤੀ ਮਹੀਨਾ ਸੀ। ਹਾਦਸੇ ਸਮੇਂ, ਉਸ ਦੀ ਉਮਰ 55 ਸਾਲ ਸੀ। ਅਜਿਹੀ ਸਥਿਤੀ ਵਿੱਚ, ਸਾਰੇ ਹਾਲਾਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਟ੍ਰਿਬਿਊਨਲ ਨੇ 1.20 ਕਰੋੜ ਰੁਪਏ ਦਾ ਮੁਆਵਜ਼ਾ ਦੇਣ ਦਾ ਹੁਕਮ ਦਿੱਤਾ ਹੈ। ਬਾਕੀ ਮ੍ਰਿਤਕਾਂ ਦੇ ਪਰਿਵਾਰਾਂ ਨੂੰ 60 ਤੋਂ 80 ਲੱਖ ਦੇ ਵਿਚਕਾਰ ਅਦਾ ਕੀਤਾ ਜਾਵੇਗਾ। ਰਮੇਸ਼ ਕੁਮਾਰ ਪਿੰਜੌਰ ਪੰਚਕੂਲਾ ਨੂੰ 70.47 ਲੱਖ ਰੁਪਏ, ਪਿੰਡ ਜਯੰਤੀ ਮਾਜਰੀ ਮੋਹਾਲੀ ਦੇ ਗੁਰਦੀਪ ਸਿੰਘ (35) ਦੇ ਪਰਿਵਾਰ ਨੂੰ 66.73 ਲੱਖ ਰੁਪਏ, ਨਵਾਂਗਾਓਂ ਮੋਹਾਲੀ ਦੇ ਸੁਰਿੰਦਰ ਕੁਮਾਰ (41) ਨੂੰ 88.80 ਲੱਖ ਰੁਪਏ ਅਤੇ ਪਿੰਡ ਸਰਸੀਣੀ ਮੋਹਾਲੀ ਦੇ ਗੁਰਪ੍ਰੀਤ ਸਿੰਘ (33) ਨੂੰ 73.93 ਲੱਖ ਰੁਪਏ ਮਿਲਣਗੇ। ਇਹ ਮਾਮਲਾ ਚੰਡੀਗੜ੍ਹ ਵਿੱਚ ਦਰਜ ਕੀਤਾ ਗਿਆ ਸੀ ਕਿਉਂਕਿ ਬੀਮਾ ਕੰਪਨੀ ਦਾ ਦਫ਼ਤਰ ਚੰਡੀਗੜ੍ਹ ਵਿੱਚ ਸੀ।

# ਰਾਜਪਾਲ ਕਟਾਰੀਆ ਨੇ ਕੀਤੀ ਅਪਰਾਧ ਸਮੀਖਿਆ ਮੀਟਿੰਗ

## ਥਾਣੇਦਾਰਾਂ ਦੀ ਲਈ ਕਲਾਸ, ਥਾਣਿਆਂ ਦੀ ਮਾਸਿਕ ਰੈਂਕਿੰਗ ਹੋਵੇਗੀ ਸ਼ੁਰੂ

ਚੰਡੀਗੜ੍ਹ,23 ਮਈ, (ਕਮਲਜੀਤ ਸਿੰਘ ਬਨਵੈਤ) : ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਤੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਪ੍ਰਸ਼ਾਸਨ ਤੋਂ ਬਾਅਦ ਹੁਣ ਪੁਲਿਸ ਦੇ ਅਧਿਕਾਰੀਆਂ ਦੀ ਕਲਾਸ ਲਈ ਹੈ। ਪ੍ਰਸ਼ਾਸਕ ਕਟਾਰੀਆ ਸਿਵਲ ਤੇ ਪੁਲਿਸ ਅਫਸਰਾਂ ਨੂੰ ਲੋਕਾਂ ਦੀ ਸੇਵਾ ਵਿੱਚ ਚੁਸਤ ਦੇਖਣਾ ਚਾਹੁੰਦੇ ਹਨ। ਉਹਨਾਂ ਨੇ ਪੁਲਿਸ ਦੇ ਥਾਣੇਦਾਰਾਂ ਦੀ ਸਮੀਖਿਆ ਮੀਟਿੰਗ ਦੌਰਾਨ ਕੰਮ ਕਰਨ ਦੀ ਚੇਤਾਵਨੀ ਦਿੰਦਿਆਂ ਕਿਹਾ ਕਿ ਪਰਫਾਰਮੈਂਸ ਦੇ ਅਧਾਰ 'ਤੇ ਨਿਯੁਕਤੀਆਂ ਹੋਇਆ ਕਰਨਗੀਆਂ। ਉਹਨਾਂ ਨੇ ਨਾਲ ਹੀ ਕਿਹਾ ਕਿ ਡੀਐਸਪੀਜ਼ ਹੋਣ ਜਾਂ ਥਾਣੇਦਾਰ ਉਹਨਾਂ ਨੂੰ ਆਪਣੇ ਇਲਾਕਿਆਂ ਵਿੱਚ ਕੰਮ ਕਰਨਾ ਪਵੇਗਾ। ਨਾਲ ਉਹਨਾਂ ਨੇ ਇਹ ਵੀ ਕਿਹਾ ਕਿ ਪ੍ਰਸ਼ਾਸਨ ਪੁਲਿਸ ਦੇ ਕੰਮਕਾਰ ਉੱਤੇ ਅੱਖ ਰੱਖ ਰਿਹਾ ਹੈ। ਪ੍ਰਸ਼ਾਸਕ ਕਟਾਰੀਆ ਨੇ ਮੀਟਿੰਗ ਦੌਰਾਨ ਸਭ ਤੋਂ ਪਹਿਲਾਂ ਡਵੀਜ਼ਨਾਂ ਦੇ ਡੀਐਸਪੀ ਖੜ੍ਹੇ ਕਰਕੇ ਉਹਨਾਂ ਦੇ ਥਾਣਿਆਂ ਵਿੱਚ ਹੋਣ ਵਾਲੇ ਅਪਰਾਧਾਂ ਬਾਰੇ ਪੁੱਛਿਆ। ਉਨ੍ਹਾਂ ਨੇ ਹਰੇਕ ਪੁਲਿਸ ਸਟੇਸ਼ਨ ਵਿੱਚ ਦਰਜ ਅਪਰਾਧਾਂ, ਲੰਬਿਤ ਕੇਸਾਂ ਅਤੇ ਇੱਥੇ ਗ੍ਰਿਫ਼ਤਾਰੀਆਂ ਬਾਰੇ ਜਾਣਕਾਰੀ ਲਈ। ਉਹਨਾਂ ਨੇ ਇਹ ਵੀ ਕਿਹਾ ਕਿ ਡਵੀਜ਼ਨ ਅਤੇ ਥਾਣੇ ਵਿੱਚ ਨਿਯੁਕਤੀ ਦੀ ਸ਼ਰਤ ਪਰਫਾਰਮੈਂਸ ਹੋਇਆ ਕਰੇਗੀ।

ਉਹਨਾਂ ਨੇ ਪੁਲਿਸ ਅਫਸਰਾਂ ਨੂੰ ਰੈਗੂਲਰ ਅਪਰਾਧ ਮੀਟਿੰਗਾਂ ਕਰਨ ਅਤੇ ਸਬੰਧਤ ਖੇਤਰਾਂ ਵਿੱਚ ਤਲਾਸ਼ੀ ਸਮੇਤ ਜਾਣੇ ਪਛਾਣੇ ਅਪਰਾਧੀਆਂ ਦੀ ਸਖ਼ਤ ਨਿਗਰਾਨੀ ਦੇ ਆਦੇਸ਼ ਦਿੱਤੇ ਹਨ। ਉਹਨਾਂ ਨੇ ਥਾਣਿਆਂ ਦੀ ਮਾਸ ਸਿੱਖ ਰੈਂਕਿੰਗ ਪ੍ਰਣਾਲੀ ਸ਼ੁਰੂ ਕਰਨ 'ਤੇ ਵੀ ਜ਼ੋਰ ਦਿੱਤਾ ਉਹਨਾਂ ਨੇ ਪੁਲਿਸ ਨੂੰ ਕਿਹਾ ਕਿ ਉਹਨਾਂ ਦੀ ਢਿੱਲ ਕਰ ਕੇ ਕੋਈ ਵੀ ਅਪਰਾਧੀ ਅਦਾਲਤ ਵਿੱਚੋਂ ਬਰੀ ਨਹੀਂ ਹੋਣਾ ਚਾਹੀਦਾ। ਅਪਰਾਧ ਕਰਨ ਵਾਲੀ ਵਿਅਕਤੀ ਨੂੰ ਸੱਚਾਈ ਨੂੰ ਮਿਲਣੀ ਚਾਹੀਦੀ ਹੈ। ਜਿਸ ਕਰਕੇ ਵਿਭਾਗ ਤਨਦੇਹੀ ਨਾਲ ਕੰਮ ਕਰੇ। ਚੌੜੀ ਚਰਚਾ ਬਣੀ ਹੋਈ ਹੈ, ਕਿ ਆਖਰਕਾਰ ਕੀ ਹੋ ਗਿਆ ਹੈ, ਕਿ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੂੰ ਅਪਰਾਧ ਸਮੀਖਿਆ ਮੀਟਿੰਗ ਕਰਨੀ ਪਈ ਹੈ। ਹੁਣ ਤੱਕ ਅਪਰਾਧ ਮੀਟਿੰਗਾਂ ਡੀਜੀਪੀ ਤੇ ਐਸਐਸਪੀ ਹੀ ਕਰਦੇ ਰਹੇ ਹਨ, ਪਰ ਇਹ ਪਹਿਲੀ ਵਾਰ ਹੈ ਕਿ ਪ੍ਰਸ਼ਾਸਨ ਦੁਆਰਾ ਅਪਰਾਧ ਸਮੀਖਿਆ ਕੀਤੀ ਹੈ। ਸੂਤਰਾਂ ਦੀ ਮੰਨੀਏ ਤਾਂ ਪ੍ਰਸ਼ਾਸਨ ਕੋਲ ਇੰਸਪੈਕਟਰਾਂ ਦੇ ਤਬਾਦਲੇ ਸਬੰਧੀ ਕਈ ਤਰ੍ਹਾਂ ਦੀਆਂ ਸੂਚਨਾਵਾਂ ਪਹੁੰਚ ਰਹੀਆਂ ਹਨ। ਕਈ ਇੰਸਪੈਕਟਰ ਸਿਫਾਰਸ਼ਾਂ ਲਾ ਕੇ ਆਪਣੇ ਮਨਪਸੰਦ ਥਾਣਾ ਲੈਣਾ ਚਾਹੁੰਦੇ ਹਨ। ਡੀਜੀਪੀ ਸੁਰਿੰਦਰ ਸਿੰਘ ਯਾਦਵ ਦੇ ਤਬਾਦਲੇ ਤੋਂ ਬਾਅਦ ਉਹਨਾਂ ਵੱਲੋਂ ਲਏ ਕਈ ਫੈਸਲੇ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੇ ਵਾਪਸ ਲੈ ਲਏ ਹਨ। ਇਸੇ ਦੌਰਾਨ ਪੰਜਾਬ ਦੇ ਰਾਜਪਾਲ ਅਤੇ ਯੂਟੀ ਦੇ ਪ੍ਰਸ਼ਾਸਨਕ ਗੁਲਾਬ ਚੰਦ ਕਟਾਰੀਆਂ ਨੇ ਪੁਲਿਸ ਹੈੱਡ ਕੁਆਰਟਰ ਤੋਂ ਕਈ ਪੁਲਿਸ ਵਾਹਨਾਂ ਨੂੰ ਝੰਡੀ ਦੇ ਕੇ ਰਵਾਨਾ ਕੀਤਾ ਹੈ। ਇਸ ਦਾ ਮਕਸਦ ਪੀਸੀਆਰ ਨੂੰ ਹੋਰ ਮਜਬੂਤ ਕਰਨਾ ਹੈ, ਤਾਂ ਕਿ ਸ਼ਹਿਰ ਭਰ ਦੇ ਸੁਰੱਖਿਆ ਪ੍ਰਬੰਧਾਂ ਵਿੱਚ ਵਾਧਾ ਹੋ ਸਕੇ। ਇਸ ਮੌਕੇ ਚੰਡੀਗੜ੍ਹ ਦੇ ਡੀਜੀਪੀ ਰਾਜਕੁਮਾਰ ਸਿੰਘ ਐਸ. ਐਸ. ਪੀ. ਕੰਵਰਦੀਪ ਕੌਰ, ਐਸਐਸਪੀ ਟਰੈਫਿਕ ਸੁਮੇਰ ਪ੍ਰਤਾਪ ਸਿੰਘ, ਐਸਪੀ ਸਿਟੀ ਗੀਤਾਂਜਲੀ ਖੰਡੇਲਵਾਲ, ਐਸਪੀ ਹੈੱਡ ਕੁਆਰਟਰ ਮਨਜੀਤ ਸਿੰਘ ਬਰਾਮ ਅਤੇ ਆਈਪੀਐਸ ਜਸਵੀਰ ਸਿੰਘ ਸਮੇਤ ਹੋਰ ਕਈ ਪੁਲਿਸ ਅਧਿਕਾਰੀ ਮੌਜੂਦ ਸਨ।

# ਬਰਿੰਦਰ ਕੁਮਾਰ ਗੋਇਲ ਨੇ ਬੀ.ਐਮ.ਐਲ. ਦੇ ਪਾਣੀ ਦੀ ਵੰਡ ਸਬੰਧੀ ਹਰਿਆਣਾ ਦੇ ਗੁੰਮਰਾਹਕੁੰਨ ਦਾਅਵਿਆਂ ਨੂੰ ਦੱਸਿਆ ਗ਼ਲਤ



ਚੰਡੀਗੜ੍ਹ, 23 ਮਈ, (ਚ.ਨ.ਸ.) : ਪੰਜਾਬ ਦੇ ਜਲ ਸਰੋਤ ਅਤੇ ਭੂਮੀ ਤੇ ਜਲ ਸੰਭਾਲ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਭਾਖੜਾ ਮੇਨ ਲਾਈਨ (ਬੀ.ਐਮ.ਐਲ) ਦੇ ਪਾਣੀ ਦੀ ਵੰਡ ਸਬੰਧੀ ਹਰਿਆਣਾ ਦੇ ਗੁਮਰਾਹਕੁੰਨ ਪ੍ਰਚਾਰ ਦੀ ਕਰੜੀ ਨਿਖੇਧੀ ਕਰਦਿਆਂ ਇਸ ਨੂੰ ਲੋਕਾਂ ਨੂੰ ਭੁਲੇਖੇ ਵਿੱਚ ਪਾਉਣ ਅਤੇ ਜ਼ਮੀਨੀ ਹਕੀਕਤਾਂ ਤੋਂ ਲੋਕਾਂ ਦਾ ਧਿਆਨ ਭਟਕਾਉਣ ਦੀ ਸੋਚੀ-ਸਮਝੀ ਕੋਸ਼ਿਸ਼ ਕਰਾਰ ਦਿੱਤਾ।

ਸ੍ਰੀ ਗੋਇਲ ਨੇ ਕਿਹਾ ਕਿ ਹਰਿਆਣਾ ਵੱਲੋਂ ਇਹ ਦਾਅਵਾ ਕਰਨਾ ਕਿ ਉਹ ਬੀ.ਐਮ.ਐਲ. ਤੋਂ ਆਪਣਾ ਪੂਰਾ 10,300 ਕਿਊਸਿਕ ਹਿੱਸਾ ਲੈ ਰਿਹਾ ਹੈ, ਨਾ ਸਿਰਫ਼ ਤੱਥਾਂ ਤੋਂ ਕੋਹਾਂ ਦੂਰ ਹੈ, ਸਗੋਂ ਇਹ ਇਕ ਹੈਰਾਨ ਕਰਨ ਵਾਲੀ ਝੂਠੀ ਪ੍ਰਚਾਰ ਰਣਨੀਤੀ ਦਾ ਹਿੱਸਾ ਹੈ। ਉਨ੍ਹਾਂ ਕਿਹਾ ਕਿ ਅਸਲ ਸਥਿਤੀ ਇਨ੍ਹਾਂ ਝੂਠੇ ਦਾਅਵਿਆਂ ਤੋਂ ਬਿਲਕੁਲ ਵੱਖਰੀ ਹੈ।

ਕੈਬਨਿਟ ਮੰਤਰੀ ਨੇ ਅੱਜ ਦੁਪਹਿਰ 12 ਵਜੇ ਦੀ ਸਥਿਤੀ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਬੀ.ਐਮ.ਐਲ. ਅਜੇ ਤੱਕ ਆਪਣੀ ਪੂਰੀ ਕਾਰਜਸ਼ੀਲ ਸਮਰੱਥਾ 11,700 ਕਿਊਸਿਕ ਤੱਕ ਵੀ ਨਹੀਂ ਪਹੁੰਚੀ। ਉਨ੍ਹਾਂ ਕਿਹਾ ਕਿ ਤੈਅ ਪ੍ਰੋਟੋਕਾਲ ਅਨੁਸਾਰ ਪਾਣੀ ਦੇ ਪੱਧਰ ਨੂੰ ਹੌਲੀ-ਹੌਲੀ ਵਧਾਇਆ ਜਾ ਰਿਹਾ ਹੈ।

ਸ੍ਰੀ ਗੋਇਲ ਨੇ ਪਾਣੀ ਵੰਡ ਦੀ ਅਸਲ ਸਥਿਤੀ ਸਪੱਸ਼ਟ ਕਰਦਿਆਂ ਕਿਹਾ ਕਿ ਬੀ.ਐਮ.ਐਲ. ਨਹਿਰ ਦੇ ਪੰਜਾਬ ਵਿੱਚ ਸ਼ੁਰੂਆਤੀ ਬਿੰਦੂ 'ਤੇ ਮੌਜੂਦਾ ਸਮੇਂ ਸਾਨੂੰ 9690 ਕਿਊਸਿਕ ਪਾਣੀ ਪ੍ਰਾਪਤ ਹੋ ਰਿਹਾ ਹੈ। ਪੰਜਾਬ ਇਸ ਵਿੱਚੋਂ 2025 ਕਿਊਸਿਕ ਪਾਣੀ ਆਪਣੀਆਂ ਜਾਇਜ਼ ਜ਼ਰੂਰਤਾਂ ਲਈ ਵਰਤ ਰਿਹਾ ਹੈ। ਦਿੱਲੀ ਅਤੇ ਰਾਜਸਥਾਨ ਦੇ ਹੱਕੀ ਹਿੱਸੇ ਦਾ ਹਿਸਾਬ ਕੱਟਣ ਤੋਂ ਬਾਅਦ ਹਰਿਆਣਾ ਨੂੰ 6720 ਕਿਊਸਿਕ ਪਾਣੀ ਮਿਲ ਰਿਹਾ ਹੈ, ਜੋ ਹਰਿਆਣਾ ਦੇ ਵੰਡ ਸਬੰਧੀ ਕੀਤੇ ਦਾਅਵਿਆਂ ਨਾਲੋਂ ਬਹੁਤ ਘੱਟ ਹੈ।

ਪੰਜਾਬ ਦੇ ਹਿੱਤਾਂ ਦੀ ਰਾਖੀ ਕਰਦਿਆਂ ਪਾਣੀ ਦੀ ਤਰਕਸੰਗਤ ਵੰਡ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਕੈਬਨਿਟ ਮੰਤਰੀ ਨੇ ਸਾਫ਼ ਕੀਤਾ ਕਿ ਪੰਜਾਬ ਆਪਣੇ ਸੰਵਿਧਾਨਕ ਹੱਕ ਤਹਿਤ 3,000 ਕਿਊਸਿਕ ਪਾਣੀ ਪੂਰੀ ਤਰ੍ਹਾਂ ਵਰਤੇਗਾ ਅਤੇ ਬਾਕੀ ਪਾਣੀ ਹਰਿਆਣਾ ਨੂੰ ਬੀ.ਐਮ.ਐਲ. ਨਹਿਰ ਪ੍ਰਣਾਲੀ ਦੀ ਸਮਰੱਥਾ ਅਨੁਸਾਰ ਹੀ ਦਿੱਤਾ ਜਾਵੇਗਾ।

ਉਨ੍ਹਾਂ ਹਰਿਆਣਾ ਦੀ ਗੁਮਰਾਹਕੁੰਨ ਪ੍ਰਚਾਰ ਮੁਹਿੰਮ ਦੀ ਸਖ਼ਤ ਆਲੋਚਨਾ ਕਰਦਿਆਂ ਕਿਹਾ, ਇਸ ਤਰ੍ਹਾਂ ਦੇ ਘਿਣਾਉਣੇ ਪ੍ਰਚਾਰ ਸਟੰਟ ਅਤੇ ਪ੍ਰਚਾਰ ਮੁਹਿੰਮਾਂ ਦਾ ਸਹਾਰਾ ਲੈਣ ਦੀ ਬਜਾਏ, ਹਰਿਆਣਾ ਨੂੰ ਚਾਹੀਦਾ ਹੈ ਕਿ ਉਹ ਈਮਾਨਦਾਰੀ ਨਾਲ ਗੱਲ ਕਰੇ ਅਤੇ ਆਪਣੀ ਜਨਤਾ ਸਾਹਮਣੇ ਸਹੀ ਜਾਣਕਾਰੀ ਰੱਖੇ। ਉਨ੍ਹਾਂ ਕਿਹਾ ਕਿ ਲੋਕ ਪਾਰਦਰਸ਼ਤਾ ਦੇ ਹੱਕਦਾਰ ਅਤੇ ਉਨ੍ਹਾਂ ਨੂੰ ਸੱਚਾਈ ਚਾਹੀਦੀ ਹੈ, ਨਾ ਕਿ ਮਨਘੜਤ ਕਹਾਣੀਆਂ।

# ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵਿਖੇ ਵਿਸ਼ਵ ਵਾਤਾਵਰਨ ਦਿਵਸ ਮਨਾਇਆ



ਚੰਡੀਗੜ੍ਹ, 23 ਮਈ, (ਚ.ਨ.ਸ.) : ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਮੁੱਖ ਦਫ਼ਤਰ ਦੇ ਹੁਕਮਾਂ ਦੀ ਪਾਲਣਾ ਵਿੱਚ ਵਿਸ਼ਵ ਵਾਤਾਵਰਣ ਦਿਵਸ ਮਨਾਉਣ ਤੋਂ ਪਹਿਲਾਂ ਵਾਤਾਵਰਣ ਇੰਜੀਨੀਅਰ, ਇੰਜੀ. ਰਣਧੀਰ ਸ਼ਰਮਾ ਦੀ ਅਗਵਾਈ ਹੇਠ ਖੇਤਰੀ ਦਫ਼ਤਰ, ਮੋਹਾਲੀ ਵੱਲੋਂ ਪਲਾਸਟਿਕ ਪ੍ਰਦੂਸ਼ਨ ਦਾ ਮੁਕਾਬਲਾ ਕਰਨ ਲਈ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।

ਜਿਵੇਂ ਕਿ 5 ਜੂਨ ਨੂੰ ਵਿਸ਼ਵ ਵਾਤਾਵਰਣ ਦਿਵਸ ਨੇੜੇ ਆ ਰਿਹਾ ਹੈ, ਪੰਜਾਬ ਪ੍ਰਦੂਸ਼ਨ ਕੰਟਰੋਲ ਬੋਰਡ ਨੇ ਅੱਜ ਗਿਆਨ ਜੋਤੀ ਗਲੋਬਲ ਸਕੂਲ, ਸੈਕਟਰ 54, ਮੋਹਾਲੀ ਵਿਖੇ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ, ਜਿਸਦਾ ਉਦੇਸ਼ ਇਸ ਸਾਲ ਦੇ ਵਾਤਾਵਰਣ ਦਿਵਸ ਦੇ ਥੀਮ 'ਪਲਾਸਟਿਕ ਪ੍ਰਦੂਸ਼ਨ ਨੂੰ ਖਤਮ ਕਰੋ' ਨੂੰ ਮਨਾਉਣਾ ਹੈ। ਇਸ ਪ੍ਰੋਗਰਾਮ ਵਿੱਚ ਪੇਂਟਿੰਗ ਮੁਕਾਬਲਾ, ਸੈਮੀਨਾਰ ਅਤੇ ਸਹੁੰ ਚੁੱਕ ਸਮਾਰੋਹ ਸ਼ਾਮਲ ਹਨ। ਇਸ ਪ੍ਰੋਗਰਾਮ ਵਿੱਚ ਕੁੱਲ 120 ਵਿਦਿਆਰਥੀਆਂ ਨੇ ਭਾਗ ਲਿਆ।

ਇਸ ਪ੍ਰੋਗਰਾਮ ਦਾ ਉਦੇਸ਼ ਮੁੱਖ ਵਾਤਾਵਰਣ ਸਬੰਧੀ ਮੁੱਦਿਆਂ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ, ਜਿਸ ਵਿੱਚ ਪਲਾਸਟਿਕ ਦੀ ਵਰਤੋਂ ਦੇ ਨੁਕਸਾਨਦੇਹ ਪ੍ਰਭਾਵਾਂ, ਸਹੀ ਡਸਟਬਿਨ ਦੀ ਵਰਤੋਂ ਕਰਕੇ ਗਲੀਆਂ ਨੂੰ ਸਾਫ਼ ਰੱਖਣ ਦੀ ਮਹੱਤਤਾ ਸ਼ਾਮਲ ਹੈ ਅਤੇ ਪਲਾਸਟਿਕ ਪੈਕਿੰਗ ਦੀ ਬਜਾਏ ਸਟੀਲ ਦੇ ਭਾਂਡਿਆਂ ਦੀ ਵਰਤੋਂ ਕਰਨ ਦੇ ਫਾਇਦੇ। ਵਿਦਿਆਰਥੀਆਂ ਨੂੰ ਸਿੰਗਲ-ਯੂਜ਼ ਪਲਾਸਟਿਕ ਦੇ ਖ਼ਤਰਿਆਂ ਅਤੇ ਈ-ਕੂੜੇ ਦੇ ਸਹੀ ਨਿਪਟਾਰੇ ਅਤੇ ਰੀਸਾਈਕਲਿੰਗ ਬਾਰੇ ਵੀ ਜਾਗਰੂਕ ਕੀਤਾ ਗਿਆ।

'ਪਲਾਸਟਿਕ ਪ੍ਰਦੂਸ਼ਨ ਨੂੰ ਹਰਾਓ' ਵਿਸ਼ੇ 'ਤੇ ਪੇਂਟਿੰਗ ਮੁਕਾਬਲੇ ਨੇ ਵਿਦਿਆਰਥੀਆਂ ਦੀ ਸਿਰਜਣਾਤਮਕਤਾ ਦਾ ਪ੍ਰਦਰਸ਼ਨ ਕੀਤਾ ਅਤੇ ਪਲਾਸਟਿਕ ਦੀ ਰਹਿੰਦ-ਖੂੰਹਦ ਨੂੰ ਘਟਾਉਣ ਦੀ ਜ਼ਰੂਰਤ ਨੂੰ ਉਜਾਗਰ ਕੀਤਾ।ਪੀਪੀਸੀਬੀ ਟੀਮ ਦੁਆਰਾ ਆਯੋਜਿਤ ਸੈਮੀਨਾਰ ਵਿੱਚ ਸਿੰਗਲ-ਯੂਜ਼ ਪਲਾਸਟਿਕ ਦੇ ਵਿਕਲਪਾਂ ਅਤੇ ਪਲਾਸਟਿਕ ਪ੍ਰਦੂਸ਼ਨ ਨਾਲ ਨਜਿੱਠਣ ਲਈ ਮਿਸ਼ਨ ਲਾਈਫ ਪਹਿਲਕਦਮੀ ਬਾਰੇ ਵੀ ਕੀਮਤੀ ਜਾਣਕਾਰੀ ਪ੍ਰਦਾਨ ਕੀਤੀ ਗਈ।

ਸਹੁੰ ਚੁੱਕ ਸਮਾਗਮ ਦੌਰਾਨ, ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੇ ਪਲਾਸਟਿਕ ਦੀ ਵਰਤੋਂ ਘਟਾਉਣ, ਵਾਤਾਵਰਣ ਅਨੁਕੂਲ ਅਭਿਆਸਾਂ ਨੂੰ ਅਪਣਾਉਣ ਅਤੇ ਸਾਫ਼ ਵਾਤਾਵਰਣ ਵਿੱਚ ਯੋਗਦਾਨ ਪਾਉਣ ਦੀ ਸਹੁੰ ਚੁੱਕੀ। ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਪ੍ਰਸ਼ੰਸਾ ਦੇ ਪ੍ਰਤੀਕ ਵਜੋਂ ਤੋਹਫ਼ੇ ਅਤੇ ਰਿਫਰੈਸ਼ਮੈਂਟ ਵੰਡੇ ਗਏ।

ਇਹ ਪ੍ਰੋਗਰਾਮ ਇੱਕ ਕਾਰਵਾਈ ਕਰਨ ਦੇ ਸੱਦੇ ਨਾਲ ਸਮਾਪਤ ਹੋਇਆ, ਜਿਸ ਵਿੱਚ ਭਾਗੀਦਾਰਾਂ ਨੂੰ ਵਾਤਾਵਰਣ 'ਤੇ ਸਕਾਰਾਤਮਕ ਪ੍ਰਭਾਵ ਪਾਉਣ ਅਤੇ ਦੂਜਿਆਂ ਨੂੰ ਵੀ ਅਜਿਹਾ ਕਰਨ ਲਈ ਪ੍ਰੇਰਿਤ ਕਰਨ ਲਈ ਉਤਸ਼ਾਹਿਤ ਕੀਤਾ ਗਿਆ।

# ਪੰਜਾਬ ਲਈ ਜਲਵਾਯੂ ਅਨੁਕੂਲ ਖੇਤੀਬਾੜੀ ਲਈ ਰਣਨੀਤਕ ਯੋਜਨਾ



ਚੰਡੀਗੜ੍ਹ, 23 ਮਈ (ਚ.ਨ.ਸ.): ਫੂਡ ਐਂਡ ਐਗਰੀਕਲਚਰ ਆਰਗੇਨਾਈਜ਼ੇਸ਼ਨ ਦੇ ਗਰੀਨ ਕਲਾਈਮੇਟ ਫੰਡ ਦੇ ਇੱਕ ਵਫ਼ਦ, ਜੋ ਜਲਵਾਯੂ ਅਨੁਕੂਲ ਖੇਤੀਬਾੜੀ ਨਿਵੇਸ਼ ਯੋਜਨਾ ਦੀ ਨਿਗਰਾਨੀ ਕਰ ਰਿਹਾ ਹੈ, ਨੇ ਅੱਜ ਪੰਜਾਬ ਰਾਜ ਕਿਸਾਨ ਅਤੇ ਖੇਤੀ ਕਾਮੇ ਕਮਿਸ਼ਨ ਦੇ ਚੇਅਰਮੈਨ ਪ੍ਰੋਫੈਸਰ ਡਾ. ਸੁਖਪਾਲ ਸਿੰਘ ਦੀ ਪ੍ਰਧਾਨਗੀ ਹੇਠ ਇੱਕ ਉੱਚ-ਪੱਧਰੀ ਮੀਟਿੰਗ ਕੀਤੀ ਗਈ, ਜਿਸ ਵਿੱਚ ਐਫ.ਏ.ਓ. ਦੇ ਡਾ. ਵੈਮਸੀਧਰ ਰੈਡੀ ਵੱਲੋਂ ਗਰੀਨ ਕਲਾਈਮੇਟ ਫੰਡ ਅਧੀਨ ਪੰਜਾਬ, ਮੱਧ ਪ੍ਰਦੇਸ, ਉੜੀਸਾ ਅਤੇ ਛਤੀਸਗੜ੍ਹ ਰਾਜਾਂ ਵਿਚ ਜਲਵਾਯੂ ਅਨੁਕੂਲ ਪ੍ਰੋਗਰਾਮ ਲਾਗੂ ਕੀਤੇ ਜਾਣ ਬਾਬਤ ਜਾਣਕਾਰੀ ਦਿੱਤੀ। ਇਸ ਚਰਚਾ ਦੌਰਾਨ ਪੰਜਾਬ ਵਿੱਚ ਮੌਸਮੀ ਤਬਦੀਲੀਆਂ ਦੇ ਖੇਤੀਬਾੜੀ ਅਤੇ ਸਹਾਇਕ ਧੰਦਿਆਂ ਉੱਤੇ ਮਾੜੇ ਪ੍ਰਭਾਵਾਂ ਬਾਬਤ ਰਣਨੀਤੀ ਉਲੀਕਣ ਲਈ ਚੌਖਟਾ ਤਿਆਰ ਕਰਨ ਬਾਬਤ ਵਿਚਾਰ ਵਟਾਂਦਰਾ ਕੀਤਾ ਗਿਆ।

ਪ੍ਰੋਫੈਸਰ ਡਾ. ਸੁਖਪਾਲ ਸਿੰਘ ਵੱਲੋਂ ਅਨਿਯਮਿਤ ਮੌਸਮੀ ਤਬਦੀਲੀਆਂ, ਭੂਮੀਗਤ ਪਾਣੀ ਦੇ ਘਟਦੇ ਪੱਧਰ ਅਤੇ ਮਿੱਟੀ ਦੀ ਉਪਜਾਊ ਸਕਤੀ ਘਟਣ ਕਾਰਨ ਪੈਦਾ ਹੋਣ ਵਾਲੇ ਜ਼ੋਖਮਾਂ ਨੂੰ ਘਟਾਉਣ ਲਈ ਨੀਤੀਗਤ ਦਖਲਅੰਦਾਜ਼ੀ ਭਾਵ ਤਾਜਾ ਤਰੀਨ ਸੁਚਾਰੂ ਤਕਨਾਲੋਜੀ ਲਾਗੂ ਕਰਨੀ ਅਤੇ ਸਮਰੱਥਾ-ਨਿਰਮਾਣ ਸਬੰਧੀ ਪਹਿਲ ਕਦਮੀਆਂ ਦੀ ਫੌਰੀ ਲੋੜ 'ਤੇ ਜ਼ੋਰ ਦਿੱਤਾ।

ਉਨ੍ਹਾਂ ਨੇ ਖੇਤੀਬਾੜੀ ਉਤਪਾਦਾਂ ਵਿੱਚ ਮੁੱਲ ਜੋੜਨ, ਜਲਵਾਯ-ਸਮਾਰਟ ਡੇਅਰੀ ਅਭਿਆਸਾਂ ਤੇ ਜਲਵਾਯੂ ਅਨੁਕੂਲ ਖੇਤੀਬਾੜੀ ਵਿਸਥਾਰ ਨੂੰ ਅੰਤਰਰਾਸ਼ਟਰੀ ਪੱਧਰ ਦੇ ਤਕਨੀਕੀ ਗਿਆਨ ਦੀ ਪ੍ਰਾਪਤੀ ਕਰਵਾਉਣ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ। ਇਨ੍ਹਾਂ ਵਿਚਾਰਾਂ 'ਤੇ ਐਫ ਏ ਓ ਦੇ ਮੈਂਬਰਾਂ ਵਲੋਂ ਪੂਰਨ ਸਹਿਯੋਗ ਤੇ ਸਹਿਮਤੀ ਦਾ ਪ੍ਰਗਟਾਵਾ ਕੀਤਾ ਗਿਆ। ਇਹ ਗੱਲਬਾਤ ਪੰਜਾਬ ਦੀ ਖੇਤੀਬਾੜੀ ਲਈ ਇੱਕ ਜਲਵਾਯੂ-ਅਨੁਕੂਲ ਭਵਿੱਖੀ ਰਣਨੀਤੀ ਲਾਗੂ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਦੀ ਨਿਸ਼ਾਨਦੇਹੀ ਕਰਦੀ ਹੈ, ਜੋ ਕਿ ਵਿਸ਼ਵਵਿਆਪੀ ਸਥਿਰਤਾ ਟੀਚਿਆਂ ਨਾਲ ਮੇਲ ਖਾਂਦੀ ਹੈ।

**ਚੜ੍ਹਦੀਕਲਾ**
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

**ਯੂਨੀਅਨ ਬੈਂਕ ਆਫ ਇੰਡੀਆ** ਭਾਰਤ ਸਰਕਾਰ ਦਾ ਅਦਾਰਾ — **Union Bank of India** A Goverment of India Undertaking

ਅਸੈਟ ਰਿਕਵਰੀ ਸ਼ਾਖਾ
ਕਾਲਰਾਜ਼ ਬਿਲਡਿੰਗ, ਪਹਿਲੀ ਮੰਜ਼ਿਲ, ਬੀ-15-295/ਬੀ ਅਤੇ ਬੀ-15-295/ਸੀ, ਨੇੜੇ ਓਸਵਾਲ ਸਟ੍ਰੀਟ, ਮਿਲਰਗੰਜ, ਜੀ.ਟੀ. ਰੋਡ, ਲੁਧਿਆਣਾ-141003
Mob. No. 83760-02606, Email –arb.ludhiana@unionbankofindia.bank

**ਈ-ਨਿਲਾਮੀ ਵਿਕਰੀ ਸੂਚਨਾ**

**ਅਚੱਲ ਸੰਪੱਤੀਆਂ ਦੀ ਵਿਕਰੀ ਲਈ ਵਿਕਰੀ ਸੂਚਨਾ**
**ਈ-ਨਿਲਾਮੀ ਦੀ ਮਿਤੀ ਅਤੇ ਸਮਾਂ 26.06.2025 ਨੂੰ ਦੁਪਹਿਰ 12.00 ਵਜੇ ਤੋਂ ਸ਼ਾਮ 05.00 ਵਜੇ ਦੇ ਵਿਚਾਲੇ (10 ਮਿੰਟ ਦੇ ਅਸੀਮਿਤ ਸਵੈ ਵਾਧਿਆਂ ਸਮੇਤ)**

**ਬਿਆਨਾ ਰਕਮ ਬੋਲੀ ਰੱਖਣ ਤੋਂ ਪਹਿਲਾਂ ਨਿਲਾਮੀ ਦਾ ਸਮਾਂ ਖਤਮ ਹੋਣ ਤੋਂ ਪਹਿਲਾਂ ਸੰਪੱਤੀ ਆਈਡੀ ਸਮੇਤ ਜਮ੍ਹਾਂ ਕੀਤੀ ਜਾਵੇਗੀ ਅਤੇ ਲਿੰਕ/ਮੈਪ ਕੀਤੀ ਜਾਵੇਗੀ।**
**ਇਹ ਸਲਾਹ ਦਿੱਤੀ ਜਾਂਦੀ ਹੈ ਕਿ ਕਿਸੇ ਵੀ ਤਕਨੀਕੀ ਗੜਬੜੀ ਤੋਂ ਬਚਣ ਲਈ ਅਗਾਊਂ ਤੌਰ 'ਤੇ ਸੰਪੱਤੀ ਆਈਡੀ ਨਾਲ ਬਿਆਨਾ ਰਕਮ ਜਮ੍ਹਾਂ ਅਤੇ ਲਿੰਕ/ਮੈਪ ਕੀਤੀ ਜਾਵੇ।**

**ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (6) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਚੱਲ ਸੰਪੱਤੀਆਂ ਦੀ ਵਿਕਰੀ ਦੇ ਲਈ ਈ-ਨਿਲਾਮੀ ਵਿਕਰੀ ਸੂਚਨਾ।** ਜਨਤਾ ਨੂੰ ਆਮ ਕਰਕੇ ਅਤੇ ਕਰਜ਼ਦਾਰ(ਾਂ) ਅਤੇ ਜ਼ਾਮਨ (ਾਂ) ਨੂੰ ਵਿਸ਼ੇਸ਼ ਕਰਕੇ ਇਥੇ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਬੰਦੀ ਨਿਮਨ ਦਰਸਾਈ ਅਚੱਲ ਸੰਪੱਤੀ, ਜਿਸ ਦਾ ਉਸਾਰੂ/ਭੌਤਿਕ/ਸੰਕੇਤਕ ਕਬਜ਼ਾ ਯੂਨੀਅਨ ਬੈਂਕ ਆਫ ਇੰਡੀਆ/ਸੁਰੱਖਿਅਤ ਕਰਜ਼ਦਾਤਾ ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਹੈ, ਦੀ ਵਿਕਰੀ ਸੰਬੰਧਤ ਕਰਜ਼ਦਾਰ (ਾਂ) ਅਤੇ ਜ਼ਾਮਨ (ਾਂ) ਤੋਂ ਬੈਂਕ/ਸੁਰੱਖਿਅਤ ਕਰਜ਼ਦਾਤਾ ਵੱਲ ਬਕਾਇਆ ਰਕਮ ਦੀ ਵਸੂਲੀ ਦੇ ਲਈ 20.06.2025 ਨੂੰ "ਜਿਵੇਂ ਹੈ ਜਿਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਜੋ ਵੀ ਉਥੇ ਹੈ" ਅਧਾਰ 'ਤੇ ਕੀਤੀ ਜਾਵੇਗੀ। ਰਾਖਵੀਂ ਕੀਮਤ ਅਤੇ ਬਿਆਨਾ ਰਕਮ ਜਮ੍ਹਾਂ ਸੰਬੰਧਤ ਸੰਪੱਤੀਆਂ ਦੇ ਅਧੀਨ ਨਿਮਨ ਸਾਰਣੀ ਵਿਚ ਦਰਸਾਏ ਅਨੁਸਾਰ ਹੋਵੇਗੀ। ਆਨਲਾਈਨ ਈ-ਨਿਲਾਮੀ 10 ਮਿੰਟਾਂ ਦੇ ਅਸੀਮਿਤ ਵਾਧੇ ਸਮੇਤ ਉਕਤ ਦਰਸਾਈ ਮਿਤੀ ਅਤੇ ਸਮੇਂ 'ਤੇ ਵੈਬ ਪੋਰਟਲ/ਵੈਬਸਾਈਟ : https://baanknet.com ਰਾਹੀਂ ਆਯੋਜਿਤ ਕੀਤੀ ਜਾਵੇਗੀ।

| ਲ. ਨੰ. | ਕਰਜ਼ਦਾਰ/ਜ਼ਾਮਨ/ਗਿਰਵੀਕਾਰ ਦੇ ਨਾਮ | ਬਕਾਇਆ ਰਕਮ | ਸੰਪੱਤੀ ਦੇ ਵੇਰਵੇ | ਰਾਖਵੀਂ ਕੀਮਤ / ਬਿਆਨਾ ਰਕਮ / ਬੋਲੀ ਵਾਧਾ ਰਕਮ |
|---|---|---|---|---|
| 1. | 1. ਕਰਜ਼ਦਾਰ: ਸ਼੍ਰੀਮਤੀ ਸੁਖਵਿੰਦਰ ਕੌਰ ਪਤਨੀ ਸੁਖਚਰਨ ਸਿੰਘ ਸੰਧੂ, ਪਤਾ: ਰੁਲਦੂ ਦੀ ਚੱਕੀ ਦੇ ਨੇੜੇ, ਪਿੰਡ ਬੁਰਜ ਰਾਠੀ, ਡਾਕਖਾਨਾ ਭੈਣੀ ਬਾਘਾ, ਜ਼ਿਲ੍ਹਾ ਮਾਨਸਾ, ਪੰਜਾਬ, ਪਿੰਨ ਕੋਡ: 151508, ਅਤੇ: ਵਾਰਡ ਨੰ. 7 (ਨਵਾਂ ਵਾਰਡ ਨੰ. 6) ਬੈਕਸਾਈਡ ਕਚਹਿਰੀ ਕੰਪਲੈਕਸ, ਰਕਬਾ ਮਾਨਸਾ ਕਲਾਂ, ਜ਼ਿਲ੍ਹਾ ਮਾਨਸਾ ਪਿੰਨ ਕੋਡ: 151302, **ਸਹਿ-ਕਰਜ਼ਦਾਰ: ਸ਼੍ਰੀ ਸੁਖਚਰਨ ਸਿੰਘ ਪੁੱਤਰ ਸੋਹਣ ਸਿੰਘ ਸੰਧੂ**, ਪਤਾ: ਰੁਲਦੂ ਦੀ ਚੱਕੀ ਨੇੜੇ, ਪਿੰਡ ਬੁਰਜ ਰਾਠੀ ਡਾਕਖਾਨਾ ਭੈਣੀ ਬਾਘਾ, ਜ਼ਿਲ੍ਹਾ ਮਾਨਸਾ ਪੰਜਾਬ-ਪਿਨ ਕੋਡ-151508, ਹੋਰ ਪਤਾ: ਮਕਾਨ ਵਾਰਡ ਨੰ. 7 (ਨਵਾਂ ਵਾਰਡ ਨੰ. 6) ਬੈਕਸਾਈਡ ਕੋਰਟ ਕੰਪਲੈਕਸ, ਰਕਬਾ ਮਾਨਸਾ ਕਲਾਂ, ਜ਼ਿਲ੍ਹਾ ਮਾਨਸਾ ਪੰਜਾਬ, ਪਿੰਨ ਕੋਡ: 151302, **ਜ਼ਾਮਨ: ਸ਼੍ਰੀ ਹਰਪਾਲ ਸਿੰਘ ਪੁੱਤਰ ਗੁਰਤੇਜ ਸਿੰਘ**, ਪਤਾ: ਮਕਾਨ ਨੰ. 789, ਗਲੀ ਨੰ. 12, ਵਾਰਡ ਨੰ. 2, ਓਵਰ ਬ੍ਰਿਜ ਦੇ ਨੇੜੇ, ਜ਼ਿਲ੍ਹਾ ਮਾਨਸਾ, ਪਿੰਨ ਕੋਡ- 151505 | Rs 37,14,880.96/- (ਰੁ. ਸੈਂਤੀ ਲੱਖ ਚੌਦਾਂ ਹਜ਼ਾਰ ਅੱਠ ਸੌ ਅੱਸੀ ਅਤੇ ਛਿਆਨਵੇਂ ਪੈਸੇ ਕੇਵਲ) 30.11.2024 ਦੇ ਅਨੁਸਾਰ ਜਮ੍ਹਾਂ ਹੁਣ ਤੱਕ ਵਿਆਜ, ਲਾਗਤ ਅਤੇ ਫੀਸਾਂ ਦੀ ਲਾਗੂ ਦਰ 'ਤੇ 01.12.2024 ਤੋਂ ਪ੍ਰਭਾਵੀ ਅਗਲੇਰਾ ਵਿਆਜ | ਸ਼੍ਰੀਮਤੀ ਸੁਖਵਿੰਦਰ ਕੌਰ ਪਤਨੀ ਸੁਖਚਰਨ ਸਿੰਘ ਦੇ ਨਾਮ 'ਤੇ, ਪਿੰਡ ਮਾਨਸਾ ਕਲਾਂ, ਤਹਿਸੀਲ ਅਤੇ ਜ਼ਿਲ੍ਹਾ ਮਾਨਸਾ ਵਿਖੇ ਸਥਿਤ ਵਾਰਡ ਨੰ. 7, ਰਕਬਾ ਮਾਨਸਾ ਕਲਾਂ ਦੇ ਪਿਛਲੇ ਪਾਸੇ ਕੋਰਟ ਕੰਪਲੈਕਸ ਵਿਖੇ ਸਥਿਤ ਇੱਕ ਘਰ ਜਿਸਦਾ ਮਾਪ 10 ਮਰਲਾ ਹੈ ਯਾਨੀ 7 ਕਨਾਲ 11 ਮਰਲੇ ਦਾ 10/151 ਹਿੱਸਾ ਜੋ ਕਿ ਖਸਰਾ ਨੰਬਰ 87//20(7-11) ਖੇਵਟ/ਖਾਤਾ ਨੰਬਰ 453/3/1471 ਵਿੱਚ ਸ਼ਾਮਲ ਹੈ। ਹੱਦਬੰਦੀ ਹੇਠ ਲਿਖੇ ਅਨੁਸਾਰ ਹੈ: ਉੱਤਰ: ਦਲਜੀਤ ਸਿੰਘ 60 ਫੁੱਟ, ਦੱਖਣ: ਦਵਿੰਦਰ ਸਿੰਘ 60 ਫੁੱਟ, ਪੂਰਬ: ਗਲੀ 45 ਫੁੱਟ ਚੌੜਾਈ 20 ਫੁੱਟ, ਪੱਛਮ: ਫਾਰਮਾਸਿਸਟ ਪਿੰਡ ਗੁਮਾਨ ਕਲਾਂ, 45 ਫੁੱਟ (**ਕਬਜ਼ੇ ਦੀ ਕਿਸਮ: ਸੰਕੇਤਕ**) | Rs. 41,00,000/- <br> Rs. 4,10,000/- <br> Rs. 41,000/- |

**ਨਿਯਮ ਅਤੇ ਸ਼ਰਤਾਂ :- ਵਿਕਰੀ ਸਰਫਾਇਸੀ ਐਕਟ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ 2002 ਵਿਚ ਪ੍ਰਸਤਾਵਿਤ ਨਿਯਮ ਅਤੇ ਸ਼ਰਤਾਂ ਅਤੇ ਨਿਮਨਲਿਖਤ ਹੋਰ ਸ਼ਰਤਾਂ ਨਾਲ ਸਬੰਧਤ ਹੋਵੇਗੀ :**
1. ਉਕਤ ਦਰਸਾਈ ਸੂਚੀ ਵਿਚ ਦਰਸਾਈਆਂ ਸੁਰੱਖਿਅਤ ਸੰਪੱਤੀਆਂ ਦੇ ਵੇਰਵੇ ਅਧਿਕਾਰਤ ਅਧਿਕਾਰੀ ਦੀ ਸਰਵੋਤਮ ਜਾਣਕਾਰੀ ਲਈ ਦਰਸਾਏ ਗਏ ਹਨ, ਪ੍ਰੰਤੂ ਅਧਿਕਾਰਤ ਅਧਿਕਾਰੀ ਇਸ ਐਲਾਨਨਾਮੇ ਵਿਚ ਕਿਸੇ ਵੀ ਤਰੁੱਟੀ, ਗਲਤ ਬਿਆਨੀ ਜਾਂ ਕਟੌਤੀ ਲਈ ਜੁਆਬਦੇਹ ਨਹੀਂ ਹੋਵੇਗਾ।
2. ਵਿਕਰੀ ਵੈਬਸਾਈਟ **https://baanknet.com** 'ਤੇ ਵਿਵਸਥਿਤ ਈ-ਨਿਲਾਮੀ ਪਲੇਟਫਾਰਮ ਰਾਹੀਂ 26.06.2025 ਨੂੰ ਦੁਪਹਿਰ 12.00 ਵਜੇ ਤੋਂ ਸ਼ਾਮ 05.00 ਵਜੇ ਤੱਕ ਨਿਮਨ ਹਸਤਾਖ਼ਰੀ ਵੱਲੋਂ ਕੀਤੀ ਜਾਵੇਗੀ। ਉਕਤ ਦਰਸਾਈਆਂ ਸੰਪੱਤੀਆਂ ਸਬੰਧੀ ਕਿਸੇ ਵੀ ਜਾਣਕਾਰੀ ਦੇ ਲਈ, ਕਿਰਪਾ ਕਰਕੇ ਸਬੰਧਤ ਮੈਨੇਜਰ ਨੂੰ ਸੰਪਰਕ ਕਰੋ।
3. ਵਿਕਰੀ ਦੇ ਵਿਸਥਾਰਤ ਨਿਯਮ ਅਤੇ ਸ਼ਰਤਾਂ ਦੇ ਲਈ ਕਿਰਪਾ ਕਰਕੇ **https://baanknet.com, https://www.unionbankofindia.co.in** ਦਾ ਹਵਾਲਾ ਲਓ।
4. **ਪੰਜੀਕਰਨ ਅਤੇ ਲਾਗਇਨ ਅਤੇ ਬੋਲੀ ਨਿਯਮਾਂ ਦੇ ਲਈ "Buyer Guide for Login and Registration" ਵਿਚ https://baanknet.com ਦੇਖੋ।**
5. ਬੈਂਕ, ਸੁਰੱਖਿਅਤ ਕਰਜ਼ਦਾਤਾ ਕੋਲ ਬਿਨਾਂ ਕੋਈ ਵੀ ਕਾਰਨ ਦੱਸੇ ਸਭ ਤੋਂ ਉੱਚੀ ਬੋਲੀ ਨੂੰ ਪ੍ਰਵਾਨ ਜਾਂ ਰੱਦ ਕਰਨ ਜਾਂ ਵਿਕਰੀ ਨੂੰ ਬਰਖਾਸਤ ਕਰਨ ਦਾ ਹੱਕ ਰਾਖਵਾਂ ਹੈ।

**ਇਸ ਨੂੰ ਉਕਤ ਦਰਸਾਈ ਮਿਤੀ ਨੂੰ ਈ-ਨਿਲਾਮੀ ਵਿਕਰੀ ਨੂੰ ਰੋਕਣ ਸੰਬੰਧੀ ਉਕਤ ਦਰਸਾਏ ਕਰਜ਼ੇ ਦੇ ਕਰਜ਼ਦਾਰ/ਾਂ/ਜ਼ਾਮਨ/ਾਂ ਅਤੇ ਗਿਰਵੀਕਾਰ/ਾਂ ਦੇ ਲਈ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (6), ਨਿਯਮ 9 (1) ਦੇ ਅਧੀਨ 30 ਰੋਜ਼ਾ ਸੂਚਨਾ ਵਜੋਂ ਵੀ ਮੰਨਿਆ ਜਾਵੇ।**

ਮਿਤੀ : 24.05.2025 ਸਥਾਨ : ਲੁਧਿਆਣਾ (ਅਧਿਕਾਰਤ ਅਧਿਕਾਰੀ) ਯੂਨੀਅਨ ਬੈਂਕ ਆਫ ਇੰਡੀਆ

**ਇੰਡੀਅਨ ਬੈਂਕ** Indian Bank — ਇਲਾਹਾਬਾਦ ALLAHABAD

ਜ਼ੋਨਲ ਦਫ਼ਤਰ: ਐਸਸੀਓ 96, ਜ਼ਿਲ੍ਹਾ ਸ਼ਾਪਿੰਗ ਸੈਂਟਰ, ਚੌਥੀ ਮੰਜ਼ਿਲ, ਰਣਜੀਤ ਐਵਿਨਿਊ, ਅੰਮ੍ਰਿਤਸਰ-143001, ਫੋਨ : 0183-2830600 ਫੈਕਸ: 0183-2500108, Email: zoamritsar@indianbank.co.in

**ਲੜੀ ਨੰ. 1 ਦੇ ਲਈ: ਈ-ਨਿਲਾਮੀ ਦੀ ਮਿਤੀ : 11.06.2025 (ਬੁੱਧਵਾਰ) ਸਵੇਰੇ 10.00 ਵਜੇ ਤੋਂ ਸ਼ਾਮ 05.00 ਵਜੇ ਤੱਕ**
**ਲੜੀ ਨੰ. 2 ਅਤੇ 3 ਦੇ ਲਈ: ਈ-ਨਿਲਾਮੀ ਦੀ ਮਿਤੀ : 25.06.2025 (ਬੁੱਧਵਾਰ) ਸਵੇਰੇ 10.00 ਵਜੇ ਤੋਂ ਸ਼ਾਮ 05.00 ਵਜੇ ਤੱਕ**

**ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (6)/9 (1) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਚੱਲ/ਅਚੱਲ ਸੰਪੱਤੀਆਂ ਦੀ ਵਿਕਰੀ ਬਾਰੇ ਈ-ਨਿਲਾਮੀ ਵਿਕਰੀ ਸੂਚਨਾ।** ਆਮ ਕਰਕੇ ਜਨਤਾ ਅਤੇ ਵਿਸ਼ੇਸ਼ ਕਰਕੇ ਕਰਜ਼ਦਾਰ (ਾਂ)/ਸਹਿ ਕਰਜ਼ਦਾਰ(ਾਂ)/ਜ਼ਾਮਨ (ਾਂ) ਅਤੇ ਗਿਰਵੀਕਾਰ (ਾਂ) ਨੂੰ ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਬੰਦੀ ਨਿਮਨ ਦਰਸਾਈ ਚੱਲ/ਅਚੱਲ ਸੰਪੱਤੀਆਂ, ਜਿਸ ਦਾ **ਸੰਕੇਤਕ/ਭੌਤਿਕ ਕਬਜ਼ਾ ਇੰਡੀਅਨ ਬੈਂਕ ਅਤੇ ਇੰਡੀਅਨ ਬੈਂਕ (ਤਤਕਾਲੀ ਇਲਾਹਾਬਾਦ ਬੈਂਕ, 01.04.2020 ਤੋਂ ਪ੍ਰਭਾਵੀ ਗਜ਼ਟ ਅਧਿਸੂਚਨਾ ਨੰਬਰ 133 (ਜੀਐਸਆਰ-156ਈ), ਮਿਤੀ 04.03.2020 ਦੇ ਅਨੁਸਾਰ)** ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਹੈ, ਦੀ ਵਿਕਰੀ **"ਜਿਵੇਂ ਹੈ ਜਿਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਜੋ ਵੀ ਉਥੇ ਹੈ ਅਧਾਰ"** 'ਤੇ ਨਿਮਨ ਦਰਸਾਈ ਮਿਤੀ ਨੂੰ ਨਿਮਨ ਦਰਸਾਏ ਕਰਜ਼ਦਾਰ (ਾਂ)/ਗਿਰਵੀਕਾਰ (ਾਂ) ਅਤੇ ਜ਼ਾਮਨ (ਾਂ) ਤੋਂ ਸੁਰੱਖਿਅਤ ਕਰਜ਼ਦਾਤਾ ਵੱਲ ਬਕਾਇਆ ਰਕਮ ਦੀ ਵਸੂਲੀ ਦੇ ਲਈ ਕੀਤੀ ਜਾਵੇਗੀ। **ਰਾਖਵੀਂ ਕੀਮਤ ਅਤੇ ਬਿਆਨਾ ਰਕਮ ਜਮ੍ਹਾਂ ਅਤੇ ਚੱਲ/ਅਚੱਲ ਸੰਪੱਤੀਆਂ ਦੇ** ਵੇਰਵੇ ਹੇਠਾਂ ਵੀ ਦਰਸਾਏ ਗਏ ਹਨ :-

| ਲੜੀ ਨੰ. | ਸ਼ਾਖਾ/ਕਰਜ਼ਦਾਰ (ਾਂ), ਸਹਿ-ਕਰਜ਼ਦਾਰ (ਾਂ)/ ਜ਼ਾਮਨਾ (ਾਂ) ਅਤੇ ਗਿਰਵੀਕਾਰ(ਾਂ) ਦਾ ਨਾਮ | ਬਕਾਇਆ ਰਕਮ | ਸੰਕੇਤਕ/ਭੌਤਿਕ ਕਬਜ਼ੇ ਦੀ ਕਿਸਮ ਵਾਲੀਆਂ ਚੱਲ/ਅਚੱਲ ਸੰਪਤੀ/ਆਂ ਦੇ ਵੇਰਵੇ | ਰਾਖਵੀਂ ਕੀਮਤ | ਬਿਆਨਾ ਰਕਮ ਰਾਸ਼ੀ | ਬੋਲੀ ਵਾਧਾ ਰਕਮ | ਈ-ਨਿਲਾਮੀ ਦੀ ਮਿਤੀ ਅਤੇ ਸਮਾਂ |
|---|---|---|---|---|---|---|---|
| 1. | ਬੀ/ਓ: ਕੋਟਕਪੂਰਾ <br> **ਕਰਜ਼ਦਾਰ/ਜ਼ਾਮਨ/ਗਿਰਵੀਕਾਰ: 1. ਸ੍ਰੀ ਪਰਵੀਨ ਕੁਮਾਰ ਪੁੱਤਰ ਸ੍ਰੀ ਓਮ ਪ੍ਰਕਾਸ਼** (ਕਰਜ਼ਦਾਰ/ਗਿਰਵੀਕਾਰ) ਗਾਂਧੀ ਬਸਤੀ, ਨਗਰ ਨਿਗਮ ਹਾਊਸ ਨੰ. ਬੀ-10/220, ਕੋਟਕਪੂਰਾ ਤਹਿਸੀਲ ਕੋਟਕਪੂਰਾ ਜਿਲਾ ਫਰੀਦਕੋਟ, ਪੰਜਾਬ-151204; (2. **ਸ਼੍ਰੀਮਤੀ ਸਪਨਾ ਰਾਣੀ ਪਤਨੀ ਸ਼੍ਰੀ ਪਰਵੀਨ ਕੁਮਾਰ (ਕਰਜ਼ਦਾਰ)**, ਗਾਂਧੀ ਬਸਤੀ, ਨਗਰ ਨਿਗਮ ਹਾਊਸ ਨੰ. ਬੀ-10/220, ਕੋਟਕਪੂਰਾ ਤਹਿਸੀਲ ਕੋਟਕਪੂਰਾ ਜਿਲਾ ਫਰੀਦਕੋਟ, ਪੰਜਾਬ-151204; 3. **ਸ਼੍ਰੀ ਵਿਨੋਦ ਸ਼ਰਮਾ ਪੁੱਤਰ ਸ਼੍ਰੀ ਦਿਨੇਸ਼ ਕੁਮਾਰ** (ਜ਼ਾਮਨ), ਲਾਜਪਤ ਨਗਰ, ਗਲੀ ਨੰ 06, ਕੋਟਕਪੂਰਾ ਜਿਲਾ ਫਰੀਦਕੋਟ, ਪੰਜਾਬ-151204; 4. **ਸ਼੍ਰੀ ਰਜਿੰਦਰ ਕੁਮਾਰ ਪੁੱਤਰ ਸ਼੍ਰੀ ਰਾਮ (ਜ਼ਾਮਨ)**, ਪਿੰਡ ਰਾਮਸਰ, ਤਹਿਸੀਲ ਕੋਟਕਪੂਰਾ ਜਿਲਾ ਫਰੀਦਕੋਟ, ਪੰਜਾਬ-151204 | 20.05.2025 **ਅਨੁਸਾਰ ਬਕਾਇਆ ਰਕਮ** ਰੁ. 14,14,873/- (ਰੁ. ਚੌਦਾਂ ਲੱਖ ਚੌਦਾਂ ਹਜ਼ਾਰ ਅੱਠ ਸੌ ਤਿਹੱਤਰ ਕੇਵਲ) 21.05.2025 ਤੋਂ ਅਗਲੇਰੇ ਵਿਆਜ, ਲਾਗਤਾਂ, ਹੋਰ ਫੀਸਾਂ ਅਤੇ ਖਰਚਿਆਂ ਸਮੇਤ | ਸੰਪੱਤੀ ਆਈਡੀ-IDIB50090323411: 180 ਵਰਗ ਗਜ਼ ਦੀ ਰਿਹਾਇਸ਼ੀ ਜਾਇਦਾਦ ਦਾ ਸਾਰਾ ਹਿੱਸਾ ਅਤੇ ਪਾਰਸਲ ਵਿਕਰੀ ਡੀਡ ਨੰਬਰ 1987 ਮਿਤੀ 03/10/2011, ਕਿਤਾਬ ਨੰਬਰ 1, ਜਿਲਡ ਨੰਬਰ 1866, ਪੰਨਾ 47-53 ਗਾਂਧੀ ਬਸਤੀ, ਮਿਊਂਸੀਪਲ ਮਕਾਨ ਨੰਬਰ ਬੀ 10/220, ਕੋਟਕਪੂਰਾ ਤਹਿਸੀਲ ਕੋਟਕਪੂਰਾ ਜ਼ਿਲ੍ਹਾ ਫਰੀਦਕੋਟ ਵਿਖੇ ਸਥਿਤ ਹੈ।ਹੱਦਬੰਦੀ : ਉੱਤਰ: ਸ਼ੰਕਰ ਸ਼ਰਮਾ, ਦੱਖਣ: ਰਸਤਾ, ਪੂਰਬ: ਅਮਰਨਾਥ, ਪੱਛਮ: ਸੇਬੀ ਸਿੰਘ (**ਕਬਜ਼ੇ ਦੀ ਕਿਸਮ: ਭੌਤਿਕ**) | Rs. 11,71,000/- | Rs. 1,17,100/- | Rs. 10,000/- | 11.06.2025 from 10.00 am to 5:00 pm |

**ਇਸ ਪ੍ਰਕਾਸ਼ਨ ਉਕਤ ਕਰਜ਼ਦਾਰਾਂ/ਜ਼ਾਮਨਾਂ ਅਤੇ ਗਿਰੀਵਕਾਰਾਂ ਦੇ ਲਈ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ 2002 ਦੇ ਨਿਯਮ 6(2) ਅਤੇ 8 (6) ਅਧੀਨ 15 ਰੋਜ਼ਾ ਸੂਚਨਾ ਵੀ ਹੈ**

| | |
|---|---|
| **ਈ-ਨਿਲਾਮੀ ਸਰਵਿਸ ਪ੍ਰੋਵਾਈਡਰ https://baanknet.com ਦੇ ਪਲੇਟਫਾਰਮ 'ਤੇ ਈ ਨਿਲਾਮੀ ਦੀ ਮਿਤੀ ਅਤੇ ਸਮਾਂ** | 11.06.2025 (ਬੁੱਧਵਾਰ) ਨੂੰ ਸਵੇਰੇ 10.00 ਵਜੇ ਤੋਂ ਸ਼ਾਮ 05.00 ਵਜੇ ਤੱਕ (ਵਿਕਰੀ ਦੇ ਖਤਮ ਹੋਣ ਤੱਕ ਹਰ ਵਾਰ 10 ਮਿੰਟਾਂ ਦੇ ਅਸੀਮਿਤ ਵਾਧੇ ਸਮੇਤ) |

| ਲੜੀ ਨੰ. | ਸ਼ਾਖਾ/ਕਰਜ਼ਦਾਰ (ਾਂ), ਸਹਿ-ਕਰਜ਼ਦਾਰ (ਾਂ)/ ਜ਼ਾਮਨਾ (ਾਂ) ਅਤੇ ਗਿਰਵੀਕਾਰ(ਾਂ) ਦਾ ਨਾਮ | ਬਕਾਇਆ ਰਕਮ | ਸੰਕੇਤਕ/ਭੌਤਿਕ ਕਬਜ਼ੇ ਦੀ ਕਿਸਮ ਵਾਲੀਆਂ ਚੱਲ/ਅਚੱਲ ਸੰਪਤੀ/ਆਂ ਦੇ ਵੇਰਵੇ | ਰਾਖਵੀਂ ਕੀਮਤ | ਬਿਆਨਾ ਰਕਮ ਰਾਸ਼ੀ | ਬੋਲੀ ਵਾਧਾ ਰਕਮ | ਈ-ਨਿਲਾਮੀ ਦੀ ਮਿਤੀ ਅਤੇ ਸਮਾਂ |
|---|---|---|---|---|---|---|---|
| 2. | ਬੀ/ਓ: ਅੰਮ੍ਰਿਤਸਰ ਪਟੇਲ ਚੌਕ ਮਾਲ ਰੋਡ <br> **ਕਰਜ਼ਦਾਰ/ਸਹਿ-ਕਰਜ਼ਦਾਰ/ਜ਼ਾਮਨ/ਗਿਰਵੀਕਾਰ: 1. ਸ੍ਰੀ ਸਚਿਨ ਰਾਜਪੂਤ ਪੁੱਤਰ ਸੋਹਨ ਲਾਲ ਰਾਜਪੂਤ**, ਵਾਸੀ ਮਕਾਨ ਨੰਬਰ 160, ਸਦਰ ਬਜ਼ਾਰ ਕੈਂਟ ਅੰਮ੍ਰਿਤਸਰ -1, ਅੰਮ੍ਰਿਤਸਰ, ਪੰਜਾਬ, ਪੰਜਾਬ-143001 (ਕਰਜ਼ਦਾਰ/ਗਿਰਵੀਕਾਰ), 2. **ਸ਼੍ਰੀਮਤੀ ਸੋਨਮ ਰਾਜਪੂਤ ਪਤਨੀ ਸ੍ਰੀ ਸਚਿਨ ਰਾਜਪੂਤ**, ਮਕਾਨ ਨੰ. 160, ਸਦਰ ਬਜ਼ਾਰ ਕੈਂਟ ਅੰਮ੍ਰਿਤਸਰ-1, ਅੰਮ੍ਰਿਤਸਰ, ਪੰਜਾਬ, ਪੰਜਾਬ - 143001 (ਸਹਿ-ਕਰਜ਼ਦਾਰ) | 20.05.2025 **ਅਨੁਸਾਰ ਬਕਾਇਆ ਰਕਮ** ਰੁ. 19,01,650.84 (ਰੁ. ਉਨੀ ਲੱਖ ਇਕ ਹਜ਼ਾਰ ਛੇ ਸੌ ਪੰਜਾਹ ਅਤੇ ਚੁਰਾਸੀ ਪੈਸੇ ਕੇਵਲ) 21.05.2025 ਤੋਂ ਅਗਲੇਰੇ ਵਿਆਜ, ਲਾਗਤਾਂ, ਹੋਰ ਫੀਸਾਂ ਅਤੇ ਖਰਚਿਆਂ ਸਮੇਤ | ਸੰਪੱਤੀ ਆਈਡੀ- IDIB007238899427: ਵਿਕਰੀ ਡੀਡ ਨੰਬਰ 2019-20/93/1/12943 ਮਿਤੀ 23.12.2019 ਅਨੁਸਾਰ ਸਚਿਨ ਰਾਜਪੂਤ ਪੁੱਤਰ ਸ਼੍ਰੀ ਸੋਹਨ ਰਾਜਪੂਤ ਦੇ ਨਾਮ 'ਤੇ ਸਾਰੇ ਹਿੱਸਾ ਅਤੇ 111.11 ਵਰਗ ਗਜ਼ ਦੀ ਰਿਹਾਇਸ਼ੀ ਪਲਾਟ ਜ਼ਮੀਨ ਦੇ ਬਰਾਬਰ ਗਿਰਵੀਨਾਮੇ ਦੇ ਹਿੱਸੇ ਜੋ ਕਿ ਜ਼ਮੀਨ ਵਾਲੇ ਪਲਾਟ ਪ੍ਰਾਈਵੇਟ ਨੰਬਰ 371 ਖਸਰਾ ਨੰਬਰ. 6//4/1 ਮਿਨ, ਕਾਲਾ ਘਣੂਪੁਰ ਉਪ-ਸ਼ਹਿਰੀ ਇਲਾਕਾ ਨਿਊ ਪਾਲ ਐਵੇਨਿਊ, ਸ਼੍ਰੀ ਰਾਮ ਤੀਰਥ ਰੋਡ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸਥਿਤ। ਹੱਦਬੰਦੀ: ਉੱਤਰ: ਪਲਾਟ 366, ਦੱਖਣ: ਗਲੀ 28' ਚੌੜੀ, ਪੂਰਬ: ਪਲਾਟ ਨੰ. 370, ਪੱਛਮ: ਪਲਾਟ ਨੰ. 372 (**ਕਬਜ਼ੇ ਦੀ ਕਿਸਮ: ਭੌਤਿਕ**) | Rs. 13,83,000/- | Rs. 1,38,300/- | Rs. 10,000/- | 25.06.2025 from 10.00 am to 5:00 pm |
| 3. | ਬੀ/ਓ: ਵੇਰਕਾ ਰੋਡ <br> **ਕਰਜ਼ਦਾਰ/ਸਹਿ-ਕਰਜ਼ਦਾਰ/ਜ਼ਾਮਨ/ਗਿਰਵੀਕਾਰ: 1. ਸ਼੍ਰੀਮਤੀ ਸ਼ਿੰਦਰ ਮੋਤਾ ਪਤਨੀ ਰੂਪਾ ਮਸੀਹ ਮੋਤਾ**, ਪਿੰਡ ਅਤੇ ਡਾਕਖਾਨਾ ਪਾਖਰਪੁਰਾ, ਕਥੂਨਨੰਗਲ, ਅੰਮ੍ਰਿਤਸਰ, ਪੰਜਾਬ-143502 (ਕਰਜ਼ਦਾਰ/ਗਿਰਵੀਕਾਰ), 2. ਸ਼੍ਰੀ ਰੂਪਾ ਮਸੀਹ ਮੋਤਾ ਪੁੱਤਰ ਸ਼੍ਰੀ ਤਰਸੇਮ ਮਸੀਹ, ਪਿੰਡ ਅਤੇ ਡਾਕਖਾਨਾ ਪਾਖਰਪੁਰਾ, ਕੱਥੂਨੰਗਲ, ਅੰਮ੍ਰਿਤਸਰ, ਪੰਜਾਬ-143502 (ਸਹਿ-ਕਰਜ਼ਦਾਰ), 3. ਸ਼੍ਰੀ ਗੁਰਮੀਤ ਮਸੀਹ ਪੁੱਤਰ ਹਰਬੰਸ ਮਸੀਹ, ਪਿੰਡ ਮੋਮਨ ਰਾਏ ਚੱਕ, ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ-143505 (ਜ਼ਾਮਨ) | 20.05.2025 **ਅਨੁਸਾਰ ਬਕਾਇਆ ਰਕਮ** ਰੁ. 17,88,462.84 (ਰੁ. ਸਤਾਰਾਂ ਲੱਖ ਅਠਾਸੀ ਹਜ਼ਾਰ ਚਾਰ ਸੌ ਬਾਹਠ ਅਤੇ ਚੁਰਾਸੀ ਪੈਸੇ ਕੇਵਲ) 21.05.2025 ਤੋਂ ਅਗਲੇਰੇ ਵਿਆਜ, ਲਾਗਤਾਂ, ਹੋਰ ਫੀਸਾਂ ਅਤੇ ਖਰਚਿਆਂ ਸਮੇਤ | ਸੰਪੱਤੀ ਆਈਡੀ-IDIB007005330273: ਵਿਕਰੀ ਡੀਡ ਨੰਬਰ 1477, ਭਾਗ ਨੰਬਰ 1, ਕਿਤਾਬ (ਜ਼ਿਲ੍ਹਾ) ਨੰਬਰ 489 ਅਤੇ ਪੰਨਾ (ਸਫ਼ਾ) ਨੰਬਰ 2527 ਮਿਤੀ 10.02.2014 ਅਨੁਸਾਰ ਸ਼੍ਰੀਮਤੀ ਸ਼ਿੰਦਰ ਮੋਤਾ ਪਤਨੀ ਸ਼੍ਰੀ ਰੂਪਾ ਮਸੀਹ ਮੋਤਾ ਦੇ ਨਾਮ 'ਤੇ ਵਪਾਰਕ ਜਾਇਦਾਦ ਦਾ ਸਾਰਾ ਹਿੱਸਾ ਅਤੇ ਭਾਗ ਖੇਤਰ 8.76 ਮਰਲੇ ਖਸਰਾ ਨੰਬਰ 14//18/1 (6-4), ਪਿੰਡ ਪਾਖਰਪੁਰਾ ਤਹਿਸੀਲ ਮਜੀਠਾ ਅਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਖੇਤਰ ਵਿੱਚ ਸਥਿਤ, ਸਬ-ਰਜਿਸਟਰਾਰ ਦਫ਼ਤਰ ਅੰਮ੍ਰਿਤਸਰ ਵਿਖੇ ਰਜਿਸਟਰਡ। ਹੱਦਬੰਦੀ : ਉੱਤਰ: ਅਮਨਦੀਪ ਕੁਮਾਰ ਦਾ ਪਲਾਟ ਨੰਬਰ 09, ਦੱਖਣ: ਰਸਤਾ 30 ਫੁੱਟ ਚੌੜਾ, ਪੂਰਬ: ਸਾਂਝਾ ਰਸਤਾ, ਪੱਛਮ: ਪਲਾਟ ਨੰਬਰ 10 (**ਕਬਜ਼ੇ ਦੀ ਕਿਸਮ: ਸੰਕੇਤਕ**) | Rs. 70,00,000/- | Rs. 7,00,000/- | Rs. 10,000/- | 25.06.2025 from 10.00 am to 5:00 pm |

**ਇਸ ਪ੍ਰਕਾਸ਼ਨ ਉਕਤ ਕਰਜ਼ਦਾਰਾਂ/ਜ਼ਾਮਨਾਂ ਅਤੇ ਗਿਰੀਵਕਾਰਾਂ ਦੇ ਲਈ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ 2002 ਦੇ ਨਿਯਮ 6(2) ਅਤੇ 9 (1) ਅਧੀਨ 30 ਰੋਜ਼ਾ ਸੂਚਨਾ ਵੀ ਹੈ**

| | |
|---|---|
| **ਈ-ਨਿਲਾਮੀ ਸਰਵਿਸ ਪ੍ਰੋਵਾਈਡਰ https://baanknet.com ਦੇ ਪਲੇਟਫਾਰਮ 'ਤੇ ਈ ਨਿਲਾਮੀ ਦੀ ਮਿਤੀ ਅਤੇ ਸਮਾਂ** | 25.06.2025 (ਬੁੱਧਵਾਰ) ਨੂੰ ਸਵੇਰੇ 10.00 ਵਜੇ ਤੋਂ ਸ਼ਾਮ 05.00 ਵਜੇ ਤੱਕ (ਵਿਕਰੀ ਦੇ ਖਤਮ ਹੋਣ ਤੱਕ ਹਰ ਵਾਰ 10 ਮਿੰਟਾਂ ਦੇ ਅਸੀਮਿਤ ਵਾਧੇ ਸਮੇਤ) |

**ਹੋਰ ਵੇਰਵਿਆਂ, ਨਿਯਮ ਅਤੇ ਸ਼ਰਤਾਂ ਲਈ ਸਾਰੀਆਂ ਸੰਪੱਤੀਆਂ ਲਈ ਸੰਪਰਕ ਕਰੋ :**

| | | | |
|---|---|---|---|
| ਲੜੀ ਨੰ. 1 'ਤੇ ਸੰਪੱਤੀ ਦੇ ਲਈ: | ਅਧਿਕਾਰਤ ਅਧਿਕਾਰੀ : ਸ਼੍ਰੀ ਚੰਦਨ ਕੁਮਾਰ <br> ਸ਼ਾਖਾ ਮੈਨੇਜਰ ਸ਼੍ਰੀ ਤਰਲੋਕ ਚੰਦ | E-Mail ID: z703@indianbank.co.in <br> E-Mail ID: k799@indianbank.co.in | Mob no. 94539 54061 <br> Mob no. 99149 06608 |
| ਲੜੀ ਨੰ.2 'ਤੇ ਸੰਪੱਤੀ ਦੇ ਲਈ: | ਅਧਿਕਾਰਤ ਅਧਿਕਾਰੀ : ਸ਼੍ਰੀ ਹਰਪ੍ਰੀਤ ਸਿੰਘ | | Mob no. 81460 34455 |
| ਲੜੀ ਨੰ. 3 'ਤੇ ਸੰਪੱਤੀ ਦੇ ਲਈ: | ਅਧਿਕਾਰਤ ਅਧਿਕਾਰੀ :ਸ਼੍ਰੀ ਹਰਪ੍ਰੀਤ ਸਿੰਘ <br> ਸ਼ਾਖਾ ਮੈਨੇਜਰ : ਸ਼੍ਰੀ ਦਵਿੰਦਰ ਸਿੰਘ | ——— <br> E-Mail ID: verkaroad@indianbank.co.in | Mob no. 81460 34455 <br> Mob no. 97792 50005 |

**ਉਕਤ ਸੰਪਤੀਆਂ ਦੀ ਪੈਮਾਇਸ਼ ਦੀ ਬੋਲੀਕਾਰਾਂ ਵੱਲੋਂ ਪੜਤਾਲ ਨਿਲਾਮੀ ਵਿੱਚ ਭਾਗ ਲੈਣ ਤੋਂ ਪਹਿਲਾਂ ਕਰਨੀ ਹੋਵੇਗੀ ਅਤੇ ਮਾਲ ਅਧਿਕਾਰੀਆਂ ਦੇ ਰਿਕਾਰਡ ਦੀ ਪੜਤਾਲ ਕਰਨੀ ਹੋਵੇਗੀ।**

**ਬੋਲੀਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਔਨਲਾਈਨ ਬੋਲੀ ਵਿੱਚ ਹਿੱਸਾ ਲੈਣ ਲਈ ਸਾਡੇ ਈ-ਨਿਲਾਮੀ ਸੇਵਾ ਪ੍ਰਦਾਤਾ ਪੀਐਸਬੀ ਅਲਾਇੰਸ ਪ੍ਰਾਈਵੇਟ ਲਿਮਟਿਡ ਦੀ ਵੈੱਬਸਾਈਟ (https://baanknet.com)** 'ਤੇ ਜਾਣ। ਤਕਨੀਕੀ ਸਹਾਇਤਾ ਲਈ ਕਿਰਪਾ ਕਰਕੇ ਪੀਐਸਬੀ ਅਲਾਇੰਸ ਪ੍ਰਾਈਵੇਟ ਲਿਮਟਿਡ ਹੈਲਪਡੈਸਕ ਨੰਬਰ 8291220220, ਈਮੇਲ ਆਈਡੀ:- **support.baanknet@psballiance.com** ਅਤੇ ਸੇਵਾ ਪ੍ਰਦਾਤਾ ਹੈਲਪ ਡੈਸਕ ਵਿੱਚ ਉਪਲਬਧ ਹੋਰ ਹੈਲਪ ਲਾਈਨ ਨੰਬਰਾਂ 'ਤੇ ਕਾਲ ਕਰੋ।ਪੀਐਸਬੀ ਅਲਾਇੰਸ ਪ੍ਰਾਈਵੇਟ ਲਿਮਟਿਡ ਨਾਲ ਰਜਿਸਟ੍ਰੇਸ਼ਨ ਸਥਿਤੀ ਅਤੇ EMD ਸਥਿਤੀ ਲਈ, ਕਿਰਪਾ ਕਰਕੇ **support.baanknet@psballiance.com** 'ਤੇ ਸੰਪਰਕ ਕਰੋ। ਜਾਇਦਾਦ ਦੇ ਵੇਰਵਿਆਂ ਅਤੇ ਫੋਟੋ ਅਤੇ ਨਿਲਾਮੀ ਦੇ ਨਿਯਮਾਂ ਅਤੇ ਸ਼ਰਤਾਂ ਲਈ ਕਿਰਪਾ ਕਰਕੇ ਇੱਥੇ ਜਾਓ: **https://baanknet.com** ਅਤੇ ਇਸ ਪੋਰਟਲ ਨਾਲ ਸਬੰਧਤ ਸਪਸ਼ਟੀਕਰਨ ਲਈ, ਕਿਰਪਾ ਕਰਕੇ **ਹੈਲਪਡੈਸਕ ਨੰਬਰ** 8291220220 'ਤੇ ਸੰਪਰਕ ਕਰੋ। ਬੋਲੀਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ **https://baanknet.com** ਨਾਲ ਵੈੱਬਸਾਈਟ ਵਿੱਚ ਜਾਇਦਾਦ ਦੀ ਖੋਜ ਕਰਦੇ ਸਮੇਂ ਉੱਪਰ ਦੱਸੇ ਗਏ ਜਾਇਦਾਦ ਆਈਡੀ ਨੰਬਰ ਦੀ ਵਰਤੋਂ ਕਰਨ। ਸੁਰੱਖਿਅਤ ਲੈਣਦਾਰ ਨੂੰ ਜਾਣੀ ਜਾਂਦੀ ਜਾਇਦਾਦ 'ਤੇ ਕੋਈ ਬੋਝ ਨਹੀਂ ਹੈ। ਹਾਲਾਂਕਿ, ਇੱਛੁਕ ਬੋਲੀਕਾਰਾਂ ਨੂੰ ਆਪਣੀ ਬੋਲੀ ਜਮ੍ਹਾ ਕਰਨ ਤੋਂ ਪਹਿਲਾਂ, ਨਿਲਾਮੀ 'ਤੇ ਰੱਖੀ ਗਈ ਜਾਇਦਾਦ ਦੇ ਸਿਰਲੇਖ ਅਤੇ ਦਾਅਵਿਆਂ/ਅਧਿਕਾਰਾਂ/ਬਕਾਇਆ/ਸੰਪਤੀ ਨੂੰ ਪ੍ਰਭਾਵਿਤ ਕਰਨ ਵਾਲੇ ਮਾਮਲਿਆਂ ਬਾਰੇ ਆਪਣੀ ਸੁਤੰਤਰ ਪੁੱਛਗਿੱਛ ਕਰਨੀ ਚਾਹੀਦੀ ਹੈ। ਈ-ਨਿਲਾਮੀ ਇਸ਼ਤਿਹਾਰ ਬੈਂਕ ਦੀ ਕਿਸੇ ਵੀ ਵਚਨਬੱਧਤਾ ਜਾਂ ਕਿਸੇ ਵੀ ਪ੍ਰਤੀਨਿਧਤਾ ਦਾ ਗਠਨ ਨਹੀਂ ਕਰਦਾ ਹੈ ਅਤੇ ਨਾ ਹੀ ਮੰਨਿਆ ਜਾਵੇਗਾ। ਜਾਇਦਾਦ ਸਾਰੇ ਮੌਜੂਦਾ ਅਤੇ ਭਵਿੱਖੀ ਬੋਝਾਂ ਦੇ ਨਾਲ ਵੇਚੀ ਜਾ ਰਹੀ ਹੈ, ਭਾਵੇਂ ਉਹ ਬੈਂਕ ਨੂੰ ਪਤਾ ਹੋਵੇ ਜਾਂ ਅਣਜਾਣ। ਅਧਿਕਾਰਤ ਅਧਿਕਾਰੀ/ਸੁਰੱਖਿਅਤ ਲੈਣਦਾਰ ਗਲਤ ਛਪਾਈ ਦੀ ਗਲਤੀ ਜਾਂ ਕਿਸੇ ਵੀ ਤੀਜੀ ਧਿਰ ਦੇ ਦਾਅਵਿਆਂ/ਅਧਿਕਾਰਾਂ/ਬਕਾਇਆ ਲਈ ਕਿਸੇ ਵੀ ਤਰ੍ਹਾਂ ਜ਼ਿੰਮੇਵਾਰ ਨਹੀਂ ਹੋਵੇਗਾ।

ਮਿਤੀ: 23.05.2025 ਸਥਾਨ : ਅੰਮ੍ਰਿਤਸਰ ਅਧਿਕਾਰਤ ਅਧਿਕਾਰੀ, (ਇੰਡੀਅਨ ਬੈਂਕ)

# ਪੰਜਾਬ ਕੈਬਨਿਟ ਵੱਲੋਂ ਜਾਇਦਾਦ ਨਿਯਮਾਂ 'ਚ ਸੋਧ ਨੂੰ ਮਨਜ਼ੂਰੀ



**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 23 ਮਈ :ਸ਼ਹਿਰੀ ਸਥਾਨਕ ਸਰਕਾਰਾਂ ਵੱਲੋਂ ਵੇਚੀਆਂ ਜਾਇਦਾਦਾਂ ਲਈ ਅਦਾਇਗੀ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਤੇ ਇਸ ਵਿੱਚ ਤੇਜ਼ੀ ਲਿਆਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਨੇ ਪੰਜਾਬ ਮੈਨੇਜਮੈਂਟ ਐਂਡ ਟਰਾਂਸਫਰ ਆਫ ਮਿਊਂਸਿਪਲ ਪ੍ਰਾਪਰਟੀਜ਼ ਨਿਯਮ, 2021 ਵਿੱਚ ਅਹਿਮ ਸੋਧ ਦੀ ਪ੍ਰਵਾਨਗੀ ਦੇ ਦਿੱਤੀ।

ਇਸ ਸਬੰਧੀ ਫੈਸਲਾ ਅੱਜ ਇੱਥੇ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਉਨ੍ਹਾਂ ਦੀ ਸਰਕਾਰੀ ਰਿਹਾਇਸ਼ ਉਤੇ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਿਆ ਗਿਆ। ਇਹ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਇਸ ਸੋਧ ਮੁਤਾਬਕ ਕੈਬਨਿਟ ਨੇ ਸ਼ਹਿਰੀ ਸਥਾਨਕ ਸਰਕਾਰਾਂ ਵੱਲੋਂ ਵੇਚੀ ਜਾਇਦਾਦ ਲਈ ਅਦਾਇਗੀ ਕਰਵਾਉਣ ਵਾਸਤੇ ਸਮਾਂ ਹੱਦ ਘਟਾ ਕੇ ਛੇ ਮਹੀਨੇ ਕਰਨ ਦਾ ਫੈਸਲਾ ਕੀਤਾ ਹੈ। ਇਸ ਤਹਿਤ ਹੁਣ ਅਲਾਟੀਆਂ ਨੂੰ ਪੂਰੀ ਵਿਕਰੀ ਕੀਮਤ ਅਲਾਟਮੈਂਟ ਦੀ ਮਿਤੀ ਤੋਂ 180 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣੀ ਹੋਵੇਗੀ, ਜਦੋਂ ਕਿ ਪਹਿਲਾਂ ਇਹ ਅਦਾਇਗੀ ਛੇ ਕਿਸ਼ਤਾਂ ਵਿੱਚ ਜਮ੍ਹਾਂ ਕਰਵਾਉਣੀ ਹੁੰਦੀ ਸੀ। ਇਸ ਫੈਸਲੇ ਦਾ ਮੰਤਵ ਸ਼ਹਿਰੀ ਸਥਾਨਕ ਸਰਕਾਰਾਂ ਵੱਲੋਂ ਮਾਲੀਆ ਦੀ ਉਗਰਾਹੀ ਵਿੱਚ ਤੇਜ਼ੀ, ਮਿਊਂਸਿਪਲ ਇਕਾਈਆਂ ਦੇ ਵਿੱਤ ਨੂੰ ਮਜ਼ਬੂਤ ਕਰਨ ਅਤੇ ਦੇਰੀ ਨਾਲ ਅਦਾਇਗੀਆਂ ਸਬੰਧੀ ਕਾਨੂੰਨੀ ਵਿਵਾਦਾਂ ਨੂੰ ਘਟਾ ਕੇ ਆਮ ਆਦਮੀ ਨੂੰ ਸਹੂਲਤ ਦੇਣਾ ਹੈ।

**ਪੰਜਾਬ ਨੂੰ ਸਨਅਤੀ ਗੜ੍ਹ ਵਜੋਂ ਵਿਕਸਤ ਕਰਨ ਲਈ ਪੰਜਾਬ ਇਨਵੈਸਟਮੈਂਟ ਮਿਸ਼ਨ ਵਾਸਤੇ ਪੰਜ ਕਰੋੜ ਰੁਪਏ ਦੀ ਪ੍ਰਵਾਨਗੀ**

ਪੰਜਾਬ ਵਿੱਚ ਵਪਾਰ ਪੱਖੀ ਗਤੀਸ਼ੀਲ ਮਾਹੌਲ ਬਣਾ ਕੇ ਪੰਜਾਬ ਦੀ ਤਰੱਕੀ ਦੀਆਂ ਸੰਭਾਵਨਾਵਾਂ ਨੂੰ ਹੋਰ ਹੁਲਾਰਾ ਦੇਣ ਦੇ ਉਦੇਸ਼ ਨਾਲ ਮੰਤਰੀ ਮੰਡਲ ਨੇ ਪੰਜਾਬ ਇਨਵੈਸਟਮੈਂਟ ਮਿਸ਼ਨ ਲਈ ਪੰਜ ਕਰੋੜ ਰੁਪਏ ਅਲਾਟ ਕਰਨ ਦੀ ਸਹਿਮਤੀ ਦੇ ਦਿੱਤੀ। ਇਹ ਫੈਸਲਾ ਪੰਜਾਬ ਦੀਆਂ ਵਿਕਾਸ ਸੰਭਾਵਨਾਵਾਂ ਨੂੰ (ਬਾਕੀ ਸਫਾ 11 'ਤੇ)

# 'ਆਪ' ਵਿਧਾਇਕ ਰਮਨ ਅਰੋੜਾ ਭ੍ਰਿਸ਼ਟਾਚਾਰ ਮਾਮਲੇ 'ਚ ਗ੍ਰਿਫ਼ਤਾਰ

**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 23 ਮਈ : ਜਲੰਧਰ ਸੈਂਟਰਲ ਤੋਂ 'ਆਪ' ਦੇ ਵਿਧਾਇਕ ਰਮਨ ਅਰੋੜਾ ਨੂੰ ਵਿਜੀਲੈਂਸ ਨੇ ਗ੍ਰਿਫ਼ਤਾਰ ਕਰ ਲਿਆ ਹੈ। ਵਿਜੀਲੈਂਸ ਟੀਮ ਨੇ ਸਵੇਰੇ 8.45 ਵਜੇ ਅਸ਼ੋਕ ਨਗਰ ਸਥਿਤ ਅਰੋੜਾ ਦੇ ਘਰ ਛਾਪਾ ਮਾਰਿਆ ਸੀ।

ਟੀਮ ਨੂੰ ਉਸ ਦੇ ਘਰ ਅੰਦਰੋਂ ਤਲਾਸ਼ੀ ਦੌਰਾਨ ਠੋਸ ਸਬੂਤ ਮਿਲੇ। ਜਿਸ ਤੋਂ ਬਾਅਦ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।

ਵਿਧਾਇਕ ਦਾ ਮਾਮਲਾ ਕੁਝ ਦਿਨ ਪਹਿਲਾਂ ਵਿਜੀਲੈਂਸ ਗ੍ਰਿਫ਼ਤਾਰ ਕੀਤੇ ਗਏ ਏਟੀਪੀ ਨਾਲ ਸਬੰਧਤ ਹੈ। ਸਰਕਾਰੀ ਸੂਤਰਾਂ ਅਨੁਸਾਰ, ਵਿਧਾਇਕ 'ਤੇ ਜਲੰਧਰ ਨਗਰ ਨਿਗਮ ਰਾਹੀਂ ਲੋਕਾਂ ਨੂੰ ਨੋਟਿਸ ਭੇਜਣ ਦਾ ਦੋਸ਼ ਹੈ। ਫਿਰ ਉਸ ਨੇ ਪੈਸੇ ਲਏ ਅਤੇ ਨੋਟਿਸ ਖਾਰਜ ਕਰਵਾ ਦਿੱਤੇ। ਇਸ ਮਾਮਲੇ ਵਿੱਚ ਐਫਆਈਆਰ ਵੀ ਦਰਜ ਕੀਤੀ ਗਈ ਹੈ।

ਹੁਣ ਤੱਕ ਮਿਲੀ ਜਾਣਕਾਰੀ ਅਨੁਸਾਰ ਇਸ ਮਾਮਲੇ ਵਿੱਚ ਏ.ਟੀ.ਪੀ. ਸੁਖਦੇਵ ਵਸ਼ਿਸ਼ਟ ਵਿਰੁੱਧ ਐਫਆਈਆਰ ਦਰਜ ਕੀਤੀ ਗਈ ਸੀ। ਇਸ ਦੌਰਾਨ ਵਿਭਾਗ ਵੱਲੋਂ ਜਾਂਚ ਸ਼ੁਰੂ ਕੀਤੀ ਗਈ, ਜਿਸ ਤੋਂ ਬਾਅਦ ਵਿਧਾਇਕ ਰਮਨ ਅਰੋੜਾ ਦੀ ਭੂਮਿਕਾ ਦਾ ਖੁਲਾਸਾ ਹੋਇਆ ਹੈ। ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਵਿਧਾਇਕ ਅਤੇ ਏਟੀਪੀ ਵਿਚਕਾਰ ਪੈਸੇ ਦੇ ਲੈਣ-ਦੇਣ ਦਾ ਪਰਦਾਫਾਸ਼ ਲੋਕਾਂ ਨੂੰ ਗੈਰ-ਕਾਨੂੰਨੀ ਉਸਾਰੀ ਦੇ ਨਾਮ 'ਤੇ ਧਮਕੀਆਂ ਦੇ ਕੇ ਨੋਟਿਸ ਜਾਰੀ ਕੀਤੇ ਗਏ, ਅਤੇ ਫਿਰ ਫਾਈਲਾਂ ਨੂੰ ਦਬਾਉਣ ਲਈ ਪੈਸੇ ਇਕੱਠੇ ਕੀਤੇ ਗਏ।





ਵਿਭਾਗ ਵੱਲੋਂ ਜਾਂਚ ਦੌਰਾਨ ਏਟੀਪੀ ਤੋਂ ਸੈਂਕੜੇ ਨੋਟਿਸ ਅਤੇ ਅਣਅਧਿਕਾਰਤ ਫਾਈਲਾਂ ਬਰਾਮਦ ਕੀਤੀਆਂ ਗਈਆਂ। ਜਿਸ ਵਿੱਚ ਬਹੁਤ ਸਾਰੇ ਨੋਟਿਸ ਡਿਸਪੈਚ ਰਜਿਸਟਰ ਵਿੱਚ ਵੀ ਦਰਜ ਨਹੀਂ ਸਨ ਪੂਰਾ 'ਰਿਕਵਰੀ ਨੈੱਟਵਰਕ' ਬਰਾਮਦ - ਏਟੀਪੀ ਵਿਧਾਇਕ ਦੇ ਇਸ਼ਾਰੇ 'ਤੇ ਰਿਕਵਰੀ ਕਰਦਾ ਸੀ, ਫਾਈਲਾਂ 'ਸੈਟਲ' ਕੀਤੀਆਂ ਗਈਆਂ ਸਨ। ਏਟੀਪੀ ਸੁਖਦੇਵ ਵਸ਼ਿਸ਼ਟ ਨੂੰ 14 ਮਈ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ।

ਅੱਜ ਰਮਨ ਅਰੋੜਾ ਦੇ ਘਰ ਛਾਪੇਮਾਰੀ ਕੀਤੀ ਗਈ ਹੈ। ਏਟੀਪੀ ਸੁਖਦੇਵ ਵਸ਼ਿਸ਼ਟ ਦੀ ਪੋਸਟਿੰਗ ਵਿੱਚ ਵੀ ਬੇਨਿਯਮੀਆਂ - ਅਸਲ ਅਹੁਦਾ ਸੀਨੀਅਰ ਡਰਾਫਟਸਮੈਨ ਸੀ, ਪਰ ਏਟੀਪੀ ਦਾ ਵਾਧੂ ਚਾਰਜ ਸੌਂਪਿਆ ਜਾ ਰਿਹਾ ਸੀ। ਏਟੀਪੀ ਦੇ ਦਫਤਰ ਅਤੇ ਘਰ ਤੋਂ ਬਰਾਮਦ ਕੀਤੇ ਗਏ ਦਸਤਾਵੇਜ਼ਾਂ ਵਿੱਚ 75 ਤੋਂ ਵੱਧ ਗੈਰ-ਕਾਨੂੰਨੀ ਨੋਟਿਸ ਮਿਲੇ। ਵਿਧਾਇਕ ਦੇ ਇਸ਼ਾਰੇ 'ਤੇ ਕਾਰਵਾਈ ਰੋਕ ਦਿੱਤੀ ਗਈ। ਮੁਲਜ਼ਮ ਦੇ ਘਰ ਅਤੇ ਦਫ਼ਤਰ ਤੋਂ ਕਈ ਇਤਰਾਜ਼ਯੋਗ ਦਸਤਾਵੇਜ਼ ਬਰਾਮਦ ਕੀਤੇ ਗਏ।

## ਭ੍ਰਿਸ਼ਟਾਚਾਰ ਖ਼ਿਲਾਫ਼ ਸਾਡੀ ਜ਼ੀਰੋ ਟਾਲਰੈਂਸ ਨੀਤੀ: ਮਾਨ

**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 23 ਮਈ : ਪੰਜਾਬ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਪ੍ਰਤੀ ਕੋਈ ਲਿਹਾਜ਼ ਨਾ ਵਰਤਣ ਦੀ ਨੀਤੀ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਕੋਈ ਵੀ ਅਧਿਕਾਰੀ ਜਾਂ ਸਿਆਸਤਦਾਨ, ਭਾਵੇਂ ਉਹ ਕਿੰਨਾ ਵੀ ਰਸੂਖਦਾਰ ਕਿਉਂ ਨਾ ਹੋਵੇ, ਮਾਨਵਤਾ ਖ਼ਿਲਾਫ਼ ਅਜਿਹੇ ਘਿਨਾਉਣੇ ਅਪਰਾਧ ਲਈ ਬਖ਼ਸ਼ਿਆ ਨਹੀਂ ਜਾਵੇਗਾ।



ਲੋਕਾਂ ਨੂੰ ਦਿੱਤੇ ਸੰਦੇਸ਼ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਅੱਜ ਦੀ ਕਾਰਵਾਈ ਨੇ ਇਕ ਵਾਰ ਫੇਰ ਇਹ ਸਿੱਧ ਕਰ ਦਿੱਤਾ ਹੈ ਕਿ ਭ੍ਰਿਸ਼ਟਾਚਾਰ ਖ਼ਿਲਾਫ਼ ਸ਼ੁਰੂ ਕੀਤੀ ਜੰਗ ਵਿੱਚ 'ਆਪਣੇ-ਬਿਗਾਨੇ' ਦਾ ਕੋਈ ਫ਼ਰਕ ਨਹੀਂ ਕੀਤਾ ਜਾਂਦਾ। ਉਨ੍ਹਾਂ ਕਿਹਾ ਕਿ ਕਿਸੇ ਸੱਤਾਧਾਰੀ ਪਾਰਟੀ ਦਾ ਹਿੱਸਾ ਹੋਣਾ ਜਾਂ ਵਿਰੋਧੀ ਧਿਰ ਨਾਲ ਜੁੜੇ ਹੋਣ ਨਾਲ ਕਿਸੇ ਅਫ਼ਸਰ ਜਾਂ ਲੀਡਰ ਨੂੰ ਭ੍ਰਿਸ਼ਟਾਚਾਰ ਕਰਨ ਦਾ ਲਾਇਸੰਸ ਨਹੀਂ ਮਿਲ ਜਾਂਦਾ। ਉਨ੍ਹਾਂ ਕਿਹਾ ਕਿ ਸਰਕਾਰ ਨੇ ਅਜਿਹੇ ਲੋਕਾਂ ਦੇ ਖ਼ਿਲਾਫ਼ ਮਿਸਾਲੀ ਕਾਰਵਾਈ ਕੀਤੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭ੍ਰਿਸ਼ਟਾਚਾਰ ਖ਼ਿਲਾਫ਼ ਕਿਸੇ ਵੀ ਤਰ੍ਹਾਂ ਦੀ ਸ਼ਮੂਲੀਅਤ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਇਹ ਪਾਪ ਕਰਨ ਵਾਲੇ ਵਿਅਕਤੀ ਨੂੰ ਕਿਸੇ ਵੀ ਸੂਰਤ ਵਿੱਚ ਬਖ਼ਸ਼ਿਆ ਨਹੀਂ ਜਾਵੇਗਾ। (ਬਾਕੀ ਸਫਾ 11 'ਤੇ)

*1993 ਬੰਬ ਧਮਾਕੇ ਦਾ ਮਾਮਲਾ*

# ਪੈਰੋਲ ਖ਼ਤਮ ਹੋਣ ਤੋਂ ਬਾਅਦ ਦਿੱਲੀ ਹਾਈ ਕੋਰਟ ਨੇ ਦਵਿੰਦਰਪਾਲ ਸਿੰਘ ਭੁੱਲਰ ਨੂੰ ਆਤਮ ਸਮਰਪਣ ਲਈ ਕਿਹਾ

**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 23 ਮਈ : ਦਿੱਲੀ ਹਾਈ ਕੋਰਟ ਨੇ ਸ਼ੁੱਕਰਵਾਰ ਨੂੰ 1993 ਦੇ ਦਿੱਲੀ ਬੰਬ ਧਮਾਕੇ ਦੇ ਦੋਸ਼ੀ ਦਵਿੰਦਰ ਪਾਲ ਸਿੰਘ ਭੁੱਲਰ ਨੂੰ ਜੇਲ ਅਧਿਕਾਰੀਆਂ ਸਾਹਮਣੇ ਆਤਮ ਸਮਰਪਣ ਕਰਨ ਲਈ ਕਿਹਾ ਹੈ। ਭੁੱਲਰ, ਜਿਸ ਦੀ ਪੈਰੋਲ ਸ਼ੁੱਕਰਵਾਰ ਨੂੰ ਖਤਮ ਹੋ ਰਹੀ ਸੀ, ਨੇ ਇਸ ਆਧਾਰ 'ਤੇ ਛੋਟ ਦੀ ਮੰਗ ਕੀਤੀ ਕਿ ਉਹ ਗੰਭੀਰ ਸਿਜ਼ੋਫ੍ਰੇਨੀਆ ਤੋਂ ਪੀੜਤ ਹੈ ਅਤੇ ਇਲਾਜ ਅਧੀਨ ਹੈ। ਜਸਟਿਸ ਗਿਰੀਸ਼ ਕਠਪਾਲੀਆ ਨੇ ਕਿਹਾ ਕਿ ਜੇਲ 'ਚ ਇਲਾਜ ਉਪਲਬਧ ਹੈ, ਉਹ ਵੀ ਸਹੀ ਹੈ। ਜੱਜ ਨੇ ਭੁੱਲਰ ਦੇ ਵਕੀਲ ਨੂੰ ਕਿਹਾ,"ਤੁਸੀਂ ਆਤਮ ਸਮਰਪਣ ਕਰੋ।" ਜੋ ਆਤਮ ਸਮਰਪਣ ਤੋਂ ਛੋਟ ਦੀ ਅਰਜ਼ੀ ਵਾਪਸ ਲੈਣ ਲਈ ਸਹਿਮਤ ਹੋ ਗਏ। ਅਦਾਲਤ ਨੇ ਅਪਣੇ ਹੁਕਮ 'ਚ ਕਿਹਾ ਕਿ ਕੁੱਝ ਦਲੀਲਾਂ ਦੇਣ ਤੋਂ ਬਾਅਦ ਉਸ ਦੇ ਵਕੀਲ ਨੇ ਪਟੀਸ਼ਨ ਵਾਪਸ ਲੈਣ ਦੀ ਮੰਗ ਕੀਤੀ ਅਤੇ ਭੁੱਲਰ ਨੂੰ ਭਰੋਸਾ ਦਿਤਾ ਕਿ ਉਹ ਦਿਨ 'ਚ ਆਤਮਸਮਰਪਣ ਕਰ ਦੇਵੇਗਾ। ਬੈਂਚ ਨੇ ਕਿਹਾ ਕਿ ਅਰਜ਼ੀ ਵਾਪਸ ਲੈ ਲਈ ਜਾਂਦੀ ਹੈ। ਭੁੱਲਰ ਦੇ ਵਕੀਲ ਨੇ ਦਲੀਲ ਦਿਤੀ ਸੀ ਕਿ ਉਸ ਦਾ ਮੁਵੱਕਿਲ ਬੈਰਕਾਂ ਵਿਚ ਵੀ ਦਾਖਲ ਨਹੀਂ ਹੁੰਦਾ ਸੀ ਅਤੇ ਹਮੇਸ਼ਾ ਹਸਪਤਾਲ ਵਿਚ ਰਹਿੰਦਾ ਸੀ (ਬਾਕੀ ਸਫਾ 11 'ਤੇ)



# ਸ਼੍ਰੋਮਣੀ ਕਮੇਟੀ ਵੱਲੋਂ ਡਾ. ਮਨਮੋਹਨ ਸਿੰਘ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ 'ਚ ਲਾਉਣ ਦਾ ਫ਼ੈਸਲਾ ਮੁਲਤਵੀ

**ਗੁਰਦਿਆਲ ਸਿੰਘ**

ਅੰਮ੍ਰਿਤਸਰ, 23 ਮਈ : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੇਸ਼ ਦੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾਉਣ ਦੇ ਫੈਸਲੇ ਨੂੰ ਹਾਲ ਦੀ ਘੜੀ ਮੁਲਤਵੀ ਕਰ ਦਿੱਤਾ ਹੈ। ਇਸ ਮਾਮਲੇ 'ਤੇ ਹੁਣ ਸ਼੍ਰੋਮਣੀ ਕਮੇਟੀ ਵੱਲੋਂ ਮੁੜ ਵਿਚਾਰ ਕੀਤਾ ਜਾਵੇਗਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਦੱਸਿਆ ਕਿ ਬੀਤੇ ਦਿਨੀਂ ਹੋਈ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਵਿਚ ਡਾ. ਮਨਮੋਹਨ ਸਿੰਘ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾਉਣ ਦਾ ਫੈਸਲਾ ਕੀਤਾ ਗਿਆ ਸੀ, ਜਿਸ 'ਤੇ ਵੱਖ-ਵੱਖ ਧਿਰਾਂ ਵੱਲੋਂ ਇਤਰਾਜ਼ ਆਉਣ 'ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਮਾਮਲੇ ਨੂੰ ਫਿਲਹਾਲ ਮੁਲਤਵੀ ਰੱਖਣ ਦਾ ਆਦੇਸ਼ ਕੀਤਾ ਹੈ।



ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਕੌਮ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਦੀ ਹੈ ਅਤੇ ਇਸ ਮਾਮਲੇ ਸਬੰਧੀ ਸਿੱਖਾਂ ਅੰਦਰ ਆਮਰਾਇ ਬਣਨੀ ਜ਼ਰੂਰੀ ਹੈ।ਸ਼੍ਰੋਮਣੀ ਕਮੇਟੀ ਸਕੱਤਰ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਤਸਵੀਰ ਲਗਾਉਣ ਦੇ ਇਸ ਫੈਸਲੇ ਬਾਰੇ ਅੰਤ੍ਰਿੰਗ ਕਮੇਟੀ ਵਿਚ ਮੁੜ ਵਿਚਾਰ ਕੀਤਾ ਜਾਵੇਗਾ।

ਗ਼ੌਰਤਲਬ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਗਏ ਇਸ ਫੈਸਲੇ ਦਾ ਬਲਵੰਤ ਸਿੰਘ ਰਾਜੋਆਣਾ ਅਤੇ ਦਲ ਖਾਲਸਾ ਸਮੇਤ ਕੁਝ ਹੋਰ ਸਿੱਖ ਜਥੇਬੰਦੀਆਂ ਵੱਲੋਂ ਵਿਰੋਧ ਕੀਤਾ ਗਿਆ ਹੈ। ਰਾਜੋਆਣਾ ਵੱਲੋਂ ਇਸ ਮਾਮਲੇ ਵਿੱਚ ਸ਼੍ਰੋਮਣੀ ਕਮੇਟੀ ਨੂੰ ਪੱਤਰ ਲਿਖ ਕੇ ਇਸ ਫੈਸਲੇ 'ਤੇ ਇਤਰਾਜ਼ ਪ੍ਰਗਟ ਕੀਤਾ ਗਿਆ ਅਤੇ ਉਸ ਨੇ ਆਖਿਆ ਡਾ. ਮਨਮੋਹਨ ਸਿੰਘ ਨੇ ਉਸ ਸਿਆਸੀ ਪਾਰਟੀ ਦੀ ਨੁਮਾਇੰਦਗੀ ਕੀਤੀ ਜੋ ਸਿੱਖਾਂ 'ਤੇ ਹੋਏ ਅੱਤਿਆਚਾਰਾਂ ਲਈ ਜ਼ਿੰਮੇਵਾਰ ਹੈ, ਉਹ ਉਸੇ ਪਾਰਟੀ ਦੇ ਪ੍ਰਤੀਨਿਧ ਵਜੋਂ ਪ੍ਰਧਾਨ ਮੰਤਰੀ ਬਣੇ ਜੋ 1984 ਵਿੱਚ ਸਿੱਖ ਕਤਲੇਆਮ ਅਤੇ ਸਾਕਾ ਨੀਲਾ ਤਾਰਾ ਲਈ ਦੋਸ਼ੀ ਹੈ। (ਬਾਕੀ ਸਫਾ 11 'ਤੇ)

# ਝੀਂਡਾ ਬਣੇ ਹਰਿਆਣਾ ਸਿੱਖ ਗੁ.ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤੇ ਰਾਣੀਆਂ ਜਨਰਲ ਸਕੱਤਰ

**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 23 ਮਈ : ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (ਐਚ.ਐਸ.ਜੀ.ਪੀ.ਸੀ.) ਦੇ ਅਹੁਦੇਦਾਰਾਂ ਦੀ ਅੱਜ ਹੋਈ ਚੋਣ ਵਿਚ ਜਥੇਦਾਰ ਜਗਦੀਸ਼ ਸਿੰਘ ਝੀਂਡਾ ਨੂੰ ਸਰਬਸੰਮਤੀ ਨਾਲ ਕਮੇਟੀ ਦਾ ਪ੍ਰਧਾਨ ਅਤੇ ਜਥੇਦਾਰ ਅੰਗਰੇਜ਼ ਸਿੰਘ ਕੰਬੋਜ ਰਾਣੀਆਂ ਨੂੰ ਜਨਰਲ ਸਕੱਤਰ ਚੁਣ ਲਿਆ ਗਿਆ ਹੈ। ਜਥੇਦਾਰ ਝੀਂਡਾ ਦੂਜੀ ਵਾਰ ਐਚ.ਐਸ. ਜੀ.ਪੀ.ਸੀ. ਦੇ ਪ੍ਰਧਾਨ ਬਣੇ ਹਨ। ਗ਼ੌਰਤਲਬ ਹੈ ਕਿ ਐਚ.ਐਸ.ਜੀ.ਪੀ.ਸੀ. ਦੇ ਹਾਊਸ ਦੀ ਚੋਣ ਬੀਤੇ ਜਨਵਰੀ ਮਹੀਨੇ ਦੌਰਾਨ ਹੋਈ ਸੀ, ਜਿਸ ਵਿਚ ਝੀਂਡਾ ਧੜੇ ਨੇ ਜਿੱਤ ਹਾਸਲ ਕੀਤੀ ਸੀ। ਇਸ ਤੋਂ ਬਾਅਦ ਕਮੇਟੀ ਦੀ 11 ਮੈਂਬਰੀ ਕਾਰਜਕਾਰਨੀ ਕਮੇਟੀ ਦੀ ਚੋਣ ਅੱਜ ਕੁਰੂਕਸ਼ੇਤਰ ਸਥਿਤ ਗੁਰਦੁਆਰਾ ਛੇਵੀਂ ਪਾਤਸ਼ਾਹੀ ਵਿਖੇ ਕਮੇਟੀ ਦੇ ਮੁੱਖ ਦਫ਼ਤਰ ਵਿਚ ਕੀਤੀ ਗਈ।ਇਸ ਦੇ ਨਾਲ ਹੀ ਹੋਰ ਅਹੁਦੇਦਾਰਾਂ ਵਿਚ ਗੁਰਮੀਤ ਸਿੰਘ ਮੀਤਾ ਪੰਚਕੂਲਾ ਨੂੰ ਕਮੇਟੀ ਦਾ ਸੀਨੀਅਰ ਮੀਤ ਪ੍ਰਧਾਨ, ਗੁਰਬੀਰ ਸਿੰਘ ਰਾਦੌਰ ਨੂੰ ਮੀਤ ਪ੍ਰਧਾਨ ਅਤੇ ਬਲਵਿੰਦਰ ਸਿੰਘ ਭਿੰਡਰ ਕਾਂਗਥਲੀ ਨੂੰ ਸਕੱਤਰ ਚੁਣਿਆ ਗਿਆ ਹੈ।ਕਮੇਟੀ ਦੇ ਪੰਜ ਅਹੁਦੇਦਾਰਾਂ ਤੋਂ ਇਲਾਵਾ 6 ਐਗਜ਼ੈਕਟਿਵ (ਬਾਕੀ ਸਫਾ 11 'ਤੇ)



## ਜਗਦੀਸ਼ ਭੋਲਾ ਨੂੰ 11 ਸਾਲਾਂ ਬਾਅਦ ਮਿਲੀ ਜ਼ਮਾਨਤ

ਚੰਡੀਗੜ੍ਹ, 23 ਮਈ (ਚੜ੍ਹਦੀਕਲਾ ਬਿਊਰੋ) : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਬੁੱਧਵਾਰ ਨੂੰ ਸਜ਼ਾ ਮੁਅੱਤਲ ਕਰ ਦਿਤੀ ਅਤੇ 2013 ਦੇ ਬਹੁ-ਕਰੋੜੀ ਡਰੱਗ ਰੈਕੇਟ ਦੇ ਕਥਿਤ ਸਰਗਨਾ, ਬਰਖ਼ਾਸਤ ਪੰਜਾਬ ਡੀਐਸਪੀ ਜਗਦੀਸ਼ ਭੋਲਾ ਨੂੰ ਜ਼ਮਾਨਤ ਦੇ ਦਿਤੀ। 'ਬਿਨੈਕਾਰ ਨੂੰ ਨਿਰਦੇਸ਼ ਦਿਤਾ ਜਾਂਦਾ ਹੈ ਕਿ ਉਹ ਜਨਤਕ ਸਥਾਨ 'ਤੇ 100 ਦੇਸੀ ਪੌਦਿਆਂ ਦੀ ਪੌਦੇ ਲਗਾਏ ਅਤੇ 15 ਦਿਨਾਂ ਦੇ ਅੰਦਰ-ਅੰਦਰ ਚੀਫ਼ ਜੁਡੀਸ਼ੀਅਲ ਮੈਜਿਸਟਰੇਟ ਦੇ ਸਾਹਮਣੇ ਫ਼ੋਟੋਆਂ ਰਾਹੀਂ ਇਸ ਸਬੰਧ 'ਚ ਸਬੂਤ ਪੇਸ਼ ਕਰੇ। ਕੋਈ ਜਾਣਕਾਰੀ/ਪਾਲਣਾ ਰਿਪੋਰਟ ਨਾ ਹੋਣ ਦੀ ਸੂਰਤ ਵਿਚ, ਜ਼ਮਾਨਤ ਰੱਦ ਕਰਨ ਦਾ ਸਵਾਲ ਵਿਚਾਰ ਲਈ ਰੱਖਿਆ ਜਾਵੇ,' ਚੀਫ਼ ਜਸਟਿਸ ਸ਼ੀਲ ਨਾਗੂ ਅਤੇ ਜਸਟਿਸ ਸੁਮਿਤ ਗੋਇਲ (ਬਾਕੀ ਸਫਾ 11 'ਤੇ)

*ਪ੍ਰਧਾਨ ਮੰਤਰੀ ਵੱਲੋਂ 'ਰਾਈਜ਼ਿੰਗ ਨਾਰਥ-ਈਸਟ ਇਨਵੈਸਟਰਜ਼ ਸਮਿਟ' ਨੂੰ ਸੰਬੋਧਨ*

# ਉੱਤਰ-ਪੂਰਬ 'ਚ ਬੇਮਿਸਾਲ ਵਿਕਾਸ ਨਜ਼ਰ ਆ ਰਿਹੈ: ਮੋਦੀ

**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 23 ਮਈ : ਇੱਥੇ 'ਰਾਈਜ਼ਿੰਗ ਨੌਰਥ ਈਸਟ ਇਨਵੈਸਟਰਜ਼ ਸਮਿਟ' ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਉੱਤਰ-ਪੂਰਬੀ ਖੇਤਰ ਬੇਮਿਸਾਲ ਤਰੱਕੀ ਦੇਖ ਰਿਹਾ ਹੈ ਅਤੇ ਸਰਕਾਰ ਆਪਣੀ ਵਿਕਾਸ ਕਹਾਣੀ ਨੂੰ ਤੇਜ਼ ਕਰਨ ਲਈ ਦ੍ਰਿੜ ਹੈ। ਉਨ੍ਹਾਂ ਇਹ ਵੀ ਕਿਹਾ ਕਿ ਉੱਤਰ-ਪੂਰਬ ਦੀ ਵਿਭਿੰਨਤਾ ਇਸ ਦੀ ਸਭ ਤੋਂ ਵੱਡੀ ਤਾਕਤ ਹੈ ਅਤੇ ਇਹ ਵਿਕਾਸ ਦੇ ਮੋਹਰੀ ਖੇਤਰ ਵਜੋਂ ਉੱਭਰ ਰਿਹਾ ਹੈ।

ਸ੍ਰੀ ਮੋਦੀ ਵੱਲੋਂ ਉਦਘਾਟਨ ਕੀਤੇ ਗਏ ਇਸ ਦੋ-ਰੋਜ਼ਾ ਸਮਾਗਮ ਵਿਚ ਖੇਤਰ ਦੇ ਮੁੱਖ ਮੰਤਰੀ, ਕੇਂਦਰੀ ਮੰਤਰੀ, ਨੌਕਰਸ਼ਾਹ, ਡਿਪਲੋਮੈਟ ਅਤੇ ਹੋਰ ਵਿਅਕਤੀ ਸ਼ਾਮਲ ਹੋਏ ਹਨ। ਇਸ ਉਦਘਾਟਨੀ ਸੈਸ਼ਨ ਵਿੱਚ ਚੋਟੀ ਦੇ ਉਦਯੋਗਪਤੀ ਮੁਕੇਸ਼ ਅੰਬਾਨੀ, ਗੌਤਮ ਅਡਾਨੀ, ਅਨਿਲ ਅਗਰਵਾਲ ਸਮੇਤ ਹੋਰ ਸ਼ਾਮਲ ਹੋਏ।





ਇਸ ਦੌਰਾਨ ਪ੍ਰਧਾਨ ਮੰਤਰੀ ਨੇ ਕਿਹਾ ਕਿ ਉੱਤਰ-ਪੂਰਬ ਪਹਿਲਾਂ ਬੰਬਾਂ, ਬੰਦੂਕਾਂ ਅਤੇ ਰਾਕੇਟਾਂ ਦਾ ਸਮਾਨਾਰਥੀ ਸੀ, ਜਿਸਨੇ ਉੱਥੋਂ ਦੇ ਨੌਜਵਾਨਾਂ ਤੋਂ ਬਹੁਤ ਸਾਰੇ ਮੌਕੇ ਖੋਹ ਲਏ। ਉਨ੍ਹਾਂ ਕਿਹਾ ਕਿ, (ਬਾਕੀ ਸਫਾ 11 'ਤੇ)

**ਸੀ.ਆਈ.ਏ. ਟੀਮ ਫਗਵਾੜਾ ਖਿਲਾਫ਼ ਵੱਡੀ ਕਾਰਵਾਈ**

## ਸਬ-ਇੰਸਪੈਕਟਰ ਸਮੇਤ 4 ਪੁਲਿਸ ਮੁਲਾਜ਼ਮ ਗ੍ਰਿਫ਼ਤਾਰ

ਫਗਵਾੜਾ, 23 ਮਈ (ਚੜ੍ਹਦੀਕਲਾ ਬਿਊਰੋ) : ਨਸ਼ਾ ਤਸਕਰੀ ਮਾਮਲੇ 'ਚ ਵੱਡੀ ਕਾਰਵਾਈ ਕਰਦੇ ਹੋਏ ਕਪੂਰਥਲਾ ਪੁਲਿਸ ਨੇ 4 ਪੁਲਿਸ ਮੁਲਾਜ਼ਮਾਂ ਖਿਲਾਫ਼ ਮਾਮਲਾ ਦਰਜ ਕੀਤਾ ਹੈ।

ਇਨ੍ਹਾਂ ਪੁਲਿਸ ਮੁਲਾਜ਼ਮਾਂ 'ਚ ਇਕ ਸਬ-ਇੰਸਪੈਕਟਰ, 2 ਏ.ਐਸ.ਆਈ. ਤੇ ਇਕ ਕਾਂਸਟੇਬਲ ਸ਼ਾਮਲ ਹਨ। ਸੀ.ਆਈ.ਏ. ਸਟਾਫ ਫਗਵਾੜਾ ਦੀ ਪੂਰੀ ਟੀਮ ਨੂੰ ਭ੍ਰਿਸ਼ਟਾਚਾਰ ਵਿਰੋਧੀ ਕਾਨੂੰਨ ਤਹਿਤ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਫਗਵਾੜਾ ਦੀ ਸੀ.ਆਈ.ਏ. ਸਟਾਫ ਟੀਮ 'ਚ ਇੰਚਾਰਜ ਬਿਸਮਨ ਸਿੰਘ ਸਾਹੀ, (ਬਾਕੀ ਸਫਾ 11 'ਤੇ)

*ਕਰਨਲ ਪੁਸ਼ਪਿੰਦਰ ਸਿੰਘ ਬਾਠ 'ਤੇ ਹਮਲੇ ਦਾ ਮਾਮਲਾ*

# ਪੁਲਿਸ ਇੰਸਪੈਕਟਰ ਰੌਣੀ ਸਿੰਘ ਦੀ ਅਗਾਊਂ ਜ਼ਮਾਨਤ ਪਟੀਸ਼ਨ ਰੱਦ

**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 23 ਮਈ : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਕਰਨਲ ਪੁਸ਼ਪਿੰਦਰ ਸਿੰਘ ਬਾਠ ਅਤੇ ਉਨ੍ਹਾਂ ਦੇ ਪੁੱਤਰ ਅੰਗਦ ਸਿੰਘ 'ਤੇ ਬੇਰਹਿਮੀ ਅਤੇ ਅਣਮਨੁੱਖੀ ਹਮਲੇ ਦੇ ਦੋਸ਼ੀ ਪੁਲਿਸ ਇੰਸਪੈਕਟਰ ਰੌਣੀ ਸਿੰਘ ਦੀ ਅਗਾਊਂ ਜ਼ਮਾਨਤ ਪਟੀਸ਼ਨ ਨੂੰ ਰੱਦ ਕਰ ਦਿੱਤਾ। ਜਸਟਿਸ ਅਨੂਪ ਚਿਤਕਾਰਾ ਨੇ ਪੁਲਿਸ ਦੀ ਬੇਰਹਿਮੀ ਦੀ ਸਖ਼ਤ ਅਤੇ ਭਾਵਨਾਤਮਕ ਨਿੰਦਾ ਕੀਤੀ। ਅਦਾਲਤ ਨੇ ਕਿਹਾ ਕਿ ਇਹ ਸਿਰਫ਼ ਇੱਕ ਅਫ਼ਸਰ 'ਤੇ ਹਮਲੇ ਦਾ ਮਾਮਲਾ ਨਹੀਂ ਸੀ, ਸਗੋਂ ਇਹ ਦੇਸ਼ ਦੀ ਸੁਰੱਖਿਆ ਵਿੱਚ ਲੱਗੇ ਇੱਕ ਸੀਨੀਅਰ ਫ਼ੌਜੀ ਅਫ਼ਸਰ ਦੇ ਆਤਮ-ਸਨਮਾਨ ਅਤੇ ਮਾਣ-ਸਨਮਾਨ ਦਾ ਅਪਮਾਨ ਕਰਨ ਦਾ ਮੁੱਦਾ ਬਣ ਗਿਆ ਸੀ, ਜਿਨ੍ਹਾਂ ਨੂੰ ਰਾਜ ਸ਼ਕਤੀ ਦੇ ਪ੍ਰਤੀਨਿਧੀ ਮੰਨਿਆ ਜਾਂਦਾ ਸੀ। ਅਦਾਲਤ ਨੇ ਮੰਨਿਆ ਕਿ ਹਮਲਾ ਸਿਰਫ਼ ਵਾਹਨ ਨੂੰ ਹਟਾਉਣ ਬਾਰੇ ਨਹੀਂ ਸੀ, ਸਗੋਂ ਇਸ ਦਾ ਉਦੇਸ਼ ਜ਼ਲੀਲ ਕਰਨਾ, ਡਰ ਪੈਦਾ ਕਰਨਾ ਅਤੇ ਸ਼ਕਤੀ ਦੇ ਜ਼ੁਲਮ ਨੂੰ ਦਰਸਾਉਣਾ ਸੀ। ਅਦਾਲਤ ਨੇ ਇੱਥੋਂ ਤੱਕ ਕਿਹਾ ਕਿ (ਬਾਕੀ ਸਫਾ 11 'ਤੇ)



## ਛੱਤੀਸਗੜ੍ਹ ਵਿੱਚ ਸੁਰੱਖਿਆ ਬਲਾਂ ਨਾਲ ਮੁਕਾਬਲੇ ਦੌਰਾਨ ਨਕਸਲੀ ਹਲਾਕ

ਸੁਕਮਾ, 23 ਮਈ (ਚੜ੍ਹਦੀਕਲਾ ਬਿਊਰੋ) : ਇੱਥੋਂ ਦੇ ਸੁਕਮਾ ਜ਼ਿਲ੍ਹੇ ਵਿੱਚ ਸੁਰੱਖਿਆ ਬਲਾਂ ਨਾਲ ਮੁਕਾਬਲੇ ਵਿੱਚ ਇੱਕ ਨਕਸਲੀ ਮਾਰਿਆ ਗਿਆ। ਪੁਲਿਸ ਅਧਿਕਾਰੀ ਨੇ ਦੱਸਿਆ ਕਿ ਇਹ ਗੋਲੀਬਾਰੀ ਬੀਤੀ ਸ਼ਾਮ ਨੂੰ ਕਿਸਤਰਾਮ ਥਾਣਾ ਖੇਤਰ ਵਿਚਲੇ ਇੱਕ ਜੰਗਲ ਵਿੱਚ ਉਸ ਵੇਲੇ ਸ਼ੁਰੂ ਹੋਈ ਜਦੋਂ ਸੁਰੱਖਿਆ ਕਰਮੀਆਂ ਦੀ ਇੱਕ ਟੀਮ ਨਕਸਲ ਵਿਰੋਧੀ ਮੁਹਿੰਮ 'ਤੇ ਜਾ ਰਹੀ ਸੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਰਿਜ਼ਰਵ ਗਾਰਡ (ਡੀਆਰਜੀ), ਸਪੈਸ਼ਲ ਟਾਸਕ ਫੋਰਸ ਅਤੇ ਸੀਆਰਪੀਐਫ ਦੀ ਇਕ ਕੁਲੀਨ ਇਕਾਈ ਕੋਬਰਾ ਦੀ 210ਵੀਂ ਬਟਾਲੀਅਨ ਇਸ ਕਾਰਵਾਈ ਵਿੱਚ ਸ਼ਾਮਲ ਸੀ। ਅਧਿਕਾਰੀ ਨੇ ਕਿਹਾ, 'ਇਸ ਖੇਤਰ ਵਿਚ ਹਾਲੇ ਵੀ ਰੁਕ-ਰੁਕ ਕੇ ਗੋਲੀਬਾਰੀ ਹੋ ਰਹੀ ਹੈ।

# ਸੀ.ਜੇ.ਆਈ. ਪ੍ਰੋਟੋਕੋਲ ਮਾਮਲੇ 'ਚ ਦਾਇਰ ਪਟੀਸ਼ਨ ਸੁਪਰੀਮ ਕੋਰਟ ਵੱਲੋਂ ਰੱਦ

**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 23 ਮਈ : ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਸੀ.ਜੇ.ਆਈ. ਪ੍ਰੋਟੋਕੋਲ ਉਲੰਘਣਾ ਮਾਮਲੇ ਸਬੰਧੀ ਦਾਇਰ ਪਟੀਸ਼ਨ 'ਤੇ ਸੁਣਵਾਈ ਕੀਤੀ। ਸੁਪਰੀਮ ਕੋਰਟ ਨੇ ਇਸ ਸਬੰਧੀ ਪਟੀਸ਼ਨ ਦਾਇਰ ਕਰਨ ਵਾਲੇ ਵਿਅਕਤੀ 'ਤੇ 7000 ਰੁਪਏ ਦਾ ਜੁਰਮਾਨਾ ਲਗਾਇਆ ਹੈ। ਇਹ ਜਨਹਿਤ ਪਟੀਸ਼ਨ (ਪੀ.ਆਈ.ਐਲ.) ਭਾਰਤ ਦੇ ਚੀਫ਼ ਜਸਟਿਸ (ਸੀ.ਜੇ.ਆਈ.) ਬੀ.ਆਰ. ਗਵਈ ਸਾਹਮਣੇ ਦਾਇਰ ਕੀਤੀ ਗਈ ਸੀ। ਇਹ ਪਟੀਸ਼ਨ ਸੀ.ਜੇ.ਆਈ. ਵਜੋਂ ਅਹੁਦਾ ਸੰਭਾਲਣ ਤੋਂ ਬਾਅਦ ਗਵਈ ਦੇ ਆਪਣੇ (ਬਾਕੀ ਸਫਾ 11 'ਤੇ)

## ਵਿਦਿਆਰਥੀਆਂ ਵੱਲੋਂ ਖ਼ੁਦਕੁਸ਼ੀਆਂ ਦੇ ਮਾਮਲੇ 'ਚ ਸੁਪਰੀਮ ਕੋਰਟ ਨੇ ਰਾਜਸਥਾਨ ਸਰਕਾਰ ਨੂੰ ਪਾਈ ਝਾੜ

**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 23 ਮਈ : ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਕੋਟਾ ਸ਼ਹਿਰ 'ਚ ਵਿਦਿਆਰਥੀਆਂ ਦੇ ਖੁਦਕੁਸ਼ੀ ਦੇ ਮਾਮਲਿਆਂ 'ਚ ਵਾਧੇ 'ਤੇ ਰਾਜਸਥਾਨ ਸਰਕਾਰ ਦੀ ਆਲੋਚਨਾ ਕੀਤੀ ਅਤੇ ਸਥਿਤੀ ਨੂੰ 'ਗੰਭੀਰ' ਦੱਸਿਆ। ਜਸਟਿਸ ਜੇ.ਬੀ. ਪਾਰਦੀਵਾਲਾ ਅਤੇ ਆਰ. ਮਹਾਦੇਵਨ ਦੀ ਬੈਂਚ ਨੇ ਕਿਹਾ ਕਿ ਇਸ ਸਾਲ ਹੁਣ ਤੱਕ ਸ਼ਹਿਰ ਤੋਂ ਖੁਦਕੁਸ਼ੀ ਦੇ 14 ਮਾਮਲੇ ਸਾਹਮਣੇ ਆਏ ਹਨ। ਜਸਟਿਸ ਪਾਰਦੀਵਾਲਾ ਨੇ ਰਾਜਸਥਾਨ ਰਾਜ ਦੀ ਨੁਮਾਇੰਦਗੀ ਕਰਨ ਵਾਲੇ ਵਕੀਲ ਨੂੰ ਪੁੱਛਿਆ, 'ਤੁਸੀਂ ਇਕ ਸੂਬੇ ਦੇ ਰੂਪ 'ਚ (ਬਾਕੀ ਸਫਾ 11 'ਤੇ)



## ਭਾਰਤ ਨੂੰ ਪਾਕਿ ਦੇ ਮੁੜ ਐਫ.ਏ.ਟੀ.ਐਫ. 'ਗ੍ਰੇਅ ਸੂਚੀ' ਵਿੱਚ ਪੈਣ ਦੀ ਉਮੀਦ

**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 23 ਮਈ : ਭਾਰਤ ਨੂੰ ਉਮੀਦ ਹੈ ਕਿ ਪਾਕਿਸਤਾਨ ਜਲਦੀ ਹੀ ਫਾਈਨੈਂਸ਼ੀਅਲ ਐਕਸ਼ਨ ਟਾਸਕਫੋਰਸ ਦੀ ਆਗਾਮੀ ਸਮੀਖਿਆ ਦੌਰਾਨ ਮੁੜ ਟਾਸਕਫੋਰਸ ਦੀ ਗ੍ਰੇਅ ਸੂਚੀ ਵਿੱਚ ਪਾ ਦਿੱਤਾ ਜਾਵੇਗਾ।ਉੱਚ ਭਾਰਤੀ ਅਧਿਕਾਰੀਆਂ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਇਕ ਪਾਸੇ ਜਿਥੇ ਪਾਕਿਸਤਾਨ ਵੱਲੋਂ ਦਹਿਸ਼ਤਗਰਦੀ ਦਾ ਸਮਰਥਨ ਕੀਤੇ ਜਾਣ ਸਬੰਧੀ ਭਾਰਤ ਵੱਲੋਂ ਪੇਸ਼ ਡੋਜ਼ੀਅਰ ਦੀ ਉਸ ਨੂੰ ਗ੍ਰੇਅ ਸੂਚੀ ਵਿਚ ਪਾਏ ਜਾਣ ਲਈ ਅਹਿਮ ਹੋਵੇਗਾ, ਉਥੇ ਐਫ਼ਏਟੀਐਫ਼ ਦੀ ਆਪਣੀ ਸਮੀਖਿਆ ਵੀ ਇਸ ਮਾਮਲੇ ਵਿੱਚ ਅਜਿਹੀ ਕਾਰਵਾਈ ਦੇ ਆਧਾਰ ਲੱਭਣ ਲਈ ਪਾਬੰਦ ਹੈ।





ਪਾਕਿਸਤਾਨ ਨੂੰ 2022 ਵਿੱਚ ਇਸ ਵਾਅਦੇ ਅਤੇ ਭਰੋਸੇ ਤਹਿਤ ਐਫ.ਏ.ਟੀ.ਐਫ. ਦੀ ਗ੍ਰੇਅ ਸੂਚੀ ਤੋਂ ਹਟਾ ਦਿੱਤਾ ਗਿਆ ਸੀ, ਕਿ ਇਹ ਵਿੱਤੀ ਅਪਰਾਧਾਂ ਅਤੇ ਨਾਲ ਹੀ ਇਕ ਹੱਦ ਤੱਕ ਜਾਂ ਗੈਰ-ਕਾਨੂੰਨੀ ਮਕਸਦਾਂ ਲਈ ਪੈਸੇ ਦੀ ਲਾਂਡਰਿੰਗ ਦਾ ਟਾਕਰਾ ਕਰਨ ਲਈ ਇੱਕ ਕਾਨੂੰਨ ਬਣਾਏਗਾ। (ਬਾਕੀ ਸਫਾ 11 'ਤੇ)

# ਦਿੱਲੀ ਐਨ.ਸੀ.ਆਰ. 'ਚ ਕੋਵਿਡ ਦੇ 3 ਨਵੇਂ ਮਾਮਲੇ ਆਏ ਸਾਹਮਣੇ

**ਕੱਲ੍ਹ ਹਰਿਆਣਾ ਤੋਂ ਤਿੰਨ ਮਾਮਲੇ ਆਏ ਸਨ ਸਾਹਮਣੇ**

**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 23 ਮਈ :ਦੇਸ਼ ਵਿੱਚ ਇੱਕ ਵਾਰ ਫਿਰ ਕੋਵਿਡ 19 ਦਾ ਪ੍ਰਕੋਪ ਦੇਖਣ ਨੂੰ ਮਿਲ ਰਿਹਾ ਹੈ। ਇਸ ਦੌਰਾਨ, ਹਰਿਆਣਾ ਦੇ ਗੁਰੂਗ੍ਰਾਮ ਅਤੇ ਫ਼ਰੀਦਾਬਾਦ ਵਿੱਚ ਕੋਵਿਡ-19 ਦੇ ਘੱਟੋ-ਘੱਟ ਤਿੰਨ ਮਾਮਲੇ ਸਾਹਮਣੇ ਆਏ ਹਨ। ਇੱਕ ਅਧਿਕਾਰੀ ਨੇ ਵੀਰਵਾਰ ਨੂੰ ਇਸ ਦੀ ਪੁਸ਼ਟੀ ਕੀਤੀ। ਗੁਰੂਗ੍ਰਾਮ ਤੋਂ ਕੋਰੋਨਾ ਵਾਇਰਸ ਦੇ ਦੋ ਅਤੇ ਫ਼ਰੀਦਾਬਾਦ ਤੋਂ ਇੱਕ ਮਾਮਲਾ ਸਾਹਮਣੇ ਆਇਆ ਹੈ। ਤੁਹਾਨੂੰ ਦੱਸ ਦੇਈਏ ਕਿ ਗੁਰੂਗ੍ਰਾਮ ਵਿੱਚ ਇੱਕ 31 ਸਾਲਾ ਔਰਤ ਜੋ ਹਾਲ ਹੀ ਵਿੱਚ ਮੁੰਬਈ ਤੋਂ ਵਾਪਸ ਆਈ ਸੀ, ਸਕਾਰਾਤਮਕ ਪਾਈ ਗਈ ਹੈ। ਇਸ ਤੋਂ ਇਲਾਵਾ, ਇੱਕ 62 ਸਾਲਾ ਬਜ਼ੁਰਗ ਵਿਅਕਤੀ ਵੀ ਸੰਕਰਮਿਤ ਪਾਇਆ ਗਿਆ ਹੈ, ਜਿਸ ਦਾ ਕੋਈ ਯਾਤਰਾ ਰਿਕਾਰਡ ਨਹੀਂ ਹੈ। ਦੋਵਾਂ ਮਰੀਜ਼ਾਂ ਨੂੰ ਹੁਣ ਲਈ ਆਈਸੋਲੇਟ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ, ਫ਼ਰੀਦਾਬਾਦ ਵਿੱਚ ਇੱਕ 28 ਸਾਲਾ ਵਿਅਕਤੀ ਕੋਵਿਡ ਪਾਜ਼ੀਟਿਵ ਪਾਇਆ ਗਿਆ ਹੈ। ਤੁਹਾਨੂੰ ਦੱਸ ਦੇਈਏ ਕਿ ਲੰਬੇ ਸਮੇਂ ਤੱਕ ਖੰਘ, ਜ਼ੁਕਾਮ ਅਤੇ ਬੁਖਾਰ ਤੋਂ ਪੀੜਤ ਰਹਿਣ ਤੋਂ ਬਾਅਦ, ਜਦੋਂ ਉਹ ਵਿਅਕਤੀ ਇਲਾਜ ਲਈ ਸਫਦਰਜੰਗ ਹਸਪਤਾਲ ਗਿਆ, ਤਾਂ ਉੱਥੇ ਟੈਸਟ ਵਿੱਚ ਕੋਰੋਨਾ ਇਨਫੈਕਸ਼ਨ ਦੀ ਪੁਸ਼ਟੀ ਹੋਈ। ਗੁਰੂਗ੍ਰਾਮ ਸਿਹਤ ਵਿਭਾਗ ਦੇ ਡਾ. ਜੇ.ਪੀ. ਰਾਜਲੀਵਾਲ ਨੇ ਕਿਹਾ, 'ਦੋਵਾਂ ਮਰੀਜ਼ਾਂ ਨੂੰ ਗੁਰੂਗ੍ਰਾਮ ਵਿੱਚ ਘਰੇਲੂ ਇਕਾਂਤਵਾਸ ਵਿੱਚ ਰੱਖਿਆ ਗਿਆ ਹੈ। ਸਿਹਤ ਵਿਭਾਗ ਉਨ੍ਹਾਂ 'ਤੇ ਨਜ਼ਰ ਰੱਖ ਰਿਹਾ ਹੈ। ਉਨ੍ਹਾਂ ਨੂੰ ਆਪਣੇ ਪਰਿਵਾਰਾਂ ਤੋਂ ਦੂਰ ਰਹਿਣ ਦੀ ਸਲਾਹ ਦਿੱਤੀ ਗਈ ਹੈ।' ਸਿਹਤ ਵਿਭਾਗ ਉਨ੍ਹਾਂ ਲੋਕਾਂ ਦੀ ਪਛਾਣ ਕਰ ਰਿਹਾ ਹੈ ਜੋ ਉਨ੍ਹਾਂ ਦੇ ਸੰਪਰਕ ਵਿੱਚ ਆਏ ਸਨ, ਤਾਂ ਜੋ ਉਨ੍ਹਾਂ ਦੇ ਨਮੂਨਿਆਂ ਦੀ ਵੀ ਜਾਂਚ ਕੀਤੀ ਜਾ ਸਕੇ।' (ਬਾਕੀ ਸਫਾ 11 'ਤੇ)





# ਚੋਣ ਕਮਿਸ਼ਨ ਵੱਲੋਂ ਪੋਲਿੰਗ ਸਟੇਸ਼ਨਾਂ 'ਤੇ ਵੋਟਰਾਂ ਲਈ ਮੋਬਾਈਲ ਡਿਪਾਜ਼ਿਟ ਸਹੂਲਤ ਕੀਤੀ ਜਾਵੇਗੀ ਪ੍ਰਦਾਨ

**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 23 ਮਈ :ਵੋਟਰਾਂ ਦੀ ਸਹੂਲਤ ਵਿੱਚ ਵਾਧਾ ਕਰਨ ਅਤੇ ਵੋਟਾਂ ਵਾਲੇ ਦਿਨ ਪ੍ਰਬੰਧਾਂ ਨੂੰ ਹੋਰ ਸੁਚਾਰੂ ਬਣਾਉਣ ਦੇ ਉਦੇਸ਼ ਨਾਲ ਵੱਖ-ਵੱਖ ਪਹਿਲਕਦਮੀਆਂ ਵਜੋਂ, ਚੋਣ ਕਮਿਸ਼ਨ ਨੇ ਪੋਲਿੰਗ ਸਟੇਸ਼ਨਾਂ ਦੇ ਬਾਹਰ ਵੋਟਰਾਂ ਲਈ ਮੋਬਾਈਲ ਡਿਪਾਜ਼ਿਟ ਸਹੂਲਤ ਪ੍ਰਦਾਨ ਕਰਨ ਅਤੇ ਪ੍ਰਚਾਰ ਸਬੰਧੀ ਨਿਯਮਾਂ ਨੂੰ ਤਰਕਸੰਗਤ ਬਣਾਉਣ ਲਈ ਦੋ ਹੋਰ ਵਿਆਪਕ ਨਿਰਦੇਸ਼ ਜਾਰੀ ਕੀਤੇ ਹਨ। ਇਹ ਨਿਰਦੇਸ਼ ਲੋਕ ਪ੍ਰਤੀਨਿਧਤਾ ਐਕਟ, 1951 ਅਤੇ ਕੰਡਕਟ ਆਫ ਇਲੈਕਸ਼ਨ ਰੂਲਜ਼, 1961 ਦੇ ਸਬੰਧਿਤ ਉਪਬੰਧਾਂ ਦੇ ਅਨੁਸਾਰ ਹਨ।



ਸ਼ਹਿਰੀ ਅਤੇ ਪੇਂਡੂ ਦੋਵਾਂ ਖੇਤਰਾਂ ਵਿੱਚ ਮੋਬਾਈਲ ਫੋਨਾਂ ਦੀ ਵੱਧ ਰਹੀ ਵਰਤੋਂ ਅਤੇ ਵੋਟਰਾਂ ਦੇ ਨਾਲ ਨਾਲ ਬਜ਼ੁਰਗਾਂ, ਔਰਤਾਂ ਅਤੇ ਦਿਵਿਆਂਗ ਵੋਟਰਾਂ ਨੂੰ ਵੋਟਾਂ ਵਾਲੇ ਦਿਨ ਮੋਬਾਈਲ ਫੋਨਾਂ ਦੇ ਪ੍ਰਬੰਧਨ ਸਬੰਧੀ ਦਰਪੇਸ਼ ਚੁਣੌਤੀਆਂ ਨੂੰ ਵੇਖਦਿਆਂ, ਕਮਿਸ਼ਨ ਨੇ ਪੋਲਿੰਗ ਸਟੇਸ਼ਨਾਂ ਦੇ ਬਾਹਰ ਮੋਬਾਈਲ ਰੱਖਣ/ਜਮ੍ਹਾਂ ਕਰਾਉਣ ਦੀ ਸਹੂਲਤ ਨੂੰ ਮਨਜ਼ੂਰੀ ਦੇਣ ਦਾ ਫੈਸਲਾ ਕੀਤਾ ਹੈ। ਪੋਲਿੰਗ ਸਟੇਸ਼ਨ ਦੇ 100 ਮੀਟਰ ਦੇ ਅੰਦਰ ਸਿਰਫ ਸਵਿੱਚ-ਆਫ ਮੋਡ ਵਿੱਚ (ਬਾਕੀ ਸਫਾ 2 'ਤੇ)

# ਸਾਬਕਾ ਮਰਹੂਮ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੀ ਅਜਾਇਬ ਘਰ 'ਚ ਤਸਵੀਰ ਲਗਾਉਣ 'ਤੇ ਐਸ.ਜੀ.ਪੀ.ਸੀ. ਕਰੇਗੀ ਮੁੜ ਵਿਚਾਰ

**ਬਲਵੰਤ ਸਿੰਘ ਰਾਜੋਆਣਾ ਨੇ ਡਾ. ਮਨਮੋਹਨ ਸਿੰਘ ਦੀ ਤਸਵੀਰ ਲਗਾਉਣ ਨੂੰ ਲੈ ਕੇ ਕੀਤਾ ਸੀ ਇਤਰਾਜ਼**

**ਬਬਲੂ ਮਹਾਜਨ**

ਅੰਮ੍ਰਿਤਸਰ, 23 ਮਈ :ਸ਼੍ਰੋਮਣੀ ਕਮੇਟੀ ਵੱਲੋਂ ਪਿਛਲੇ ਦਿਨੀ ਐਗਜੈਕਟਿਵ ਦੀ ਮੀਟਿੰਗ ਵਿੱਚ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੀ ਫੋਟੋ ਸਿੱਖ ਅਜਾਇਬਘਰ ਵਿਖੇ ਲਗਾਉਣ ਦਾ ਮਤਾ ਪਾਇਆ ਗਿਆ ਸੀ ਪਰੰਤੂ ਅੱਜ ਭਾਈ ਬਲਵੰਤ ਸਿੰਘ ਰਾਜੋਆਣਾ ਨਾਲ ਮੀਟਿੰਗ ਕਰਨ ਤੋਂ ਬਾਅਦ ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵੱਲੋਂ ਇਹ ਕਿਹਾ ਗਿਆ ਹੈ ਕਿ ਭਾਈ ਰਾਜੋਆਣਾ ਨੇ ਡਾ.ਮਨਮੋਹਨ ਸਿੰਘ ਦੀ ਫੋਟੋ ਅਜਾਇਬਘਰ ਵਿਖੇ ਲਗਾਉਣ ਦਾ ਇਤਰਾਜ਼ ਜਤਾਇਆ ਹੈ। ਜਿਸ ਕਰਕੇ ਡਾ. ਮਨਮੋਹਨ ਸਿੰਘ ਦੀ ਫੋਟੋ ਅਜਾਇਬਘਰ ਵਿਖੇ ਲਗਾਉਣ ਦਾ ਮਤਾ ਪੈਂਡਿੰਗ ਕਰ ਦਿੱਤਾ ਗਿਆ। ਜਦ ਕਿ ਡਾ ਮਨਮੋਹਨ ਸਿੰਘ ਨੇ ਭਾਰਤ ਦਾ ਪ੍ਰਧਾਨ ਮੰਤਰੀ ਬਣ ਕੇ ਸਿੱਖਾਂ ਦਾ ਨਾਮ ਰੋਸ਼ਨ ਕੀਤਾ ਸੀ। ਡਾ. ਸਾਹਿਬ ਬਹੁਤ ਹੀ ਸ਼ਰੀਫ, ਗੁਰੂ ਘਰ ਨੂੰ ਮੰਨਣ ਵਾਲੇ ਤੇ ਬਹੁਤ ਹੀ ਨੇਕ ਇਨਸਾਨ ਸਨ।ਇਹਨਾਂ ਨੇ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਵਿਕਾਸ ਲਈ ਵੀ ਬਹੁਤ ਵੱਡਾ ਯੋਗਦਾਨ ਪਾਇਆ ਹੈ। ਜਦੋਂ ਵਿਸ਼ਵ ਭਰ ਵਿੱਚ ਬਹੁਤ ਮੰਦੀ ਚੱਲ ਰਹੀ ਸੀ ਤਾਂ ਡਾ. ਮਨਮੋਹਨ ਸਿੰਘ ਨੇ ਆਪਣੀ ਸਿਆਣਪ ਕਰਨ ਭਾਰਤ ਨੂੰ ਇਸ ਮੰਦਹਾਲੀ ਤੋਂ ਬਚਾਇਆ ਸੀ। ਡਾ. ਮਨਮੋਹਨ ਸਿੰਘ ਜੀ ਦੇ ਭੋਗ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਬੀਬੀ ਹਰਸਿਮਰਤ ਕੌਰ ਬਾਦਲ ਤੇ ਹੋਰ ਕਈ ਪ੍ਰਮੁੱਖ ਸ਼ਖ਼ਸ਼ੀਅਤਾਂ ਵੀ ਪਹੁੰਚੀਆਂ ਸਨ। ਉਹਨਾਂ ਦੀ ਫੋਟੋ ਸਿੱਖ ਅਜਾਇਬਘਰ ਵਿਖੇ ਨਾ ਲੱਗਣ ਦਾ ਕਾਰਨ ਕਿਤੇ ਨਾ ਕਿਤੇ ਕੋਈ ਸਿਆਸੀ ਹੀ ਹੈ(ਬਾਕੀ ਸਫਾ 11 'ਤੇ)



# ਡਰੋਨ ਹਮਲੇ ਕਾਰਨ 45 ਮਿੰਟ ਆਸਮਾਨ 'ਚ ਘੁੰਮਦਾ ਰਿਹਾ ਭਾਰਤੀ ਆਲ ਪਾਰਟੀ ਵਫ਼ਦ ਦਾ ਜਹਾਜ਼

**ਚੜ੍ਹਦੀਕਲਾ ਬਿਊਰੋ**

ਮਾਸਕੋ, 23 ਮਈ : ਡੀਐੱਮਕੇ ਆਗੂ ਕਨੀਮੋਝੀ ਦੀ ਅਗਵਾਈ ਵਿੱਚ ਮਾਸਕੋ ਜਾ ਰਹੇ ਭਾਰਤੀ ਸੰਸਦ ਮੈਂਬਰਾਂ ਦੇ ਵਫ਼ਦ ਦੀ ਉਡਾਣ ਨੂੰ ਡਰੋਨ ਹਮਲੇ ਕਾਰਨ ਕੁਝ ਸਮੇਂ ਲਈ ਅਸਮਾਨ ਵਿੱਚ ਚੱਕਰ ਲਾਉਣਾ ਪਿਆ, ਪਰ ਬਾਅਦ ਵਿੱਚ ਜਹਾਜ਼ ਸੁਰੱਖਿਅਤ ਉਤਰ ਗਿਆ। ਜ਼ਿਕਰਯੋਗ ਹੈ ਅਪਰੇਸ਼ਨ ਸਿੰਦੂਰ ਤੋਂ ਬਾਅਦ ਕੋਮਾਂਤਰੀ ਪਹੁੰਚ ਦੇ ਹਿੱਸੇ ਵਜੋਂ ਭੇਜੇ ਗਏ ਸੰਸਦ ਮੈਂਬਰਾਂ ਦੇ ਵਫ਼ਦ ਦੀ ਅਗਵਾਈ ਡੀਐੱਮਕੇ ਆਗੂ ਕਨੀਮੋਝੀ ਕਰ ਰਹੀ ਸੀ।ਲੋਕ ਸਭਾ ਮੈਂਬਰ ਕਨੀਮੋਝੀ ਦੇ ਨਜ਼ਦੀਕੀ ਸੂਤਰਾਂ ਨੇ ਕਿਹਾ ਕਿ ਉਡਾਣ ਨੂੰ ਹਵਾ ਵਿੱਚ ਚੱਕਰ ਲਗਾਉਣਾ ਪਿਆ। ਉਨ੍ਹਾਂ ਕਿਹਾ, "ਇਹ ਹਵਾ ਵਿੱਚ ਚੱਕਰ ਲਗਾਉਣ ਤੋਂ ਬਾਅਦ 45 ਮਿੰਟ ਦੀ ਦੇਰੀ ਨਾਲ ਉਤਰਿਆ। ਉਹ (ਕਨੀਮੋਝੀ) ਸੁਰੱਖਿਅਤ ਉਤਰੀ।" ਪਾਕਿਸਤਾਨ-ਪ੍ਰਯੋਜਿਤ ਸਰਹੱਦ ਪਾਰ ਅਤਿਵਾਦ 'ਤੇ ਅੰਤਰਰਾਸ਼ਟਰੀ ਭਾਈਚਾਰੇ ਨੂੰ ਸੰਵੇਦਨਸ਼ੀਲ ਬਣਾਉਣ ਲਈ ਪੰਜ (ਬਾਕੀ ਸਫਾ 11 'ਤੇ)



## ਸੰਪਾਦਕੀ

# ਆਪ੍ਰੇਸ਼ਨ ਕੂਟਨੀਤੀ

ਆਪ੍ਰੇਸ਼ਨ ਸਿੰਦੂਰ ਰਾਹੀਂ ਪਾਕਿਸਤਾਨ ਵਿੱਚ ਅੱਤਵਾਦੀ ਢਾਂਚੇ ਨੂੰ ਤਬਾਹ ਕਰਨ ਤੋਂ ਬਾਅਦ, ਹੁਣ ਸਮਾਂ ਆ ਗਿਆ ਹੈ ਕਿ ਦੁਨੀਆ ਨੂੰ ਇਸਲਾਮਾਬਾਦ ਦੀ ਅਸਲੀਅਤ ਅਤੇ ਭਾਰਤ ਦੇ ਬਦਲੇ ਹੋਏ ਰੁਖ਼ ਤੋਂ ਜਾਣੂੰ ਕਰਵਾਇਆ ਜਾਵੇ। ਪਾਕਿਸਤਾਨ ਆਪਣੀਆਂ ਗਤੀਵਿਧੀਆਂ ਨੂੰ ਉਦੋਂ ਤੱਕ ਨਹੀਂ ਰੋਕੇਗਾ ਜਦੋਂ ਤੱਕ ਉਸਨੂੰ ਕੁਝ ਦੇਸ਼ਾਂ ਤੋਂ ਸਮਰਥਨ ਮਿਲਦਾ ਰਹੇਗਾ। ਇਸ ਸਮਰਥਨ ਨੂੰ ਸਿਰਫ਼ ਕੂਟਨੀਤੀ ਰਾਹੀਂ ਹੀ ਖ਼ਤਮ ਕੀਤਾ ਜਾ ਸਕਦਾ ਹੈ। ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਨੇ ਦੇਸ਼ ਨੂੰ ਅੱਤਵਾਦ ਵਿਰੁੱਧ ਆਪਣੀ ਰਣਨੀਤੀ ਬਦਲਣ ਲਈ ਮਜਬੂਰ ਕਰ ਦਿੱਤਾ ਹੈ। ਹੁਣ ਤੱਕ ਪਾਕਿਸਤਾਨ ਆਪਣੇ ਮਾੜੇ ਕੰਮਾਂ ਨੂੰ ਪਰਮਾਣੂ ਬੰਬ ਦੀ ਆੜ ਹੇਠ ਛੁਪਾ ਰਿਹਾ ਸੀ, ਪਰ ਨਵੀਂ ਦਿੱਲੀ ਨੇ ਸਪੱਸ਼ਟ ਚੇਤਾਵਨੀ ਦਿੱਤੀ ਹੈ ਕਿ ਇਹ ਧਮਕੀ ਹੁਣ ਕੰਮ ਨਹੀਂ ਕਰੇਗੀ। ਜੇਕਰ ਪਾਕਿਸਤਾਨੀ ਫੌਜ ਨੇ ਅੱਤਵਾਦੀਆਂ ਦੀ ਆੜ ਵਿੱਚ ਭਾਰਤ ਵਿੱਚ ਅਸਥਿਰਤਾ ਫੈਲਾਉਣ ਦੀ ਕੋਸ਼ਿਸ਼ ਕੀਤੀ ਤਾਂ ਉਸਨੂੰ ਢੁਕਵਾਂ ਜਵਾਬ ਦਿੱਤਾ ਗਿਆ। ਅੱਤਵਾਦ ਵਿਰੁੱਧ ਲੜਾਈ ਵਿੱਚ ਆਪ੍ਰੇਸ਼ਨ ਸਿੰਦੂਰ ਭਾਰਤ ਦਾ ਨਵਾਂ ਆਮ ਵਰਤਾਰਾ ਹੈ ਅਤੇ ਦੁਨੀਆ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਇਹ ਸਥਿਤੀ ਪਾਕਿਸਤਾਨ ਦੀ ਅੱਤਵਾਦੀ ਨੀਤੀ ਕਾਰਨ ਪੈਦਾ ਹੋਈ ਹੈ। ਆਪਣੇ ਦੇਸ਼ ਵਿੱਚ ਮੌਜੂਦ ਅੱਤਵਾਦੀ ਢਾਂਚਿਆਂ ਵਿਰੁੱਧ ਕਾਰਵਾਈ ਕਰਨ ਦੀ ਬਜਾਏ, ਪਾਕਿਸਤਾਨ ਨੇ ਹਮੇਸ਼ਾ ਉਨ੍ਹਾਂ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਹੈ। ਇਹ ਅੱਡੇ ਭਾਰਤ ਅਤੇ ਬਾਕੀ ਦੁਨੀਆ ਲਈ ਇੱਕ ਵੱਡਾ ਖ਼ਤਰਾ ਬਣੇ ਰਹੇ। ਪਾਕਿਸਤਾਨ ਨੇ ਟਕਰਾਅ ਨੂੰ ਭੜਕਾਉਣ ਲਈ ਬਹੁਤ ਸਾਰੇ ਝੂਠ ਫੈਲਾਏ। ਇਸ ਦੇ ਇਸ ਚਿਹਰੇ ਨੂੰ ਬੇਨਕਾਬ ਕਰਨ ਦੀ ਲੋੜ ਹੈ ਕਿ ਭਾਰਤ ਨਾਲ ਮੁਕਾਬਲਾ ਕਰਨ ਦੀ ਇੱਛਾ ਵਿੱਚ ਇਹ ਆਪਣੇ ਨਾਗਰਿਕਾਂ ਨੂੰ ਢਾਲ ਵਜੋਂ ਵੀ ਵਰਤਦਾ ਹੈ ਅਤੇ ਨਵੀਂ ਦਿੱਲੀ ਦੀ ਲੜਾਈ ਆਮ ਲੋਕਾਂ ਨਾਲ ਨਹੀਂ, ਸਗੋਂ ਅੱਤਵਾਦੀਆਂ ਅਤੇ ਉਨ੍ਹਾਂ ਦੇ ਮਾਲਕਾਂ ਨਾਲ ਹੈ। ਭਾਰਤ ਨੇ ਸਿੰਧੂ ਜਲ ਸੰਧੀ ਨੂੰ ਮੁਅੱਤਲ ਕਰ ਦਿੱਤਾ ਕਿਉਂਕਿ, ਪਹਿਲੀ ਗੱਲ ਇਸ ਸੰਧੀ ਵਿੱਚ ਭਾਰਤੀ ਹਿੱਤਾਂ ਨੂੰ ਧਿਆਨ ਵਿੱਚ ਨਹੀਂ ਰੱਖਿਆ ਗਿਆ ਸੀ ਅਤੇ ਦੂਜੀ ਗੱਲ, ਪਾਕਿਸਤਾਨ ਨੇ ਕਦੇ ਵੀ ਇੱਕ ਗੁਆਂਢੀ ਵਜੋਂ ਆਪਣਾ ਫਰਜ਼ ਨਹੀਂ ਨਿਭਾਇਆ। ਪਾਕਿਸਤਾਨ ਨੂੰ ਪਾਣੀ ਦੇ ਮੁੱਦੇ 'ਤੇ ਹਮਦਰਦੀ ਜੁਟਾਉਣ ਦਾ ਮੌਕਾ ਨਹੀਂ ਦੇਣਾ ਚਾਹੀਦਾ। ਪਾਕਿਸਤਾਨ ਵਾਰ-ਵਾਰ ਅਜਿਹੀਆਂ ਦਲੇਰਾਨਾ ਕਾਰਵਾਈਆਂ ਕਰਨ ਦੇ ਯੋਗ ਹੈ ਕਿਉਂਕਿ ਉਸਨੂੰ ਚੀਨ ਅਤੇ ਤੁਰਕੀ ਵਰਗੇ ਦੇਸ਼ਾਂ ਤੋਂ ਮਦਦ ਮਿਲਦੀ ਹੈ। ਇਸ ਵਾਰ ਵੀ ਇਨ੍ਹਾਂ ਦੋਵਾਂ ਦੇਸ਼ਾਂ ਨੇ ਆਪਣੇ ਨਿੱਜੀ ਹਿੱਤਾਂ ਕਾਰਨ ਪਾਕਿਸਤਾਨ ਦਾ ਸਮਰਥਨ ਕੀਤਾ। ਭਾਰਤ ਦੀ ਕੂਟਨੀਤਕ ਪਹਿਲਕਦਮੀ ਦੋਵਾਂ ਦੇਸ਼ਾਂ 'ਤੇ ਦਬਾਅ ਬਣਾਏਗੀ ਅਤੇ ਦੂਜੇ ਦੇਸ਼ ਵੀ ਗੁਆਂਢੀ ਦੇਸ਼ ਦੀ ਸਚਾਈ ਤੋਂ ਜਾਣੂੰ ਹੋਣਗੇ। ਸਰਕਾਰ ਨੇ ਸਾਰੇ ਸੱਤ ਵਫ਼ਦਾਂ ਵਿੱਚ ਸਾਰੀਆਂ ਪਾਰਟੀਆਂ ਦੇ ਪ੍ਰਤੀਨਿਧੀਆਂ ਨੂੰ ਸ਼ਾਮਲ ਕੀਤਾ ਹੈ। ਇਹ ਦਰਸਾਉਂਦਾ ਹੈ ਕਿ ਪੂਰਾ ਦੇਸ਼ ਰਾਸ਼ਟਰੀ ਹਿੱਤ ਦੇ ਮੁੱਦਿਆਂ 'ਤੇ ਇੱਕਜੁੱਟ ਹੈ, ਰਾਜਨੀਤਿਕ ਮਤਭੇਦਾਂ ਨੂੰ ਭੁੱਲ ਕੇ-ਅੱਤਵਾਦ ਵਿਰੁੱਧ ਲੜਾਈ ਵਿੱਚ ਸਰਕਾਰ ਨੂੰ ਸਾਰਿਆਂ ਦਾ ਸਮਰਥਨ ਪ੍ਰਾਪਤ ਹੈ। ਭਾਰਤ ਦੀ ਏਕਤਾ ਇੱਕ ਸੁਨੇਹਾ ਅਤੇ ਚੇਤਾਵਨੀ ਹੈ ਕਿ ਅਸੀਂ ਪਾਕਿਸਤਾਨ ਤੋਂ ਸਰਹੱਦ ਪਾਰ ਅੱਤਵਾਦ ਦੀ ਸਚਾਈ ਨੂੰ ਸਾਰੇ ਦੇਸ਼ਾਂ ਦੇ ਸਾਹਮਣੇ ਲਿਆਉਣ ਲਈ ਵਚਨਬੱਧ ਹਾਂ।

-ਜਗਜੀਤ ਸਿੰਘ ਦਰਦੀ

# ਕੀ ਸੰਭਵ ਹੈ ਪੰਜਾਬ ਵਿੱਚ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਤੇ ਸਮਾਜ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

- ਜਿੰਨੀ ਦੇਰ ਭ੍ਰਿਸ਼ਟਾਚਾਰ ਪ੍ਰਤੀ ਸਾਡੀ ਮਾਨਸਿਕਤਾ ਨਹੀਂ ਬਦਲਦੀ ਇਹ ਸੰਭਵ ਨਹੀਂ
- ਭ੍ਰਿਸ਼ਟਾਚਾਰ ਫੈਲਾਉਣ ਲਈ ਲੋਕ ਵੀ ਉਨੇ ਹੀ ਦੋਸ਼ੀ, ਇਕੱਲੀ ਸਰਕਾਰ ਕੁਝ ਨਹੀਂ ਕਰ ਸਕਦੀ
- ਬਦਲਣਾ ਪਏਗਾ ਭ੍ਰਿਸ਼ਟਾਚਾਰ ਪ੍ਰਤੀ ਸਮਾਜਿਕ ਨਜ਼ਰੀਆ

ਭਾਰਤ ਵਿੱਚ ਭ੍ਰਿਸ਼ਟਾਚਾਰ ਹੁਣ ਕੋਈ ਨਵੀਂ ਗੱਲ ਨਹੀਂ ਰਹੀ ਹੈ। ਇਹ ਹੁਣ ਸਾਡੀ ਆਦਤ ਵਿੱਚ ਸ਼ੁਮਾਰ ਹੈ ਤੇ ਇਹ ਆਦਤਾਂ ਉਸ ਨਵੇਂ ਸਮਾਜ ਦੀ ਦੇਣ ਹਨ ਜਿਸ ਸਮਾਜ ਨੂੰ ਅੰਗੀਕਾਰ ਕਰਕੇ ਅੱਜ ਅਸੀਂ ਨਵੇਂ ਵਿਉਂਤਬੰਦੀ ਤੇ ਉਪਭੋਗਤਾ ਬਾਜ਼ਾਰ ਦੇ ਯੁੱਗ ਵਿੱਚ ਜੀਅ ਰਹੇ ਹਾਂ। ਅੱਜ ਭਾਰਤ ਵਿੱਚ ਲਗਭਗ ਸਾਰੇ ਰਾਜਾਂ ਦੇ ਪ੍ਰਸ਼ਾਸਨ ਵਿੱਚ ਭ੍ਰਿਸ਼ਟਾਚਾਰ ਦੀਆਂ ਜਿੰਨੀਆਂ ਸ਼ਿਕਾਇਤਾਂ ਹਨ, ਉਨੀਆਂ ਸ਼ਾਇਦ ਦੁਨੀਆ ਵਿੱਚ ਕਿਸੇ ਵੀ ਦੇਸ਼ ਵਿੱਚ ਨਹੀਂ ਹਨ। ਭਾਰਤ ਸਰਕਾਰ ਦੇ ਭ੍ਰਿਸ਼ਟਾਚਾਰ ਦੇ ਜਿੰਨੇ ਅਦਭੁੱਤ ਕੇਸ ਭਾਰਤ ਵਿੱਚ ਹੋਏ ਹਨ, ਉਨੇ ਸ਼ਾਇਦ ਦੁਨੀਆਂ ਦੇ ਕਿਸੇ ਦੇਸ਼ ਵਿੱਚ ਵੀ ਨਹੀਂ ਹਨ। ਭਾਰਤ ਵਿੱਚ ਭ੍ਰਿਸ਼ਟਾਚਾਰ ਦਾ ਪਹਿਲਾ ਕੇਸ 1948 ਵਿੱਚ ਉਸ ਵਕਤ ਰੱਖਿਆ ਮੰਤਰੀ ਮੈਨਨ ਦੇ 80 ਕਰੋੜ ਦੇ ਠੇਕੇ ਬਿਨਾਂ ਕਿਸੇ ਤਸਦੀਕ ਦੇ ਦੇਣ ਨਾਲ ਸ਼ੁਰੂ ਹੋਇਆ ਸੀ ਅਤੇ ਜੋ ਬਾਅਦ ਵਿੱਚ ਬਿਊਰੋਕਰੇਸੀ ਅਤੇ ਮੰਤਰੀਆਂ ਤੱਕ ਪਹੁੰਚਦੇ ਧਾਕੜ ਰਾਜਨੀਤਿਕ ਹਥਿਆਰ ਦਾ ਰੂਪ ਧਾਰਨ ਕਰ ਗਿਆ ਹੈ। ਪੰਜਾਬ ਵਿੱਚ ਵੀ ਜੇ ਅਸੀਂ ਧਿਆਨ ਮਾਰੀਏ ਤਾਂ ਪਤਾ ਚਲਦਾ ਹੈ ਕਿ ਪੰਜਾਬ ਵਿੱਚ ਭ੍ਰਿਸ਼ਟਾਚਾਰ ਹੁਣ ਆਪਣੀਆਂ ਸਾਰੀਆਂ ਹੱਦਾਂ ਪਾਰ ਕਰ ਚੁੱਕਾ ਹੈ। ਪਿਛਲੇ 30 ਸਾਲਾਂ ਦੇ ਵਿੱਚ ਸਰਕਾਰ ਕਿਸੇ ਦੀ ਵਿਸ਼ੇਸ਼ਕਰ 1990 ਤੋਂ ਬਾਅਦ ਜਿਸ ਤਰ੍ਹਾਂ ਪ੍ਰਸ਼ਾਸਨ ਵਿੱਚ ਭ੍ਰਿਸ਼ਟਾਚਾਰ ਪਨਪਿਆ ਹੈ, ਉਹ ਹੁਣ ਸਭ ਦੇ ਸਾਹਮਣੇ ਹੈ। ਅੱਜ ਸੋਸ਼ਲ ਮੀਡੀਆ ਨੇ ਇਸ ਦੀਆਂ ਸਾਰੀਆਂ ਪਰਤਾਂ ਉਧੇੜ ਕੇ ਲੋਕਾਂ ਦੇ ਕਿਰਦਾਰ ਨੂੰ ਅਤੇ ਮੰਤਰੀਆਂ ਦੇ ਕਿਰਦਾਰ ਦੇ ਨਾਲ ਨਾਲ ਬਿਊਰੋਕਰੇਸੀ ਅਤੇ ਦਫ਼ਤਰਾਂ ਵਿੱਚ ਭਾਈ-ਭਤੀਜਾਵਾਦ ਅਤੇ ਭ੍ਰਿਸ਼ਟਾਚਾਰ ਦੀ ਵਗਦੀ ਨਦੀ ਵਿੱਚ ਸਭ ਨੂੰ ਨੰਗਾ ਕਰ ਦਿੱਤਾ ਹੈ। ਸ਼ਾਇਦ ਹੀ ਪੰਜਾਬ ਦਾ ਜਾਂ ਭਾਰਤ ਵਿੱਚ ਕਿਸੇ ਮੰਤਰਾਲੇ ਦਾ ਕੋਈ ਅਜਿਹਾ ਮਹਿਕਮਾ ਬਚਿਆ ਹੋਏਗਾ, ਜਿਸ ਵਿੱਚ ਭ੍ਰਿਸ਼ਟਾਚਾਰ ਨਾ ਹੋਇਆ ਹੋਵੇ।

ਪੰਜਾਬ ਵਿੱਚ ਹੋਏ ਘੋਟਾਲਿਆਂ ਦੇ ਵਿੱਚ ਮਾਈਨਜ਼ ਤੋਂ ਲੈ ਕੇ ਪੁਲਿਸ ਪ੍ਰਸ਼ਾਸਨ ਦੀ ਭ੍ਰਿਸ਼ਟਾਚਾਰ ਦੀਆਂ ਮਿਸਾਲਾਂ ਦੇ ਨਾਲ ਨਾਲ ਟਰਾਂਸਪੋਰਟ ਵਿਭਾਗ ਵਿਸ਼ੇਸ਼ ਕਰ ਆਰਟੀਓ, ਤਹਿਸੀਲਾਂ ਅਤੇ ਦੂਜੀਆਂ ਥਾਵਾਂ 'ਤੇ ਜਿਸ ਤਰ੍ਹਾਂ ਵਿਆਪਤ ਭ੍ਰਿਸ਼ਟਾਚਾਰ ਦਾ ਰਾਜ ਹੈ ਉਸ ਨੇ ਸਾਡੀਆਂ ਅਦਾਲਤਾਂ ਵੀ ਪਿੱਛੇ ਨਹੀਂ ਛੱਡੀਆਂ। ਸਾਰੇ ਰਾਜਾਂ ਵਿੱਚ ਛੋਟੀਆਂ ਸਟੇਟਾਂ ਤੇ ਉਥੇ ਘੁੰਮਦੇ ਹੋਏ ਦਲਾਲ ਜਿਸ ਤਰ੍ਹਾਂ ਨਿਆਂ ਨੂੰ ਵੀ ਖਰੀਦ ਲੈਂਦੇ ਹਨ ਅਤੇ ਜਿਸ ਦੀਆਂ ਉਦਾਹਰਨਾਂ ਮੀਡੀਆ ਵਿਚ ਆ ਰਹੀਆਂ ਹਨ ਉਹ ਇਹ ਦਿਖਾਉਂਦਾ ਹੈ ਕਿ ਸਾਡੇ ਸਮਾਜ ਵਿੱਚ ਭ੍ਰਿਸ਼ਟਾਚਾਰ ਕਿੰਨੀ ਵਿਆਪਕਤਾ ਦੇ ਨਾਲ ਕੈਂਸਰ ਦੀ ਤਰ੍ਹਾਂ ਫੈਲ ਚੁੱਕਾ ਹੈ।

ਅੱਜ ਪੰਜਾਬ ਦੀ ਹਾਲਤ ਇਹ ਹੈ ਕਿ ਪਿਛਲੇ ਦੋ ਦਹਾਕਿਆਂ ਦੇ ਵਿੱਚ ਸਰਕਾਰ ਕਿਸੇ ਪਾਰਟੀ ਦੀ ਹੋਵੇ, ਰਾਜਨੀਤਿਕ ਪਾਰਟੀਆਂ ਤੇ ਲੋਕਾਂ ਨੇ ਹਰ ਸਮੇਂ ਇਸ ਦੇ ਬਾਰੇ ਵਿੱਚ ਆਵਾਜ਼ ਉਠਾਈ ਹੈ ਪਰੰਤੂ ਹੋਇਆ ਕੁੱਝ ਵੀ ਨਹੀਂ ਹੈ। ਇੱਥੇ ਉਹਨਾਂ ਲੋਕਾਂ ਦਾ ਵੀ ਕਸੂਰ ਹੈ, ਜਿਹੜੇ ਆਪਣਾ ਕੰਮ ਕਿਸੇ ਵੀ ਕੀਮਤ 'ਤੇ ਜਲਦੀ ਕਰਾਉਣ ਦੇ ਵਾਸਤੇ ਕਿਸੇ ਵੀ ਦਫ਼ਤਰ ਵਿੱਚ ਜਾ ਕੇ ਕਿਸੇ ਵੀ ਅਧਿਕਾਰੀ ਨੂੰ ਦਰਿਆਦਿੱਲੀ ਨਾਲ ਰਿਸ਼ਵਤਖ਼ੋਰੀ ਦੇ ਦਰਿਆ ਵਿੱਚ ਡੁੱਬੋ ਦਿੰਦੇ ਹਨ।

ਸਰਕਾਰਾਂ ਦਾ ਨਿਆਂ ਢਿੱਲੇ ਹੋਣਾ ਅਰਥਾਤ ਕੰਮ ਦਾ ਟਾਈਮ ਸਿਰ ਨਹੀਂ ਹੋਣਾ ਭ੍ਰਿਸ਼ਟਾਚਾਰ ਦਾ ਇੱਕ ਵੱਡਾ ਕਾਰਨ ਹੈ ਤੇ ਜਿੱਥੇ ਬਿਊਰੋਕਰੇਸੀ ਅਤੇ ਪ੍ਰਸ਼ਾਸਨ ਆਪਣੀ ਜ਼ਿੰਮੇਦਾਰੀ ਤੋਂ ਪੱਲਾ ਝਾੜ ਲੈਂਦਾ ਹੈ। ਹੁਣ ਜਦੋਂ ਨਵੀਂ ਸੂਚਨਾ ਤਕਨੀਕ ਦੇ ਨਾਲ ਦੁਨੀਆਂ ਬਦਲ ਰਹੀ ਹੈ ਤੇ ਪੰਜਾਬ ਵਿੱਚ ਵੀ ਉਸ ਬਦਲਾਵ ਨੂੰ ਦੇਖਿਆ ਜਾ ਰਿਹਾ ਹੈ। ਪਿਛਲੀਆਂ ਅਕਾਲੀ ਸਰਕਾਰ ਤੇ ਕਾਂਗਰਸ ਸਰਕਾਰ ਵੇਲੇ ਜੋ ਕੁੱਝ ਸਕੀਮਾਂ ਸ਼ੁਰੂ ਹੋਈਆਂ ਸਾਨੂੰ ਵਿਸ਼ੇਸ਼ ਕਰਕੇ ਸਾਂਝ ਕੇਂਦਰ ਪੰਜਾਬ ਦੀ ਨਵੀਂ ਸਰਕਾਰ ਨੇ ਹਾਲਾਂਕਿ ਬਹੁਤ ਸਾਰਾ ਕੰਮ ਕੀਤਾ ਹੈ ਪਰੰਤੂ ਇਸ ਦੀ ਜ਼ੀਰੋ ਟਾਲਰੈਂਸ ਨੀਤੀ ਨੇ ਲੋਕਾਂ ਦਾ ਧਿਆਨ ਆਪਣੇ ਵੱਲ ਖਿੱਚਿਆ ਹੈ ਪਰੰਤੂ ਸਚਾਈ ਇਹ ਹੈ ਕਿ ਇਕੱਲੇ ਮੁੱਖ ਮੰਤਰੀ ਕੀ ਕਰ ਸਕਦੇ ਹਨ। ਉਹਨਾਂ ਦੇ ਆਲੇ ਦੁਆਲੇ ਇਸ ਤਰ੍ਹਾਂ ਦੇ ਲੋਕਾਂ ਨੇ ਘੇਰਾ ਉਸ ਤਰ੍ਹਾਂ ਦਾ ਕੀਤਾ ਹੋਇਆ ਹੈ ਕਿ ਅਜੇ ਵੀ ਸਰਕਾਰੀ ਦਫਤਰਾਂ ਦੇ ਵਿੱਚ ਪਰਦੇ ਦੇ ਪਿੱਛੇ ਦੱਬੀ ਜ਼ੁਬਾਨ ਵਿੱਚ ਅਤੇ ਏਜੰਟਾਂ ਅਤੇ ਦਲਾਲਾਂ ਨੇ ਆਪਣਾ ਤਰੀਕਾ ਬਦਲ ਲਿਆ ਹੈ ਪਰੰਤੂ ਭਰਿਸ਼ਟਾਚਾਰ ਅਜੇ ਵੀ ਜਾਰੀ ਹੈ, ਉਹ ਸਾਰੇ ਮਹਿਕਮਿਆਂ ਦੇ ਵਿੱਚ ਤਹਿਸੀਲਾਂ ਸਣੇ ਅਜੇ ਵੀ ਭ੍ਰਿਸ਼ਟਾਚਾਰ ਮੁਕਤ ਨਹੀਂ ਹੋਈਆਂ ਹਨ। ਪੰਜਾਬ ਵਿੱਚ ਭ੍ਰਿਸ਼ਟਾਚਾਰ ਇਕ ਸਮਾਜਿਕ ਵਿਉਂਤਬੰਦੀ ਦਾ ਰੂਪ ਅਖਤਿਆਰ ਕਰ ਚੁੱਕਾ ਹੈ ਤੇ ਇਸ ਵਿਉਂਤਬੰਦੀ ਦੇ ਵਿੱਚ ਹਮਾਮ ਵਿੱਚ ਸਾਰੇ ਨੰਗੇ ਹਨ। ਇਸ ਵੇਲੇ ਦੀ ਵਰਤਮਾਨ ਸਰਕਾਰ ਨੇ ਭ੍ਰਿਸ਼ਟਾਚਾਰ ਦੇ ਵਿਰੁੱਧ ਲਗਾਮ ਕੱਸਣ ਦਾ ਜੋ ਤਰੀਕਾ ਚਲਿਆ ਹੈ, ਉਸ ਦੀ ਸ਼ਲਾਘਾ ਕੀਤੀ ਜਾਣੀ ਚਾਹੀਦੀ ਹੈ। ਹੁਣ ਵਰਤਮਾਨ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਨੇ ਜਿਸ ਤਰ੍ਹਾਂ ਭ੍ਰਿਸ਼ਟਾਚਾਰ ਦੇ ਖਿਲਾਫ਼ ਆਪਣੇ ਹੀ ਮੰਤਰੀਆਂ ਤੇ ਸਰਕਾਰ ਦੇ ਲੋਕਾਂ ਨੂੰ ਸ਼ਿਕੰਜੇ ਵਿੱਚ ਕੱਸਣਾ ਸ਼ੁਰੂ ਕੀਤਾ ਹੈ ਉਸਦੀ ਮਿਸਾਲ ਮੰਤਰੀਆਂ ਤੱਕ ਨੂੰ ਪਕੜਿਆ ਜਾ ਰਿਹਾ ਹੈ। ਆਪਣੇ ਹੀ ਲੋਕਾਂ 'ਤੇ ਐਕਸ਼ਨ ਲੈਣਾ ਉਸ ਨਾਲ ਲੋਕਾਂ ਵਿੱਚ ਇੱਕ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਦੀ ਆਸਥਾ ਵੱਧੀ ਹੈ ਪ੍ਰੰਤੂ ਮੈਂ ਇਥੇ ਦੂਸਰੀ ਗੱਲ ਕਹਿਣਾ ਚਾਹੁੰਦਾ ਹਾਂ ਕਿ ਲੋਕਾਂ ਨੂੰ ਆਪਣੀ ਸਮਾਜਿਕ ਜ਼ਿੰਮੇਦਾਰੀ ਤੋਂ ਨਿਰਲੇਪ ਰਹਿ ਕੇ ਇਸ ਸਮਾਜ ਵਿੱਚ ਸੁਧਾਰ ਨਹੀਂ ਹੋ ਸਕਦਾ ਜੇ ਲੋਕ ਇਮਾਨਦਾਰੀ ਨਾਲ ਇਹ ਤੈਅ ਕਰ ਲੈਣ ਕਿ ਕਿਸੇ ਵੀ ਅਫ਼ਸਰ ਨੂੰ ਰਿਸ਼ਵਤ ਨਹੀਂ ਦੇਣੀ ਤਾਂ ਭ੍ਰਿਸ਼ਟਾਚਾਰ ਦਾ ਅੱਡਾ ਬਣੇ ਪੰਜਾਬ ਪੁਲਿਸ ਦੇ ਥਾਣੇ ਅਤੇ ਪੰਜਾਬ ਪੁਲਿਸ ਦੀ ਜ਼ੁਲਮ ਦੀ ਨੀਤੀ ਸੱਚਮੁੱਚ ਪੰਜਾਬ ਪ੍ਰਸ਼ਾਸਨ ਵਿੱਚੋਂ ਨਿਕਲ ਜਾਏ ਤਾਂ ਪੰਜਾਬ ਦਾ ਪ੍ਰਸ਼ਾਸਨ ਅਤੇ ਲੋਕ ਸਮਾਜਿਕ ਨਿਆਂ ਦੇ ਪ੍ਰਤੀ ਜੋ ਜ਼ਿੰਮੇਦਾਰ ਅਦਾਰੇ ਮੰਨੇ ਜਾਂਦੇ ਹਨ ਤੇ ਥਾਣੇ ਜਾਂਦੇ ਹੀ ਉਹਨਾਂ ਦੀਆਂ ਜੇਬਾਂ ਕਿਸ ਤਰ੍ਹਾਂ ਕੱਟੀਆਂ ਜਾਂਦੀਆਂ, ਇਸ ਦਾ ਸੋਸ਼ਲ ਮੀਡੀਆ ਤੇ ਅਖ਼ਬਾਰਾਂ ਵਿੱਚ ਜਿਸ ਤਰ੍ਹਾਂ ਦਾ ਵਿਚਾਰ ਤਕਰਾਰ ਅਤੇ ਪਰਦਾਫਾਸ਼ ਹੁੰਦਾ ਹੈ, ਉਹ ਹੁਣ ਸਭ ਦੇ ਸਾਹਮਣੇ ਹੈ।

ਇੱਥੇ ਲੋਕਾਂ ਦਾ ਇਹ ਅਹਿਦ ਹੋਣਾ ਚਾਹੀਦਾ ਹੈ ਕਿ ਉਹ ਕਿਸੇ ਨੂੰ ਵੀ ਪੈਸਾ ਨਾ ਦੇਣ ਅਤੇ ਸਰਕਾਰ ਪ੍ਰਸ਼ਾਸਨ ਨੂੰ ਸਾਫ਼ ਪ੍ਰਸ਼ਾਸਨ ਦੇਣਾ ਚਾਹੀਦਾ ਹੈ ਜਿਵੇਂ ਕਿ ਹੁਣ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਨੇ ਵਾਅਦਾ ਕੀਤਾ ਹੈ ਇੱਥੇ ਸਰਕਾਰ ਦੇ ਨਾਲ ਨਾਲ ਲੋਕਾਂ ਦੀ ਜ਼ਿੰਮੇਦਾਰੀ ਵੀ ਜ਼ਿਆਦਾ ਜ਼ਰੂਰੀ ਹੈ।

ਭ੍ਰਿਸ਼ਟਾਚਾਰ ਹੁਣ ਪੂਰੀ ਦੁਨੀਆ ਵਿੱਚ ਇੱਕ ਦੁਨੀਆ ਦਾ ਵਿਵਹਾਰ ਬਣ ਚੁੱਕਾ ਹੈ ਤੇ ਇਸ ਦਾ ਵਰਤਾਰਾ ਹੁਣ ਸਮਾਜ ਦੀਆਂ ਉਹਨਾਂ ਜੜ੍ਹਾਂ ਵਿੱਚ ਜਿਸ ਸਮਾਜ ਵਿੱਚ ਅਸੀਂ ਅੱਗੇ ਵਧਣ ਵਾਸਤੇ ਹਰ ਹੀਲੇ ਕੋਈ ਨਾ ਕੋਈ ਐਸਾ ਜੁਗਾੜ ਕਰ ਰਹੇ ਹਾਂ ਕਿ ਕੰਮ ਹੋ ਜਾਣਾ ਚਾਹੀਦਾ ਹੈ ਪ੍ਰੰਤੂ ਇਹ ਸਮੁੱਚੇ ਸਮਾਜ ਨੂੰ ਜਿਸ ਦੀਮਕ ਦੀ ਤਰ੍ਹਾਂ ਖਾ ਰਿਹਾ ਹੈ, ਉਸ ਦਾ ਕੋਈ ਹੱਲ ਨਜ਼ਰ ਨਹੀਂ ਆਉਂਦਾ। ਭ੍ਰਿਸ਼ਟਾਚਾਰ ਇਕੱਲਾ ਭਾਰਤ ਵਿੱਚ ਹੀ ਨਹੀਂ ਹੈ। ਦੁਨੀਆਂ ਦੇ ਬਹੁਤ ਸਾਰੇ ਦੇਸ਼ਾਂ ਵਿੱਚ ਅਲੱਗ ਅਲੱਗ ਤਰ੍ਹਾਂ ਇਥੋਂ ਤੱਕ ਕਿ ਵਿਕਸਿਤ ਅਤੇ ਵਿਕਾਸਸ਼ੀਲ ਆਧੁਨਿਕ ਪੱਛਮੀ ਦੇਸ਼ਾਂ ਵਿੱਚ ਵੀ ਇਸ ਦੀ ਆਪਣੀ ਆਪਣੀ ਪਰਿਭਾਸ਼ਾ ਹੈ ਪ੍ਰੰਤੂ ਇਹ ਪਰਦੇ ਦੇ ਪਿੱਛੇ ਹਰ ਤਰ੍ਹਾਂ ਨਾਲ ਪਨਪ ਰਿਹਾ ਹੈ। ਇਸ ਦੇ ਪਿੱਛੇ ਸਮਾਜਿਕ ਪ੍ਰਤੀਬੱਧਤਾ ਅਤੇ ਸਮਾਜਿਕ ਸੋਚ ਦਾ ਦਾਇਰਾ ਤੇ ਬਦਲਦੇ ਹੋਏ ਸਮਾਜ ਵਿੱਚ ਆਦਮੀ ਦੇ ਲਾਲਚ ਦੀ ਪੂਰਤੀ ਅਤੇ ਸਰਕਾਰਾਂ ਦਾ ਹੱਥ ਵਿਸ਼ੇਸ਼ਕਰ ਬਿਊਰੋਕਰੇਸੀ ਅਤੇ ਪ੍ਰਸ਼ਾਸਨ ਸੰਮਤ ਅਧਿਕਾਰੀਆਂ ਦਾ ਜ਼ਿਆਦਾ ਮੱਤ ਹੈ ਕਿ ਜਿਨ੍ਹਾਂ ਦੇ ਕਾਰਨ ਇਹ ਪੈਦਾ ਹੁੰਦਾ ਹੈ।

ਅੱਜ ਇਹ ਲਾਲਚ ਹੈ ਜਾਂ ਮਾਨਸਿਕਤਾ ਹੈ ਜਾਂ ਸਮਾਜ ਵਿੱਚ ਨਵੇਂ ਵਿਕਾਸ ਦੀ ਤੇਜ਼ ਵਧਣ 'ਤੇ ਕਿਸੇ ਵੀ ਹਾਲਤ 'ਤੇ ਆਪਣੇ ਕੰਮ ਕਰਾਉਣ ਦੀ ਤਹਿਰੀਰ ਦਾ ਉਹ ਪ੍ਰਗਟਾਵਾ ਹੈ ਜਿਸ ਨੂੰ ਭ੍ਰਿਸ਼ਟ ਬਿਊਰੋਕਰੇਸੀ ਅਤੇ ਦੁਨੀਆ ਭਰ ਵਿੱਚ ਪ੍ਰਸ਼ਾਸਨ ਦੇ ਲੋਕ ਆਪਣੇ ਸ਼ਿਕਾਰ ਦੀ ਤਾਕ ਵਿੱਚ ਰਹਿੰਦੇ ਹਨ। ਪੰਜਾਬ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕਣ ਤੋਂ ਬਾਅਦ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 23 ਮਾਰਚ 2022 ਨੂੰ ਪੰਜਾਬ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਇੱਕ ਫੈਸਲਾਕੁੰਨ ਮੁਹਿੰਮ ਸ਼ੁਰੂ ਕੀਤੀ ਸੀ। ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਟੌਲਰੈਂਸ ਨੀਤੀ ਤਹਿਤ, ਮੁੱਖ ਮੰਤਰੀ ਨੇ ਨਾ ਸਿਰਫ਼ ਭ੍ਰਿਸ਼ਟ ਅਧਿਕਾਰੀਆਂ ਵਿਰੁੱਧ, ਸਗੋਂ ਆਪਣੀ ਹੀ ਸਰਕਾਰ ਦੇ ਮੰਤਰੀਆਂ ਅਤੇ ਵਿਧਾਇਕਾਂ ਵਿਰੁੱਧ ਵੀ ਕਾਰਵਾਈ ਕੀਤੀ ਹੈ।

ਇਸ ਮੁਹਿੰਮ ਦੇ ਤਹਿਤ, ਉਨ੍ਹਾਂ ਨੇ ਭ੍ਰਿਸ਼ਟਾਚਾਰ ਦੇ ਮਾਮਲਿਆਂ ਦਾ ਪਰਦਾਫਾਸ਼ ਕਰਨ ਲਈ ਇੱਕ ਵਟਸਐਪ ਨੰਬਰ ਵੀ ਜਾਰੀ ਕੀਤਾ ਤਾਂ ਜੋ ਆਮ ਲੋਕ ਆਪਣੀਆਂ ਸ਼ਿਕਾਇਤਾਂ ਸਿੱਧੇ ਪ੍ਰਸ਼ਾਸਨ ਤੱਕ ਪਹੁੰਚਾ ਸਕਣ। ਇਸ ਵਾਰ ਪੰਜਾਬ ਪੁਲਿਸ ਨੇ ਭ੍ਰਿਸ਼ਟ ਪੁਲਿਸ ਅਧਿਕਾਰੀਆਂ ਵਿਰੁੱਧ ਵੱਡੀ ਕਾਰਵਾਈ ਕੀਤੀ ਹੈ। ਮਾਨ ਸਰਕਾਰ ਦੀ ਪੁਲਿਸ ਨੇ ਇੱਕੋ ਵਾਰ 52 ਪੁਲਿਸ ਅਧਿਕਾਰੀਆਂ ਨੂੰ ਬਰਖਾਸਤ ਕਰ ਦਿੱਤਾ। ਉਨ੍ਹਾਂ ਵਿੱਚੋਂ ਜ਼ਿਆਦਾਤਰ ਭ੍ਰਿਸ਼ਟਾਚਾਰ ਦੇ ਮਾਮਲਿਆਂ ਵਿੱਚ ਦੋਸ਼ੀ/ਦੋਸ਼ੀ ਪਾਏ ਗਏ ਸਨ।

ਦਰਅਸਲ, ਕੁਝ ਸਮਾਂ ਪਹਿਲਾਂ, ਮਾਨ ਸਰਕਾਰ ਨੇ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੇ ਪੁਲਿਸ ਕਮਿਸ਼ਨਰਾਂ ਅਤੇ ਐਸਐਸਪੀਜ਼ ਨੂੰ ਅਜਿਹੇ ਅਧਿਕਾਰੀਆਂ ਅਤੇ ਕਰਮਚਾਰੀਆਂ ਵਿਰੁੱਧ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਸਨ ਜੋ ਭ੍ਰਿਸ਼ਟਾਚਾਰ, ਦੁਰਾਚਾਰ, ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਸਨ ਜਾਂ ਲੰਬੇ ਸਮੇਂ ਤੋਂ ਵਿਭਾਗ ਤੋਂ ਗੈਰਹਾਜ਼ਰ ਸਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਟੌਲਰੈਂਸ ਨੀਤੀ ਤਹਿਤ ਬਰਖਾਸਤ ਕੀਤੇ ਗਏ ਪੰਜਾਬ ਪੁਲਿਸ ਅਧਿਕਾਰੀਆਂ ਵਿੱਚ ਇੱਕ ਇੰਸਪੈਕਟਰ, ਪੰਜ ਸਹਾਇਕ ਸਬ-ਇੰਸਪੈਕਟਰ, ਚਾਰ ਹੈੱਡ ਕਾਂਸਟੇਬਲ ਅਤੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਤਾਇਨਾਤ 42 ਕਾਂਸਟੇਬਲ ਸ਼ਾਮਲ ਹਨ। ਵਾਹਨ ਚੋਰੀ ਦੇ ਮਾਮਲੇ ਵਿੱਚ ਈ-ਐਫਆਈਆਰ ਸਹੂਲਤ ਪੰਜਾਬ ਪੁਲਿਸ, ਜੋ ਕਿ ਕਾਨੂੰਨ ਵਿਵਸਥਾ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਯਤਨਸ਼ੀਲ ਹੈ, ਇੱਕ ਨਵੀਂ ਸਹੂਲਤ ਪ੍ਰਦਾਨ ਕਰਨ ਜਾ ਰਹੀ ਹੈ। ਇਸ ਤਹਿਤ ਮੋਟਰ ਵਾਹਨ ਚੋਰੀ ਲਈ ਈ-ਐਫਆਈਆਰ ਸਹੂਲਤ ਸ਼ੁਰੂ ਕੀਤੀ ਜਾਵੇਗੀ। ਪੀੜਤ ਔਨਲਾਈਨ ਪਲੇਟਫਾਰਮਾਂ ਜਾਂ ਸਾਂਝ ਕੇਂਦਰਾਂ 'ਤੇ ਜਾ ਕੇ ਵਾਹਨ ਚੋਰੀ ਨਾਲ ਸਬੰਧਤ ਐਫਆਈਆਰ ਦਰਜ ਕਰਵਾ ਸਕਣਗੇ। ਸਰਕਾਰ ਪੰਜਾਬ ਪੁਲਿਸ ਨੂੰ ਹਾਈ-ਟੈਕ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਰਾਜ ਪੱਧਰ 'ਤੇ ਇੱਕ ਈ-ਪੁਲਿਸ ਸਟੇਸ਼ਨ ਸਥਾਪਤ ਕਰਨ ਲਈ ਵੀ ਕੰਮ ਕੀਤਾ ਜਾ ਰਿਹਾ ਹੈ। ਈ-ਐਫਆਈਆਰ ਪ੍ਰੋਜੈਕਟ ਦਾ ਉਦੇਸ਼ ਜਨਤਾ ਦੇ ਪੁਲਿਸ ਨਾਲ ਸਿੱਧੇ ਸੰਪਰਕ ਨੂੰ ਘਟਾਉਣਾ ਅਤੇ ਤਕਨਾਲੋਜੀ ਰਾਹੀਂ ਨਾਗਰਿਕ-ਅਨੁਕੂਲ ਸੇਵਾਵਾਂ ਪ੍ਰਦਾਨ ਕਰਨਾ ਹੈ। ਇਸ ਵੇਲੇ, ਪੰਜਾਬ ਪੁਲਿਸ ਸਾਂਝ ਪ੍ਰੋਜੈਕਟ ਤਹਿਤ 43 ਪੁਲਿਸ ਸੇਵਾਵਾਂ ਆਨਲਾਈਨ ਪ੍ਰਦਾਨ ਕਰ ਰਹੀ ਹੈ।

ਇਹ ਕੁੱਝ ਉਹ ਸਕੀਮਾਂ ਹਨ ਅਤੇ ਪ੍ਰਸ਼ਾਸਨ ਦੀਆਂ ਲੋਕਾਂ ਪ੍ਰਤੀ ਜ਼ਿੰਮੇਦਾਰੀ ਦੇ ਨਾਲ ਕੀਤੇ ਗਏ ਮੁੱਖ ਮੰਤਰੀ ਦੇ ਜ਼ੀਰੋ ਟੋਲਰੈਂਸ ਭ੍ਰਿਸ਼ਟਾਚਾਰ ਵਿਰੋਧੀ ਕਦਮ ਹਨ।

ਦੇਖਦੇ ਹਾਂ ਆਉਣ ਵਾਲੇ ਦਿਨਾਂ ਦੇ ਵਿੱਚ ਅਸੀਂ ਸਮਾਜ ਵੱਲੋਂ ਸੁਚੇਤ ਹੋ ਕੇ ਸਰਕਾਰ ਨੂੰ ਸਹਿਯੋਗ ਤੇ ਆਪਣੇ ਆਪ ਨੂੰ ਸੁਚੱਜੇ ਲੋਕਤੰਤਰ ਦੇ ਪਹਿਰੇਦਾਰ ਬਣ ਕੇ ਕਿਵੇਂ ਇਸ ਭ੍ਰਿਸ਼ਟਾਚਾਰ ਮੁਕਤ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਕਰ ਸਕਦੇ ਹਾਂ।

# ਅਲਵਿਦਾ ਪੰਜਾਬੀ, ਹਿੰਦੀ ਤੇ ਸੰਸਕ੍ਰਿਤ ਵਿਦਵਾਨ : ਡਾ. ਰਤਨ ਸਿੰਘ ਜੱਗੀ

ਉਜਾਗਰ ਸਿੰਘ
ਸਾਬਕਾ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ
94178 13072



ਪੰਜਾਬੀ, ਹਿੰਦੀ ਅਤੇ ਸੰਸਕ੍ਰਿਤ ਦੇ ਖੋਜੀ ਵਿਦਵਾਨ ਡਾ. ਰਤਨ ਸਿੰਘ ਜੱਗੀ ਇਸ ਫ਼ਾਨੀ ਸੰਸਾਰ ਨੂੰ 98 ਸਾਲ ਦੀ ਉਮਰ ਵਿੱਚ ਅਲਵਿਦਾ ਕਹਿ ਗਏ ਹਨ। ਭਾਰਤ ਸਰਕਾਰ ਨੇ ਡਾ.ਰਤਨ ਸਿੰਘ ਜੱਗੀ ਨੂੰ ਸਾਹਿਤ ਅਤੇ ਸਿੱਖਿਆ ਦੇ ਖੇਤਰ ਵਿੱਚ ਯੋਗਦਾਨ ਪਾਉਣ ਲਈ ਪਦਮਸ੍ਰੀ ਦਿੱਤਾ ਸੀ। ਸੰਸਾਰ ਵਿਚ ਕੋਈ ਕੰਮ ਵੀ ਅਸੰਭਵ ਨਹੀਂ ਹੁੰਦਾ, ਜੇਕਰ ਉਸਨੂੰ ਕਰਨ ਵਾਲੇ ਵਿਅਕਤੀ ਦਾ ਦ੍ਰਿੜ੍ਹ ਇਰਾਦਾ, ਲਗਨ ਅਤੇ ਮਿਹਨਤੀ ਸੁਭਾਅ ਹੋਵੇ। ਸਾਡੇ ਨੌਜਵਾਨ ਔਖੇ ਕੰਮ ਨੂੰ ਕਰਨ ਦੀ ਹਿੰਮਤ ਕਰਨ ਤੋਂ ਪਹਿਲਾਂ ਹੀ ਢੇਰੀ ਢਾਹ ਬੈਠਦੇ ਹਨ ਪ੍ਰੰਤੂ ਕੁਝ ਅਜਿਹੇ ਉਦਮੀ ਹੁੰਦੇ ਹਨ, ਜਿਹੜੇ ਜਿਸ ਕੰਮ ਨੂੰ ਕਰਨ ਬਾਰੇ ਸੋਚ ਲੈਣ ਉਸਨੂੰ ਪੂਰਾ ਕਰਕੇ ਹੀ ਹੱਟਦੇ ਹਨ। ਇਨ੍ਹਾਂ ਉਦਮੀਆਂ ਵਿਚ ਹੀ ਇੱਕ ਅਜਿਹਾ ਖੋਜੀ ਧੁਰੰਦਰ ਵਿਦਵਾਨ ਸਾਹਿਤਕਾਰ ਡਾ.ਰਤਨ ਸਿੰਘ ਜੱਗੀ ਸੀ, ਉਸਨੇ ਜਿਸ ਵੀ ਅਤਿ ਕਠਨ ਕੰਮ ਨੂੰ ਹੱਥ ਪਾਇਆ ਉਤਨੀ ਦੇਰ ਚੈਨ ਨਾਲ ਟਿਕ ਕੇ ਨਹੀਂ ਬੈਠਿਆ, ਜਿਤਨੀ ਦੇਰ ਉਸ ਨੂੰ ਨੇਪਰੇ ਨਹੀਂ ਚਾੜ੍ਹ ਲਿਆ। ਸਾਹਿਤਕ ਅਤੇ ਇਤਿਹਾਸਕ ਖੋਜ ਦੇ ਕੰਮਾਂ ਵਿਚ ਉਸ ਨੂੰ ਅਨੇਕਾਂ ਮੁਸ਼ਕਲਾਂ ਅਤੇ ਤਕਲੀਫਾਂ ਦਾ ਮੁਕਾਬਲਾ ਕਰਨਾ ਪਿਆ। ਕਈ ਵਾਰ ਤਾਂ ਜਾਨ ਵੀ ਜ਼ੋਖ਼ਮ ਵਿਚ ਪਾਉਣੀ ਪਈ ਪ੍ਰੰਤੂ ਉਸ ਨੇ ਜੋ ਨਿਸ਼ਾਨਾ ਮਿਥਿਆ ਉਸ ਨੂੰ ਹਰ ਹਾਲਤ ਵਿਚ ਪੂਰਾ ਕੀਤਾ। ਭਾਵੇਂ ਉਸਨੂੰ ਦਸਵੀਂ ਤੋਂ ਬਾਅਦ ਪਰਿਵਾਰ ਪੜ੍ਹਾਉਣਾ ਨਹੀਂ ਚਾਹੁੰਦਾ ਸੀ ਪ੍ਰੰਤੂ ਉਸ ਦੀ ਲਗਨ ਅਤੇ ਦ੍ਰਿੜ੍ਹਤਾ ਨੇ ਸਾਹਿਤਕ ਖੇਤਰ ਦੀ ਸਭ ਤੋਂ ਸਰਵੋਤਮ ਡਿਗਰੀ ਡੀ.ਲਿਟ.ਪ੍ਰਾਪਤ ਕਰਕੇ ਹੀ ਦਮ ਲਿਆ। ਡੀ.ਲਿਟ.ਵੀ ਇੱਕ ਨਹੀਂ ਸਗੋਂ ਤਿੰਨ-ਤਿੰਨ ਪ੍ਰਾਪਤ ਕੀਤੀਆਂ। ਦੇਸ਼ ਦੀ ਵੰਡ ਨੇ ਵੀ ਉਸਦੇ ਰਸਤੇ ਵਿਚ ਰੁਕਾਵਟਾਂ ਖੜ੍ਹੀਆਂ ਕੀਤੀਆਂ। ਪੱਛਮੀ ਪੰਜਾਬ ਤੋਂ ਪੂਰਬੀ ਪੰਜਾਬ ਵਿੱਚ ਤਪਾਮੰਡੀ, ਨਰਾਇਣਗੜ੍ਹ ਕੋਲ ਅੰਬਾਲਾ ਜ਼ਿਲ੍ਹੇ ਦੇ ਲੋਟੋਂ ਪਿੰਡ ਜਿਥੇ ਪਰਿਵਾਰ ਨੂੰ ਜ਼ਮੀਨ ਅਲਾਟ ਹੋਈ ਸੀ, ਲੁਧਿਆਣਾ, ਦਿੱਲੀ, ਸੋਨੀਪਤ, ਅਖ਼ੀਰ ਪਟਿਆਲਾ ਆ ਕੇ ਵੱਸ ਗਏ।

ਸਭ ਤੋਂ ਪਹਿਲਾਂ ਉਨ੍ਹਾਂ ਅੰਬਾਲੇ ਫ਼ੌਜ ਵਿਚ ਸਿਵਲੀਅਨ ਕਲਰਕ ਦੀ ਨੌਕਰੀ ਕੀਤੀ। ਇੱਕ ਮਹੀਨੇ ਬਾਅਦ ਦਿੱਲੀ ਵਿਖੇ ਪੁਲਿਸ ਵਿਭਾਗ ਦੇ ਗੁਪਤਚਰ ਵਿਭਾਗ ਵਿਚ 7 ਜਨਵਰੀ 1949 ਨੂੰ ਨੌਕਰੀ 135 ਰੁਪਏ ਮਹੀਨਾ ਨਾਲ ਸ਼ੁਰੂ ਕੀਤੀ ਅਤੇ ਲਗਭਗ 7 ਸਾਲ ਨੌਕਰੀ ਕਰਦਿਆਂ ਪਹਿਲਾਂ ਗਿਆਨੀ, ਐਫ.ਏ.ਅਤੇ ਪ੍ਰਭਾਕਰ ਪਾਸ ਕੀਤੀਆਂ। ਇਸ ਤੋਂ ਇਲਾਵਾ 1952 ਵਿਚ ਬੀ.ਏ.ਪਾਰਟ ਟਾਈਮ ਅਤੇ ਬਾਅਦ ਵਿਚ ਬੀ.ਏ.ਫ਼ਾਰਸੀ, ਹਿੰਦੀ ਅਤੇ ਸੰਸਕ੍ਰਿਤ ਵਿਚ ਵੀ ਪਾਸ ਕੀਤੀਆਂ। ਈਵਨਿੰਗ ਕਲਾਸਾਂ ਵਿਚ ਪੱਤਰਕਾਰਤਾ ਦਾ ਡਿਪਲੋਮਾ ਵੀ ਕੀਤਾ। 1955 ਵਿਚ ਐਮ.ਏ.ਪੰਜਾਬੀ ਅਤੇ 1957 ਵਿਚ ਐਮ.ਏ.ਹਿੰਦੀ ਪਾਸ ਕੀਤੀਆਂ। ਇਹ ਸਾਰੀ ਪੜ੍ਹਾਈ ਦਿੱਲੀ ਰਹਿੰਦਿਆਂ ਕੀਤੀ। 98 ਸਾਲ ਦੀ ਉਮਰ ਵਿਚ ਵੀ ਉਹ ਖੋਜ ਪ੍ਰਤੀ ਪੂਰੇ ਸੁਚੇਤ ਰਹੇ ਸਨ, ਸਿੱਖ ਸੰਕਲਪ ਦੀ ਪੂਰਤੀ ਲਈ ਲਗਾਤਾਰ ਖੋਜ ਕਰ ਰਹੇ ਸਨ। ਪੰਜਾਬੀ ਭਾਸ਼ਾ ਅਤੇ ਸਾਹਿਤ ਨਾਲ ਦਿਲੋਂ ਜੁੜੇ ਹੋਏ ਰਤਨ ਸਿੰਘ ਜੱਗੀ ਦਾ ਜਨਮ ਪੱਛਮੀ ਪੰਜਾਬ ਦੇ ਅਟਕ ਜ਼ਿਲ੍ਹੇ ਦੇ ਪਿੰਡ ਪਿੰਡੀਘੇਬ ਵਿਖੇ 27 ਜੁਲਾਈ 1927 ਨੂੰ ਮਾਤਾ ਨਾਨਕੀ ਦੇਵੀ ਅਤੇ ਪਿਤਾ ਲੋੜੀਂਦਾ ਮੱਲ ਜੱਗੀ ਦੇ ਘਰ ਹੋਇਆ ਸੀ। ਹੁਣ ਇਹ ਪਿੰਡ ਪਾਕਿਸਤਾਨ ਦੇ ਕੈਂਬਲਪੁਰ ਜ਼ਿਲ੍ਹੇ ਵਿਚ ਹੈ। ਬਚਪਨ ਵਿਚ ਪੂਰਾ ਨਟਖਟ ਰਤਨ ਸਿੰਘ ਜੱਗੀ ਗੁੱਲੀ ਡੰਡਾ, ਕਬੱਡੀ ਅਤੇ ਘੁਲਣ ਦਾ ਸ਼ੌਕੀਨ ਰਿਹਾ ਹੈ। ਪੰਜ ਭਰਾ ਅਤੇ ਦੋ ਭੈਣਾਂ ਦੇ ਪਰਿਵਾਰ ਦੇ ਗੁਜ਼ਾਰੇ ਲਈ ਆਪਣੇ ਪਿਤਾ ਦਾ ਪੂਰਾ ਸਹਿਯੋਗੀ ਰਿਹਾ। ਘੁਲਾੜੀ ਚਲਾਉਂਦਾ ਅਤੇ ਘੁਲਾੜੀ ਵਿਚ ਗੰਨੇ ਵੀ ਦਿੰਦਾ ਰਿਹਾ। ਉਸ ਦੇ ਪਿਤਾ ਨੇ ਪਰਿਵਾਰ ਦੇ ਪਾਲਣ ਪੋਸ਼ਣ ਲਈ ਖੇਤੀਬਾੜੀ ਦੇ ਨਾਲ ਵਿਓਪਾਰ ਅਤੇ ਠੇਕੇਦਾਰੀ ਵੀ ਕੀਤੀ। ਉਹ ਹਮੇਸ਼ਾ ਉਨ੍ਹਾਂ ਦੇ ਨਾਲ ਹੁੰਦੇ ਸਨ। ਇਸ ਕਰਕੇ ਉਨ੍ਹਾਂ ਨੇ ਵਿਸ਼ਾਲ ਤਜ਼ਰਬਾ ਗ੍ਰਹਿਣ ਕੀਤਾ। ਉਸ ਦਾ ਦਾਦਾ ਮੂਲ ਰਾਜ ਜੱਗੀ ਹਿਕਮਤ ਦਾ ਕੰਮ ਕਰਦਾ ਸੀ। ਪੜ੍ਹਨ ਲਿਖਣ ਦਾ ਸ਼ੌਕ ਉਸ ਨੂੰ ਬਚਪਨ ਤੋਂ ਮਹੰਤ ਪੰਡਿਤ ਸੁੱਚਾ ਸਿੰਘ ਦੀ



ਪ੍ਰੇਰਨਾ ਨਾਲ ਪੈ ਗਿਆ ਸੀ। ਖੋਜ ਦੇ ਕੰਮ ਲਈ ਪੰਜਾਬੀ ਵਿਚ ਡਾ. ਹਰਿਭਜਨ ਸਿੰਘ ਅਤੇ ਹਿੰਦੀ ਵਿਚ ਹਜ਼ਾਰੀ ਪ੍ਰਸਾਦਿ ਦਿਵੇਦੀ ਉਨ੍ਹਾਂ ਦੇ ਪ੍ਰੇਰਨਾ ਸਰੋਤ ਸਨ। ਅੱਠਵੀਂ ਤੱਕ ਦੀ ਪੜ੍ਹਾਈ ਉਸ ਨੇ ਪਿੰਡੀਘੇਬ ਖਾਲਸਾ ਸਕੂਲ ਅਤੇ ਦਸਵੀਂ 1943 ਵਿਚ ਸਰਕਾਰੀ ਹਾਈ ਸਕੂਲ ਪਿੰਡੀਘੇਬ ਤੋਂ ਪਾਸ ਕੀਤੀ। ਦਸਵੀਂ ਤੱਕ ਪੜ੍ਹਾਈ ਲੈਂਪ ਦੀ ਰੌਸ਼ਨੀ ਵਿਚ ਹੀ ਕੀਤੀ।

ਉਹ ਕਿਹੜੀ ਸਮੱਸਿਆ ਹੈ, ਜਿਸਦਾ ਰਤਨ ਸਿੰਘ ਜੱਗੀ ਨੇ ਮੁਕਾਬਲਾ ਨਹੀਂ ਕੀਤਾ ਪ੍ਰੰਤੂ ਹਮੇਸ਼ਾ ਸਫਲਤਾ ਉਸ ਦੇ ਪੈਰ ਚੁੰਮਦੀ ਰਹੀ। ਮੁੱਢਲੀ ਸਿਖਿਆ ਪ੍ਰਾਪਤ ਕਰਨ ਉਪਰੰਤ ਉਸ ਨੇ ਐਮ. ਏ .ਪੰਜਾਬੀ ਅਤੇ ਹਿੰਦੀ ਦੇ ਵਿਸ਼ਿਆਂ ਵਿੱਚ ਕੀਤੀ। ਇਸ ਤੋਂ ਬਾਅਦ ਪੀ .ਐਚ.ਡੀ. ਅਤੇ ਡੀ. ਲਿਟ. ਦੀਆਂ ਡਿਗਰੀਆਂ ਪ੍ਰਾਪਤ ਕੀਤੀਆਂ। ਉਸ ਦਾ ਸੁਭਾਅ ਸ਼ੁਰੂ ਤੋਂ ਹੀ ਖੋਜੀ ਰਿਹਾ ਹੈ। ਉਸ ਹਰ ਕੰਮ ਖੋਜ ਦੇ ਆਧਾਰ 'ਤੇ ਕਰਨ ਦੇ ਆਦੀ ਹਨ, ਇਸ ਕਰਕੇ ਹੀ ਉਸ ਨੂੰ ਖੋਜੀ ਸਾਹਿਤਕਾਰ ਕਿਹਾ ਜਾਂਦਾ ਹੈ। ਉਹ ਮੁੱਖ ਤੌਰ 'ਤੇ ਗੁਰਬਾਣੀ, ਪੁਰਾਤਨ ਪੰਜਾਬੀ ਵਾਰਤਕ, ਪੁਰਾਤਨ ਹੱਥ ਲਿਖਤਾਂ ਅਤੇ ਇਤਿਹਾਸ ਆਦਿ ਦੇ ਵਿਸ਼ਿਆਂ ਨੂੰ ਚੁਣਦੇ ਹਨ ਅਤੇ ਉਹਨਾਂ ਦੇ ਵਿਸ਼ਿਆਂ 'ਤੇ ਉਸ ਦੀਆਂ 150 ਪੁਸਤਕਾਂ ਪ੍ਰਕਾਸ਼ਤ ਹੋਈਆਂ। ਡਾ. ਜੱਗੀ ਅੱਧੀ ਸਦੀ ਤੋਂ ਪੰਜਾਬੀ ਸਾਹਿਤ ਜਗਤ ਦੀ ਸੇਵਾ ਕਰ ਰਿਹਾ ਸੀ। ਉਸ ਨੇ ਜੀਵਨੀ ਸਾਹਿਤ ਉਪਰ ਵੀ ਤਿੰਨ ਪੁਸਤਕਾਂ ਭਾਈ ਗੁਰਦਾਸ ਦੀਆਂ ਵਾਰਾਂ ਬਾਰੇ ਸ਼ਬਦ ਕੋਸ਼ ਤੇ ਅਨੁਕਰਮਣਿਕਾ ਅਤੇ ਚਾਰ ਹਵਾਲਾ ਕੋਸ਼ ਲਿਖੇ ਸਨ। ਸੰਪਾਦਨ ਦੇ ਖੇਤਰ ਵਿੱਚ ਉਨ੍ਹਾਂ ਦੀ ਦੇਣ ਨੂੰ ਕਦੀ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਨੇ ਪੰਜ ਪੁਰਾਤਨ ਹੱਥ ਲਿਖਤਾਂ, ਤਿੰਨ ਬਾਣੀ ਸੰਗ੍ਰਹਿਆਂ ਅਤੇ ਨੌਂ ਰਚਨਾ ਸੰਗ੍ਰਹਿ ਸੰਪਾਦਿਤ ਕੀਤੇ ਸਨ। ਉਨ੍ਹਾਂ ਨੇ ਖੋਜ ਪੱਤਰਕਾ ਦੇ ਲਗਭਗ 20 ਵਿਸ਼ੇਸ਼ ਤੇ ਸਾਧਾਰਨ ਅੰਕਾਂ ਦਾ ਸੰਪਾਦਨ ਕੀਤਾ ਸੀ। ਟੀਕਾਕਾਰੀ ਦੇ ਖੇਤਰ ਵਿੱਚ ਵੀ ਉਸ ਦੀ ਦੇਣ ਵਰਣਨਯੋਗ ਹੈ। ਤੁਲਸੀ ਰਾਮਾਇਣ ਦਾ ਟੀਕਾ ਅਤੇ ਛੇ ਪੁਸਤਕਾਂ ਦਾ ਅਨੁਵਾਦ ਵੀ ਕੀਤਾ। ਉਨ੍ਹਾਂ ਨੇ 150 ਤੋਂ ਉਪਰ ਖੋਜ ਪੱਤਰ ਅਤੇ ਲੇਖ, ਵਾਰਤਾਵਾਂ ਦੀ ਰਚਨਾ ਕੀਤੀ ਹੈ। ਉਨ੍ਹਾਂ ਨੇ ਅੰਗਰੇਜ਼ੀ, ਹਿੰਦੀ ਅਤੇ ਪੰਜਾਬੀ ਦੇ ਹਵਾਲਾ ਕੋਸ਼ਾਂ ਲਈ ਇੰਦਰਾਜ ਇਕੱਤਰ ਕੀਤੇ ਅਤੇ ਪੰਜਾਬੀ ਦੇ ਵਿਕਾਸ ਲਈ ਹਮੇਸ਼ਾ ਸਹਿਯੋਗ ਦਿੱਤਾ ਹੈ। ਪੁਲਿਸ ਦੀ ਨੌਕਰੀ ਛੱਡਣ ਤੋਂ ਬਾਅਦ 17 ਮਾਰਚ 1957 ਨੂੰ ਹਿੰਦੂ ਕਾਲਜ ਸੋਨੀਪਤ, ਮਾਰਚ 1958 ਵਿਚ ਸਰਕਾਰੀ ਕਾਲਜ ਹਿਸਾਰ ਅਤੇ 25 ਮਈ 1963 ਤੋਂ ਜੁਲਾਈ 1965 ਤੱਕ ਮਹਿੰਦਰਾ ਕਾਲਜ ਪਟਿਆਲਾ ਵਿਚ ਬਤੌਰ ਲੈਕਚਰਾਰ ਸੇਵਾ ਨਿਭਾਈ। ਫਿਰ ਉਹ ਜੁਲਾਈ 1965 ਵਿਚ ਪੰਜਾਬੀ ਯੂਨੀਵਰਸਿਟੀ ਵਿਚ ਲੈਕਚਰਾਰ ਲੱਗ ਗਏ। ਦਸੰਬਰ 1962 ਵਿਚ ਉਨ੍ਹਾਂ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ "ਦਸਮ ਗ੍ਰੰਥ ਦੀਆਂ ਪੌਰਾਣਿਕ ਕ੍ਰਿਤੀਆਂ ਦਾ ਆਲੋਚਨਾਤਮਕ ਅਧਿਐਨ" ਦੇ ਵਿਸ਼ੇ 'ਤੇ ਪੀ.ਐਚ.ਡੀ.ਕਰ ਲਈ ਸੀ। 1971 ਵਿਚ ਉਹ ਪੰਜਾਬੀ ਯੂਨੀਵਰਸਿਟੀ ਵਿੱਚ ਰੀਡਰ ਦੇ ਅਹੁਦੇ 'ਤੇ ਨਿਯੁਕਤ ਹੋ ਗਏ। ਜੁਲਾਈ 1978 ਵਿਚ ਪੰਜਾਬੀ ਸਾਹਿਤ ਅਧਿਐਨ ਵਿਭਾਗ ਵਿਚ ਪ੍ਰੋਫ਼ੈਸਰ ਦੇ ਤੌਰ 'ਤੇ ਚੋਣ ਹੋ ਗਈ, ਜਿਸ ਅਹੁਦੇ 'ਤੇ ਉਹ 1987 ਤੱਕ ਰਹੇ। ਸੇਵਾ ਮੁਕਤੀ ਤੋਂ ਬਾਅਦ ਉਨ੍ਹਾਂ ਨੂੰ ਕਈ ਯੂਨੀਵਰਸਿਟੀਆਂ ਨੇ ਸੀਨੀਅਰ ਫੈਲੋਸ਼ਿਪ ਦਿੱਤੀ। ਇਸ ਸਮੇਂ ਉਹ ਪੰਜਾਬੀ ਯੂਨੀਵਰਸਿਟੀ ਵਿਚ ਆਜੀਵਨ ਫੈਲੋਸ਼ਿਪ 'ਤੇ ਸਨ। ਉਨ੍ਹਾਂ ਨੇ 1973 ਵਿਚ ਮਗਧ ਯੂਨੀਵਰਸਿਟੀ ਗਯਾ ਤੋਂ "ਗੁਰੂ ਨਾਨਕ ਵਿਕਤਿਤਵ, ਕ੍ਰਿਤਿਤਵ ਅਤੇ ਚਿੰਤਨ" ਦੇ ਵਿਸ਼ੇ 'ਤੇ ਡੀ.ਲਿਟ.ਦੀ ਡਿਗਰੀ ਪ੍ਰਾਪਤ ਕੀਤੀ। ਇਸਤੋਂ ਬਾਅਦ ਸਨਮਾਨ ਵੱਜੋਂ ਪੰਜਾਬੀ ਯੂਨੀਵਰਸਿਟੀ ਨੇ 2014 ਵਿਚ ਉਨ੍ਹਾਂ ਨੂੰ ਡੀ.ਲਿਟ.(ਮਾਨਾਰਥ) ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੇ 2015 ਵਿਚ ਡੀ.ਲਿਟ.(ਮਾਨਾਰਥ) ਪ੍ਰਦਾਨ ਕੀਤੀਆਂ। ਉਨ੍ਹਾਂ ਦੀ ਵਿਸ਼ੇਸ਼ਤਾ ਪੰਜਾਬੀ ਅਤੇ ਹਿੰਦੀ ਦਾ ਮੱਧਕਾਲੀਨ ਸਾਹਿਤ ਅਤੇ ਭਗਤੀ ਅੰਦੋਲਨ ਸਬੰਧੀ ਸਾਹਿਤ, ਸਿੱਖ ਧਰਮ ਗ੍ਰੰਥ ਅਤੇ ਭਾਰਤੀ ਕਾਵਿ ਸ਼ਾਸਤ੍ਰ ਵਿਚ ਹੈ।

1959 ਵਿਚ ਉਨ੍ਹਾਂ ਦਾ ਵਿਆਹ ਦਿੱਲੀ ਦੀ ਬੀਬੀ ਰਾਜਿੰਦਰ ਕੌਰ ਨਾਲ ਹੋ ਗਿਆ। ਜਿਸ ਤੋਂ ਉਨ੍ਹਾਂ ਦੇ ਦੋ ਸਪੁੱਤਰ ਵਰਿੰਦਰ ਸਿੰਘ ਅਤੇ ਮਲਵਿੰਦਰ ਸਿੰਘ ਪੈਦਾ ਹੋਏ। ਵਰਿੰਦਰ ਸਿੰਘ ਸਵਰਗਵਾਸ ਹੋ ਗਏ ਸਨ। ਮਾਲਵਿੰਦਰ ਸਿੰਘ ਜੱਗੀ ਸੇਵਾ ਮੁਕਤ ਆਈ. ਏ. ਐਸ. ਅਧਿਕਾਰੀ ਹਨ। 24 ਮਾਰਚ 1975 ਨੂੰ ਰਾਜਿੰਦਰ ਕੌਰ ਕੈਂਸਰ ਦੀ ਬਿਮਾਰੀ ਨਾਲ ਸਵਰਗਵਾਸ ਹੋ ਗਏ। ਫਿਰ ਉਨ੍ਹਾਂ ਦੀ ਸ਼ਾਦੀ ਡਾ.ਗੁਰਸ਼ਰਨ ਕੌਰ ਨਾਲ ਹੋ ਗਈ, ਜਿਹੜੇ ਮਹਿੰਦਰਾ ਕਾਲਜ ਦੇ ਪ੍ਰਿੰਸੀਪਲ ਸੇਵਾ ਮੁਕਤ ਹੋਏ ਹਨ। ਡਾ.ਗੁਰਸ਼ਰਨ ਕੌਰ ਜੱਗੀ ਨੇ ਥੋੜ੍ਹਾ ਸਮਾਂ ਪੰਜਾਬੀ ਯੂਨੀਵਰਸਿਟੀ ਦੇ ਰਜਿਸਟਰਾਰ ਦੇ ਤੌਰ 'ਤੇ ਵੀ ਕੰਮ ਕੀਤਾ। ਜਿਵੇਂ ਕਿਹਾ ਜਾਂਦਾ ਹੈ ਕਿ ਇਕ ਸਫਲ ਆਦਮੀ ਪਿਛੇ ਇਸਤਰੀ ਦਾ ਹੱਥ ਹੁੰਦਾ ਹੈ, ਉਸੇ ਤਰ੍ਹਾਂ ਡਾ.ਰਤਨ ਸਿੰਘ ਜੱਗੀ ਦੇ ਖੋਜ ਕਾਰਜਾਂ ਵਿੱਚ ਸਫਲਤਾ ਪਿਛੇ ਡਾ.ਗੁਰਸ਼ਰਨ ਕੌਰ ਜੱਗੀ ਦਾ ਯੋਗਦਾਨ ਮਹੱਤਵਪੂਰਨ ਹੈ। ਉਹ ਆਪਣੇ ਪਿੱਛੇ ਪਤਨੀ ਡਾ.ਗੁਰਸ਼ਰਨ ਕੌਰ ਜੱਗੀ, ਸਪੁੱਤਰ ਮਲਵਿੰਦਰ ਸਿੰਘ ਜੱਗੀ ਨੂੰਹ ਅਤੇ ਪੋਤਾ ਤੇ ਪੋਤੀ ਛੱਡ ਗਏ ਹਨ।

# ਮੋਬਾਇਲ ਦੀ ਅੰਨ੍ਹੀ ਦੌੜ 'ਚ ਗੁਆਚਦੇ ਪਰਿਵਾਰਕ ਰਿਸ਼ਤੇ



ਦਲਬੀਰ ਸਿੰਘ ਧਾਲੀਵਾਲ
86993-22704

ਸਚਦੇਵਾ ਜੀ ਦੀ ਤਬੀਅਤ ਅੱਜ ਠੀਕ ਨਾ ਹੋਣ ਕਾਰਨ ਉਹ ਸੁਭਾ ਆਪਣੇ ਬਿਸਤਰੇ ਤੋਂ ਲੇਟ ਉੱਠੇ ਅਤੇ ਬਾਹਰ ਨਿਕਲ ਕੇ ਜਦੋਂ ਡਰਾਇੰਗ ਰੂਮ ਵੱਲ ਵਧੇ ਤਾਂ ਸਾਰੇ ਪ੍ਰੀਵਾਰਕ ਮੈਂਬਰ ਅਪਣੇ ਆਪਣੇ ਮੋਬਾਈਲਾਂ ਉਤੇ ਸਿਰ ਝੁਕਾਏ ਮਸਤ ਬੈਠੇ ਸਨ ਕਿਉਂਕਿ ਕਿਸੇ ਨੇ ਵੀ ਸਿਰ ਚੁੱਕ ਕੇ ਉਹਨਾਂ ਵਲ ਵੇਖਣ ਦੀ ਖੇਚਲ ਨਾ ਕੀਤੀ। ਉਹਨਾਂ ਨੇ ਕੁਰਲੀ ਵਗੈਰਾ ਕਰਕੇ ਆਪਣੀ ਪਤਨੀ ਨੂੰ ਕਿਹਾ : ਮੇਰੀ ਤਬੀਅਤ ਠੀਕ ਨਹੀਂ ਹੈ, ਘਬਰਾਹਟ ਹੋ ਰਹੀ ਹੈ, ਇਸ ਲਈ ਮੈਂ ਡਾਕਟਰ ਕੋਲ ਚੈੱਕ ਕਰਾਉਣ ਲਈ ਜਾ ਰਿਹਾ ਹਾਂ। ਇਸ 'ਤੇ ਪਤਨੀ ਮੋਬਾਇਲ ਉਤੇ ਉਵੇਂ ਹੀ ਸਿਰ ਝੁਕਾਏ ਹੋਏ ਬੋਲੀ : ਠੀਕ ਹੈ ਆਪਣਾ ਧਿਆਨ ਰੱਖਣਾ, ਪਰ ਬਾਕੀ ਜੀਅ ਸਭ ਉਵੇਂ ਹੀ ਬੈਠੇ ਰਹੇ ਅਤੇ ਮੁੰਡੇ ਨੇ ਵੀ ਨਾ ਕਿਹਾ ਕਿ ਪਿਤਾ ਜੀ ਅਸੀਂ ਇੱਕ ਜਣਾ ਤੁਹਾਡੇ ਨਾਲ ਚਲਦੇ ਹਾਂ। ਖੈਰ ਸਚਦੇਵਾ ਜੀ ਨੇ ਬਾਈਕ ਦੀ ਚਾਬੀ ਚੁੱਕੀ, ਬਾਹਰ ਸਟੈਂਡ ਵੱਲ ਨੂੰ ਵਧੇ ਤੇ ਬਾਈਕ ਸਟਾਰਟ ਕਰਨ ਲਗੇ ਤਾਂ ਬਾਈਕ ਸਟਾਰਟ ਨਹੀਂ ਸੀ ਹੋ ਰਹੀ, ਜਿਸ 'ਤੇ ਉਹ ਘਬਰਾਹਟ ਨਾਲ ਪਸੀਨੋ ਪਸੀਨੀ ਹੋ ਰਹੇ ਸਨ। ਇੰਨੇ ਨੂੰ ਉਹਨਾਂ ਦੇ ਘਰ ਦਾ ਪੁਰਾਣਾ ਨੌਕਰ ਰਾਮੂ ਅੰਦਰ ਦਾਖਲ ਹੋਇਆ ਜੋ ਪਿਛਲੇ 20 ਸਾਲਾਂ ਤੋਂ ਕੰਮ ਕਰਦਾ ਸੀ ਅਤੇ ਕਾਫੀ ਵਫਾਦਾਰ ਅਤੇ ਸੇਵਾ ਭਾਵ ਵਾਲਾ 30-35 ਸਾਲ ਉਮਰ ਦਾ ਹੀ ਸੀ। ਉਸਨੇ ਜਦ ਸਚਦੇਵਾ ਜੀ ਦੀ ਅਜਿਹੀ ਹਾਲਤ ਵੇਖੀ ਤਾਂ ਬੋਲਿਆ, ਅਰੇ ਮਾਲਕ ਆਪ ਕੀ ਤਬੀਅਤ ਤੋ ਬਹੁਤ ਖਰਾਬ ਲੱਗ ਰਹੀ ਹੈ, ਛੋੜੋ ਮੈਂ ਬਾਈਕ ਸਟਾਰਟ ਕਰਤਾ ਹੂੰ ਔਰ ਆਪ ਕੋ ਅਭੀ ਹਸਪਤਾਲ ਲੇ ਚਲਤਾ ਹੂੰ। ਨੌਕਰ ਸਮਝਦਾਰ ਸੀ ਇਸ ਲਈ ਉਸਨੇ ਬਾਈਕ ਸਟਾਰਟ ਕੀਤੀ ਅਤੇ ਸਚਦੇਵਾ ਜੀ ਨੂੰ ਨਾਲ ਬੈਠਾ ਕੇ ਸਿੱਧ ਹਸਪਤਾਲ ਦੇ ਐਮਰਜੈਂਸੀ ਵਾਰਡ ਵੱਲ ਨੂੰ ਲੈ ਗਿਆ, ਡਾਕਟਰ ਨੂੰ ਉਸਨੇ ਸਾਰੀ ਗੱਲ ਦੱਸੀ ਤਾਂ ਡਾਕਟਰਾਂ ਨੇ ਚੈਕ ਕਰਨੇ ਕਿਹਾ ਕਿ ਹਾਰਟ ਦੀ ਪਰੌਬਲਮ ਜਾਪਦੀ ਹੈ, ਟੈਸਟ ਵਗੈਰਾ ਕਰਾਉਂਦੇ ਹਾਂ। ਤੁਸੀਂ ਆਹ ਟੈਸਟਾਂ ਦੇ ਪੈਸੇ ਜਮ੍ਹਾਂ ਕਰਾ ਦਿਓ। ਕੁੱਝ ਪੈਸੇ ਤਾਂ ਸਚਦੇਵਾ ਜੀ ਨਾਲ ਲੈ ਕੇ ਆਏ ਸਨ, ਜੋ ਉਹਨਾਂ ਨੇ ਰਾਮੂ ਨੂੰ ਫੜਾ ਦਿੱਤੇ ਜਮ੍ਹਾਂ ਕਰਾਉਣ ਲਈ ਅਤੇ ਬਾਕੀ ਉਸ ਨੂੰ ਸਮਝਾ ਦਿੱਤਾ ਕਿ ਮੇਰੇ ਕੋਲ ਏ.ਟੀ.ਐਮ. ਕਾਰਡ ਹੈ ਹੋਰ ਲੋੜ ਪਈ ਤਾਂ ਤੈਨੂੰ ਸਮਝਾ ਦੇਵਾਂਗਾ ਤੂੰ ਪੈਸੇ ਕਢਵਾ ਲਿਆਈਂ। ਡਾਕਟਰਾਂ ਨੇ ਉਸਨੂੰ ਦਾਖਲ ਕਰਕੇ ਮੁੱਢਲਾ ਇਲਾਜ ਸ਼ੁਰੂ ਕਰ ਦਿੱਤਾ।

ਟੈਸਟਾਂ ਦੀਆਂ ਰਿਪੋਰਟਾਂ ਆਉਣੀਆਂ ਅਜੇ ਬਾਕੀ ਸਨ ਪਰ ਡਾਕਟਰਾਂ ਨੂੰ ਵੈਸੇ ਕਾਫੀ ਹੱਦ ਤੱਕ ਅੰਦਾਜ਼ਾ ਹੋ ਚੁੱਕਿਆ ਸੀ ਕਿ ਸ਼ਾਇਦ ਹਾਰਟ ਦਾ ਛੋਟਾ ਓਪਰੇਸ਼ਨ ਕਰਨਾ ਪਵੇ ਇਸ ਲਈ ਉਹਨਾਂ ਨੇ ਇੱਕ ਫਾਰਮ ਭਰਵਾਇਆ ਅਤੇ ਉਸ ਉਪਰ ਮਰੀਜ਼ ਦੇ ਪ੍ਰੀਵਾਰਕ ਮੈਂਬਰ ਦੇ ਹਸਤਾਖਰ ਕਰਨ ਲਈ ਜਦੋਂ ਕਿਹਾ ਤਾਂ ਸਚਦੇਵਾ ਜੀ ਨੇ ਉਹ ਫਾਰਮ ਰਾਮੂ ਵੱਲ ਵਧਾ ਦਿੱਤਾ ਤੇ ਕਿਹਾ ਕਿ ਤੂੰ ਦਸਤਖਤ ਕਰਦੇ ਕਿਉਂਕਿ ਤੂੰ ਹੁਣ ਮੇਰਾ ਪਰਿਵਾਰਕ ਮੈਂਬਰ ਹੀ ਹੈਂ। ਇੰਨੇ ਨੂੰ ਸਚਦੇਵਾ ਜੀ ਦੀ ਪਤਨੀ ਦਾ ਫੋਨ ਆਇਆ ਰਾਮੂ ਕੋਲ ਕਿ ਰਾਮੂ ਤੂੰ ਅੱਜ ਕੰਮ 'ਤੇ ਕਿਉਂ ਨਹੀਂ ਆਇਆ, ਤੂੰ ਬਗੈਰ ਦਸੇ ਤੋਂ ਹੀ ਛੁੱਟੀ ਮਾਰ ਲਈ ਅੱਜ, ਕਿੰਨਾ ਕੰਮ ਪਿਆ ਹੈ ਕਰਨ ਵਾਲਾ। ਰਾਮੂ ਨੇ ਥੋੜਾ ਪਾਸੇ ਹੋ ਕੇ ਫੋਨ ਸੁਣਿਆ ਤੇ ਕਹਿ ਦਿੱਤਾ ਬੀਬੀ ਜੀ ਬੇਸ਼ੱਕ ਤੁਸੀਂ ਮੇਰੀ ਅੱਜ ਦੀ ਤਨਖਾਹ ਕੱਟ ਲੈਣਾ ਪਰ ਮੈਂ ਬਾਬੂ ਜੀ ਨੂੰ ਹਸਪਤਾਲ ਲੈ ਕੇ ਆਇਆ ਹਾਂ ਅਤੇ ਡਾਕਟਰਾਂ ਨੇ ਉਹਨਾਂ ਨੂੰ ਦਾਖਲ ਕਰ ਲਿਆ ਹੈ, ਟੈਸਟ ਹੋ ਰਹੇ ਹਨ, ਡਾਕਟਰ ਕਹਿੰਦੇ ਹਨ ਕਿ ਦਿਲ ਦੀ ਤਕਲੀਫ ਹੈ, ਹੋ ਸਕਦਾ ਹੈ ਉਹਨਾਂ ਦਾ ਛੋਟਾ ਆਪਰੇਸ਼ਨ ਕਰਨਾ ਪਵੇ ਹੈ। ਥੋੜ੍ਹੀ ਦੇਰੀ ਬਾਅਦ ਸਚਦੇਵਾ ਜੀ ਦੇ ਦੋਵੇਂ ਪੁੱਤਰ, ਨੂੰਹ ਅਤੇ ਪਤਨੀ ਉਸਦੇ ਬੈੱਡ ਕੋਲ ਪਹੁੰਚ ਗਏ ਸਨ ਜੋ ਨੀਵੀਆਂ ਪਾਈ ਖੜ੍ਹੇ ਸ਼ਰਮਸਾਰ ਹੋ ਰਹੇ ਸਨ ਕਿ ਅਸੀਂ ਤਾਂ ਮੋਬਾਇਲ ਵੇਖਣ ਦੀ ਮਸਤੀ ਵਿੱਚ ਆਪਣੇ ਘਰ ਦੇ ਮੁਖੀ ਦੀ ਤਕਲੀਫ ਦੀ ਪ੍ਰਵਾਹ ਹੀ ਨਾ ਕੀਤੀ ਪਰ ਸਾਡੇ ਨਾਲੋਂ ਤਾਂ ਨੌਕਰ ਹੀ ਚੰਗਾ ਹੈ, ਜਿਸਨੇ ਆਪਣੇ ਮਾਲਕ ਪ੍ਰਤੀ ਇੰਨੀ ਵਫਾਦਾਰੀ ਨਿਭਾਈ ਹੈ ਪਰ ਇੱਕ ਅਸੀਂ ਹਾਂ ਜੋ ਪ੍ਰੀਵਾਰਕ ਰਿਸ਼ਤਿਆਂ ਪ੍ਰਤੀ ਆਪਣਾ ਫਰਜ਼ ਹੀ ਭੁੱਲ ਗਏ। ਉਹ ਪਛਤਾ ਰਹੇ ਸਨ ਅਤੇ ਸਚਦੇਵਾ ਜੀ ਬੈੱਡ ਉੱਤੇ ਲੇਟੇ ਹੋਏ ਉਹਨਾਂ ਤੋਂ ਮੂੰਹ ਫੇਰੀ ਪਏ ਸਨ, ਉਹਨਾਂ ਵੱਲ ਉਹ ਝਾਕ ਹੀ ਨਹੀਂ ਰਹੇ ਸਨ। ਡਾਕਟਰਾਂ ਅਨੁਸਾਰ ਐਮਰਜੈਂਸੀ ਮੌਕੇ ਖੂਨ ਦੀ ਲੋੜ ਪੈਣ 'ਤੇ ਉਹਨਾਂ ਦੇ ਬਲੱਡ ਗਰੁੱਪ ਲਈ ਰਾਮੂ ਨੇ ਆਪਣਾ ਖੂਨ ਟੈਸਟ ਵੀ ਕਰਵਾ ਲਿਆ ਜੋ ਗਰੁੱਪ ਨਾਲ ਮਿਲ ਚੁੱਕਾ ਸੀ ਤੇ ਉਸਨੇ ਕਹਿ ਦਿੱਤਾ ਸੀ ਕਿ ਲੋੜ ਪੈਣ 'ਤੇ ਮੈਂ ਖੂਨ ਦੇ ਦੇਵਾਂਗਾ। ਇਸ ਲਈ ਸਚਦੇਵਾ ਜੀ ਉਸਨੂੰ ਆਪਣਾ ਅਸਲੀ ਵਫਾਦਾਰ ਪ੍ਰੀਵਾਰਕ ਮੈਂਬਰ ਸਮਝ ਰਹੇ ਸਨ ਪਰ ਦੂਜੇ ਪਾਸੇ ਜਨਮ ਜਨਮ ਦਾ ਸਾਥ ਨਿਭਾਉਣ ਵਾਲੀ ਪਤਨੀ, ਜੰਮਣ ਤੋਂ ਲੈ ਕੇ ਬਾਪ ਦੇ ਹੱਥਾਂ ਵਿੱਚ ਪਲੇ ਤੇ ਵੱਡੇ ਹੋਏ ਪੁੱਤ ਅਤੇ ਉਹ ਨੂੰਹ ਜਿਸ ਬਾਰੇ ਕਿਹਾ ਜਾਂਦਾ ਹੈ ਕਿ ਨੂੰਹ ਸਹੁਰਾ ਪ੍ਰੀਵਾਰ ਦੀ ਧੀ ਹੀ ਬਣ ਜਾਂਦੀ ਹੈ, ਇਹ ਸਭ ਆਪਣੇ ਪਰਿਵਾਰ ਮੁਖੀ ਸਾਹਮਣੇ ਸ਼ਰਮਿੰਦੇ ਹੋਏ ਖੜ੍ਹੇ ਸਨ ਕਿਉਂਕਿ ਇਸ ਮੋਬਾਇਲ ਦੀ ਲੋੜ ਤੋਂ ਵੱਧ ਵਰਤੋਂ ਅਤੇ ਅੰਨੀ ਦੌੜ ਨੇ ਪ੍ਰੀਵਾਰਕ ਰਿਸ਼ਤਿਆਂ ਨੂੰ ਅੱਜ ਗੰਧਲਾ ਕਰ ਦਿੱਤਾ ਸੀ। ਇਸ ਬਾਰੇ ਸਾਨੂੰ ਸੁਚੇਤ ਹੋਣ ਦੀ ਲੋੜ ਕਿ ਇਹ ਰਿਸ਼ਤੇ ਬਹੁਤ ਕੀਮਤੀ ਹਨ ਅਤੇ ਇਨ੍ਹਾਂ ਨੂੰ ਸੰਭਾਲਣਾ ਬਹੁਤ ਜ਼ਰੂਰੀ ਹੈ। ਪਰ ਅੱਜ ਅਸੀਂ ਆਮ ਹੀ ਵੇਖਦੇ ਹਾਂ ਕਿ ਸਾਡੇ ਪ੍ਰੀਵਾਰਾਂ ਵਿੱਚ ਸਾਡੀ ਨਵੀਂ ਪੀੜ੍ਹੀ ਦੇ ਧੀਆਂ ਪੁੱਤ ਆਪਣੇ ਆਪਣੇ ਮੋਬਾਇਲਾਂ ਉੱਤੇ ਇੰਨੇ ਮਸਤ ਰਹਿੰਦੇ ਹਨ ਕਿ ਉਹਨਾਂ ਕੋਲ ਆਪਣੇ ਬਜ਼ੁਰਗ ਮਾਂ ਬਾਪ ਕੋਲ ਬੈਠਕੇ ਗੱਲਬਾਤ ਕਰਨ ਦਾ ਵਕਤ ਹੀ ਨਹੀਂ ਹੈ, ਜਿਸ ਲਈ ਸਾਡੇ ਬਜ਼ੁਰਗ ਤਰਸਦੇ ਹੀ ਰਹਿੰਦੇ ਹਨ।

ਕਈ ਨੌਜਵਾਨ ਬੱਚੇ ਤਾਂ ਮੋਬਾਇਲ 'ਤੇ ਇੰਨੇ ਦੀਵਾਨੇ ਹੋ ਜਾਂਦੇ ਹਨ ਕਿ ਮਾਂ ਬਾਪ ਵੱਲੋਂ ਰੋਕਣ 'ਤੇ ਬਹੁਤ ਗੁੱਸਾ ਕਰਦੇ ਹਨ, ਜਿਸ ਦੀ ਇੱਕ ਤਾਜ਼ਾ ਮਿਸਾਲ ਕੁੱਝ ਦਿਨ ਪਹਿਲਾਂ ਵਾਪਰੀ ਇੱਕ ਤਾਜ਼ਾ ਘਟਨਾ ਦੀ ਹੈ ਕਿ ਲਖਨਊ ਵਿੱਚ ਇੱਕ 16 ਸਾਲਾ ਨੌਜਵਾਨ ਨੂੰ ਮੋਬਾਇਲ ਉੱਤੇ ਪੱਬਜੀ ਗੇਮ ਖੇਡਣ ਦਾ ਬਹੁਤ ਜਨੂੰਨ ਸੀ ਪਰ ਉਸ ਦੀ ਮਾਂ ਉਸ ਨੂੰ ਰੋਕਦੀ ਸੀ ਅਤੇ ਇਵੇਂ ਹੀ ਇੱਕ ਦਿਨ ਗੁੱਸੇ ਵਿੱਚ ਆਏ ਉਸ ਪੁੱਤ ਨੇ ਆਪਣੇ ਬਾਪ ਦੀ ਲਾਇਸੈਂਸੀ ਬਦੂੰਕ ਨਾਲ ਮਾਂ ਨੂੰ ਹੀ ਗੋਲੀ ਮਾਰ ਕੇ ਮਾਰ ਦਿੱਤਾ ਅਤੇ ਉਸ ਦੀ ਲਾਸ਼ ਨੂੰ ਦੋ ਦਿਨ ਕਮਰੇ ਵਿੱਚ ਹੀ ਬੰਦ ਕਰੀ ਰੱਖਿਆ, ਬਦਬੂ ਤੋਂ ਬਚਾਅ ਲਈ ਕਮਰੇ ਵਿੱਚ ਰੂਮ-ਫਰੈਸ਼ਨਰ ਛਿੜਕਿਆ ਪ੍ਰੰਤੂ ਦੋ ਤਿੰਨ ਦਿਨ ਬਾਅਦ ਜਦੋਂ ਬਦਬੂ ਜ਼ਿਆਦਾ ਹੋ ਗਈ ਤਾਂ ਉਸ ਨੇ ਆਪਣੇ ਪਿਤਾ ਨੂੰ ਸਾਰੀ ਗੱਲ ਦਸ ਦਿੱਤੀ ਜੋ ਪੱਛਮੀ ਬੰਗਾਲ ਵਿੱਚ ਫੌਜੀ ਜਵਾਨ ਵਜੋਂ ਤੈਨਾਤ ਹੈ। ਉਸ ਦੇ ਪਿਤਾ ਨੇ ਪੁਲਿਸ ਨੂੰ ਸੂਚਿਤ ਕੀਤਾ ਅਤੇ ਪੁਲਿਸ ਨੇ ਲਾਸ਼ ਬਰਾਮਦ ਕਰਕੇ ਇਸ ਦਾ ਪੋਸਟਮਾਰਟਮ ਕਰਵਾਇਆ ਅਤੇ ਇਹ ਨਾਬਾਲਗ ਪੁੱਤਰ ਹੁਣ ਜੇਲ੍ਹ ਦੀ ਕਾਲ ਕੋਠੜੀ ਵਿੱਚ ਬੰਦ ਹੈ। ਇਹੋ ਜਿਹੀ ਆਦਤ ਹੀ ਸਾਡੇ ਛੋਟੇ ਬੱਚਿਆਂ ਦੀ ਵੀ ਬਣਦੀ ਜਾ ਰਹੀ ਹੈ, ਜਿਸ ਨਾਲ ਉਹਨਾਂ ਵੱਲੋਂ ਲੋੜ ਤੋਂ ਵੱਧ ਮੋਬਾਇਲ ਉੱਤੇ ਅੱਖਾਂ ਗੱਡ ਕੇ ਬੈਠੇ ਰਹਿਣ ਨਾਲ ਨਜ਼ਰਾਂ ਵੀ ਕਮਜ਼ੋਰ ਹੁੰਦੀਆਂ ਹਨ ਅਤੇ ਦਿਮਾਗੀ ਸੰਤੁਲਨ ਵੀ ਵਿਗੜਨ ਦਾ ਖਦਸ਼ਾ ਰਹਿੰਦਾ ਹੈ, ਜਿਸ ਬਾਰੇ ਡਾਕਟਰਾਂ ਵੱਲੋਂ ਵੀ ਚੇਤਾਵਨੀ ਦਿੱਤੀ ਗਈ ਹੈ ਅਤੇ ਕਈ ਘਟਨਾਵਾਂ ਵੀ ਵਾਪਰਦੀਆਂ ਵੇਖੀਆਂ ਗਈਆਂ ਹਨ। ਬੇਸ਼ੱਕ ਵਿਗਿਆਨਕ ਅਤੇ ਵਿੱਦਿਅਕ ਤਰੀਕੇ ਨਾਲ ਮੋਬਾਇਲ ਦੀ ਕੀਤੀ ਵਰਤੋਂ ਠੀਕ ਵੀ ਹੈ ਪ੍ਰੰਤੂ ਫਿਰ ਵੀ ਸਾਵਧਾਨੀ ਵਰਤਣ ਦੀ ਲੋੜ ਹੈ ਕਿਉਂਕਿ ਬਹੁ ਗਿਣਤੀ ਨੌਜਵਾਨ ਤਾਂ ਕਰੀਬ ਗਲਤ ਵਰਤੋਂ ਹੀ ਕਰਦੇ ਹਨ, ਜਿਸ ਲਈ ਬੱਚਿਆਂ ਦੇ ਮਾਂ ਬਾਪ ਵੱਲੋਂ ਚੌਕਸ ਰਹਿਣ ਦੀ ਜ਼ਰੂਰਤ ਹੈ। ਇਹ ਧਿਆਨ ਰੱਖਣ ਦੀ ਵੀ ਵਿਸ਼ੇਸ ਲੋੜ ਹੈ ਕਿ ਇਸ ਦੀ ਬੇਲੋੜੀ ਵਰਤੋਂ ਨਾਲ ਸਾਡੇ ਪਰਿਵਾਰਕ ਰਿਸ਼ਤੇ ਖਰਾਬ ਨਾ ਹੋਣ ਕਿਉਂਕਿ ਸਾਡੇ ਇਹ ਰਿਸ਼ਤੇ ਬੜੇ ਕੀਮਤੀ ਅਤੇ ਨਾਜ਼ੁਕ ਹੁੰਦੇ ਹਨ, ਜਿਨ੍ਹਾਂ ਵਿੱਚ ਅੱਜ ਤਰੇੜਾਂ ਪੈ ਰਹੀਆਂ ਹਨ, ਜਿਸਨੂੰ ਸੰਭਾਲਿਆ ਜਾਵੇ। ਇੱਕ ਵਿਦਵਾਨ ਨੇ ਵੀ ਕਿਹਾ ਹੈ ਕਿ : "ਸ਼ੀਸ਼ਾ ਔਰ ਰਿਸ਼ਤਾ ਦੋਨੋਂ ਬੜੇ ਨਾਜ਼ੁਕ ਹੋਤੇ ਹੈਂ ਪਰ ਫਰਕ ਸਿਰਫ ਇਤਨਾ ਹੈ ਦੋਨੋਂ ਮੇਂ, ਕਿ ਸ਼ੀਸ਼ਾ ਗਲਤੀ ਸੇ ਟੂਟ ਜਾਤਾ ਹੈ ਔਰ ਰਿਸ਼ਤਾ ਲਾਹਪਰਵਾਹੀ ਸੇ"। ਸਿਆਣੇ ਤਾਂ ਇਹ ਵੀ ਕਹਿੰਦੇ ਹਨ ਕਿ ਰਿਸ਼ਤੇ ਕਦੀ ਵੀ ਕੁਦਰਤੀ ਮੌਤ ਨਹੀਂ ਮਰਦੇ, ਇਨ੍ਹਾਂ ਨੂੰ ਹਮੇਸ਼ਾ ਇਨਸਾਨ ਹੀ ਮਾਰਦਾ ਹੈ, ਨਫ਼ਰਤ ਨਾਲ, ਨਜ਼ਰ ਅੰਦਾਜ਼ੀ ਨਾਲ ਅਤੇ ਗਲਤ ਫਹਿਮੀ ਨਾਲ। ਆਓ ਇੱਕ ਸ਼ਾਇਰ ਦੀਆਂ ਇਹ ਸਤਰਾਂ ਯਾਦ ਰੱਖੀਏ :

ਤਲਾਸ਼ ਹੈ ਇਕ ਐਸੇ ਦਰਜੀ ਕੀ ਜੋ
ਉਧੜੇ ਹੋਏ ਰਿਸ਼ਤੋਂ ਕੀ ਅੱਛੀ ਤਰਹ ਸੇ ਸਿਲਾਈ ਕਰਦੇ,
ਜੋ ਗਲਤ ਫਹਿਮੀ ਕੇ ਛੇਦੋਂ
ਕੋ, ਪੂਰੀ ਸਫਾਈ ਕੇ ਸਾਥ ਰਫ਼ੂ ਕਰਦੇ।




# ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਾਕਾ ਸ੍ਰੀ ਪਾਉਂਟਾ ਸਾਹਿਬ ਦੀ ਯਾਦ 'ਚ ਸਮਾਗਮ



ਅੰਮ੍ਰਿਤਸਰ, 23 ਮਈ, (ਗੁਰਦਿਆਲ ਸਿੰਘ) : ਸੰਨ 1964 'ਚ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਦੇ ਪ੍ਰਬੰਧ ਨੂੰ ਮਹੰਤਾਂ ਤੋਂ ਅਜ਼ਾਦ ਕਰਵਾਉਣ ਸਮੇਂ ਵਾਪਰੇ ਸਾਕੇ 'ਚ ਸ਼ਹੀਦ ਹੋਏ ਸਿੰਘਾਂ ਦੀ ਯਾਦ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਸਾਕੇ ਦੀ ਸਲਾਨਾ ਯਾਦ ਮੌਕੇ ਅੱਜ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਹਜ਼ੂਰੀ ਰਾਗੀ ਭਾਈ ਜਗਦੀਪ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਭਾਈ ਗੁਰਮਿੰਦਰ ਸਿੰਘ ਨੇ ਸਰਵਣ ਕਰਵਾਇਆ। ਜ਼ਿਕਰਯੋਗ ਹੈ ਕਿ ਸ੍ਰੀ ਪਾਉਂਟਾ ਸਾਹਿਬ ਦੇ ਸਾਕੇ ਦੌਰਾਨ ਨਿਹੰਗ ਜਥੇਬੰਦੀ ਮਿਸਲ ਸ਼ਹੀਦਾਂ ਤਰਨਾ ਦਲ ਦੇ 11 ਸਿੰਘ ਸ਼ਹੀਦ ਹੋਏ ਸਨ। ਇਸ ਸਾਕੇ ਦੇ ਗਵਾਹ ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਜੀ ਹਰੀਆਂ ਵੇਲਾਂ ਵਾਲੇ ਹਨ, ਜਿਨ੍ਹਾਂ ਨੂੰ ਪੰਥ ਵੱਲੋਂ ਜਿੰਦਾ ਸ਼ਹੀਦ ਦਾ ਖਿਤਾਬ ਮਿਲਿਆ ਹੋਇਆ ਹੈ।

ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਅਜ਼ਾਦੀ ਤੋਂ ਬਾਅਦ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ ਵਾਪਰਿਆ ਸਾਕਾ ਸਿੱਖ ਕੌਮ ਕਦੇ ਵੀ ਭੁੱਲ ਨਹੀਂ ਸਕਦੀ। ਇਸ ਸਾਕੇ ਵਿੱਚ ਨਿਹੰਗ ਜਥੇਬੰਦੀ ਮਿਸਲ ਸ਼ਹੀਦਾਂ ਤਰਨਾ ਦਲ ਦੇ ਸਿੰਘਾਂ ਵੱਲੋਂ ਵੱਡੀਆਂ ਸ਼ਹਾਦਤਾਂ ਦੇ ਕੇ ਗੁਰਦੁਆਰਾ ਸਾਹਿਬ ਦਾ ਪ੍ਰਬੰਧ ਪੰਥਕ ਹੱਥਾਂ ਵਿੱਚ ਲਿਆ ਗਿਆ ਸੀ।

ਇਸ ਦੌਰਾਨ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲਿਆਂ ਨੇ ਸ਼੍ਰੋਮਣੀ ਕਮੇਟੀ ਵੱਲੋਂ ਸਾਕੇ ਦੀ ਯਾਦ ਹਰ ਸਾਲ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਮਨਾਉਣ ਅਤੇ ਸਾਕੇ ਦਾ ਚਿੱਤਰ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾਉਣ ਲਈ ਸ਼੍ਰੋਮਣੀ ਕਮੇਟੀ ਦਾ ਧੰਨਵਾਦ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਹੋਰ ਸ਼ਖ਼ਸੀਅਤਾਂ ਵੱਲੋਂ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਦਾ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਬਾਬਾ ਮਹਾਂਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸੁਰਜੀਤ ਸਿੰਘ ਤੁਗਲਵਾਲ, ਪਰਮਜੀਤ ਸਿੰਘ ਖਾਲਸਾ, ਮੈਂਬਰ ਸੁਰਜੀਤ ਸਿੰਘ ਭਿੱਟੇਵੱਡ, ਮੰਗਵਿੰਦਰ ਸਿੰਘ ਖਾਪੜਖੇੜੀ, ਬਾਬਾ ਬੂਟਾ ਸਿੰਘ, ਅਮਰੀਕ ਸਿੰਘ ਕੋਟਸ਼ਮੀਰ, ਬਲਜੀਤ ਸਿੰਘ ਜਲਾਲਉਸਮਾਂ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਸਕੱਤਰ ਪ੍ਰਤਾਪ ਸਿੰਘ, ਵਧੀਕ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ, ਬਿਜੈ ਸਿੰਘ, ਪ੍ਰੀਤਪਾਲ ਸਿੰਘ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ, ਮੈਨੇਜਰ ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਜਸਵਿੰਦਰ ਸਿੰਘ ਜੱਸੀ, ਮਨਜੀਤ ਸਿੰਘ, ਬਲਵਿੰਦਰ ਸਿੰਘ ਖੈਰਾਬਾਦ, ਹਰਭਜਨ ਸਿੰਘ ਵਕਤਾ, ਸੁਪ੍ਰਿੰਟੈਂਡੈਂਟ ਨਿਸ਼ਾਨ ਸਿੰਘ, ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਨਰਿੰਦਰ ਸਿੰਘ, ਸਤਨਾਮ ਸਿੰਘ ਰਿਆੜ, ਵਧੀਕ ਮੈਨੇਜਰ ਬਿਕਰਮਜੀਤ ਸਿੰਘ ਝੰਗੀ, ਨਿਸ਼ਾਨ ਸਿੰਘ ਜ਼ੱਫ਼ਰਵਾਲ, ਯੁਵਰਾਜ ਸਿੰਘ, ਗੁਰਿੰਦਰ ਸਿੰਘ ਦੇਵੀਦਾਸਪੁਰ, ਗੁਰਤਿੰਦਰਪਾਲ ਸਿੰਘ ਕਾਦੀਆਂ ਆਦਿ ਹਾਜ਼ਰ ਸਨ।

# ਈ.ਟੀ.ਓ. ਵੱਲੋਂ ਪੀ.ਐਸ.ਪੀ.ਸੀ.ਐਲ. ਦੇ ਬੁਨਿਆਦੀ ਢਾਂਚੇ 'ਚ ਕੀਤੇ ਮਿਸਾਲੀ ਬਦਲਾਅ ਦੀ ਸ਼ਲਾਘਾ



ਪੀਐਸਪੀਸੀਐਲ ਦਾ ਪੱਛਮੀ ਜ਼ੋਨ ਇੱਕ ਪ੍ਰਤੱਖ ਉਦਾਹਰਣ ਹੈ ਕਿ ਸੁਹਿਰਦ ਤੇ ਨਿਰਪੱਖ ਸ਼ਾਸਨ ਅਤੇ ਲੋਕਾਂ ਪ੍ਰਤੀ ਸਮਰਪਣ ਦੀ ਭਾਵਨਾ ਕੀ-ਕੁਝ ਪ੍ਰਾਪਤ ਕਰ ਸਕਦੀ ਹੈ।

ਅੰਮ੍ਰਿਤਸਰ, 23 ਮਈ, (ਬਬਲੂ ਮਹਾਜਨ) : ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਵੱਲੋਂ ਖ਼ਾਸ ਕਰਕੇ ਪੱਛਮੀ ਜ਼ੋਨ ਦੇ ਬਿਜਲੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ ਕੀਤੀ ਸ਼ਾਨਦਾਰ ਪ੍ਰਗਤੀ ਦੀ ਸ਼ਲਾਘਾ ਕੀਤੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਗਤੀਸ਼ੀਲ ਅਗਵਾਈ ਹੇਠ, ਪੱਛਮੀ ਜ਼ੋਨ ਜਿਸ ਵਿੱਚ ਬਠਿੰਡਾ, ਮਾਨਸਾ, ਫਰੀਦਕੋਟ, ਮੋਗਾ, ਫਿਰੋਜ਼ਪੁਰ, ਸ੍ਰੀ ਮੁਕਤਸਰ ਸਾਹਿਬ ਅਤੇ ਫਾਜ਼ਿਲਕਾ ਜ਼ਿਲ੍ਹੇ ਸ਼ਾਮਲ ਹਨ, ਵਿੱਚ ਸਾਲ 2024-25 ਦੌਰਾਨ ਬਿਜਲੀ ਵੰਡ, ਟਰਾਂਸਮਿਸ਼ਨ ਅਤੇ ਭਰੋਸੇਯੋਗਤਾ ਵਿੱਚ ਮਿਸਾਲੀ ਵਾਧਾ ਕੀਤਾ ਗਿਆ ਹੈ।

ਇਹਨਾਂ ਵਿਕਾਸਸ਼ੀਲ ਕਾਰਜਾਂ ਦੀ ਮਹੱਤਤਾ 'ਤੇ ਬੋਲਦਿਆਂ ਬਿਜਲੀ ਮੰਤਰੀ ਨੇ ਕਿਹਾ ਕਿ ਪੱਛਮੀ ਜ਼ੋਨ ਵਿੱਚ ਆਈ ਤਬਦੀਲੀ, ਪੰਜਾਬ ਸਰਕਾਰ ਦੀ ਹਰੇਕ ਘਰ, ਉਦਯੋਗ ਅਤੇ ਖੇਤੀਬਾੜੀ ਉਪਭੋਗਤਾ ਨੂੰ ਭਰੋਸੇਯੋਗ ਅਤੇ ਨਿਰਵਿਘਨ ਬਿਜਲੀ ਪ੍ਰਦਾਨ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਮਜ਼ਬੂਤ ਸਮਰਥਨ ਨਾਲ, ਅਸੀਂ ਪੰਜਾਬ ਨੂੰ ਬਿਜਲੀ ਭਰੋਸੇਯੋਗਤਾ ਅਤੇ ਬੁਨਿਆਦੀ ਢਾਂਚੇ ਵਿੱਚ ਮੋਹਰੀ ਬਣਾਉਣ ਲਈ ਵਚਨਬੱਧ ਹਾਂ।

ਹਰਭਜਨ ਸਿੰਘ ਈਟੀਓ ਨੇ ਅੱਗੇ ਕਿਹਾ ਕਿ ਇਹ ਸੁਧਾਰ ਮਹਿਜ਼ ਅੰਕੜਿਆਂ ਵਿੱਚ ਹੀ ਨਹੀਂ ਸਗੋਂ - ਇਹ ਲੋਕਾਂ, ਉਦਯੋਗਾਂ ਅਤੇ ਸੰਸਥਾਵਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਨਾਲ ਸਮਰੱਥ ਬਣਾਉਣ ਵੱਲ ਇੱਕ ਅਰਥਪੂਰਨ ਤੇ ਅਸਰਅੰਦਾਜ਼ ਕਦਮ ਨੂੰ ਦਰਸਾਉਂਦੇ ਹਨ। ਪੰਜਾਬ ਵਿੱਚ ਚੱਲ ਰਹੇ ਇਸ ਵਿਕਾਸ ਅਤੇ ਆਧੁਨਿਕੀਕਰਨ ਦੇ ਸਫ਼ਰ ਵਿੱਚ ਪੀ.ਐਸ.ਪੀ.ਸੀ.ਐਲ. ਦਾ ਪੱਛਮੀ ਜ਼ੋਨ ਤਰੱਕੀ ਦੇ ਇੱਕ ਚਾਨਣ ਮੁਨਾਰੇ ਵਜੋਂ ਖੜ੍ਹਾ ਹੈ, ਮੁਕੰਮਲ ਬਿਜਲੀਕਰਨ, ਸਸ਼ਕਤ ਅਤੇ ਭਵਿੱਖ ਮੁਖੀ ਚੁਣੌਤੀਆਂ ਨੂੰ ਨਜਿੱਠਣ ਲਈ ਤਿਆਰ ਹੈ।

# ਪੰਜਾਬ ਰਾਜ ਮਹਿਲਾ ਕਮਿਸ਼ਨ ਨੇ ਅੰਮ੍ਰਿਤਸਰ 'ਚ ਔਰਤਾਂ ਦੇ ਮਸਲੇ ਸੁਣਨ ਲਈ ਲਗਾਈ ਲੋਕ ਅਦਾਲਤ

## ਲਿਵ-ਇਨ-ਰਿਲੇਸ਼ਨ ਦੇ ਵੱਧ ਰਹੇ ਮਾਮਲੇ ਸਮਾਜ ਲਈ ਚਿੰਤਾਜਨਕ : ਰਾਜ ਲਾਲੀ ਗਿੱਲ



ਅੰਮ੍ਰਿਤਸਰ, 23 ਮਈ, (ਬਬਲੂ ਮਹਾਜਨ) : ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਅੱਜ ਅੰਮ੍ਰਿਤਸਰ ਪੁਲਿਸ ਲਾਈਨ ਵਿਖੇ ਖੁੱਲ੍ਹਾ ਦਰਬਾਰ ਲਗਾ ਕੇ ਔਰਤਾਂ ਦੀਆਂ ਮੁਸ਼ਕਲਾਂ ਨੂੰ ਸੁਣਿਆ ਤੇ ਮੌਕੇ 'ਤੇ ਹੀ ਪੁਲਿਸ ਅਧਿਕਾਰੀਆਂ ਨੂੰ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ। ਜ਼ਿਕਰਯੋਗ ਹੈ ਕਿ ਅੱਜ ਦੀ ਇਸ ਲੋਕ ਅਦਾਲਤ ਵਿੱਚ ਕਮਿਸ਼ਨ ਵੱਲੋਂ 35 ਕੇਸਾਂ ਦੀ ਸੁਣਵਾਈ ਕੀਤੀ ਗਈ ਅਤੇ ਮੌਕੇ 'ਤੇ 30 ਹੋਰ ਪ੍ਰਾਪਤ ਹੋਏ ਕੇਸ ਵੀ ਸੁਣੇ।

ਚੇਅਰਪਰਸਨ ਵੱਲੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕਮਿਸ਼ਨ ਹਰੇਕ ਜ਼ਿਲ੍ਹੇ ਅੰਦਰ ਜਾ ਕੇ ਔਰਤਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਦਾ ਨਿਪਟਾਰਾ ਕਰੇਗਾ। ਉਨ੍ਹਾਂ ਦੱਸਿਆ ਕਿ ਪੀੜਤ ਮਹਿਲਾਵਾਂ ਮੋਹਾਲੀ ਵਿਖੇ ਕਮਿਸ਼ਨ ਤੱਕ ਆਪਣੀ ਪਹੁੰਚ ਨਹੀਂ ਕਰ ਪਾਉਂਦੀਆਂ, ਇਸ ਲਈ ਕਮਿਸ਼ਨ ਵੱਲੋਂ ਜ਼ਿਲ੍ਹਿਆਂ ਅੰਦਰ ਹੀ ਲੋਕ ਦਰਬਾਰ ਲਗਾ ਕੇ ਮੁਸ਼ਕਲਾਂ ਨੂੰ ਸੁਣਿਆ ਜਾਂਦਾ ਹੈ ਤੇ ਕੋਸ਼ਿਸ਼ ਕੀਤੀ ਜਾਂਦੀ ਹੈ ਕਿ ਮੌਕੇ 'ਤੇ ਹੀ ਸ਼ਿਕਾਇਤਾਂ ਦਾ ਨਿਪਟਾਰਾ ਹੋ ਸਕੇ। ਪੱਤਰਕਾਰਾਂ ਦੇ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਕਮਿਸ਼ਨ 'ਤੇ ਕੋਈ ਸਿਆਸੀ ਦਬਾਅ ਨਹੀਂ ਹੈ ਅਤੇ ਕਮਿਸ਼ਨ ਨਿਰਪੱਖ ਹੋ ਕੇ ਕੇਸਾਂ ਦੀ ਜਾਂਚ ਕਰਦਾ ਹੈ।

ਸ਼੍ਰੀਮਤੀ ਰਾਜ ਲਾਲੀ ਗਿੱਲ ਨੇ ਕਿਹਾ ਕਿ ਲਿਵ-ਇਨ-ਰਿਲੇਸ਼ਨ ਦੇ ਵੱਧ ਰਹੇ ਮਾਮਲੇ ਸਾਡੇ ਸਮਾਜ ਲਈ ਚਿੰਤਾਜਨਕ ਹਨ। ਇੱਥੇ ਪੁਲਿਸ ਲਾਈਨਜ਼ ਵਿਖੇ ਔਰਤਾਂ ਦੀਆਂ ਸਮੱਸਿਆਵਾਂ ਸੁਣਨ ਤੇ ਉਨ੍ਹਾਂ ਨੂੰ ਨਿਆਂ ਦਿਵਾਉਣ ਲਈ ਲਗਾਈ ਲੋਕ ਅਦਾਲਤ ਮੌਕੇ ਰਾਜ ਲਾਲੀ ਗਿੱਲ ਨੇ ਕਿਹਾ ਕਿ ਮੁੰਡੇ-ਕੁੜੀਆਂ ਤੇ ਇੱਥੋਂ ਤੱਕ ਕਿ ਕਈ ਵਿਆਹੇ ਹੋਏ ਮਰਦ ਤੇ ਔਰਤਾਂ ਵੀ ਲਿਵ ਇਨ ਰਿਲੇਸ਼ਨ ਦੀ ਇਸ ਬੁਰਾਈ ਵੱਲ ਧੱਕੇ ਜਾ ਰਹੇ ਹਨ, ਜੋ ਕਿ ਸਾਡੇ ਸਮਾਜ ਨੂੰ ਸਿਉਂਕ ਵਾਂਗ ਖਾ ਰਹੀ ਹੈ, ਜਿਸ ਤੋਂ ਬਚਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਉਹ ਰਾਜ ਸਰਕਾਰ ਨੂੰ ਇਸ ਮਾਮਲੇ 'ਤੇ ਕਾਨੂੰਨ ਵਿੱਚ ਸੋਧ ਕਰਨ ਲਈ ਲਿਖ ਰਹੇ ਹਨ।

ਚੇਅਰਪਰਸਨ ਰਾਜ ਲਾਲੀ ਗਿੱਲ ਨੇ ਇਸ ਲੋਕ ਅਦਾਲਤ ਮੌਕੇ 35 ਦੇ ਕਰੀਬ ਮਾਮਲਿਆਂ ਦੀ ਸੁਣਵਾਈ ਕਰਦਿਆਂ ਬਹੁਤੇ ਕੇਸਾਂ ਵਿੱਚ ਪੁਲਿਸ ਦੇ ਜਾਂਚ ਅਧਿਕਾਰੀਆਂ ਨੂੰ ਮੁੜ ਤੋਂ ਪੜਤਾਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਇਹ ਧਾਰਨਾ ਹੈ ਕਿ ਕਿਸੇ ਵੀ ਪੀੜਤ ਮਹਿਲਾ ਦੀ ਪੂਰੀ ਸੁਣਵਾਈ ਹੋਵੇ ਅਤੇ ਉਸਨੂੰ ਸਮਾਂਬੱਧ ਢੰਗ ਨਾਲ ਤਰਕਸੰਗਤ ਨਿਆਂ ਪ੍ਰਦਾਨ ਕੀਤਾ ਜਾਵੇ। ਰਾਜ ਲਾਲੀ ਗਿੱਲ ਨੇ ਪੱਤਰਕਾਰਾਂ ਦੇ ਸਵਾਲ ਦੇ ਜਵਾਬ ਵਿਚ ਕਿਹਾ ਕਿ ਔਰਤਾਂ ਵਿਰੁੱਧ ਭੱਦੀ ਸ਼ਬਦਾਵਲੀ ਵਰਤਣ ਦੇ ਮਾਮਲੇ 'ਚ ਮਹਿਲਾ ਕਮਿਸ਼ਨ ਬਹੁਤ ਸਖ਼ਤ ਹੈ, ਇਸ ਲਈ ਕਿਸੇ ਵੀ ਆਮ-ਖਾਸ ਵਿਅਕਤੀ ਨੂੰ ਮਹਿਲਾਵਾਂ ਵਿਰੁੱਧ ਕਿਸੇ ਵੀ ਤਰ੍ਹਾਂ ਦੀ ਮੰਦੀ ਸ਼ਬਦਾਵਲੀ ਵਰਤਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਮੌਜੂਦਾ ਸਮੇਂ ਛੋਟੀ-ਛੋਟੀ ਗੱਲ ਬਰਦਾਸ਼ਤ ਨਾ ਕਰਨਾ ਅਤੇ ਸਹਿਣਸ਼ੀਲਤਾ ਘਟਣ ਕਰਕੇ ਪਰਿਵਾਰਾਂ 'ਚ ਖਿੱਚੋਤਾਣ ਤੇ ਝਗੜੇ ਵੱਧ ਰਹੇ ਹਨ। ਉਨ੍ਹਾਂ ਕਿਹਾ ਕਿ ਬਿਰਧ ਆਸ਼ਰਮਾਂ ਦਾ ਵਧਣਾ ਵੀ ਸਾਡੇ ਸਮਾਜ ਲਈ ਚਿੰਤਾਜਨਕ ਹੈ। ਚੇਅਰਪਰਸਨ ਦੇ ਨਾਲ ਕਮਿਸ਼ਨ ਦੇ ਡਿਪਟੀ ਡਾਇਰੈਕਟਰ ਨਿਖਿਲ ਅਰੋੜਾ, ਐਸ.ਡੀ.ਐਮ. ਸ: ਖੁਸ਼ਪ੍ਰੀਤ ਸਿੰਘ ਤੇ ਇਲਾਵਾ ਲੋਕ ਅਦਾਲਤ ਮੌਕੇ ਉੱਚ ਪੁਲਿਸ ਅਧਿਕਾਰੀ ਵੀ ਹਾਜ਼ਰ ਸਨ।

# ਵਾਰਡ ਡਿਫੈਂਸ ਕਮੇਟੀਆਂ ਨੇ ਨਸ਼ਿਆਂ ਨੂੰ ਖ਼ਤਮ ਕਰਨ ਦਾ ਲਿਆ ਪ੍ਰਣ



ਜਲੰਧਰ, 23 ਮਈ, (ਸੰਦੀਪ ਕੌਲ) : ਪੰਜਾਬ ਸਰਕਾਰ ਵੱਲੋਂ ਸੂਬੇ 'ਚੋਂ ਨਸ਼ਿਆਂ ਦੇ ਖ਼ਾਤਮੇ ਲਈ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਸੂਬਾ ਵਾਸੀਆਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਅਤੇ ਰੋਜ਼ਾਨਾ ਵੱਡੀ ਗਿਣਤੀ ਲੋਕ ਇਸ ਮੁਹਿੰਮ ਨਾਲ ਜੁੜ ਰਹੇ ਹਨ।

ਇਹ ਪ੍ਰਗਟਾਵਾ ਪੰਜਾਬ ਦੇ ਬਾਗ਼ਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖ਼ਾਤਮੇ ਲਈ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਵਾਰਡ ਨੰਬਰ 54,55 ਅਤੇ 56 ਵਿਖੇ ਵਾਰਡ ਡਿਫੈਂਸ ਕਮੇਟੀਆਂ ਦੇ ਭਰਵੇਂ ਇਕੱਠਾਂ ਨੂੰ ਸੰਬੋਧਨ ਕਰਦਿਆਂ ਕੀਤਾ।

ਲਸੂੜੀ ਮੁਹੱਲਾ, ਬਸਤੀ ਮਿੱਠੂ ਅਤੇ ਬਾਬਾ ਬੁੱਢਾ ਜੀ ਨਗਰ ਵਿਖੇ ਹੋਈਆਂ ਇਨ੍ਹਾਂ ਇਕੱਤਰਤਾਵਾਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਨਸ਼ਾ ਤਸਕਰਾਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਨਸ਼ੇ ਦੇ ਆਦੀ ਵਿਅਕਤੀਆਂ ਦੇ ਇਲਾਜ ਤੇ ਮੁੜ ਵਸੇਬੇ ਲਈ ਢੁੱਕਵੀਆਂ ਇਲਾਜ ਸਹੂਲਤਾਂ ਉਪਲੱਬਧ ਕਰਵਾਉਣ ਤੋਂ ਇਲਾਵਾ ਜਨ ਜਾਗਰੂਕਤਾ ਰਾਹੀਂ ਘਰ-ਘਰ ਨਸ਼ਿਆਂ ਖਿਲਾਫ਼ ਸੰਦੇਸ਼ ਪਹੁੰਚਾਇਆ ਜਾ ਰਿਹਾ ਹੈ।

ਸ਼੍ਰੀ ਭਗਤ ਨੇ ਵਾਰਡ ਡਿਫੈਂਸ ਕਮੇਟੀਆਂ ਵੱਲੋਂ ਨਸ਼ਿਆਂ ਨੂੰ ਜੜ੍ਹੋਂ ਪੁੱਟ ਸੁੱਟਣ ਲਈ ਨਿਭਾਈ ਜਾ ਰਹੀ ਸਰਗਰਮ ਭੂਮਿਕਾ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਕਮੇਟੀਆਂ ਵੱਲੋਂ ਆਪੋ-ਆਪਣੇ ਪਿੰਡਾਂ/ ਵਾਰਡਾਂ ਵਿੱਚ ਨਸ਼ਿਆਂ ਦੀ ਰੋਕਥਾਮ ਕਰਨ ਤੋਂ ਇਲਾਵਾ ਨਸ਼ਿਆਂ 'ਤੇ ਨਿਰਭਰ ਲੋਕਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਲਿਆਉਣ ਲਈ ਵੀ ਅਣਥੱਕ ਯਤਨ ਕੀਤੇ ਜਾ ਰਹੇ ਹਨ।

ਇਸ ਮੌਕੇ ਮੌਜੂਦ ਪੁਲਿਸ ਅਧਿਕਾਰੀ ਨੇ ਕਿਹਾ ਕਿ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕਰਨ ਲਈ ਪੂਰੀ ਖੁਦਮੁਖਤਿਆਰੀ ਦਿੱਤੀ ਗਈ ਹੈ। ਉਨ੍ਹਾਂ ਨਾਗਰਿਕਾਂ ਨੂੰ ਵਟਸਐਪ ਨੰਬਰ 9779-100-200 ਰਾਹੀਂ ਨਸ਼ੀਲੇ ਪਦਾਰਥਾਂ ਨਾਲ ਸਬੰਧਤ ਕੋਈ ਵੀ ਜਾਣਕਾਰੀ ਸਾਂਝੀ ਕਰਨ ਦੀ ਅਪੀਲ ਕੀਤੀ। ਉਨ੍ਹਾਂ ਇਹ ਵੀ ਦੱਸਿਆ ਕਿ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਿਆਂ ਦੀ ਸੂਚਨਾ ਦੇਣ ਵਾਲੇ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ।

ਸਿਹਤ ਵਿਭਾਗ ਦੇ ਨੁਮਾਇੰਦਿਆਂ ਨੇ ਜ਼ਿਲ੍ਹੇ ਵਿੱਚ ਸਿਵਲ ਹਸਪਤਾਲ ਜਲੰਧਰ ਅਤੇ ਨੂਰਮਹਿਲ ਵਿਖੇ ਚੱਲਦੇ ਦੋ ਨਸ਼ਾ ਛੁਡਾਊ ਕੇਂਦਰਾਂ, ਸ਼ੇਖੇ ਪਿੰਡ ਵਿੱਚ ਚੱਲਦੇ ਮੁੜ ਵਸੇਬਾ ਕੇਂਦਰ ਅਤੇ ਓਟ ਕਲੀਨਿਕਾਂ ਸਮੇਤ ਹੋਰ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਹੋਰ ਸਹਾਇਤਾ ਲਈ ਜ਼ਿਲ੍ਹਾ ਨਸ਼ਾ ਛੁਡਾਊ ਹੈਲਪਲਾਈਨ (0181-2911969) ਵੀ ਉਪਲਬਧ ਹੈ। ਇਸ ਮੌਕੇ ਸੰਦੀਪ ਵਰਮਾ, ਮੁਕੇਸ਼ ਸੇਠੀ ਅਤੇ ਅਮਿਤ ਲੂਥਰਾ ਸਮੇਤ ਵਾਰਡ ਦੀਆਂ ਪ੍ਰਮੁੱਖ ਸ਼ਖਸੀਅਤਾਂ ਵੀ ਮੌਜੂਦ ਸਨ।

# ਮੋਹਿੰਦਰ ਭਗਤ ਨੇ ਆਰੀਆ ਸਮਾਜ ਵੇਦ ਮੰਦਰ ਨੂੰ ਦਿੱਤਾ 5 ਲੱਖ ਰੁਪਏ

ਜਲੰਧਰ, 23 ਮਈ, (ਸੰਦੀਪ ਕੌਲ) : ਪੰਜਾਬ ਦੇ ਬਾਗਬਾਨੀ, ਆਜ਼ਾਦੀ ਸੰਗ੍ਰਾਮੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਆਰੀਆ ਸਮਾਜ ਵੇਦ ਮੰਦਰ ਪ੍ਰਬੰਧਕ ਕਮੇਟੀ, ਭਾਰਗਵ ਨਗਰ, ਜਲੰਧਰ ਨੂੰ ਉਨ੍ਹਾਂ ਦੀ ਵਿਸ਼ੇਸ਼ ਮੰਗ 'ਤੇ ਮੰਦਰ ਦੇ ਵਿਕਾਸ ਕਾਰਜਾਂ ਲਈ 5 ਲੱਖ ਰੁਪਏ ਦਾ ਅਨੁਦਾਨ ਦਿੱਤਾ।

ਅੱਜ ਆਰਿਆ ਸਮਾਜ ਵੇਦ ਮੰਦਰ ਲਈ ਗ੍ਰਾਂਟ ਮਨਜ਼ੂਰ ਹੋਣ 'ਤੇ ਮੋਹਿੰਦਰ ਭਗਤ ਨੇ ਮੰਦਰ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੂੰ 5 ਲੱਖ ਰੁਪਏ ਦਾ ਚੈਕ ਸੌਂਪਿਆ, ਜਿਸ ਲਈ ਕਮੇਟੀ ਵੱਲੋਂ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ।

ਇਸ ਮੌਕੇ ਮੋਹਿੰਦਰ ਭਗਤ ਨੇ ਕਿਹਾ ਕਿ ਮਹਾਰਿਸ਼ੀ ਦਯਾਨੰਦ ਸਰਸਵਤੀ ਜੀ ਨੇ ਦੇਸ਼ ਵਿੱਚੋਂ ਛੂਆਛਾਤ ਨੂੰ ਖਤਮ ਕਰਨ ਲਈ ਆਰੀਆ ਸਮਾਜ ਦੀ ਸਥਾਪਨਾ ਕੀਤੀ ਸੀ। ਇਹ ਉਨ੍ਹਾਂ ਦੇ ਯਤਨਾਂ ਦਾ ਨਤੀਜਾ ਹੈ ਕਿ ਅੱਜ ਦਲਿਤ ਸਮਾਜ ਦੇ ਲੋਕ ਇੱਜ਼ਤ ਨਾਲ ਆਪਣਾ ਜੀਵਨ ਜੀ ਰਹੇ ਹਨ।

ਉਨ੍ਹਾਂ ਨੇ ਕਿਹਾ ਕਿ ਇਹ ਸਾਡਾ ਨੈਤਿਕ ਫ਼ਰਜ਼ ਬਣਦਾ ਹੈ ਕਿ ਅਸੀਂ ਵੀ ਮਹਾਰਿਸ਼ੀ ਦਯਾਨੰਦ ਸਰਸਵਤੀ ਜੀ ਦੇ ਸੰਸਥਾਨਾਂ ਨੂੰ ਵਿਕਸਿਤ ਕਰਨ ਲਈ ਆਪਣਾ ਯੋਗਦਾਨ ਪਾਈਏ।

ਇਸ ਮੌਕੇ ਕਮਲ ਕਿਸ਼ੋਰ, ਰਮੇਸ਼ ਲਾਲ, ਸੁਦੇਸ਼ ਕੁਮਾਰ, ਰਾਜ ਕੁਮਾਰ, ਬਿਸ਼ੰਬਰ ਕੁਮਾਰ, ਕੀਮਤੀ ਭਗਤ, ਜੈ ਚੰਦ, ਸੁਦੇਸ਼ ਭਗਤ, ਵਿਜੇ ਕੁਮਾਰ, ਰੌਕਸੀ ਅਰੋੜਾ, ਵਰੁਣ ਸੱਜਣ ਅਤੇ ਹੋਰ ਮੈਂਬਰ ਮੌਜੂਦ ਸਨ।

# ਸ਼ਸ਼ੀ ਥਰੂਰ ਨੂੰ ਮਿਲਣ ਪਹੁੰਚੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ



ਅੰਮ੍ਰਿਤਸਰ, 23 ਮਈ, (ਗੁਰਦਿਆਲ ਸਿੰਘ) : ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਡਾ. ਸ਼ਸ਼ੀ ਥਰੂਰ ਨਾਲ ਮੁਲਾਕਾਤ ਕਰਕੇ, ਅੰਮ੍ਰਿਤਸਰ ਦੀ ਨਸ਼ਿਆਂ ਦੀ ਸਮੱਸਿਆ ਅਤੇ ਡਿੱਗਦੀ ਆਰਥਿਕ ਸਥਿਤੀ 'ਤੇ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਨੇ ਡਾ. ਥਰੂਰ ਨੂੰ ਇੱਕ ਮੰਗ ਪੱਤਰ ਸੌਂਪਿਆ ਅਤੇ ਅੰਮ੍ਰਿਤਸਰ ਦੀ ਸਥਿਤੀ ਨੂੰ ਸੁਧਾਰਨ ਲਈ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਦਖਲ ਦੀ ਮੰਗ ਕੀਤੀ। ਡਾ. ਸ਼ਸ਼ੀ ਥਰੂਰ ਦੂਜੇ ਦੇਸ਼ਾਂ ਦੇ ਦੌਰੇ 'ਤੇ ਜਾਣ ਵਾਲੇ ਵਫ਼ਦ ਦਾ ਹਿੱਸਾ ਹਨ।

ਐਮ.ਪੀ ਔਜਲਾ ਨੇ ਕਿਹਾ ਕਿ ਪੰਜਾਬ, ਖਾਸ ਕਰਕੇ ਅੰਮ੍ਰਿਤਸਰ ਦਾ ਸਰਹੱਦੀ ਇਲਾਕਾ, ਪਿਛਲੇ 45 ਸਾਲਾਂ ਤੋਂ ਨਾਰਕੋ ਅੱਤਵਾਦ, ਡਰੋਨ ਯੁੱਧ ਅਤੇ ਸਰਹੱਦ ਪਾਰ ਹਥਿਆਰਾਂ ਦੀ ਤਸਕਰੀ ਵਿੱਚ ਸਭ ਤੋਂ ਅੱਗੇ ਰਿਹਾ ਹੈ।

# ਉੱਚ ਸਿੱਖਿਆ ਸੰਸਥਾਵਾਂ ਵਿੱਚ ਉਦਯੋਗਿਕ ਸੋਚ ਪੈਦਾ ਕਰਨ ਲਈ ਵਰਕਿੰਗ ਗਰੁੱਪ ਦਾ ਗਠਨ

## ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਡਾ. ਕਰਮਜੀਤ ਸਿੰਘ ਬਣੇ ਚੇਅਰਮੈਨ

ਅੰਮ੍ਰਿਤਸਰ, 23 ਮਈ, (ਬਬਲੂ ਮਹਾਜਨ) : ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਵਿੱਚ ਉਦਯੋਗਿਕ ਸੋਚ ਤੇ ਰੁਜ਼ਗਾਰਯੋਗ ਹੁਨਰ ਵਿਕਸਤ ਕਰਨ ਦੀ ਦਿਸ਼ਾ ਵਿੱਚ ਇਕ ਵੱਡਾ ਫੈਸਲਾ ਲਿਆ ਗਿਆ ਹੈ। ਸੂਬਾ ਸਰਕਾਰ ਨੇ ਉੱਚ ਸਿੱਖਿਆ ਸੰਸਥਾਵਾਂ ਵਿੱਚ ਉੱਦਮਤਾ ਨੂੰ ਉਤਸ਼ਾਹਿਤ ਕਰਨ ਅਤੇ ਨਵੀਨਤਾ ਨੂੰ ਵਧਾਵਾ ਦੇਣ ਲਈ ਇਕ ਵਿਸ਼ੇਸ਼ ਵਰਕਿੰਗ ਗਰੁੱਪ ਦੀ ਸਥਾਪਨਾ ਕੀਤੀ ਹੈ।

ਇਹ ਜਾਣਕਾਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਵਾਈਸ-ਚਾਂਸਲਰ ਅਤੇ ਨਵੇਂ ਬਣਾਏ ਗਏ ਵਰਕਿੰਗ ਗਰੁੱਪ ਦੇ ਚੇਅਰਮੈਨ ਡਾ. ਕਰਮਜੀਤ ਸਿੰਘ ਨੇ ਅੱਜ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਿੱਤੀ। ਉਨ੍ਹਾਂ ਦੱਸਿਆ ਕਿ ਉੱਚੇ ਪੱਧਰ ਦੀ ਮੀਟਿੰਗ, ਜੋ ਉੱਚ ਸਿੱਖਿਆ ਤੇ ਭਾਸ਼ਾਵਾਂ ਬਾਰੇ ਮਾਨਯੋਗ ਮੰਤਰੀ ਦੀ ਅਗਵਾਈ ਹੇਠ ਹੋਈ, ਵਿਚ ਇਹ ਫੈਸਲਾ ਲਿਆ ਗਿਆ।

ਵਰਕਿੰਗ ਗਰੁੱਪ ਵਿੱਚ ਪ੍ਰਮੁੱਖ ਯੂਨੀਵਰਸਿਟੀਆਂ ਦੇ ਉਪ-ਕੁਲਪਤੀ, ਸੀਨੀਅਰ ਆਈ ਏ ਐੱਸ ਅਧਿਕਾਰੀ, ਉਦਯੋਗ ਅਤੇ ਨਵੀਨਤਾ ਖੇਤਰ ਦੇ ਨੁਮਾਇੰਦੇ ਸ਼ਾਮਲ ਕੀਤੇ ਗਏ ਹਨ। ਉੱਚ ਸਿੱਖਿਆ ਅਤੇ ਭਾਸ਼ਾਵਾਂ ਵਿਭਾਗ ਦੇ ਡਿਪਟੀ ਡਾਇਰੈਕਟਰ ਸ਼੍ਰੀ ਜਤਿੰਦਰਪਾਲ ਸਿੰਘ ਨੂੰ ਗਰੁੱਪ ਦਾ ਮੈਂਬਰ ਸਕੱਤਰ ਨਿਯੁਕਤ ਕੀਤਾ ਗਿਆ ਹੈ।

ਡਾ. ਕਰਮਜੀਤ ਸਿੰਘ ਨੇ ਦੱਸਿਆ ਕਿ ਵਰਕਿੰਗ ਗਰੁੱਪ ਪੰਜਾਬ ਵਿੱਚ ਉੱਦਮਤਾ ਸਿੱਖਿਆ ਨੂੰ ਮਜਬੂਤੀ ਦੇਣ ਲਈ ਰੋਡਮੈਪ ਤਿਆਰ ਕਰੇਗਾ। ਇਸ ਰੋਡਮੈਪ ਵਿੱਚ ਕ੍ਰੈਡਿਟ ਅਧਾਰਤ ਪਾਠਕ੍ਰਮ, ਵਪਾਰ ਯੋਜਨਾਬੰਦੀ, ਮਾਰਕੀਟਿੰਗ ਅਤੇ ਵਿੱਤੀ ਪ੍ਰਬੰਧਨ ਵਰਗੇ ਵਿਸ਼ਿਆਂ ਨੂੰ ਸ਼ਾਮਲ ਕੀਤਾ ਜਾਵੇਗਾ।

ਇਸ ਤੋਂ ਇਲਾਵਾ, ਵਿਦਿਆਰਥੀਆਂ ਦੀਆਂ ਸਟਾਰਟਅੱਪ ਪਹਿਲਕਦਮੀਆਂ ਨੂੰ ਸਹਾਇਤਾ ਦੇਣ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਹੋਰ ਤਕਨੀਕੀ ਪਲੇਟਫਾਰਮਾਂ ਦੀ ਸਥਾਪਨਾ ਕੀਤੀ ਜਾਵੇਗੀ। ਇਨ੍ਹਾਂ ਪਲੇਟਫਾਰਮਾਂ ਰਾਹੀਂ ਆਈਡੀਆ ਨੂੰ ਉਤਸ਼ਾਹਿਤ ਕਰਕੇ, ਰੁਜ਼ਗਾਰਯੋਗ ਉੱਦਮਾਂ ਵਿੱਚ ਬਦਲਣ ਦੀ ਯੋਜਨਾ ਹੈ।

ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਮੈਂਟਰਸ਼ਿਪ, ਵਰਕਸਪੇਸ ਅਤੇ ਨੈੱਟਵਰਕਿੰਗ ਮੌਕੇ ਪ੍ਰਦਾਨ ਕਰਦੀਆਂ ਉਚ ਸਿੱਖਿਆ ਸੰਸਥਾਵਾਂ ਨੂੰ ਸਟਾਰਟਅੱਪ ਇਨਕਿਊਬੇਟਰਜ਼ ਵਜੋਂ ਵਿਕਸਤ ਕੀਤਾ ਜਾਵੇਗਾ।

ਡਾ. ਕਰਮਜੀਤ ਸਿੰਘ ਨੇ ਵਧੇਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਕਮੇਟੀ ਨੂੰ 10 ਦਿਨਾਂ ਦੇ ਅੰਦਰ ਆਪਣੀ ਸ਼ੁਰੂਆਤੀ ਰਿਪੋਰਟ ਸੌਂਪਣ ਲਈ ਕਿਹਾ ਗਿਆ ਹੈ, ਜੋ ਕਿ ਤੇਜ਼ ਅਤੇ ਨਤੀਜਾਪਰਕ ਕਾਰਵਾਈ ਦੀ ਨੀਤਿਕਤਾ ਵੱਲ ਇਸ਼ਾਰਾ ਕਰਦਾ ਹੈ।

ਉਨ੍ਹਾਂ ਆਖਿਰ 'ਚ ਕਿਹਾ ਕਿ ਇਸ ਯੋਜਨਾ ਰਾਹੀਂ ਪੰਜਾਬ ਦੀ ਆਰਥਿਕਤਾ ਨੂੰ ਨਵੀਂ ਰਫ਼ਤਾਰ ਮਿਲੇਗੀ ਅਤੇ ਖਾਸ ਕਰਕੇ ਖੇਤੀਬਾੜੀ ਤੇ ਸਥਾਨਕ ਸਰੋਤਾਂ 'ਤੇ ਅਧਾਰਤ ਸਟਾਰਟਅੱਪਸ ਨੂੰ ਉਤਸ਼ਾਹਨ ਮਿਲੇਗਾ। ਸਰਕਾਰ ਵੱਲੋਂ ਸਾਰੇ ਸੰਬੰਧਤ ਵਿਭਾਗਾਂ, ਸੰਸਥਾਵਾਂ ਅਤੇ ਹਿੱਸੇਦਾਰਾਂ ਨੂੰ ਕਮੇਟੀ ਦੀਆਂ ਸਿਫਾਰਸ਼ਾਂ ਨੂੰ ਲਾਗੂ ਕਰਨ ਲਈ ਪੂਰਾ ਸਹਿਯੋਗ ਦੇਣ ਦੀ ਅਪੀਲ ਕੀਤੀ ਗਈ ਹੈ।

# ਧਾਲੀਵਾਲ ਦੀ ਮਿਹਨਤ ਸਦਕਾ ਵਿਕਾਸ ਵੱਲ ਵੱਧ ਰਿਹੈ ਅਜਨਾਲਾ : ਜਸਬੀਰ ਸਿੰਘ ਜੱਸ



ਅਜਨਾਲਾ, 23 ਮਈ, (ਸੁਖਦੇਵ ਸਿੰਘ ਖਾਲਸਾ) : ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਆਮ ਆਦਮੀ ਪਾਰਟੀ ਨੂੰ ਮਜਬੂਤ ਕਰਨ ਲਈ ਕੀਤੀ ਜਾ ਰਹੀ ਮਿਹਨਤ ਅਤੇ ਵਿਧਾਨ ਸਭਾ ਹਲਕਾ ਅਜਨਾਲਾ ਵਿੱਚ ਵਿਕਾਸ ਕੰਮ ਕਰਵਾ ਕਿ ਜੋ ਇਤਿਹਾਸ ਸਿਰਜਿਆ ਹੈ, ਇਸ ਨੂੰ ਕਦੇ ਅੱਖੋ-ਪਰੋਖੇ ਨਹੀਂ ਕੀਤਾ ਜਾ ਸਕਦਾ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਜਸਬੀਰ ਸਿੰਘ ਜੱਸ ਬੰਬੇ ਵਾਲਿਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ ।

ਉਹਨਾਂ ਅੱਗੇ ਕਿਹਾ ਕਿ ਸਰਦਾਰ ਧਾਲੀਵਾਲ ਵੱਲੋਂ ਹਲਕਾ ਅਜਨਾਲਾ ਵਿੱਚ ਦਿਨ-ਰਾਤ ਇਕ ਕਰਕੇ ਕੀਤੀ ਜਾ ਰਹੀ ਮਿਹਨਤ ਦੀ ਹੋਰ ਕਿਧਰੇ ਮਿਸਾਲ ਨਹੀਂ ਮਿਲਦੀ, ਧਾਲੀਵਾਲ ਵੱਲੋਂ ਪਾਰਟੀ ਬਾਜੀ ਤੋਂ ਉੱਪਰ ਉੱਠ ਕੇ ਸਿਰਫ ਹਲਕੇ ਦਾ ਵਿਕਾਸ ਨੂੰ ਤਰਜੀਹ ਦਿੱਤੀ ਹਰ ਪਿੰਡ ਨੂੰ ਲੱਖਾਂ ਰੁਪਏ ਦੀਆਂ ਗ੍ਰਾਂਟਾ ਦੇ ਕੇ ਪਿੰਡਾਂ ਦਾ ਵਿਕਾਸ ਬਿਨਾਂ ਭੇਦ ਭਾਵ ਦੇ ਕੀਤਾ ਅਤੇ ਹਰ ਇਕ ਦੇ ਦੁੱਖ- ਸੁੱਖ ਵਿੱਚ ਸ਼ਰੀਕ ਹੋ ਕੇ ਅਤੇ ਪਾਰਟੀ ਦਫਤਰ ਵਿੱਚ ਹਫਤੇ 'ਚ ਦੋ ਵਾਰੀ ਲੋਕ ਦਰਬਾਰ ਲਗਾ ਕੇ ਲੋਕਾਂ ਦੀਆਂ ਮੁਸ਼ਕਲਾਂ ਸੁਣ ਕੇ ਹੱਲ ਕਰਨ 'ਚ ਵੀ ਮਸੀਹਾ ਸਾਬਤ ਹੋਏ ਹਨ ।

ਜਸ ਬੰਬੇ ਵਾਲਿਆਂ ਨੇ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਨੈਸ਼ਨਲ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ 'ਆਪ' ਦੀ ਸਮੁੱਚੀ ਲੀਡਰਸ਼ਿਪ ਤੋਂ ਮੰਗ ਕਰਦੇ ਹਾਂ ਕਿ ਸ. ਧਾਲੀਵਾਲ ਨੂੰ ਸਰਕਾਰ ਵਿੱਚ ਕੋਈ ਵਧੀਆ ਮਹਿਕਮੇ ਦਾ ਮੰਤਰੀਪਦ ਦੇ ਕੇ ਨਿਵਾਜਿਆ ਜਾਵੇ ਤਾਂ ਜੋ ਸਰਹੱਦੀ ਖੇਤਰ 'ਚੋਂ ਕੁਝ ਬਾਕੀ ਰਹਿੰਦੇ ਅਧੂਰੇ ਕੰਮ ਵੀ ਵਧੀਆ ਤਰੀਕੇ ਨਾਲ ਪੂਰੇ ਕਰਵਾਏ ਜਾ ਸਕਣ।

# ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਜ਼ਿਲ੍ਹੇ ਦੇ 10 ਸਰਕਾਰੀ ਸਕੂਲਾਂ ਦੀ 1.27 ਕਰੋੜ ਦੇ ਵਿਕਾਸ ਕਾਰਜਾਂ ਨਾਲ ਬਦਲੀ ਨੁਹਾਰ

ਜਲੰਧਰ, 23 ਮਈ, (ਸੰਦੀਪ ਕੌਲ) : ਸੂਬਾ ਸਰਕਾਰ ਦੀ ਪਹਿਲਕਦਮੀ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਜ਼ਿਲ੍ਹੇ ਦੇ 10 ਹੋਰ ਸਰਕਾਰੀ ਸਕੂਲਾਂ ਦੀ 1.27 ਕਰੋੜ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜ ਨਾਲ ਨੁਹਾਰ ਬਦਲੀ ਗਈ ਹੈ। ਇਨ੍ਹਾਂ ਵਿੱਚ ਪ੍ਰਾਇਮਰੀ ਅਤੇ ਅਪਰ ਪ੍ਰਾਇਮਰੀ ਸਕੂਲਾਂ ਵਿਚਲੇ ਕ੍ਰਮਵਾਰ 37.03 ਲੱਖ ਅਤੇ 90.17 ਲੱਖ ਦੀ ਲਾਗਤ ਵਾਲੇ ਵਿਕਾਸ ਕਾਰਜ ਸ਼ਾਮਲ ਹਨ। ਵਿਧਾਨ ਸਭਾ ਹਲਕਾ ਨਕੋਦਰ ਤੋਂ ਵਿਧਾਇਕ ਇੰਦਰਜੀਤ ਕੌਰ ਮਾਨ ਨੇ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਮਹਿਲ ਵਿਖੇ 14.51 ਲੱਖ ਦੀ ਲਾਗਤ ਤਿਆਰ ਆਧੁਨਿਕ ਕਲਾਸ ਰੂਮ ਅਤੇ ਹੋਰ ਵਿਕਾਸ ਕਾਰਜ ਲੋਕ ਅਰਪਣ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀ ਲਿਆ ਕੇ ਨਵਾਂ ਇਤਿਹਾਸ ਸਿਰਜਿਆ ਹੈ।

ਇਸੇ ਤਰ੍ਹਾਂ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਗੋਹਾਵਰ ਵਿਖੇ 33.50 ਲੱਖ, ਸਰਕਾਰੀ ਪ੍ਰਾਇਮਰੀ ਸਕੂਲ ਭੱਟੀਆਂ ਵਿਖੇ 3 ਲੱਖ, ਸਰਕਾਰੀ ਪ੍ਰਾਇਮਰੀ ਸਕੂਲ ਮਾਹਲ ਵਿਖੇ 2.55 ਲੱਖ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਅੱਟਾ ਵਿਖੇ 2.66 ਲੱਖ ਦੀ ਲਾਗਤ ਵਾਲੇ ਵਿਕਾਸ ਕਾਰਜ ਸਮਰਪਿਤ ਕੀਤੇ ਗਏ। ਇਸ ਤੋਂ ਇਲਾਵਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਡਲ ਟਾਊਨ ਵਿਖੇ 42.16 ਲੱਖ, ਸਰਕਾਰੀ ਪ੍ਰਾਇਮਰੀ ਸਕੂਲ ਪੰਧੇਰ ਅਤੇ ਕੁਲਾਰ ਵਿਖੇ 10.50 ਲੱਖ, ਸਰਕਾਰੀ ਪ੍ਰਾਇਮਰੀ ਸਕੂਲ ਇੱਦਾ ਵਿਖੇ 10.81 ਲੱਖ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਬੱਲ ਨਓ ਵਿਖੇ 7.51 ਲੱਖ ਦੀ ਲਾਗਤ ਵਾਲੇ ਵਿਕਾਸ ਕਾਰਜ ਸਮਰਪਿਤ ਕੀਤੇ ਗਏ।

# ਕੇਂਦਰ ਸਰਕਾਰ ਵੱਲੋਂ ਡੈਮਾਂ ਦਾ ਕੰਟਰੋਲ ਆਪਣੇ ਹੱਥ ਲੈਣਾ ਮੰਦਭਾਗਾ : ਅਰਾਈਆਂ

ਅੰਮ੍ਰਿਤਸਰ, 23 ਮਈ, (ਬਬਲੂ ਮਹਾਜਨ) : ਪੰਜਾਬ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੀ ਮੀਟਿੰਗ ਅੰਮ੍ਰਿਤਸਰ ਵਿਖੇ ਸੂਬਾ ਪ੍ਰਧਾਨ ਸੁਖਦੇਵ ਸਿੰਘ ਰਾਈਆਂਵਾਲਾ ਦੀ ਅਗਵਾਈ ਵਿੱਚ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਸੁਖਦੇਵ ਸਿੰਘ ਰਾਈਆਂ ਵਾਲਾ ਨੇ ਕਿਹਾ ਕਿ ਪੰਜਾਬ ਦੇ ਡੈਮਾਂ ਤੇ ਪੰਜਾਬ ਦੀ ਮੈਨੇਜਮੈਂਟ ਦਾ ਅਧਿਕਾਰ ਹੈ ਪਰ ਕੇਂਦਰ ਸਰਕਰ ਨੇ ਬੀ ਬੀ ਐਮ ਦਾ ਕੰਟਰੋਲ ਆਪਣੇ ਹੱਥ ਵਿਚ ਲੈ ਲਿਆ ਹੈ। ਜਿਸ ਦੀ ਅਸੀਂ ਨਿਖੇਧੀ ਕਰਦੇ ਹਾਂ, ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਪਾਣੀਆਂ ਉੱਤੇ ਡਾਕਾ ਮਾਰਿਆ ਜਾ ਰਿਹਾ ਹੈ। ਕਿਉਂਕਿ ਪੰਜਾਬ ਕੋਲ ਤਾ ਪਹਿਲਾਂ ਹੀ ਪਾਣੀ ਘੱਟ ਰਹਿ ਗਿਆ ਉਲਟਾ ਹੋਰ ਪਾਣੀ ਹਰਿਆਣੇ ਅਤੇ ਰਾਜਸਥਾਨ ਨੂੰ ਫਰੀ ਵਿਚ ਭੇਜਿਆ ਜਾ ਰਿਹਾ ਹੈ। ਅਸੀ ਮੰਗ ਕਰਦੇ ਹਾਂ ਕਿ ਪੰਜਾਬ ਵਿਚ ਵਹਿਣ ਵਾਲੇ ਦਰਿਆਵਾਂ ਤੇ ਪੰਜਾਬ ਦਾ ਮਾਲਕੀ ਤੇ ਸੰਪਤੀ ਦਾ ਹੱਕ ਹੈ ਤੇ ਉਸ ਨੂੰ ਜੇ ਕਿਸੇ ਹੋਰ ਰਾਜ ਨੂੰ ਜੇ ਦੇਣਾ ਪਵੇ ਤਾਂ ਉਸ ਸਟੇਟ ਨੂੰ ਪਾਣੀ ਦੀ ਕੀਮਤ ਤਾਰਨੀ ਪੈਂਦੀ ਹੈ ਭਾਵ ਮੁੱਲ ਵੇਚਿਆ ਜਾਂਦਾ ਹੈ। ਜਿਵੇਂ ਰਾਜਸਥਾਨ ਵਿੱਚੋਂ ਜੇ ਗਰੇਨਾਈਟ, ਪੱਥਰ ਲੈਣਾ ਹੋਵੇ ਜਾਂ ਬਿਹਾਰ ਰਾਜ ਵਿੱਚੋਂ ਕੋਲਾ, ਅਤੇ ਬਾਕੀ ਰਾਜਾਂ ਵਿੱਚੋਂ ਹੋਰ ਕਈ ਪ੍ਰਕਾਰ ਦੀਆਂ ਧਾਤਾਂ ਲੈਣੀਆਂ

ਹੋਣ ਤਾਂ ਉਸ ਦੀ ਕੀਮਤ ਅਦਾ ਕਰਨੀ ਪੈਂਦੀ ਹੈ ਤੇ ਫਿਰ ਪੰਜਾਬ ਦਾ ਪਾਣੀ ਫਰੀ ਵਿਚ ਦੂਜੇ ਰਾਜਾਂ ਨੂੰ ਕਿਉਂ ਦਿੱਤਾ ਜਾਵੇ। ਇਸ ਲਈ ਸੰਯੁਕਤ ਕਿਸਾਨ ਮੋਰਚੇ ਦੇ ਫੈਸਲੇ ਅਨੁਸਾਰ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੀ ਕੇਂਦਰ ਸਰਕਾਰ ਨੂੰ ਅਪੀਲ ਹੈ ਪਾਣੀਆਂ ਦੇ ਮੁੱਦੇ 'ਤੇ ਹੁਣ ਦੇ ਹਲਾਤਾਂ ਮੁਤਾਬਕ ਮਾਹਰਾਂ ਦੀ ਕਮੇਟੀ ਬਣਾ ਕੇ ਕੋਈ ਹੱਲ ਕੱਢਿਆ ਜਾਵੇ ਅਤੇ ਦਰਿਆਵਾ ਦੇ ਮੌਜੂਦ ਪਾਣੀ ਦੀ ਮਾਤਰਾ ਦੇ ਹਿਸਾਬ ਨਾਲ ਕੋਈ ਠੋਸ ਨੀਤੀ

ਤਿਆਰ ਕਰਕੇ ਪਾਣੀਆਂ ਦੇ ਮੁੱਦੇ ਦਾ ਹੱਲ ਕੀਤਾ ਜਾਵੇ ਤੇ ਪਾਣੀ ਦੀ ਰਿਆਲਟੀ ਪੰਜਾਬ ਨੂੰ ਦਿੱਤੀ ਜਾਵੇ। ਇਸ ਮੌਕੇਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਹਰਜੀਤ ਸਿੰਘ ਸੋਹੀ ਜਿਲ੍ਹਾ ਪ੍ਰਧਾਨ ਅੰਮ੍ਰਿਤਸਰ, ਤਰਸੇਮ ਸਿੰਘ ਕਲਸੀ ਜਿਲ੍ਹਾ ਪ੍ਰਧਾਨ ਤਰਨ ਤਾਰਨ , ਸੁਖਪਾਲ ਸਿੰਘ ਸਿੰਘਪੁਰਾ, ਰਣਜੀਤ ਸਿੰਘ ਕਲਸੀ, ਗੁਰਮੇਜ ਸਿੰਘ ਪੱਟੀ, ਰਾਮ ਸਿੰਘ ਥੇ ਕਲਾ, ਡਾਕਟਰ ਸਤਿੰਦਰ ਸਿੰਘ ਥੋਬਾ, ਸਕੱਤਰ ਸਿੰਘ ਬਸਰਕੇ ਗਿੱਲਾਂ, ਅਮਰਜੀਤ ਸਿੰਘ ਭਿੱਖੀ ਪਿੰਡ ਆਦਿ ਹਾਜ਼ਰ ਸਨ।

# ਵਿਜ਼ਡਮ ਸਕੂਲ ਆਫ਼ ਅਕਾਦਮਿਕ ਐਂਡ ਸਪੋਰਟਸ ਵਿਖੇ ਇੰਟਰ ਹਾਊਸ ਪੰਜਾਬੀ ਭਾਸ਼ਣ ਮੁਕਾਬਲੇ ਕਰਵਾਏ




ਤਰਨ ਤਾਰਨ, 23 ਮਈ, (ਪੁਸ਼ਪਿੰਦਰ ਬੰਟੀ ਗੁਰਵਿੰਦਰ ਸਿੰਘ) : ਵਿਜ਼ਡਮ ਸਕੂਲ ਆਫ਼ ਅਕਾਦਮਿਕ ਐਂਡ ਸਪੋਰਟਸ ਨੇ ਹਾਲ ਹੀ ਵਿੱਚ ਇੱਕ ਇੰਟਰ ਹਾਊਸ ਪੰਜਾਬੀ ਭਾਸ਼ਣ ਮੁਕਾਬਲਾ ਆਯੋਜਿਤ ਕੀਤਾ, ਜਿਸ ਵਿੱਚ ਇਸਦੇ ਉੱਭਰਦੇ ਬੁਲਾਰਿਆਂ ਦੀ ਭਾਸ਼ਣ ਕਲਾ ਅਤੇ ਵਿਸ਼ਵਾਸ ਦਾ ਪ੍ਰਦਰਸ਼ਨ ਕੀਤਾ ਗਿਆ। ਇਸ ਸਮਾਗਮ ਵਿੱਚ ਸਾਰੇ ਸਕੂਲ ਹਾਊਸਾਂ ਦੀ ਨੁਮਾਇੰਦਗੀ ਕਰਨ ਵਾਲੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ, ਹਰੇਕ ਨੇ ਚਾਰ ਵੱਖ-ਵੱਖ ਮੌਜੂਦਾ ਮਾਮਲਿਆਂ ਦੇ ਵਿਸ਼ਿਆਂ 'ਤੇ ਭਾਸ਼ਣ ਦਿੱਤੇ।

ਇਸ ਮੁਕਾਬਲੇ ਦਾ ਨਿਰਣਾ ਸਕੂਲ ਦੀ ਪ੍ਰਿੰਸੀਪਲ, ਸ਼੍ਰੀਮਤੀ ਗੁਰਪ੍ਰੀਤ ਜੌਹਲ, ਅਤੇ ਕੋਆਰਡੀਨੇਟਰ, ਸ਼੍ਰੀਮਤੀ ਰਿੰਪੀ ਅਗਰਵਾਲ, ਹੋਰ ਸਟਾਫ ਮੈਂਬਰਾਂ ਦੇ ਨਾਲ ਕੀਤਾ।

ਸ਼੍ਰੀਮਤੀ ਅੰਮ੍ਰਿਤ ਖੇੜਾ, (ਡਾਇਰੈਕਟਰ) , ਸ਼ਵੇਤਾ ਸਹਿਗਲ ਜੀ(ਪ੍ਰਬੰਧਕ ) ਨੇ ਵੀ ਇਸ ਮੌਕੇ 'ਤੇ ਸ਼ਿਰਕਤ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਦੇ ਪ੍ਰਸ਼ੰਸਾਯੋਗ ਆਤਮਵਿਸ਼ਵਾਸ ਅਤੇ ਸਪੱਸ਼ਟ ਪ੍ਰਗਟਾਵੇ ਲਈ ਪ੍ਰਸ਼ੰਸਾ ਕੀਤੀ।

ਹਰੇਕ ਭਾਗੀਦਾਰ ਨੇ ਆਪਣੇ-ਆਪਣੇ ਵਿਸ਼ਿਆਂ 'ਤੇ ਆਪਣੇ ਵਿਚਾਰ ਪੇਸ਼ ਕੀਤੇ ਵਿਦਿਆਰਥੀਆਂ ਨੇ ਨਾ ਸਿਰਫ ਮੁੱਦਿਆਂ ਦੀ ਡੂੰਘੀ ਸਮਝ ਦਾ ਪ੍ਰਦਰਸ਼ਨ ਕੀਤਾ, ਸਗੋਂ ਪ੍ਰਭਾਵਸ਼ਾਲੀ ਭਾਸ਼ਣ ਕਲਾ ਦਾ ਵੀ ਪ੍ਰਦਰਸ਼ਨ ਕੀਤਾ। ਸਮਾਗਮ ਜੇਤੂ ਹਾਊਸਾਂ ਦੀ ਘੋਸ਼ਣਾ ਦੇ ਨਾਲ ਸਮਾਪਤ ਹੋਇਆ, ਜਿਨ੍ਹਾਂ ਦੀ ਪ੍ਰਿੰਸੀਪਲ ਸ਼੍ਰੀਮਤੀ ਜੌਹਲ ਦੁਆਰਾ ਬਹੁਤ ਪ੍ਰਸ਼ੰਸਾ ਕੀਤੀ ਗਈ। ਜੇਤੂਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਦੇ ਸਨਮਾਨ ਵਿੱਚ ਸਰਟੀਫਿਕੇਟ ਪ੍ਰਦਾਨ ਕੀਤੇ ਗਏ। ਉਹਨਾਂ ਨੇ ਸਾਰੇ ਵਿਦਿਆਰਥੀਆਂ ਨੂੰ ਅਜਿਹੇ ਮੁਕਾਬਲਿਆਂ ਵਿੱਚ ਹਿੱਸਾ ਲੈਂਦੇ ਰਹਿਣ ਲਈ ਉਤਸ਼ਾਹਿਤ ਕੀਤਾ, ਆਤਮਵਿਸ਼ਵਾਸ ਅਤੇ ਜਨਤਕ ਬੋਲਣ ਦੀਆਂ ਯੋਗਤਾਵਾਂ ਨੂੰ ਵਧਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਸਕੂਲ ਭਵਿੱਖ ਵਿੱਚ ਹੋਰ ਵੀ ਅਜਿਹੇ ਬਹੁਤ ਸਾਰੇ ਸਮਾਗਮਾਂ ਦਾ ਆਯੋਜਨ ਕਰਨ ਦੀ ਉਮੀਦ ਕਰਦਾ ਹੈ।

# ਵਿੱਦਿਆ ਮਾਰਤੰਡ ਗਿਆਨੀ ਕਿਰਪਾਲ ਸਿੰਘ ਦੀ 41ਵੀਂ ਬਰਸੀ ਮੌਕੇ ਦੇਸ਼-ਵਿਦੇਸ਼ ਤੋਂ ਪੁੱਜੀਆਂ ਸੰਗਤਾਂ

## ਗਿਆਨੀ ਜੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕੀਤਾ ਟੀਕਾ ਅਨਮੋਲ ਖਜ਼ਾਨਾ : ਬਾਬਾ ਅਮਨਦੀਪ ਸਿੰਘ



ਅੰਮ੍ਰਿਤਸਰ, 23 ਮਈ, (ਬਬਲੂ ਮਹਾਜਨ) : ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸੰਪਰਦਾਇ ਟੀਕਾ ਕਰਨ ਵਾਲੇ ਵਿੱਦਿਆ ਮਾਰਤੰਡ ਅਤੇ ਟਕਸਾਲ ਸ਼ਹੀਦ ਭਾਈ ਸ਼ਹੀਦ ਮਨੀ ਸਿੰਘ ਜੀ ਦੇ ਦਸਵੇਂ ਮੁਖੀ ਗਿਆਨੀ ਕਿਰਪਾਲ ਸਿੰਘ ਦੀ 41ਵੀਂ ਬਰਸੀ ਅੱਜ ਡੇਰਾ ਸੰਤ ਅਮੀਰ ਸਿੰਘ ਸੱਤੋ ਕਾ ਬਾਜ਼ਾਰ ਵਿਖੇ ਟਕਸਾਲ ਦੇ ਮੌਜੂਦਾ ਮੁਖੀ ਬਾਬਾ ਅਮਨਦੀਪ ਸਿੰਘ ਦੀ ਦੇਖ-ਰੇਖ ਹੇਠ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਗਈ।

ਅੱਜ ਸਵੇਰੇ ਸ੍ਰੀ ਅਖੰਡ ਪਾਠ ਦੇ ਭੋਗ ਪਾਏ ਗਏ ਅਤੇ ਉਸ ਤੋਂ ਉਪਰੰਤ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕੀਤੇ ਗਏ ਅਤੇ ਕੀਰਤਨ ਦੀਵਾਨ ਸਜਾਏ ਗਏ।

ਇਸ ਮੌਕੇ ਦੇਸ਼ ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਆਈਆਂ ਸੰਗਤਾਂ ਨੇ ਧਾਰਮਿਕ ਦੀਵਾਨ ਵਿੱਚ ਹਿੱਸਾ ਲਿਆ।

ਇਸ ਮੌਕੇ ਬਾਬਾ ਅਮਨਦੀਪ ਸਿੰਘ ਨੇ ਕਿਹਾ ਕਿ ਗਿਆਨੀ ਕਿਰਪਾਲ ਸਿੰਘ ਜੀ ਨੂੰ ਯਾਦ ਕਰਦਿਆਂ ਕਿਹਾ ਕਿ ਉਨਾਂ ਨੇ ਆਪਣੀ ਸਾਰੀ ਉਮਰ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਸਮਰਪਿਤ ਕੀਤੀ। ਉਹਨਾਂ ਕਿਹਾ ਕਿ ਗਿਆਨੀ ਕਿਰਪਾਲ ਸਿੰਘ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਰਥਾਂ ਦਾ ਵਿਸਥਾਰ ਸਹਿਤ ਟੀਕਾ ਕਰਕੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਗੁਰੂ ਗ੍ਰੰਥ ਸਾਹਿਬ ਨਾਲ ਜੋੜਨ ਦਾ ਇੱਕ ਬਹੁਤ ਵੱਡਾ ਯਤਨ ਕੀਤਾ ਸੀ, ਜਿਸ ਨੂੰ ਸਦੀਵੀ ਰੂਪ ਵਿੱਚ ਯਾਦ ਰੱਖਿਆ ਜਾਵੇਗਾ।

ਧਾਰਮਿਕ ਦੀਵਾਨ ਵਿੱਚ ਕਥਾਕਾਰ ਗਿਆਨੀ ਵਿਸ਼ਾਲ ਸਿੰਘ ਨਹੀਂ ਵੀ ਗਿਆਨੀ ਕਿਰਪਾਲ ਸਿੰਘ ਦੇ ਜੀਵਨ ਸਬੰਧੀ ਆਪਣੇ ਵਿਚਾਰ ਰੱਖੇ ਅਤੇ ਗੁਰਬਾਣੀ ਦੀ ਕਥਾ ਕੀਤੀ।

ਸਮਾਗਮ ਨੂੰ ਮਹੰਤ ਸੂਰਤਾ ਸਿੰਘ, ਮਹੰਤ ਅਮਰੀਕ ਸਿੰਘ ਵੈਦ, ਗਿਆਨੀ ਅਜੀਤ ਸਿੰਘ, ਭਾਈ ਨਿਰਮਲ ਸਿੰਘ, ਭਾਈ ਗੋਬਿੰਦ ਸਿੰਘ, ਭਾਈ ਗੁਰਪ੍ਰੀਤ ਸਿੰਘ, ਗੁਰਦੀਪ ਸਿੰਘ ਸਲੂਜਾ, ਭਾਈ ਜਸਵੀਰ ਸਿੰਘ ਪੰਜਾਬ ਐਂਡ ਸਿੰਧ ਬੈਂਕ, ਭਾਈ ਰਜਿੰਦਰ ਸਿੰਘ ਰਾਜੂ, ਐਡਵੋਕੇਟ ਨਵਨੀਤ ਸਿੰਘ, ਭਾਈ ਮਹਿੰਦਰ ਸਿੰਘ ਅਤਿ ਭਾਈ ਪ੍ਰਿਤਪਾਲ ਸਿੰਘ ਨੇ ਵੀ ਸੰਬੋਧਨ ਕੀਤਾ।

## ਐਮ.ਪੀ. ਅਰੋੜਾ ਨੇ ਟੋਟਲ ਅਟੈਕ ਵਾਲੀਬਾਲ ਪਿੱਚਿੰਗ ਮਸ਼ੀਨ ਦਾ ਉਦਘਾਟਨ ਕੀਤਾ



ਲੁਧਿਆਣਾ, 23 ਮਈ (ਵਿਸ਼ਾਲ ਸ਼ਰਮਾ) : ਰਾਜ ਸਭਾ ਮੈਂਬਰ ਸੰਜੀਵ ਅਰੋੜਾ ਨੇ ਵੀਰਵਾਰ ਸ਼ਾਮ ਨੂੰ ਐਸਸੀਡੀ ਸਰਕਾਰੀ ਕਾਲਜ ਲੁਧਿਆਣਾ ਦੇ ਖੇਡ ਮੈਦਾਨ ਵਿੱਚ ਟੋਟਲ ਅਟੈਕ ਵਾਲੀਬਾਲ ਪਿੱਚਿੰਗ ਮਸ਼ੀਨ ਦਾ ਉਦਘਾਟਨ ਕੀਤਾ। ਸਥਾਨਕ ਵਾਲੀਬਾਲ ਖਿਡਾਰੀਆਂ ਦੀ ਸਿਖਲਾਈ ਦੀ ਗੁਣਵੱਤਾ ਨੂੰ ਵਧਾਉਣ ਦੇ ਉਦੇਸ਼ ਨਾਲ ਇਹ ਮਸ਼ੀਨ ਅਰੋੜਾ ਵੱਲੋਂ ਪ੍ਰਦਾਨ ਕੀਤੀ ਗਈ 8.50 ਲੱਖ ਰੁਪਏ ਦੀ ਵਿੱਤੀ ਸਹਾਇਤਾ ਨਾਲ ਅਮਰੀਕਾ ਤੋਂ ਆਯਾਤ ਕੀਤੀ ਗਈ ਹੈ। ਤਿੰਨ ਪਹੀਆਂ ਵਾਲੀ ਟੋਟਲ ਅਟੈਕ ਮਸ਼ੀਨ ਨੂੰ ਚੋਟੀ ਦੇ ਅੰਤਰਰਾਸ਼ਟਰੀ ਅਤੇ ਕਾਲਜੀਏਟ ਕੋਚਾਂ ਦੇ ਸਹਿਯੋਗ ਨਾਲ ਤਿਆਰ ਕੀਤਾ ਗਿਆ ਹੈ। ਇਹ ਮਸ਼ੀਨ ਖਿਡਾਰੀਆਂ ਨੂੰ ਸਾਈਡਸਪਿਨ ਨਾਲ ਹਾਈ-ਸਪੀਡ ਸਰਵਸ ਦੇ ਵਿਰੁੱਧ ਅਭਿਆਸ ਕਰਨ ਦੇ ਯੋਗ ਬਣਾਉਂਦੀ ਹੈ ਅਸਲ ਖੇਡਣ ਦੀਆਂ ਸਥਿਤੀਆਂ ਦੀ ਨਕਲ ਕਰਦੀ ਹੈ। ਇਹ ਮਸ਼ੀਨ 90 ਮੀਲ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਗੇਂਦਾਂ ਸੁੱਟ ਸਕਦੀ ਹੈ ਜੋ ਕਿ ਜੰਪ ਸਰਵ ਦੀ ਸਹੀ ਨਕਲ ਕਰਦੀ ਹੈ। ਇਹ ਕੋਚਾਂ ਨੂੰ ਖੇਡ ਦੇ ਵੱਖ-ਵੱਖ ਪਹਿਲੂਆਂ ਨੂੰ ਕਵਰ ਕਰਨ ਵਾਲੇ ਖਾਸ ਅਭਿਆਸ ਕਰਨ ਦੀ ਵੀ ਆਗਿਆ ਦਿੰਦੀ ਹੈ, ਜਿਸ ਵਿੱਚ ਡਿਗਿੰਗ ਤੋਂ ਲੈ ਕੇ ਅਟੈਕ ਕਰਨ ਤੱਕ ਦੇ ਫਾਰਮੇਸ਼ਨ ਸ਼ਾਮਲ ਹਨ।

ਉਦਘਾਟਨ ਦੌਰਾਨ ਅਰੋੜਾ ਅਤੇ ਹੋਰ ਪਤਵੰਤਿਆਂ ਦੇ ਸਾਹਮਣੇ ਮਸ਼ੀਨ ਦਾ ਪ੍ਰਦਰਸ਼ਨ ਕੀਤਾ ਗਿਆ, ਜਿਨ੍ਹਾਂ ਨੇ ਇਸਦੀ ਕਾਰਗੁਜ਼ਾਰੀ 'ਤੇ ਸੰਤੁਸ਼ਟੀ ਪ੍ਰਗਟ ਕੀਤੀ। ਇਸ ਪਹਿਲਕਦਮੀ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਇਹ ਚਾਹਵਾਨ ਵਾਲੀਬਾਲ ਖਿਡਾਰੀਆਂ ਨੂੰ ਵਿਸ਼ਵ ਪੱਧਰੀ ਸਿਖਲਾਈ ਉਪਕਰਣ ਪ੍ਰਦਾਨ ਕਰਕੇ ਮਹੱਤਵਪੂਰਨ ਲਾਭ ਪ੍ਰਦਾਨ ਕਰੇਗਾ। ਇਸ ਮੌਕੇ 'ਤੇ ਬੋਲਦਿਆਂ ਸੰਸਦ ਮੈਂਬਰ ਸੰਜੀਵ ਅਰੋੜਾ ਨੇ ਕਿਹਾ ਖੇਡਾਂ ਸਿਰਫ਼ ਮਨੋਰੰਜਨ ਦਾ ਇੱਕ ਰੂਪ ਨਹੀਂ ਹਨ। ਇਹ ਨੌਜਵਾਨਾਂ ਦੇ ਚਰਿੱਤਰ ਅਨੁਸ਼ਾਸਨ ਅਤੇ ਸਿਹਤ ਨੂੰ ਆਕਾਰ ਦੇਣ ਲਈ ਜ਼ਰੂਰੀ ਹਨ। ਮੈਂ ਖਿਡਾਰੀਆਂ ਨੂੰ ਉਪਲਬਧ ਸਭ ਤੋਂ ਵਧੀਆ ਬੁਨਿਆਦੀ ਢਾਂਚੇ ਅਤੇ ਉਪਕਰਣਾਂ ਨਾਲ ਸਸ਼ਕਤ ਬਣਾਉਣ ਵਿੱਚ ਵਿਸ਼ਵਾਸ ਰੱਖਦਾ ਹਾਂ। ਇਸ ਅੰਤਰਰਾਸ਼ਟਰੀ ਮਿਆਰ ਵਾਲੀਬਾਲ ਮਸ਼ੀਨ ਨੂੰ ਲੁਧਿਆਣਾ ਲਿਆ ਕੇ, ਅਸੀਂ ਨੌਜਵਾਨ ਖਿਡਾਰੀਆਂ ਲਈ ਇੱਕ ਵਧੇਰੇ ਪ੍ਰਤੀਯੋਗੀ ਅਤੇ ਪੇਸ਼ੇਵਰ ਸਿਖਲਾਈ ਵਾਤਾਵਰਨ ਬਣਾਉਣ ਦੀ ਉਮੀਦ ਕਰਦੇ ਹਾਂ। ਮੈਂ ਕੋਚਾਂ ਅਤੇ ਖਿਡਾਰੀਆਂ ਨੂੰ ਰਾਜ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨ ਲਈ ਇਸ ਸਹੂਲਤ ਦਾ ਸਭ ਤੋਂ ਵਧੀਆ ਉਪਯੋਗ ਕਰਨ ਦੀ ਤਾਕੀਦ ਕਰਦਾ ਹਾਂ। ਇਸ ਪ੍ਰੋਗਰਾਮ ਵਿੱਚ ਜ਼ਿਲ੍ਹਾ ਖੇਡ ਅਫ਼ਸਰ ਕੁਲਦੀਪ ਚੁੱਘ ਅਤੇ ਆਮ ਆਦਮੀ ਪਾਰਟੀ ਦੇ ਖੇਡ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਸੋਨੀਆ ਅਲੱਗ ਵੀ ਮੌਜੂਦ ਸਨ।

## ਕੌਮੀ ਲੋਕ ਅਦਾਲਤ ਅੱਜ



ਲੁਧਿਆਣਾ, 23 ਮਈ (ਰਵਿੰਦਰ ਸਿੰਘ ਨਿੱਝਰ/ਵਿਸ਼ਾਲ ਸ਼ਰਮਾ) : ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ (ਡੀ.ਐਲ.ਐਸ.ਏ.) ਲੁਧਿਆਣਾ ਸ੍ਰੀਮਤੀ ਸੁਮਿਤ ਸੱਭਰਵਾਲ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਜ਼ਿਲ੍ਹਾ ਕਚਹਿਰੀਆਂ, ਲੁਧਿਆਣਾ ਅਤੇ ਸਿਵਲ ਕੋਰਟਸ-ਜਗਰਾਓਂ, ਖੰਨਾ, ਸਮਰਾਲਾ ਅਤੇ ਪਾਇਲ ਵਿਖੇ ਵੱਖ-ਵੱਖ ਨਿਆਂਇਕ ਅਦਾਲਤਾਂ ਵਿੱਚ ਭਲਕੇ 24 ਮਈ, 2025 ਦਿਨ ਸ਼ਨੀਵਾਰ ਨੂੰ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਮ ਲੋਕਾਂ ਦੇ ਆਪਸੀ ਝਗੜਿਆਂ ਦਾ ਛੇਤੀ ਅਤੇ ਸਸਤੇ ਢੰਗ ਨਾਲ ਨਿਪਟਾਰਾ ਕਰਵਾਉਣ ਦੇ ਮੰਤਵ ਨਾਲ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕਰਵਾਇਆ ਜਾ ਰਿਹਾ ਹੈ ਅਤੇ ਉਨ੍ਹਾਂ ਆਮ ਲੋਕਾਂ ਨੂੰ ਰਾਸ਼ਟਰੀ ਲੋਕ ਅਦਾਲਤ ਦੇ ਮਾਧਿਅਮ ਰਾਹੀਂ ਆਪਣੇ ਝਗੜਿਆਂ ਦਾ ਨਿਪਟਾਰਾ ਕਰਵਾ ਕੇ ਛੇਤੀ ਅਤੇ ਸਸਤਾ ਨਿਆਂ ਪ੍ਰਾਪਤ ਕਰਨ ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਲੁਧਿਆਣਾ ਵਲੋਂ ਨੈਸ਼ਨਲ ਲੋਕ ਅਦਾਲਤ ਰਾਹੀਂ ਜ਼ਿਲ੍ਹਾ ਕਚਹਿਰੀਆਂ, ਲੁਧਿਆਣਾ ਅਤੇ ਸਿਵਲ ਕੋਰਟਸ-ਜਗਰਾਓਂ, ਖੰਨਾ, ਸਮਰਾਲਾ ਅਤੇ ਪਾਇਲ ਵਿਖੇ ਵੱਖ-ਵੱਖ ਨਿਆਂਇਕ ਅਦਾਲਤਾਂ ਵਿੱਚ ਲੰਬਿਤ ਮਾਮਲਿਆਂ ਦਾ ਨਿਪਟਾਰਾ ਧਿਰਾਂ ਦੀ ਆਪਸੀ ਸਹਿਮਤੀ ਨਾਲ ਕਰਵਾਇਆ ਜਾਵੇਗਾ। ਸਕੱਤਰ ਸ੍ਰੀਮਤੀ ਸੱਭਰਵਾਲ ਨੇ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਸਿਵਲ ਕੇਸ ਜਿਵੇਂ ਕਿ ਕਿਰਾਇਆ, ਬੈਂਕ ਦੀ ਰਿਕਵਰੀ, ਮਾਲ ਮਾਮਲੇ, ਬਿਜਲੀ ਅਤੇ ਪਾਣੀ ਦੇ ਬਿੱਲਾਂ (ਚੋਰੀ ਦੇ ਕੇਸਾਂ ਨੂੰ ਛੱਡ ਕੇ), ਤਨਖਾਹਾਂ ਅਤੇ ਭੱਤਿਆਂ ਅਤੇ ਸੇਵਾ ਮੁਕਤ ਲਾਭਾਂ ਨਾਲ ਸਬੰਧਤ ਮਾਮਲੇ, ਜੰਗਲਾਤ ਐਕਟ ਦੇ ਕੇਸ, ਤਬਾਹੀ ਮੁਆਵਜ਼ਾ, ਫੌਜਦਾਰੀ ਮਿਕਦਾਰ ਮਾਮਲੇ, ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ ਦੀ ਧਾਰਾ 138 ਦੇ ਅਧੀਨ ਸ਼ਿਕਾਇਤਾਂ, ਕਵਰਡ ਮਾਮਲਿਆਂ ਦੀ ਸੁਣਵਾਈ ਸਿਵਲ ਜੱਜਾਂ ਜਾਂ ਜੁਡੀਸ਼ੀਅਲ ਮੈਜਿਸਟਰੇਟਾਂ ਦੁਆਰਾ ਲੋਕ ਅਦਾਲਤ ਵਿੱਚ ਕੀਤੀ ਜਾਵੇਗੀ।

## ਵਿਧਾਇਕ ਪਰਾਸ਼ਰ, ਬੱਗਾ ਅਤੇ ਸੀ.ਡਿ. ਮੇਅਰ ਨੇ ਨਸ਼ਾ ਮੁਕਤੀ ਯਾਤਰਾ ਦੀ ਅਗਵਾਈ ਕੀਤੀ



ਲੁਧਿਆਣਾ, 23 ਮਈ (ਵਿਸ਼ਾਲ ਸ਼ਰਮਾ) : ਵਾਰਡ ਨੰਬਰ 90 ਵਿੱਚ ਨਸ਼ਾ ਮੁਕਤੀ ਯਾਤਰਾ ਦੀ ਅਗਵਾਈ ਕਰਦੇ ਹੋਏ ਲੁਧਿਆਣਾ ਕੇਂਦਰੀ ਦੇ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ,ਲੁਧਿਆਣਾ ਉੱਤਰੀ ਦੇ ਵਿਧਾਇਕ ਮਦਨ ਲਾਲ ਬੱਗਾ ਅਤੇ ਸੀਨੀਅਰ ਡਿਪਟੀ ਮੇਅਰ ਰਾਕੇਸ਼ ਪਰਾਸ਼ਰ ਨੇ ਸੂਬੇ ਵਿੱਚੋਂ ਨਸ਼ਿਆਂ ਦੇ ਕੋਹੜ ਨੂੰ ਖਤਮ ਕਰਨ ਦਾ ਪ੍ਰਣ ਲਿਆ। ਸ਼ਾਹਪੁਰ ਰੋਡ 'ਤੇ ਆਯੋਜਿਤ ਇੱਕ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦੇ ਹੋਏ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ,ਵਿਧਾਇਕ ਮਦਨ ਲਾਲ ਬੱਗਾ ਅਤੇ ਸੀਨੀਅਰ ਡਿਪਟੀ ਮੇਅਰ ਰਾਕੇਸ਼ ਪਰਾਸ਼ਰ ਨੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਅਤੇ ਇਸਦੇ ਨੌਜਵਾਨਾਂ ਲਈ ਇੱਕ ਉੱਜਵਲ ਭਵਿੱਖ ਯਕੀਨੀ ਬਣਾਉਣ ਲਈ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਸੂਬਾ ਸਰਕਾਰ ਦੀ ਯੁੱਧ ਨਸ਼ਿਆਂ ਵਿਰੋਧੀ ਮੁਹਿੰਮ ਤਹਿਤ ਸ਼ੁਰੂ ਕੀਤੀ ਗਈ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕੰਮ ਕਰਦੇ ਹੋਏ ਸਰਕਾਰ ਸੂਬੇ ਵਿੱਚੋਂ ਨਸ਼ਿਆਂ ਦੇ ਕੋਹੜ ਨੂੰ ਜੜ੍ਹੋਂ ਪੁੱਟਣ ਲਈ ਫੈਸਲਾਕੁੰਨ ਕਾਰਵਾਈ ਕਰ ਰਹੀ ਹੈ। ਉਨ੍ਹਾਂ ਨੇ ਵਸਨੀਕਾਂ ਨੂੰ ਨਸ਼ਾ ਤਸਕਰਾਂ ਦੀ ਰਿਪੋਰਟ ਕਰਨ ਦੀ ਅਪੀਲ ਕੀਤੀ ਇੱਕ ਸਮਰਪਿਤ ਵਟਸਐਪ ਹੈਲਪਲਾਈਨ 97791-00200 ਰਾਹੀਂ ਗੁਪਤਤਾ ਦਾ ਭਰੋਸਾ ਦਿੱਤਾ ਅਤੇ ਨਸ਼ੇ ਨਾਲ ਜੂਝ ਰਹੇ ਲੋਕਾਂ ਨੂੰ ਸਰਕਾਰ ਦੁਆਰਾ ਸਮਰੱਥਤ ਨਸ਼ਾ ਛੁਡਾਊ ਕੇਂਦਰਾਂ ਵਿੱਚ ਮੁਫਤ ਇਲਾਜ ਕਰਵਾਉਣ ਲਈ ਉਤਸ਼ਾਹਿਤ ਕੀਤਾ। ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਵਿਧਾਇਕ ਮਦਨ ਲਾਲ ਬੱਗਾ ਅਤੇ ਸੀਨੀਅਰ ਡਿਪਟੀ ਮੇਅਰ ਰਾਕੇਸ਼ ਪਰਾਸ਼ਰ ਨੇ ਅੱਗੇ ਕਿਹਾ ਕਿ ਸਰਕਾਰ ਨਸ਼ਿਆਂ ਦੇ ਵਪਾਰ ਦੀ ਰੀੜ੍ਹ ਦੀ ਹੱਡੀ ਤੋੜ ਰਹੀ ਹੈ, ਪਰ ਜਿੱਤ ਨੂੰ ਹਰ ਪੱਖੋਂ ਯਕੀਨੀ ਬਣਾਉਣਾ ਸਾਡੇ ਲੋਕਾਂ ਦੇ ਹੱਥਾਂ ਵਿੱਚ ਹੈ। ਉਨ੍ਹਾਂ ਨੇ ਭਾਈਚਾਰਕ ਭਾਗੀਦਾਰੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਰਾਜ ਵਿੱਚੋਂ ਨਸ਼ਿਆਂ ਨੂੰ ਖਤਮ ਕਰਨ ਦੀ ਸਹੁੰ ਖਾਧੀ।

## ਬਿੱਟੂ ਨੇ ਜ਼ਮੀਨ ਐਕੁਆਇਰ ਕਰਨ ਦੇ 'ਆਪ'ਸਰਕਾਰ ਦੇ ਕਦਮ ਦੀ ਨਿੰਦਾ ਕੀਤੀ



ਲੁਧਿਆਣਾ, 23 ਮਈ (ਵਿਸ਼ਾਲ ਸ਼ਰਮਾ) : ਕੇਂਦਰੀ ਰੇਲਵੇ ਅਤੇ ਫੂਡ ਪ੍ਰੋਸੈਸਿੰਗ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਲੁਧਿਆਣਾ ਦੇ ਆਲੇ-ਦੁਆਲੇ ਦੇ ਪਿੰਡਾਂ ਵਿੱਚ 25,000 ਏਕੜ ਖੇਤੀਬਾੜੀ ਜ਼ਮੀਨ ਐਕੁਆਇਰ ਕਰਨ ਦੇ ਫੈਸਲੇ ਲਈ ਆਮ ਆਦਮੀ ਪਾਰਟੀ (ਆਪ) ਦੀ ਅਗਵਾਈ ਵਾਲੀ ਪੰਜਾਬ ਸਰਕਾਰ 'ਤੇ ਤਿੱਖਾ ਹਮਲਾ ਕੀਤਾ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਇਸ ਕਦਮ ਦੇ ਸਥਾਨਕ ਕਿਸਾਨਾਂ ਲਈ ਵਿਨਾਸ਼ਕਾਰੀ ਨਤੀਜੇ ਨਿਕਲਣਗੇ ਅਤੇ ਆਪ ਸਰਕਾਰ ਤੇ ਪ੍ਰਾਪਰਟੀ ਡੀਲਰਾਂ ਵਾਂਗ ਕੰਮ ਕਰਨ ਦਾ ਦੋਸ਼ ਲਗਾਇਆ। ਇੱਕ ਸਖ਼ਤ ਸ਼ਬਦਾਂ ਵਿੱਚ ਬਿਆਨ ਦਿੰਦੇ ਹੋਏ ਬਿੱਟੂ ਨੇ ਜ਼ਮੀਨ ਪ੍ਰਾਪਤੀ ਪ੍ਰਸਤਾਵ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਜਿਸ ਨੂੰ ਹਾਲ ਹੀ ਵਿੱਚ ਪੰਜਾਬ ਕੈਬਨਿਟ ਦੁਆਰਾ ਮਨਜ਼ੂਰੀ ਦਿੱਤੀ ਗਈ ਸੀ। ਪੰਜਾਬ ਦੇ ਸਭ ਤੋਂ ਉਪਜਾਊ ਅਤੇ ਉਤਪਾਦਕ ਖੇਤਰਾਂ ਵਿੱਚੋਂ ਇੱਕ ਲੁਧਿਆਣਾ ਦੇ 10 ਕਿਲੋਮੀਟਰ ਦੇ ਘੇਰੇ ਵਿੱਚ ਲਗਭਗ ਸਾਰੀ ਖੇਤੀਬਾੜੀ ਜ਼ਮੀਨ ਐਕੁਆਇਰ ਕਰਨ ਦਾ ਫੈਸਲਾ ਕਿਸਾਨ ਭਾਈਚਾਰੇ ਨੂੰ ਤਬਾਹ ਕਰ ਦੇਵੇਗਾ ਬਿੱਟੂ ਨੇ ਕਿਹਾ। ਕੇਂਦਰੀ ਮੰਤਰੀ ਨੇ ਦੋਸ਼ ਲਗਾਇਆ ਕਿ ਇਹ ਪ੍ਰਸਤਾਵ ਪੰਜਾਬ ਦੇ ਵਿੱਤ ਅਤੇ ਆਬਕਾਰੀ ਮੰਤਰੀ ਹਰਪਾਲ ਸਿੰਘ ਚੀਮਾ ਦੁਆਰਾ ਤਿਆਰ ਕੀਤਾ ਗਿਆ ਸੀ, ਜਿਨ੍ਹਾਂ ਨੂੰ ਉਨ੍ਹਾਂ ਨੇ ਸੰਗਰੂਰ ਅੰਮ੍ਰਿਤਸਰ ਅਤੇ ਲੁਧਿਆਣਾ ਵਿੱਚ ਹਾਲ ਹੀ ਵਿੱਚ ਵਾਪਰੀਆਂ ਸ਼ਰਾਬ ਦੁਖਾਂਤਾਂ ਲਈ ਵੀ ਜ਼ਿੰਮੇਵਾਰ ਠਹਿਰਾਇਆ। ਬਿੱਟੂ ਨੇ ਅੱਗੇ ਦੋਸ਼ ਲਗਾਇਆ ਕਿ ਇਹ ਯੋਜਨਾ ਦਿੱਲੀ ਸਥਿਤ ਆਪ ਨੇਤਾ ਮਨੀਸ਼ ਸਿਸੋਦੀਆ ਅਤੇ ਸਤਿੰਦਰ ਜੈਨ ਤੋਂ ਪ੍ਰਭਾਵਿਤ ਸੀ ਜਿਨ੍ਹਾਂ ਦੋਵਾਂ ਦਾ ਦਾਅਵਾ ਹੈ ਕਿ ਉਹ ਪੰਜਾਬ ਵਿੱਚ ਡੇਰਾ ਲਾ ਕੇ ਬੈਠੇ ਹਨ ਅਤੇ ਸੂਬੇ ਦੇ ਸ਼ਾਸਨ ਵਿੱਚ ਦਖ਼ਲਅੰਦਾਜ਼ੀ ਕਰ ਰਹੇ ਹਨ। ਲੁਧਿਆਣਾ ਦੇ ਪਿੰਡਾਂ ਵਿੱਚ ਜ਼ਮੀਨ ਦੀ ਕੀਮਤ ਪ੍ਰਤੀ ਏਕੜ 5 ਤੋਂ 10 ਕਰੋੜ ਰੁਪਏ ਦੇ ਵਿਚਕਾਰ ਹੈ। ਇੱਕ ਵਾਰ ਪ੍ਰਾਪਤ ਕਰਨ ਤੋਂ ਬਾਅਦ ਕਿਸਾਨਾਂ ਕੋਲ ਖੇਤੀਬਾੜੀ ਵਿੱਚ ਆਪਣੀ ਰੋਜ਼ੀ-ਰੋਟੀ ਜਾਰੀ ਰੱਖਣ ਲਈ ਕੋਈ ਨੇੜਲਾ ਵਿਕਲਪ ਨਹੀਂ ਹੋਵੇਗਾ। ਉਨ੍ਹਾਂ ਨੇ ਆਪ ਲੀਡਰਸ਼ਿਪ ਅਤੇ ਪੰਜਾਬ ਦੇ ਪੇਂਡੂ ਕੇਂਦਰ ਵਿਚਕਾਰ ਵਧਦੇ ਟੁੱਟਣ ਦੀ ਚੇਤਾਵਨੀ ਦਿੰਦੇ ਹੋਏ ਕਿਹਾ। ਬਿੱਟੂ ਨੇ ਕਿਹਾ ਕਿ ਸਰਕਾਰ ਵੱਲੋਂ ਇੱਕ ਵਾਰ ਐਕੁਆਇਰ ਕੀਤੀ ਗਈ ਜ਼ਮੀਨ ਕਿਸਾਨਾਂ ਦੀ ਸੀਮਾ ਤੋਂ ਬਾਹਰ ਹੋਵੇਗੀ ਕਿਉਂਕਿ ਉਨ੍ਹਾਂ ਨੂੰ ਲੈਂਡ ਪੂਲਿੰਗ ਨੀਤੀ ਦਾ ਲਾਭ ਨਹੀਂ ਮਿਲੇਗਾ।

## ਪੰਜਾਬ ਦੀ ਜਵਾਨੀ ਨੂੰ ਗ਼ਲਤ ਰਾਹ 'ਤੇ ਲਿਜਾਣ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ : ਸੌਂਦ



ਲੁਧਿਆਣਾ, 23 ਮਈ (ਵਿਸ਼ਾਲ ਸ਼ਰਮਾ) : ਅਸੀਂ ਸੂਬੇ ਦੀ ਜਵਾਨੀ ਨੂੰ ਬਚਾਉਣਾ ਹੈ ਅਤੇ ਪੰਜਾਬ ਦੀ ਜਵਾਨੀ ਨੂੰ ਗਲਤ ਰਾਹ 'ਤੇ ਲੈ ਜਾਣ ਵਾਲਿਆਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ। ਨਸ਼ਿਆਂ ਦੇ ਸੌਦਾਗਰਾਂ ਵੱਲੋਂ ਨਸ਼ੇ ਵੇਚ ਕੇ ਬਣਾਈਆਂ ਗਈਆਂ ਜਾਇਦਾਦਾਂ ਨੂੰ ਵੀ ਢਾਹਿਆ ਗਿਆ ਹੈ ਅਤੇ ਢਾਹਿਆ ਜਾ ਰਿਹਾ ਹੈ ਤਾਂ ਜੋ ਮੁੜ ਤੋਂ ਕੋਈ ਵੀ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਆਦਤ ਵਿੱਚ ਨਾ ਫਸਾ ਸਕੇ। ਇਹ ਪ੍ਰਗਟਾਵਾ ਹਲਕਾ ਖੰਨਾ ਦੇ ਵਿਧਾਇਕ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਹਲਕਾ ਖੰਨਾ ਦੇ ਪਿੰਡ ਕੌੜੀ,ਗੰਢੂਆਂ ਅਤੇ ਦਹਿੜੂ ਵਿਖੇ ਵਿਲੇਜ ਡਿਫੈਂਸ ਕਮੇਟੀਆਂ ਅਤੇ ਪਿੰਡ ਵਾਸੀਆਂ ਨਾਲ ਕੀਤੀਆਂ ਮੀਟਿੰਗਾਂ ਦੌਰਾਨ ਕੀਤਾ। ਕੈਬਨਿਟ ਮੰਤਰੀ ਨੇ ਵਿਲੇਜ ਡਿਫੈਂਸ ਕਮੇਟੀਆਂ ਨੂੰ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣ ਲਈ ਪ੍ਰੇਰਿਤ ਵੀ ਕੀਤਾ। ਮੰਤਰੀ ਸੌਂਦ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪੰਜਾਬ ਸਰਕਾਰ ਵੱਲੋਂ ਨਸ਼ਾ ਤਸਕਰਾਂ ਉੱਪਰ ਮਿਸਾਲੀ ਕਾਰਵਾਈਆਂ ਕਰ ਕੇ ਨਸ਼ੇ ਦੀ ਸਪਲਾਈ ਚੇਨ ਨੂੰ ਤੋੜ ਦਿੱਤਾ ਗਿਆ ਹੈ ਅਤੇ ਸੂਬੇ ਨੂੰ ਮੁੜ ਹਸਦਾ-ਵਸਦਾ ਤੇ ਰੰਗਲਾ ਪੰਜਾਬ ਬਨਾਉਣ ਦੇ ਰਾਹ ਪਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਯਤਨਾਂ ਸਦਕਾ ਨਸ਼ਾ ਤਸਕਰ ਜਾਂ ਤਾਂ ਜੇਲ੍ਹਾਂ ਵਿੱਚ ਹਨ ਜਾਂ ਫਿਰ ਪੰਜਾਬ ਛੱਡ ਕੇ ਭੱਜ ਚੁੱਕੇ ਹਨ। ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਸਬੰਧੀ ਪ੍ਰਸ਼ਾਸਨ ਤੇ ਪੁਲਿਸ ਵਿਭਾਗ ਨੂੰ ਸਹਿਯੋਗ ਦੇਣ। ਉਦਯੋਗ ਮੰਤਰੀ ਸੌਂਦ ਨੇ ਕਿਹਾ ਕਿ ਸੂਬੇ ਵਿੱਚ ਨਿਵੇਸ਼ ਦੀ ਦਰ ਵੀ ਬਹੁਤ ਉੱਪਰ ਗਈ ਹੈ ਅਤੇ 97 ਹਜ਼ਾਰ ਕਰੋੜ ਰੁਪਏ ਤੋਂ ਵੱਧ ਦਾ ਨਿਵੇਸ਼ ਹੋਇਆ ਹੈ। ਇਸ ਨਾਲ ਸੂਬੇ ਦੇ ਨੌਜਵਾਨਾਂ ਨੂੰ ਵੱਡੇ ਪੱਧਰ ਉੱਤੇ ਰੁਜ਼ਗਾਰ ਮਿਲ ਰਿਹਾ ਹੈ। ਪੰਜਾਬ ਸਰਕਾਰ ਵੱਲੋਂ 56 ਹਜ਼ਾਰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।

## ਸਵੇਰ ਦੀ ਸੈਰ ਨਾਲ ਸ਼ੁਰੂ ਹੁੰਦੀ ਹੈ ਐਡਵੋਕੇਟ ਘੁੰਮਣ ਦੀ ਵੋਟਰਾਂ ਨਾਲ ਮੁਲਾਕਾਤ



ਲੁਧਿਆਣਾ, 23 ਮਈ (ਰਵਿੰਦਰ ਸਿੰਘ ਨਿੱਝਰ) : ਵਿਧਾਨ ਸਭਾ ਹਲਕਾ ਪੱਛਮੀ ਦੀ ਉੱਪ ਚੋਣ ਲਈ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਐਡਵੋਕੇਟ ਪ੍ਰਉਪਕਾਰ ਸਿੰਘ ਘੁੰਮਣ ਅਤੇ ਉਨ੍ਹਾਂ ਦੇ ਸਮਰਥਕਾਂ ਵੱਲੋਂ ਜਿੱਥੇ ਸਿਹਤ ਦੀ ਤੰਦਰੁਸਤੀ ਲਈ ਸਵੇਰੇ ਦੇ ਸਮੇਂ ਕਿਸੇ ਨਾ ਕਿਸੇ ਪਾਰਕ ਵਿੱਚ ਸੈਰ ਕੀਤੀ ਜਾਂਦੀ ਹੈ ਉੱਥੇ ਇਲਾਕੇ ਦੇ ਲੋਕਾਂ, ਸੀਨੀਅਰ ਸਿਟੀਜ਼ਨ, ਨੌਜਵਾਨਾਂ ਨਾਲ ਮੁਲਾਕਾਤ ਕਰਕੇ ਆਪਣੇ ਚੋਣ ਏਜੰਡੇ ਨੂੰ ਲੋਕਾਂ ਸਾਹਮਣੇ ਰੱਖਿਆ ਜਾ ਰਿਹਾ ਹੈ ਅਤੇ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਵੀ ਸੁਣਿਆ ਜਾਂਦਾ ਹੈ। ਵੋਟਰਾਂ ਕੋਲੋਂ ਹਮਦਰਦੀ ਨਾਲ ਵੋਟ ਦੀ ਅਪੀਲ ਕਰਦੇ ਹੋਏ ਐਡਵੋਕੇਟ ਘੁੰਮਣ ਅਤੇ ਉਨ੍ਹਾਂ ਦੇ ਪ੍ਰੀਵਾਰਕ ਮੈਂਬਰਾਂ ਨੇ ਕਿਹਾ ਕਿ "ਸਾਡਾ ਮਕਸਦ ਸਿਰਫ ਚੋਣ ਜਿੱਤਣਾ ਨਹੀਂ, ਸਗੋਂ ਲੋਕਾਂ ਦੀ ਭਲਾਈ ਲਈ ਕੰਮ ਕਰਨਾ ਹੈ। ਉਨ੍ਹਾਂ ਕਿਹਾ, ਅਸੀਂ ਆਪਣੇ ਹਲਕੇ ਵਿੱਚ ਸਾਫ-ਸੁਥਰੀ ਰਾਜਨੀਤੀ ਲਿਆਉਣ ਲਈ ਵਚਨਬੱਧ ਹਾਂ। ਉਨ੍ਹਾਂ ਨੇ ਲੋਕਾਂ ਨੂੰ ਵਿੱਦਿਆ, ਸਿਹਤ, ਬੇਰੁਜ਼ਗਾਰੀ ਅਤੇ ਵਿਕਾਸ ਦੇ ਮਸਲਿਆਂ 'ਤੇ ਆਪਣੀ ਪਾਰਟੀ ਦੀ ਯੋਜਨਾ ਦੱਸਦੇ ਹੋਏ ਕਿਹਾ ਕਿ ਜੇ ਉਹ ਜਿੱਤ ਕੇ ਆਉਂਦੇ ਹਨ ਤਾਂ ਇਨ੍ਹਾਂ ਮੁੱਦਿਆਂ ਨੂੰ ਤਰਜੀਹ ਦੇਣਗੇ। ਇਸ ਮੌਕੇ ਕਈ ਵੋਟਰਾਂ ਨੇ ਉਮੀਦਵਾਰ ਐਡਵੋਕੇਟ ਪ੍ਰਉਪਕਾਰ ਸਿੰਘ ਘੁੰਮਣ ਦਿਆਂ ਸਰਾਹਿਆਂ 'ਤੇ ਕੁਝ ਨੇ ਝਿਜਕਦੇ ਹੋਏ ਸਵਾਲ ਵੀ ਪੁੱਛੇ। ਇੱਕ ਵੋਟਰ ਨੇ ਪੁੱਛਿਆ ਕਿ "ਆਉਣ ਵਾਲੇ ਸਾਲਾਂ ਵਿੱਚ ਤੁਸੀਂ ਕਿਹੜੇ ਕੰਮਾਂ ਨੂੰ ਪਹਿਲ ਦਿਓਗੇ? ਜਿਸ ਦੇ ਜਵਾਬ ਵਿੱਚ ਕਿਹਾ ਗਿਆ ਕਿ ਉਨ੍ਹਾਂ ਦੀ ਪਹਿਲ ਇਲਾਕੇ 'ਚ ਸੱਭ ਤੋਂ ਪਹਿਲਾਂ ਲਾਅ ਐਂਡ ਆਡਰ ਦੀ ਸਥਿਤੀ ਨੂੰ ਬਹਾਲ ਕਰਵਾਕੇ ਲੋਕਾਂ ਅੰਦਰ ਬੈਠੇ ਡਰ ਦੇ ਭੈਅ ਨੂੰ ਖਤਮ ਕਰਨਾ, ਨਸ਼ਾ ਤਸਕਰਾਂ ਨੂੰ ਨੱਥ ਪਾਉਣੀ, ਇਲਾਕੇ ਦੇ ਵਿਕਾਸ ਵਿਚ ਬਿਜਲੀ, ਪਾਣੀ, ਸੜਕਾਂ ਦੇ ਕਾਰਜਾਂ ਨੂੰ ਪ੍ਰਮੁੱਖਤਾ ਦੇਣਾ ਉਨ੍ਹਾਂ ਦੇ ਏਜੰਡੇ ਵਿੱਚ ਪ੍ਰਮੁੱਖਤਾ ਨਾਲ ਸ਼ਾਮਲ ਹੋਣਗੇ।

## ਕੇਂਦਰੀ ਮੰਤਰੀ ਬਿੱਟੂ ਦੀ ਪਤਨੀ ਨੂੰ ਹਲਕਾ ਪੱਛਮੀ ਦੀ ਜ਼ਿਮਨੀ ਚੋਣ 'ਚ ਉਮੀਦਵਾਰ ਬਣਾਇਆ ਜਾਵੇ : ਡਾ ਸੁਰਜੀਤ



ਲੁਧਿਆਣਾ, 23 ਮਈ (ਰਵਿੰਦਰ ਸਿੰਘ ਨਿੱਝਰ) : ਲੁਧਿਆਣਾ ਦੇ ਹਲਕਾ ਪੱਛਮੀ ਤੋਂ ਹੋ ਰਹੀ ਜ਼ਿਮਨੀ ਚੋਣ 'ਚ ਸੀਨੀਅਰ ਭਾਜਪਾ ਆਗੂ ਡਾ. ਸੁਰਜੀਤ ਸਿੰਘ ਨੇ ਭਾਜਪਾ ਹਾਈ ਕਮਾਂਡ ਤੋਂ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦੀ ਪਤਨੀ ਨੂੰ ਉਮੀਦਵਾਰ ਬਣਾਉਣ ਲਈ ਅਪੀਲ ਕੀਤੀ ਹੈ। ਉਹਨਾਂ ਕਿਹਾ ਕਿ ਬਿੱਟੂ ਦੋ ਵਾਰੀ ਲੁਧਿਆਣਾ ਦੇ ਅਤੇ ਇੱਕ ਵਾਰੀ ਸ੍ਰੀ ਅਨੰਦਪੁਰ ਸਾਹਿਬ ਐਮਪੀ ਰਹੇ ਹਨ ਅਤੇ ਹਲਕਾ ਪੱਛਮੀ ਤੋਂ ਪਾਰਲੀਮੈਂਟ ਚੋਣਾਂ ਵੇਲੇ ਬਾਕੀ ਉਮੀਦਵਾਰਾਂ ਨਾਲੋਂ ਵੱਧ ਵੋਟਾਂ ਲੈ ਕੇ ਗਏ ਸਨ। ਇਸ ਲਈ ਹਲਕਾ ਪੱਛਮੀ ਵਿੱਚ ਬਿੱਟੂ ਦੇ ਅਸਰ ਨੂੰ ਘੱਟ ਕਰਕੇ ਨਹੀਂ ਦੇਖਿਆ ਜਾ ਸਕਦਾ। ਉਹਨਾਂ ਕਿਹਾ ਕਿ ਜੇ ਬਿੱਟੂ ਦੀ ਪਤਨੀ ਇਹ ਉਪ ਚੋਣ ਜਿੱਤ ਜਾਂਦੇ ਹਨ ਤਾਂ ਆਉਣ ਵਾਲੇ ਸਮੇਂ 2027 ਵਿੱਚ ਭਾਜਪਾ ਮਜਬੂਤੀ ਨਾਲ ਅੱਗੇ ਆ ਸਕਦੀ ਹੈ ਅਤੇ ਪਾਰਟੀ ਨੂੰ ਮੁੱਖ ਮੰਤਰੀ ਚੇਹਰਾ ਵੀ ਮਿਲ ਸਕਦਾ ਹੈ।

## ਬਾਬਾ ਬੁੱਢਾ ਜੀ ਦੀ ਯਾਦ ਨੂੰ ਸਮਰਪਿਤ ਕੀਰਤਨ ਸਮਾਗਮ ਕਰਵਾਇਆ



ਲੁਧਿਆਣਾ, 23 ਮਈ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਦੀ ਪ੍ਰਬੰਧਕ ਕਮੇਟੀ ਵੱਲੋਂ ਬੀਤੀ ਰਾਤ ਗੁਰਦੁਆਰਾ ਸਾਹਿਬ ਵਿਖੇ ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਦੀ ਯਾਦ ਨੂੰ ਸਮਰਪਿਤ ਚਲ ਰਹੀ ਹਫਤਾਵਾਰੀ ਕੀਰਤਨ ਸਮਾਗਮ ਲੜੀ ਅੰਦਰ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਦਵਿੰਦਰ ਸਿੰਘ ਸੋਢੀ ਲੁਧਿਆਣੇ ਵਾਲਿਆ ਦੇ ਕੀਰਤਨੀ ਜੱਥੇ ਨੇ ਆਪਣੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ। ਸਮਾਪਤੀ ਮੌਕੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਅਤੇ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਾਹਿਬਾਨ ਵੱਲੋਂ ਕੀਰਤਨੀ ਜੱਥੇ ਦੇ ਮੈਂਬਰਾਂ ਨੂੰ ਸਿਰਪਾਉ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਕੀਰਤਨ ਸਮਾਗਮ ਅੰਦਰ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰ ਸ. ਇੰਦਰਜੀਤ ਸਿੰਘ ਮਕੱੜ, ਮਹਿੰਦਰ ਸਿੰਘ ਡੰਗ, ਅਤੱਰ ਸਿੰਘ ਮਕੱੜ, ਰਜਿੰਦਰ ਸਿੰਘ ਡੰਗ,ਬਲਬੀਰ ਸਿੰਘ ਭਾਟੀਆ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਫ਼ੌਜ ਦੀ ਰਾਜਨੀਤੀ ਲਈ ਵਰਤੋਂ ਨਹੀਂ ਹੋਣੀ ਚਾਹੀਦੀ

### ਕੇਂਦਰ ਸਪੱਸ਼ਟ ਕਰੇ ਕਿ ਝੂਠਾ ਬਿਆਨ ਕਿਉਂ ਦਿਵਾਇਆ ਗਿਆ

ਮੁੱਲਾਂਪੁਰ ਦਾਖਾ, 23 ਮਈ (ਦਵਿੰਦਰ ਸਿੰਘ ਲੰਮੇਂ) : ਫੌਜ ਦੀ ਰਾਜਨੀਤੀ ਲਈ ਵਰਤੋਂ ਕਿਸੇ ਵੀ ਕੀਮਤ 'ਤੇ ਨਹੀਂ ਹੋਣੀ ਚਾਹੀਦੀ, ਅਜਿਹਾ ਕਰਨ ਨਾਲ ਭਾਰਤੀ ਫੌਜ ਦਾ ਅਕਸ ਖਰਾਬ ਹੁੰਦਾ ਹੈ। ਉਪਰੋਕਤ ਸ਼ਬਦਾ ਦਾ ਪ੍ਰਗਟਾਵਾ ਪੱਤਰਕਾਰਾਂ ਨਾਲ ਕਰਦਿਆਂ ਸੀ.ਪੀ.ਆਈ.ਐਮ. ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ, ਸੀ.ਪੀ.ਆਈ. ਦੇ ਸੂਬਾ ਸਕੱਤਰ ਕਾਮਰੇਡ ਬੰਤ ਬਰਾੜ ਅਤੇ ਸੀ.ਪੀ.ਆਈ.ਐਮ.ਐਲ. ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤੂਪਰ ਨੇ ਕਿਹਾ ਕਿ ਉਹ ਸ਼੍ਰੀ ਦਰਬਾਰ ਸਾਹਿਬ ਸ਼੍ਰੀ ਅੰਮ੍ਰਿਤਸਰ ਦੇ ਖੇਤਰ ਵਿੱਚ ਸੁੱਰਖਿਆ ਹਵਾਈ ਗੰਨਾਂ ਤਾਇਨਾਤ ਕਰਨ ਵਾਲੇ ਬਿਆਨ ਦੇ ਸੰਦਰਭ ਵਿੱਚ ਕੀਤਾ। ਆਗੂਆਂ ਕਿਹਾ ਕਿ ਭਾਰਤੀ ਫੌਜ ਦੇ ਇੱਕ ਲੈਫਟੀਨੈਂਟ ਜਨਰਲ ਸਮੇਰ ਈਵਾਨ ਵੱਲੋਂ ਇੱਕ ਚੈਨਲ 'ਤੇ ਦਿੱਤੀ ਜਾ ਰਹੀ ਇੰਟਰਵਿਊ 'ਚ ਦਾਅਵਾ ਕੀਤਾ ਸੀ ਕਿ ਆਪਰੇਸ਼ਨ ਸਿੰਧੂਰ ਦੌਰਾਨ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਖੇਤਰ ਵਿੱਚ ਸੁੱਰਖਿਆ ਹਵਾਈ ਗੰਨਾਂ ਲਗਾਈਆਂ ਗਈਆਂ ਸਨ। ਪਾਕਿਸਤਾਨ ਨੇ ਸ਼੍ਰੀ ਦਰਬਾਰ ਸਾਹਿਬ ਨੂੰ ਨਿਸ਼ਾਨਾ ਬਣਾਇਆ ਸੀ ਅਤੇ ਡਰੋਨ ਹਮਲੇ ਕੀਤੇ, ਜਿਹਨਾਂ ਨੂੰ ਭਾਰਤੀ ਡਿਫੈਂਸ ਸਿਸਟਮ ਨੇ ਨਸ਼ਟ ਕਰ ਦਿੱਤਾ ਸੀ।

ਸੇਖੋਂ, ਬਰਾੜ ਅੇਤ ਬਖਤੂਪੁਰ ਨੇ ਕਿਹਾ ਕਿ ਇਸ ਤੋਂ ਬਾਅਦ ਸ਼੍ਰੀ ਦਰਬਾਰ ਸਾਹਿਬ ਦੇ ਅਡੀਸਨਲ ਮੁੱਖ ਗ੍ਰੰਥੀ ਗਿ: ਅਮਰਜੀਤ ਸਿੰਘ ਨੇ ਇਸ ਬਿਆਨ 'ਤੇ ਹੈਰਾਨੀ ਪ੍ਰਗਟ ਕਰਦਿਆਂ ਇਸਨੂੰ ਗਲਤ ਦੱਸਿਆ ਸੀ ਅਤੇ ਸਪੱਸ਼ਟ ਕੀਤਾ ਕਿ ਇਸ ਖੇਤਰ ਵਿੱਚ ਸੁੱਰਖਿਆ ਹਵਾਈ ਗੰਨਾਂ ਨਹੀਂ ਲਗਾਈਆਂ ਗਈਆਂ ਅਤੇ ਨਾ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੰਨਾਂ ਲਗਾਉਣ ਲਈ ਕੋਈ ਪ੍ਰਵਾਨਗੀ ਦਿੱਤੀ। ਉਹਨਾਂ ਕਿਹਾ ਸੀ ਕਿ ਸ਼੍ਰੀ ਦਰਬਾਰ ਸਾਹਿਬ ਤੋਂ ਮਨੁੱਖਤਾ ਦੇ ਭਲੇ ਲਈ ਅਰਦਾਸ ਹੁੰਦੀ ਹੈ ਅਤੇ ਕੋਈ ਇਸ ਅਸਥਾਨ ਬਾਰੇ ਮਾੜਾ ਸੋਚ ਵੀ ਨਹੀਂ ਸਕਦਾ।

## ਨਹਿਰ 'ਤੇ ਨਹਾਉਣ ਗਏ ਨੌਜਵਾਨ ਦੀ ਹੋਈ ਮੌਤ ਦੇ ਮਾਮਲੇ 'ਚ ਇੱਕ ਕਾਬੂ, ਦੂਜਾ ਫ਼ਰਾਰ

ਮੁੱਲਾਂਪੁਰ ਦਾਖਾ, 23 ਮਈ (ਦਵਿੰਦਰ ਸਿੰਘ ਲੰਮੇਂ) : ਬੀਤੇ ਦਿਨੀਂ ਨਹਿਰ ਵਿੱਚ ਨਹਾਉਣ ਗਏ ਤਿੰਨ ਦੋਸਤਾਂ ਵਿੱਚੋਂ ਇੱਕ ਨੌਜਵਾਨ ਸੌਰਭ ਦੀ ਹੋਈ ਮੌਤ ਦੇ ਮਾਮਲੇ ਵਿੱਚ ਕਾਰਵਾਈ ਕਰਦਿਆਂ ਦਾਖਾ ਪੁਲਿਸ ਨੇ ਕੇਸ ਦਰਜ ਕਰਨ ਉਪਰੰਤ ਮ੍ਰਿਤਕ ਦੇ ਇੱਕ ਦੋਸਤ ਰੋਹਿਤ ਨੂੰ ਕਾਬੂ ਕਰ ਲਿਆ ਹੈ, ਜਦਕਿ ਦੂਜੇ ਫਰਾਰ ਹੋਏ ਦੋਸਤ ਸਾਹਿਲ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

ਕੇਸ ਦੀ ਪੜਤਾਲ ਕਰ ਰਹੇ ਏ.ਐਸ.ਆਈ. ਕੁਲਦੀਪ ਸਿੰਘ ਅਨੁਸਾਰ ਪੁਲਿਸ ਕੋਲ ਦਰਜ ਕਰਵਾਏ ਬਿਆਨਾਂ ਵਿੱਚ ਨਿਰਮਲਾ ਦੇਵੀ ਪਤਨੀ ਰਮੇਸ਼ ਕੁਮਾਰ ਵਾਸੀ ਗਹੌਰ ਨੇ ਦੱਸਿਆ ਕਿ 19 ਮਈ ਨੂੰ ਸਾਹਿਲ ਪੁੱਤਰ ਅਜੀਤ ਸਿੰਘ ਵਾਸੀ ਗਹੌਰ ਘਰ ਤੋਂ ਆਕੇ ਮੇਰੇ ਭਾਣਜੇ ਸੌਰਬ ਨੂੰ ਨਾਲ ਲੈ ਗਿਆ ਸੀ, ਜਿਹੜਾ ਕਿ ਘਰ ਵਾਪਸ ਨਾ ਆਇਆ। ਕਾਫੀ ਭਾਲ ਦੌਰਾਨ ਜਦੋਂ ਉਹ ਨਾ ਲੱਭਿਆ ਤਾਂ ਅਸੀਂ ਪੁੱਲ ਨਹਿਰ ਈਸੇਵਾਲ ਜਾਕੇ ਦੇਖਿਆ ਤਾਂ ਜਿੱਥੇ ਸੌਰਬ ਦੇ ਕੱਪੜੇ ਸਕੂਟਰੀ ਦੀ ਸੀਟ 'ਤੇ ਪਏ ਸਨ। ਫਿਰ 21 ਮਈ ਨੂੰ ਸੌਰਬ ਦੀ ਲਾਸ਼ ਬਾਸੀਆਂ ਬੇਟ ਨਹਿਰ ਕੋਲ ਮਿਲ ਗਈ। ਸਾਨੂੰ ਪੱਕਾ ਯਕੀਨ ਹੈ ਕਿ ਮੇਰੇ ਭਾਣਜੇ ਸੌਰਬ ਨੂੰ ਰੋਹਿਤ ਅਤੇ ਸਾਹਿਲ ਨੇ ਨਹਿਰ ਵਿੱਚ ਡੁੱਬੋਅ ਕੇ ਮਾਰ ਦਿੱਤਾ ਹੈ। ਕੁਲਦੀਪ ਸਿੰਘ ਨੇ ਦੱਸਿਆ ਕਿ ਕਾਬੂ ਕੀਤੇ ਗਏ ਨੌਜਵਾਨ ਨੂੰ ਅਦਾਲਤ ਵਿੱਚ ਪੇਸ਼ ਕਰਨ ਉਪਰੰਤ ਹੋਰ ਪੁੱਛਗਿੱਛ ਕਰਨ ਲਈ ਇੱਕ ਦਿਨ ਦਾ ਪੁਲਿਸ ਰਿਮਾਂਡ ਹਾਸਲ ਹੋਇਆ ਹੈ।

## ਪਿੰਡ ਸ਼ੰਕਰ ਵਿਖੇ ਸਵ. ਜਸਪਾਲ ਸਿੰਘ ਰਿਟਾ. ਮੈਨੇਜਰ ਯਾਦਗਾਰੀ ਇਨਾਮ ਵੰਡ ਸਮਾਰੋਹ ਕਰਵਾਇਆ



ਡੇਹਲੋਂ, 23 ਮਈ (ਅਮਰਜੀਤ ਸਿੰਘ ਸੰਧੂ/ਰਣਬੀਰ ਸਿੰਘ ਮਹਿਮੀ): ਲਾਗਲੇ ਪਿੰਡ ਸ਼ੰਕਰ ਵਿਖੇ ਸਰਕਾਰੀ ਮਿਡਲ ਸਕੂਲ ਦੇ ਸਾਲ 2023-24 ਅਤੇ 2024-25 ਦੇ ਪੰਜਵੀਂ ਅਤੇ ਅੱਠਵੀਂ ਜਮਾਤ ਵਿੱਚੋਂ ਪਹਿਲਾ ਦੂਸਰਾ ਅਤੇ ਤੀਸਰਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਵ.ਜਸਪਾਲ ਸਿੰਘ ਰਿਟਾ. ਮੈਨੇਜਰ ਐਫ.ਸੀ.ਆਈ ਦੇ ਸਮੂਹ ਪਰਿਵਰ ਵੱਲੋਂ ਉਨ੍ਹਾਂ ਦੀ ਯਾਦ ਵਿੱਚ ਇਨਾਮ ਵੰਡ ਸਮਾਰੋਹ ਸਰਕਾਰੀ ਮਿਡਲ ਸਕੂਲ ਵਿਖੇ ਕਰਵਾਇਆ ਗਿਆ। ਇਸ ਮੌਕੇ ਤੇ ਸਰਕਾਰੀ ਪ੍ਰਾਇਮਰੀ ਸਕੂਲ ਸ਼ੰਕਰ ਵਿਖੇ ਸਾਲ 2023-24 'ਚ ਪੰਜਵੀਂ ਕਲਾਸ ਵਿੱਚੋਂ ਗੁਰਵਿੰਦਰ ਸਿੰਘ ਨੇ ਪਹਿਲਾ,ਅਰਵਿੰਦ ਕੌਰ ਤੇ ਪ੍ਰੀਤੀ ਕੁਮਾਰੀ ਨੇ ਦੂਸਰਾ ਅਤੇ ਸਿਮਰਨਦੀਪ ਕੌਰ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਹੀ ਸਾਲ 2024-25 'ਚ ਪੰਜਵੀਂ ਕਲਾਸ ਵਿੱਚੋਂ ਸਤਨਾਮ ਸਿੰਘ ਨੇ ਪਹਿਲਾ, ਕਮਲਪ੍ਰੀਤ ਕੌਰ ਨੇ ਦੂਸਰਾ ਅਤੇ ਹਰਮਨਦੀਪ ਸਿੰਘ ਨੇ ਤੀਸਰਾ ਸਥਾਨ ਹਾਸਲ ਕਰਕੇ ਸਕੂਲ ਅਤੇ ਮਾਪਿਆ ਦਾ ਨਾਂ ਰੌਸ਼ਨ ਕੀਤਾ। ਸਰਕਾਰੀ ਮਿਡਲ ਸਕੂਲ ਸ਼ੰਕਰ ਵਿਖੇ ਸਾਲ 2024 'ਚ ਅੱਠਵੀਂ ਕਲਾਸ ਵਿੱਚੋਂ ਸੁਖਵੀਰ ਕੌਰ ਪੁੱਤਰੀ ਜਗਜੀਤ ਸਿੰਘ ਤੇ ਏਕਮਜੋਤ ਕੌਰ ਪੁੱਤਰੀ ਤਰਸੇਮ ਸਿੰਘ ਨੇ ਪਹਿਲਾ ਸਥਾਨ,ਹੁਸ਼ਨਵੀਰ ਕੌਰ ਪੁੱਤਰੀ ਲਖਵੀਰ ਸਿੰਘ ਨੇ ਦੂਸਰਾ ਸਥਾਨ ਅਤੇ ਭੁਪਿੰਦਰ ਸਿੰਘ ਪੁੱਤਰ ਗੁਰਮੁੱਖ ਸਿੰਘ ਨੇ ਤੀਸਰਾ ਸਥਾਨ ਹਾਸਲ ਕੀਤਾ।

ਇਸਦੇ ਨਾਲ ਹੀ ਸਾਲ 2025 'ਚ ਅੱਠਵੀਂ ਕਲਾਸ ਵਿੱਚੋਂ ਜਸਪ੍ਰੀਤ ਕੌਰ ਪੁੱਤਰੀ ਨਸੀਬ ਸਿੰਘ ਨੇ ਪਹਿਲਾ ਸਥਾਨ,ਨਵਜੋਤ ਕੌਰ ਪੁੱਤਰੀ ਹਰਜਿੰਦਰ ਸਿੰਘ ਨੇ ਦੂਸਰਾ ਸਥਾਨ ਅਤੇ ਸਹਿਜਦੀਪ ਸਿੰਘ ਪੁੱਤਰ ਹਰਵਿੰਦਰ ਸਿੰਘ ਨੇ ਤੀਸਰਾ ਸਥਾਨ ਹਾਸਲ ਕਰਕੇ ਸਕੂਲ ਅਤੇ ਮਾਪਿਆ ਦਾ ਨਾਂ ਰੌਸ਼ਨ ਕੀਤਾ। ਪਹਿਲਾ ਦੂਸਰਾ ਅਤੇ ਤੀਸਰਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਅਤੇ ਕੈਸ਼ ਇਨਾਮ 5000-3000-2000 ਰੁ. ਨਾਲ ਸਨਮਾਨਿਤ ਕੀਤਾ ਗਿਆ।

## ਨਾਰੀ ਏਕਤਾ ਆਸਰਾ ਸੰਸਥਾ ਵੱਲੋਂ ਸਮਰ ਕੈਂਪ ਸ਼ੁਰੂ



ਲੁਧਿਆਣਾ, 23 ਮਈ (ਰਵਿੰਦਰ ਸਿੰਘ ਨਿੱਝਰ) : ਨਾਰੀ ਏਕਤਾ ਆਸਰਾ ਸੰਸਥਾ ਵੱਲੋਂ ਰਾਮਗੜ੍ਹੀਆ ਭਲਾਈ ਬੋਰਡ ਦੇ ਸਾਬਕਾ ਚੇਅਰਮੈਨ ਤੇ ਮੌਜੂਦਾ ਕੌਂਸਲਰ ਸੋਹਣ ਸਿੰਘ ਗੋਗਾ ਦੀ ਸਰਪ੍ਰਸਤੀ ਹੇਠ ਜੰਜ ਘਰ ਵਿੱਖੇ ਬੱਚੀਆਂ ਲਈ ਲਾਏ ਗਏ 'ਸਮਰ ਕੈਂਪ' ਦਾ ਉਦਘਾਟਨ ਥਾਣਾ ਡਿਵੀਜਨ 6 ਦੀ ਇੰਸਪੈਕਟਰ ਕੁਲਵੰਤ ਕੌਰ ਨੇ ਕੀਤਾ ਜਿਸ ਵਿੱਚ ਬੱਚੀਆਂ ਨੂੰ ਪ੍ਰੇਰਿਤ ਵੀ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਸੀਨੀਅਰ ਮੇਂਬਰਾਂ ਤੋਂ ਇਲਾਵਾ ਭਾਗ ਲੈਣ ਲਈ ਭਾਰੀ ਗਿਣਤੀ 'ਚ ਬੱਚੀਆਂ ਵੀ ਹਾਜ਼ਰ ਸਨ। ਪ੍ਰਧਾਨ ਕਮਲੇਸ਼ ਜਾਂਗੜਾ ਅਨੁਸਾਰ ਇਸ ਇੱਕ ਮਹੀਨੇ ਦੇ ਕੈਂਪ ਵਿੱਚ ਫੇਸ਼ੀਅਲ, ਬਲੀਚਿੰਗ, ਪਾਰਟੀ ਮੇਕਅੱਪ, ਪੈਡੀਕੇਅਰ, ਮੈਡੀਕੇਅਰ, ਕਲੀਨਅਪ ਅਤੇ ਸੈਲਫ ਮੇਕਅੱਪ ਆਦਿ ਬਾਰੇ ਡਿਪਲੋਮਾ ਹੋਲਡਰ ਸਿਮਰਨਜੀਤ ਕੌਰ ਵੱਲੋਂ ਸਿਖਲਾਈ ਦਿੱਤੀ ਜਾਵੇਗੀ। ਇਸ ਮੌਕੇ ਹਰਜੀ ਕੌਰ, ਬਲਜੀਤ ਕੌਰ, ਸਰੂਤੀ, ਮਨਪਰੀਤ ਕੌਰ, ਹਰਜੀਤ ਕੌਰ ਭੱਟੀ, ਅਕਾਸ ਵਰਮਾ, ਗੈਰੀ ਸੱਗੂ, ਰਨਜੀਤ ਸਿੰਘ, ਸਾਗਰ ਤੁੱਲੀ, ਹਨੀ ਜਿੰਮ ਵਾਲਾ, ਰਿੰਕੂ ਰਾਜੜ, ਵਲਵਿੰਦਰ ਕੌਰ, ਬਸਵਿੰਦਰ ਸਿੰਘ, ਹਰਦੇਵ ਸਿੰਘ, ਜਨਕ ਮਹਾਜਨ, ਅਵਨੀਤ ਕੌਰ ਅਤੇ ਅਮਨਦੀਪ ਕੌਰ ਖੁਰਲ ਆਦਿ ਸਮੇਤ ਕਲੱਬ ਦੇ ਮੈਂਬਰ ਹਾਜ਼ਰ ਸਨ।

## ਲੀਲ ਦੇ ਅਕਾਲੀ ਦਲ 'ਚ ਆਉਣ ਨਾਲ ਪਾਰਟੀ ਹੋਰ ਮਜ਼ਬੂਤ ਹੋਵੇਗੀ : ਚੀਮਾ, ਗਾਬੜੀਆ, ਐਡਵੋਕੇਟ ਘੁੰਮਣ



ਲੁਧਿਆਣਾ, 23 ਮਈ (ਰਵਿੰਦਰ ਸਿੰਘ ਨਿੱਝਰ) : ਸ਼੍ਰੋਮਣੀ ਅਕਾਲੀ ਦਲ ਦੇ ਨਿਧੱੜਕ ਜਰਨੈਲ ਆਗੂ ਤੇ ਸਾਬਕਾ ਮੰਤਰੀ ਜਥੇਦਾਰ ਹੀਰਾ ਸਿੰਘ ਗਾਬੜੀਆ, ਸਾਬਕਾ ਮੰਤਰੀ ਡਾਕਟਰ ਦਲਜੀਤ ਸਿੰਘ ਚੀਮਾ, ਸਾਬਕਾ ਚੇਅਰਮੈਨ ਬਾਬਾ ਅਜੀਤ ਸਿੰਘ ਅਤੇ ਸ਼੍ਰੋਮਣੀ ਅਕਾਲੀ ਦਲ ਹਲਕਾ ਪੱਛਮੀ ਤੋਂ ਉਮੀਦਵਾਰ ਐਡਵੋਕੇਟ ਪਰਉਪਕਾਰ ਸਿੰਘ ਘੁੰਮਣ ਨੇ ਕਿਹਾ ਕਿ ਟਕਸਾਲੀ ਆਗੂ ਗੁਰਦੀਪ ਸਿੰਘ ਲੀਲ ਦੇ ਪਾਰਟੀ ਵਿੱਚ ਵਾਪਸੀ ਕਰਨ ਨਾਲ ਪਾਰਟੀ ਹੋਰ ਮਜ਼ਬੂਤ ਹੋਵੇਗੀ ਅਤੇ ਲੁਧਿਆਣਾ ਪੱਛਮੀ ਜ਼ਿਮਨੀ ਚੋਣ ਵਿੱਚ ਵੱਡੇ ਫਰਕ ਨਾਲ ਜਿੱਤੇਗੀ। ਉਕਤ ਨੇਤਾਵਾਂ ਅਤੇ ਸਮੁੱਚੀ ਸ਼੍ਰੋਮਣੀ ਅਕਾਲੀ ਦਲ ਦੀ ਹਾਈ ਕਮਾਂਡ ਦਾ ਗੁਰਦੀਪ ਸਿੰਘ ਲੀਲ ਦੇ ਸਮੁੱਚੇ ਸਾਥੀਆ ਵੱਲੋ ' ਦਿਲ ਦੀਆ ਗਹਿਰਾਈਆਂ 'ਚੋਂ ਧੰਨਵਾਦ ਕੀਤਾ ਗਿਆ। ਜਿਨ੍ਹਾਂ ਨੇ ਟਕਸਾਲੀ ਅਕਾਲੀ ਗੁਰਦੀਪ ਸਿੰਘ ਲੀਲ ਦੀ ਸ਼੍ਰੋਮਣੀ ਅਕਾਲੀ ਦਲ ਦੇ ਸੁਖਬੀਰ ਸਿੰਘ ਬਾਦਲ ਦੀ ਰਹਿਨੁਮਾਈ ਹੇਠ ਸ਼੍ਰੋਮਣੀ ਅਕਾਲੀ ਦਲ 'ਚ ਵਾਪਸੀ ਕਰਾਈ। ਪ੍ਰਧਾਨ ਜਥੇਦਾਰ ਨਛੱਤਰ ਸਿੰਘ ਸਿੱਧੂ, ਸ਼੍ਰੋਮਣੀ ਅਕਾਲੀ ਦਲ ਦੇਕੌਮੀ ਜਾਇੰਟ ਸਕੱਤਰ ਨਰਿੰਦਰਪਾਲ ਸਿੰਘ ਮੱਕੜ, ਰਘਬੀਰ ਸਿੰਘ, ਜਥੇਦਾਰ ਜੋਰਾ ਸਿੰਘ, ਜਗਤਾਰ ਸਿੰਘ ਐਤੀਆਣਾ, ਜਥੇਦਾਰ ਚਰਨ ਸਿੰਘ, ਜਥੇਦਾਰ ਜਗਦੀਸ ਸਿੰਘ ਬਿੱਟੂ, ਡਾਕਟਰ ਪ੍ਰਿਤਪਾਲ ਸਿੰਘ ਆਲਮਗੀਰ, ਕਮਲਜੀਤ ਸਿੰਘ, ਬੂਟਾ ਸਿੰਘ, ਅਵਤਾਰ ਸਿੰਘ ਨਿਰਬਾਣ, ਰਵਿੰਦਰ ਸਿੰਘ ਬੇਦੀ, ਕੁਲਦੀਪ ਸਿੰਘ ਖਾਲਸਾ, ਜਗਦੀਪ ਸਿੰਘ ਗਰੇਵਾਲ ਅਤੇ ਬਾਬੂ ਰਮੇਸ ਕੁਮਾਰ ਨੇ ਕਿਹਾ ਹੈ ਕਿ ਲੀਲ ਦੀ ਅਕਾਲੀ ਦਲ 'ਚ ਵਾਪਸੀ ਦੇ ਨਾਲ ਇਲਾਕੇ 'ਚ ਇੱਕ ਖੁਸ਼ੀ ਦੀ ਲਹਿਰ ਹੈ ਅਤੇ ਲੀਲ ਦੇ ਸਮੱਰਥਕਾਂ ਵਿੱਚ ਭਾਰੀ ਉਤਸ਼ਾਹ ਹੈ।

## ਸਮਰਾਲਾ ਨੇੜੇ ਪਿੰਡ ਹੇਡੋ ਵਿੱਚ ਲੱਗੀ ਅੱਗ



ਸਮਰਾਲਾ, 23 ਮਈ (ਵਰਿੰਦਰ ਸਿੰਘ ਹੀਰਾ/ਜਸਵੀਰ ਹੇਡੋਂ) : ਸਮਰਾਲਾ ਨੇੜੇ ਪਿੰਡ ਹੇਡੋ ਦੇ ਬਾਹਰਵਾਰ ਭਈ ਕੁਝ ਪਰਾਲੀ ਅਤੇ ਬਾਲਣ ਨੂੰ ਅਚਾਨਕ ਅੱਗ ਲੱਗ ਗਈ। ਅੱਗ 'ਤੇ ਫਾਇਰ ਬ੍ਰਿਗੇਡ ਵੱਲੋਂ ਕਾਬੂ ਪਾ ਲਿਆ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਆਂ ਪਿੰਡ ਦੇ ਵਸਨੀਕ ਬਹਾਦਰ ਸਿੰਘ ਨੇ ਦੱਸਿਆ ਕਿ ਪਿੰਡ ਵਿੱਚ ਲੱਗੀ ਅੱਗ ਇੰਨੀ ਭਿਆਨਕ ਸੀ ਕਿ ਪਿੰਡ ਵਾਲਿਆਂ ਦੀਆਂ ਕੋਸ਼ਿਸ਼ਾਂ ਦੇ ਬਾਵਜੂਦ ਵੀ ਇਹ ਅੱਗ ਨਹੀਂ ਬੁਝ ਸਕੀ ਅਤੇ ਫੈਲਦੀ ਹੀ ਰਹੀ। ਪਿੰਡ ਦੇ ਸਰਪੰਚ ਕਮਲ ਰਾਣਾ ਨੇ ਤੁਰੰਤ ਸਮਰਾਲਾ ਫਾਇਰ ਬ੍ਰਗੇਡ ਵਿਖੇ ਫੋਨ ਕਰਕੇ ਸੂਚਿਤ ਕੀਤਾ। ਫਾਇਰ ਬ੍ਰਗੇਡ ਨੇ ਕੁਝ ਮਿੰਟਾਂ ਵਿੱਚ ਆ ਕੇ ਅੱਗ 'ਤੇ ਕਾਬੂ ਪਾ ਲਿਆ। ਅੱਗ ਲੱਗਣ ਦੇ ਸਹੀ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ। ਇਸ ਘਟਨਾ ਵਿੱਚ ਕੋਈ ਵੀ ਜਾਨੀ ਨੁਕਸਾਨ ਹੋਣ ਦੀ ਖਬਰ ਨਹੀਂ ਮਿਲੀ।

## ਐਲ.ਆਈ.ਟੀ. ਨੇ ਨਿਊ ਸੀ: ਸੈ: ਸਕੂਲ ਲਈ ਅਲਾਟਮੈਂਟ ਰੱਦ ਕਰਨ ਦਾ ਨੋਟਿਸ ਜਾਰੀ ਕੀਤਾ



ਲੁਧਿਆਣਾ, 23 ਮਈ (ਵਿਸ਼ਾਲ ਸ਼ਰਮਾ) : ਲੁਧਿਆਣਾ ਇੰਪਰੂਵਮੈਂਟ ਟਰੱਸਟ (ਐਲਆਈਟੀ) ਦੇ ਚੇਅਰਮੈਨ ਨੇ 19 ਮਈ 2025 ਨੂੰ ਸਕੱਤਰ ਨਿਊ ਸੀਨੀਅਰ ਸੈਕੰਡਰੀ ਸਕੂਲ ਸਰਾਭਾ ਨਗਰ ਲੁਧਿਆਣਾ ਨੂੰ ਲਿਖੇ ਇੱਕ ਪੱਤਰ ਰਾਹੀਂ ਸੂਚਿਤ ਕੀਤਾ ਹੈ ਕਿ ਸ਼ਿਵਾਲਿਕ ਪਬਲਿਕ ਵੈਲਫੇਅਰ ਟਰੱਸਟ ਦੇ ਪ੍ਰਧਾਨ ਨੂੰ ਅਲਾਟਮੈਂਟ ਰੱਦ ਕਰ ਦਿੱਤੀ ਗਈ ਹੈ। ਇਹ ਫੈਸਲਾ 6 ਮਈ 2025 ਦੇ ਮਤੇ ਨੰਬਰ 132 ਰਾਹੀਂ ਲਿਆ ਗਿਆ ਸੀ ਅਤੇ ਸਰਕਾਰ ਵੱਲੋਂ 15 ਮਈ 2025 ਦੇ ਪੱਤਰ ਰਾਹੀਂ ਇਸਨੂੰ ਪ੍ਰਵਾਨਗੀ ਦਿੱਤੀ ਗਈ ਹੈ। ਇੱਥੇ ਇਹ ਜ਼ਿਕਰਯੋਗ ਹੈ ਕਿ ਸ਼ਿਵਾਲਿਕ ਪਬਲਿਕ ਵੈਲਫੇਅਰ ਟਰੱਸਟ ਲੁਧਿਆਣਾ ਦੇ ਸਰਾਭਾ ਨਗਰ ਵਿੱਚ ਨਿਊ ਸੀਨੀਅਰ ਸੈਕੰਡਰੀ ਸਕੂਲ ਚਲਾਉਂਦਾ ਹੈ। ਵਿਚਾਰ ਅਧੀਨ ਜਾਇਦਾਦ ਨੂੰ ਹੁਣ ਲੁਧਿਆਣਾ ਇੰਪਰੂਵਮੈਂਟ ਟਰੱਸਟ ਦੀ ਜਾਇਦਾਦ ਘੋਸ਼ਿਤ ਕਰ ਦਿੱਤਾ ਗਿਆ ਹੈ। ਇਸ ਅਨੁਸਾਰ ਨਿਊ ਸੀਨੀਅਰ ਸੈਕੰਡਰੀ ਸਕੂਲ ਦੇ ਸਕੱਤਰ ਨੂੰ 15 ਦਿਨਾਂ ਦੇ ਅੰਦਰ-ਅੰਦਰ ਜਾਇਦਾਦ ਦਾ ਕਬਜ਼ਾ ਟਰੱਸਟ ਨੂੰ ਸੌਂਪਣ ਦੇ ਨਿਰਦੇਸ਼ ਦਿੱਤੇ ਗਏ ਹਨ। ਇਸ ਤੋਂ ਪਹਿਲਾਂ 16 ਮਈ 2025 ਨੂੰ ਐਸਡੀਐਮ (ਪੂਰਬ) ਜਸਲੀਨ ਕੌਰ ਭੁੱਲਰ ਦੀ ਅਦਾਲਤ ਨੇ ਜ਼ਿਲ੍ਹਾ ਸਿੱਖਿਆ ਅਧਿਕਾਰੀ (ਸੈਕੰਡਰੀ ਸਿੱਖਿਆ) ਨੂੰ ਸਕੂਲ ਵਿੱਚ ਰੱਖੇ ਸਾਰੇ ਰਿਕਾਰਡਾਂ ਨੂੰ ਤੁਰੰਤ ਆਪਣੇ ਕਬਜ਼ੇ ਵਿੱਚ ਲੈਣ ਅਤੇ ਇਸਦੇ ਕੰਮਕਾਜ ਦੀ ਨਿਗਰਾਨੀ ਕਰਨ ਦੇ ਹੁਕਮ ਦਿੱਤੇ ਸਨ। ਇਹ ਦੱਸਿਆ ਜਾਂਦਾ ਹੈ ਕਿ ਨਿਊ ਸੀਨੀਅਰ ਸੈਕੰਡਰੀ ਸਕੂਲ ਸਰਾਭਾ ਨਗਰ ਲੁਧਿਆਣਾ ਦੇ ਨਿਊ ਹਾਈ ਸਕੂਲ ਦੇ ਸਾਬਕਾ ਵਿਦਿਆਰਥੀਆਂ (ਓਲਡ ਸਟੂਡੈਂਟ ਐਸੋਸੀਏਸ਼ਨ) ਨੇ ਸਕੂਲ ਦੀ ਪ੍ਰਬੰਧਕ ਕਮੇਟੀ ਵਿਰੁੱਧ ਫੰਡਾਂ ਦੀ ਦੁਰਵਰਤੋਂ ਦਾ ਦੋਸ਼ ਲਾਇਆ ਹੈ। 8 ਜਨਵਰੀ, 2025 ਨੂੰ ਪੁਲਿਸ ਡਿਵੀਜ਼ਨ ਨੰਬਰ 5 ਲੁਧਿਆਣਾ ਵਿਖੇ ਇੱਕ ਐਫਆਈਆਰ ਪਹਿਲਾਂ ਹੀ ਦਰਜ ਕੀਤੀ ਜਾ ਚੁੱਕੀ ਹੈ।

## ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਡਾਇਰੈਕਟਰ ਬਣਨ 'ਤੇ ਪਾਲੀ ਸਨਮਾਨਿਤ



ਲੁਧਿਆਣਾ, 23 ਮਈ (ਰਵਿੰਦਰ ਸਿੰਘ ਨਿੱਝਰ) : ਰਵਿੰਦਰ ਪਾਲ ਸਿੰਘ ਪਾਲੀ ਦੇ ਪੰਜਾਬ ਕੰਟੇਨਰ ਐਂਡ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਡਾਇਰੈਕਟਰ ਬਣਨ 'ਤੇ ਉਨ੍ਹਾਂ ਨੂੰ ਸੀਨੀਅਰ ਸਿਟੀਜਨ ਫੋਰਮ ਫੇਸ 2 ਦੁੱਗਰੀ ਵੱਲੋਂ ਸੀਨੀਅਰ ਸਿਟੀਜਨ ਭਵਨ ਵਿਖੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪਾਲੀ ਨੇ ਸੀਨੀਅਰ ਸਿਟੀਜਨ ਸੰਸਥਾ ਦੇ ਸਮੂਹ ਅਹੁਦੇਦਾਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸਰਕਾਰ ਵੱਲੋਂ ਦਿੱਤੀ ਗਈ ਇਹ ਸੇਵਾ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਇਸ ਮੌਕੇ ਗਵਰਧਨ ਸ਼ਰਮਾ ਪ੍ਰਧਾਨ, ਅਰਵਿੰਦਰ ਸਿੰਘ ਸੰਧੂ, ਹਰਬੰਸ ਸਿੰਘ, ਪੂਰਨ ਸਿੰਘ, ਦਰਸ਼ਨ ਸਿੰਘ, ਵਿਨੋਦ ਸੋਨੀ, ਐਚ ਐਸ ਅਰੋੜਾ, ਸੁਖਰਾਜ ਸਿੰਘ ਗਿੱਲ, ਜਗਦੀਸ਼ ਚੰਦਰ ਜੇਠੀ, ਅਵਤਾਰ ਸਿੰਘ ਵਾਲੀਆ, ਨਰਿੰਦਰ ਸਿੰਘ ਕਾਲਾ ਅਤੇ ਹੋਰ ਅਨੇਕਾਂ ਮੈਂਬਰ ਮੌਜੂਦ ਸਨ।

## ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਚੁਪਹਿਰਾ ਸਮਾਗਮ ਕਰਵਾਇਆ



ਲੁਧਿਆਣਾ, 23 ਮਈ (ਕਰਨੈਲ ਸਿੰਘ ਐੱਮ.ਏ.) : ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਗੁਰੂ ਤੇਗ ਬਹਾਦਰ ਨਗਰ, ਗਲੀ ਨੰਬਰ 2, ਚੰਡੀਗੜ੍ਹ ਰੋਡ ਲੁਧਿਆਣਾ ਵਿਖੇ ਚੁਪਹਿਰਾ ਸਮਾਗਮ ਬੀਤੇ ਦਿਨੀਂ ਬੜੇ ਸ਼ਰਧਾ ਭਾਵਨਾ ਨਾਲ ਆਯੋਜਿਤ ਕੀਤਾ ਗਿਆ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਮਨਜੀਤ ਸਿੰਘ ਨੇ ਦੱਸਿਆ ਕਿ ਮਹਾਨ ਜਪ-ਤਪ ਚੁਪਹਿਰਾ ਸਮਾਗਮ ਵਿੱਚ ਜਪੁਜੀ ਸਾਹਿਬ, ਚੌਪਈ ਸਾਹਿਬ, ਸੁਖਮਨੀ ਸਾਹਿਬ ਦਾ ਪਾਠ ਕੀਤਾ ਗਿਆ ਅਤੇ ਬੀਬੀਆਂ ਦੇ ਜਥੇ ਨੇ ਗੁਰਬਾਣੀ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਉਹਨਾਂ ਨੇ ਦੱਸਿਆ ਕਿ ਜਪ-ਤਪ ਚੁਪਹਿਰਾ ਸਮਾਗਮ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਨਾਲ ਜੋੜਨ ਲਈ ਹਰ ਵੀਰਵਾਰ ਨੂੰ ਗੁਰਦੁਆਰਾ ਸਾਹਿਬ ਵਿਖੇ ਬਾਅਦ ਦੁਪਹਿਰ 2 ਵਜੇ ਤੋਂ ਸ਼ਾਮ 6 ਵਜੇ ਤੱਕ ਕਰਵਾਇਆ ਜਾਂਦਾ ਹੈ। ਸ੍ਰ: ਮਨਜੀਤ ਸਿੰਘ ਨੇ ਗੁਰੂ ਤੇਗ ਬਹਾਦਰ ਨਗਰ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਹਰ ਜਪ-ਤਪ ਚੁਪਹਿਰਾ ਸਮਾਗਮ ਵਿੱਚ ਆਪਣੀਆਂ ਹਾਜ਼ਰੀਆਂ ਭਰ ਕੇ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਉਹਨਾਂ ਦੇ ਨਾਲ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ ਸ੍ਰ: ਗੁਰਮੀਤ ਸਿੰਘ, ਸ੍ਰ: ਸੁਰਜੀਤ ਸਿੰਘ ਖੁਰਾਣਾ, ਸ੍ਰ: ਸੁਰਿੰਦਰ ਸਿੰਘ, ਸ੍ਰ: ਪਲਵਿੰਦਰ ਸਿੰਘ, ਸ੍ਰ: ਰਣਜੀਤ ਸਿੰਘ, ਸ੍ਰ: ਸਵਰਨ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਨਸ਼ੇ ਖਾਣੇ ਤੇ ਵੇਚਣੇ ਛੱਡ ਦਿਓ, ਨਹੀਂ ਤਾਂ ਕਸੂਤੇ ਫਸੋਗੇ : ਬੀਬੀ ਮਾਣੂੰਕੇ




ਜਗਰਾਓਂ, 23 ਮਈ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਹਲਕਾ ਜਗਰਾਉਂ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਵੱਲੋਂ ਨੌਜੁਆਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਪੰਜਾਬ ਸਰਕਾਰ ਵੱਲੋਂ ਵਿੱਢੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਹਲਕੇ ਦੇ ਪਿੰਡ ਮਲਕ, ਚੀਮਨਾਂ ਅਤੇ ਬਰਸਾਲਾਂ ਵਿੱਚ ਨਗਰ ਨਿਵਾਸੀਆਂ ਨੂੰ ਨਸ਼ਿਆਂ ਵਿਰੁੱਧ ਸਹੁੰ ਚੁਕਾਈ ਗਈ ਅਤੇ ਚਿੱਟੇ ਵਰਗੇ ਮਾਰੂ ਨਸ਼ਿਆਂ ਨੂੰ ਰੋਕਣ ਲਈ ਜਲਸੇ ਕੀਤੇ। ਇਹਨਾਂ ਪਿੰਡਾਂ ਦੇ ਰੱਖੇ ਗਏ ਵੱਖ-ਵੱਖ ਸਮਾਗਮਾਂ ਦੌਰਾਨ ਨਸ਼ਾ ਤਸਕਰਾਂ ਨੂੰ ਤਾੜਨਾਂ ਕਰਦੇ ਹੋਏ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਆਖਿਆ ਕਿ ਸਮਗਲਰੋ ਕਿੱਥੇ ਤੱਕ ਭੱਜੋਂਗੇ, ਪੰਜਾਬ ਸਰਕਾਰ ਤੇ ਪੰਜਾਬ ਪੁਲਿਸ ਨੇ ਪੂਰੇ ਪੰਜਾਬ ਵਿੱਚ ਜ਼ਾਲ ਵਿਛਾਏ ਹੋਏ ਨੇ, ਇਸ ਲਈ ਨਸ਼ੇ ਵੇਚਣੇ ਛੱਡ ਦਿਓ, ਨਹੀਂ ਤਾਂ ਕਸੂਤੇ ਫਸੋਂਗੇ। ਉਹਨਾਂ ਆਖਿਆ ਕਿ ਇਹ ਆਮ ਵੇਖਣ ਵਿੱਚ ਆਇਆ ਹੈ ਕਿ ਚਿੱਟੇ ਨਸ਼ੇ ਕਾਰਨ ਲੋਕਾਂ ਦੇ ਧੀਆਂ-ਪੁੱਤ ਨਿਪੁੰਸਕ ਹੋ ਰਹੇ ਹਨ ਅਤੇ ਵਿਆਹਾਂ ਤੋਂ ਬਾਅਦ ਕਈ-ਕਈ ਸਾਲ ਬੱਚੇ ਨਹੀਂ ਹੁੰਦੇ ਅਤੇ ਬਾਅਦ ਵਿੱਚ ਤਲਾਕ ਹੋ ਜਾਂਦੇ ਹਨ ਅਤੇ ਘਰ ਤਬਾਹ ਹੋ ਰਹੇ ਹਨ। ਉਹਨਾਂ ਕਿਹਾ ਕਿ ਕੋਈ ਵੀ ਮਾਂ-ਬਾਪ ਨਹੀਂ ਚਾਹੁੰਦਾ ਕਿ ਉਹਨਾਂ ਦਾ ਧੀ-ਪੁੱਤ ਕੋਈ ਨਸ਼ਾ ਕਰੇ, ਪਰੰਤੂ ਪੁਰਾਣੀਆਂ ਸਰਕਾਰਾਂ ਦੀ ਛਤਰ ਛਾਇਆ ਹੇਠ ਚਿੱਟੇ ਨਸ਼ੇ ਨੇ ਪੈਰ ਪਸਾਰੇ ਅਤੇ ਲੋਕਾਂ ਦੇ ਘਰ ਉਜਾੜ ਦਿੱਤੇ। ਬੀਬੀ ਮਾਣੂੰਕੇ ਨੇ ਲੋਕਾਂ ਨੂੰ ਅਪੀਲ ਕਰਦੇ ਹੋਏ ਆਖਿਆ ਕਿ ਲੋਕੋ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਮਾਣਯੋਗ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਹੇਠ ਤੁਹਾਡੇ ਧੀਆਂ-ਪੁੱਤਰਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਅੱਗੇ ਆਈ ਹੈ, ਇਸ ਲਈ ਆਓ ਸਾਰੇ ਸਰਕਾਰ ਦਾ ਸਾਥ ਦੇ ਕੇ ਨਸ਼ਿਆਂ ਦੇ ਕੋਹੜ ਨੂੰ ਜੜ ਤੋਂ ਖਤਮ ਕਰੀਏ। ਵਿਧਾਇਕਾ ਮਾਣੂੰਕੇ ਨੇ ਕਿਹਾ ਕਿ ਜੇਕਰ ਕੋਈ ਸਰਪੰਚ, ਪੰਚਾਇਤ ਮੈਂਬਰ ਜਾਂ ਨੰਬਰਦਾਰ ਕਿਸੇ ਵੀ ਚਿੱਟੇ ਦੇ ਸਮੱਗਲਰ ਜਾਂ ਨਸ਼ੇੜੀ ਦੀ ਸਹਾਇਤਾ ਲਈ ਸਿਫਾਰਸ਼ ਕਰਕੇ ਜਾਂ ਸਾਥ ਦੇਵੇਗਾ ਤਾਂ ਉਸ ਵਿਰੁੱਧ ਵੀ ਸਖਤ ਕਾਰਵਾਈ ਹੋ ਸਕਦੀ ਹੈ ਅਤੇ ਉਸ ਵਿਰੁੱਧ ਪਿੰਡਾਂ ਵਿੱਚ ਇਕੱਠ ਕਰਕੇ ਵਿਰੋਧ ਦਾ ਮਤਾ ਪਾਇਆ ਜਾਵੇਗਾ।

## ਤੇਜ਼, ਤਿੱਖੇ ਅਤੇ ਲੰਮੇ ਸ਼ੰਘਰਸ਼ ਦਾ ਨਾਮ ਹੈ ਡਾ. ਤੇਜਪਾਲ ਸਿੰਘ ਗਿੱਲ: ਚੰਨਪ੍ਰੀਤ ਸਿੰਘ ਚੰਨੀ



ਜੋਧਾਂ, 23 ਮਈ (ਅਮਰਜੀਤ ਸਿੰਘ ਸੰਧੂ/ਮਨਜੀਤ ਸਿੰਘ ਰਿੰਕੂ) : ਪੰਜਾਬ ਸਰਕਾਰ ਵੱਲੋਂ ਬੜੇ ਹੀ ਸੂਝਵਾਨ ਅਤੇ ਇਮਾਨਦਾਰ ਆਗੂ ਡਾ.ਤੇਜਪਾਲ ਸਿੰਘ ਗਿੱਲ ਨੂੰ ਪੰਨਗ੍ਰੀਨ ਦੇ ਚੇਅਰਮੈਨ ਦਾ ਅਹੁਦਾ ਦਿੱਤਾ ਗਿਆ। ਅਸੀਂ ਕੇਜਰੀਵਾਲ ਅਤੇ ਸ.ਭਗਵੰਤ ਸਿੰਘ ਮਾਨ ਜੀ ਦਾ ਦਿਲੋਂ ਧੰਨਵਾਦ ਕਰਦੇ ਹਾਂ। ਜਿਨ੍ਹਾਂ ਨੇ ਇੱਕ ਆਮ ਘਰ ਪਰਿਵਾਰ 'ਚੋਂ ਉੱਠੇ ਆਗੂ ਡਾ.ਤੇਜਪਾਲ ਸਿੰਘ ਗਿੱਲ ਨੂੰ ਇਨ੍ਹਾਂ ਲਾਇਕ ਸਮਝਿਆ ਅਤੇ ਉਨ੍ਹਾਂ ਸਿਰ ਪੰਨਗ੍ਰੀਨ ਦੇ ਚੇਅਰਮੈਨ ਦੀ ਜ਼ਿੰਮੇਵਾਰੀ ਪਾਈ। ਅਸੀਂ ਉਮੀਦ ਕਰਦੇ ਹਾਂ ਕਿ ਡਾ.ਤੇਜਪਾਲ ਸਿੰਘ ਗਿੱਲ ਜੀ ਆਪਣੀ ਇਸ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ। ਅਸੀਂ ਪੰਜਾਬ ਸਰਕਾਰ ਤੋਂ ਇਹ ਵੀ ਉਮੀਦ ਕਰਦੇ ਹਾਂ ਕਿ ਆਉਣ ਵਾਲੀ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਡਾ.ਤੇਜਪਾਲ ਸਿੰਘ ਗਿੱਲ ਜੀ ਨੂੰ ਕੋਈ ਨਾ ਕੋਈ ਵੱਡੀ ਜ਼ਿੰਮੇਵਾਰੀ ਦਿੱਤੀ ਜਾਵੇਗੀ।

## 6ਵਾਂ ਗਤਕਾ ਮੁਕਾਬਲਾ ਅੱਜ : ਜਸਵਿੰਦਰ ਸਿੰਘ ਜੱਸੀ



ਡੇਹਲੋਂ, 23 ਮਈ (ਅਮਰਜੀਤ ਸਿੰਘ ਸੰਧੂ/ਰਣਬੀਰ ਸਿੰਘ ਮਹਿਮੀ) : ਮੀਰੀ ਪੀਰੀ ਗੱਤਕਾ ਅਖਾੜਾ ਅਤੇ ਪ੍ਰਬੰਧਕ ਕਮੇਟੀ ਗੁਰਦੁਆਰਾ ਦਮਦਮਾ ਸਾਹਿਬ ਪਾਤਸ਼ਾਹੀ ਛੇਵੀਂ ਪਿੰਡ ਡੇਹਲੋਂ ਵੱਲੋਂ ਗ੍ਰਾਮ ਪੰਚਾਇਤ ਪਿੰਡ ਡੇਹਲੋਂ, ਸਮੂਹ ਇਲਾਕਾ ਨਿਵਾਸੀ ਅਤੇ ਐਨ.ਆਰ.ਆਈ ਵੀਰਾਂ ਦੇ ਸਹਿਯੋਗ ਨਾਲ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਵਸ ਨੂੰ ਸਮਰਪਿਤ ਲੜਕੇ ਅਤੇ ਲੜਕੀਆਂ ਦਾ 6ਵਾਂ ਗੱਤਕਾ ਮੁਕਾਬਲਾ ਕਰਵਾਇਆ ਜਾ ਰਿਹਾ ਹੈ। ਜਿਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਦਮਦਮਾ ਸਾਹਿਬ ਪਾਤਸ਼ਾਹੀ ਛੇਵੀਂ ਪਿੰਡ ਡੇਹਲੋਂ ਦੇ ਮੈਨੇਜਰ ਜਸਵਿੰਦਰ ਸਿੰਘ ਜੱਸੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਇਹ ਗੱਤਕਾ ਮੁਕਾਬਲਾ ਮਿਤੀ 24 ਮਈ 2025 ਦਿਨ ਸ਼ਨੀਵਾਰ ਨੂੰ ਗੁਰਦੁਆਰਾ ਦਮਦਮਾ ਸਾਹਿਬ ਪਾਤਸ਼ਾਹੀ ਛੇਵੀਂ ਪਿੰਡ ਡੇਹਲੋਂ ਵਿਖੇ ਸ਼ਾਮ 5 ਵਜੇ ਤੋਂ ਕਰਵਾਇਆ ਜਾ ਰਿਹਾ ਹੈ। ਇਸ ਮੁਕਾਬਲੇ ਵਿੱਚ ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ ਤੋਂ ਟੀਮਾਂ ਜੌਹਰ ਦਿਖਾਉਣਗੀਆਂ ਅਤੇ ਜੇਤੂ ਖਿਡਾਰੀਆਂ ਨੂੰ ਇਨਾਮ ਦਿੱਤੇ ਜਾਣਗੇ।

# ਸ੍ਰੀ ਕਰਤਾਰਪੁਰ ਸਾਹਿਬ ਲਾਂਘੇ 'ਤੇ ਬਣੀ ਟਰਮੀਨਲ ਚੈੱਕ ਪੋਸਟ ਸ਼ਰਧਾਲੂਆਂ ਲਈ ਖੁੱਲ੍ਹੀ



ਡੇਰਾ ਬਾਬਾ ਨਾਨਕ, 23 ਮਈ (ਚ. ਨ.ਸ.): ਭਾਰਤ ਅਤੇ ਪਾਕਿਸਤਾਨ ਦਰਮਿਆਨ ਵਿਗੜੇ ਸਬੰਧਾਂ ਕਾਰਨ ਭਾਰਤ ਸਰਕਾਰ ਵੱਲੋਂ ਸ਼ਰਧਾਲੂਆਂ ਦੀ ਸੁੱਰਖਿਆ ਨੂੰ ਵੇਖਦਿਆਂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਜਾਣ ਵਾਲੇ ਸ਼ਰਧਾਲੂਆਂ ਲਈ ਕਰਤਾਰਪੁਰ ਸਾਹਿਬ ਲਾਂਘਾ ਵੀ ਬੰਦ ਕਰ ਦਿੱਤਾ ਗਿਆ ਸੀ। ਇਥੋਂ ਤੱਕ ਕਿ ਹਾਲਾਤ ਨੂੰ ਵੇਖਦਿਆਂ ਸਰਕਾਰ ਨੇ ਡੇਰਾ ਬਾਬਾ ਨਾਨਕ ਕਰਤਾਰਪੁਰ ਸਾਹਿਬ ਲਾਂਘੇ 'ਤੇ ਬਣਾਈ ਟਰਮੀਨਲ ਚੈਕ ਪੋਸਟ, ਜਿਸ ਨੂੰ ਆਧਾਰ ਕਾਰਡ 'ਤੇ 50 ਰੁਪਏ ਫੀਸ ਦੇ ਕੇ ਸ਼ਰਧਾਲੂਆਂ ਵੱਲੋਂ ਵੇਖਿਆ ਜਾਂਦਾ ਸੀ, ਨੂੰ ਵੀ ਮੁਕੰਮਲ ਤੌਰ 'ਤੇ ਬੰਦ ਕਰ ਦਿੱਤਾ ਗਿਆ ਸੀ, ਜਿਸ ਨੂੰ ਭਾਰਤ ਸਰਕਾਰ ਵੱਲੋਂ 23 ਮਈ ਤੋਂ ਸ਼ਰਧਾਲੂਆਂ ਲਈ ਮੁੜ ਖੋਲ੍ਹ ਦਿੱਤਾ ਗਿਆ ਹੈ। ਇਸ ਸਬੰਧੀ ਕਰਤਾਰਪੁਰ ਸਾਹਿਬ ਇੰਟੀਗਰੇਟਡ ਟਰਮੀਨਲ ਚੈਕ ਪੋਸਟ ਦੇ ਮੁੱਖ ਅਧਿਕਾਰੀ ਸ੍ਰੀ ਟਿਕਾ ਰਾਮ ਸ਼ਰਮਾ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਭਾਵੇਂ ਅਜੇ ਭਾਰਤ ਸਰਕਾਰ ਵੱਲੋਂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਜਾਣ ਵਾਲੇ ਸ਼ਰਧਾਲੂਆਂ ਲਈ ਲਾਂਘਾ ਨਹੀਂ ਖੋਲ੍ਹਿਆ ਗਿਆ ਪਰ ਸ਼ਰਧਾਲੂਆਂ ਦੀ ਆਮਦ ਨੂੰ ਵੇਖਦਿਆਂ ਸ੍ਰੀ ਕਰਤਾਰਪੁਰ ਸਾਹਿਬ ਟਰਮੀਨਲ ਚੈਕ ਪੋਸਟ ਨੂੰ ਸ਼ਰਧਾਲੂਆਂ ਲਈ ਖੋਲ੍ਹ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕਰਤਾਰਪੁਰ ਸਾਹਿਬ ਟਰਮੀਨਲ ਚੈਕ ਪੋਸਟ ਜਿਥੇ ਸ਼ਰਧਾਲੂ ਗੁਰੂ ਮਹਾਰਾਜ ਦੀ ਜੀਵਨੀ ਤੇ ਸਿੱਖ ਇਤਿਹਾਸ ਨਾਲ ਜੁੜੀਆਂ ਤਸਵੀਰਾਂ ਤੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਮਾਡਲ ਦੇ ਦਰਸ਼ਨ ਕਰ ਸਕਣਗੇ, ਉਥੇ ਹੀ ਲਗਾਈਆਂ ਐਲਈਡੀ ਰਾਹੀਂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਲਾਈਵ ਵੀਡੀਓ ਰਾਹੀਂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਤੇ ਇਤਿਹਾਸ ਤੋਂ ਜਾਣੂੰ ਕਰਵਾਇਆ ਜਾਵੇਗਾ। ਉਨ੍ਹਾਂ ਨੇ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਪਾਕਿਸਤਾਨ ਜਾਣ ਵਾਲੇ ਸ਼ਰਧਾਲੂਆਂ ਲਈ ਅਜੇ ਕਰਤਾਰਪੁਰ ਸਾਹਿਬ ਲਾਂਘਾ ਅਗਲੇ ਹੁਕਮਾਂ ਤੱਕ ਉਸੇ ਤਰ੍ਹਾਂ ਬੰਦ ਰਹੇਗਾ, ਪਰ ਸ਼ਰਧਾਲੂ ਹੁਣ ਤੋਂ ਆਧਾਰ ਕਾਰਡ ਤੇ 50 ਰੁਪਏ ਫੀਸ ਦੇ ਕੇ ਕਰਤਾਰਪੁਰ ਸਾਹਿਬ ਕੋਰੀਡੋਰ ਟਰਮੀਨਲ ਚੈਕ ਪੋਸਟ ਦੇਖ ਸਕਣਗੇ।

# ਅਮਰੀਕਾ 'ਚ ਇਜ਼ਰਾਈਲੀ ਦੂਤਾਵਾਸ ਦੇ 2 ਕਰਮਚਾਰੀਆਂ ਦੀ ਮੌਤ

ਵਾਸ਼ਿੰਗਟਨ, 23 ਮਈ (ਚ.ਨ.ਸ): ਅਮਰੀਕਾ ਦੇ ਵਾਸ਼ਿੰਗਟਨ ਵਿੱਚ ਯਹੂਦੀ ਅਜਾਇਬ ਘਰ ਨੇੜੇ ਗੋਲੀਬਾਰੀ ਦੀਆਂ ਖ਼ਬਰਾਂ ਆਈਆਂ ਹਨ। ਇਸ ਘਟਨਾ ਵਿੱਚ ਇਜ਼ਰਾਈਲੀ ਦੂਤਾਵਾਸ ਦੇ ਦੋ ਕਰਮਚਾਰੀਆਂ ਦੀ ਮੌਤ ਹੋ ਗਈ। ਗ੍ਰਹਿ ਸੁਰੱਖਿਆ ਸਕੱਤਰ ਨੇ ਇਸ ਬਾਰੇ ਜਾਣਕਾਰੀ ਦਿੱਤੀ ਹੈ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਅਮਰੀਕੀ ਅਟਾਰਨੀ ਜਨਰਲ ਪੈਮ ਬੌਂਡੀ ਅਤੇ ਡੀਸੀ ਲਈ ਕਾਰਜਕਾਰੀ ਅਮਰੀਕੀ ਅਟਾਰਨੀ ਜੀਨੀਨ ਪੀਰੋ ਕੈਪੀਟਲ ਯਹੂਦੀ ਅਜਾਇਬ ਘਰ ਦੇ ਬਾਹਰ ਗੋਲੀਬਾਰੀ ਵਾਲੀ ਥਾਂ 'ਤੇ ਪਹੁੰਚ ਗਏ ਹਨ। 'ਪਾਕਿਸਤਾਨ ਪੂਰੀ ਦੁਨੀਆ ਲਈ ਖ਼ਤਰਾ', ਰੂਸ 'ਚ ਪਾਕਿਸਤਾਨ ਦੇ ਅਸਲੀ ਰੰਗ ਬੇਨਕਾਬ; ਕਨੀਮੋਝੀ ਦੀ ਅਗਵਾਈ ਹੇਠ ਭਾਰਤੀ ਵਫ਼ਦ ਪਹੁੰਚਿਆ। ਅਮਰੀਕਾ ਦੇ ਵਾਸ਼ਿੰਗਟਨ ਵਿੱਚ ਯਹੂਦੀ ਅਜਾਇਬ ਘਰ ਨੇੜੇ ਗੋਲੀਬਾਰੀ ਦੀਆਂ ਖ਼ਬਰਾਂ ਆਈਆਂ ਹਨ। ਇਸ ਘਟਨਾ ਵਿੱਚ ਇਜ਼ਰਾਈਲੀ ਦੂਤਾਵਾਸ ਦੇ ਦੋ ਕਰਮਚਾਰੀਆਂ ਦੀ ਮੌਤ ਹੋ ਗਈ। ਗ੍ਰਹਿ ਸੁਰੱਖਿਆ ਸਕੱਤਰ ਨੇ ਇਸ ਬਾਰੇ ਜਾਣਕਾਰੀ ਦਿੱਤੀ ਹੈ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਅਮਰੀਕੀ ਅਟਾਰਨੀ ਜਨਰਲ ਪੈਮ ਬੌਂਡੀ ਅਤੇ ਡੀਸੀ ਲਈ ਕਾਰਜਕਾਰੀ ਅਮਰੀਕੀ ਅਟਾਰਨੀ ਜੀਨੀਨ ਪੀਰੋ ਕੈਪੀਟਲ ਯਹੂਦੀ ਅਜਾਇਬ ਘਰ ਦੇ ਬਾਹਰ ਗੋਲੀਬਾਰੀ ਵਾਲੀ ਥਾਂ 'ਤੇ ਪਹੁੰਚ ਗਏ ਹਨ। ਦੋਸ਼ੀਆਂ ਦਾ ਪਤਾ ਲਗਾਇਆ ਜਾ ਰਿਹਾ ਹੈ। ਉਕਤ ਅਧਿਕਾਰੀਆਂ ਨੇ ਜਾਣਕਾਰੀ ਦਿੱਤੀ ਕਿ ਇਸ ਗੱਲ ਦਾ ਪਤਾ ਲਗਾਇਆ ਜਾ ਰਿਹਾ ਹੈ ਕਿ ਆਖ਼ਰ ਕਿਹੜੇ ਕਾਰਨਾਂ ਕਰ ਕੇ ਉਕਤ ਘਟਨਾ ਵਾਪਰੀ ਹੈ। ਅਧਿਕਾਰੀਆਂ ਵੱਲੋਂ ਪਤਾ ਲਗਾਇਆ ਜਾ ਰਿਹਾ ਹੈ ਕਿ ਗੋਲੀ ਚਲਾਉਣ ਵਾਲੇ ਅਨਸਰ ਕੌਣ ਸਨ ਅਤੇ ਇਸ ਘਟਨੇ ਦੇ ਪਿਛੇ ਕਿਹੜੇ ਤੱਤਾਂ ਦਾ ਹੱਥ ਹੋ ਸਕਦਾ ਹੈ। ਇਸ ਸਬੰਧੀ ਜਿਥੇ ਘਟਨਾ ਵਾਪਰੀ ਹੈ, ਉਸ ਸਥਾਨ ਨੂੰ ਚਾਰੇ ਪਾਸਿਓਂ ਘੇਰ ਲਿਆ ਗਿਆ ਹੈ ਅਤੇ ਘਟਨਾ ਵਾਪਰਨ ਪਿਛੇ ਜ਼ਿੰਮੇਵਾਰ ਲੋਕਾਂ ਦਾ ਪਤਾ ਲਗਾਇਆ ਜਾ ਰਿਹਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਉਕਤ ਗੋਲੀਬਾਰੀ ਕਰਨ ਵਾਲੇ ਲੋਕਾਂ ਨੂੰ ਜਲਦੀ ਹੀ ਕਾਬੂ ਕਰ ਲਿਆ ਜਾਵੇਗਾ।

# ਸ਼ਰਾਰਤੀ ਅਨਸਰ ਨੇ ਹਰੀਕੇ ਪੰਛੀ ਰੱਖ 'ਚ ਲਗਾਈ ਅੱਗ

### ☛ ਅੱਗ ਨਾਲ ਪੰਛੀ ਰੱਖ ਤੇ ਜੀਵ ਜੰਤੂਆਂ ਦਾ ਹੋਇਆ ਵੱਡਾ ਨੁਕਸਾਨ



ਹਰੀਕੇ ਪੱਤਣ (ਤਰਨਤਾਰਨ), 23 ਮਈ (ਚ.ਨ.ਸ): ਪੰਛੀਆਂ ਦੇ ਸਵਰਗ ਵਜੋਂ ਜਾਣੀ ਜਾਂਦੀ ਹਰੀਕੇ ਪੰਛੀ ਰੱਖ ਵਿਚ ਬੀਤੇ ਦਿਨ ਦੇਰ ਸ਼ਾਮ ਕਿਸੇ ਸ਼ਰਾਰਤੀ ਅਨਸਰ ਵੱਲੋਂ ਲਗਾਈ ਅੱਗ ਨੇ ਪੰਛੀ ਰੱਖ ਅਤੇ ਜੀਵ ਜੰਤੂਆਂ ਦਾ ਬਹੁਤ ਵੱਡਾ ਨੁਕਸਾਨ ਕਰ ਦਿੱਤਾ। ਇਹ ਅੱਗ ਜੋ ਕਿ ਸ਼ਾਮ 7 ਵਜੇ ਦੇ ਲਗਭਗ ਲਗਾਈ ਗਈ ਤੇ ਰਾਤ 1 ਵਜੇ ਤੱਕ ਅੱਗ ਦੇ ਭਾਂਬੜ ਮੱਚਦੇ ਰਹੇ। ਇਸ ਭਿਆਨਕ ਅੱਗ ਨੇ ਜਿਥੇ ਜੀਵ ਜੰਤੂਆਂ ਦੇ ਰੈਣ ਬਸੇਰੇ ਸਾੜ ਕੇ ਸੁਆਹ ਕਰ ਦਿੱਤੇ, ਉਥੇ ਜੀਵ ਜੰਤੂ ਵੀ ਤੇਜ਼ ਅੱਗ ਵਿਚ ਮਚ ਗਏ। ਅੱਗ ਦਾ ਪ੍ਰਕੋਪ ਇਨਾ ਤੇਜ਼ ਸੀ ਕਿ ਪੰਛੀ ਰੱਖ ਵਿਚ ਧੂਅ ਧੂਅ ਕਰਕੇ ਸੜ ਰਹੇ ਸਰਕੰਡੇ ਦੀਆਂ ਆਵਾਜ਼ਾਂ ਕਸਬਾ ਹਰੀਕੇ ਪੰਛੀ ਰੱਖ ਜਿਥੇ ਸੈਂਕੜੇ ਤਰ੍ਹਾਂ ਦੇ ਪੰਛੀ ਅਤੇ ਜੀਵ ਜੰਤੂ ਪਾਏ ਜਾਂਦੇ ਹਨ। ਰੰਗ ਬਿਰੰਗੇ ਮਨਮੋਹਣ ਪੰਛੀ ਹਰੀਕੇ ਪੰਛੀ ਰੱਖ ਦੇ ਸ਼ਾਂਤ ਮਾਹੌਲ ਨੂੰ ਪਸੰਦ ਕਰਦੇ ਹਨ, ਪ੍ਰੰਤੂ ਪਿਛਲੇ ਸਾਲਾਂ ਦੌਰਾਨ ਅਨੇਕਾਂ ਵਾਰ ਅੱਗ ਦੀਆਂ ਘਟਨਾਵਾਂ ਕਾਰਨ ਹਰੀਕੇ ਪੰਛੀ ਰੱਖ ਦਾ ਰਕਬਾ ਬਹੁਤ ਸੁੰਗੜ ਗਿਆ ਹੈ ਪਰ ਅੱਗ ਦਾ ਤਾਂਡਵ ਅਜੇ ਵੀ ਜਾਰੀ ਹੈ ਅਤੇ ਕੁਝ ਸ਼ਰਾਰਤੀ ਲੋਕ ਪੰਛੀ ਰੱਖ ਵਿਚ ਜਾਣਬੁਝ ਕੇ ਅੱਗੇ ਲਾਉਂਦੇ ਹਨ, ਜਿਸ ਕਾਰਨ ਬਹੁਤ ਵੱਡਾ ਨੁਕਸਾਨ ਹੁੰਦਾ ਹੈ। ਕਈ ਲੋਕ ਹਰੀਕੇ ਪੰਛੀ ਰੱਖ ਦੀ ਜ਼ਮੀਨ 'ਤੇ ਨਾਜਾਇਜ਼ ਕਬਜ਼ੇ ਦੀ ਕੋਸ਼ਿਸ਼ ਨੂੰ ਲੈ ਕੇ ਅੱਗ ਲਾਉਂਦੇ ਹਨ ਅਤੇ ਕਈ ਲੋਕ ਜੋ ਪਸ਼ੂ ਵਗੈਰਾ ਚਾਰਨ ਲਈ ਜਾਂਦੇ ਹਨ, ਉਹ ਵੀ ਪੰਛੀ ਰੱਖ ਦੇ ਸਰਕੰਢੇ ਨੂੰ ਸਾੜ ਦਿੰਦੇ ਹਨ ਤਾਂ ਜੋ ਉਪਰੋਂ ਸੁੱਕਾ ਸਰਕੰਢਾ ਸੜਨ ਤੋਂ ਬਾਅਦ ਥੱਲਿਓਂ ਦੁਬਾਰਾ ਹਰਾ ਘਾਹ ਸਰਕੰਢਾ ਉਗ ਸਕੇ ਅਤੇ ਪਸ਼ੂਆਂ ਨੂੰ ਹਰਾ ਚਾਰ ਸਕਣ। ਜਿਸ ਸਮੇਂ ਇਹ ਅੱਗ ਲਗਾਈ ਗਈ ਉਸ ਸਮੇਂ ਹਨੇਰੀ ਵੀ ਚੱਲ ਰਹੀ ਸੀ, ਜਿਸ ਕਾਰਨ ਮਿੰਟਾਂ ਸਕਿੰਟਾਂ ਵਿਚ ਹੀ ਅੱਗ ਵੱਡੇ ਪੱਧਰ 'ਤੇ ਫੈਲ ਗਈ ਤੇ ਬੇਕਾਬੂ ਹੋ ਗਈ। ਇਸ ਸਬੰਧੀ ਜਦ ਜੰਗਲੀ ਜੀਵ ਤੇ ਵਣ ਵਿਭਾਗ ਹਰੀਕੇ ਨੂੰ ਪਤਾ ਲੱਗਾ ਤਾਂ ਡੀਐਫਓ ਲਖਵਿੰਦਰ ਸਿੰਘ ਗਿੱਲ, ਰੇਂਜ ਅਫਸਰ ਕਮਲਜੀਤ ਸਿੰਘ ਆਪਣੇ ਕਰਮਚਾਰੀਆਂ ਨਾਲ ਮੋਟਰਬੋਟਾਂ ਰਾਹੀਂ ਪੰਛੀ ਰੱਖ ਵਿਚ ਅੱਗ ਨੂੰ ਬੁਝਾਉਣ ਲਈ ਪੁੱਜੇ। ਡੀਐਫਓ ਲਖਵਿੰਦਰ ਸਿੰਘ ਗਿੱਲ ਤੇ ਰੇਂਜ ਅਫਸਰ ਕਮਲਜੀਤ ਸਿੰਘ ਖੁਦ ਅੱਗ ਬੁਝਾਉਂਦੇ ਰਹੇ।

# ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਪ੍ਰੋ. ਦਰਸ਼ਨ ਸਿੰਘ ਖ਼ਾਲਸਾ ਦੇ ਵੱਡੇ ਸਪੁੱਤਰ ਦਾ ਦੇਹਾਂਤ

ਲੁਧਿਆਣਾ, 23 ਮਈ (ਚ.ਨ.ਸ): ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਪ੍ਰੋ. ਦਰਸ਼ਨ ਸਿੰਘ ਖ਼ਾਲਸਾ ਦੇ ਵੱਡੇ ਸਪੁੱਤਰ ਗੁਰਪਾਲ ਸਿੰਘ ਦਾ ਅੱਜ ਸਵੇਰੇ ਦੇਹਾਂਤ ਹੋ ਗਿਆ। ਉਹ ਪਿਛਲੇ ਕੁਝ ਦਿਨਾਂ ਤੋਂ ਡੀਐਮਸੀ ਹਸਪਤਾਲ ਵਿਚ ਦਾਖਲ ਸਨ, ਜਿਥੇ ਉਨ੍ਹਾਂ ਅੱਜ ਸਵੇਰੇ ਅੰਤਿਮ ਸਾਹ ਲਿਆ। ਉਹ ਆਪਣੇ ਪਿਛੇ ਮਾਤਾ ਪਿਤਾ ਅਤੇ ਧਰਮਪਤਨੀ ਤੋਂ ਇਲਾਵਾ ਇਕ ਸਪੁੱਤਰ, ਇਕ ਸਪੁੱਤਰੀ ਅਤੇ ਉਨ੍ਹਾਂ ਦਾ ਪਰਿਵਾਰ ਛੱਡ ਗਏ ਹਨ। ਉਨ੍ਹਾਂ ਦਾ ਅੰਤਿਮ ਸਸਕਾਰ ਮਾਡਲ ਟਾਊਨ ਐਕਸਟੈਨਸ਼ਨ ਸ਼ਮਸ਼ਾਨਘਾਟ ਲੁਧਿਆਣਾ ਵਿਖੇ ਕੀਤਾ ਗਿਆ। ਸਿੰਘ ਸਾਹਿਬ ਪ੍ਰੋ. ਦਰਸ਼ਨ ਸਿੰਘ ਵਿਦੇਸ਼ ਸਨ, ਵਾਪਸ ਲੁਧਿਆਣਾ ਪੁੱਜ ਗਏ ਹਨ। ਭਾਜਪਾ ਆਗੂ ਅਮਰਜੀਤ ਸਿੰਘ ਟਿੱਕਾ ਸਮੇਤ ਵੱਖ ਵੱਖ ਵਰਗਾਂ ਦੇ ਪ੍ਰਤੀਨਿੰਧਾਂ ਨੇ ਉਨ੍ਹਾਂ ਨਾਲ ਮੁਲਾਕਾਤ ਕਰਕੇ ਦੁੱਖ ਸਾਂਝਾ ਕੀਤਾ। ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਸਰਨਾ, ਜੋ ਕਿ ਯੂ.ਕੇ ਦੇ ਸਫ਼ਰ ਵਿਚ ਵਿਦੇਸ਼ ਪੁੱਜੇ ਹੋਏ ਸਨ, ਨੇ ਸਾਥੀਆਂ ਸਮੇਤ ਉਨ੍ਹਾਂ ਦੀ ਰਿਹਾਇਸ਼ ਵਿਖੇ ਪੁੱਜ ਕੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ।

# ਪਾਉਂਟਾ ਸਾਹਿਬ 'ਚ ਸ਼ਹੀਦੀ ਜੋੜ ਮੇਲ ਸੰਪੰਨ



ਪਾਉਂਟਾ ਸਾਹਿਬ, 23 ਮਈ (ਚ.ਨ.ਸ.): ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੀ ਚਰਨ ਛੋਹ ਪ੍ਰਾਪਤ ਅਸਥਾਨ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਪਾਤਸ਼ਾਹੀ ਦਸਵੀਂ ਨੂੰ ਮਹਿਤਾ ਤੋਂ ਆਜ਼ਾਦ ਕਰਵਾਉਣ ਵਾਸਤੇ 22 ਮਈ 1964 ਨੂੰ ਵਾਪਰੇ ਖੂਨੀ ਸਾਕੇ ਦੌਰਾਨ ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਦੇ ਸ਼ਹੀਦ ਹੋਏ 11 ਨਿਹੰਗ ਸਿੰਘਾਂ ਦੀ ਯਾਦ ਵਿੱਚ ਸ਼ਹੀਦੀ ਜੋੜ ਮੇਲ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਭਾਈ ਜਸਵੀਰ ਸਿੰਘ ਪਾਉਂਟਾ ਸਾਹਿਬ ਵਾਲੇ, ਜਥੇਦਾਰ ਸੰਤ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਕਮੇਟੀ, ਬੀਬੀ ਜਸਪਾਲ ਕੌਰ ਹਰੀਆਂ ਵੇਲਾਂ, ਭਾਈ ਮਹਾਂਵੀਰ ਸਿੰਘ ਕੈਨੇਡਾ, ਬੀਬੀ ਬਲਰਾਜ ਕੌਰ ਕੈਨੇਡਾ, ਕਥਾਵਾਚਕ ਗਿਆਨੀ ਸ਼ੇਰ ਸਿੰਘ ਅੰਬਾਲਾ, ਭਾਈ ਸੁਰਜੀਤ ਸਿੰਘ ਅਤੇ ਗਿਆਨੀ ਗੁਰਦੀਪ ਸਿੰਘ ਨੇ ਸੰਗਤਾਂ ਨੂੰ ਕਥਾ ਕੀਰਤਨ ਤੇ ਗੁਰਮਤਿ ਵਿਚਾਰਾਂ ਨਾਲ ਨਿਹਾਲ ਕੀਤਾ। ਇਸ ਮੌਕੇ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਦੇ ਸ਼ਹੀਦੀ ਸਾਕੇ ਦੇ ਚਸ਼ਮਦੀਦ ਗਵਾਹ ਅਤੇ ਸਿੱਖ ਕੌਮ ਦੇ ਜ਼ਿੰਦਾ ਸ਼ਹੀਦ ਸਿੰਘ ਸਾਹਿਬ ਜਥੇਦਾਰ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਜੋ ਕਿ ਉਦੋਂ ਗੋਲੀਆਂ ਲੱਗਣ ਕਰਕੇ ਜ਼ਖਮੀ ਹੋ ਗਏ ਸਨ, ਨੇ ਸ਼ਹੀਦੀ ਸਾਕੇ ਦੀ ਵਾਰਤਾ ਕਥਾ ਰੂਪ ਵਿੱਚ ਸਰਵਣ ਕਰਵਾਈ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਮੀਤ ਪ੍ਰਧਾਨ ਹਰਭਜਨ ਸਿੰਘ, ਹਰਪ੍ਰੀਤ ਸਿੰਘ ਜਨਰਲ ਸਕੱਤਰ, ਭਾਈ ਨਗਰ ਸਿੰਘ ਮੈਂਬਰ, ਮਨੋਜ ਜਗੀਰ ਸਿੰਘ, ਗੁਰਮੀਤ ਸਿੰਘ ਮੀਤ ਮੈਨੇਜਰ, ਗਿਆਨੀ ਬਲਵਿੰਦਰ ਸਿੰਘ ਹੈੱਡ ਗ੍ਰੰਥੀ, ਬਾਬਾ ਗੁਰਵਿੰਦਰ ਸਿੰਘ ਮੁਖੀ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਤਰਨਾ ਦਲ, ਭਾਈ ਹਰਪ੍ਰੀਤ ਸਿੰਘ ਸੀਕਰੀ, ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਭੁਪਿੰਦਰ ਸਿੰਘ ਫ਼ਤਹਿਪੁਰ ਕੋਠੀ, ਬਲਵੀਰ ਸਿੰਘ ਹਿਸਾਰ, ਬਾਬਾ ਕਾਲਾ ਸਿੰਘ, ਜਰਨੈਲ ਸਿੰਘ, ਜਬਰਜੰਗ ਸਿੰਘ, ਚਰਨਜੀਤ ਸਿੰਘ ਟੱਕਰ, ਕੁਲਵੰਤ ਸਿੰਘ, ਭਾਈ ਚਰਨਪ੍ਰੀਤ ਸਿੰਘ ਤੇ ਸੰਗਤਾਂ ਹਾਜ਼ਰ ਸਨ।

# ਦਵਿੰਦਰ ਸਿੰਘ ਦੇ ਹੱਕ 'ਚ ਆਈ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

### ☛ ਪਾਕਿਸਤਾਨ ਲਈ ਜਾਸੂਸੀ ਕਰਨ ਦੇ ਦੋਸ਼ ਹੇਠ ਕਾਬੂ ਕੀਤਾ



ਗੂਹਲਾ ਚੀਕਾ, 23 ਮਈ (ਚ.ਨ.ਸ): ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਮਸਤਗੜ੍ਹ ਪਿੰਡ ਵਾਸੀ ਦਵਿੰਦਰ ਸਿੰਘ ਦੇ ਹੱਕ ਵਿੱਚ ਆ ਗਈ ਹੈ। ਇਸ ਸਬੰਧੀ ਪੰਜ ਮੈਂਬਰਾਂ ਦੀ ਕਮੇਟੀ ਬਣਾਈ ਗਈ ਹੈ, ਜੋ ਮਾਮਲੇ ਦੀ ਨਿਰਪੱਖ ਜਾਂਚ ਨੂੰ ਯਕੀਨੀ ਬਣਾਉਣ ਅਤੇ ਸਰਕਾਰ ਨਾਲ ਗੱਲਬਾਤ ਕਰਨ ਲਈ ਕੰਮ ਕਰੇਗੀ। ਕਮੇਟੀ ਦੇ ਸਾਬਕਾ ਚੇਅਰਮੈਨ (ਐਡਹਾਕ) ਜਗਦੀਸ਼ ਸਿੰਘ ਝੀਂਡਾ ਦੀ ਅਗਵਾਈ ਹੇਠ ਕਮੇਟੀ ਮੈਂਬਰਾਂ ਨੇ ਕੈਥਲ ਦੀ ਐੱਸਐੱਸਪੀ ਆਸਥਾ ਮੋਦੀ ਨਾਲ ਮੁਲਾਕਾਤ ਕੀਤੀ ਅਤੇ ਦਵਿੰਦਰ ਸਿੰਘ ਦੇ ਮਾਮਲੇ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ। ਝੀਂਡਾ ਨੇ ਕਿਹਾ ਕਿ ਕਮੇਟੀ ਬਣਾਉਣ ਦਾ ਮਕਸਦ ਦਵਿੰਦਰ ਸਿੰਘ ਦੇ ਮਾਮਲੇ ਵਿੱਚ ਤੱਥਾਂ ਦੀ ਜਾਂਚ ਕਰਨਾ ਹੈ ਅਤੇ ਇਹ ਯਕੀਨੀ ਬਣਾਉਣਾ ਹੈ ਕਿ ਉਸ ਵਿਰੁੱਧ ਕੋਈ ਗਲਤ ਕਾਰਵਾਈ ਨਾ ਕੀਤੀ ਜਾਵੇ। ਝੀਂਡਾ ਨੇ ਕਿਹਾ ਕਿ ਦਵਿੰਦਰ ਸਿੰਘ ਦੇ ਪਰਿਵਾਰ ਨੇ ਸਮਾਜਿਕ ਪੱਧਰ 'ਤੇ ਮਦਦ ਦੀ ਮੰਗ ਕੀਤੀ ਸੀ। ਉਨ੍ਹਾਂ ਕਿਹਾ ਕਿ ਸਿੱਖ ਭਾਈਚਾਰਾ ਹਮੇਸ਼ਾ ਪਾਕਿਸਤਾਨ ਵਿੱਚ ਸਥਿਤ ਗੁਰਦੁਆਰਿਆਂ ਦੇ ਦਰਸ਼ਨ ਕਰਦਾ ਰਿਹਾ ਹੈ। ਦਵਿੰਦਰ ਸਿੰਘ ਵੀ ਇਸੇ ਮਕਸਦ ਲਈ ਪਾਕਿਸਤਾਨ ਗਿਆ ਸੀ। ਉਹ ਬਹੁਤ ਛੋਟਾ ਹੈ। ਉਸ ਮਾਹੌਲ ਵਿੱਚ ਕੌਣ ਕਿਸ ਨੂੰ ਮਿਲਦਾ ਹੈ, ਇਹ ਫੈਸਲਾ ਕਰਨਾ ਔਖਾ ਹੈ। ਕਮੇਟੀ ਨੇ ਐੱਸਐੱਸਪੀ ਨੂੰ ਅਪੀਲ ਕੀਤੀ ਕਿ ਮਾਮਲੇ ਦੀ ਨਿਰਪੱਖ ਜਾਂਚ ਕੀਤੀ ਜਾਵੇ। ਸਾਈਬਰ ਟੀਮ ਨੇ ਕੈਥਲ ਜ਼ਿਲ੍ਹੇ ਦੇ ਮਸਤਗੜ੍ਹ ਪਿੰਡ ਵਾਸੀ ਦਵਿੰਦਰ ਸਿੰਘ ਦੇ ਮੋਬਾਈਲ ਫੋਨ ਤੋਂ ਜ਼ਿਆਦਾਤਰ ਡਾਟਾ ਬਰਾਮਦ ਕਰ ਲਿਆ ਹੈ, ਜਿਸ ਨੂੰ ਪਾਕਿਸਤਾਨ ਲਈ ਜਾਸੂਸੀ ਕਰਨ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਗਿਆ ਸੀ। ਡੀਐੱਸਪੀ ਗੁਰਵਿੰਦਰ ਸਿੰਘ ਨੇ ਕਿਹਾ ਕਿ ਐੱਸਆਈਟੀ ਇਸ ਮਾਮਲੇ ਵਿੱਚ ਦਵਿੰਦਰ ਸਿੰਘ ਨੂੰ ਰਿਮਾਂਡ 'ਤੇ ਲੈ ਕੇ ਪੁੱਛਗਿੱਛ ਕੀਤੀ ਜਾ ਰਹੀ ਹੈ।

# ਸਰਕਾਰ ਦੀ ਡੇਨੂਲਮ ਸਕੀਮ ਤਹਿਤ ਮੰਜਲਾ ਅਚਾਰੀਆ ਨੂੰ ਮਿਲਿਆ 40 ਹਜ਼ਾਰ ਦਾ ਚੈੱਕ



ਮੰਡੀ ਗੋਬਿੰਦਗੜ੍ਹ, 23 ਮਈ (ਸੂਦ): ਪੰਜਾਬ ਸਰਕਾਰ ਦੀ ਸਕੀਮ ਡੇਨੂਲਮ ਦੇ ਤਹਿਤ ਔਰਤਾਂ ਦੇ ਸੈਲਫ ਹੈਲਪ ਗਰੁੱਪ ਰਾਹੀਂ ਮੰਡੀ ਗੋਬਿੰਦਗੜ੍ਹ ਦੀ ਇਕ ਕੰਮਕਾਜੀ ਔਰਤ ਮੰਜੁਲਾ ਅਚਾਰੀਆ ਨੂੰ ਆਪਣਾ ਖੁਦ ਦਾ ਕੰਮ ਕਰਨ ਵਾਸਤੇ 40 ਹਜ਼ਾਰ ਰੁਪਏ ਦੀ ਆਰਥਿਕ ਗਰਾਂਟ ਪੀਐਮਐਫਐਮਈ ਤਹਿਤ ਨਗਰ ਕੌਂਸਲ ਗੋਬਿੰਦਗੜ੍ਹ ਦਫਤਰ ਵੱਲੋਂ ਦਿੱਤੀ ਗਈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸੀਐਮਐਮ ਸੁਖਵਿੰਦਰ ਖਾਨ ਨੇ ਦੱਸਿਆ ਕਿ ਸਰਕਾਰ ਵੱਲੋਂ ਔਰਤਾਂ ਨੂੰ ਆਤਮ ਨਿਰਭਰ ਬਣਾਉਣ ਵਾਸਤੇ ਸੈਲਫ ਹੈਲਪ ਗਰੁੱਪਾਂ ਰਾਹੀਂ ਸਰਕਾਰ ਵਲੋਂ ਔਰਤਾਂ ਦਾ ਇੱਕ ਗਰੁੱਪ ਬਣਾਇਆ ਜਾਂਦਾ ਹੈ, ਜਿਸ ਵਿੱਚੋਂ ਦੋ ਔਰਤਾਂ ਨੂੰ ਲੈ ਕੇ ਇੱਕ ਏਐਲਐਫ ਬਣਦੀ ਹੈ। ਇਸ ਏਰੀਅਲ ਲੈਵਲ ਸੋਸਾਇਟੀ ਵੱਲੋਂ ਜਿਸ ਵੀ ਔਰਤ ਦੀ ਗ੍ਰਾਂਟ ਨੂੰ ਕੰਮ ਕਾਜ ਵਾਸਤੇ ਅਪਲਾਈ ਕੀਤਾ ਜਾਂਦਾ ਹੈ, ਉਸ ਨੂੰ ਨਗਰ ਕੌਂਸਲ ਦਫਤਰ ਦੇ ਵਿੱਚ 40,000 ਗ੍ਰਾਂਟ ਵਜੋਂ ਦਿੱਤਾ ਜਾਂਦਾ ਹੈ। ਉਸ ਵਿੱਚ ਔਰਤ ਘਰ ਵਿੱਚ ਪਾਪੜ ਬਣਾਉਣ, ਅਚਾਰ, ਮੁਰੱਬਾ, ਖੋਆ ਅਤੇ ਖਾਣ ਪੀਣ ਦੀ ਕੋਈ ਵੀ ਵਸਤੂ ਦਾ ਕੰਮ ਕਾਜ ਖੋਲ ਸਕਦੀ ਹੈ। ਉਹਨਾਂ ਨੂੰ ਕੰਮ ਸ਼ੁਰੂ ਕਰਨ ਵਾਸਤੇ 40 ਹਜ਼ਾਰ ਦੀ ਜਿਹੜੀ ਗਰਾਂਟ ਸਰਕਾਰ ਵੱਲੋਂ ਮਿਲਦੀ ਹੈ ਉਹ ਥਰੂ ਏਰੀਆ ਲੇਵਲ ਸੁਸਾਇਟੀ ਵੱਲੋਂ ਆਉਂਦੀ ਹੈ ਅਤੇ ਉਹ ਸਰਕਾਰ ਨੂੰ ਵਾਪਸ ਨਹੀਂ ਕਰਨੀ ਹੁੰਦੀ। ਉਨ੍ਹਾਂ ਦੱਸਿਆ ਕਿ ਸੁਸਾਇਟੀ ਨੂੰ ਵਾਪਸ ਕਰਨ ਦਾ ਸਮਾਂ ਡੇਢ ਸਾਲ ਤੋਂ ਦੋ ਸਾਲ ਦਾ ਹੁੰਦਾ ਭਾਵੇਂ ਉਹਦੀਆਂ ਕਿਸ਼ਤਾਂ ਵੀ ਕੀਤੀਆਂ ਜਾ ਸਕਦੀਆਂ। ਜਿਸ ਦਾ ਵਿਆਜ ਬਹੁਤ ਹੀ ਘੱਟ ਹੁੰਦਾ ਹੈ। ਇਸੇ ਕੜੀ ਤਹਿਤ ਮੰਜੁਲਾ ਅਚਾਰੀਆ ਨੂੰ ਇਹ ਚੈਕ ਦਿੱਤਾ ਗਿਆ। ਇਸ ਮੌਕੇ 'ਤੇ ਸੁਖਵਿੰਦਰ ਖਾਨ (ਸੀ.ਐਮ.ਐਮ), ਮਿਲਨਦੀਪ (ਸੀ.ਓ), ਗੋਬਿੰਦਗੜ੍ਹ ਨਗਰ ਕੌਂਸਲ ਦੇ ਕਾਰਜਕਾਰੀ ਅਧਿਕਾਰੀ ਚੇਤਨ ਸ਼ਰਮਾ, ਕਿਰਨਦੀਪ (ਸੁਪਰਡੈਂਟ), ਮਦਨ ਲਾਲ (ਨੋਡਲ ਅਫ਼ਸਰ) ਮਿਨੂੰ ਸ਼ਰਮਾ (ਏ.ਐਲ.ਐਫ.ਮੈਂਬਰ) ਤੇ ਵੰਦਨਾ ਸ਼ਰਮਾ (ਏ.ਐਲ.ਐਫ.ਮੈਂਬਰ) ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਵਾਅਦਾ ਪੂਰਾ ਕਰੇ: ਨਿਰਭੈ, ਕਾਕਾ, ਮਨੋਜ ਘਈ

### ☛ 25 ਨੂੰ ਨਾਭਾ ਦੀ ਫ਼ੇਰੀ ਦੌਰਾਨ ਕੇਜਰੀਵਾਲ ਤੇ ਭਗਵੰਤ ਮਾਨ ਨੂੰ ਯਾਦ ਪੱਤਰ ਦੇਣ ਦਾ ਕੀਤਾ ਫ਼ੈਸਲਾ



ਅਮਲੋਹ, 23 ਮਈ (ਜਸਵੰਤ ਸਿੰਘ): ਨਾਭਾ ਸ਼ਹਿਰ ਵਿਖੇ 25 ਮਈ ਨੂੰ ਪੁੱਜ ਰਹੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਪੰਜਾਬ ਰਾਜ ਪੈਨਸ਼ਨ ਪ੍ਰਾਪਤੀ ਮੰਚ ਵਲੋਂ ਪੁਰਾਣੀ ਪੈਨਸ਼ਨ ਬਹਾਲੀ ਦਾ 'ਵਾਅਦਾ ਯਾਦ ਕਰੋ' ਪੱਤਰ ਦਿੱਤਾ ਜਾਵੇਗਾ। ਇਹਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਪੰਜਾਬ ਰਾਜ ਪੈਨਸ਼ਨ ਪ੍ਰਾਪਤੀ ਮੰਚ ਦੇ ਪ੍ਰਧਾਨ ਨਿਰਭੈ ਸਿੰਘ ਮਾਲੋਵਾਲ ਨੇ ਦੱਸਿਆ ਕਿ ਉਹਨਾਂ ਕਿ ਇੱਕ ਹੰਗਾਮੀ ਜੂਮ ਮੀਟਿੰਗ ਕੀਤੀ, ਜਿਸ ਵਿਚ ਪੰਜਾਬ ਭਰ ਤੋਂ ਆਗੂਆਂ ਨੇ ਵਿਚਾਰ ਦਿੱਤੇ ਅਤੇ ਫੈਸਲਾ ਕੀਤਾ ਕਿ ਮੰਚ ਵੱਲੋਂ ਕੇਜਰੀਵਾਲ ਅਤੇ ਭਗਵੰਤ ਮਾਨ ਨੂੰ 'ਵਾਅਦਾ ਯਾਦ ਕਰੋ' ਪੱਤਰ ਦਿੱਤਾ ਜਾਵੇਗਾ, ਜਿਸ ਵਿਚ ਪੰਜਾਬ ਦੇ ਹਰੇਕ ਕੋਨੇ ਤੋਂ ਸਰਕਾਰੀ ਮੁਲਾਜਮ ਸ਼ਾਮਲ ਹੋਣਗੇ। ਉਹਨਾਂ ਕਿਹਾ ਕਿ 2022 ਦੀ ਸਰਕਾਰ ਬਣਨ ਤੋਂ ਪਹਿਲਾਂ ਆਮ ਆਦਮੀ ਪਾਰਟੀ ਵੱਲੋਂ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦੀ ਗਾਰੰਟੀ ਦਿੱਤੀ ਸੀ ਅਤੇ ਕਿਹਾ ਸੀ ਕੇ ਕੈਬਨਿਟ ਦੀ ਪਹਿਲੀ ਮੀਟਿੰਗ ਵਿੱਚ ਇਸ ਨੂੰ ਬਹਾਲ ਕੀਤਾ ਜਾਵੇਗਾ। ਸਰਕਾਰ ਵੱਲੋਂ ਇਕ ਨੋਟੀਫਿਕੇਸ਼ਨ ਵੀ ਜਾਰੀ ਕੀਤਾ ਗਿਆ ਪਰ ਤਿੰਨ ਸਾਲ ਬੀਤਣ ਦੇ ਬਾਵਜੂਦ ਕੋਈ ਕਾਰਵਾਈ ਨਹੀਂ ਕੀਤੀ। ਇਸ ਮੌਕੇ ਮਨੋਜ ਘਈ ਪਟਿਆਲਾ ਨੇ ਕਿਹਾ ਕਿ ਸਾਡੇ ਗੁਆਂਢੀ ਸੂਬੇ ਹਿਮਾਚਲ ਪ੍ਰਦੇਸ਼ ਦੀ ਸਰਕਾਰ ਨੇ ਪਹਿਲੀ ਕੈਬਨਿਟ ਵਿੱਚ ਹੀ ਪੁਰਾਣੀ ਪੈਨਸ਼ਨ ਲਾਗੂ ਕਰ ਦਿੱਤੀ। ਉਹਨਾਂ ਕਿਹਾ ਕਿ 2022 ਵਿਚ ਆਦਮੀ ਪਾਰਟੀ ਨੂੰ ਸਰਕਾਰੀ ਮੁਲਾਜ਼ਮਾਂ ਨੇ ਸਭ ਤੋਂ ਵੱਧ ਵੋਟਾਂ ਪਾਈਆਂ ਸਨ ਤਾਂ ਜੋ ਮੁਲਾਜ਼ਮ ਮੱਸਲੇ ਹੱਲ ਹੋ ਸਕਣ ਅਤੇ ਪੁਰਾਣੀ ਪੈਨਸ਼ਨ ਬਹਾਲ ਹੋਵੇ ਪ੍ਰੰਤੂ ਤਿੰਨ ਸਾਲ ਬੀਤਣ ਮਗਰੋਂ ਵੀ ਕੁੱਝ ਨਹੀ ਹੋਇਆ। ਇਸ ਮੌਕੇ ਕਾਕਾ ਬੇਰ ਕਲਾਂ ਨੇ ਪ੍ਰਸ਼ਾਸਨ ਅਤੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਪੁਰਾਣੀ ਪੈਨਸ਼ਨ ਤੁਰੰਤ ਬਹਾਲ ਕਰੇ ਤਾਂ ਜੋ ਮੁਲਾਜ਼ਮ ਵਰਗ ਵਿਚ ਗੁੱਸਾ ਸ਼ਾਂਤ ਹੋ ਸਕੇ।

# ਇਤਿਹਾਸਕ ਸ਼ਹਿਰ ਅਮਲੋਹ ਦੇ ਵਿਕਾਸ 'ਚ ਕੋਈ ਕਸਰ ਨਹੀਂ ਛੱਡੀ ਜਾਵੇਗੀ: ਗੈਰੀ ਬੜਿੰਗ

### ☛ ਅਮਲੋਹ ਕੌਂਸਲ ਨੇ ਸ਼ਹਿਰ ਦੇ ਵਿਕਾਸ ਲਈ 3 ਕਰੋੜ ਰੁਪਏ ਦੇ ਮਤੇ ਕੀਤੇ ਪਾਸ



ਅਮਲੋਹ, 23 ਮਈ (ਜਸਵੰਤ ਸਿੰਘ): ਨਗਰ ਕੌਂਸਲ ਅਮਲੋਹ ਦੀ ਇਕ ਮੀਟਿੰਗ ਪ੍ਰਧਾਨ ਸਿਕੰਦਰ ਸਿੰਘ ਗੋਗੀ ਦੀ ਅਗਵਾਈ ਹੇਠ ਹੋਈ, ਜਿਸ ਵਿਚ ਅਮਲੋਹ ਹਲਕੇ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਅਹਿਮ ਮਸਲਿਆਂ 'ਤੇ ਵਿਚਾਰ ਕਰਨ ਉਪਰੰਤ ਸ਼ਹਿਰ ਦੇ ਵਿਕਾਸ ਲਈ ਕਰੀਬ 3 ਕਰੋੜ ਰੁਪਏ ਦੇ ਮਤੇ ਪਾਸ ਕੀਤੇ ਗਏ। ਸ੍ਰੀ ਬੜਿੰਗ ਨੇ ਕਿਹਾ ਕਿ ਇਤਿਹਾਸਕ ਸ਼ਹਿਰ ਅਮਲੋਹ ਦੇ ਸਰਵਪੱਖੀ ਵਿਕਾਸ ਵਿਚ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਕੋਈ ਕਸਰ ਨਹੀਂ ਛੱਡੀ ਜਾਵੇਗੀ। ਪ੍ਰਧਾਨ ਸਿਕੰਦਰ ਸਿੰਘ ਗੋਗੀ ਅਤੇ ਸੀਨੀਅਰ ਮੀਤ ਪ੍ਰਧਾਨ ਵਿੱਕੀ ਮਿੱਤਲ ਨੇ ਦੱਸਿਆ ਕਿ ਸ਼ਹਿਰ ਨੂੰ ਕੂੜਾ ਮੁਕਤ ਬਨਾਉਣ ਲਈ ਵਿਸ਼ੇਸ਼ ਯੋਜਨਾ ਤਹਿਤ ਮਤੇ ਪਾਸ ਹੋਏ ਹਨ, ਰੂੜੀਆਂ ਖਤਮ ਕਰਨ ਲਈ ਟੀਮਾਂ ਘਰ-ਘਰ ਤੋਂ ਕੂੜਾ ਇਕੱਠਾ ਕਰਨਗੀਆਂ, ਸ਼ਹਿਰ ਨੂੰ ਸੈਕਟਰਾਂ ਵਿਚ ਵੰਡਿਆ ਜਾਵੇਗਾ, ਨਿਗਰਾਨੀ ਲਈ ਮੁੱਖ ਥਾਵਾਂ 'ਤੇ ਸੀਸੀਟੀਵੀ ਕੈਮਰੇ ਲਗਾਏ ਜਾਣਗੇ। ਉਨ੍ਹਾਂ ਦੱਸਿਆ ਕਿ ਸ਼ਹਿਰ ਨੂੰ ਨਹਿਰੀ ਪਾਣੀ ਦੀ ਸਪਲਾਈ ਲਈ ਪਾਈਪ ਲਾਈਨ ਵੀ ਪਾਈ ਜਾ ਰਹੀ ਹੈ ਅਤੇ ਸਾਰੇ ਪ੍ਰੋਜੈਕਟਾਂ ਲਈ ਵਿਧਾਇਕ ਅਤੇ ਸਰਕਾਰ ਵੱਲੋਂ ਮਦਦ ਮਿਲ ਰਹੀ ਹੈ। ਮੀਟਿੰਗ ਵਿਚ ਈ.ਓ. ਬਲਜਿੰਦਰ ਸਿੰਘ, ਮੀਤ ਪ੍ਰਧਾਨ ਜਗਤਾਰ ਸਿੰਘ, ਦਰਸ਼ਨ ਸਿੰਘ ਚੀਮਾ, ਕੌਂਸਲਰ ਹਰਵਿੰਦਰ ਕੌਰ, ਅਤੁੱਲ ਲੁਟਾਵਾ, ਰਾਕੇਸ਼ ਕੁਮਾਰ ਸ਼ਾਹੀ, ਗੁਰਮੀਤ ਕੌਰ, ਜਾਨਵੀ ਸ਼ਰਮਾ, ਕੁਲਵਿੰਦਰ ਸਿੰਘ, ਨੀਨਾ ਸ਼ਾਹੀ, ਲਵਪ੍ਰੀਤ ਸਿੰਘ, ਕਮਲਜੀਤ ਕੌਰ, ਪੂਨਮ ਜਿੰਦਲ, ਜਸਵਿੰਦਰ ਸਿੰਘ (ਸਾਰੇ ਕੌਂਸਲਰ) ਅਤੇ ਮੋਨੀ ਸ਼ਰਮਾ ਆਦਿ ਹਾਜ਼ਰ ਸਨ।

# ਟਰਾਲੀਆਂ ਲੈ ਕੇ ਜਾਂਦੇ ਕਿਸਾਨਾਂ ਨੇ ਦੋ ਬੱਚਿਆਂ ਤੇ ਇਸਤਰੀ ਪੁਲਿਸ ਮੁਲਾਜ਼ਮ ਸਣੇ 5 ਨੂੰ ਮਾਰੀ ਟੱਕਰ

ਅੰਮ੍ਰਿਤਸਰ, 23 ਮਈ (ਚ.ਨ.ਸ): ਬੈਂਕ ਕਰਜ਼ਿਆਂ ਦੀ ਅਦਾਇਗੀ ਨਾ ਹੋਣ ਕਾਰਨ ਕੁਰਕੀ ਸਬੰਧੀ ਮੰਗ ਪੱਤਰ ਦੇਣ ਆਏ ਕਿਸਾਨ ਡੀਸੀ ਦਫ਼ਤਰ ਜਾ ਰਹੇ ਸਨ ਤਾਂ ਪੁਲਿਸ ਨੇ ਇਕ ਹਸਪਤਾਲ ਨੇੜੇ ਕਿਸਾਨਾਂ ਨੂੰ ਰੋਕ ਦਿੱਤਾ ਅਤੇ ਦੋਵਾਂ ਧਿਰਾਂ ਦਰਮਿਆਨ ਬਹਿਸ ਹੋ ਗਈ। ਕਿਸਾਨਾਂ ਨੂੰ ਰੋਕਣ ਲਈ ਪੁਲਿਸ ਨੂੰ ਹਲਕਾ ਲਾਠੀਚਾਰਜ ਕਰਨਾ ਪਿਆ ਤੇ ਬਹੁਤ ਸਾਰੇ ਕਿਸਾਨ ਕਾਰਕੁੰਨ ਹਿਰਾਸਤ ਵਿਚ ਲੈ ਲਏ। ਇਸ ਦੌਰਾਨ ਆਪਣੀਆਂ ਟਰਾਲੀਆਂ ਲੈ ਕੇ ਭੱਜ ਰਹੇ ਕਿਸਾਨਾਂ ਦੀਆਂ ਟਰਾਲੀਆਂ ਦੋ ਸਕੂਲੀ ਬੱਚਿਆਂ ਉੱਪਰ ਚੜ੍ਹ ਗਈਆਂ ਤੇ ਉਨ੍ਹਾਂ ਦਾ ਸਕੂਟਰ ਨੁਕਸਾਨਿਆ ਗਿਆ, ਇਸ ਤੋਂ ਇਲਾਵਾ ਇਕ ਹੋਰ ਬਾਈਕ ਸਵਾਰ ਗੰਭੀਰ ਜ਼ਖ਼ਮੀ ਹੋ ਗਿਆ। ਇਸ ਬਾਰੇ ਕਿਸਾਨਾਂ ਦਾ ਦੋਸ਼ ਹੈ ਕਿ ਉਹ ਆਪਣੀਆਂ ਮੰਗਾਂ ਲੈ ਕੇ ਡੀਸੀ ਦਫ਼ਤਰ ਜਾ ਰਹੇ ਸਨ, ਜਿੱਥੇ ਪੁਲਿਸ ਨੇ ਉਨ੍ਹਾਂ 'ਤੇ ਲਾਠੀਚਾਰਜ ਕੀਤਾ। ਪ੍ਰਧਾਨ ਕਸ਼ਮੀਰ ਸਿੰਘ ਧੰਗਾਈ ਤੇ ਬਘੇਲ ਸਿੰਘ ਨੇ ਦੱਸਿਆ ਕਿ ਸਵੇਰੇ ਭਾਰਤੀ ਕਿਸਾਨ ਯੂਨੀਅਨ ਏਕਤਾ ਪੰਜਾਬ ਸਿੱਧੂਪੁਰ ਦੇ ਕਿਸਾਨ ਮੰਗ-ਪੱਤਰ ਦੇਣ ਲਈ ਡੀਸੀ ਅੰਮ੍ਰਿਤਸਰ ਦੇ ਦਫ਼ਤਰ ਜਾ ਰਹੇ ਸਨ। ਇਸ ਤੋਂ ਬਾਅਦ ਵੀ ਜਦੋਂ ਕਿਸਾਨ ਨਹੀਂ ਉੱਠੇ ਤਾਂ ਪੁਲਿਸ ਨੇ ਉਨ੍ਹਾਂ 'ਤੇ ਲਾਠੀਚਾਰਜ ਕੀਤਾ ਤੇ ਉਨ੍ਹਾਂ ਨੂੰ ਸੜਕ ਤੋਂ ਹਟਾ ਦਿੱਤਾ। ਉਨ੍ਹਾਂ ਕਿਹਾ ਕਿ ਮਾਮਲਾ ਹਾਈ ਕੋਰਟ ਵਿਚ ਹੈ ਤੇ ਕੱਲ੍ਹ ਕਿਸਾਨਾਂ ਨਾਲ ਗੱਲਬਾਤ ਹੋਈ ਸੀ, ਪਰ ਉਹ ਹਾਲੇ ਵੀ ਹਿੰਸਕ ਰੌਅ ਵਿਚ ਸਨ, ਜਿਸ ਕਾਰਨ ਉਨ੍ਹਾਂ ਨੂੰ ਹਟਾ ਦਿੱਤਾ ਗਿਆ। ਇਸ ਤੋਂ ਪਹਿਲਾਂ ਕੱਲ੍ਹ ਡੀਸੀ ਸਾਕਸ਼ੀ ਸਾਹਨੀ ਨਾਲ ਕਿਸਾਨਾਂ ਦੀ ਮੀਟਿੰਗ ਹੋਈ ਸੀ ਤੇ ਇਸ ਆਗੂ ਨੂੰ ਬੁਲਾਇਆ ਗਿਆ ਸੀ ਪਰ ਪੂਰਾ ਦਿਨ ਬੁਲਾਉਣ ਦੇ ਬਾਵਜੂਦ ਉਹ ਨਹੀਂ ਆਇਆ।

# ਗਰਮੀਆਂ ਦੀਆਂ ਛੁੱਟੀਆਂ ਨੂੰ ਲੈ ਕੇ 26 ਤੋਂ 29 ਜੂਨ ਤੱਕ ਸ੍ਰੀ ਅਨੰਦਪੁਰ ਸਾਹਿਬ ਦੇ ਬਾਜ਼ਾਰ ਰਹਿਣਗੇ ਬੰਦ



ਸ੍ਰੀ ਅਨੰਦਪੁਰ ਸਾਹਿਬ, 23 ਮਈ (ਤਰਲੋਚਨ ਸਿੰਘ): ਵਪਾਰ ਮੰਡਲ ਦੀ ਇਕ ਅਹਿਮ ਮੀਟਿੰਗ ਬੀਤੀ ਸ਼ਾਮ ਗੁ.ਭੋਰਾ ਸਾਹਿਬ ਵਿਖੇ ਵਪਾਰ ਮੰਡਲ ਦੇ ਪ੍ਰਧਾਨਾਂ ਇੰਦਰਜੀਤ ਸਿੰਘ ਅਰੋੜਾ, ਪ੍ਰਿਤਪਾਲ ਸਿੰਘ ਗੰਡਾ ਤੇ ਦੀਪਕ ਆਂਗਰਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਬਾਰੇ ਜਾਣਕਾਰੀ ਦਿੰਦੇ ਹੋਏ ਵਪਾਰ ਮੰਡਲ ਦੇ ਜਨਰਲ ਸੈਕਟਰੀ ਜਸਪਾਲ ਸਿੰਘ ਗੁੰਬਰ ਵੱਲੋਂ ਦੱਸਿਆ ਗਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗਰਮੀਆਂ ਦੀਆਂ ਛੁੱਟੀਆਂ ਨੂੰ ਲੈ ਕੇ 26 ਤੋਂ 29 ਜੂਨ ਤੱਕ ਸ੍ਰੀ ਅਨੰਦਪੁਰ ਸਾਹਿਬ ਦੀਆਂ ਸਮੂਹ ਦੁਕਾਨਾਂ ਬੰਦ ਰੱਖੀਆਂ ਜਾਣਗੀਆਂ। ਇਹ ਫ਼ੈਸਲਾ ਵਪਾਰ ਮੰਡਲ ਸ੍ਰੀ ਅਨੰਦਪੁਰ ਸਾਹਿਬ ਵਲੋਂ ਮੀਟਿੰਗ ਕਰਨ ਉਪਰੰਤ ਸਰਬ ਸੰਮਤੀ ਨਾਲ ਲਿਆ ਗਿਆ। ਇਸ ਮੌਕੇ ਪੁੱਜੇ ਵਪਾਰੀਆਂ ਨੇ ਸ਼ਹਿਰ ਦੇ ਹੋਰ ਦੁਕਾਨਦਾਰਾਂ ਨੂੰ ਅਪੀਲ ਕਰਦਿਆਂ ਕਿਹਾ ਕੇ ਸਾਰੇ ਦੁਕਾਨਦਾਰ ਵੀਰ ਇੱਕਜੁੱਟ ਹੋਣ ਤੇ ਆਪਸੀ ਭਾਈਚਾਰੇ ਨੂੰ ਬਣਾ ਕੇ ਰੱਖਿਆ ਜਾਵੇ। ਇਸ ਮੌਕੇ, ਸੁਨੀਲ ਅਡਵਾਲ ਪ੍ਰਧਾਨ ਰੇਹੜੀ ਖੋਖਾ ਯੂਨੀਅਨ, ਰਾਜੂ ਮਹਾਜਨ ਪ੍ਰਧਾਨ ਪੁਡਾ ਮਾਰਕੀਟ, ਦਵਿੰਦਰ ਵਰਮਾ ਪ੍ਰਧਾਨ ਸਵਰਨਕਾਰ ਸੁਸਾਇਟੀ, ਅਖਿਲ ਕੌਸ਼ਲ, ਦਲਜੀਤ ਸਿੰਘ ਅਰੋੜਾ, ਸੁਮਿਤ ਮਹਿਤਾ, ਇੰਦਰਜੀਤ ਕੌਸ਼ਲ, ਜਸਵਿੰਦਰ ਸਿੰਘ ਸੋਨੂੰ ਅਰੋੜਾ, ਜਰਨੈਲ ਸਿੰਘ ਗੁੰਬਰ, ਰਾਜੂ ਧੀਮਾਨ, ਜਸਵਿੰਦਰ ਸਿੰਘ ਬਿੱਟੂ, ਕਮਲਜੀਤ ਵਰਮਾ, ਹਰਪ੍ਰੀਤ ਸਿੰਘ ਬੰਟੀ ਬੇਦੀ ਗਾਰਮੈਂਟਸ, ਪਰਮਜੀਤ ਸਿੰਘ, ਇਕਬਾਲ ਸਿੰਘ ਰਾਜੂ, ਨਰੇਸ਼ ਮਹਿਤਾ, ਤਰਲੋਚਨ ਸਿੰਘ, ਜਤਿੰਦਰਪਾਲ ਸਿੰਘ, ਗੁਰਚਰਨ ਸਿੰਘ, ਗੁਰਕੀਰਤ ਸਿੰਘ ਬਾਵਾ, ਰਾਮਿੰਦਰ ਸਿੰਘ ਦਾਰਾ, ਉਰਿੰਦਰ ਸਿੰਘ ਅਰੋੜਾ, ਮਨੀ ਗੁੰਬਰ, ਪ੍ਰਿੰਸ ਕਥੂਰੀਆ ਅਕਾਸ਼ ਕੁਮਾਰ ਨੱਥੂ, ਕਮਲਪ੍ਰੀਤ ਸਿੰਘ ਬੱਬੂ, ਗੌਰਵ ਸ਼ਰਮਾ, ਪੰਕਜ ਸ਼ਰਮਾ, ਸੰਜੇ ਆਂਗਰਾ, ਮੁਨੀਸ਼ ਕੌਸ਼ਲ, ਪ੍ਰਿੰਸ ਰੈਡੀਮੇਡ, ਸੋਨੂੰ ਅਰੋੜਾ, ਅਰਸ਼ਦੀਪ ਸਿੰਘ, ਸ਼ੈਫੀ ਅਰੋੜਾ, ਸ਼ਫ਼ੀ ਕਥੂਰੀਆ, ਰੋਮੀ ਆਂਗਰਾ, ਨਰਿੰਦਰ ਸਿੰਘ ਸੰਤ ਬੂਟ ਆਦਿ ਹਾਜ਼ਰ ਸਨ।

# ਜਥੇਦਾਰ ਭਾਈ ਕੁਲਦੀਪ ਸਿੰਘ ਚੱਕ ਸਕੂਲ 'ਚ ਮਨਾਇਆ 'ਮਾਂ ਦਿਵਸ'



ਮੁਕੇਰੀਆਂ, 23 ਮਈ (ਧਰਮ ਚੰਦ): ਜਥੇਦਾਰ ਭਾਈ ਕੁਲਦੀਪ ਸਿੰਘ ਚੱਕ ਮੈਮੋਰੀਅਲ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਚੱਕ ਅੱਲਾ ਬਖ਼ਸ਼ ਮੁਕੇਰੀਆਂ ਵਿਖੇ ਪ੍ਰਿੰਸੀਪਲ ਡਾਕਟਰ ਗੁਰਮੀਤ ਕੌਰ ਗਿੱਲ ਜੀ ਦੀ ਯੋਗ ਅਗਵਾਈ ਹੇਠ ਮਾਂ ਦਿਵਸ ਮਨਾਇਆ ਗਿਆ। ਇਹ ਦਿਵਸ ਉਹਨਾਂ ਸਾਰੀਆਂ ਮਾਵਾਂ ਨੂੰ ਸਮਰਪਿਤ ਕੀਤਾ ਗਿਆ, ਜਿਨਾਂ ਦੇ ਬੱਚੇ ਬਾਰਡਰਾਂ ਉੱਪਰ ਦੇਸ਼ ਦੀ ਰਖਵਾਲੀ ਕਰ ਰਹੇ ਹਨ। ਇਸ ਦਿਵਸ ਅਧੀਨ ਵੱਖ-ਵੱਖ ਜਮਾਤਾਂ ਦੀਆਂ ਵਿਦਿਆਰਥਣਾਂ ਅਤੇ ਉਹਨਾਂ ਦੀਆਂ ਮਾਵਾਂ ਨੇ ਭਾਗ ਲਿਆ। ਪ੍ਰੋਗਰਾਮ ਅਧੀਨ ਗਰੁੱਪ ਗਾਇਨ, ਵਿਅਕਤੀਗਤ ਗੀਤ, ਨਾਟਕ, ਪੰਜਾਬੀ ਲੋਕ-ਨਾਚ ਗਿੱਧਾ ਅਤੇ ਹੋਰ ਵੱਖਰੀਆਂ-ਵੱਖਰੀਆਂ ਮਨੋਰੰਜਕ ਖੇਡਾਂ ਕਰਾਈਆਂ ਗਈਆਂ। ਪ੍ਰੋਗਰਾਮ ਅਧੀਨ ਵਿਦਿਆਰਥਣਾਂ ਅਤੇ ਉਹਨਾਂ ਦੀਆਂ ਮਾਤਾਵਾਂ ਨੇ ਸਕੂਲ ਪ੍ਰਤੀ ਆਪਣੇ ਸਕਾਰਾਤਮਕ ਵਿਚਾਰ ਵੀ ਸਾਂਝੇ ਕੀਤੇ। ਵੱਖ-ਵੱਖ ਗਤੀਵਿਧੀਆਂ ਅਧੀਨ ਇਹ ਸਿਖਾਇਆ ਗਿਆ ਕਿ ਬੱਚੇ ਮਾਪਿਆਂ ਦੇ ਆਗਿਆਕਾਰੀ ਹੋਣ ਅਤੇ ਉਹਨਾਂ ਤੋਂ ਜੀਵਨ ਨੂੰ ਸਹੀ ਸੇਧ ਦੇਣ ਦੀਆਂ ਗੱਲਾਂ ਸਿੱਖਣ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਡਾਕਟਰ ਗੁਰਮੀਤ ਕੌਰ ਗਿੱਲ ਨੇ ਵਿਸ਼ੇਸ਼ ਤੌਰ 'ਤੇ ਆਈਆਂ ਹੋਈਆਂ ਸਾਰੀਆਂ ਮਾਵਾਂ ਦਾ ਧੰਨਵਾਦ ਕੀਤਾ ਅਤੇ ਵਿਦਿਆਰਥਣਾਂ ਨੂੰ ਉਸ ਪਰਮ-ਪਿਤਾ ਪਰਮਾਤਮਾ ਦੇ ਹਮੇਸ਼ਾ ਸ਼ੁਕਰਗੁਜ਼ਾਰ ਹੋਣ ਲਈ ਕਿਹਾ, ਜਿਨਾਂ ਨੇ ਉਹਨਾਂ ਨੂੰ ਮਾਂ ਰੂਪੀ ਬੇਸ਼ਕੀਮਤੀ ਤੋਹਫਾ ਦਿੱਤਾ ਹੈ। ਉਹਨਾਂ ਨੇ ਬੱਚਿਆਂ ਨੂੰ ਮਾਤਾ-ਪਿਤਾ ਦਾ ਆਦਰ ਤੇ ਸਤਿਕਾਰ ਕਰਨ ਲਈ ਪ੍ਰੇਰਿਆ। ਇਸ ਮੌਕੇ 'ਤੇ ਸਕੂਲ ਸਟਾਫ ਅਤੇ ਵਿਦਿਆਰਥਣਾਂ ਹਾਜ਼ਰ ਰਹੀਆਂ। ਭਾਗ ਲੈਣ ਵਾਲੀਆਂ ਵੱਖ- ਵੱਖ ਵਿਦਿਆਰਥਣਾਂ ਤੇ ਉਹਨਾਂ ਦੀਆਂ ਮਾਵਾਂ ਨੂੰ ਤੋਹਫਿਆਂ ਦੇ ਨਾਲ ਸਨਮਾਨਿਤ ਵੀ ਕੀਤਾ ਗਿਆ।

# ਨਸ਼ਾ ਮੁਕਤੀ ਯਾਤਰਾ ਲੋਕ ਲਹਿਰ 'ਚ ਬਦਲਣ ਲੱਗੀ: ਲਖਬੀਰ ਸਿੰਘ ਰਾਏ



ਫ਼ਤਹਿਗੜ੍ਹ ਸਾਹਿਬ, 23 ਮਈ (ਹਰਪ੍ਰੀਤ ਕੌਰ ਟਿਵਾਣਾ): ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਕਿਹਾ ਹੈ ਕਿ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਚਲਾਈ ਜਾ ਰਹੀ ਨਸ਼ਾ ਮੁਕਤੀ ਯਾਤਰਾ ਹੁਣ ਲੋਕ ਲਹਿਰ ਦੇ ਰੂਪ ਵਿੱਚ ਵੱਧ ਫੁੱਲ ਰਹੀ ਹੈ। ਉਹਨਾਂ ਕਿਹਾ ਕਿ ਕਿਸੇ ਮੁਹਿੰਮ ਦਾ ਲੋਕ ਲਹਿਰ ਵਜੋਂ ਵਿਕਸਿਤ ਹੋਣਾ ਇਸ ਗੱਲ ਦਾ ਸੰਕੇਤ ਹੈ ਕਿ ਲੋਕ ਤਨ ਅਤੇ ਮਨ ਨਾਲ ਸਰਕਾਰ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹਨ ਤੇ ਨਸ਼ਿਆਂ ਵਰਗੀ ਭਿਆਨਕ ਸਮਾਜਿਕ ਬੁਰਾਈ ਦਾ ਖਾਤਮਾ ਕਰਨ ਲਈ ਦ੍ਰਿੜ ਹਨ। ਵਿਧਾਇਕ ਨੇ ਦੱਸਿਆ ਕਿ ਸੂਬੇ ਵਿੱਚ ਵੱਡੀ ਗਿਣਤੀ ਨਸ਼ਾ ਤਸਕਰਾਂ ਦੀਆਂ ਗੈਰ-ਕਾਨੂੰਨੀ ਜਾਇਦਾਦਾਂ 'ਤੇ ਬੁਲਡੋਜ਼ਰ ਚਲਾਇਆ ਜਾ ਚੁੱਕਾ ਹੈ ਜੋ ਕਿ ਲੋਕ ਹਿੱਤ ਵਿੱਚ ਸਰਕਾਰ ਦੀ ਵੱਡੀ ਪ੍ਰਾਪਤੀ ਹੈ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਕੋਈ ਸਿਆਸੀ ਯਾਤਰਾ ਨਹੀਂ ਹੈ, ਬਲਕਿ ਇੱਕ ਸਮਾਜਿਕ ਸੰਕਲਪ ਹੈ ਅਤੇ ਉਹ ਸਮਾਜ ਦੇ ਹਰ ਵਰਗ, ਹਰ ਪੰਚਾਇਤ, ਹਰ ਨੌਜਵਾਨ, ਹਰ ਮਾਤਾ-ਪਿਤਾ ਨੂੰ ਅਪੀਲ ਕਰਦੇ ਹਨ ਕਿ ਇਸ ਅੰਦੋਲਨ ਨਾਲ ਜੁੜ ਕੇ ਇਸ ਨੂੰ ਸਫਲਤਾ ਦਾ ਜਾਮਾ ਪਹਿਨਾਇਆ ਜਾਵੇ। ਵਿਧਾਇਕ ਲਖਬੀਰ ਸਿੰਘ ਰਾਏ ਅੱਜ ਹਲਕੇ ਦੇ ਪਿੰਡ ਬੀਬੀਪੁਰ, ਹਿੰਦੂਪੁਰ ਅਤੇ ਈਸਰਹੇਲ ਵਿਖੇ ਆਯੋਜਿਤ ਜਾਗਰੂਕਤਾ ਸਭਾਵਾਂ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਪੁੱਜੇ ਸਨ। ਵਿਧਾਇਕ ਐਡਵੋਕੇਟ ਰਾਏ ਨੇ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਹੁਣ ਪੰਜਾਬ ਭਰ ਵਿੱਚ ਲੋਕ ਲਹਿਰ ਬਣ ਗਈ ਹੈ ਅਤੇ ਜਲਦੀ ਹੀ ਪੰਜਾਬ ਵਿਚੋਂ ਨਸ਼ਿਆਂ ਦਾ ਨਾਮੋ ਨਿਸ਼ਾਨ ਮਿਟ ਜਾਵੇਗਾ। ਉਹਨਾਂ ਦੱਸਿਆ ਕਿ ਜਾਗਰੂਕਤਾ ਸਭਾਵਾਂ ਦੌਰਾਨ ਲੋਕ ਉਹਨਾਂ ਨੂੰ ਮਿਲਦੇ ਹਨ ਅਤੇ ਸਰਕਾਰ ਵੱਲੋਂ ਆਰੰਭੇ ਇਸ ਵਿਸ਼ੇਸ਼ ਮਿਸ਼ਨ ਦੀ ਸ਼ਲਾਘਾ ਕਰਦੇ ਹਨ। ਇਸ ਮੌਕੇ ਹਰਮੇਸ਼ ਸਿੰਘ ਪੁਨੀਆ, ਕੁਲਵਿੰਦਰ ਸਿੰਘ ਸਰਪੰਚ, ਗੁਰਨੈਬ ਸਿੰਘ ਸਰਪੰਚ, ਨਰੰਗ ਸਿੰਘ ਈਸਰਹੇਲ, ਨੰਬਰਦਾਰ ਹਰਬੰਸ ਸਿੰਘ, ਦਰਸ਼ਨ ਸਿੰਘ ਈਸਰਹੇਲ, ਬਲਜੀਤ ਸਿੰਘ, ਹੈਪੀ ਭੈਣੀ, ਸਤਨਾਮ ਭੈਣੀ, ਗੁਰ ਭਗਤ ਸਿੰਘ, ਹਰਪਾਲ ਸਿੰਘ, ਪੰਚਾਇਤ ਅਫਸਰ ਭਗਵਾਨ ਸਿੰਘ, ਗੁਰਸ਼ੇਰ ਸਿੰਘ ਬਰਾੜ ਥਾਣਾ ਮੁਖੀ ਬਡਾਲੀ ਆਲਾ ਸਿੰਘ ਤੋਂ ਇਲਾਵਾ ਪੰਚਾਇਤ ਸਕੱਤਰ ਆਦਿ ਵੀ ਮੌਜੂਦ ਸਨ।

# 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਬੱਚਿਆਂ ਨੂੰ ਕੀਤਾ ਜਾਗਰੂਕ



ਫਾਜ਼ਿਲਕਾ, 23 ਮਈ (ਬਖਸ਼ੀਸ਼ ਸਿੰਘ/ ਜਸਪ੍ਰੀਤ ਸਿੰਘ): ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਸਬੰਧੀ ਅੱਜ ਡਾਕਟਰ ਰਾਜ ਕੁਮਾਰ ਸਿਵਲ ਸਰਜਨ ਦੀ ਉਚੇਚੀ ਨਿਗਰਾਨੀ ਅਤੇ ਡਾਕਟਰ ਰੋਹਿਤ ਗੋਇਲ ਸਹਾਇਕ ਸਿਵਲ ਸਰਜਨ, ਡਾਕਟਰ ਕਵਿਤਾ ਸਿੰਘ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਅਤੇ ਜੰਡਵਾਲਾ ਭੀਮੇਸ਼ਾਹ ਦੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਰਵੀ ਬਾਂਸਲ ਦੀ ਦੇਖਰੇਖ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਜੰਡਵਾਲਾ ਭੀਮੇਸ਼ਾਹ ਵਿਖੇ ਜਾਗਰੂਕਤਾ ਸਮਾਗਮ ਕੀਤਾ ਗਿਆ। ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰਸੀਪਲ ਮੈਡਮ ਵੀਰਪਾਲ ਕੌਰ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਦਾ ਵਿਸ਼ੇਸ਼ ਧੰਨਵਾਦ ਕੀਤਾ। ਜਾਣਕਾਰੀ ਦਿੰਦਿਆਂ ਜ਼ਿਲ੍ਹਾ ਮਾਸ ਮੀਡੀਆ ਅਫਸਰ ਵਿਨੋਦ ਕੁਮਾਰ, ਕੌਂਸਲਰ ਸੁਰਿੰਦਰ ਕੁਮਾਰ ਅਤੇ ਸੁਮਨ ਕੁਮਾਰ ਹੈਲਥ ਇੰਸਪੈਕਟਰ ਨੇ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਉਹਨਾਂ ਦੱਸਿਆ ਕਿ ਕੁਝ ਨਸ਼ਾ ਵੇਚਣ ਵਾਲੇ ਲੋਕ ਸਕੂਲਾਂ ਜਾਂ ਕਾਲਜਾਂ ਦੇ ਬਾਹਰ ਆ ਕੇ ਬੱਚਿਆਂ ਨੂੰ ਮੁਫ਼ਤ ਨਸ਼ਾ ਕਰਨ ਲਈ ਕੋਸ਼ਿਸ਼ ਕਰਦੇ ਹਨ। ਹਰ ਰੋਜ਼ ਨਸ਼ਾ ਕਰਨ ਕਾਰਣ ਬੱਚਿਆਂ ਨੂੰ ਇਸ ਦੀ ਆਦਤ ਹੋ ਜਾਂਦੀ ਹੈ। ਇਸ ਲਈ ਇਨ੍ਹਾਂ ਲੋਕਾਂ ਤੋਂ ਸਾਵਧਾਨ ਰਹਿਣ ਦੀ ਲੋੜ ਹੈ। ਉਹਨਾਂ ਬੱਚਿਆਂ ਨੂੰ ਕਿਹਾ ਕਿ ਆਪਣੇ ਘਰ, ਸਮਾਜ ਜਾਂ ਪਿੰਡ ਸ਼ਹਿਰ ਵਿੱਚ ਨਸ਼ੇ ਦੇ ਆਦੀ ਵਿਅਕਤੀਆਂ ਦਾ ਨਸ਼ਾ ਛੁਡਾਉਣ ਵਿੱਚ ਸਹਾਇਤਾ ਕਰਨ ਲਈ ਪ੍ਰੇਰਿਤ ਕੀਤਾ ਜਾਵੇ। ਜ਼ਿਲ੍ਹਾ ਫਾਜ਼ਿਲਕਾ ਵਿੱਚ ਸਿਵਲ ਹਸਪਤਾਲ ਅਬੋਹਰ ਅਤੇ ਫਾਜ਼ਿਲਕਾ ਵਿਖੇ ਨਸ਼ਾ ਛੁਡਾਊ ਕੇਂਦਰ ਚੱਲ ਰਹੇ ਹਨ, ਜਿਥੇ ਮਰੀਜ਼ ਨੂੰ ਦਾਖਲ ਕਰਕੇ ਮਾਹਿਰ ਡਾਕਟਰਾਂ ਦੀ ਨਿਗਰਾਨੀ ਵਿੱਚ ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਨਸ਼ਾ ਛੱਡਣ ਤੋਂ ਬਾਅਦ ਮਰੀਜ਼ ਨੂੰ ਸਮਾਜ ਵਿੱਚ ਪੁਨਰਵਾਸ ਲਈ ਪਿੰਡ ਜੱਟਵਾਲੀ ਵਿਖੇ ਬਣੇ ਪੁਨਰਵਾਸ ਕੇਂਦਰ ਵਿੱਚ ਰੱਖਿਆ ਜਾਂਦਾ ਹੈ। ਜਿੱਥੇ ਜਿੰਮ, ਖਾਣੇ ਦਾ ਪ੍ਰਬੰਧ ਹੈ। ਜਿਥੇ ਕੌਂਸਲਰਾਂ ਵੱਲੋਂ ਮਰੀਜ਼ ਨੂੰ ਦੁਬਾਰਾ ਨਸ਼ਾ ਨਾ ਕਰਨ 'ਤੇ ਸਮਾਜ ਵਿੱਚ ਪੁਨਰਵਾਸ ਲਈ ਕੌਂਸਲਿੰਗ ਕੀਤੀ ਜਾਂਦੀ ਹੈ।

# ਸੈਕਰਡ ਹਾਰਟ ਸਕੂਲ ਦੇ ਵਿਦਿਆਰਥੀਆਂ ਨੇ ਤਾਇਕਵਾਂਡੋ ਕੱਪ 'ਚ 20 ਤਮ਼ਗੇ ਜਿੱਤੇ



ਮੰਡੀ ਗੋਬਿੰਦਗੜ੍ਹ, 23 ਮਈ (ਸੂਦ): ਪਟਿਆਲਾ ਵਿਖੇ 7ਵਾਂ ਪੰਜਾਬ ਤਾਇਕਵਾਂਡੋ ਕੱਪ ਕਰਵਾਇਆ ਗਿਆ ਜਿਸ ਵਿੱਚ ਵੱਖ-ਵੱਖ ਸਕੂਲਾਂ ਤੋਂ 600 ਵਿਦਿਆਰਥੀਆਂ ਨੇ ਭਾਗ ਲਿਆ। ਸੈਕਰਡ ਹਾਰਟ ਸੀਨੀਅਰ ਸੈਕੰਡਰੀ ਸਕੂਲ, ਜਲਾਲਪੁਰ ਦੇ ਵਿਦਿਆਰਥੀਆਂ ਨੇ ਇਸ ਵਿਚ ਭਾਗ ਲੈ ਕੇ 20 ਤਮਗੇ ਹਾਸਲ ਕੀਤੇ। ਪ੍ਰਿੰਸੀਪਲ ਦਿਵਿਆ ਮਹਿਤਾ ਨੇ ਕੋਚ ਅਮਨ ਦੀ ਮਿਹਨਤ ਅਤੇ ਵਿਦਿਆਰਥੀਆਂ ਦੀ ਉਲੇਖਣੀ ਜਿੱਤ ਦੀ ਸ਼ਲਾਘਾ ਕੀਤੀ। ਤਮਗਾ ਜੇਤੂ ਵਿਦਿਆਰਥੀਆਂ ਵਿਚ ਸਾਹਿਬਜੋਤ ਸਿੰਘ, ਹਾਰਦਿਕ, ਜੈਦੀਪ ਨੇ ਕਾਂਸੀ, ਸਾਹਿਬਜੋਤ (ਕਲਾਸ 7ਵੀਂ), ਪਰਮਵੀਰ ਸਿੰਘ ਨੇ ਚਾਂਦੀ, ਪਰਨੀਤ ਕੌਰ ਨੇ ਸੋਨਾ, ਜਸਮੀਨ ਕੌਰ, ਅਭਿਸ਼ੇਕ ਧੀਮਾਨ ਨੇ ਚਾਂਦੀ, ਸਹਿਜਪ੍ਰੀਤ ਕੌਰ, ਗੁਰਸੰਗਤ ਸਿੰਘ, ਅਹਿਮ ਵਰਮਾ ਨੇ ਸੋਨਾ, ਮਾਨਿਕ, ਨਿਰਵੈਰ ਸਿੰਘ ਨੇ ਚਾਂਦੀ, ਮਨਵੀਰ ਕੌਰ, ਕਰਣਵੀਰ ਸਿੰਘ, ਗੁਰਦਿੱਤ ਫ਼ਤਹਿ ਸਿੰਘ ਨੇ ਕਾਂਸੀ, ਪਵਨਪ੍ਰੀਤ ਕੌਰ, ਗੁਰਸੀਰਤ ਕੌਰ ਨੇ ਸੋਨਾ, ਗੁਰਨੂਰ ਕੌਰ ਨੇ ਕਾਂਸੀ ਅਤੇ ਸਦਾਸ਼ਿਵ ਨੇ ਚਾਂਦੀ ਦਾ ਤਗਮਾ ਜਿਤਿਆ। ਇਸ ਤਰ੍ਹਾਂ ਸਕੂਲ ਦੇ ਵਿਦਿਆਰਥੀਆਂ ਨੇ ਸੋਨੇ ਦੇ 6, ਚਾਂਦੀ ਅਤੇ ਕਾਂਸ਼ੀ ਦੇ 7-7 ਤਗਮੇ ਜਿੱਤੇ। ਪ੍ਰਿੰਸੀਪਲ ਦਿਵਿਆ ਮਹਿਤਾ ਨੇ ਇਸ ਸ਼ਾਨਦਾਰ ਕਾਮਯਾਬੀ ਲਈ ਵਿਦਿਆਰਥੀ, ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਮੈਨੇਜਿੰਗ ਡਾਇਰੈਕਟਰ ਜੇਪੀਐੱਸ ਜੌਲੀ, ਅਸਿਸਟੈਂਟ ਐਮ.ਡੀ. ਸਤਿੰਦਰਜੀਤ ਜੌਲੀ ਤੇ ਪ੍ਰਧਾਨ ਨਵੇਰਾ ਜੌਲੀ ਨੇ ਵੀ ਵਧਾਈ ਦਿੱਤੀ।

## ਡਾਕਟਰਾਂ ਨੇ 70 ਸਾਲਾ ਵਿਅਕਤੀ ਦੇ ਸਰੀਰ 'ਚੋਂ ਕੱਢੀਆਂ 8000 ਤੋਂ ਵੱਧ ਪਿੱਤੇ ਦੀਆਂ ਪੱਥਰੀਆਂ

ਗੁਰੂਗ੍ਰਾਮ, 23 ਮਈ (ਚ.ਨ.ਸ.): ਹਰਿਆਣਾ ਦੇ ਗੁਰੂਗ੍ਰਾਮ ਦੇ ਇੱਕ ਨਿੱਜੀ ਹਸਪਤਾਲ ਦੇ ਡਾਕਟਰਾਂ ਨੇ ਇੱਕ 70 ਸਾਲਾ ਵਿਅਕਤੀ ਦੇ ਪੇਟ ਵਿੱਚੋਂ 8,125 ਪਿੱਤੇ ਦੀਆਂ ਪੱਥਰੀਆਂ ਨੂੰ ਸਫਲਤਾਪੂਰਵਕ ਕੱਢਿਆ ਹੈ, ਜਿਸ ਨਾਲ ਉਸ ਨੂੰ ਸਾਲਾਂ ਤੋਂ ਹੋ ਰਹੇ ਦਰਦ ਤੇ ਬੇਅਰਾਮੀ ਤੋਂ ਰਾਹਤ ਮਿਲੀ ਹੈ। ਫੋਰਟਿਸ ਮੈਮੋਰੀਅਲ ਰਿਸਰਚ ਇੰਸਟੀਚਿਊਟ, ਗੁਰੂਗ੍ਰਾਮ ਵਿਖੇ ਗੈਸਟਰੋਇੰਟੇਸਟਾਈਨਲ ਓਨਕੋਲੋਜੀ ਦੇ ਸੀਨੀਅਰ ਡਾਇਰੈਕਟਰ ਡਾ. ਅਮਿਤ ਜਾਵੇਦ ਤੇ ਡਾ. ਨਰੋਲਾ ਯੰਗਰ ਦੀ ਅਗਵਾਈ ਵਾਲੀ ਟੀਮ ਨੇ ਇੱਕ ਘੰਟੇ ਦੀ ਸਰਜਰੀ ਵਿੱਚ ਲੈਪਰੋਸਕੋਪਿਕ ਕੋਲੇਸਿਸਟੇਕਟੋਮੀ ਸਫ਼ਲਤਾਪੂਰਵਕ ਕੀਤਾ, ਜਿਸ ਨਾਲ ਉਸ ਦੇ ਪੇਟ ਵਿੱਚੋਂ ਪਿੱਤੇ ਦੀ ਪੱਥਰੀ ਨੂੰ ਹਟਾ ਦਿੱਤਾ ਗਿਆ ਤੇ ਉਸ ਨੂੰ ਸਾਲਾਂ ਦੇ ਦਰਦ ਤੇ ਪੀੜਾ ਤੋਂ ਰਾਹਤ ਮਿਲੀ। ਹਾਲਾਂਕਿ, ਸਰਜਰੀ ਤੋਂ ਬਾਅਦ ਥਕਾਵਟ ਭਰਿਆ ਕੰਮ ਸ਼ੁਰੂ ਹੋ ਗਿਆ, ਜਦੋਂ ਸਹਾਇਤਾ ਟੀਮ ਨੇ ਕੱਢੀਆਂ ਗਈਆਂ ਪਿੱਤੇ ਦੀਆਂ ਪੱਥਰੀਆਂ ਦੀ ਗਿਣਤੀ ਕਰਨੀ ਸ਼ੁਰੂ ਕਰ ਦਿੱਤੀ। ਸਰਜਰੀ ਤੋਂ ਬਾਅਦ ਉਸ ਨੇ ਪੱਥਰੀਆਂ ਦੀ ਗਿਣਤੀ ਕਰਨ ਵਿੱਚ ਘੰਟੇ ਬਿਤਾਏ, ਜੋ ਹੈਰਾਨ ਕਰਨ ਵਾਲੀ ਗਿਣਤੀ 8,125 ਦੱਸੀ ਗਈ ਸੀ। ਫੋਰਟਿਸ ਮੈਮੋਰੀਅਲ ਰਿਸਰਚ ਇੰਸਟੀਚਿਊਟ, ਗੁਰੂਗ੍ਰਾਮ ਦੇ ਗੈਸਟਰੋਇੰਟੇਸਟਾਈਨਲ ਓਨਕੋਲੋਜੀ ਦੇ ਡਾਇਰੈਕਟਰ ਡਾ. ਅਮਿਤ ਜਾਵੇਦ ਦੇ ਅਨੁਸਾਰ ਇਹ ਮਾਮਲਾ ਦੁਰਲੱਭ ਸੀ ਤੇ ਸਰਜਰੀ ਵਿੱਚ ਦੇਰੀ ਨਾਲ ਗੰਭੀਰ ਪੇਚੀਦਗੀਆਂ ਪੈਦਾ ਹੋ ਸਕਦੀਆਂ ਸਨ, ਹਾਲਾਂਕਿ ਇਹ ਪਹਿਲਾਂ ਕਦੇ ਨਹੀਂ ਦੇਖਿਆ ਗਿਆ। ਜੇਕਰ ਇਲਾਜ ਨਾ ਕੀਤਾ ਜਾਵੇ ਤਾਂ ਪਿੱਤੇ ਦੀ ਪੱਥਰੀ ਸਮੇਂ ਦੇ ਨਾਲ ਕਾਫ਼ੀ ਵੱਧ ਸਕਦੀ ਹੈ। ਇਸ ਮਰੀਜ਼ ਦੇ ਮਾਮਲੇ ਵਿੱਚ ਦੇਰੀ ਕਾਰਨ ਪੱਥਰੀ ਕਈ ਸਾਲਾਂ ਤੱਕ ਇਕੱਠੀ ਹੁੰਦੀ ਰਹੀ। ਜੇਕਰ ਸਰਜਰੀ ਵਿੱਚ ਹੋਰ ਦੇਰੀ ਹੁੰਦੀ ਤਾਂ ਇਹ ਸਥਿਤੀ ਪਿੱਤੇ ਦੀ ਥੈਲੀ ਦੀ ਲਾਗ, ਪੇਟ ਵਿੱਚ ਦਰਦ ਸਮੇਤ ਗੰਭੀਰ ਪੇਚੀਦਗੀਆਂ ਪੈਦਾ ਕਰ ਸਕਦੀ ਸੀ। ਉਨ੍ਹਾਂ ਨੇ ਅੱਗੇ ਕਿਹਾ ਕਿ ਇਸ ਨਾਲ ਪਿੱਤੇ ਦੇ ਕੈਂਸਰ ਦਾ ਖ਼ਤਰਾ ਵੀ ਵੱਧ ਸਕਦਾ ਹੈ। ਸਰਜਰੀ ਤੋਂ ਬਾਅਦ ਮਰੀਜ਼ ਸਥਿਰ ਹੈ ਤੇ ਉਸ ਨੂੰ ਕੋਈ ਪੇਚੀਦਗੀਆਂ ਨਹੀਂ ਹਨ। ਇਸ ਕੇਸ ਨੂੰ ਵੱਖਰਾ ਬਣਾਉਣ ਵਾਲੀ ਗੱਲ ਇਹ ਹੈ ਕਿ ਪੱਥਰੀਆਂ ਦੀ ਵੱਡੀ ਗਿਣਤੀ ਨੂੰ ਹਟਾ ਦਿੱਤਾ ਗਿਆ ਹੈ। ਜ਼ਿਆਦਾਤਰ ਪਿੱਤੇ ਦੀ ਪੱਥਰੀ ਕੋਲੈਸਟਰੋਲ ਤੋਂ ਬਣੀ ਹੁੰਦੀ ਹੈ ਤੇ ਅਕਸਰ ਮੋਟਾਪੇ ਤੇ ਉੱਚ-ਕੋਲੈਸਟਰੋਲ ਖੁਰਾਕ ਨਾਲ ਜੁੜੀ ਹੁੰਦੀ ਹੈ। ਫੋਰਟਿਸ ਮੈਮੋਰੀਅਲ ਰਿਸਰਚ ਇੰਸਟੀਚਿਊਟ ਗੁਰੂਗ੍ਰਾਮ ਦੇ ਵਾਈਸ ਪ੍ਰੈਜ਼ੀਡੈਂਟ ਅਤੇ ਫੈਸਿਲਿਟੀ ਡਾਇਰੈਕਟਰ ਯਸ਼ ਰਾਵਤ ਨੇ ਕਿਹਾ, ÷ਇਹ ਕੇਸ ਖਾਸ ਤੌਰ 'ਤੇ ਚੁਣੌਤੀਪੂਰਨ ਸੀ ਕਿਉਂਕਿ ਵੱਡੀ ਗਿਣਤੀ ਵਿੱਚ ਪਿੱਤੇ ਦੀ ਪੱਥਰੀ ਸੀ।



## ਗੱਡੀ ਲੇਟ ਆਉਣ 'ਤੇ ਭੜਕੇ ਯਾਤਰੀਆਂ ਨੇ 'ਵੰਦੇ ਭਾਰਤ' ਰੇਲ ਗੱਡੀ ਰੋਕੀ

ਅੰਬਾਲਾ, 23 ਮਈ (ਚ.ਨ.ਸ.): ਇੱਥੇ ਯਾਤਰੀਆਂ ਨੇ ਇੱਕ ਰੇਲ ਗੱਡੀ ਦੇ ਲੇਟ ਹੋਣ ਕਾਰਨ ਹੰਗਾਮਾ ਕਰ ਦਿੱਤਾ ਤੇ ਵੰਦੇ ਭਾਰਤ ਵਿਚ ਜਬਰੀ



ਚੜ੍ਹਨ ਦੀ ਕੋਸ਼ਿਸ਼ ਕੀਤੀ, ਜਦ ਰੇਲਵੇ ਮੁਲਾਜ਼ਮਾਂ ਨੇ ਉਨ੍ਹਾਂ ਨੂੰ ਅਜਿਹਾ ਕਰਨ ਤੋਂ ਰੋਕਿਆ ਤਾਂ ਯਾਤਰੀਆਂ ਨੇ ਹੰਗਾਮਾ ਕਰ ਦਿੱਤਾ। ਇਸ ਮੌਕੇ ਵੱਡੀ ਗਿਣਤੀ ਯਾਤਰੀ ਰੇਲਵੇ ਟਰੈਕ 'ਤੇ ਖੜ੍ਹ ਗਏ। ਜਾਣਕਾਰੀ ਅਨੁਸਾਰ ਰੇਲਵੇ ਵੱਲੋਂ ਅੰਬਾਲਾ ਤੋਂ ਹਿਮਾਚਲ ਪ੍ਰਦੇਸ਼ ਦੇ ਇੰਦੌਰਾ ਲਈ ਲੋਕਲ ਗੱਡੀ ਚਲਾਈ ਜਾਂਦੀ ਹੈ ਤੇ ਇਸ ਗੱਡੀ ਦਾ ਰੂਟ ਕੁਝ ਦਿਨ ਪਹਿਲਾਂ ਬਦਲ ਦਿੱਤਾ ਗਿਆ ਸੀ ਜਿਸ ਕਾਰਨ ਸਰਕਾਰੀ ਡਿਊਟੀਆਂ 'ਤੇ ਜਾਣ ਵਾਲੇ ਮੁਲਾਜ਼ਮ ਕੁਝ ਦਿਨਾਂ ਤੋਂ ਲੇਟ ਹੋ ਰਹੇ ਸਨ ਤੇ ਇਹ ਗੱਡੀ ਅੱਜ ਵੀ ਦੋ ਤੋਂ ਤਿੰਨ ਘੰਟੇ ਲੇਟ ਆਈ ਜਿਸ ਕਾਰਨ ਲੋਕ ਭੜਕ ਗਏ ਤੇ ਉਨ੍ਹਾਂ ਨੇ ਵੰਦੇ ਭਾਰਤ ਰੋਕ ਲਈ ਤੇ ਹੰਗਾਮਾ ਕਰ ਦਿੱਤਾ। ਇਸ ਤੋਂ ਬਾਅਦ ਰੇਲਵੇ ਅਧਿਕਾਰੀਆਂ ਨੇ ਲੋਕਾਂ ਨੂੰ ਸਮਝਾਇਆ ਤਾਂ ਕੁਝ ਸਮਾਂ ਦੇਰੀ ਹੋਣ ਤੋਂ ਬਾਅਦ ਵੰਦੇ ਭਾਰਤ ਨੂੰ ਰਵਾਨਾ ਕੀਤਾ ਗਿਆ। ਇਸ ਮੌਕੇ ਪੁਲਿਸ ਅਧਿਕਾਰੀ ਵੀ ਪੁੱਜ ਗਏ ਤੇ ਉਨ੍ਹਾਂ ਨੇ ਯਾਤਰੀਆਂ ਨੂੰ ਸਮਝਾਇਆ ਕਿ ਵੰਦੇ ਭਾਰਤ ਵਿਚ ਬਿਨਾਂ ਰਿਜ਼ਰਵੇਸ਼ਨ ਦਾਖਲ ਨਹੀਂ ਹੋਇਆ ਜਾ ਸਕਦਾ। ਜਾਣਕਾਰੀ ਅਨੁਸਾਰ ਵੰਦੇ ਭਾਰਤ ਢਾਈ ਤੋਂ ਸਵਾ ਤਿੰਨ ਘੰਟਿਆਂ ਵਿਚ ਚੰਡੀਗੜ੍ਹ ਤੋਂ ਨਵੀਂ ਦਿੱਲੀ ਦਾ ਸਫਰ ਤੈਅ ਕਰਦੀ ਹੈ ਤੇ ਇਸ ਦਾ ਅੰਬਾਲਾ ਵਿਚ ਦੋ ਮਿੰਟ ਦਾ ਠਹਿਰਾ ਹੁੰਦਾ ਹੈ।

## ਹਵਾਈ ਯਾਤਰੀਆਂ ਲਈ ਵੱਡੀ ਰਾਹਤ, ਆਦਮਪੁਰ ਤੋਂ ਮੁੰਬਈ ਲਈ ਸਿੱਧੀ ਉਡਾਣ ਹੋਵੇਗੀ ਸ਼ੁਰੂ

ਆਦਮਪੁਰ, 23 ਮਈ (ਚ.ਨ.ਸ): ਪੰਜਾਬ ਦੇ ਹਵਾਈ ਯਾਤਰੀਆਂ ਲਈ ਇੱਕ ਵੱਡੀ ਖ਼ਬਰ ਸਾਹਮਣੇ ਆਈ ਹੈ। ਤੁਹਾਨੂੰ ਦੱਸ ਦੇਈਏ ਕਿ ਆਦਮਪੁਰ ਦੇ ਲੋਕ, ਜੋ ਲੰਬੇ ਸਮੇਂ ਤੋਂ ਉਡਾਣ ਸੇਵਾ ਦੇ ਵਿਸਥਾਰ ਦੀ ਉਡੀਕ ਕਰ ਰਹੇ ਸਨ, ਹੁਣ ਮੁੰਬਈ ਦੀ ਸਿੱਧੀ ਹਵਾਈ ਯਾਤਰਾ ਦਾ ਵਿਕਲਪ ਪ੍ਰਾਪਤ ਕਰਨ ਜਾ ਰਹੇ ਹਨ। ਜੂਨ ਮਹੀਨੇ ਤੋਂ ਇੰਡੀਗੋ ਏਅਰਲਾਈਨਜ਼ ਆਦਮਪੁਰ ਤੋਂ ਮੁੰਬਈ ਲਈ ਸਿੱਧੀ ਉਡਾਣ ਸੇਵਾ ਸ਼ੁਰੂ ਕਰੇਗੀ, ਜਿਸ ਨਾਲ ਖੇਤਰ ਦੇ ਵਿਕਾਸ ਨੂੰ ਨਵੀਂ ਗਤੀ ਮਿਲਣ ਦੀ ਉਮੀਦ ਹੈ। ਏਅਰਪੋਰਟ ਅਥਾਰਟੀ ਆਫ਼ ਇੰਡੀਆ ਤੇ ਇੰਡੀਗੋ ਏਅਰਲਾਈਨਜ਼ ਦੇ ਅਧਿਕਾਰੀਆਂ ਨੇ ਹਾਲ ਹੀ ਵਿੱਚ ਇਸ ਨਵੀਂ ਸੇਵਾ ਦੀ ਤਿਆਰੀ ਤੇ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਆਦਮਪੁਰ ਹਵਾਈ ਅੱਡੇ ਦਾ ਦੌਰਾ ਕੀਤਾ। ਇਸ ਦੌਰਾਨ ਅਧਿਕਾਰੀਆਂ ਨੇ ਬੁਨਿਆਦੀ ਢਾਂਚੇ, ਯਾਤਰੀ ਸਹੂਲਤਾਂ ਤੇ ਤਕਨੀਕੀ ਤਿਆਰੀਆਂ ਦਾ ਜਾਇਜ਼ਾ ਲਿਆ। ਏਅਰਪੋਰਟ ਅਥਾਰਟੀ ਦੀ ਤਰਫੋਂ ਮੁੱਖ ਅਧਿਕਾਰੀ ਪੁਸ਼ਪੇਂਦਰ ਕੁਮਾਰ ਨਿਰਾਲਾ (ਏ.ਪੀ.ਡੀ.), ਅਮਿਤ ਕੁਮਾਰ (ਏ.ਜੀ.ਐੱਮ. ਸਿਵਲ), ਸੂਰਜ ਯਾਦਵ (ਮੈਨੇਜਰ ਕਮਰਸ਼ੀਅਲ), ਸੂਰਿਆ ਪ੍ਰਤਾਪ (ਇੰਚਾਰਜ ਓਪਰੇਸ਼ਨ) ਤੇ ਮੋਹਨ ਪੰਵਾਰ (ਸੀ.ਐੱਮ.ਓ.) ਮੌਜੂਦ ਸਨ। ਇਸ ਨਵੀਂ ਉਡਾਣ ਸੇਵਾ ਦੇ ਤਹਿਤ ਇੰਡੀਗੋ ਦੀ ਉਡਾਣ ਮੁੰਬਈ ਤੋਂ ਹਰ ਰੋਜ਼ ਦੁਪਹਿਰ 2:30 ਵਜੇ ਰਵਾਨਾ ਹੋਵੇਗੀ ਤੇ ਸ਼ਾਮ 4:30 ਵਜੇ ਆਦਮਪੁਰ ਪਹੁੰਚੇਗੀ। ਇਹ ਨਿਯਮਤ ਸੇਵਾ ਨਾ ਸਿਰਫ਼ ਆਦਮਪੁਰ ਤੇ ਮੁੰਬਈ ਵਿਚਕਾਰ ਯਾਤਰਾ ਕਰਨ ਵਾਲੇ ਯਾਤਰੀਆਂ ਦਾ ਸਮਾਂ ਬਚਾਏਗੀ ਬਲਕਿ ਕਾਰੋਬਾਰ ਤੇ ਸੈਰ-ਸਪਾਟੇ ਲਈ ਨਵੇਂ ਮੌਕੇ ਵੀ ਖੋਲ੍ਹੇਗੀ। ਇਹ ਉਡਾਣ ਸਹੂਲਤ ਸਥਾਨਕ ਲੋਕਾਂ, ਕਾਰੋਬਾਰੀਆਂ ਤੇ ਸੈਲਾਨੀਆਂ ਲਈ ਇੱਕ ਮਹੱਤਵਪੂਰਨ ਪਹਿਲ ਸਾਬਤ ਹੋ ਸਕਦੀ ਹੈ। ਇਸ ਨਾਲ ਦੋਵਾਂ ਸ਼ਹਿਰਾਂ ਵਿਚਕਾਰ ਆਰਥਿਕ ਗਤੀਵਿਧੀਆਂ ਵਧਣਗੀਆਂ ਤੇ ਰੁਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਹੋਣਗੇ। ਇਸ ਪਹਿਲਕਦਮੀ ਨੂੰ ਕੇਂਦਰ ਸਰਕਾਰ ਦੀ ਉਡਾਣ ਯੋਜਨਾ ਦੇ ਤਹਿਤ ਖੇਤਰੀ ਸੰਪਰਕ ਨੂੰ ਮਜ਼ਬੂਤ ਕਰਨ ਵੱਲ ਇੱਕ ਹੋਰ ਮਜ਼ਬੂਤ ਕਦਮ ਮੰਨਿਆ ਜਾ ਰਿਹਾ ਹੈ। ਭਵਿੱਖ ਵਿੱਚ ਅਜਿਹੀਆਂ ਹੋਰ ਉਡਾਨਾਂ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ।




## ਜਨਤਕ ਸਥਾਨ 'ਤੇ ਔਰਤ ਦੀ ਨਿਮਰਤਾ ਦਾ ਅਪਮਾਨ ਕਰਨਾ ਇੱਕ ਗੰਭੀਰ ਅਪਰਾਧ: ਹਾਈ ਕੋਰਟ

ਚੰਡੀਗੜ੍ਹ, 23 ਮਈ (ਚ. ਨ. ਸ.): ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਸਪੱਸ਼ਟ ਕੀਤਾ ਹੈ ਕਿ ਜਨਤਕ ਸਥਾਨ 'ਤੇ ਔਰਤ ਦੀ ਨਿਮਰਤਾ ਨੂੰ ਠੇਸ ਪਹੁੰਚਾਉਣ ਦੇ ਅਪਰਾਧ ਨੂੰ ਸਮਝੌਤੇ ਦੇ ਆਧਾਰ 'ਤੇ ਰੱਦ ਨਹੀਂ ਕੀਤਾ ਜਾ ਸਕਦਾ ਤੇ ਇਹ ਇੱਕ ਗੰਭੀਰ ਅਪਰਾਧ ਦੀ ਸ਼੍ਰੇਣੀ ਵਿੱਚ ਆਉਂਦਾ ਹੈ। ਅਦਾਲਤ ਨੇ ਇਸ ਮਾਮਲੇ ਵਿੱਚ ਐੱਫਆਈਆਰ ਰੱਦ ਕਰਨ ਦੀ ਪਟੀਸ਼ਨ ਨੂੰ ਰੱਦ ਕਰ ਦਿੱਤਾ ਹੈ। ਆਪਣੇ ਹੁਕਮ ਵਿੱਚ ਜਸਟਿਸ ਜਸ ਗੁਰਪ੍ਰੀਤ ਸਿੰਘ ਪੁਰੀ ਦੀ ਸਿੰਗਲ ਬੈਂਚ ਨੇ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ ਜਿਵੇਂ ਕਿ ਮੌਜੂਦਾ ਕੇਸ ਵਿੱਚ, ਜਿੱਥੇ ਇਹ ਦੋਸ਼ ਲਗਾਇਆ ਗਿਆ ਹੈ ਕਿ ਦੁਸਹਿਰਾ ਸਮਾਗਮ ਦੌਰਾਨ 8-10 ਨੌਜਵਾਨਾਂ ਦੇ ਇੱਕ ਸਮੂਹ ਨੇ ਜਨਤਕ ਸਥਾਨ 'ਤੇ ਸ਼ਿਕਾਇਤਕਰਤਾ ਔਰਤ ਦੀ ਨਿਮਰਤਾ ਨੂੰ ਭੰਗ ਕਰਨ ਦੀ ਕੋਸ਼ਿਸ਼ ਕੀਤੀ ਤੇ ਜਦੋਂ ਉਸਦੇ ਪਤੀ ਨੇ ਵਿਰੋਧ ਕੀਤਾ ਤਾਂ ਉਸਦੇ ਸਿਰ 'ਤੇ ਲੋਹੇ ਦੇ ਕੜੇ ਨਾਲ ਵਾਰ ਕੀਤਾ ਗਿਆ ਤੇ ਉਸਦਾ ਬਹੁਤ ਜ਼ਿਆਦਾ ਖੂਨ ਵਹਿ ਗਿਆ, ਇਸਨੂੰ ਨਿੱਜੀ ਪ੍ਰਕਿਰਤੀ ਦਾ ਅਪਰਾਧ ਨਹੀਂ ਮੰਨਿਆ ਜਾ ਸਕਦਾ। ਹਾਈ ਕੋਰਟ ਨੇ ਕਿਹਾ ਕਿ ਇਹ ਅਪਰਾਧ ਸਿਰਫ਼ ਪੀੜਤ ਤੱਕ ਸੀਮਿਤ ਨਹੀਂ ਸੀ, ਸਗੋਂ ਜਨਤਕ ਹਿੱਤ ਨਾਲ ਸਬੰਧਤ ਸੀ, ਖਾਸ ਕਰਕੇ ਜਦੋਂ ਇਹ ਘਟਨਾ ਇੱਕ ਜਨਤਕ ਸਮਾਗਮ ਦੁਸਹਿਰਾ ਮੇਲੇ ਦੌਰਾਨ ਵਾਪਰੀ ਸੀ। ਇਹ ਪਟੀਸ਼ਨ ਅੰਮ੍ਰਿਤਸਰ ਵਿੱਚ ਵੱਖ-ਵੱਖ ਧਾਰਾਵਾਂ ਤਹਿਤ ਦਰਜ ਕੀਤੀ ਗਈ ਐੱਫਆਈਆਰ ਨੂੰ ਰੱਦ ਕਰਨ ਲਈ ਦਾਇਰ ਕੀਤੀ ਗਈ ਸੀ। ਸ਼ਿਕਾਇਤ ਦੇ ਅਨੁਸਾਰ 25 ਅਕਤੂਬਰ, 2023 ਨੂੰ ਦੁਸਹਿਰਾ ਮੇਲੇ ਵਿੱਚ ਪਟੀਸ਼ਨਕਰਤਾਵਾਂ ਸਮੇਤ 8-10 ਨੌਜਵਾਨਾਂ ਨੇ ਔਰਤ ਦੀ ਨਿਮਰਤਾ ਨੂੰ ਠੇਸ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਤੇ ਉਸਦੇ ਪਤੀ ਦੇ ਸਿਰ 'ਤੇ ਵਾਰ ਕੀਤਾ ਗਿਆ। ਪਟੀਸ਼ਨਕਰਤਾਵਾਂ ਦੇ ਵਕੀਲ ਨੇ ਦਲੀਲ ਦਿੱਤੀ ਕਿ ਐੱਫਆਈਆਰ ਦਰਜ ਹੋਣ ਤੋਂ ਬਾਅਦ ਜਾਂਚ ਪੂਰੀ ਹੋ ਜਾਂਦੀ ਹੈ, ਚਲਾਨ ਦਾਇਰ ਕੀਤਾ ਜਾਂਦਾ ਹੈ ਤੇ ਹੇਠਲੀ ਅਦਾਲਤ ਵਿੱਚ ਦੋਸ਼ ਤੈਅ ਕੀਤੇ ਜਾਂਦੇ ਹਨ। ਇਸ ਦੌਰਾਨ ਦੋਵਾਂ ਧਿਰਾਂ ਵਿਚਕਾਰ ਇੱਕ ਆਪਸੀ ਸਮਝੌਤਾ ਹੋ ਗਿਆ ਹੈ।

## ਵਿਧਾਇਕ ਸ਼ੈਰੀ ਕਲਸੀ ਨੇ 'ਨਸ਼ਾ ਮੁਕਤੀ ਯਾਤਰਾ' ਦੌਰਾਨ ਲੋਕਾਂ ਨੂੰ ਨਸ਼ਾ ਮੁਕਤ ਪੰਜਾਬ ਬਣਾਉਣ ਦਾ ਦਿੱਤਾ ਸੁਨੇਹਾ

ਬਟਾਲਾ, 23 ਮਈ (ਬਲਵਿੰਦਰ ਸਿੰਘ ਪੰਜ ਗਰਾਈਂ/ਧੰਨਪਾਲ ਕਲਸੀ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ 'ਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਸ਼ੁਰੂ ਕੀਤੀ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨਸ਼ਾ ਮੁਕਤੀ ਯਾਤਰਾਵਾਂ ਵਿਖੇ ਵੱਡੀ ਗਿਣਤੀ ਵਿਚ ਲੋਕਾਂ ਦੀ ਹਾਜ਼ਰੀ ਤੋਂ ਪਤਾ ਲੱਗਦਾ ਹੈ ਕਿ ਸੂਬਾ ਵਾਸੀ ਨਸ਼ਿਆਂ ਨੂੰ ਖ਼ਤਮ ਕਰਨ ਲਈ ਇਕਜੁੱਟ ਹੋ ਰਹੇ ਹਨ। ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਪਿੰਡ ਬਸਤੀ ਬਾਜ਼ੀਗਰ ਥਿੰਦ, ਧੰਨੇ ਤੇ ਡੱਲਾ ਮੋੜ ਵਿਖੇ ਨਸ਼ਾ ਮੁਕਤੀ ਯਾਤਰਾ ਦੀ ਅਗਵਾਈ ਕਰਦੇ ਹੋਏ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਿਹੜੇ ਲੋਕ ਕਿਸੇ ਮਾੜੀ ਸੰਗਤ ਦਾ ਸ਼ਿਕਾਰ ਹੋ ਕੇ ਨਸ਼ਿਆਂ ਦੀ ਦਲਦਲ ਵਿੱਚ ਫਸ ਚੁੱਕੇ ਹਨ, ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦਾ ਮੁਫਤ ਇਲਾਜ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਲੋਕਾਂ ਨੂੰ ਸਰਕਾਰ ਵੱਲੋਂ ਚਲਾਏ ਜਾ ਰਹੇ ਨਸ਼ਾ ਮੁਕਤੀ ਤੇ ਮੁੜ ਵਸੇਬਾ ਕੇਂਦਰਾਂ ਵਿੱਚ ਦਾਖਲ ਕਰਵਾਉਣ ਤੇ ਉਨ੍ਹਾਂ ਦਾ ਇਲਾਜ



ਕਰਵਾਉਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਸ਼ਾ ਮੁਕਤੀ ਯਾਤਰਾ ਦਾ ਮਕਸਦ ਕੇਵਲ ਨਸ਼ਾ ਵਿਰੋਧੀ ਜਾਗਰੂਕਤਾ ਨਹੀਂ, ਸਗੋਂ ਸਮਾਜ ਵਿੱਚ ਸਕਾਰਾਤਮਕ ਮਾਹੌਲ ਪੈਦਾ ਕਰਨਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਨਸ਼ਿਆਂ ਵਿਰੁੱਧ ਲੜਾਈ ਨੂੰ ਜਿੱਤਿਆ ਜਾ ਸਕਦਾ ਹੈ। ਇਸ ਦੌਰਾਨ ਉਨ੍ਹਾਂ ਪਿੰਡ ਵਾਸੀਆਂ ਨੂੰ ਨਸ਼ਾ ਵਿਕਣ ਤੋਂ ਰੋਕਣ ਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਬਾਰੇ ਸਹੁੰ ਵੀ ਚੁਕਵਾਈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਪਿੰਡ ਵਿੱਚ ਕੋਈ ਨਸ਼ੇ ਵੇਚਦਾ ਹੈ ਤਾਂ ਉਸਦੀ ਸੂਚਨਾ ਦਿੱਤੀ ਜਾਵੇ। ਸੂਚਨਾ ਦੇਣ ਵਾਲੇ ਦੀ ਪਹਿਚਾਣ ਗੁਪਤ ਰੱਖਦੇ ਹੋਏ ਦੋਸ਼ੀ ਖਿਲਾਫ਼ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਨਾਇਬ ਤਹਿਸੀਲਦਾਰ ਸਤਨਾਮ ਸਿੰਘ, ਐੱਸ.ਐੱਚ.ਓ. ਨਿਰਮਲ ਸਿੰਘ, ਸਰਪੰਚ ਕਰਮ ਸਿੰਘ, ਸਰਪੰਚ ਬਲਵਿੰਦਰ ਸਿੰਘ, ਮਨਜੀਤ ਸਿੰਘ ਕੋਆਰਡੀਨੇਟਰ ਬਟਾਲਾ, ਸਰਪੰਚ ਜੋਗਾ ਸਿੰਘ, ਸਰਪੰਚ ਗੁਰਮੁੱਖ ਸਿੰਘ, ਸਰਪੰਚ ਕਰਨੈਲ ਸਿੰਘ, ਸਰਪੰਚ ਜਗਤਾਰ ਸਿੰਘ ਸਰਪੰਚ ਸਰਬਜੀਤ ਸਿੰਘ ਸਾਬਾ, ਵਾਸੁਦੇਵ ਸ਼ਰਮਾ ਵੀਨੂ ਕਾਹਲੋਂ, ਲੰਬੜਦਾਰ ਅਮਰੀਕ ਸਿੰਘ ਸਮੇਤ ਪਿੰਡ ਦੀ ਮੋਹਤਬਰ ਤੇ ਨੌਜਵਾਨ ਵੱਡੀ ਗਿਣਤੀ ਵਿੱਚ ਮੌਜੂਦ ਸਨ।

## ਸੂਬੇ 'ਚੋਂ ਨਸ਼ਿਆਂ ਦੇ ਖ਼ਾਤਮੇ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ 'ਚ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇ: ਰਮਨ ਬਹਿਲ

ਗੁਰਦਾਸਪੁਰ, 23 ਮਈ (ਜਗੀਰ ਸਿੰਘ ਮੰਡ): ਨਸ਼ਾ ਮੁਕਤੀ ਯਾਤਰਾ ਨਸ਼ਿਆਂ ਦੇ ਖ਼ਾਤਮੇ ਲਈ ਸੂਬਾ ਸਰਕਾਰ ਦੀ ਇੱਕ ਅਜਿਹੀ ਪਹਿਲ ਕਦਮੀ ਹੈ, ਜਿਸ ਰਾਹੀਂ ਲੋਕਾਂ ਨਾਲ ਸਿੱਧਾ ਰਾਬਤਾ ਰੱਖਿਆ ਜਾ ਰਿਹਾ ਹੈ ਤੇ ਸੂਬੇ ਵਿੱਚੋਂ ਨਸ਼ਿਆਂ ਦਾ ਮੁਕੰਮਲ ਖ਼ਾਤਮਾ ਕਰਨ ਵਿੱਚ ਵੱਡੇ ਪੱਧਰ ਉੱਤੇ ਮਦਦ ਮਿਲ ਰਹੀ ਹੈ। ਇਹ ਪ੍ਰਗਟਾਵਾ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਬੀਤੀ ਸ਼ਾਮ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਪਿੰਡ ਆਲੇਚੱਕ, ਭਾਗੋਕਾਵਾਂ ਤੇ ਹੇਮਰਾਜਪੁਰ ਵਿਖੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਮੁਕਤੀ ਯਾਤਰਾ ਅਧੀਨ ਵਿਲੇਜ ਡਿਫੈਂਸ ਕਮੇਟੀਆਂ ਨਾਲ ਕੀਤੀਆਂ ਮੀਟਿੰਗਾਂ ਦੌਰਾਨ ਕੀਤਾ। ਇਸ ਮੌਕੇ ਚੇਅਰਮੈਨ ਬਹਿਲ ਨੇ ਪਿੰਡਾਂ ਦੀਆਂ ਡਿਫੈਂਸ ਕਮੇਟੀਆਂ ਨੂੰ ਕਿਹਾ ਕਿ ਸੂਬੇ ਵਿੱਚੋਂ ਨਸ਼ਿਆਂ ਦੇ ਖ਼ਾਤਮੇ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇ ਤੇ ਪਿੰਡ ਵਾਸੀਆਂ ਨੂੰ ਨਿਰੰਤਰ ਨਸ਼ੇ ਖ਼ਿਲਾਫ਼ ਲੜੀ ਜਾ ਰਹੀ ਜੰਗ ਵਿੱਚ ਇੱਕਜੁੱਟ ਹੋ ਕੇ




ਸਰਕਾਰ ਦਾ ਸਹਿਯੋਗ ਦੇਣ ਲਈ ਪ੍ਰੇਰਿਤ ਕੀਤਾ ਜਾਵੇ। ਉਨ੍ਹਾਂ ਨੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੇ ਆਦੀ ਵਿਅਕਤੀਆਂ ਦਾ ਨਸ਼ਾ ਛੁਡਵਾਉਣ ਲਈ ਉਨ੍ਹਾਂ ਨੂੰ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਲਿਆਂਦਾ ਜਾਵੇ। ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸਰਕਾਰ ਵੱਲੋਂ ਨਸ਼ਾ ਤਸਕਰਾਂ ਉੱਪਰ ਮਿਸਾਲੀ ਕਾਰਵਾਈਆਂ ਕਰਕੇ ਬਹੁਤ ਹੱਦ ਤੱਕ ਨਸ਼ਿਆਂ ਦੀ ਸਪਲਾਈ ਚੇਨ ਨੂੰ ਤੋੜ ਦਿੱਤਾ ਗਿਆ ਹੈ ਤੇ ਸੂਬੇ ਨੂੰ ਮੁੜ ਹੱਸਦਾ-ਵੱਸਦਾ ਤੇ ਰੰਗਲਾ ਪੰਜਾਬ ਬਣਾਉਣ ਦੇ ਰਾਹ ਪਾਇਆ ਗਿਆ ਹੈ। ਹੁਣ ਇਹ ਮੁਹਿੰਮ ਜ਼ਮੀਨੀ ਪੱਧਰ ਭਾਵ ਪਿੰਡਾਂ ਤੇ ਵਾਰਡਾਂ ਵਿਚੋਂ ਚੱਲਣ ਲੱਗੀ ਹੈ, ਜਿਸ ਨੂੰ ਨਸ਼ਾ ਮੁਕਤੀ ਯਾਤਰਾ ਦਾ ਨਾਮ ਦਿੱਤਾ ਗਿਆ ਹੈ, ਜਿਸ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਨੇ ਸਮੂਹ ਹਾਜ਼ਰੀਨ ਨੂੰ ਨਸ਼ਾ ਮੁਕਤੀ ਮੁਹਿੰਮ ਵਿੱਚ ਆਪਣਾ ਪੂਰਨ ਸਹਿਯੋਗ ਦੇਣ ਦਾ ਪ੍ਰਣ ਵੀ ਦਿਵਾਇਆ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਸਬੰਧੀ ਪ੍ਰਸ਼ਾਸਨ ਤੇ ਪੁਲਿਸ ਵਿਭਾਗ ਨੂੰ ਸਹਿਯੋਗ ਦੇਣ। ਇਸ ਮੌਕੇ ਹਲਕਾ ਕੋਆਰਡੀਨੇਟਰ ਨੀਰਜ ਸਲਹੋਤਰਾ, ਬਲਾਕ ਪ੍ਰਧਾਨ ਹਿਤੇਸ਼ ਮਹਾਜਨ, ਸਰਪੰਚ ਤੇਜਬੀਰ ਸਿੰਘ ਆਲੇਚੱਕ, ਸਰਪੰਚ ਭੋਲਾ ਸਿੰਘ ਭਾਗੋਕਾਵਾਂ, ਸਰਪੰਚ ਰਮਨਬੀਰ ਸਿੰਘ ਹੇਮਰਾਜ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

## ਇੱਕ ਮਕਾਨ ਨੂੰ ਲੈ ਕੇ ਦੋ ਸਕੇ ਭਰਾਵਾਂ 'ਚ ਹੋਈ ਆਪਸੀ ਤਕਰਾਰ

ਗੜ੍ਹਸ਼ੰਕਰ, 23 ਮਈ (ਅਜਮੇਰ ਸਿੰਘ ਭਨੋਟ): ਗੜ੍ਹਸ਼ੰਕਰ ਦੇ ਕਸਬਾ ਸੈਲਾਂ ਖੁਰਦ ਦੇ ਸੁਖਵਿੰਦਰ ਸਿੰਘ ਪੁੱਤਰ ਫੇਰੂ ਰਾਮ ਨੇ ਆਪਣੇ ਵੱਡੇ ਭਰਾ ਮਹਿੰਦਰਪਾਲ 'ਤੇ ਦੋਸ਼ ਲਗਾਉਂਦਿਆਂ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਅਸੀਂ ਸੈਲਾਂ ਖੁਰਦ ਆਪਣੇ ਮਕਾਨ ਵਿੱਚ ਰਹਿ ਰਹੇ ਹਾਂ ਤੇ ਸਾਡਾ ਵੱਡਾ ਭਰਾ ਮਹਿੰਦਰਪਾਲ ਜੋ ਕਿ ਵਿਦੇਸ਼ੀ ਧਰਤੀ ਕੈਨੇਡਾ ਵਿੱਚ ਰਹਿੰਦਾ ਸੀ ਤੇ ਪਿਛਲੇ ਕੁਝ ਦਿਨਾਂ ਤੋਂ ਸਾਡੇ ਘਰ ਵਿੱਚ ਆ ਕੇ ਸਾਨੂੰ ਤੰਗ ਪ੍ਰੇਸ਼ਾਨ ਕਰਨ ਲੱਗ ਪਿਆ ਹੈ ਤੇ ਮਹਿੰਦਰਪਾਲ ਸਾਨੂੰ



ਆਖ ਰਿਹਾ ਹੈ ਕਿ ਤੁਸੀਂ ਇਸ ਮਕਾਨ ਵਿੱਚੋਂ ਬਾਹਰ ਚਲੇ ਜਾਓ, ਮੈਂ ਤੁਹਾਨੂੰ ਇਸ ਘਰ ਵਿੱਚ ਰਹਿਣ ਨਹੀਂ ਦੇਵਾਂਗਾ। ਇਹ ਮਕਾਨ ਮੇਰਾ ਹੈ ਤੇ ਮੈਂ ਇਸ ਉੱਤੇ ਪੈਸੇ ਲਗਾਏ ਹਨ, ਸੁਖਵਿੰਦਰ ਸਿੰਘ ਦਾ ਕਹਿਣਾ ਹੈ ਕਿ ਇਹ ਮਕਾਨ ਸਾਡੇ ਪਿਤਾ ਜੀ ਨੇ ਬਣਾਇਆ ਹੈ ਤੇ ਉਨ੍ਹਾਂ ਕਿਹਾ ਕਿ ਮਹਿੰਦਰਪਾਲ ਪਿਛਲੇ ਦਿਨ ਕੁਝ ਗੁੰਡੇ ਲੈ ਕੇ ਸਾਡੇ ਘਰ ਵਿੱਚ ਆਇਆ ਤੇ ਮੈਨੂੰ ਤੇ ਮੇਰੀ ਪਤਨੀ ਆਰਤੀ ਨੂੰ ਮਾਰਨ ਦੀਆਂ ਧਮਕੀਆਂ ਦੇਣ ਲੱਗ ਪਿਆ। ਇਸ ਸਬੰਧ ਵਿੱਚ ਅਸੀਂ ਪ੍ਰਸ਼ਾਸਨ ਨੂੰ ਵੀ ਸੂਚਿਤ ਕਰ ਦਿੱਤਾ ਹੈ। ਸੁਖਵਿੰਦਰ ਸਿੰਘ ਦਾ ਕਹਿਣਾ ਹੈ ਕਿ ਮੈਨੂੰ ਤੇ ਮੇਰੀ ਪਤਨੀ ਨੂੰ ਇਸ ਤੋਂ ਖਤਰਾ ਹੈ। ਉਨ੍ਹਾਂ ਕਿਹਾ ਕਿ ਮਹਿੰਦਰਪਾਲ ਦੇ ਨਾਲ ਸਾਡੇ ਮਕਾਨ ਦਾ ਕੇਸ ਅਦਾਲਤ ਵਿੱਚ ਚੱਲ ਰਿਹਾ ਹੈ ਜੋ ਵੀ ਅਦਾਲਤ ਦੀ ਕਾਰਵਾਈ ਹੋਵੇਗੀ, ਉਹ ਸਾਨੂੰ ਮਨਜ਼ੂਰ ਹੋਵੇਗੀ। ਸਾਨੂੰ ਮਹਿੰਦਰਪਾਲ ਤੰਗ ਪ੍ਰੇਸ਼ਾਨ ਨਾ ਕਰੇ। ਇਸ ਸਬੰਧ ਵਿੱਚ ਜਦੋਂ ਦੂਜੇ ਪਾਸੇ ਮਹਿੰਦਰਪਾਲ ਦੇ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਹ ਜੋ ਮਕਾਨ ਹੈ ਮੈਂ ਆਪਣੇ 25 ਮਰਲਿਆਂ ਦੇ ਵਿੱਚ ਆਪ ਬਣਾਇਆ ਹੈ। ਇਹ ਮਕਾਨ ਮੇਰਾ ਹੈ, ਉਨ੍ਹਾਂ ਕਿਹਾ ਕਿ ਇਹ ਮੇਰਾ ਛੋਟਾ ਭਰਾ ਹੈ। ਇਸ ਨੂੰ ਮੈਂ ਆਪਣੇ ਘਰ ਵਿੱਚ ਰਹਿਣ ਲਈ ਜਗ੍ਹਾ ਦਿੱਤੀ ਸੀ ਹੁਣ ਮੈਂ ਆਪਣੇ ਘਰ ਵਿੱਚ ਕੈਨੇਡਾ ਤੋਂ ਆਇਆ ਹਾਂ ਤੇ ਆਪਣੀਆਂ ਭੈਣਾਂ ਰਿਸ਼ਤੇਦਾਰ ਮੇਰੇ ਨਾਲ ਮੇਰੇ ਘਰ ਮੈਨੂੰ ਛੱਡਣ ਵਾਸਤੇ ਆਏ ਸਨ, ਮੈਂ ਕੋਈ ਵੀ ਗੁੰਡੇ ਨਹੀਂ ਲੈ ਕੇ ਆਇਆ ਤੇ ਨਾ ਹੀ ਉਨ੍ਹਾਂ ਬਾਰੇ ਮੈਨੂੰ ਕੁਝ ਪਤਾ ਹੈ ਕਿ ਉਹ ਕੌਣ ਹਨ। ਇਹ ਜੋ ਮੇਰੇ ਉੱਤੇ ਦੋਸ਼ ਲਗਾਏ ਜਾ ਰਹੇ ਹਨ, ਉਹ ਸਾਰੇ ਹੀ ਗ਼ਲਤ ਤੇ ਬੇਬੁਨਿਆਦ ਹਨ, ਇਹ ਮੇਰਾ ਘਰ ਹੈ ਤੇ ਮੈਂ ਆਪਣੇ ਘਰ ਵਿੱਚ ਕਦੇ ਵੀ ਆ ਜਾ ਸਕਦਾ ਹਾਂ।

## ਚੇਅਰਮੈਨ ਸੇਖਵਾਂ ਨੇ ਨਸ਼ਾ ਮੁਕਤੀ ਯਾਤਰਾ ਤਹਿਤ ਪਿੰਡ ਧਾਵੇ ਤੇ ਭੈਣੀ ਕਾਣੇ ਦੇ ਵਸਨੀਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੱਧ ਕੀਤਾ

ਕਾਹਨੂੰਵਾਨ, 23 ਮਈ (ਕੁਲਜੀਤ ਸਿੰਘ ਖੋਖਰ): 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਚਲਾਈ ਜਾ ਰਹੀ ਨਸ਼ਾ ਮੁਕਤੀ ਯਾਤਰਾ ਬੀਤੀ ਸ਼ਾਮ ਵਿਧਾਨ ਸਭਾ ਹਲਕਾ ਕਾਦੀਆਂ ਦੇ ਪਿੰਡ ਧਾਵੇ ਤੇ ਭੈਣੀ ਕਾਣੇ ਵਿਖੇ ਪਹੁੰਚੀ, ਜਿਸ ਦੀ ਅਗਵਾਈ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਵੱਲੋਂ ਕੀਤੀ ਗਈ। ਨਸ਼ਾ ਮੁਕਤੀ ਯਾਤਰਾ ਤਹਿਤ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਵੱਲੋਂ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਤੇ ਪਿੰਡ ਵਾਸੀਆਂ ਨਾਲ ਮੀਟਿੰਗਾਂ ਕੀਤੀਆਂ ਗਈਆਂ, ਜਿਸ ਦੌਰਾਨ ਇਸ ਮੁਹਿੰਮ ਨੂੰ ਲੋਕ ਲਹਿਰ ਵਿੱਚ ਤਬਦੀਲ ਕਰਕੇ ਸਮਾਜ ਵਿੱਚੋਂ ਨਸ਼ਿਆਂ ਨੂੰ ਖ਼ਤਮ ਕਰਨ ਦਾ ਪ੍ਰਣ ਲਿਆ ਗਿਆ। ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਨਸ਼ਾ ਮੁਕਤੀ ਯਾਤਰਾ ਮੁਹਿੰਮ ਨੂੰ ਇਕ ਮੀਲ ਪੱਥਰ ਕਰਾਰ ਦਿੱਤਾ, ਜੋ ਨਸ਼ਿਆਂ ਦੀ ਸਮੱਸਿਆ 'ਤੇ ਆਖ਼ਰੀ ਵਾਰ ਸਾਬਤ ਹੋ ਸਕਦੀ ਹੈ। ਉਨ੍ਹਾਂ ਕਿਹਾ ਕਿ ਵਿਲੇਜ ਡਿਫੈਂਸ ਕਮੇਟੀਆਂ ਨੂੰ ਜਨਤਾ ਤੇ ਸਰਕਾਰ ਵਿਚਾਲੇ ਇਕ ਪੁਲ ਵਜੋਂ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਿੱਥੇ ਪੰਜਾਬ ਸਰਕਾਰ ਨੇ ਨਸ਼ੇ ਦੀ ਸਪਲਾਈ ਚੇਨ ਨੂੰ ਸਫਲਤਾਪੂਰਵਕ ਤੋੜਿਆ ਹੈ ਤੇ ਨਸ਼ਾ



ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ, ਉੱਥੇ ਹੁਣ ਲੋਕਾਂ ਦੀ ਵੀ ਜ਼ਿੰਮੇਵਾਰੀ ਹੈ ਕਿ ਨਸ਼ਿਆਂ ਦੀ ਗ੍ਰਿਫ਼ਤ ਵਿੱਚ ਫਸੇ ਲੋਕਾਂ ਨੂੰ ਮੁੜ ਸਮਾਜ ਨਾਲ ਜੋੜਨ ਵਿੱਚ ਸਹਿਯੋਗ ਕਰਨ। ਇਸ ਮੌਕੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਹਾਜ਼ਰੀਨ ਨੂੰ ਨਸ਼ਿਆਂ ਖ਼ਿਲਾਫ਼ ਸਹੁੰ ਵੀ ਚੁਕਾਈ, ਜਿੱਥੇ ਵੱਡੀ ਗਿਣਤੀ ਲੋਕਾਂ ਨੇ ਨਸ਼ਿਆਂ ਦੀ ਵਰਤੋਂ ਨਾ ਕਰਨ, ਨਸ਼ਿਆਂ ਦੀ ਵਰਤੋਂ ਨਾ ਕਰਨ ਦੇਣ, ਨਸ਼ਾ ਤਸਕਰਾਂ ਦੀ ਮਦਦ ਕਰਨ ਵਾਲਿਆਂ ਦਾ ਵਿਰੋਧ ਕਰਨ ਤੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਮਦਦ ਕਰਨ ਦਾ ਪ੍ਰਣ ਲਿਆ।

## ਸਲਾਨਾ ਜੋੜ ਮੇਲੇ ਮੌਕੇ ਚੇਅਰਮੈਨ ਪਰਮਜੀਤ ਰਾਜਵੰਸ ਨੂੰ ਮਹਾਂਪੁਰਸ਼ਾਂ ਨੇ ਸਨਮਾਨਤ ਕੀਤਾ

ਭੋਗਪੁਰ, 23 ਮਈ (ਜੰਡੀਰ ਸੈਣੀ): ਹਲਕਾ ਆਦਮਪੁਰ ਮਾਰਕੀਟ ਕਮੇਟੀ ਮੰਡੀ ਬੋਰਡ ਦੇ ਚੇਅਰਮੈਨ ਪਰਮਜੀਤ ਸਿੰਘ ਰਾਜਵੰਸ ਤੇ ਉਨ੍ਹਾਂ ਦੀ ਟੀਮ ਨੇ ਪਿੰਡ ਭੋਗਪੁਰ ਦੇ ਪਿੰਡ ਖੋਜਕੀ ਪੁਰ ਸਾਲਾਨਾ ਜੋੜ ਮੇਲਾ ਬਾਬਾ ਲੱਕੀ ਸ਼ਾਹ ਵਿਖੇ ਹਾਜ਼ਰੀਆਂ ਭਰੀਆਂ, ਇਸ ਸਥਾਨ 'ਤੇ ਹਰ ਸਾਲ ਹੀ ਸਾਲਾਨਾ ਜੋੜ ਮੇਲਾ ਮਨਾਇਆ ਜਾਂਦਾ ਹੈ। ਸੰਗਤਾਂ ਦੂਰੋਂ-ਦੂਰੋਂ ਹਾਜ਼ਰੀਆਂ ਭਰਦੀਆਂ ਹਨ। ਗੁਰਮਤਿ ਸਮਾਗਮ ਸਮੇਂ



ਵੱਖ-ਵੱਖ ਜੱਥਿਆਂ ਨੇ ਸੰਗਤਾਂ ਨੂੰ ਇਤਿਹਾਸ ਤੋਂ ਜਾਣੂ ਕਰਵਾਇਆ। ਠੰਡੇ-ਮਿੱਠੇ ਜਲ ਦੀਆਂ ਛਬੀਲਾਂ ਤੇ ਗੁਰੂ ਕੇ ਲੰਗਰ ਵੀ ਲਗਾਏ ਗਏ। ਇਸ ਮੌਕੇ 'ਤੇ ਚੇਅਰਮੈਨ ਪਰਮਜੀਤ ਸਿੰਘ ਰਾਜਵੰਸ ਤੇ ਉਨ੍ਹਾਂ ਦੀ ਟੀਮ ਨੂੰ ਮਹਾਂਪੁਰਸ਼ਾਂ ਨੇ ਸਨਮਾਨਤ ਕੀਤਾ ਕਿਹਾ ਕਿ ਪਰਮਜੀਤ ਸਿੰਘ ਰਾਜਵੰਸ ਆਮ ਆਦਮੀ ਪਾਰਟੀ ਦੇ ਜ਼ਰੀਏ ਲੋਕਾਂ ਦੀ ਸੇਵਾ ਕਰਦੇ ਹਨ। ਉਨ੍ਹਾਂ ਕਿਹਾ ਪਰਮਜੀਤ ਸਿੰਘ ਰਾਜਵੰਸ ਧਰਮ ਸੂਚੀ ਤੇ ਚੰਗੇ ਖਿਆਲਾਂ ਦੇ ਇਨਸਾਨ ਹਨ।

## 42 ਡਿਗਰੀ ਤਾਪਮਾਨ ਤੇ ਟ੍ਰੈਫਿਕ ਲੋਕਾਂ ਲਈ ਬਣਿਆ ਮੁਸੀਬਤ

ਭੋਗਪੁਰ, 23 ਮਈ (ਜੰਡੀਰ ਸੈਣੀ): ਭੋਗਪੁਰ ਇਲਾਕੇ ਵਿਚ 42 ਡਿਗਰੀ ਤਾਪਮਾਨ ਤੇ ਟ੍ਰੈਫਿਕ ਉਸ ਵਕਤ ਲੋਕਾਂ ਲਈ ਮੁਸੀਬਤ ਬਣ ਜਾਂਦੀਆਂ ਹਨ। ਰੇਲਵੇ ਫਾਟਕਾ ਵਿੱਚੋਂ ਲੰਘ ਰਹੀਆਂ ਖੋਰੀ ਦੀਆਂ ਓਵਰਲੋਡ ਟਰਾਲੀਆਂ ਟ੍ਰੈਫਿਕ ਦਾ



ਕਾਰਨ ਬਣਦੀਆਂ ਹਨ। ਭੋਗਪੁਰ ਦੇ ਬਾਜ਼ਾਰਾਂ ਵਿੱਚ ਲੱਗੀਆਂ ਰੇਹੜੀਆਂ ਫੜੀਆਂ ਤੇ ਹਾਈਵੇ 'ਤੇ ਖੜ੍ਹੀਆਂ ਗੱਡੀਆਂ ਕਾਰਾਂ ਹਮੇਸ਼ਾ ਟ੍ਰੈਫਿਕ ਦਾ ਕਾਰਨ ਬਣਦੀਆਂ ਹਨ, ਜਾਮ ਲੱਗਦੇ ਹਨ ਤੇ ਕਹਿਰ ਦੀ ਗਰਮੀ ਵਿਚ ਲੋਕਾਂ ਨੂੰ ਲੰਬਾ ਸਮਾਂ ਖੜ੍ਹਨਾ ਪੈਂਦਾ ਹੈ ਪਰ ਲਈ ਮੁਸੀਬਤ ਬਣਦੇ ਹਨ ਜਦੋਂ ਬੰਦ ਪਏ ਰੇਲਵੇ ਫਾਟਕਾਂ 'ਤੇ ਕੜਾਕੇ ਦੀ ਗਰਮੀ ਵਿੱਚ ਲੋਕਾਂ ਨੂੰ ਅੱਧਾ ਅੱਧਾ ਘੰਟਾ ਖੜ੍ਹਨਾ ਪੈਂਦਾ ਹੈ। ਕਈ ਵਾਰ ਦੋ ਗੱਡੀਆਂ ਦਾ ਲਗਾਤਾਰ ਆਉਣਾ 'ਤੇ ਕਈ ਵਾਰ ਓਵਰਲੋਡ ਟਰਾਲੀਆਂ ਗੱਡੀਆਂ ਲੋਕਾਂ ਪ੍ਰਸ਼ਾਸਨ ਕੁੰਭਕਰਨ ਦੀ ਨੀਂਦ ਸੁੱਤਾ ਹੋਇਆ ਹੈ ਕੁਝ ਵੀ ਦਿਖਾਈ ਨਹੀਂ ਦੇ ਰਿਹਾ। ਇਸ ਦੇ ਸਬੰਧ ਵਿੱਚ ਨਗਰ ਕੌਂਸਲ ਭੋਗਪੁਰ ਈ.ਓ. ਸਾਹਿਬ ਨਾਲ ਸ਼ਾ 4:43 'ਤੇ ਗੱਲ ਕਰਨੀ ਚਾਹੀ ਤਾਂ ਉਨ੍ਹਾਂ ਨੇ ਫੋਨ ਨਹੀਂ ਉਠਾਇਆ।

## ਮਿਆਦੀਆਂ ਵੱਲੋਂ ਸਕੂਲ ਦੇ ਨਵੀਨੀਕਰਨ ਦਾ ਉਦਘਾਟਨ

ਚੋਗਾਵਾਂ, 23 ਮਈ (ਸੁਬੇਗ ਸਿੰਘ ਸੋਨਾ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਵੱਲੋਂ ਵਿਦਿਆਰਥੀਆਂ ਦੇ ਸਿੱਖਿਆ ਪੱਧਰ ਨੂੰ ਉੱਚਾ ਚੁੱਕਣ ਲਈ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ। ਸਿੱਖਿਆ ਕ੍ਰਾਂਤੀ



ਤਹਿਤ ਕੀਤੇ ਉਪਰਾਲੇ ਸਦਕਾ ਹਲਕਾ ਰਾਜਾਸਾਂਸੀ ਦੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ। ਜਿਸ ਤਹਿਤ ਅੱਜ ਜ਼ਿਲ੍ਹਾ ਅੰਮ੍ਰਿਤਸਰ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਪਿੰਡ ਮੋਤਲਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਲੱਖਾਂ ਰੁਪਏ ਦੀ ਲਾਗਤ ਨਾਲ ਸਕੂਲ ਦੀ ਇਮਾਰਤ ਤੇ ਚਾਰਦੀਵਾਰੀ ਦੀ ਉਸਾਰੀ ਦਾ ਉਦਘਾਟਨ ਹਲਕਾ ਇੰਚਾਰਜ ਬਲਦੇਵ ਸਿੰਘ ਮਿਆਦੀਆਂ ਵੱਲੋਂ ਕੀਤਾ ਗਿਆ। ਇਸ ਮੌਕੇ ਮਿਆਦੀਆਂ ਨੇ ਕਿਹਾ ਕਿ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਕੇ ਪੰਜਾਬ ਸਿੱਖਿਆ ਕ੍ਰਾਂਤੀ ਲਿਆਂਦੀ ਜਾ ਰਹੀ ਹੈ। ਆਪ ਸਰਕਾਰ ਨੇ ਜੋ ਗਰੰਟੀਆਂ ਦਿੱਤੀਆਂ ਉਹ ਲੜੀਵਾਰ ਲਾਗੂ ਵੀ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ 'ਤੇ ਸਕੂਲ ਪ੍ਰਿੰਸੀਪਲ ਕਰਮਜੀਤ ਕੌਰ ਤੇ ਪਿੰਡ ਦੀ ਸਰਪੰਚ ਗੁਰਮੀਤ ਕੌਰ ਵੱਲੋਂ ਹਲਕਾ ਇੰਚਾਰਜ ਬਲਦੇਵ ਸਿੰਘ ਮਿਆਦੀਆਂ, ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ 'ਤੇ ਬਲਾਕ ਪ੍ਰਧਾਨ ਗੁਰਵਿੰਦਰ ਸਿੰਘ ਫੌਜੀ ਚੱਕ ਮਿਸ਼ਰੀ ਖਾਂ, ਅਮਿਤ ਸ਼ਾਰਦਾ, ਸੁਖਰਾਜ ਸਿੰਘ ਮੈਂਬਰ ਜਸਬੀਰ ਕੌਰ, ਮੈਂਬਰ ਗੁਰਮੇਜ ਸਿੰਘ, ਕੁਲਵਿੰਦਰ ਡੈਵਿਡ, ਮੈਂਬਰ ਸ਼ੇਰ ਸਿੰਘ, ਕਰਨ ਸਿੰਘ, ਦਾਰਾ ਸਿੰਘ, ਅੰਗਰੇਜ ਸਿੰਘ, ਸੁਖਦੇਵ ਸਿੰਘ, ਬਲਾਕ ਪ੍ਰਧਾਨ ਸੱਤਾ ਸਿੰਘ ਗੁਲਗੜ੍ਹ, ਸੁਰਜੀਤ ਸਿੰਘ ਬੋਬੀ ਅਵਾਣ ਵਸਾਓ, ਪੀ.ਏ. ਗੁਰਵਿੰਦਰ ਸਿੰਘ ਸਮੂਹ ਸਕੂਲ ਸਟਾਫ ਤੇ ਪਿੰਡ ਦੀ ਸਮੂਹ ਪੰਚਾਇਤ ਹਾਜ਼ਰ ਸਨ।

## ਨਸ਼ਾ ਮੁਕਤੀ ਯਾਤਰਾ ਤਹਿਤ ਸਿਰਜਿਆ ਜਾ ਰਿਹੈ ਨਸ਼ਾ ਮੁਕਤ ਪੰਜਾਬ: ਵਿਧਾਇਕ ਰੰਧਾਵਾ

ਡੇਰਾ ਬਾਬਾ ਨਾਨਕ, 23 ਮਈ (ਹੈਪੀ ਕੋਟਲੀ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਤਹਿਤ ਡੇਰਾ ਬਾਬਾ ਨਾਨਕ ਹਲਕੇ ਦੇ ਪਿੰਡ ਬਸੰਤਕੋਟ, ਧਿਆਨਪੁਰ ਤੇ ਸ਼ਾਹਪੁਰ ਜਾਜਨ ਵਿਖੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੀ



ਅਗਵਾਈ ਵਿੱਚ ਵਿਲੇਜ ਡਿਫੈਂਸ ਕਮੇਟੀਆਂ ਨਾਲ ਮੀਟਿੰਗਾਂ ਦੌਰਾਨ ਨਸ਼ਿਆਂ ਖ਼ਿਲਾਫ਼ ਮਿਲ ਕੇ ਜੰਗ ਲੜਨ ਦਾ ਪ੍ਰਣ ਲਿਆ ਗਿਆ। ਬੀਤੀ ਸ਼ਾਮ ਪਿੰਡ ਬਸੰਤਕੋਟ, ਧਿਆਨਪੁਰ ਤੇ ਸ਼ਾਹਪੁਰ ਜਾਜਨ ਵਿਖੇ ਨਸ਼ਾ ਮੁਕਤੀ ਯਾਤਰਾ ਦੌਰਾਨ ਹੋਈਆਂ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਨਸ਼ਿਆਂ ਦੇ ਖ਼ਾਤਮੇ ਲਈ ਸੂਬਾ ਸਰਕਾਰ ਦੀ ਇਹ ਅਜਿਹੀ ਪਹਿਲ ਕਦਮੀ ਹੈ, ਜਿਸ ਨਾਲ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਸੂਬੇ ਵਿਚੋਂ ਨਸ਼ਿਆਂ ਦਾ ਮੁਕੰਮਲ ਖ਼ਾਤਮਾ ਕਰਨ ਵਿੱਚ ਵੱਡੇ ਪੱਧਰ ਉੱਤੇ ਮਦਦ ਮਿਲ ਰਹੀ ਹੈ। ਉਨ੍ਹਾਂ ਨੇ ਪਿੰਡਾਂ ਦੀਆਂ ਡਿਫੈਂਸ ਕਮੇਟੀਆਂ ਨੂੰ ਕਿਹਾ ਕਿ ਸੂਬੇ ਵਿੱਚੋਂ ਨਸ਼ਿਆਂ ਦੇ ਖ਼ਾਤਮੇ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇ ਤੇ ਪਿੰਡ ਵਾਸੀਆਂ ਨੂੰ ਨਿਰੰਤਰ ਨਸ਼ੇ ਖ਼ਿਲਾਫ਼ ਲੜੀ ਜਾ ਰਹੀ ਜੰਗ ਵਿੱਚ ਇੱਕਜੁੱਟ ਹੋ ਕੇ ਸਰਕਾਰ ਦਾ ਸਹਿਯੋਗ ਦੇਣ ਲਈ ਪ੍ਰੇਰਤ ਕੀਤਾ ਜਾਵੇ। ਇਸ ਮੌਕੇ ਐੱਸ.ਡੀ.ਐੱਮ. ਡੇਰਾ ਬਾਬਾ ਨਾਨਕ ਗੁਰਮੰਦਰ ਸਿੰਘ, ਡੀ.ਐੱਸ.ਪੀ. ਡੇਰਾ ਬਾਬਾ ਨਾਨਕ ਜੋਗਾ ਸਿੰਘ, ਬੀ.ਡੀ.ਪੀ.ਓ. ਅਮਨਦੀਪ ਕੌਰ, ਹਲਕਾ ਕੋਆਰਡੀਨੇਟਰ ਅਰਸ਼ਦੀਪ ਸਿੰਘ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਡਿਫੈਂਸ ਕਮੇਟੀਆਂ ਦੇ ਮੈਂਬਰ, ਪੰਚ ਸਰਪੰਚ ਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

## ਬੀ.ਐੱਮ.ਪੀ.ਐੱਸ. 'ਚ ਛੋਟੇ ਬੱਚਿਆਂ ਦਾ ਹੋਇਆ ਅਕਸ਼ਰ ਆਰੰਭ ਸੰਸਕਾਰ

### ☛ ਆਪਣੇ ਪਹਿਲੇ ਅਧਿਆਪਕ ਨਾਲ ਬੱਚਿਆਂ ਨੇ ਲਿਖਿਆ ਆਪਣਾ ਪਹਿਲਾ ਅੱਖਰ

ਬੰਗਾ, 23 ਮਈ (ਪ੍ਰਭਜੋਤ ਸਿੰਘ): ਭਗਵਾਨ ਮਹਾਂਵੀਰ ਪਬਲਿਕ ਸਕੂਲ ਬੰਗਾ ਵਿਖੇ ਅੱਜ ਇੱਕ ਨਵੀਂ ਸ਼ੁਰੂਆਤ ਕਰਦੇ ਹੋਏ ਬਾਲ ਵਾਟਿਕਾ 1 ਦੇ ਸਾਰੇ 98 ਬੱਚਿਆਂ ਦੀ ਪੜ੍ਹਾਈ ਅਕਸ਼ਰ ਆਰੰਭ ਸੰਸਕਾਰ ਨਾਲ ਸ਼ੁਰੂ ਹੋਈ। ਉਨ੍ਹਾਂ ਦੇ ਅਕਸ਼ਰ ਆਰੰਭ ਸੰਸਕਾਰ ਵਿੱਚ ਸਕੂਲ ਦੇ ਡਾਇਰੈਕਟਰ ਵਰੁਣ ਜੈਨ, ਪ੍ਰਿੰਸੀਪਲ ਵਸੁਧਾ ਜੈਨ ਤੇ ਵਾਈਸ ਪ੍ਰਿੰਸੀਪਲ ਸੁਸ਼ਮਾ ਆਨੰਦ ਨੇ ਵਿਸ਼ੇਸ਼ ਤੌਰ 'ਤੇ ਬੱਚਿਆਂ ਨੂੰ ਅਸ਼ੀਰਵਾਦ ਦਿੱਤਾ। ਬੱਚਿਆਂ ਨੇ ਆਪਣੇ ਪਹਿਲੇ ਅਧਿਆਪਕ ਨਾਲ ਮਿਲ ਕੇ ਆਪਣੀ ਜ਼ਿੰਦਗੀ ਦਾ ਪਹਿਲਾ ਅੱਖਰ ਓਮ ਤੇ ਇਕ ਓਅੰਕਾਰ ਲਿਖਿਆ। ਇਸ ਖਾਸ ਮੌਕੇ 'ਤੇ ਉਨ੍ਹਾਂ ਸਾਰਿਆਂ ਨੂੰ ਸਕੂਲ ਵੱਲੋਂ ਉਨ੍ਹਾਂ ਦੇ ਪਹਿਲੇ ਅੱਖਰ ਦਾ ਇੱਕ ਵਿਸ਼ੇਸ਼ ਸਮਾਰਕ ਤੋਹਫ਼ੇ ਵਜੋਂ ਇੱਕ ਯਾਦ ਵਜੋਂ ਦਿੱਤਾ ਗਿਆ। ਅੱਜ ਬੱਚਿਆਂ ਦੀ ਪੜ੍ਹਾਈ ਸ਼ੁਰੂ ਕਰਦੇ ਹੋਏ, ਉਨ੍ਹਾਂ ਦੀ ਵਿਸ਼ੇਸ਼ ਪੂਜਾ ਤੇ ਤਿਲਕ ਤੋਂ ਬਾਅਦ, ਉਨ੍ਹਾਂ ਦੀ ਚੰਗੀ ਪੜ੍ਹਾਈ ਤੇ ਉਜਵੱਲ ਭਵਿੱਖ ਦੀ ਕਾਮਨਾ ਕਰਦੇ ਹੋਏ ਇਹ ਸਮਾਰੋਹ ਕਰਵਾਇਆ ਗਿਆ। ਜਾਣਕਾਰੀ ਦਿੰਦੇ



ਹੋਏ ਸਕੂਲ ਡਾਇਰੈਕਟਰ ਵਰੁਣ ਜੈਨ ਨੇ ਕਿਹਾ ਕਿ ਜੇਕਰ ਅਸੀਂ ਜ਼ਿੰਦਗੀ ਦਾ ਹਰ ਕੰਮ ਬਹੁਤ ਉਤਸ਼ਾਹ ਤੇ ਪਰਮਾਤਮਾ ਦੇ ਅਸ਼ੀਰਵਾਦ ਨਾਲ ਕਰਦੇ ਹਾਂ ਤਾਂ ਜ਼ਿੰਦਗੀ ਦਾ ਸਭ ਤੋਂ ਮਹੱਤਵਪੂਰਨ ਕੰਮ, ਸਿੱਖਿਆ ਦੀ ਸ਼ੁਰੂਆਤ ਵੀ ਮਾਂ ਸਰਸਵਤੀ ਦੇ ਅਸ਼ੀਰਵਾਦ ਨਾਲ ਹੀ ਕਰਨੀ ਚਾਹੀਦੀ ਹੈ ਕਿਉਂਕਿ ਸਿੱਖਿਆ ਦੀ ਸ਼ੁਰੂਆਤ ਸਾਡੇ 16 ਰਸਮਾਂ ਵਿੱਚੋਂ ਇੱਕ ਬਹੁਤ ਮਹੱਤਵਪੂਰਨ ਰਸਮ ਹੈ। ਉਨ੍ਹਾਂ ਦੱਸਿਆ ਕਿ ਮਾਂ ਸਰਸਵਤੀ ਤੋਂ ਬੱਚਿਆਂ ਲਈ ਚੰਗੀ ਸਿੱਖਿਆ, ਉੱਚ ਸਿੱਖਿਆ ਤੇ ਚੰਗੇ ਨੈਤਿਕ ਕਦਰਾਂ-ਕੀਮਤਾਂ ਨਾਲ ਭਰੇ ਜੀਵਨ ਲਈ ਅਸ਼ੀਰਵਾਦ ਲੈ ਕੇ ਇਨ੍ਹਾਂ ਬੱਚਿਆਂ ਨੂੰ ਉਨ੍ਹਾਂ ਦੇ ਜੀਵਨ ਦਾ ਪਹਿਲਾ ਅੱਖਰ ਓਮ ਜਾਂ ਇਕ ਓਅੰਕਾਰ ਲਿਖਣ ਲਈ ਕਿਹਾ ਗਿਆ ਤੇ ਉਨ੍ਹਾਂ ਦੀ ਪੂਰੀ ਜ਼ਿੰਦਗੀ ਦੀਆਂ ਯਾਦਾਂ ਨੂੰ ਇਕੱਠਾ ਕਰਨ ਲਈ ਇਸ ਦਿਨ ਦਾ ਇੱਕ ਵਿਸ਼ੇਸ਼ ਸਮਾਰਕ ਬਣਾਇਆ ਗਿਆ ਹੈ। ਜੋ ਉਨ੍ਹਾਂ ਨੂੰ ਉਨ੍ਹਾਂ ਦੇ ਪਹਿਲੇ ਅਧਿਆਪਕ, ਉਨ੍ਹਾਂ ਦੇ ਸਕੂਲ ਤੇ ਉਨ੍ਹਾਂ ਦੇ ਜੀਵਨ ਭਰ ਦੇ ਪਹਿਲੇ ਅੱਖਰ ਦੀ ਯਾਦ ਦਿਵਾਏਗਾ। ਇਹ ਨਵੀਂ ਪਹਿਲ ਆਪਣੇ-ਆਪ ਵਿੱਚ ਇੱਕ ਮਿਸਾਲੀ ਪਹਿਲ ਹੈ ਕਿਉਂਕਿ ਇਹ ਜ਼ਿੰਦਗੀ ਦਾ ਇੱਕ ਮਹੱਤਵਪੂਰਨ ਪੜਾਅ ਹੁੰਦਾ ਹੈ ਜਦੋਂ ਇੱਕ ਬੱਚਾ ਆਪਣੀ ਪੜ੍ਹਾਈ ਸ਼ੁਰੂ ਕਰਦਾ ਹੈ। ਜੇਕਰ ਅਸੀਂ ਇਸਨੂੰ ਪੂਰੇ ਉਤਸ਼ਾਹ ਨਾਲ ਮਨਾਉਂਦੇ ਹਾਂ ਤਾਂ ਸਮਾਜ ਵਿੱਚ ਸਿੱਖਿਆ ਪ੍ਰਤੀ ਦਿਲਚਸਪੀ ਵਧੇਗੀ।

## ਬਾਲ ਭਲਾਈ ਦੇ ਖੇਤਰ 'ਚ ਕਾਰਜਸ਼ੀਲ ਗੈਰ-ਰਜਿਸਟਰ ਸੰਸਥਾਵਾਂ 30 ਤੱਕ ਰਜਿਸਟ੍ਰੇਸ਼ਨ ਲਾਜ਼ਮੀ ਕਰਵਾਉਣ: ਡੀ.ਸੀ.

ਸ਼ਹੀਦ ਭਗਤ ਸਿੰਘ ਨਗਰ, 23 ਮਈ (ਸੁਖਦੇਵ ਸਿੰਘ ਉੜਾਪੜ): ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਜ਼ਿਲ੍ਹੇ ਅੰਦਰ ਬੱਚਿਆਂ ਦੀ ਭਲਾਈ ਦੇ ਖੇਤਰ ਵਿੱਚ ਕਾਰਜਸ਼ੀਲ ਸੰਸਥਾਵਾਂ ਨੂੰ ਤਾਕੀਦ ਕੀਤੀ ਕਿ ਉਹ ਜੁਵਨਾਇਲ ਜਸਟਿਸ (ਕੇਅਰ ਐਂਡ ਪ੍ਰੋਟੈਕਸ਼ਨ) ਐਕਟ ਤਹਿਤ ਰਜਿਸਟ੍ਰੇਸ਼ਨ ਕਰਵਾਉਣਾ ਯਕੀਨੀ ਬਣਾਉਣ। ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਬੱਚਿਆਂ ਦੀ ਭਲਾਈ ਦੇ ਖੇਤਰ ਵਿੱਚ ਕੰਮ ਕਰ ਰਹੀ ਕੋਈ ਵੀ ਸਰਕਾਰੀ ਜਾਂ ਗੈਰ-ਸਰਕਾਰੀ ਸੰਸਥਾ, ਜਿਹੜੀ ਰਜਿਸਟਰ ਨਹੀਂ ਹੈ, ਉਹ ਸੰਸਥਾਵਾਂ 30 ਮਈ ਤੱਕ ਰਜਿਸਟ੍ਰੇਸ਼ਨ ਲਈ ਦਸਤਾਵੇਜ਼ ਜ਼ਿਲ੍ਹਾ ਪ੍ਰੋਗਰਾਮ ਅਫਸਰ/ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਥਿਤ ਦਫ਼ਤਰ ਵਿੱਚ ਜਮ੍ਹਾਂ ਕਰਵਾਉਣੇ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਚਲਾਈਆਂ ਜਾ ਰਹੀਆਂ ਸੰਸਥਾਵਾਂ, ਜੋ ਮੁਕੰਮਲ ਤੌਰ 'ਤੇ ਜਾਂ ਅੰਸ਼ਿਕ ਰੂਪ ਵਿੱਚ ਸੁਰੱਖਿਆ ਤੇ ਸੰਭਾਲ ਲਈ 18 ਸਾਲ ਤੋਂ ਘੱਟ ਉਮਰ ਦੇ ਲੋੜਵੰਦ ਬੱਚਿਆਂ ਨੂੰ ਮੁਫਤ ਖਾਣਾ, ਪੜ੍ਹਾਈ ਮੈਡੀਕਲ ਸੁਵਿਧਾ ਆਦਿ ਮੁਹੱਈਆ ਕਰਵਾ ਰਹੀਆਂ ਹਨ, ਦੀ ਰਜਿਸਟ੍ਰੇਸ਼ਨ ਲਾਜ਼ਮੀ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ 30 ਮਈ ਤੋਂ ਬਾਅਦ ਜ਼ਿਲ੍ਹੇ ਵਿੱਚ ਅਜਿਹੀ ਕੋਈ ਸਰਕਾਰੀ ਜਾਂ ਗੈਰ -ਸਰਕਾਰੀ ਸੰਸਥਾ ਜਿਸ ਨੇ ਰਜਿਸਟ੍ਰੇਸ਼ਨ ਨਹੀਂ ਕਰਵਾਈ ਵਿਰੁੱਧ ਜੁਵੇਨਾਈਲ ਜਸਟਿਸ (ਕੇਅਰ ਐਂਡ ਪ੍ਰੋਟੈਕਸ਼ਨ ਆਫ ਚਿਲਡਰਨ) ਐਕਟ 2015 ਦੀ ਧਾਰਾ 62 ਅਨੁਸਾਰ ਕਾਰਵਾਈ ਕੀਤੀ ਜਾਵੇਗੀ।



## ਆਪਣੇ ਬਲੱਡ ਪ੍ਰੈਸ਼ਰ ਨੂੰ ਸਹੀ ਢੰਗ ਨਾਲ ਮਾਪੋ, ਕੰਟਰੋਲ ਕਰੋ, ਲੰਬੇ ਸਮੇਂ ਤੱਕ ਜੀਓ



ਕਾਦੀਆਂ, 23 ਮਈ (ਸਲਾਮ ਤਾਰੀ/ਸਿਕੰਦਰ ਸੰਧੂ): ਸਿਵਲ ਸਰਜਨ ਗੁਰਦਾਸਪੁਰ ਡਾ. ਜਸਵਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਤਜਿੰਦਰ ਕੌਰ ਦੇ ਮਾਰਗਦਰਸ਼ਨ ਤੇ ਕਾਰਜਕਾਰੀ ਐੱਸ.ਐੱਮ.ਓ. ਡਾ. ਮੋਹਪ੍ਰੀਤ ਸਿੰਘ ਦੀ ਅਗਵਾਈ ਹੇਠ ਬਲਾਕ ਭਾਮ ਵਿਖੇ ਹਾਈਪਰਟੈਨਸ਼ਨ ਯਾਨੀ ਹਾਈ ਬਲੱਡ ਪ੍ਰੈਸ਼ਰ ਸਿਹਤ ਸੰਭਾਲ ਸੰਬਧੀ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ ਤੇ ਸਾਈਕਲ ਰੈਲੀਆਂ ਕੱਢੀਆਂ ਜਾ ਰਹੀਆਂ ਹਨ। ਇਸੇ ਉਦੇਸ਼ ਦੀ ਪੂਰਤੀ ਹੇਠ ਅੱਜ ਪਿੰਡ ਹਰਚੋਵਾਲ ਵਿਖੇ ਗੈਰ ਸੰਚਾਰੀ ਰੋਗ ਦਾ ਕੈਂਪ ਲਗਾਇਆ ਗਿਆ, ਬਲਕਿ ਜਾਗਰੂਕਤਾ ਸਾਈਕਲ ਰੈਲੀ ਵੀ ਕੱਢੀ ਗਈ। ਇਸ ਮੌਕੇ ਜਾਣਕਾਰੀ ਦਿੰਦਿਆਂ ਬੀ.ਈ.ਈ. ਸੁਰਿੰਦਰ ਕੌਰ ਨੇ ਕਿਹਾ ਕਿ ਹਾਈਪਰਟੈਨਸ਼ਨ ਕਈ ਤਰ੍ਹਾਂ ਦੀਆਂ ਸਿਹਤ ਸਮੱਸਿਆਵਾਂ ਦਾ ਮੁੱਖ ਕਾਰਨ ਹੈ ਜਿਵੇਂ ਕਿ ਸਟ੍ਰੋਕ, ਦਿਲ ਦੇ ਦੌਰੇ ਤੇ ਗੁਰਦੇ ਦੀ ਬਿਮਾਰੀ ਤੇ ਇਹ ਡਿਮੇਨਸ਼ੀਆ (ਦਿਮਾਗੀ ਕਮਜ਼ੋਰੀ) ਵਿੱਚ ਵੀ ਯੋਗਦਾਨ ਪਾ ਸਕਦੀ ਹੈ। ਅਕਸਰ ਲੋਕਾਂ ਨੂੰ ਦਿਲ ਦਾ ਦੌਰਾ ਪੈਣ ਜਾਂ ਦੌਰਾ ਪੈਣ ਤੋਂ ਬਾਅਦ ਹੀ ਪਤਾ ਲੱਗਦਾ ਹੈ। ਸੀ.ਐੱਚ.ਓ. ਕੋਮਲ ਨੇ ਦੱਸਿਆ ਕਿ ਜੀਵਨਸ਼ੈਲੀ ਵਿੱਚ ਮਹੱਤਵਪੂਰਨ ਤਬਦੀਲੀਆਂ ਜਿਵੇਂ ਕਿ ਚੰਗੀ-ਸੰਤੁਲਿਤ ਖੁਰਾਕ, ਲੂਣ ਦੀ ਮਾਤਰਾ ਘੱਟ, ਸ਼ਰਾਬ ਦੀ ਵਰਤੋਂ ਨਾ ਕਰਨਾ, ਨਿਯਮਤ ਸਰੀਰਕ ਗਤੀਵਿਧੀ ਕਰਨਾ, ਤਣਾਅ ਦਾ ਪ੍ਰਬੰਧਨ ਕਰਨਾ, ਸਹੀ ਸਰੀਰਕ ਭਾਰ ਬਣਾ ਕੇ ਰੱਖਣਾ, ਸਿਗਰਟਨੋਸ਼ੀ ਨਾ ਕਰਨਾ, ਆਪਣੀਆਂ ਦਵਾਈਆਂ ਸਹੀ ਢੰਗ ਨਾਲ ਲੈਣਾ ਤੇ ਆਪਣੇ ਡਾਕਟਰ ਦੀ ਸਲਾਹ 'ਤੇ ਕੰਮ ਕਰਨਾ ਆਦਿ ਨਾਲ ਕਾਫੀ ਹੱਦ ਤੱਕ ਬਲੱਡ ਪ੍ਰੈਸ਼ਰ ਨੂੰ ਕਾਬੂ ਵਿੱਚ ਰੱਖਿਆ ਜਾ ਸਕਦਾ ਹੈ। ਇਸ ਮੌਕੇ 'ਤੇ ਬੀ.ਈ.ਈ. ਸੁਰਿੰਦਰ ਕੌਰ, ਸੀ.ਐੱਚ.ਓ. ਕੋਮਲ, ਐੱਲ.ਐੱਚ.ਵੀ. ਕੁਲਵਿੰਦਰ ਕੌਰ, ਹੈਲਥ ਇੰਸਪੈਕਟਰ ਹਰਪਿੰਦਰ ਸਿੰਘ, ਸਰਬਜੀਤ ਸਿੰਘ ਮਲਟੀਪਰਪਜ਼ ਹੈਲਥ ਵਰਕਰ, ਰੀਨਾ ਏ.ਐੱਨ.ਐੱਮ., ਸ਼ਿਵਦਿਆਲ ਸਿੰਘ, ਸਤਿੰਦਰ ਕੌਰ, ਮਨਜੀਤ ਕੌਰ, ਲਖਵਿੰਦਰ ਕੌਰ, ਬਲਬੀਰ ਕੌਰ ਆਸ਼ਾ ਆਦਿ ਮੌਜੂਦ ਰਹੇ।

# ਸਿਰਲੇਖਵਾਰ ਇਸ਼ਤਿਹਾਰ/Classified Advertisements

(U/o 5 Rule 20 CPC)
**In the Court of Dr. Ambika Sharma Civil Judge Jr. Div., Chandigarh**
CNR No. CHCH02-001227-2025
Next Date: 01.08.2025
Bhai Dilwar SIngh
Versus
Bhavkaran Singh
Suit for Declaration Rendition of Accounts, Permanent Injunction
Notice to: Harpriya Kaur Spouse:- SH. Harinder Singh Alias Sunny D/o Bhai Ashok Singh R/o H.No. 1557 Sector 36 D Chandigarh
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **01.08.2025** at 10:00 A.M.
For details logon to https://highcourtchd.gov.in/?trs=district_notice&district=Chandigarh
Dated, this day of 19-05-2025
**Sd/- Civil Judge Jr. Div., Chandigarh**

(U/o 5 Rule 20 CPC)
**In the Court of Ms. Manmohanpreet Kaur Civil Judge (Junior Division), Jalandhar**
CNR No. PBJL02-003847-2024
Next Date: 03.07.2025
CS/2123/2024
State Bank of India
Versus
Kirandeep Kaur
Suit for grant of decree for recovery of Rs. 455332/- alongwith interest as prayed for.
Notice to: Kirandeep Kaur W/o Sushil Kumar R/o Plot No. 6 Avtar Avenue, New Medical Enclave, Circular Road, Distt. Amritsar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **03.07.2025** at 10:00 A.M.
For details logon to https://highcourtchd.gov.in/?mod=district_notice&district=Jalandhar
Dated, this day of 20-05-2025
**Sd/- Civil Judge (Junior Division), Jalandhar**

(U/o 5 Rule 20 CPC)
**In the Court of Sh. Rajinder Singh-I Additional Civil Judge (Senior Division), Samrala**
CNR No. PBLDC0-000401-2024
Next Date: 31.05.2025
Narinder Kaumar son of Ram Lal Son of Mansha Ram Resident of House NO. 37, Narottam Nagar, Samadhi Road, Khanna, Tehsil Khanna, District Ludhiana
Versus
Mamta Sharma
Notice to: Mamta Sharma W/o Jatinder Sharma R/o H.No. 183, Ward No. 5 Mohalla Guru Teg Bahadur Nagar Behind namdev Mandir Lalheri Road Khanna, Tehsil Khanna, District Ludhiana
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **31.05.2025** at 10:00 A.M.
For details logon to https://highcourtchd.gov.in/?mod=district_notice&district=ludhianacourt
Dated, this day of 23-05-2025
**Sd/- Additional Civil Judge (Senior Division), Samrala**

(U/o 5 Rule 20 CPC)
**In the Court of Hon'ble Garima Gupta Civil Judge (Junior Division), Amritsar**
CNR No. PBAS02-000488-2025
Next Date: 09.07.2025
CS/272/2025 DECL
Grace Joseph W/o Deepak K.P. Joseph D/o Albert William Vaughan R/o 513, Green Field Avenue, Near Baba Ji Temple, Majitha Road, Amritsar
Versus
General Pubilc
Notice to: General Pubilc
In above titled suit the defendants could not be served. It is ordered that defendants should appear in person or through counsel on **09.**07.2025 at 10:00 A.M.
For details logon to https://highcourtchd.gov.in/?trs=district_notice&district=Amritsar
Dated, this day of 21-03-2025
ਹੋਰ ਨਿਯਮ ਅਤੇ ਸ਼ਰਤਾਂ: A.) ਜਾਇਦਾਦ ਸਾਰੇ ਮੌਜੂਦਾ ਅਤੇ ਹੋਰ ਬੋਝਾਂ ਦੇ ਨਾਲ ਨਿਪਟਾਈ ਜਾ ਰਹੀ ਹੈ, ਭਾਵੇਂ ਬੈਂਕ ਨੂੰ ਪਤਾ ਹੋਵੇ ਜਾਂ ਅਣਜਾਣ। ਅਧਿਕਾਰਤ ਅਧਿਕਾਰੀ ਸੁਰੱਖਿਅਤ ਲੈਣਦਾਰ ਕਿਸੇ ਵੀ ਤੀਜੀ ਧਿਰ ਦੇ ਦਾਅਵੇ/ਸੰਕੇਤਾਂ ਲਈ ਕਿਸੇ ਵੀ ਤਰ੍ਹਾਂ ਜ਼ਿੰਮੇਵਾਰ ਹੋਵੇਗਾ। ਖਰੀਦਦਾਰ ਨੂੰ ਆਪਣੀ ਸੰਤੁਸ਼ਟੀ ਲਈ ਜਾਇਦਾਦ ਨਾਲ ਸਬੰਧਤ ਸਾਰੇ ਪਹਿਲੂਆਂ 'ਤੇ ਉਚਿਤ ਮਿਹਨਤ ਕਰਨੀ ਚਾਹੀਦੀ ਹੈ। ਬੋਲੀਕਾਰ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਸੁਰੱਖਿਅਤ ਸੰਪਤੀਆਂ ਨਾਲ ਸਬੰਧਤ ਹੋਰ ਵੇਰਵਿਆਂ ਦੇ ਸਿਰਲੇਖ ਅਤੇ ਸ਼ੁੱਧਤਾ ਨਾਲ ਸੰਤੁਸ਼ਟ ਹੋਣ, ਜਿਸ ਵਿੱਚ ਸਵਾਲ ਵਿੱਚ ਅਚੱਲ ਸੁਰੱਖਿਅਤ ਸੰਪਤੀ ਦਾ ਆਕਾਰ ਵੀ ਸ਼ਾਮਲ ਹੈ ਅਤੇ ਬੋਲੀ ਜਮ੍ਹਾਂ ਕਰਨ ਤੋਂ ਪਹਿਲਾਂ ਸਬੰਧਤ ਅਧਿਕਾਰੀਆਂ ਤੋਂ ਉਨ੍ਹਾਂ ਦੀ ਸੰਤੁਸ਼ਟੀ ਲਈ ਕਿਸੇ ਵੀ ਹੋਰ ਬਕਾਇਆ ਦੇਣਦਾਰੀਆਂ/ਬੋਝ ਦਾ ਪਤਾ ਲਗਾਉਣਾ ਵੀ ਸ਼ਾਮਲ ਹੈ। ਖਰੀਦਦਾਰ ਨੂੰ ਬਾਅਦ ਵਿੱਚ ਇਸ ਸਬੰਧ ਵਿੱਚ ਕੋਈ ਵੀ ਦਾਅਵਾ ਕਰਨ ਲਈ ਪ੍ਰਮਾਣਿਤ ਨਹੀਂ ਕੀਤਾ ਜਾਵੇਗਾ: ਅਧਿਕਾਰਤ ਅਧਿਕਾਰੀ/ਸੁਰੱਖਿਅਤ ਲੈਣਦਾਰਾਂ। B.) ਕਿਸੇ ਵੀ ਰਕਮ ਦੇ ਭੁਗਤਾਨ ਵਿੱਚ ਕਿਸੇ ਵੀ ਡਿਫਾਲਟ ਦੀ ਸਥਿਤੀ ਵਿੱਚ, ਜਾਂ ਜੇਕਰ ਖਰੀਦਦਾਰ ਬਾਈਓਡਰ ਵੱਲੋਂ ਉਪਰੋਕਤ ਆਈਐਮਆਈਟੀ ਦੇ ਅੰਦਰ ਡਿਫਾਲਟ ਦੇ ਕਾਰਨਾਂ ਕਰਕੇ ਵਿਕਰੀ ਪੂਰੀ ਨਹੀਂ ਹੁੰਦੀ ਹੈ, ਤਾਂ ਬੈਂਕ ਉਦੋਂ ਤੱਕ ਖਰੀਦਦਾਰ/ਬੋਲੀਦਾਰ ਦੁਆਰਾ ਅਦਾ ਕੀਤੇ ਗਏ ਸਾਰੇ ਪੈਸੇ ਜ਼ਬਤ ਕਰਨ ਅਤੇ ਸੁਰੱਖਿਅਤ ਸੰਪਤੀ(ਆਂ) ਨੂੰ ਦੁਬਾਰਾ ਵਿਕਰੀ ਲਈ ਰੱਖਣ ਦਾ ਹੱਕਦਾਰ ਹੋਵੇਗਾ, ਆਪਣੀ ਪੂਰੀ ਮਰਜ਼ੀ ਨਾਲ। C.) ਨਿਲਾਮੀ/ਬੋਲੀ ਸਿਰਫ "ਆਨਲਾਈਨ ਇਲੈਕਟ੍ਰਾਨਿਕ ਬੋਲੀ" ਵੈੱਬਸਾਈਟ https://baanknet.com ਰਾਹੀਂ ਹੋਵੇਗੀ। ਬੋਲੀਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਈ-ਨਿਲਾਮੀ ਵਿਕਰੀ ਕਾਰਵਾਈ ਵਿੱਚ ਹਿੱਸਾ ਲੈਣ ਤੋਂ ਪਹਿਲਾਂ ਨਿਰਧਾਰਤ ਸ਼ਰਤਾਂ ਲਈ ਵੈਬਸਾਈਟ ਨੂੰ ਦੇਖਣ। D.) ਜਾਇਦਾਦ ਦਾ ਨਿਰੀਖਣ 25.06.2025 ਨੂੰ ਸਵੇਰੇ 10.00 ਵਜੇ ਤੋਂ ਸ਼ਾਮ 4.00 ਵਜੇ ਤੱਕ ਕੀਤਾ ਜਾ ਸਕਦਾ ਹੈ। E.) ਜਾਇਦਾਦ ਨੂੰ ਉਸ ਕੀਮਤ 'ਤੇ ਵੇਚਿਆ ਜਾਵੇਗਾ ਜੋ ਰਿਜ਼ਰਵ ਕੀਮਤ ਤੋਂ ਵੱਧ ਹੈ ਅਤੇ ਹਿੱਸਾ ਲੈਣ ਵਾਲੇ ਬੋਲੀਕਾਰ ਨਿਲਾਮੀ ਪ੍ਰਕਿਰਿਆ ਦੌਰਾਨ ਆਪਣੀ ਪੇਸ਼ਕਸ਼ ਨੂੰ ਹੋਰ ਬਿਹਤਰ ਬਣਾ ਸਕਦੇ ਹਨ। F.) ਰਾਖਵੀਂ ਕੀਮਤ ਦਾ 10% ਅੰਤਮ ਰਕਮ (M/S PSB Alliance Pvt. Ltd.) ਦੇ ਈ-ਵੈਲੇਟ ਵਿੱਚ ਜਮ੍ਹਾ ਕੀਤੀ ਜਾਣੀ ਹੈ, (ਸੰਪਰਕ ਨੰਬਰ 7046612345/6354910172182912200220/9892219848/8160205051, ਈਮੇਲ: support.baanknet@psballiance.com/ ਪੋਰਟਲ 'ਤੇ ਸਿੱਧਾ ਜਾਂ ਉਸ ਵਿੱਚ ਚਲਾਨ ਤਿਆਰ ਕਰਕੇ ਉਕਤ ਚੈਲੇਂਜ ਵਿੱਚ ਦੱਸੇ ਗਏ ਖਾਤੇ ਦੇ ਵੇਰਵਿਆਂ ਵਿੱਚ RTGS NEFT ਰਾਹੀਂ ਬਿਆਨਾ ਰਕਮ ਜਮ੍ਹਾ ਕਰਵਾਓ। i.) ਬਿਆਨਾ ਰਕਮ ਦਾ ਭੁਗਤਾਨ ਕਰਨ ਤੋਂ ਬਾਅਦ, ਇੱਛੁਕ ਬੋਲੀਕਾਰਾਂ ਨੂੰ ਹੇਠ ਲਿਖੇ ਦਸਤਾਵੇਜ਼ਾਂ/ਵੇਰਵਿਆਂ ਦੀ ਇੱਕ ਕਾਪੀ 25.06.2025 ਨੂੰ ਜਾਂ ਇਸ ਤੋਂ ਪਹਿਲਾਂ 04.00 ਵਜੇ ਤੱਕ ਪੰਜਾਬ ਐਂਡ ਸਿੰਧ ਬੈਂਕ ਜ਼ੋਨਲ ਦਫ਼ਤਰ ਪਟਿਆਲਾ ਵਿਖੇ ਹੱਥੀਂ ਜਾਂ ਈਮੇਲ ਰਾਹੀਂ ਜਮ੍ਹਾਂ ਕਰਵਾਉਣੀ ਪਵੇਗੀ। ii) ਪੈਨ ਕਾਰਡ, ਆਈਡੀ ਪਰੂਫ ਅਤੇ ਪਤੇ ਦੇ ਸਬੂਤ ਦੀਆਂ ਫੋਟੋਕਾਪੀਆਂ। ਹਾਲਾਂਕਿ, ਸਫਲ ਬੋਲੀਕਾਰ ਨੂੰ ਬੋਲੀ ਦੀ ਰਕਮ ਦੇ 25% ਦੀ ਬਕਾਇਆ ਰਕਮ ਦਾ ਭੁਗਤਾਨ ਕਰਨ ਲਈ ਬਾਰਕ ਨੂੰ ਇਹ ਦਸਤਾਵੇਜ਼ ਅਸਲ ਵਿੱਚ ਪੇਸ਼ ਕਰਨੇ ਪੈਣਗੇ। iii) ਬੋਲੀਕਾਰ ਦਾ ਨਾਮ, 'ਸੰਪਰਕ ਨੰਬਰ' ਪਤਾ, ਈ-ਮੇਲ ਆਈ.ਡੀ. iv) ਈਐਮਡੀ ਦੇ ਔਨਲਾਈਨ ਰਿਫੰਡ ਲਈ ਬੋਲੀਕਾਰ ਦਾ ਐਲਸੀ ਡੀਲਿਸ। g) ਅਸਫਲ ਬੋਲੀਕਾਰ ਦੁਆਰਾ ਜਮ੍ਹਾ ਕੀਤੀ ਗਈ ਈਐਮਡੀ ਉਹਨਾਂ ਨੂੰ ਵਾਪਸ ਕੀਤੀ ਜਾਵੇਗੀ। ਬਿਆਨਾ ਰਕਮ 'ਤੇ ਕੋਈ ਵਿਆਜ ਨਹੀਂ ਹੋਵੇਗਾ। h) ਨਿਲਾਮੀ ਉੱਪਰ ਦੱਸੇ ਅਨੁਸਾਰ ਰਿਜ਼ਰਵ ਕੀਮਤ 'ਤੇ ਸ਼ੁਰੂ ਹੋਵੇਗੀ। ਬੋਲੀਕਾਰ ਉੱਪਰ ਦੱਸੇ ਅਨੁਸਾਰ ਆਪਣੀਆਂ ਪੇਸ਼ਕਸ਼ਾਂ ਨੂੰ ਗੁਣਾ ਰਕਮ ਵਿੱਚ ਸੁਧਾਰ ਕਰਨਗੇ। ਔਨਲਾਈਨ ਨਿਲਾਮੀ ਬੰਦ ਹੋਣ 'ਤੇ ਸਭ ਤੋਂ ਵੱਧ ਬੋਲੀ (ਰਿਜ਼ਰਵ ਕੀਮਤ ਤੋਂ ਉੱਪਰ) ਜਮ੍ਹਾਂ ਕਰਵਾਉਣ ਵਾਲੇ ਬੋਲੀਕਾਰ ਨੂੰ ਸਫਲ ਬੋਲੀਕਾਰ ਘੋਸ਼ਿਤ ਕੀਤਾ ਜਾਵੇਗਾ। ਵਿਕਰੀ ਸਫਲ ਬੋਲੀਕਾਰ ਦੇ ਹੱਕ ਵਿੱਚ ਪੁਸ਼ਟੀ ਕੀਤੀ ਜਾਵੇਗੀ, ਸੁਰੱਖਿਅਤ ਲੈਣਦਾਰ ਦੁਆਰਾ ਇਸਦੀ ਪੁਸ਼ਟੀ ਦੇ ਅਧੀਨ। i) ਸਫਲ ਬੋਲੀਕਾਰ ਸਫਲ ਬੋਲੀਕਾਰ ਵਜੋਂ ਉਸਨੂੰ ਘੋਸ਼ਿਤ ਕਰਨ ਦੇ ਅਗਲੇ ਕੰਮਕਾਜੀ ਦਿਨ ਤੱਕ ਵਿਕਰੀ ਕੀਮਤ ਦਾ 25% (ਪਹਿਲਾਂ ਹੀ ਭੁਗਤਾਨ ਕੀਤਾ ਗਿਆ ਈਐਮਡੀ ਸਮੇਤ) ਅਤੇ ਸੁਰੱਖਿਅਤ ਲੈਣਦਾਰ ਦੁਆਰਾ ਵਿਕਰੀ ਦੀ ਪੁਸ਼ਟੀ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ ਬਾਕੀ ਰਕਮ ਜਮ੍ਹਾਂ ਕਰੇਗਾ। ਜੇਕਰ ਸਫਲ ਬੋਲੀਕਾਰ ਵਿਕਰੀ ਮੁੱਲ ਦਾ ਭੁਗਤਾਨ ਕਰਨ ਵਿੱਚ ਅਸਫਲ ਰਹਿੰਦਾ ਹੈ। ਅਧਿਕਾਰਤ ਅਧਿਕਾਰੀ ਦੁਆਰਾ ਉਸ ਦੁਆਰਾ ਕੀਤੀ ਗਈ ਜਮ੍ਹਾਂ ਰਕਮ ਬਿਨਾਂ ਕਿਸੇ ਨੋਟਿਸ ਦੇ ਜ਼ਬਤ ਕਰ ਲਈ ਜਾਵੇਗੀ ਅਤੇ ਜਾਇਦਾਦ ਨੂੰ ਤੁਰੰਤ ਦੁਬਾਰਾ ਵਿਕਰੀ ਲਈ ਰੱਖਿਆ ਜਾਵੇਗਾ। j) 50.00 ਲੱਖ ਰੁਪਏ (ਪੰਜਾਹ ਲੱਖ ਰੁਪਏ) ਅਤੇ ਇਸ ਤੋਂ ਵੱਧ ਦੀ ਵਿਕਰੀ ਪ੍ਰਕਿਰਿਆ ਲਈ, ਸਫਲ ਬੋਲੀਕਾਰ ਨੂੰ ਵਿਕਰੀ ਆਮਦਨ 'ਤੇ 1% ਦੀ ਦਰ ਨਾਲ ਟੀਡੀਐਸ ਕੱਟਣਾ ਪਵੇਗਾ ਅਤੇ ਟੀਡੀਐਸ ਸਰਟੀਫਿਕੇਟ ਦੀ ਕਰਿਜਿਨਲ ਰਸੀਦ ਬੈਂਕ ਨੂੰ ਜਮ੍ਹਾਂ ਕਰਾਉਣੀ ਪਵੇਗੀ। k) ਕਨਵੈਂਸ ਲਈ ਏਆਈ ਖਰਚੇ, ਸਟੈਂਪ ਡਿਊਟੀ ਜੀਐਸਟੀ ਰਜਿਸਟ੍ਰੇਸ਼ਨ ਖਰਚੇ ਆਦਿ, ਜਿਵੇਂ ਕਿ ਲਾਗੂ ਹੁੰਦਾ ਹੈ, ਸਿਰਫ ਸਫਲ ਬੋਲੀਕਾਰ ਦੁਆਰਾ ਹੀ ਸਹਿਣ ਕੀਤੇ ਜਾਣਗੇ। 9) ਅਧਿਕਾਰਤ ਅਧਿਕਾਰੀ ਬਿਨਾਂ ਕੋਈ ਕਾਰਨ ਦੱਸੇ ਈ-ਨਿਲਾਮੀ ਦੇ ਨਿਯਮਾਂ ਅਤੇ ਸ਼ਰਤਾਂ ਨੂੰ ਰੱਦ ਕਰਨ ਜਾਂ ਬਦਲਣ ਨੂੰ ਮੁਲਤਵੀ ਕਰਨ ਦਾ ਅਧਿਕਾਰ ਰਾਖਵਾਂ ਰੱਖਦਾ ਹੈ। ਵਿਸਤ੍ਰਿਤ ਨਿਯਮਾਂ ਅਤੇ ਸ਼ਰਤਾਂ ਲਈ ਕਿਰਪਾ ਕਰਕੇ https://baanknet.com ਜਾਂ https://www.punjabandsindbank.co.in ਵੇਖੋ।

**ਵਿਸ਼ੇਸ਼ ਹਦਾਇਤ/ਚੇਤਾਵਨੀ**

ਆਖ਼ਰੀ ਮਿੰਟਾਂ/ਪਲਾਂ ਵਿਚ ਬੋਲੀ ਦੇਣ ਤੋਂ ਬੋਲੀਕਾਰਾਂ ਵੱਲੋਂ ਗੁਰੇਜ਼ ਕੀਤਾ ਜਾਵੇ। ਨਾ ਤਾਂ ਪੰਜਾਬ ਐਂਡ ਸਿੰਧ ਬੈਂਕ, ਨਾ ਹੀ ਸਰਵਿਸ ਪ੍ਰੋਵਾਈਡਰ ਅਜਿਹੇ ਮਾਮਲਿਆਂ ਵਿਚ ਬੋਲੀਕਾਰ ਜਾਂ ਵਿਕ੍ਰੇਤਾ ਦੇ ਪੱਖ 'ਤੇ ਕਿਸੇ ਵੀ ਤਰੁੱਟੀ/ਅਸਫ਼ਲਤਾ (ਇੰਟਰਨੈਟ ਅਸਫ਼ਲਤਾ, ਬਿਜਲੀ ਅਸਫ਼ਲਤਾ ਆਦਿ) ਦੇ ਲਈ ਜੁਆਬਦੇਹ ਹੋਣਗੇ। ਅਜਿਹੀ ਅਚਨਚੇਤੀ ਸਥਿਤੀ ਨੂੰ ਟਾਲਣ ਦੇ ਸੰਬੰਧ ਵਿਚ, ਬੋਲੀਕਾਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਬੈਕ-ਅੱਪ, ਪਾਵਰ ਸਪਲਾਈ ਅਤੇ ਜੋ ਵੀ ਹੋਰ ਲੋੜੀਂਦਾ ਹੋਵੇ ਉਨ੍ਹਾਂ ਸਾਰੇ ਜ਼ਰੂਰੀ ਪ੍ਰਬੰਧਾਂ/ਵਿਕਲਪਾਂ ਦਾ ਇੰਤਜ਼ਾਮ ਰੱਖਣ, ਤਾਂ ਜੋ ਉਹ ਅਜਿਹੀ ਸਥਿਤੀ ਤੋਂ ਬਚ ਸਕਣ ਦੇ ਸਮਰਥ ਹੋਣ ਅਤੇ ਸਫ਼ਲਤਾ ਪੂਰਵਕ ਨਿਲਾਮੀ ਵਿਚ ਭਾਗ ਲੈਣ ਦੇ ਸਮਰਥ ਹੋਣ।

**ਸਰਫਾਇਸੀ ਐਕਟ, 2002 ਦੇ ਨਿਯਮ 8 (6) ਦੇ ਅਧੀਨ ਵਿਧਾਨਕ ਵਿਕਰੀ ਸੂਚਨਾ**

ਕਰਜ਼ਦਾਰ/ਜ਼ਾਮਨਾਂ ਨੂੰ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ ਈ-ਨਿਲਾਮੀ ਦੀ ਮਿਤੀ ਤੋਂ ਪਹਿਲਾਂ ਤਾਜ਼ਾ ਵਿਆਜ ਅਤੇ ਅਚਨਚੇਤੀ ਖਰਚਿਆਂ ਸਮੇਤ ਉਕਤ ਦਰਸਾਈ ਰਕਮ ਨੂੰ ਅਦਾ ਕਰ ਦੇਣ, ਜਿਸ ਤੋਂ ਅਸਫਲ ਰਹਿਣ 'ਤੇ ਸੰਪੱਤੀ ਦੀ ਨਿਲਾਮੀ/ਵਿਕਰੀ ਕੀਤੀ ਜਾਵੇਗੀ ਅਤੇ ਬਕਾਇਆ ਰਕਮ ਜੇਕਰ ਕੋਈ ਹੋਵੇ, ਵਿਆਜ ਅਤੇ ਲਾਗਤ ਸਮੇਤ ਵਸੂਲ ਕੀਤੀ ਜਾਵੇਗੀ।

ਮਿਤੀ : 24.05.2025 — ਸਥਾਨ : ਪਟਿਆਲਾ — ਅਧਿਕਾਰਤ ਅਧਿਕਾਰੀ

## ਭ੍ਰਿਸ਼ਟਾਚਾਰ ਖਿਲਾਫ਼ ਸਾਡੀ

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਸਾਲ 2022 ਵਿੱਚ ਅਹੁਦਾ ਸੰਭਾਲਿਆ ਸੀ ਅਤੇ ਉਸ ਵੇਲੇ ਤੋਂ ਲੈ ਕੇ ਭ੍ਰਿਸ਼ਟਾਚਾਰ ਦੇ ਖਿਲਾਫ ਲੜਾਈ ਲੜੀ ਜਾ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਸੀਂ ਲੋਕਾਂ ਨੂੰ ਗਾਰੰਟੀ ਦਿੱਤੀ ਸੀ, ਕਿ ਸਰਕਾਰ ਵਿੱਚ ਭ੍ਰਿਸ਼ਟਾਚਾਰ ਨੂੰ ਸਹਿਣ ਨਹੀਂ ਕੀਤਾ ਜਾਵੇਗਾ ਅਤੇ ਇਸ ਵਿੱਚ ਸ਼ਾਮਲ ਲੋਕਾਂ ਦੇ ਖਿਲਾਫ ਸਖ਼ਤ ਤੋਂ ਸਖ਼ਤ ਕਾਰਵਾਈ ਨੂੰ ਅੰਜਾਮ ਦਿੱਤਾ ਜਾਵੇਗਾ। ਉਨ੍ਹਾਂ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਸਾਡੇ ਸਿਸਟਮ ਨੂੰ ਭ੍ਰਿਸ਼ਟਾਚਾਰ ਸਿਉਂਕ ਵਾਂਗ ਲੱਗੀ ਹੋਈ ਹੈ ਅਤੇ ਭ੍ਰਿਸ਼ਟ ਕਾਰਵਾਈਆਂ ਕਰਨ ਵਾਲੇ ਟੈਕਸ ਭਰਨ ਵਾਲੇ ਲੋਕਾਂ ਦੇ ਪੈਸੇ ਨੂੰ ਖੁਰਦ-ਬੁਰਦ ਕਰਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਸਾਡੇ ਲਈ ਭ੍ਰਿਸ਼ਟ, ਭ੍ਰਿਸ਼ਟ ਹੈ, ਭਾਵੇਂ ਸਾਡਾ ਹੋਵੇ ਜਾਂ ਕੋਈ ਹੋਰ। ਮੈਂ ਵਾਅਦਾ ਕਰਦਾ ਹਾਂ ਕਿ ਜਿਸ ਕਿਸੇ ਦੇ ਵੀ ਹੱਥ ਭ੍ਰਿਸ਼ਟਾਚਾਰ ਵਿੱਚ ਰੰਗੇ ਹੋਏ ਹਨ, ਸਾਡੀ ਸਰਕਾਰ ਉਨ੍ਹਾਂ ਨੂੰ ਬਖਸ਼ੇਗੀ ਨਹੀਂ।

### ਪੰਜਾਬ ਕੈਬਨਿਟ ਵੱਲੋਂ ਜਾਇਦਾਦ ਨਿਯਮਾਂ

ਉਜਾਗਰ ਕਰਨ 'ਤੇ ਨੌਕਰੀਆਂ ਦੇ ਮੌਕੇ ਪੈਦਾ ਕਰ ਕੇ ਅਤੇ ਨਿਵੇਸ਼ ਨੂੰ ਸੱਦਾ ਦੇ ਕੇ ਖ਼ੁਸ਼ਹਾਲ ਆਰਥਿਕਤਾ ਬਣਾਉਣ ਵਿੱਚ ਮਿਸ਼ਨ ਦੇ ਲਾਮਿਸਾਲ ਯੋਗਦਾਨ ਦੇ ਮੱਦੇਨਜ਼ਰ ਲਿਆ ਗਿਆ ਹੈ। ਪੰਜਾਬ ਨੂੰ ਦੇਸ਼ ਭਰ ਵਿੱਚੋਂ ਸਨਅਤੀ ਧੁਰੇ ਵਜੋਂ ਵਿਕਸਤ ਕਰਨ ਵਿੱਚ ਹੋਰ ਤੇਜ਼ੀ ਲਿਆਉਣ ਲਈ ਪ੍ਰੇਰਕ ਵਜੋਂ ਕੰਮ ਕਰਨ ਪੱਖੋਂ ਵੀ ਇਹ ਮਿਸ਼ਨ ਸੂਬੇ ਲਈ ਬਹੁਤ ਮਹੱਤਵਪੂਰਨ ਹੈ।

ਪੰਜਾਬ ਪੁਲਿਸ ਵਿੱਚ ਖ਼ਾਸ ਤੌਰ ਉੱਤੇ ਖੇਡ ਕੋਟੇ ਤੋਂ ਤਰੱਕੀ ਹਾਸਲ ਕਰਨ ਵਾਲੇ ਮੁਲਾਜ਼ਮਾਂ ਦੀਆਂ ਤਰੱਕੀਆਂ ਨੂੰ ਸੁਚਾਰੂ ਬਣਾਉਣ ਦੇ ਉਦੇਸ਼ ਨਾਲ ਪੰਜਾਬ ਕੈਬਨਿਟ ਨੇ 207 ਵਿਸ਼ੇਸ਼ ਤਰੱਕੀ ਪ੍ਰਾਪਤ ਕਾਡਰ ਵਿੱਚ ਸੇਵਾ ਨਿਭਾ ਰਹੇ ਅਫ਼ਸਰਾਂ/ਮੁਲਾਜ਼ਮਾਂ ਲਈ ਸੇਵਾ ਨਿਯਮ ਬਣਾਉਣ ਦੀ ਸਹਿਮਤੀ ਦੇ ਦਿੱਤੀ। ਇਸ ਫੈਸਲੇ ਨਾਲ ਇਨ੍ਹਾਂ ਪੁਲਿਸ ਅਫ਼ਸਰਾਂ/ਮੁਲਾਜ਼ਮਾਂ ਦੀਆਂ ਭਵਿੱਖੀ ਤਰੱਕੀਆਂ ਨੇਮਬੱਧ ਹੋਣਗੀਆਂ ਅਤੇ ਇਨ੍ਹਾਂ ਦੇ ਹੋਰ ਸੇਵਾ ਮਾਮਲੇ ਸੁਚਾਰੂ ਹੋਣਗੇ।

### ਝੀਂਡਾ ਬਣੇ ਹਰਿਆਣਾ ਸਿੱਖ ਗੁ.ਪ੍ਰਬੰਧਕ ਕਮੇਟੀ

ਮੈਂਬਰਾਂ ਦੀ ਚੋਣ ਵੀ ਕੀਤੀ ਗਈ ਹੈ। ਇਨ੍ਹਾਂ ਵਿਚ ਕਰਨੈਲ ਸਿੰਘ ਨਿਮਨਾਬਾਦ, ਪਲਵਿੰਦਰ ਸਿੰਘ ਦਰਡ, ਕੁਲਦੀਪ ਸਿੰਘ ਮੁਲਤਾਨੀ, ਰੁਪਿੰਦਰ ਸਿੰਘ ਪੰਜੋਖਰਾ, ਜਗਤਾਰ ਸਿੰਘ ਮਾਨ ਅਤੇ ਟੀਪੀ ਸਿੰਘ ਸ਼ਾਮਲ ਹਨ।

ਜਥੇਦਾਰ ਨਲਵੀ ਵੱਲੋਂ ਚੋਣ ਦਾ ਵਿਰੋਧ ਦੂਜੇ ਪਾਸੇ ਜਥੇਦਾਰ ਦੀਦਾਰ ਸਿੰਘ ਨਲਵੀ ਨੇ ਅੱਜ ਹੋਈ ਅਹੁਦੇਦਾਰਾਂ ਦੀ ਚੋਣ ਉੱਤੇ ਨਾਖ਼ੁਸ਼ੀ ਜ਼ਾਹਰ ਕੀਤੀ ਹੈ। ਉਨ੍ਹਾਂ ਕਿਹਾ ਕਿ ਜਗਦੀਸ਼ ਸਿੰਘ ਝੀਂਡਾ ਨੂੰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਪ੍ਰਧਾਨ ਬਣਾ ਕੇ 'ਲੋਕਤੰਤਰ ਦੀ ਹੱਤਿਆ' ਕੀਤੀ ਗਈ ਹੈ।ਉਨ੍ਹਾਂ ਦੋਸ਼ ਲਾਇਆ ਕਿ ਹਰਿਆਣਾ ਸਰਕਾਰ ਸਿੱਖਾਂ ਦੇ ਧਾਰਮਿਕ ਮਾਮਲਿਆਂ ਵਿਚ ਦਖ਼ਲਅੰਦਾਜ਼ੀ ਕਰ ਰਹੀ ਹੈ, ਜੋ ਸਰਾਸਰ ਗ਼ਲਤ ਹੈ।

### ਸ਼੍ਰੋਮਣੀ ਕਮੇਟੀ ਵੱਲੋਂ ਡਾ. ਮਨਮੋਹਨ ਸਿੰਘ ਦੀ ਤਸਵੀਰ

ਇਸੇ ਤਰ੍ਹਾਂ ਦਲ ਖਾਲਸਾ ਦੇ ਕਾਰਜਕਾਰੀ ਪ੍ਰਧਾਨ ਪਰਮਜੀਤ ਸਿੰਘ ਮੰਡ ਨੇ ਵੀ ਸ਼੍ਰੋਮਣੀ ਕਮੇਟੀ ਦੇ ਇਸ ਫੈਸਲੇ 'ਤੇ ਇਤਰਾਜ਼ ਕੀਤਾ ਸੀ। ਉਹਨਾਂ ਕਿਹਾ ਕਿ ਡਾਕਟਰ ਮਨਮੋਹਨ ਸਿੰਘ ਇੱਕ ਸਿੱਖ ਸ਼ਖਸੀਅਤ ਜ਼ਰੂਰ ਸਨ, ਪਰ ਉਹਨਾਂ ਨੇ ਪ੍ਰਧਾਨ ਮੰਤਰੀ ਹੁੰਦਿਆਂ ਆਪਣੇ ਕਾਰਜ ਕਾਲ ਦੌਰਾਨ ਸਿੱਖ ਪੰਥ ਵਾਸਤੇ ਕੋਈ ਅਜਿਹਾ ਕਾਰਜ ਨਹੀਂ ਕੀਤਾ, ਜਿਸ ਲਈ ਉਹਨਾਂ ਦੀ ਤਸਵੀਰ ਸਿੱਖ ਅਜਾਇਬ ਘਰ ਵਿੱਚ ਸਥਾਪਿਤ ਕੀਤੀ ਜਾਵੇ। ਇਸ ਫੈਸਲੇ ਦੇ ਹੋ ਰਹੇ ਵਿਰੋਧ ਨੂੰ ਦੇਖਦਿਆਂ ਹੁਣ ਸ਼੍ਰੋਮਣੀ ਕਮੇਟੀ ਨੇ ਡਾਕਟਰ ਮਨਮੋਹਨ ਸਿੰਘ ਦੀ ਤਸਵੀਰ ਸਿੱਖ ਅਜਾਇਬ ਘਰ ਵਿੱਚ ਸਥਾਪਿਤ ਕਰਨ ਦੇ ਫੈਸਲੇ ਨੂੰ ਫਿਲਹਾਲ ਮੁਲਤਵੀ ਕਰ ਦਿੱਤਾ ਹੈ।

### ਜਗਦੀਸ਼ ਭੋਲਾ ਨੂੰ 11 ਸਾਲਾਂ ਬਾਅਦ ਮਿਲੀ ਜ਼ਮਾਨਤ

ਦੇ ਬੈਂਚ ਨੇ ਕਿਹਾ। ਭੋਲਾ ਨੂੰ 2019 ਵਿਚ ਐਨਡੀਪੀਐਸ ਐਕਟ ਤਹਿਤ ਨਸ਼ੀਲੇ ਪਦਾਰਥਾਂ ਦੀ ਤਸਕਰੀ ਲਈ ਦੋਸ਼ੀ ਠਹਿਰਾਇਆ ਗਿਆ ਸੀ ਤੇ ਉਸ ਦੀ ਸਜ਼ਾ ਵਿਰੁਧ ਅਪੀਲ ਉਦੋਂ ਤੋਂ ਹਾਈ ਕੋਰਟ ਵਿਚ ਵਿਚਾਰ ਅਧੀਨ ਹੈ।

ਕੇਸ ਦੇ ਗੁਣਾਂ ਵਿਚ ਦਾਖਲ ਹੋਏ ਬਿਨਾਂ, ਬੈਂਚ ਨੇ ਕਿਹਾ, ਹਿਰਾਸਤ ਸਰਟੀਫਿਕੇਟ ਸਾਨੂੰ ਬਿਨੈਕਾਰ-ਅਪੀਲਕਰਤਾ ਨੂੰ ਜ਼ਮਾਨਤ ਦੇਣ ਲਈ ਪ੍ਰੇਰਿਤ ਕਰਦਾ ਹੈ, ਇਸ ਤੱਥ ਨੂੰ ਧਿਆਨ ਵਿਚ ਰੱਖਦੇ ਹੋਏ ਕਿ ਬਿਨੈਕਾਰ-ਅਪੀਲਕਰਤਾ ਦੁਆਰਾ 12 ਸਾਲ ਦੀ ਸਖ਼ਤ ਕੈਦ ਦੀ ਸਜ਼ਾ ਦੇ 11 ਸਾਲ ਅਤੇ ਲਗਭਗ 5 ਮਹੀਨੇ ਨਿਰਵਿਵਾਦ ਤੌਰ 'ਤੇ ਕੱਟੇ ਗਏ ਹਨ ਅਤੇ ਅੰਤਿਮ ਸੁਣਵਾਈ ਨੇੜਲੇ ਭਵਿੱਖ ਵਿਚ ਹੋਣ ਦੀ ਸੰਭਾਵਨਾ ਹੈ।' ਜੇ ਬਿਨੈਕਾਰ/ਅਪੀਲਕਰਤਾ ਵਿਰੁਧ ਗ੍ਰਿਫ਼ਤਾਰੀ ਵਾਰੰਟ ਜਾਰੀ ਕਰਨ ਲਈ ਸੁਤੰਤਰ ਹੋਵੇਗਾ, ਬਸ਼ਰਤੇ ਇਸ ਅਦਾਲਤ ਨੂੰ ਸੂਚਿਤ ਕੀਤਾ ਜਾਵੇ। ਅਦਾਲਤ ਨੇ ਉਸ ਨੂੰ ਆਪਣਾ ਪਾਸਪੋਰਟ ਹੇਠਲੀ ਅਦਾਲਤ ਵਿਚ ਜਮ੍ਹਾਂ ਕਰਨ ਦਾ ਵੀ ਨਿਰਦੇਸ਼ ਦਿਤਾ ਜੋ ਕਿ ਇਸ ਅਦਾਲਤ ਦੀ ਇਜਾਜ਼ਤ ਤੋਂ ਬਿਨਾਂ ਜਾਰੀ ਨਹੀਂ ਕੀਤਾ ਜਾ ਸਕਦਾ।

## ਸਫ਼ਾ ਤਿੰਨ ਦੀ ਬਾਕੀ

### ਉੱਤਰ-ਪੂਰਬ 'ਚ ਬੇਮਿਸਾਲ

ਪਿਛਲੇ ਦਹਾਕੇ ਵਿੱਚ ਉੱਤਰ-ਪੂਰਬ ਵਿੱਚ 10,000 ਤੋਂ ਵੱਧ ਨੌਜਵਾਨਾਂ ਨੇ ਹਿੰਸਾ ਛੱਡ ਦਿੱਤੀ ਹੈ। ਪ੍ਰਧਾਨ ਮੰਤਰੀ ਮੋਦੀ ਨੇ ਇਹ ਵੀ ਕਿਹਾ ਕਿ ਉਨ੍ਹਾਂ ਦੀ ਸਰਕਾਰ ਜ਼ੀਰੋ ਟਾਲਰੈਂਸ ਨੀਤੀ ਦੀ ਪਾਲਣਾ ਕਰਦੀ ਹੈ, ਭਾਵੇਂ ਉਹ ਅੱਤਵਾਦ ਹੋਵੇ ਜਾਂ ਨਕਸਲਵਾਦ। ਅਧਿਕਾਰੀਆਂ ਨੇ ਦੱਸਿਆ ਕਿ ਸੰਮੇਲਨ ਵਿੱਚ ਮੰਤਰੀ ਪੱਧਰੀ ਸੈਸ਼ਨ, ਕਾਰੋਬਾਰ-ਤੋਂ-ਸਰਕਾਰ ਸੈਸ਼ਨ, ਕਾਰੋਬਾਰ-ਤੋਂ-ਕਾਰੋਬਾਰ ਮੀਟਿੰਗਾਂ, ਸਟਾਰਟ ਅੱਪ ਅਤੇ ਨੀਤੀ ਅਤੇ ਰਾਜ ਸਰਕਾਰਾਂ ਅਤੇ ਕੇਂਦਰੀ ਮੰਤਰਾਲਿਆਂ ਦੁਆਰਾ ਨਿਵੇਸ਼ ਨੂੰ ਉਤਸ਼ਾਹਿਤ ਕਰਨ ਲਈ ਕੀਤੀਆਂ ਗਈਆਂ ਸੰਬੰਧਿਤ ਪਹਿਲਕਦਮੀਆਂ ਦੀਆਂ ਪ੍ਰਦਰਸ਼ਨੀਆਂ ਸ਼ਾਮਲ ਹੋਣਗੀਆਂ।

### ਪੈਰੋਲ ਖ਼ਤਮ ਹੋਣ ਤੋਂ ਬਾਅਦ ਦਿੱਲੀ ਹਾਈ ਕੋਰਟ ਨੇ

ਅਤੇ ਪੈਰੋਲ 'ਤੇ ਬਾਹਰ ਹੋਣ 'ਤੇ ਵੀ ਉਹ ਹਰ ਹਫਤੇ ਜੇਲ੍ਹ ਨਾਲ ਜੁੜੇ ਹਸਪਤਾਲ ਵਿਚ ਅਪਣੀ ਹਾਜ਼ਰੀ ਦਰਜ ਕਰਵਾਉਂਦਾ ਹੈ। ਵਕੀਲ ਨੇ ਕਿਹਾ ਕਿ ਇਹ 30 ਸਾਲ ਦੀ ਸਜ਼ਾ ਦਾ ਮਾਮਲਾ ਹੈ ਅਤੇ ਕਾਨੂੰਨ ਵੀ ਕਹਿੰਦਾ ਹੈ ਕਿ ਘਿਨਾਉਣੇ ਅਪਰਾਧਾਂ ਲਈ ਉਹ ਰਾਹਤ ਦਾ ਹੱਕਦਾਰ ਹੈ। ਹਾਲਾਂਕਿ ਅਦਾਲਤ ਨੇ ਭੁੱਲਰ ਦੀ ਸਮੇਂ ਤੋਂ ਪਹਿਲਾਂ ਰਿਹਾਈ ਦੀ ਪਟੀਸ਼ਨ ਦਾ ਹਵਾਲਾ ਦਿਤਾ ਪਰ ਕਿਹਾ ਕਿ ਉਹ ਆਤਮਸਮਰਪਣ ਨਹੀਂ ਕਰ ਸਕਦਾ। ਉਸ ਨੇ ਕਦੇ ਵੀ ਉਸ ਨੂੰ ਦਿਤੀ ਗਈ ਪੈਰੋਲ ਦੀ ਰਾਹਤ ਦੀ ਉਲੰਘਣਾ ਨਹੀਂ ਕੀਤੀ।

### ਦਿੱਲੀ ਐਨ.ਸੀ.ਆਰ. 'ਚ ਕੋਵਿਡ

ਫ਼ਰੀਦਾਬਾਦ ਮਾਮਲੇ ਵਿੱਚ, ਸਿਹਤ ਵਿਭਾਗ ਨੇ ਸਫਦਰਜੰਗ ਹਸਪਤਾਲ ਪ੍ਰਬੰਧਨ ਨੂੰ ਇੱਕ ਪੱਤਰ ਲਿਖ ਕੇ ਸੰਕਰਮਿਤ ਵਿਅਕਤੀ ਦੇ ਗਲੇ ਦੇ ਥੁੱਕ ਦੇ ਨਮੂਨੇ ਦੇਣ ਲਈ ਕਿਹਾ ਹੈ। ਫ਼ਰੀਦਾਬਾਦ ਜ਼ਿਲ੍ਹਾ ਸਿਹਤ ਵਿਭਾਗ ਦੇ ਡਾ. ਰਾਮਭਗਤ ਨੇ ਕਿਹਾ, ਰਿਪੋਰਟ ਆਉਣ ਤੋਂ ਬਾਅਦ ਕੋਰੋਨਾ ਦੇ ਰੂਪ ਦੀ ਪੁਸ਼ਟੀ ਹੋਵੇਗੀ। ਇਸ ਸਮੇਂ ਨੌਜਵਾਨ ਅਤੇ ਉਸ ਦਾ ਪੂਰਾ ਪਰਿਵਾਰ ਤੰਦਰੁਸਤ ਹਨ।

### ਸਬ-ਇੰਸਪੈਕਟਰ ਸਮੇਤ

ਏ.ਐੱਸ.ਆਈ. ਜਸਵਿੰਦਰ ਸਿੰਘ, ਏ.ਐੱਸ.ਆਈ. ਨਿਰਮਲ ਸਿੰਘ ਤੇ ਹੈੱਡ ਕਾਂਸਟੇਬਲ ਜਗਰੂਪ ਸਿੰਘ ਸ਼ਾਮਲ ਹਨ, ਨੂੰ ਨਸ਼ਾ ਤਸਕਰ ਨੂੰ ਫਰਾਰ ਕਰਨ ਦੇ ਮਾਮਲੇ 'ਚ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ.ਆਈ.ਜੀ. ਜਲੰਧਰ ਰੇਂਜ ਨਵੀਨ ਸਿੰਗਲਾ ਨੇ ਦੱਸਿਆ ਕਿ ਮੁਲਜ਼ਮਾਂ ਨੇ ਤਸਕਰ ਹਨੀ ਨੂੰ ਹਿਰਾਸਤ 'ਚੋਂ ਭਜਾਉਣ ਲਈ ਲਗਭਗ 2.5 ਲੱਖ ਰੁਪਏ ਰਿਸ਼ਵਤ ਵਜੋਂ ਲਏ ਸਨ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਡਾਕਟਰੀ ਜਾਂਚ ਕੀਤੀ ਜਾਵੇਗੀ, ਤੇ ਉਨ੍ਹਾਂ ਨੂੰ ਫਗਵਾੜਾ ਦੇ ਜੁਡੀਸ਼ੀਅਲ ਮੈਜਿਸਟਰੇਟ ਸਾਹਮਣੇ ਪੇਸ਼ ਕੀਤਾ ਜਾਵੇਗਾ।

### ਪੁਲਿਸ ਇੰਸਪੈਕਟਰ ਰੌਣੀ ਸਿੰਘ

ਜੇਕਰ ਕਿਸੇ ਸੀਨੀਅਰ ਫ਼ੌਜੀ ਅਧਿਕਾਰੀ ਨੂੰ ਆਪਣੀ ਪਛਾਣ ਦੱਸਣ ਦੇ ਬਾਵਜੂਦ ਕੁੱਟਿਆ ਜਾਂਦਾ ਹੈ, ਤਾਂ ਇਹ ਪੂਰੀ ਪ੍ਰਣਾਲੀ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਇੰਨਾ ਹੀ ਨਹੀਂ, ਅਦਾਲਤ ਨੇ ਇਸ ਗੱਲ 'ਤੇ ਵੀ ਡੂੰਘੀ ਨਾਰਾਜ਼ਗੀ ਜ਼ਾਹਰ ਕੀਤੀ ਕਿ ਐਫ.ਆਈ.ਆਰ. ਦਰਜ ਕਰਨ ਵਿੱਚ ਅੱਠ ਦਿਨਾਂ ਦੀ ਦੇਰੀ ਹੋਈ। ਢਾਬਾ ਮਾਲਕ ਦੀ ਇੱਕ ਛੋਟੀ ਜਿਹੀ ਸ਼ਿਕਾਇਤ ਦੇ ਆਧਾਰ 'ਤੇ ਉਸੇ ਦਿਨ ਐਫ.ਆਈ.ਆਰ. ਦਰਜ ਕੀਤੀ ਗਈ ਸੀ, ਪਰ ਕਰਨਲ ਦੀ ਗੰਭੀਰ ਸ਼ਿਕਾਇਤ ਨੂੰ ਨਜ਼ਰਅੰਦਾਜ਼ ਕਰ ਦਿੱਤਾ ਗਿਆ। ਇਸ ਤੋਂ ਪਤਾ ਲੱਗਦਾ ਹੈ ਕਿ ਪੁਲਿਸ ਕਿਸ ਹੱਦ ਤੱਕ ਆਪਣੀਆਂ ਸ਼ਕਤੀਆਂ ਦੀ ਦੁਰਵਰਤੋਂ ਕਰ ਰਹੀ ਹੈ। ਮੁਲਜ਼ਮਾਂ ਨੇ ਬਾਅਦ ਵਿੱਚ ਆਪਣੇ-ਆਪ ਨੂੰ ਬੇਕਸੂਰ ਦਿਖਾਉਣ ਲਈ ਸੱਟਾਂ ਦਾ ਬਹਾਨਾ ਬਣਾ ਕੇ ਇੱਕ ਨਿੱਜੀ ਹਸਪਤਾਲ ਤੋਂ ਮੈਡੀਕਲ ਰਿਪੋਰਟ ਤਿਆਰ ਕਰਵਾਈ, ਜਿਸ ਨੂੰ ਅਦਾਲਤ ਨੇ 'ਸਬੂਤਾਂ ਨਾਲ ਛੇੜਛਾੜ' ਅਤੇ 'ਪ੍ਰਭਾਵ ਦੀ ਦੁਰਵਰਤੋਂ' ਕਰਾਰ ਦਿੱਤਾ।

### ਡਰੋਨ ਹਮਲੇ ਕਾਰਨ 45 ਮਿੰਟ

ਦੇਸ਼ਾਂ ਦੇ ਦੌਰੇ ਦੇ ਪਹਿਲੇ ਪੜਾਅ 'ਤੇ ਸਰਬ ਪਾਰਟੀ ਵਫ਼ਦ ਵੀਰਵਾਰ ਰਾਤ ਮਾਸਕੋ ਪਹੁੰਚਿਆ। ਦੋਮੋਦੇਡੋਵੋ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਕਨੀਮੋਝੀ ਅਤੇ ਉਨ੍ਹਾਂ ਦੀ ਟੀਮ ਦੇ ਮੈਂਬਰਾਂ ਦਾ ਭਾਰਤੀ ਰਾਜਦੂਤ ਵਿਨੇ ਕੁਮਾਰ ਅਤੇ ਹੋਰ ਅਧਿਕਾਰੀਆਂ ਨੇ ਸਵਾਗਤ ਕੀਤਾ।

### ਸਾਬਕਾ ਮਰਹੂਮ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ

ਜ਼ਿਕਰਯੋਗ ਹੈ ਕਿ ਜਦ ਤੱਕ ਸ਼੍ਰੋਮਣੀ ਅਕਾਲੀ ਦਲ ਦਾ ਪ੍ਰਭਾਵ ਸ਼੍ਰੋਮਣੀ ਕਮੇਟੀ 'ਤੇ ਰਹੇਗਾ, ਉਦੋਂ ਤੱਕ ਸ਼੍ਰੋਮਣੀ ਕਮੇਟੀ ਤੋਂ ਪ੍ਰਬੰਧਕ ਅਤੇ ਧਾਰਮਿਕ ਸੁਧਾਰ ਦੀ ਆਸ ਨਹੀਂ ਕੀਤੀ ਜਾ ਸਕਦੀ। ਸਿਆਸੀ ਪ੍ਰਭਾਵ ਦੇ ਕਾਰਨ ਸ਼੍ਰੋਮਣੀ ਕਮੇਟੀ ਨੂੰ ਗਲਤ ਫੈਸਲੇ ਲੈਣੇ ਪਏ, ਜਿਸ ਕਾਰਨ ਸੰਗਤਾਂ ਵਿੱਚ ਕਾਫੀ ਵਿਰੋਧ ਦੇਖਣ ਨੂੰ ਮਿਲਿਆ।ਸਿਆਸੀ ਦਬਾਅ ਦੇ ਕਾਰਨ ਹੀ ਸ਼੍ਰੋਮਣੀ ਕਮੇਟੀ ਅਧੀਨ ਵੱਖ ਵੱਖ ਗੁਰਦੁਆਰੇ ਸਾਹਿਬਾਨ ਵਿੱਚ ਸੇਵਾ ਨਿਭਾ ਰਹੇ ਸਿੰਘ ਸਾਹਿਬਾਨ ਨੂੰ ਛੱਡ ਕੇ ਬਾਹਰੋਂ ਜਥੇਦਾਰਾਂ ਦੀ ਨਿਯੁਕਤੀ ਕਰਨੀ ਪਈ। ਇਸਦਾ ਮਤਲਬ ਇਹ ਹੋਇਆ ਕਿ ਸ਼੍ਰੋਮਣੀ ਕਮੇਟੀ ਦੇ ਵਿੱਚ ਟੈਸਟ ਲੈ ਕੇ ਰੱਖੇ ਗਏ ਗ੍ਰੰਥੀ, ਮੁੱਖ ਗ੍ਰੰਥੀ, ਸਿੰਘ ਸਹਿਬਾਨ ਇਸ ਕਾਬਲ ਵੀ ਨਹੀਂ ਕਿ ਉਹ ਜਥੇਦਾਰ ਦੇ ਅਹੁਦੇ 'ਤੇ ਸੇਵਾ ਨਿਭਾ ਸਕਣ ਜਾਂ ਉਹਨਾਂ ਦੀ ਭਰਤੀ ਵੀ ਸਿਫਾਰਸ਼ ਜਾਂ ਕਿਸੇ ਸਿਆਸੀ ਦਬਾਅ ਦੇ ਹੇਠ ਹੀ ਕੀਤੀ ਜਾਂਦੀ ਰਹੀ ਹੈ, ਜੋ ਹੁਣ ਸ਼੍ਰੋਮਣੀ ਕਮੇਟੀ ਨੂੰ ਚੰਗੇ ਨਹੀਂ ਲੱਗਦੇ।

### ਚੋਣ ਕਮਿਸ਼ਨ ਵੱਲੋਂ ਪੋਲਿੰਗ ਸਟੇਸ਼ਨਾਂ

ਮੋਬਾਈਲ ਫੋਨ ਹੀ ਰੱਖਣ ਦੀ ਇਜਾਜਤ ਹੋਵੇਗੀ। ਪੋਲਿੰਗ ਸਟੇਸ਼ਨ ਦੇ ਦਾਖਲੇ ਵਾਲੇ ਸਥਾਨ ਦੇ ਨੇੜੇ ਬਹੁਤ ਹੀ ਸਾਦੇ ਬਾਕਸ ਜਾਂ ਜੂਟ ਬੈਗ ਪ੍ਰਦਾਨ ਕੀਤੇ ਜਾਣਗੇ, ਜਿੱਥੇ ਵੋਟਰਾਂ ਨੂੰ ਆਪਣੇ ਮੋਬਾਈਲ ਫੋਨ ਜਮ੍ਹਾਂ ਕਰਵਾਉਣੇ ਪੈਣਗੇ। ਵੋਟਰ ਨੂੰ ਪੋਲਿੰਗ ਸਟੇਸ਼ਨ ਦੇ ਅੰਦਰ ਮੋਬਾਈਲ ਫੋਨ ਲੈ ਜਾਣ ਦੀ ਇਜਾਜਤ ਨਹੀਂ ਹੋਵੇਗੀ। ਹਾਲਾਂਕਿ, ਰਿਟਰਨਿੰਗ ਅਫਸਰ ਵੱਲੋਂ ਪ੍ਰਤੀਕੂਲ ਸਥਾਨਕ ਹਾਲਾਤਾਂ ਦੇ ਆਧਾਰ 'ਤੇ ਕੁਝ ਪੋਲਿੰਗ ਸਟੇਸ਼ਨਾਂ ਨੂੰ ਇਸ ਵਿਵਸਥਾ ਤੋਂ ਛੋਟ ਦਿੱਤੀ ਜਾ ਸਕਦੀ ਹੈ। ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੀ ਪ੍ਰਧਾਨਗੀ ਹੇਠ ਭਾਰਤੀ ਚੋਣ ਕਮਿਸ਼ਨ, ਚੋਣ ਕਮਿਸ਼ਨਰ ਡਾ. ਸੁਖਬੀਰ ਸਿੰਘ ਸੰਧੂ ਅਤੇ ਡਾ. ਵਿਵੇਕ ਜੋਸ਼ੀ ਦੇ ਨਾਲ, ਵੋਟਰਾਂ ਲਈ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਦੇ ਨਾਲ-ਨਾਲ ਕਾਨੂੰਨੀ ਢਾਂਚੇ ਮੁਤਾਬਕ ਸਖ਼ਤੀ ਨਾਲ ਚੋਣਾਂ ਕਰਵਾਉਣ ਲਈ ਵਚਨਬੱਧ ਹੈ।

### ਸੀ.ਜੇ.ਆਈ. ਪ੍ਰੋਟੋਕੋਲ ਮਾਮਲੇ 'ਚ

ਗ੍ਰਹਿ ਰਾਜ ਮਹਾਰਾਸ਼ਟਰ ਦੇ ਪਹਿਲੇ ਦੌਰੇ ਦੇ ਸੰਬੰਧ ਵਿਚ ਪ੍ਰੋਟੋਕੋਲ ਦੀ ਉਲੰਘਣਾ ਸੰਬੰਧੀ ਦਾਇਰ ਕੀਤੀ ਗਈ ਸੀ। ਚੀਫ਼ ਜਸਟਿਸ ਬੀ.ਆਰ ਗਵਈ ਦੀ ਅਗਵਾਈ ਵਾਲੇ ਬੈਂਚ ਨੇ ਕਿਹਾ ਕਿ ਇਹ ਪਟੀਸ਼ਨ ਸਿਰਫ਼ ਇੱਕ ਪ੍ਰਚਾਰ ਹਿੱਤ ਮੁਕੱਦਮਾ ਹੈ। ਜਿਸ ਨੂੰ ਸਸਤੀ ਪ੍ਰਸਿੱਧੀ ਹਾਸਲ ਕਰਨ ਲਈ ਦਾਇਰ ਕੀਤਾ ਗਿਆ ਹੈ। ਇਸ ਤੋਂ ਬਾਅਦ ਬੈਂਚ ਨੇ ਪਟੀਸ਼ਨ ਖਾਰਜ ਕਰ ਦਿੱਤੀ।

### ਵਿਦਿਆਰਥੀਆਂ ਵੱਲੋਂ ਖ਼ੁਦਕੁਸ਼ੀਆਂ ਦੇ ਮਾਮਲੇ 'ਚ

ਕੀ ਕਰ ਰਹੇ ਹੋ? ਇਹ ਬੱਚੇ ਖ਼ੁਦਕੁਸ਼ੀ ਕਿਉਂ ਕਰ ਰਹੇ ਹਨ ਅਤੇ ਸਿਰਫ਼ ਕੋਟਾ 'ਚ ਹੀ ਕਿਉਂ? ਕੀ ਤੁਸੀਂ ਇਕ ਸੂਬੇ ਵਜੋਂ ਇਸ 'ਤੇ ਵਿਚਾਰ ਨਹੀਂ ਕੀਤਾ? ਵਕੀਲ ਨੇ ਕਿਹਾ ਕਿ ਖ਼ੁਦਕੁਸ਼ੀ ਦੇ ਮਾਮਲਿਆਂ ਦੀ ਜਾਂਚ ਲਈ ਸੂਬੇ 'ਚ ਵਿਸ਼ੇਸ਼ ਜਾਂਚ ਦਲ (ਐੱਸਆਈਟੀ) ਦਾ ਗਠਨ ਕੀਤਾ ਗਿਆ ਸੀ। ਸੁਪਰੀਮ ਕੋਰਟ ਆਈਆਈਟੀ, ਖੜਗਪੁਰ 'ਚ ਪੜ੍ਹਨ ਵਾਲੇ 22 ਸਾਲਾ ਵਿਦਿਆਰਥੀ ਦੀ ਮੌਤ ਦੇ ਮਾਮਲੇ ਦੀ ਸੁਣਵਾਈ ਕਰ ਰਹੀ ਸੀ। ਵਿਦਿਆਰਥੀ 4 ਮਈ ਨੂੰ ਆਪਣੇ ਹੋਸਟਲ ਦੇ ਕਮਰੇ 'ਚ ਫਾਹਾ ਨਾਲ ਲਟਕਿਆ ਹੋਇਆ ਮਿਲਿਆ ਸੀ।

### ਭਾਰਤ ਨੂੰ ਪਾਕਿ ਦੇ ਮੁੜ ਐਫ.ਏ.ਟੀ.ਐਫ.

ਇਸ ਕਾਰਨ ਐਫ.ਏ.ਟੀ.ਐਫ. ਵੱਲੋਂ ਖੁਦ ਪਾਕਿਸਤਾਨ ਦੀ ਗ੍ਰੇਅ ਸੂਚੀ ਵਿੱਚ ਵਾਪਸੀ ਲਈ ਆਧਾਰ ਲੱਭੇ ਜਾਣ ਦੇ ਆਸਾਰ ਹਨ, ਕਿਉਂਕਿ ਪਾਕਿਸਤਾਨ ਵੱਲੋਂ ਅਜਿਹਾ ਕੋਈ ਕਾਨੂੰਨ ਹਾਲੇ ਤੱਕ ਅਮਲ ਵਿਚ ਨਹੀਂ ਲਿਆਂਦਾ ਗਿਆ। ਸੂਤਰਾਂ ਨੇ ਕਿਹਾ, ਅਸੀਂ ਬਿਨਾਂ ਸ਼ੱਕ ਇੱਕ ਮਜ਼ਬੂਤ ਕੇਸ ਬਣਾਵਾਂਗੇ ਕਿ ਪਾਕਿਸਤਾਨ ਨੂੰ ਗ੍ਰੇਅ ਸੂਚੀ ਵਿੱਚ ਪਾ ਦਿੱਤਾ ਜਾਵੇ। ਗੌਰਤਲਬ ਹੈ ਕਿ 22 ਅਪਰੈਲ ਪਹਿਲਗਾਮ ਅੱਤਵਾਦੀ ਹਮਲੇ, ਜਿਸ ਵਿੱਚ 26 ਭਾਰਤੀਆਂ ਦੀ ਮੌਤ ਹੋ ਗਈ ਸੀ ਤੋਂ ਬਾਅਦ ਦੋਵਾਂ ਮੁਲਕਾਂ ਦੇ ਰਿਸ਼ਤੇ ਬੁਰੀ ਤਰ੍ਹਾਂ ਵਿਗੜ ਗਏ ਸਨ।


**ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ**
(ਰਜਿਸਟਰਡ ਦਫ਼ਤਰ: ਪੀ.ਐਸ.ਈ.ਬੀ. ਹੈੱਡ ਆਫ਼ਿਸ, ਦੀ ਮਾਲ ਪਟਿਆਲਾ - 147001)
ਦਫ਼ਤਰ ਸੀਨੀ. ਕਾ. ਇੰਜ./ ਸਿਵਲ ਪਾਇਲਟ ਵਰਕਸ਼ਾਪ, ਸਰਨਾ
(Phone No. 96461-19299)

ਈ-ਟੈਂਡਰ ਇਨਕੁਆਰੀ ਨੰ. 01 / ਪੀ. ਡਬਲਯੂ. ਐਸ / 2025-26 ਮਿਤੀ: 23.05.25

ਸੀਨੀ. ਕਾ. ਕਾ. ਇੰਜੀ./ਸਿਵਲ, ਪਾਇਲਟ ਵਰਕਸ਼ਾਪ, ਪੰ.ਰਾ.ਪਾ.ਕਾ.ਲਿਮ., ਸਰਨਾ ਵੱਲੋਂ 11 ਮੀਟਰ ਲੰਬੇ ਪੀ.ਸੀ.ਸੀ. ਖੰਭਿਆਂ ਦੇ ਨਿਰਮਾਣ ਲਈ ਪਾਇਲਟ ਵਰਕਸ਼ਾਪ, ਸਰਨਾ ਵਿੱਚ ਨਵਾਂ ਬੈੱਡ ਬਣਾਉਣ ਲਈ ਓਪਨ ਟੈਂਡਰ ਮੰਗੇ ਜਾਂਦੇ ਹਨ। ਡਿਟੇਲਡ ਐਨ.ਆਈ.ਟੀ. ਅਤੇ ਟੈਂਡਰ ਦਸਤਾਵੇਜ਼ ਵੈੱਬਸਾਈਟ: https://eproc.punjab.gov.in ਤੋਂ ਔਨਲਾਈਨ ਖ਼ਰੀਦੇ ਜਾ ਸਕਦੇ ਹਨ। ਟੈਂਡਰ ਦਸਤਾਵੇਜ਼ ਡਾਊਨਲੋਡ/ਅਪਲੋਡ ਕਰਨ ਦੀ ਆਖਰੀ ਮਿਤੀ ਅਤੇ ਸਮਾਂ 06.06.2025 (ਸ਼ਾਮ 03.00 ਵਜੇ) ਅਤੇ ਟੈਂਡਰ ਖੋਲ੍ਹਣ ਦੀ ਮਿਤੀ ਅਤੇ ਸਮਾਂ 12.06.2025 (ਸ਼ਾਮ 03.30 ਵਜੇ) ਹੈ। ਟੈਂਡਰ ਦੀ ਰਕਮ 51.79 ਲੱਖ ਰੁਪਏ (ਜੀ.ਐਸ.ਟੀ. ਤੋਂ ਬਿਨਾਂ) ਅਤੇ ਈ.ਐਮ.ਡੀ. ਰੁ. 1,35,000/- ਰੁਪਏ ਹੈ।

ਨੋਟ: ਕੋਰੀਜੈਂਡਮ ਅਤੇ ਅਡੈਂਡਮ ਵਿਭਾਗ ਦੀ ਵੈੱਬਸਾਈਟ https://eproc.punjab.gov.in ਤੇ ਹੀ ਅਪਲੋਡ ਹੋਣਗੇ। C 371/25

Ro No. PR-Advt No. 76155 / 12 / 4267 / 2023 / 44791 / Dated CHD : 5/23/2025

**ਦਫ਼ਤਰ ਨਗਰ ਪੰਚਾਇਤ ਦਿੜ੍ਹਬਾ (ਸੰਗਰੂਰ) 01676-242567**

**ਪਬਲਿਕ ਨੋਟਿਸ**

ਹਰ ਆਮ ਅਤੇ ਖ਼ਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਨਗਰ ਪੰਚਾਇਤ ਦਿੜ੍ਹਬਾ ਵੱਲੋਂ ਸਾਲ 2025-2026 ਲਈ ਵਾਹੀ ਯੋਗ ਜ਼ਮੀਨ ਦੇ ਚਾਰ (4) ਟੱਕਾ ਨੂੰ ਠੇਕੇ ਤੇ ਦੇਣ ਲਈ ਹੇਠ ਲਿਖੇ ਅਨੁਸਾਰ ਬੋਲੀਆਂ ਰੱਖੀਆਂ ਗਈਆਂ ਹਨ। ਇਸ ਸਬੰਧੀ ਸ਼ਰਤਾਂ ਕਿਸੇ ਵੀ ਕੰਮ ਕਾਜ ਵਾਲੇ ਦਿਨ ਦਫ਼ਤਰ ਨਗਰ ਪੰਚਾਇਤ ਦਿੜ੍ਹਬਾ ਵਿਖੇ ਦੇਖੀਆਂ ਜਾ ਸਕਦੀਆਂ ਹਨ। ਜੇਕਰ ਬੋਲੀ ਵਾਲੇ ਦਿਨ ਅਚਾਨਕ ਛੁੱਟੀ ਹੋ ਜਾਂਦੀ ਹੈ ਤਾਂ ਬੋਲੀ ਅਗਲੇ ਕੰਮ ਵਾਲੇ ਦਿਨ ਉਕਤ ਸਮੇਂ ਅਨੁਸਾਰ ਹੋਵੇਗੀ :

| ਲ ਨੰ. | ਮੱਦ ਦਾ ਨਾਮ | ਬੋਲੀ ਦੀ ਮਿਤੀ | ਜ਼ਮੀਨ | ਸਮਾਂ | ਠੇਕੇ ਦੀ ਮਿਆਦ | ਸਕਿਓਰਿਟੀ/ਬਿਆਨਾ ਰਕਮ (ਮੋੜਨ ਯੋਗ) | ਪਾਰਟੀਸਪੇਸ਼ਨ ਫੀਸ (ਨਾਂ ਮੋੜਨ ਯੋਗ) |
|---|---|---|---|---|---|---|---|
| 1 | ਵਾਹੀ ਯੋਗ ਜ਼ਮੀਨ | 29.05.2025 | ਟੱਕ ਨੰ. 01 ਗਾਮੜੀ ਰੋਡ 7 ਕਨਾਲ | 11.00 ਵਜੇ | 30.04.2026 ਤੱਕ | 7000/- ਰੁਪਏ ਪ੍ਰਤੀ ਏਕੜ | 500/- ਰੁਪਏ |
| 2 | ਵਾਹੀ ਯੋਗ ਜ਼ਮੀਨ | 29.05.2025 | ਟੱਕ ਨੰ. 02 ਗਾਮੜੀ ਰੋਡ 3 ਏਕੜ 5 ਕਨਾਲ 8 ਮਰਲੇ | 11.15 ਵਜੇ | 30.04.2026 ਤੱਕ | 7000/- ਰੁਪਏ ਪ੍ਰਤੀ ਏਕੜ | 500/- ਰੁਪਏ |
| 3 | ਵਾਹੀ ਯੋਗ ਜ਼ਮੀਨ | 29.05.2025 | ਟੱਕ ਨੰ. 03 ਖਨਾਲ ਰੋਡ 6 ਏਕੜ 2.75 ਕਨਾਲ | 11.30 ਵਜੇ | 30.04.2026 ਤੱਕ | 7000/- ਰੁਪਏ ਪ੍ਰਤੀ ਏਕੜ | 500/- ਰੁਪਏ |
| 4 | ਵਾਹੀ ਯੋਗ ਜ਼ਮੀਨ | 29.05.2025 | ਟੱਕ ਨੰ. 04 ਕਮਾਲਪੁਰ ਰੋਡ 9 ਏਕੜ 4 ਕਨਾਲ | 11.45 ਵਜੇ | 30.04.2026 ਤੱਕ | 7000/- ਰੁਪਏ ਪ੍ਰਤੀ ਏਕੜ | 500/- ਰੁਪਏ |

ਸਹੀ/-(ਮਨਿੰਦਰਸਿੰਘ) ਪ੍ਰਧਾਨ, ਨਗਰ ਪੰਚਾਇਤ, ਦਿੜ੍ਹਬਾ। — ਸਹੀ/-(ਚੰਦਰ ਪ੍ਰਕਾਸ਼) ਕਾਰਜ ਸਾਧਕ ਅਫ਼ਸਰ, ਨਗਰ ਪੰਚਾਇਤ, ਦਿੜ੍ਹਬਾ।

Ro No. PR Advt No. Na / 12 / 30216 / 2023 / 44815 / Dated CHD : 5/22/2025

**SMFG INDIA CREDIT COMPANY LIMITED**
SMFG IndiaCredit — Pragati Ki Nayi Pehchaan
ਕਾਰਪੋਰੇਟ ਦਫਤਰ : 10ਵੀਂ ਮੰਜ਼ਿਲ, ਦਫ਼ਤਰ ਨੰ. 101, 102 ਅਤੇ 103, 2 ਨਾਰਥ ਐਵੇਨਿਊ, ਮੇਕਰ ਮੈਕਸਿਟੀ, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਪੂਰਬ), ਮੁੰਬਈ-400051

**ਕਬਜ਼ਾ ਸੂਚਨਾ (ਅਚੱਲ ਸੰਪੱਤੀ ਦੇ ਲਈ)**
**(ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (1) ਦੇ ਅਧੀਨ)**

ਜਿਥੇ ਕਿ, ਨਿਮਨ ਹਸਤਾਖ਼ਰੀ ਨੇ **ਐਸਐਮਐਫਜੀ ਇੰਡੀਆ ਕ੍ਰੈਡਿਟ ਕੰਪਨੀ ਲਿਮਟਿਡ** ਦੇ ਅਧਿਕਾਰਤ ਅਧਿਕਾਰੀ, ਪੰਜੀਕ੍ਰਿਤ ਦਫ਼ਤਰ ਦਾ ਪਤਾ : ਮੇਘ ਟਾਵਰਜ਼, ਤੀਜੀ ਮੰਜ਼ਿਲ, ਪੁਰਾਣਾ ਨੰਬਰ 307, ਨਵਾਂ ਨੰਬਰ 165 ਪੂਨਮੱਲੀ ਹਾਈ ਰੋਡ, ਮਦੁਰਾਵੋਇਲ, ਚੇਨਈ, ਤਾਮਿਲਨਾਡੂ-600095 ਅਤੇ ਕਾਰਪੋਰੇਟ ਦਫ਼ਤਰ 10ਵੀਂ ਮੰਜ਼ਿਲ, ਦਫ਼ਤਰ ਨੰਬਰ 101, 102 ਅਤੇ 103, 2 ਨਾਰਥ ਐਵੇਨਿਊ, ਮੇਕਰ ਮੈਕਸਿਟੀ, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਪੂਰਬ), ਮੁੰਬਈ-400051 ਵੱਲੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (2002 ਦਾ 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਤੋਂ **60 ਦਿਨਾਂ** ਦੇ ਅੰਦਰ **06 ਮਾਰਚ 2025 ਅਨੁਸਾਰ ਰੁ. 39,87,683/-** (**ਰੁਪਏ ਉਨਤਾਲੀ ਲੱਖ ਸਤਾਸੀ ਹਜ਼ਾਰ ਛੇ ਸੌ ਤਰਆਸੀ ਕੇਵਲ**) ਸੂਚਨਾ ਵਿਚ ਦਰਸਾਈ ਰਕਮ ਨੂੰ ਅਦਾ ਕਰਨ ਲਈ **ਕਰਜ਼ ਖਾਤਾ ਨੰਬਰ #213520911422799 ਅਤੇ 213521111325098 ਦੇ ਅਧੀਨ ਕਰਜ਼ਦਾਰ (ਾਂ) 1) ਅਜੇ ਕੁਮਾਰ, 2) ਅਮਰਜੀਤ ਕੌਰ** ਨੂੰ ਸੱਦਾ ਦਿੰਦੇ ਹੋਏ ਮਿਤੀ **10 ਮਾਰਚ** 25 ਨੂੰ ਮੰਗ ਸੂਚਨਾ ਜਾਰੀ ਕੀਤੀ ਸੀ।

ਕਰਜ਼ਦਾਰ (ਾਂ) ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰ(ਾਂ) ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ **21 ਮਈ ਸਾਲ 2025** ਨੂੰ ਦਰਸਾਈ ਨਿਯਮਾਂਵਲੀ ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਦਰਸਾਏ ਕਾਨੂੰਨ ਦੀ **ਧਾਰਾ 13 ਦੀ ਉਪ ਧਾਰਾ** (4) ਦੇ ਅਧੀਨ ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ **ਰੁ. 39,87,683/-** (**ਰੁਪਏ ਉਨਤਾਲੀ ਲੱਖ ਸਤਾਸੀ ਹਜ਼ਾਰ ਛੇ ਸੌ ਤਰਆਸੀ ਕੇਵਲ**) ਦੀ ਰਕਮ ਅਤੇ ਵਿਆਜ ਦੇ ਲਈ **ਐਸਐਮਐਫਜੀ ਇੰਡੀਆ ਕ੍ਰੈਡਿਟ ਕੰਪਨੀ ਲਿਮਟਿਡ** ਦੇ ਚਾਰਜ ਨਾਲ ਸੰਬੰਧਤ ਹੋਵੇਗੀ।

ਕਰਜ਼ਦਾਰ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਦੇ ਲਈ ਉਪਲਬਧ ਸਮੇਂ ਦੇ ਸਬੰਧ ਵਿਚ ਕਾਨੂੰਨ ਦੀ ਧਾਰਾ 13 ਦੀ ਉਪ ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

**ਅਚੱਲ ਜਾਇਦਾਦ ਦਾ ਵੇਰਵਾ:** 1) ਜਾਇਦਾਦ ਦਾ ਮਾਲਕ - ਅਮਰਜੀਤ ਕੁਮਾਰ

**ਜਾਇਦਾਦ ਦੁਕਾਨ ਨੰਬਰ 8 ਫ੍ਰੀ ਹੋਲਡ ਲੈਂਡ ਮਾਪ 22.22 ਵਰਗ ਗਜ਼ ਵਾਲਾ ਵਿਹੜਾ, ਖੇਵਟ/ਖਤੌਣੀ ਨੰਬਰ 927/999, 928/1000 ਖਸਰਾ ਨੰ. 18//21(8-0), 20/2(2-19) ਕਿਤੇ 2 ਰਾਕਾ 10 ਕਨਾਲ 19 ਮਰਲਾ ਅਰਬਨ ਹੋਮਜ਼-3 ਜੀਟੀਬੀ ਨਗਰ, ਪਿੰਡ ਖਰੜ, ਹੱਦਬਸਤ ਨੰਬਰ 184, ਤਹਿਸੀਲ ਖਰੜ, ਜ਼ਿਲ੍ਹਾ ਐਸਏਐਸ ਨਗਰ, ਮੋਹਾਲੀ, ਪੰਜਾਬ ਵਿਖੇ ਸਥਿਤ ਹੈ। ਹੱਦਬੰਦੀ: ਪੂਰਬ ਵੱਲ ਸੜਕ ਅਤੇ ਪਾਰਕਿੰਗ (10 ਫੁੱਟ) ਪੱਛਮ ਵੱਲ - ਰਿਹਾਇਸ਼ੀ ਪਲਾਟ ਨੰ. 31 (10 ਫੁੱਟ) ਉੱਤਰ -ਦੁਕਾਨ ਨੰ.9 (20 ਫੁੱਟ) ਦੱਖਣ ਵੱਲ -ਦੁਕਾਨ ਨੰ.7 (20 ਫੁੱਟ) 2) ਜਾਇਦਾਦ ਦਾ ਮਾਲਕ - ਅਜੈ ਕੁਮਾਰ ਫਲੈਟ ਨੰ. 141, ਜ਼ਮੀਨੀ ਮੰਜ਼ਿਲ, ਅਣਵੰਡੇ ਹਿੱਸੇ ਵਾਲੀ ਜ਼ਮੀਨ ਸਮੇਤ (ਕਨਾਲ 1/2 ਮਰਲਾ ਖੇਵਤ ਖਤੌਣੀ ਨੰ. 146//150, 148/152, 149/153, 400/409, ਖਸਰਾ/173), 22(7-12), 23(8-0), 29//3(7-7), 2(6-19), 27//8/4/3(1-6) ਕਿਤੇ 6, ਰਕਬਾ 34 ਕਨਾਲ 9 ਮਰਲਾ, ਇਸ ਦਾ ਹਿੱਸਾ 50/68900 ਭਾਗ ਬਕਦਰ, 0 ਕਨਾਲ 1/2 ਮਰਲਾ ਹਦਬਸਤ ਨੰਬਰ.186 ਤਹਿਸੀਲ ਖਰੜ, ਜ਼ਿਲ੍ਹਾ ਐਸ.ਏ.ਐਸ. ਨਗਰ, ਮੁਹਾਲੀ, ਪੰਜਾਬ-140301, 3) ਜਾਇਦਾਦ ਦਾ ਮਾਲਕ- ਅਜੈ ਕੁਮਾਰ ਫਲੈਟ ਨੰਬਰ 439, ਤੀਜੀ ਮੰਜ਼ਿਲ, ਜਿਸ ਵਿੱਚ ਅਣਵੰਡਿਆ ਹਿੱਸਾ ਜ਼ਮੀਨੀ ਖੇਤਰ 0 ਕਨਾਲ 1/2 ਮਰਲਾ ਖੇਵਟ ਖਤੌਣੀ ਨੰਬਰ 146/150, 148/152, 149/153, 400/409, ਖਸਰਾ ਸ਼ਾਮਲ ਹੈ। 27//19/1(3-5), 22(7-12), 23(8-0), 29//3(7-7) 2(6-19) 27//18/4/3(1-6)ਕਿਤ। 6, ਏਰੀਆ 34 ਕਨਾਲ 9 ਮਰਲਾ, ਇਸ ਦਾ 50/68900 ਹਿੱਸਾ ਭਾਗ ਬਕਦਰ 0 ਕਨਾਲ 1/2 ਮਰਲਾ, ਜਿਸਨੂੰ "ਨੂਰ ਹੋਮਜ਼" ਕਿਹਾ ਜਾਂਦਾ ਹੈ, ਪਿੰਡ ਸੰਤੇ ਮਾਜਰਾ, ਹਦਬਸਤ ਨੰ. 186, ਤਹਿਸੀਲ ਖਰੜ, ਜ਼ਿਲ੍ਹਾ ਐਸਏਐਸ ਨਗਰ, ਮੋਹਾਲੀ, ਪੰਜਾਬ-140 301**

ਸਥਾਨ : ਮੋਹਾਲੀ, ਪੰਜਾਬ — ਸਹੀ/- ਅਧਿਕਾਰਤ ਅਧਿਕਾਰੀ
ਮਿਤੀ : 24.05.2025 — ਐਸਐਮਐਫਜੀ ਇੰਡੀਆ ਕ੍ਰੈਡਿਟ ਕੰਪਨੀ ਲਿਮਟਿਡ

**ਉੱਤਰ ਰੇਲਵੇ**
ਜੇਮ ਪੋਰਟਲ ਦੇ ਮਾਧਿਅਮ ਨਾਲ ਬੋਲੀਦਾਤਾਵਾਂ ਨੂੰ ਸੱਦਾ
**ਜੇਮ ਬਿਡ ਨੰਬਰ—GEM/2025/B/6153880**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੇ ਉਪ ਮੁੱਖ ਸਮਗਰੀ ਪ੍ਰਬੰਧਕ ਉੱਤਰ ਰੇਲਵੇ ਜਗਾਧਰੀ ਵਰਕਸ਼ਾਪ-135002 ਦੁਆਰਾ ਹੇਠਾਂ ਲਿਖਤ ਮਦਾਂ ਦੇ ਲਈ ਈ-ਨਿਵਿਦਾਵਾਂ ਦੇ ਮਾਧਿਅਮ ਨਾਲ ਬੋਲੀ ਮੰਗੀ ਜਾਂਦੀ ਹੈ:-

| ਜੇਮ ਬਿਡ ਨੰਬਰ | ਸੰਖੇਪ ਵੇਰਵਾ | ਕਾਂਟਰੈਕਟ ਅਵਧੀ | ਬਿਡ ਬੰਦ ਹੋਣ ਦੀ ਮਿਤੀ |
|---|---|---|---|
| GEM/2025/B/6153880 | ਗੁਡਸ ਟ੍ਰਾਂਸਪੋਰਟ ਸਰਵਿਸ | 2 ਸਾਲ | 16 ਜੂਨ 2025 |

ਨਿਵਿਦਾ ਸ਼ਰਤਾਂ 1. ਵਿਸਤ੍ਰਿਤ ਜਾਣਕਾਰੀ ਜੇਮ ਵੈਬਸਾਈਟ ਯਾਨੀ www.gem.gov.in 'ਤੇ ਦੇਖੀ ਜਾ ਸਕਦੀ ਹੈ। 2. ਮੈਨੂਅਲ ਆਫ਼ਰ ਸਵੀਕ੍ਰਿਤ ਨਹੀਂ ਕੀਤੇ ਜਾਣਗੇ।

ਗਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 1514/2025

**ਦਫ਼ਤਰ ਨਗਰ ਕੌਂਸਲ ਸੁਨਾਮ ਊਧਮ ਸਿੰਘ ਵਾਲਾ**
E-mail:- mcsunam.org@gmail.com ਫ਼ੋਨ ਨੰ. 01676-220050

**ਨਿਲਾਮੀ ਨੋਟਿਸ**

ਹਰ ਆਮ ਤੇ ਖ਼ਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਨਗਰ ਕੌਂਸਲ, ਸੁਨਾਮ ਵੱਲੋਂ ਹੇਠ ਲਿਖੇ ਅਨੁਸਾਰ ਮਿਤੀ 02.06.2025 ਨੂੰ ਦਫ਼ਤਰ ਨਗਰ ਕੌਂਸਲ, ਸੁਨਾਮ ਵਿਖੇ ਖੁੱਲ੍ਹੀ ਬੋਲੀ ਕਰਵਾਈ ਜਾਣੀ ਹੈ। ਇਸ ਸਬੰਧੀ ਸ਼ਰਤਾਂ ਕਿਸੇ ਵੀ ਕੰਮ ਵਾਲੇ ਦਿਨ ਦਫ਼ਤਰ ਵਿਖੇ ਦੇਖੀਆਂ ਜਾ ਸਕਦੀਆਂ ਹਨ।

| ਲ ਨੰ. | ਮੱਦ ਦਾ ਨਾਮ | ਰਿਜ਼ਰਵ ਕੀਮਤ ਸਾਲਾਨਾ (ਲੱਖਾਂ ਵਿੱਚ) |
|---|---|---|
| 1 | ਬੱਸ ਅੱਡਾ ਨਾਇਟ ਪਾਰਕਿੰਗ ਫ਼ੀਸ | 30.00 |
| 2 | ਸਾਇਕਲ ਸਟੈਂਡ | 4.50 |
| 3 | ਬੱਸ ਸਟੈਂਡ ਟੁਆਇਲਟ | 0.25 |
| 4 | ਮਾਤਾ ਮੋਦੀ ਪਾਰਕ ਵਿੱਚ ਦਰਖ਼ਤਾਂ ਦੀ ਬੋਲੀ | ਇਸ ਦੀ ਰਿਜ਼ਰਵ ਕੀਮਤ ਮੌਕੇ ਤੇ ਦੱਸੀ ਜਾਵੇਗੀ |

ਸਹੀ/-ਪ੍ਰਧਾਨ, ਨਗਰ ਕੌਂਸਲ, ਸੁਨਾਮ — ਸਹੀ/ ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ, ਸੁਨਾਮ

Ro No. PR-Advt. No. Na / 12 / 30182 / 2023 / 44767 / Dated : CHD. 5 / 21 / 2025

**ਆਧੁਨਿਕ ਕੰਪਿਊਟਿੰਗ ਵਿਕਾਸ ਕੇਂਦਰ**
**CENTRE FOR DEVELOPMENT OF ADVANCED COMPUTING**
ਇਲੈਕਟ੍ਰੋਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲਾ, ਭਾਰਤ ਸਰਕਾਰ

ਸੀ-ਡੈਕ, ਇਲੈਕਟ੍ਰੋਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲਾ (ਐਮ.ਈ.ਆਈ.ਟੀ.ਵਾਈ.) ਦੀ ਇਕ ਪ੍ਰਮੁੱਖ ਵਿਗਿਆਨਕ ਸੰਸਥਾ ਹੈ, ਜੋ ਕੌਮੀ ਮਹੱਤਵ ਦੇ ਵੱਖ-ਵੱਖ ਖੋਜ ਅਤੇ ਵਿਕਾਸ ਕਾਰਜਾਂ ਦੇ ਸੰਪਾਦਨ ਵਿਚ ਲੱਗੀ ਹੋਈ ਹੈ।

ਸੀ-ਡੈਕ ਪ੍ਰਤੀਨਿਯੁਕਤੀ ਦੇ ਅਧਾਰ 'ਤੇ ਕੇਂਦਰਾਂ ਵਿਚ ਵੱਖ-ਵੱਖ ਗਰੁੱਪ ਏ ਐਸ ਐਂਡ ਟੀ ਅਹੁਦਿਆਂ ਦੇ ਲਈ ਅਰਜ਼ੀਆਂ ਲਈ ਮੰਗ ਕਰਦਾ ਹੈ:

| ਅਹੁਦੇ ਦਾ ਨਾਮ | ਅਸਾਮੀਆਂ ਦੀ ਗਿਣਤੀ | 7 ਸੀਪੀਸੀ ਦੇ ਅਨੁਸਾਰ ਤਨਖਾਹ |
|---|---|---|
| ਵਿਗਿਆਨਕ ਡੀ | 47 | ਪੱਧਰ 12 |
| ਵਿਗਿਆਨਕ ਈ | 11 | ਪੱਧਰ 13 |
| ਵਿਗਿਆਨਕ ਐਫ | 5 | ਪੱਧਰ 13 ਏ |

ਵਧੇਰੇ ਵੇਰਵਿਆਂ ਅਤੇ ਪਾਤਰਤਾ ਸ਼ਰਤਾਂ ਦੇ ਲਈ, ਕਿਰਪਾ ਕਰਕੇ ਸਾਡੀ ਵੈਬਸਾਈਟ **https://www.cdac.in** 'ਤੇ ਜਾਓ
ਆਨਲਾਈਨ ਅਰਜ਼ੀਆਂ ਪ੍ਰਾਪਤ ਹੋਣ ਦੀ ਆਖਰੀ ਮਿਤੀ - ਰੋਜ਼ਗਾਰ ਸਮਾਚਾਰ ਵਿਚ ਪ੍ਰਕਾਸ਼ਨ ਦੀ ਮਿਤੀ ਤੋਂ 30 ਦਿਨ ਤੱਕ
ਇਸ਼ ਨੰ. **CORP/GR.A/02/2025** — ਨਿਰਦੇਸ਼ਕ (ਐਚਆਰਡੀ), ਸੀ-ਡੈਕ

ਕੌਮੀ ਵਿਕਾਸ ਦੇ ਲਈ ਤਕਨਾਲੋਜੀ ਵਿਕਾਸ

cbc06132/12/0003/2526

**ਯੂਨੀਅਨ ਬੈਂਕ ਆਫ ਇੰਡੀਆ** — ਭਾਰਤ ਸਰਕਾਰ ਦੀ ਅਦਾਰਾ — Union Bank of India — A Government of India Undertaking — ਆਂਧ੍ਰਾ Andhra — ਕਾਰਪੋਰੇਸ਼ਨ Corporation

**ਸ਼ਾਖਾ : ਏਆਰਬੀ ਲੁਧਿਆਣਾ, ਬੀ-15-295/ਬੀ ਅਤੇ ਬੀ-15-295/ਸੀ ਨੇੜੇ ਓਸਵਾਲ ਸਟ੍ਰੀਟ ਮਿਲਰਗੰਜ, ਜੀਟੀ ਰੋਡ, ਲੁਧਿਆਣਾ-141003**

**[ਨਿਯਮ 8-(1)] ਕਬਜ਼ਾ ਸੂਚਨਾ (ਅਚੱਲ/ਚੱਲ ਸੰਪੱਤੀ ਦੇ ਲਈ)**

ਜਿਥੇ ਕਿ, ਨਿਮਨ ਹਸਤਾਖ਼ਰੀ ਨੇ **ਯੂਨੀਅਨ ਬੈਂਕ ਆਫ ਇੰਡੀਆ, ਏਆਰਬੀ, ਲੁਧਿਆਣਾ** ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (2002 ਦਾ ਐਕਟ ਨੰ. 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (2) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸੂਚਨਾ (ਵਾਂ) ਵਿਚ ਦਰਸਾਈ ਰਕਮ ਨੂੰ ਅਦਾ ਕਰਨ ਲਈ ਕਰਜ਼ਦਾਰ (ਾਂ)/ਜ਼ਾਮਨ (ਾਂ)/ਗਿਰਵੀਕਾਰ (ਾਂ) ਨੂੰ ਸੱਦਾ ਦਿੰਦੇ ਹੋਏ ਨਿਮਨ ਦਰਸਾਈ ਮਿਤੀ ਨੂੰ ਮੰਗ ਸੂਚਨਾਵਾਂ ਜਾਰੀ ਕੀਤੀਆਂ ਸਨ।

ਕਰਜ਼ਦਾਰ (ਾਂ)/ਜ਼ਾਮਨ (ਾਂ)/ਗਿਰਵੀਕਾਰ (ਾਂ) ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰ (ਾਂ)/ਜ਼ਾਮਨ (ਾਂ)/ਗਿਰਵੀਕਾਰ (ਾਂ) ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਦਰਸਾਈ ਮਿਤੀ ਨੂੰ ਸੁਰੱਖਿਆ ਵਿਆਜ ਲਾਗੂਕਰਨ ਨਿਯਮਾਂਵਲੀ ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਦਰਸਾਏ ਕਾਨੂੰਨ ਦੀ **ਧਾਰਾ** 13 (4) ਦੇ ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ/ਆਂ ਦਾ **ਕਬਜ਼ਾ** ਲੈ ਲਿਆ ਹੈ।

ਕਰਜ਼ਦਾਰ (ਾਂ)/ਜ਼ਾਮਨ (ਾਂ)/ਗਿਰਵੀਕਾਰ (ਾਂ) ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ/ਆਂ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ/ਆਂ ਦੀ ਕੋਈ ਵੀ ਸੌਦੇਬਾਜ਼ੀ ਰਕਮ ਅਤੇ ਵਿਆਜ ਦੇ ਲਈ **ਯੂਨੀਅਨ ਬੈਂਕ ਆਫ ਇੰਡੀਆ, ਏ.ਆਰ.ਬੀ., ਲੁਧਿਆਣਾ** ਦੇ ਚਾਰਜ ਨਾਲ ਸੰਬੰਧਤ ਹੋਵੇਗੀ।

**ਕਰਜ਼ਦਾਰ (ਾਂ)/ਜ਼ਾਮਨ (ਾਂ) ਦਾ ਧਿਆਨ ਸੁਰੱਖਿਅਤ ਸੰਪੱਤੀ (ਆਂ) ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸੰਬੰਧ ਵਿਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।**

| ਸੰਪੱਤੀ ਦੇ ਕਰਜ਼ਦਾਰ/ਜ਼ਾਮਨਾਂ (ਾਂ)/ਮਾਲਕ (ਾਂ) ਦੇ ਨਾਮ | ਸੁਰੱਖਿਅਤ ਅਸਾਸਿਆਂ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ | ਕਬਜ਼ੇ ਦੀ ਮਿਤੀ | ਬਕਾਇਆ ਰਕਮ |
|---|---|---|---|---|
| (ਕਰਜ਼ਦਾਰ/ਾਂ):- ਮੈਸਰਜ਼ ਜੀ.ਆਰ.ਡੀ. ਇੰਡਸਟਰੀਜ਼ ਇਸ ਦੇ ਪ੍ਰੋਪਰਾਈਟਰ ਸ਼੍ਰੀ ਹਰਦੀਪ ਸੌਂਧ ਪੁੱਤਰ ਬਲਦੇਵ ਸੌਂਧ, ਪ੍ਰੋਪਰਾਈਟਰ ਸ਼੍ਰੀ ਹਰਦੀਪ ਸੌਂਧ ਪੁੱਤਰ ਬਲਦੇਵ ਸੌਂਧ ਅਤੇ ਜ਼ਾਮਨ/ਗਿਰਵੀਕਾਰ ਸ਼੍ਰੀਮਤੀ ਕਮਲਜੀਤ ਕੌਰ ਸੁਪਤਨੀ ਬਲਦੇਵ ਸਿੰਘ ਅਤੇ ਜ਼ਾਮਨ ਸ਼੍ਰੀ ਬਲਦੇਵ ਸਿੰਘ ਸੌਂਧ | 1. ਸੋਇਆ ਬੜੀ ਬਣਾਉਣ ਵਾਲੀ ਮਸ਼ੀਨ ਅਤੇ ਹਰ ਕਿਸਮ ਦਾ ਸਟਾਕ ਦੀ ਹੋਈਪੋਥੀਕੇਸ਼ਨ 2. ਸਾਲ 2010-11 ਲਈ ਜਮ੍ਹਾਂਬੰਦੀ ਅਨੁਸਾਰ ਖਸਰਾ ਨੰਬਰ 635 ਖਾਤਾ ਨੰਬਰ 5/5 ਵਿੱਚ ਸ਼ਾਮਲ 200 ਵਰਗ ਗਜ਼ ਖੇਤਰ ਵਾਲੀ ਜਾਇਦਾਦ, ਪਿੰਡ ਗਿੱਲ-1 ਮਕਾਨ ਬੀ. ਨੰਬਰ 263, ਨਵਾਂ ਜਨਤਾ ਨਗਰ, ਲੁਧਿਆਣਾ ਦੀ ਮਾਲੀਆ ਜਾਇਦਾਦ ਦੇ ਅੰਦਰ ਸਥਿਤ ਹੈ, ਜਿਸ ਵਿੱਚ -1 ਸ਼ਾਮਲ ਹੈ। ਬਲਦੇਵ ਸਿੰਘ ਦੇ ਨਾਮ 'ਤੇ 100 ਵਰਗ ਗਜ਼ ਮਾਪਣ ਵਾਲਾ ਖੇਤਰ, ਜਿਸਦੀ ਸੀਮਾ 28.06.1996 ਅਨੁਸਾਰ ਵਾਸਿਕਾ ਨੰਬਰ 8281 ਉੱਤਰ: ਬਾਬੂ ਸਿੰਘ, ਦੱਖਣ: ਗਲੀ, ਪੂਰਬ: ਹੋਰ, ਪੱਛਮ: ਸ਼੍ਰੀ ਬਚਨ ਸਿੰਘ, | 18-02-2025 | 22.05.2025 | 31.01.2025 ਨੂੰ 56,04,381.98/- ਰੁਪਏ (ਛਪੰਜਾਹ ਲੱਖ ਚਾਰ ਹਜ਼ਾਰ ਤਿੰਨ ਸੌ ਇਕਾਸੀ ਅਤੇ ਸਿਰਫ਼ ਅਠਾਨਵੇਂ ਪੈਸੇ) 01.02.2025 ਤੋਂ ਵਿਆਜ ਸਮੇਤ |

2. 100 ਵਰਗ ਗਜ਼ ਮਾਪਣ ਵਾਲਾ ਖੇਤਰ। ਸ਼੍ਰੀਮਤੀ ਕਮਲਜੀਤ ਕੌਰ ਦੇ ਨਾਮ 'ਤੇ ਯਾਰਡ, ਵਸੀਕਾ ਨੰ. 15509 ਮਿਤੀ 03.10.1996, ਜਿਸਦੀ ਹੱਦ ਇਸ ਤਰ੍ਹਾਂ ਹੈ: ਉੱਤਰ: ਨਿਰਮਲ ਸਿੰਘ, ਦੱਖਣ: ਗਲੀ, ਪੂਰਬ: ਬਲਦੇਵ ਸਿੰਘ, ਪੱਛਮ: ਸ਼੍ਰੀ ਬਚਨ ਸਿੰਘ।

ਮਿਤੀ : 22.05.2025 — ਸਥਾਨ : ਲੁਧਿਆਣਾ — ਸਹੀ/- ਅਧਿਕਾਰਤ ਅਧਿਕਾਰੀ

**IDBI BANK — BANK AISA DOST JAISA**
**ਆਈਡੀਬੀਆਈ ਬੈਂਕ ਲਿਮ.**
ਐਸਸੀਓ 72-73, ਸੈਕਟਰ 17-ਬੀ, ਬੈਂਕ ਸਕੁਏਅਰ, ਚੰਡੀਗੜ੍ਹ, ਜ਼ੋਨਲ ਦਫ਼ਤਰ ਚੰਡੀਗੜ੍ਹ
**ਈ-ਨਿਲਾਮੀ ਸੂਚਨਾ**

ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਕਾਨੂੰਨ, 2002 ਦੇ ਅਧੀਨ ਅਚੱਲ ਸੰਪਤੀਆਂ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਸੂਚਨਾ, ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੇ ਨਿਯਮ 9(1) ਦੇ ਪ੍ਰਾਵਧਾਨ ਦੇ ਨਾਲ ਪੜ੍ਹਿਆ ਜਾਂਦਾ ਹੈ। ਇਸ ਦੁਆਰਾ ਆਮ ਜਨਤਾ ਨੂੰ ਅਤੇ ਖਾਸ ਤੌਰ 'ਤੇ ਕਰਜ਼ਦਾਰ(ਾਂ), ਗਿਰਵੀਨਾਮਾ(ਾਂ) ਅਤੇ ਜ਼ਾਮਨ(ਾਂ) ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦੱਸੀਆਂ ਗਈਆਂ ਅਚੱਲ ਸੰਪਤੀਆਂ ਜੋ ਸੁਰੱਖਿਅਤ ਲੈਣਦਾਰ ਨੂੰ ਗਿਰਵੀਨਾਮਾ/ਚਾਰਜ ਕੀਤੀਆਂ ਗਈਆਂ ਹਨ, ਜਿਸਦਾ ਰਚਨਾਤਮਕ/ਕਬਜ਼ਾ 9429 ਬੈਂਕ ਲਿਮਟਿਡ ਦੇ ਅਧਿਕਾਰਤ ਅਧਿਕਾਰੀ ਦੁਆਰਾ ਲਿਆ ਗਿਆ ਹੈ, ਦੀ ਵਿਕਰੀ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਜਿਵੇਂ ਹੈ ਉੱਥੇ ਹੈ" ਅਤੇ "ਬਿਨਾਂ ਸਰੋਤ" ਦੇ ਆਧਾਰ 'ਤੇ ਵੇਚੀਆਂ ਜਾਣਗੀਆਂ। ਕਰਜ਼ਦਾਰ(ਾਂ), ਗਿਰਵੀਨਾਮਾ(ਾਂ) ਅਤੇ ਜ਼ਾਮਨਾਂ(ਾਂ), ਬਕਾਇਆ ਰਕਮ, ਰਿਜ਼ਰਵ ਕੀਮਤ ਅਤੇ ਅਰਨੈਸਟ ਮਨੀ ਡਿਪਾਜ਼ਿਟ ਅਤੇ ਅਚੱਲ ਸੰਪਤੀ ਦਾ ਸੰਖੇਪ ਵੇਰਵਾ ਹੇਠਾਂ ਦੱਸਿਆ ਗਿਆ ਹੈ:-

| ਬਿਆਨਾ ਰਕਮ ਜਮ੍ਹਾਂ ਕਰਨ ਲਈ ਆਖਰੀ ਮਿਤੀ ਅਤੇ ਸਮਾਂ | ਈ-ਨਿਲਾਮੀ ਦੀ ਮਿਤੀ ਅਤੇ ਸਮਾਂ |
|---|---|
| ਕਿਸੇ ਵੀ ਆਈਡੀਬੀਆਈ ਬੈਂਕ ਸ਼ਾਖਾ ਵਿਖੇ 23.06.2025 ਨੂੰ ਸ਼ਾਮ 04.00 ਵਜੇ ਤੱਕ | 25.06.2025 - ਸਵੇਰੇ 11.00 ਵਜੇ ਤੋਂ ਬਾ.ਦੁ.01.00 ਵਜੇ ਤੱਕ |

ਅਚੱਲ ਸੰਪਤੀਆਂ ਦੇ ਵੇਰਵੇ

| ਲ. ਨੰ. | ਕਰਜ਼ਦਾਰਾਂ/ਜ਼ਾਮਨਾਂ ਦੇ ਨਾਮ | ਸੰਪਤੀ ਦੇ ਵੇਰਵੇ | ਮੰਗ ਸੂਚਨਾ ਅਨੁਸਾਰ ਰਕਮ / ਕਬਜ਼ੇ ਦੀ ਮਿਤੀ ਅਤੇ ਕਿਸਮ | ਰਾਖਵੀਂ ਕੀਮਤ / ਬਿਆਨਾ ਰਕਮ ਜਮ੍ਹਾਂ (ਰੁਪਏ) |
|---|---|---|---|---|
| 1. | ਸ਼੍ਰੀ ਵਿਰੇਂਦਰ ਕੁਮਾਰ ਸਪੁੱਤਰ ਸ਼੍ਰੀ ਸ਼ੁਭਮ ਚੰਦਰ, ਸ਼੍ਰੀਮਤੀ ਮਨੀਸ਼ਾ ਪਤਨੀ ਸ਼੍ਰੀ ਵਿਰੇਂਦਰ ਕੁਮਾਰ, ਮਕਾਨ ਨੰ.17, ਬਲਾਕ ਨੰ. 4, ਨੇੜੇ ਹਨੂੰਮਾਨ ਮੰਦਿਰ, ਪਿੰਡ, ਜੰਡਲੀ ਕਲਾਂ, ਤਹਿਸੀਲ ਅਤੇ ਜ਼ਿਲ੍ਹਾ ਫਤਿਹਾਬਾਦ, ਹਰਿਆਣਾ-125111 | (1) ਸ਼੍ਰੀ ਵਰਿੰਦਰ ਕੁਮਾਰ ਅਤੇ ਸ਼੍ਰੀਮਤੀ ਮਨੀਸ਼ਾ ਦੇ ਨਾਮ 'ਤੇ ਦਰਜ ਦਸਤਾਵੇਜ਼ ਨੰਬਰ 2021-22/14/1/6383 ਮਿਤੀ 15.03.2022 ਦੇ ਅਧੀਨ 0 ਬਿੱਘਾ - 2 ਬਿਸਵਾ 12 ਬਿਸਵਾਸੀ, 20 ਵਿੱਘਾ 9 ਬਿਸਵਾ ਦੀ ਕੁੱਲ ਜ਼ਮੀਨ ਵਿੱਚੋਂ 52/8180 ਹਿੱਸਾ ਹੈ, ਜੋ ਕਿ ਖੇਵਟ ਨੰਬਰ 822/775 ਖਤੌਣੀ ਨੰਬਰ 1641 ਖਸਰਾ ਨੰਬਰ 124//17(2-13), 18(3-12), 23/1(2-4), 23/2(1-0), 24/1(2-4), 24/2(1-16), 127//3(3-0), 4/1(0-9), 4/2(3-11) ਟੁਕੜੇ 9 (ਆਕਾਰ 23 ਫੁੱਟ 0 ਇੰਚ ਚੌੜਾਈ 50 ਫੁੱਟ 9 ਇੰਚ ਲੰਬਾਈ = 129.69 ਵਰਗ ਗਜ਼ ਮਕਾਨ ਨੰਬਰ 20, ਨਗਰ ਕੌਂਸਲ ਡੇਰਾਬੱਸੀ ਦੀ ਹੱਦ ਅੰਦਰ ਹੈ, ਦੀ ਅਚੱਲ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ। ਜਿਸਦੀ ਹੱਦਬੰਦੀ ਇਸ ਪ੍ਰਕਾਰ ਹੈ: ਰਸਤਾ 35 ਫੁੱਟ ਚੌੜਾ, (ਬਹੀ 23 ਫੁੱਟ 0 ਇੰਚ); ਪਿਛਲਾ ਪਾਸਾ: ਰਿਹਾਇਸ਼ੀ ਪਲਾਟ ਨੰਬਰ 42, (ਬਹੀ 23 ਫੁੱਟ 0 ਇੰਚ); ਸੱਜਾ ਪਾਸਾ: ਰਿਹਾਇਸ਼ੀ ਪਲਾਟ ਨੰਬਰ 19 (ਬਹੀ 50 ਫੁੱਟ 9 ਇੰਚ); ਖੱਬਾ ਪਾਸਾ: ਰਿਹਾਇਸ਼ੀ ਪਲਾਟ ਨੰਬਰ 21 (ਬਹੀ 50 ਫੁੱਟ 9 ਇੰਚ) ਸਾਰੇ ਅਤੇ ਇਕਹਿਰੇ ਢਾਂਚਿਆਂ ਅਤੇ ਉਸਾਰੀਆਂ, ਦੋਵੇਂ ਮੌਜੂਦਾ ਅਤੇ ਭਾਵੀ ਸਮੇਤ। | Rs. 30,30,509/- (ਰੁ. ਤੀਹ ਲੱਖ ਤੀਹ ਹਜ਼ਾਰ ਪੰਜ ਸੌ ਨੌ ਕੇਵਲ) 10.06.2024 ਦੇ ਅਨੁਸਾਰ 10.06.2024 ਤੋਂ ਪ੍ਰਭਾਵੀ ਅਗਲੇਰੇ ਵਿਆਜ ਸਮੇਤ / 03.05.2025 ਭੌਤਿਕ ਕਬਜ਼ਾ | Rs. 29,91,750/- (ਰੁ. ਉਣੱਤੀ ਲੱਖ ਇਕਾਨਵੇਂ ਹਜ਼ਾਰ ਸੱਤ ਸੌ ਪੰਜਾਹ ਕੇਵਲ) / Rs. 2,99,175/- (ਰੁ. ਦੋ ਲੱਖ ਨੜਿੰਨਵੇਂ ਹਜ਼ਾਰ ਇਕ ਸੌ ਪੰਝੱਤਰ ਕੇਵਲ) |
| | | (2) ਸ਼੍ਰੀ ਵਰਿੰਦਰ ਕੁਮਾਰ ਅਤੇ ਸ਼੍ਰੀਮਤੀ ਮਨੀਸ਼ਾ ਦੇ ਨਾਮ 'ਤੇ ਦਰਜ ਦਸਤਾਵੇਜ਼ ਨੰਬਰ 2021-22/14/1/6387 ਮਿਤੀ 15-03-2022 ਦੇ ਅਧੀਨ 0 ਬਿੱਘਾ - 2 ਬਿਸਵਾ 17 ਬਿਸਵਾਸੀ, ਖੇਵਟ ਨੰਬਰ 820 ਖਤੌਣੀ ਨੰਬਰ 1639 ਖਸਰਾ ਨੰਬਰ 127//8(4-0) ਟੁਕੜੇ 1 (ਆਕਾਰ 23 ਫੁੱਟ 0 ਇੰਚ ਚੌੜਾਈ 55 ਫੁੱਟ 9 ਇੰਚ ਲੰਬਾਈ = 142.47 ਵਰਗ ਗਜ਼ ਮਕਾਨ ਨੰਬਰ 21, ਗ੍ਰੀਨ ਐਨਕਲੇਵ, ਪਿੰਡ ਲਾਲੜੂ ਵਿੱਚ ਸ਼ਾਮਲ ਹੈ, ਜੋ ਕਿ ਨਗਰ ਕੌਂਸਲ ਡੇਰਾਬੱਸੀ ਦੀ ਹੱਦ ਦੇ ਅੰਦਰ ਅਚੱਲ ਰਿਹਾਇਸ਼ੀ ਸੰਪੱਤੀ ਦੇ ਸਾਰੇ ਭਾਗ ਅਤੇ ਹਿੱਸੇ। ਜਿਸਦੀ ਹੱਦਬੰਦੀ ਇਸ ਪ੍ਰਕਾਰ ਹੈ: ਸਾਹਮਣੇ: ਰਸਤਾ 35 ਫੁੱਟ ਚੌੜਾ, (ਬਹੀ 23 ਫੁੱਟ 0 ਇੰਚ) ਵਜੋਂ ਹੈ; ਪਿਛਲਾ ਪਾਸਾ: ਰਿਹਾਇਸ਼ੀ ਪਲਾਟ ਨੰ. 43, (ਬਹੀ 23 ਫੁੱਟ 0 ਇੰਚ); ਸੱਜਾ ਪਾਸਾ: ਰਿਹਾਇਸ਼ੀ ਪਲਾਟ ਨੰ. 20 (ਬਹੀ 55 ਫੁੱਟ 9 ਇੰਚ); ਖੱਬਾ ਪਾਸਾ: ਰਿਹਾਇਸ਼ੀ ਪਲਾਟ ਨੰ. 22 (ਬਹੀ 55 ਫੁੱਟ 9 ਇੰਚ) ਸਮੇਤ ਮੌਜੂਦਾ ਅਤੇ ਭਵਿੱਖੀ ਸਾਰੀਆਂ ਬਣਤਰਾਂ ਅਤੇ ਉਸਾਰੀਆਂ। | Rs. 30,36,037/- (ਰੁ. ਤੀਹ ਲੱਖ ਛੱਤੀ ਹਜ਼ਾਰ ਸੈਂਤੀ ਕੇਵਲ) 10.06.2024 ਦੇ ਅਨੁਸਾਰ 10.06.2024 ਤੋਂ ਪ੍ਰਭਾਵੀ ਅਗਲੇਰੇ ਵਿਆਜ ਸਮੇਤ / 03.05.2025 ਭੌਤਿਕ ਕਬਜ਼ਾ | Rs. 31,56,000/- (ਰੁ ਇਕੱਤੀ ਲੱਖ ਛਪੰਜਾ ਹਜ਼ਾਰ ਕੇਵਲ) / Rs. 3,15,600/- (ਰੁ. ਤਿੰਨ ਲੱਖ ਪੰਦਰਾਂ ਹਜ਼ਾਰ ਛੇ ਸੌ ਕੇਵਲ) |

ਵਿਕਰੀ ਦੇ ਵਿਸਥਾਰਤ ਨਿਯਮਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ ਆਈਡੀਬੀਆਈ ਬੈਂਕ ਦੀ ਵੈੱਬਸਾਈਟ **www.idbibank.in** ਅਤੇ **https://apps.idbibank.in/idbiapp/e-auction.aspx** ਵਿੱਚ ਦਿੱਤੇ ਗਏ ਲਿੰਕ ਦਾ ਹਵਾਲਾ ਲਓ, ਜੋ ਕਿ ਈ-ਨਿਲਾਮੀ ਸਰਵਿਸ ਪ੍ਰੋਵਾਈਡਰ **ANTARES SYSTEMS LIMITED** ਦੀ ਵੈੱਬਸਾਈਟ **www.bankeauctionwizard.com** 'ਤੇ ਵੀ ਉਪਲਬਧ ਹੈ। ਸੰਪਰਕ: ਮਿਸ. ਬੀਐਮ ਸੁਸ਼ਮਿਤਾ, ਐਮ.: 8951944383 / ਕੁਸ਼ਲ ਬੋਸ, ਐਮ.: 9674758719
ਜਾਇਦਾਦਾਂ ਦੇ ਨਿਰੀਖਣ ਲਈ ਸਹਾਇਤਾ ਦਾ ਪ੍ਰਬੰਧ 18.06.2025 ਨੂੰ ਸਵੇਰੇ 11:30 ਵਜੇ ਤੋਂ ਦੁਪਹਿਰ 2:00 ਵਜੇ ਤੱਕ ਕੀਤਾ ਜਾਵੇਗਾ। ਦਿਲਚਸਪੀ ਰੱਖਣ ਵਾਲੇ ਬੋਲੀਕਾਰ ਸੰਪਰਕ ਕਰ ਸਕਦੇ ਹਨ - ਸ਼੍ਰੀ ਅਨਿਲ ਵਰਮਾ, ਮੋ.: 7973596844

**ਵਿਸ਼ੇਸ਼ ਹਦਾਇਤਾਂ / ਸਾਵਧਾਨੀ**

ਬੋਲੀਦਾਰਾਂ ਨੂੰ ਆਪਣੇ ਹਿੱਤ ਵਿੱਚ ਆਖਰੀ ਮਿੰਟਾਂ/ਸਕਿੰਟਾਂ ਵਿੱਚ ਬੋਲੀ ਲਗਾਉਣ ਤੋਂ ਬਚਣਾ ਚਾਹੀਦਾ ਹੈ। ਨਾ ਤਾਂ IDBI ਬੈਂਕ ਲਿਮਟਿਡ, ਨਾ ਹੀ ਸਰਵਿਸ ਪ੍ਰੋਵਾਈਡਰ ਅਜਿਹੇ ਮਾਮਲਿਆਂ ਵਿੱਚ ਬੋਲੀਕਾਰ ਜਾਂ ਵਿਕਰੇਤਾ ਵੱਲੋਂ ਕਿਸੇ ਵੀ ਤਰ੍ਹਾਂ ਦੀ ਕਮੀ/ਅਸਫਲਤਾ (ਇੰਟਰਨੈੱਟ ਫੇਲ੍ਹ ਹੋਣਾ, ਬਿਜਲੀ ਫੇਲ੍ਹ ਹੋਣਾ, ਆਦਿ) ਲਈ ਜ਼ਿੰਮੇਵਾਰ ਹੋਵੇਗਾ। ਅਜਿਹੀ ਸੰਭਾਵੀ ਸਥਿਤੀ ਤੋਂ ਬਚਣ ਲਈ, ਬੋਲੀਕਾਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਜ਼ਰੂਰੀ ਪ੍ਰਬੰਧ/ਵਿਕਲਪ ਜਿਵੇਂ ਕਿ ਬੈਕ-ਅੱਪ ਪਾਵਰ ਸਪਲਾਈ ਅਤੇ ਹੋਰ ਜੋ ਵੀ ਲੋੜੀਂਦਾ ਹੈ, ਕਰਨ ਤਾਂ ਜੋ ਉਹ ਅਜਿਹੀ ਸਥਿਤੀ ਨੂੰ ਟਾਲ ਸਕਣ ਅਤੇ ਨਿਲਾਮੀ ਵਿੱਚ ਸਫਲਤਾਪੂਰਵਕ ਹਿੱਸਾ ਲੈਣ ਦੇ ਯੋਗ ਹੋ ਸਕਣ।

ਵਿਸਥਾਰਤ ਨਿਯਮ ਅਤੇ ਸ਼ਰਤਾਂ ਦੇ ਲਈ ਇਥੇ ਸਕੈਨ ਕਰੋ

**ਸਰਫੇਸੀ ਕਾਨੂੰਨ 2002 ਦੇ ਨਿਯਮ 9(1) ਦੇ ਤਹਿਤ ਕਾਨੂੰਨੀ 30 ਦਿਨਾਂ ਦੀ ਵਿਕਰੀ ਨੋਟਿਸ**

ਕਰਜ਼ਦਾਰ(ਾਂ), ਗਿਰਵੀਨਾਮਾ(ਾਂ) ਅਤੇ ਜ਼ਾਮਨ(ਾਂ) ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਈ-ਨਿਲਾਮੀ ਦੀ ਮਿਤੀ ਤੋਂ ਪਹਿਲਾਂ ਉੱਪਰ ਦੱਸੀ ਗਈ ਰਕਮ ਦੇ ਨਾਲ-ਨਾਲ ਨਵੀਨਤਮ ਵਿਆਜ ਅਤੇ ਸਹਾਇਕ ਖਰਚਿਆਂ ਦਾ ਭੁਗਤਾਨ ਕਰਨ, ਨਹੀਂ ਤਾਂ ਜਾਇਦਾਦ ਦੀ ਨਿਲਾਮੀ/ਵੇਚੀ ਜਾਵੇਗੀ ਅਤੇ ਜੇਕਰ ਕੋਈ ਬਕਾਇਆ ਹੈ, ਤਾਂ ਵਿਆਜ ਅਤੇ ਲਾਗਤਾਂ ਸਮੇਤ ਵਸੂਲ ਕੀਤਾ ਜਾਵੇਗਾ।

ਮਿਤੀ : 23.05.2025 — ਸਥਾਨ : ਚੰਡੀਗੜ੍ਹ — ਅਧਿਕਾਰਤ ਅਧਿਕਾਰੀ

**ਇੰਡੀਅਨ ਓਵਰਸੀਜ਼ ਬੈਂਕ** — **ਆਮ ਜਨਤਾ ਲਈ ਈ-ਨਿਲਾਮੀ ਵਿਕਰੀ ਸੂਚਨਾ**

ਖੇਤਰੀ ਦਫਤਰ ਚੰਡੀਗੜ੍ਹ, ਐਸਸੀਓ 26, ਮਧਿਆ ਮਾਰਗ, ਸੈਕਟਰ 7-ਸੀ, ਚੰਡੀਗੜ੍ਹ-160019, ਫੋਨ ਨੰ.0172-2801416, ਈਮੇਲ ; **0812ard@iobnet.co.in**

**ਅਚੱਲ ਸੰਪਤੀਆਂ ਦੀ ਵਿਕਰੀ ਦੇ ਲਈ ਵਿਕਰੀ ਸੂਚਨਾ**

**ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ ਦੇ ਨਿਯਮ 8 (6) ਦੀ ਵਿਵਸਥਾ ਦੇ ਅਧੀਨ। ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ ਦੇ ਨਿਯਮ 8 (6) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦੇ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਚੱਲ ਸੰਪੱਤੀਆਂ ਦੀ ਵਿਕਰੀ ਦੇ ਲਈ ਈ-ਨਿਲਾਮੀ ਵਿਕਰੀ ਸੂਚਨਾ।** ਆਮ ਕਰਕੇ ਜਨਤਾ ਅਤੇ ਵਿਸ਼ੇਸ਼ ਕਰਕੇ ਕਰਜ਼ਦਾਰ (ਾਂ) ਅਤੇ ਜ਼ਾਮਨ (ਾਂ) ਨੂੰ ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ ਨਿਮਨ ਦਰਸਾਈ ਅਚੱਲ ਸੰਪੱਤੀ, ਜਿਸ ਦਾ ਕਬਜ਼ਾ **ਇੰਡੀਅਨ ਓਵਰਸੀਜ ਬੈਂਕ** (ਸੁਰੱਖਿਅਤ ਕਰਜ਼ਦਾਤਾ) ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਹੈ, ਦੀ ਵਿਕਰੀ "ਜਿਵੇਂ ਹੈ ਜਿਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਜੋ ਵੀ ਉਥੇ ਹੈ" ਦੇ ਅਧਾਰ 'ਤੇ ਕੀਤੀ ਜਾਵੇਗੀ।

| ਲੜੀ ਨੰ. | ਸ਼ਾਖਾ ਦਾ ਨਾਮ ਅਤੇ ਪਤਾ ਅਤੇ ਪਤੇ ਸਮੇਤ ਕਰਜ਼ਦਾਰਾਂ ਅਤੇ ਜ਼ਾਮਨਾਂ ਦਾ ਨਾਮ | ਬਕਾਏ (ਸਮੇਤ ਅਗਲੇਰੇ ਵਿਆਜ ਅਤੇ ਲਾਗਤਾਂ ਭੁਗਤਾਨ ਪੂਰੇ ਹੋਣ ਤੱਕ) / ਨਿਲਾਮੀ ਦੀ ਮਿਤੀ | ਗਿਰਵੀਕਾਰ/ਸੰਪੱਤੀ ਦੇ ਮਾਲਕ ਦੇ ਨਾਮ ਸਮੇਤ ਸੰਪੱਤੀ ਦੇ ਵੇਰਵੇ | ਰਾਖਵੀਂ ਕੀਮਤ (ਰੁ.) / ਬਿਆਨਾ ਰਕਮ ਰਾਸ਼ੀ (ਰੁ.) / ਬੋਲੀ ਵਾਧਾ ਰਕਮ(ਰੁ.) |
|---|---|---|---|---|
| 1. | ਟਾਂਡਾ ਉੜਮੁੜ ਸ਼ਾਖਾ, ਤਹਿਸੀਲ ਰੋਡ, ਹੁਸ਼ਿਆਰਪੁਰ, ਪੰਜਾਬ ਫੋਨ : 01886-222552, E-mail: iob2496@iob.in. ਮੈਸ. ਜੱਗੀ ਇੰਟਰਲਾਕਿੰਗ ਟਾਈਲਜ਼ ਅਤੇ ਬਿਲਡਿੰਗ ਮਟੀਰੀਅਲ (ਕਰਜ਼ਦਾਰ), ਤਹਿਸੀਲ ਰੋਡ, ਟਾਂਡਾ, ਤਹਿਸੀਲ ਦਸੂਹਾ, ਹੁਸ਼ਿਆਰਪੁਰ, ਪੰਜਾਬ, ਸ਼੍ਰੀ ਜਗਜੀਵਨ ਜੱਗੀ ਪੁੱਤਰ ਰਾਮ ਪ੍ਰਕਾਸ਼ (ਮਾਲਕ/ਕਰਜ਼ਦਾਰ/ਗਿਰਵੀਕਾਰ), ਦਸਮੇਸ਼ ਨਗਰ, ਟਾਂਡਾ, ਵਾਰਡ ਨੰ. 10, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ - 144203 ਅਤੇ ਸ਼੍ਰੀ ਅਸ਼ੋਕ ਕੁਮਾਰ ਪੁੱਤਰ ਸ. ਪਰਗਟ ਲਾਲ (ਜ਼ਾਮਨ), ਵਾਰਡ ਨੰ: 10, ਦਸਮੇਸ਼ ਨਗਰ, ਟਾਂਡਾ, ਹੁਸ਼ਿਆਰਪੁਰ, ਪੰਜਾਬ। | Rs. 33,52,689.86 as on 23.12.2019 / 13.06.2025 between 11:00 AM to 2:00 PM | ਵਿਕਰੀ ਡੀਡ ਮਿਤੀ 19.10.2005, ਵਸੀਕਾ ਨੰ 1604, ਜਿਲਦ ਨੰ. 663, ਸਫਾ ਨੰ. 2 ਦੇ ਅਧੀਨ ਸਾਲ 2015-16 ਦੇ ਲਈ ਜਮ੍ਹਾਂਬੰਦੀ ਅਨੁਸਾਰ ਪਿੰਡ ਡਾਲਾ ਹੱਦਬਸਤ ਨੰ. 43, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਸਥਿਤ ਖੇਵਟ ਨੰ. 297/292, ਖਤੌਨੀ ਨੰ. 394, ਖਸਰਾ ਨੰ. 133/8 (4-8) ਵਿਚ ਸ਼ਾਮਲ 04 ਕਨਾਲ-08 ਮਰਲੇ ਜ਼ਮੀਨ ਵਿਚੋਂ 1/11 ਹਿੱਸੇ ਵਜੋਂ 00 ਕਨਾਲ-08 ਮਰਲੇ ਮਾਪ ਵਾਲੀ ਸੰਪੱਤੀ (**ਸੰਕੇਤਕ ਕਬਜ਼ੇ ਦੇ ਅਧੀਨ**) | Rs. 15,30,000/- / Rs. 1,53,000/- / Rs. 10,000/- |
| 2. | ਪਠਾਨਕੋਟ ਸ਼ਾਖਾ, 357/358, ਡਲਹੌਜ਼ੀ ਰੋਡ, ਪਠਾਨਕੋਟ, ਪੰਜਾਬ ਫੋਨ : 0186-2221394, E-mail: iob0581@iob.in. ਸ਼੍ਰੀ ਰਮਨ ਕੁਮਾਰ (ਕਰਜ਼ਦਾਰ/ਗਿਰਵੀਕਾਰ) ਪੁੱਤਰ ਸੌਦਾਗਰ ਮੱਲ ਸ਼ਿਵਾਜੀ ਨਗਰ, ਗਲੀ ਨੰਬਰ 2, ਡਾਂਗੂ ਰੋਡ, ਪਠਾਨਕੋਟ-145001 ਅਤੇ ਸ਼੍ਰੀਮਤੀ ਸੁਨੀਤਾ ਕੁਮਾਰੀ ਸੁਪਤਨੀ ਰਮਨ ਕੁਮਾਰ (ਕਰਜ਼ਦਾਰ), ਸ਼ਿਵਾਜੀ ਨਗਰ, ਗਲੀ ਨੰਬਰ 2, ਡਾਂਗੂ ਰੋਡ, ਪਠਾਨਕੋਟ-145010। | Rs. 14,07,859.67 as on 07.01.2025 / 26.06.2025 between 11:00 AM to 2:00 PM | ਸੰਪਤੀ ਦੇ ਸਾਰੇ ਭਾਗ ਅਤੇ ਹਿੱਸੇ, ਜਿਸ ਵਿੱਚ ਖਸਰਾ ਨੰਬਰ 172/2 ਲਾਲ (18-9) ਦਾ 2/369 ਹਿੱਸਾ ਹੈ, 0-2 ਮਰਲੇ ਪਿੰਡ ਸੈਲੀ, ਹੱਦਬਸਤ ਨੰ. ਕਬਜ਼ਾ ਨੰਬਰ 332, ਤਹਿਸੀਲ ਪਠਾਨਕੋਟ, ਪੰਜਾਬ ਰਮਨ ਕੁਮਾਰ ਦੇ ਨਾਮ 'ਤੇ (ਸੰਕੇਤਕ ਕਬਜ਼ੇ ਅਧੀਨ) | Rs. 41,15,000/- / Rs. 4,11,500/- / Rs. 10,000/- |
| 3. | ਪਠਾਨਕੋਟ ਸ਼ਾਖਾ, 357/358, ਡਲਹੌਜ਼ੀ ਰੋਡ, ਪਠਾਨਕੋਟ, ਪੰਜਾਬ ਫੋਨ : 0186-2221394, E-mail: iob0581@iob.in. ਸ਼੍ਰੀ ਅਸ਼ਵਨੀ ਕੁਮਾਰ ਪੁੱਤਰ ਸ. ਦੇਵ ਰਾਜ (ਕਰਜ਼ਦਾਰ/ਗਿਰਵੀਕਾਰ) ਨੇੜੇ ਬਾਬਾ ਮੋਨੀ ਮੰਦਰ, ਕਸ਼ਮੀਰੀ ਮੁਹੱਲਾ, ਸੁਜਾਨਪੁਰ, ਤਹਿਸੀਲ ਅਤੇ ਜ਼ਿਲ੍ਹਾ ਪਠਾਨਕੋਟ, ਪੰਜਾਬ - 145001 ਅਤੇ ਸ਼੍ਰੀ ਵਿਨੋਦ ਕੁਮਾਰ ਪੁੱਤਰ ਸ. ਗਿਰਧਾਰੀ ਲਾਲ (ਜ਼ਾਮਨ), ਐਚ ਨੰ. 159, ਵਾਰਡ ਨੰ. 11, ਕਸ਼ਮੀਰੀ ਮੁਹੱਲਾ, ਸੁਜਾਨਪੁਰ, ਤਹਿਸੀਲ ਅਤੇ ਜ਼ਿਲ੍ਹਾ ਪਠਾਨਕੋਟ, ਪੰਜਾਬ-145001। | Rs. 6,06,268.79 as on 07.01.2025 / 26.06.2025 between 11:00 AM to 2:00 PM | ਅਸ਼ਵਨੀ ਕੁਮਾਰ ਦੇ ਨਾਮ 'ਤੇ ਪਿੰਡ ਸੁਜਾਨਪੁਰ, ਤਹਿਸੀਲ ਪਠਾਨਕੋਟ, ਪੰਜਾਬ ਵਿਚ 03 ਮਰਲੇ ਮਾਪ ਵਾਲੇ ਰਕਬੇ ਦੇ ਖਸਰਾ ਨੰ. 25ਆਰ/24/1/2/2 (0-6), ਖੇਵਟ ਨੰਬਰ 293, ਖਤੌਨੀ ਨੰਬਰ 385 ਦੇ 1/2 ਹਿੱਸੇ ਵਾਲੀ ਸੰਪੱਤੀ ਦੇ ਸਾਰੇ ਭਾਗ ਅਤੇ ਹਿੱਸੇ। (**ਸੰਕੇਤਕ ਕਬਜ਼ੇ ਅਧੀਨ**) | Rs. 12,88,000/- / Rs. 1,28,800/- / Rs. 10,000/- |
| 4. | ਪਠਾਨਕੋਟ ਸ਼ਾਖਾ, 357/358, ਡਲਹੌਜ਼ੀ ਰੋਡ, ਪਠਾਨਕੋਟ, ਪੰਜਾਬ ਫੋਨ : 0186-2221394, E-mail: iob0581@iob.in. ਮਿਸਟਰ ਡਿੰਪਲ (ਕਰਜ਼ਦਾਰ/ਗਿਰਵੀਕਾਰ) ਪੁੱਤਰ ਲੈਫਟੀਨੈਂਟ ਪਤਰਸ ਮਸੀਹ, ਮੁਹੱਲਾ ਗੋਪੀਪੁਰਾ, ਐਚ. ਨੰ. 2, ਈਸਾ ਨਗਰ, ਨੇੜੇ ਮਿਸ਼ਨ ਰੋਡ, ਪਠਾਨਕੋਟ, ਪੰਜਾਬ 145001, ਸ਼੍ਰੀਮਤੀ ਮਧੂ ਬਾਲਾ (ਕਰਜ਼ਦਾਰ) ਸੁਪਤਨੀ ਡਿੰਪਲ, ਮੁਹੱਲਾ ਗੋਪੀਪੁਰਾ, ਐਚ ਨੰ. 2 ਪਾਤੜਾਂ ਰੋਡ, ਪੰਜਾਬ 145001 ਅਤੇ ਮਿਸਟਰ ਵਿਲੀਅਮ (ਜ਼ਾਮਨ) ਸਪੁੱਤਰ ਨਾਥ, ਸ਼ਾਹਪੁਰ ਕੰਢੀ, ਗੁਰਦਾਸਪੁਰ, ਪੰਜਾਬ-145029। | Rs. 4,37,642.51 as on 07.01.2025 / 26.06.2025 between 11:00 AM to 2:00 PM | 1305 ਵਰਗ ਫੁੱਟ ਦੀ ਜਾਇਦਾਦ ਦਾ ਸਾਰੇ ਭਾਗ ਅਤੇ ਹਿੱਸੇ। ਜਿਸ ਵਿੱਚ ਖਸਰਾ ਨੰਬਰ 5R/21/2/2/3, ਪਿੰਡ ਕੁਠਿਆਲੀ, ਤਹਿਸੀਲ ਅਤੇ ਜ਼ਿਲ੍ਹਾ ਪਠਾਨਕੋਟ, ਪੰਜਾਬ ਸ਼ਾਮਲ ਹੈ, ਡਿੰਪਲ ਦੇ ਨਾਮ 'ਤੇ (ਸੰਕੇਤਕ ਕਬਜ਼ੇ ਅਧੀਨ) | Rs. 27,02,000/- / Rs. 2,70,200/- / Rs. 10,000/- |

ਸਰਕਾਰੀ ਬਕਾਇਆ ਰਕਮ, ਜੇਕਰ ਕੋਈ ਹੈ - ਜਾਣੂੰ ਨਹੀਂ। ਸੰਪੱਤੀ ਦੀ ਜਾਂਚ ਦੀ ਮਿਤੀ ਅਤੇ ਸਮਾਂ- ਬੈਂਕ ਤੋਂ ਅਗਾਊਂ ਮਸ਼ਵਰੇ ਨਾਲ ਕਿਸੇ ਵੀ ਹੋਰ ਕੰਮ ਵਾਲੇ ਦਿਨ ਨੂੰ, ਈ-ਨਿਲਾਮੀ ਦੀ ਮਿਤੀ ਅਤੇ ਸਮਾਂ : ਲੜੀ ਨੰ. 1 ਦੇ ਲਈ 13.06.2025 ਹੈ ਅਤੇ ਲੜੀ ਨੰ. 2 ਤੋਂ 4 ਦੇ ਲਈ 26.06.2025 ਨੂੰ ਸਵੇਰੇ 11.00 ਵਜੇ ਤੋਂ ਬਾ.ਦੁ. 02.00 ਵਜੇ ਤੱਕ। ਇਛੁੱਕ ਬੋਲੀਕਾਰਾਂ/ਖਰੀਦਦਾਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪਣਾ ਮੋਬਾਇਲ ਨੰਬਰ ਅਤੇ ਈ-ਮੇਲ ਆਈ .ਡੀ. ਦੀ ਵਰਤੋਂ ਕਰਦੇ ਹੋਏ ਪੋਰਟਲ (**https://www.baanknet.com**) 'ਤੇ ਪੰਜੀਕਰਨ ਕਰਵਾ ਲੈਣ। ਅੱਗੇ, ਉਨ੍ਹਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਲੋੜੀਂਦੇ ਕੇਵਾਈਸੀ ਦਸਤਾਵੇਜ਼ ਅਪਲੋਡ ਕਰ ਦੇਣ। ਇੱਕ ਵਾਰ ਈ-ਨਿਲਾਮੀ ਸਰਵਿਸ ਪ੍ਰੋਵਾਈਡਰ ਵੱਲੋਂ ਦਸਤਾਵੇਜ਼ਾਂ ਦੀ ਪੜਤਾਲ ਹੋ ਜਾਣ 'ਤੇ (ਜਿਸ ਵਿਚ 2 ਕੰਮ ਵਾਲੇ ਦਿਨ ਲੱਗ ਸਕਦੇ ਹਨ), ਇਛੁੱਕ ਬੋਲੀਕਾਰਾਂ/ਖਰੀਦਦਾਰਾਂ ਨੂੰ ਪੋਰਟਲ ਵਿਚ ਈ-ਨਿਲਾਮੀ ਦੀ ਮਿਤੀ ਅਤੇ ਸਮੇਂ ਤੋਂ ਪਹਿਲਾਂ ਲੜੀ ਨੰ. 1 ਦੇ ਲਈ 13.06.2025 ਹੈ ਅਤੇ ਲੜੀ ਨੰ. 2 ਤੋਂ 4 ਦੇ ਲਈ 26.06.2025 ਨੂੰ ਬਾ.ਦੁ. 01.30 ਵਜੇ ਤੱਕ ਆਪਣੇ ਗਲੋਬਲ ਈਐਮਡੀ ਵੈਲੇਟ ਵਿਚ ਆਨਲਾਈਨ ਵਿਧੀ ਦੀ ਵਰਤੋਂ ਕਰਦੇ ਹੋਏ ਬਿਆਨਾ ਰਕਮ ਰਾਸ਼ੀ ਦਾ ਤਬਾਦਲਾ ਕਰਨਾ ਹੋਵੇਗਾ। ਪੰਜੀਕਰਨ, ਕੇਵਾਈਸੀ ਦਸਤਾਵੇਜ਼ਾਂ ਦੀ ਪੜਤਾਲ ਅਤੇ ਵੈਲੇਟ ਵਿਚ ਈਐਮਡੀ ਦਾ ਤਬਾਦਲਾ ਨਿਲਾਮੀ ਤੋਂ ਪਹਿਲਾਂ ਅਗਾਊਂ ਤੌਰ 'ਤੇ ਮੁਕੰਮਲ ਹੋ ਜਾਣਾ ਚਾਹੀਦਾ ਹੈ। ਇਛੁੱਕ ਬੋਲੀਕਾਰਾਂ/ਖਰੀਦਦਾਰਾਂ ਨੂੰ ਈ-ਨਿਲਾਮੀ ਸਰਵਿਸ ਪ੍ਰੋਵਾਈਡਰ ਦੀ ਵੈਬਸਾਈਟ **https://www.baanknet.com** (ਸੰਪਰਕ ਨੰਬਰ ਅਤੇ ਟੋਲ ਫ੍ਰੀ ਨੰਬਰ 8291220220 ਅਤੇ ਈਮੇਲ : **support.baanknet@psballiance.com**) 'ਤੇ ਈ-ਨਿਲਾਮੀ ਪ੍ਰਕਿਰਿਆ ਵਿਚ ਭਾਗ ਲੈਣਾ ਹੋਵੇਗਾ। ਸਫਲ ਬੋਲੀਕਾਰ ਵੱਲੋਂ ਵਿਕਰੀ ਵਿਚਾਰ ਦਾ ਭੁਗਤਾਨ ਆਮਦਨ ਕਰ ਕਾਨੂੰਨ 1961 ਦੀ ਧਾਰਾ 194-1ਏ ਦੇ ਅਧੀਨ ਟੀਡੀਐਸ ਨਾਲ ਸਬੰਧਤ ਹੋਵੇਗਾ ਅਤੇ ਟੀਡੀਐਸ ਬੋਲੀ ਰਕਮ ਦਾ 75%/ ਬੋਲੀ ਰਕਮ ਮੁਕੰਮਲ ਜਮ੍ਹਾਂ ਕਰਨ ਦੇ ਸਮੇਂ 'ਤੇ ਕੇਵਲ ਸਫਲ ਬੋਲੀਕਾਰ ਵੱਲੋਂ ਦਿੱਤਾ ਜਾਵੇਗਾ। ਆਮਦਨ ਕਰ ਕਾਨੂੰਨ 1961 ਦੀ ਧਾਰਾ 194 (ਓ) ਦੇ ਅਧੀਨ ਹੋਰ ਟੀਡੀਐਸ ਸਫਲ ਖਰੀਦਦਾਰ ਵੱਲੋਂ ਅਦਾ ਕੀਤਾ ਜਾਵੇਗਾ, ਜੇਕਰ ਲਾਗੂ ਹੋਵੇ। **ਨਿਯਮ ਅਤੇ ਸ਼ਰਤਾਂ ਦੇ ਲਈ, ਕਿਰਪਾ ਕਰਕੇ https://www.baanknet.com ਦੇਖੋ।** ਇਹ ਪ੍ਰਕਾਸ਼ਨ ਨਿਮਨ ਆਮ ਜਨਤਾ ਤੋਂ ਟੈਂਡਰਾਂ ਦੀ ਮੰਗ ਦੁਆਰਾ ਈ-ਨਿਲਾਮੀ ਵਿਕਰੀ ਨੂੰ ਰੋਕਣ ਸਬੰਧੀ ਸਰਫਾਇਸੀ ਐਕਟ 2002 ਦੇ ਨਿਯਮ 8 (6) ਦੇ ਅਧੀਨ ਉਕਤ ਕਰਜ਼ਿਆਂ ਦੇ ਕਰਜ਼ਦਾਰਾਂ/ਗਿਰਵੀਕਾਰਾਂ/ਜ਼ਾਮਨਾਂ ਲਈ **ਲੜੀ ਨੰ. 1 ਦੇ ਲਈ 15 ਰੋਜ਼ਾ ਅਤੇ ਲੜੀ ਨੰ. 2 ਤੋਂ 4 ਦੇ ਲਈ ਦੇ ਲਈ 30 ਰੋਜ਼ਾ ਸੂਚਨਾ** ਵੀ ਹੈ। ਸੁਰੱਖਿਅਤ ਸੰਪੱਤੀਆਂ ਦੀ ਵਿਕਰੀ, ਨਿਯਮ ਅਤੇ ਸ਼ਰਤਾਂ ਦੇ ਲਈ ਕਿਰਪਾ ਕਰਕੇ ਸਾਡਾ ਵੈਬ ਪੋਰਟਲ **www.iob.in** ਅਤੇ **https://www.baanknet.com** ਦੇਖੋ।

ਮਿਤੀ :23.05.2025 — ਸਥਾਨ : ਚੰਡੀਗੜ੍ਹ — ਅਧਿਕਾਰਤ ਅਧਿਕਾਰੀ



ਰੋਜ਼ਾਨਾ ਚੜ੍ਹਦੀਕਲਾ

## ਸਿਹਤ ਖ਼ਬਰਨਾਮਾ



# ਗਰਮੀਆਂ ਲਈ ਫ਼ਾਇਦੇਮੰਦ ਖੀਰੇ ਤੋਂ ਬਣਿਆ ਡੀਟੌਕਸ ਵਾਟਰ

ਗਰਮੀਆਂ ਦੇ ਮੌਸਮ ਵਿੱਚ, ਤੇਜ਼ ਧੁੱਪ ਕਾਰਨ ਸਾਨੂੰ ਬਹੁਤ ਪਸੀਨਾ ਆਉਂਦਾ ਹੈ। ਇਸ ਕਾਰਨ ਸਰੀਰ ਵਿੱਚ ਪਾਣੀ ਦੀ ਕਮੀ ਹੋ ਸਕਦੀ ਹੈ। ਜੇਕਰ ਅਜਿਹੀ ਸਥਿਤੀ ਵਿੱਚ ਹਾਈਡਰੇਸ਼ਨ ਦਾ



ਧਿਆਨ ਨਾ ਰੱਖਿਆ ਜਾਵੇ, ਤਾਂ ਵਿਅਕਤੀ ਡੀਹਾਈਡਰੇਸ਼ਨ ਦਾ ਸ਼ਿਕਾਰ ਵੀ ਹੋ ਸਕਦਾ ਹੈ। ਸਰੀਰ ਵਿੱਚ ਪਾਣੀ ਦੀ ਕਮੀ ਸਰੀਰ ਦੇ ਤਾਪਮਾਨ ਨੂੰ ਕੰਟਰੋਲ ਕਰਨਾ ਵੀ ਮੁਸ਼ਕਲ ਬਣਾ ਸਕਦੀ ਹੈ, ਜਿਸ ਨਾਲ ਗਰਮੀ ਦੀ ਥਕਾਵਟ ਹੋ ਸਕਦੀ ਹੈ।ਅਜਿਹੀ ਸਥਿਤੀ ਵਿੱਚ, ਆਪਣੇ ਆਪ ਨੂੰ ਹਾਈਡ੍ਰੇਟ ਰੱਖਣ ਲਈ ਖੀਰੇ ਨੂੰ ਖੁਰਾਕ ਵਿੱਚ ਸ਼ਾਮਲ ਕਰਨਾ ਬਹੁਤ ਜ਼ਰੂਰੀ ਹੈ। ਖੀਰੇ ਦੀ ਤਸੀਰ ਠੰਢੀ ਹੁੰਦੀ ਹੈ। ਇਸੇ ਲਈ ਇਸਨੂੰ ਗਰਮੀਆਂ ਲਈ ਸੰਪੂਰਨ ਮੰਨਿਆ ਜਾਂਦਾ ਹੈ।

**ਭਾਰ ਘਟਾਉਣਾ:** ਖੀਰੇ ਦਾ ਪਾਣੀ ਪੀਣ ਨਾਲ ਵੀ ਭਾਰ ਘਟਾਉਣ ਵਿੱਚ ਬਹੁਤ ਮਦਦ ਮਿਲਦੀ ਹੈ। ਇਸਨੂੰ ਪੀਣ ਨਾਲ ਸਰੀਰ ਵਿੱਚੋਂ ਜ਼ਹਿਰੀਲੇ ਪਦਾਰਥ ਬਾਹਰ ਨਿਕਲ ਜਾਂਦੇ ਹਨ, ਜਿਸ ਨਾਲ ਮੈਟਾਬੋਲਿਜ਼ਮ ਤੇਜ਼ ਹੁੰਦਾ ਹੈ। ਇਸ ਤੋਂ ਇਲਾਵਾ, ਖੀਰੇ ਵਿੱਚ ਕੈਲੋਰੀ ਵੀ ਘੱਟ ਹੁੰਦੀ ਹੈ, ਜੋ ਭਾਰ ਘਟਾਉਣ ਵਿੱਚ ਬਹੁਤ ਮਦਦ ਕਰਦੀ ਹੈ।

**ਚਮੜੀ ਲਈ ਫਾਇਦੇਮੰਦ:** ਖੀਰੇ ਦਾ ਪਾਣੀ ਵੀ ਚਮੜੀ ਲਈ ਬਹੁਤ ਫਾਇਦੇਮੰਦ ਹੁੰਦਾ ਹੈ। ਇਹ ਸਰੀਰ ਵਿੱਚੋਂ ਜ਼ਹਿਰੀਲੇ ਪਦਾਰਥਾਂ ਨੂੰ ਬਾਹਰ ਕੱਢਦਾ ਹੈ, ਜਿਸ ਨਾਲ ਮੁਹਾਸਿਆਂ ਦੀ ਸਮੱਸਿਆ ਘੱਟ ਸਕਦੀ ਹੈ। ਇਸ ਤੋਂ ਇਲਾਵਾ, ਇਸ ਵਿੱਚ ਮੌਜੂਦ ਐਂਟੀ-ਆਕਸੀਡੈਂਟ ਸੂਰਜ ਦੀ ਰੌਸ਼ਨੀ ਕਾਰਨ ਚਮੜੀ ਨੂੰ ਹੋਣ ਵਾਲੇ ਨੁਕਸਾਨ ਤੋਂ ਵੀ ਬਚਾਉਂਦੇ ਹਨ।

**ਬਿਹਤਰ ਪਾਚਨ:** ਖੀਰੇ ਦਾ ਪਾਣੀ ਸਿਹਤਮੰਦ ਪਾਚਨ ਕਿਰਿਆ ਬਣਾਈ ਰੱਖਣ ਵਿੱਚ ਵੀ ਮਦਦ ਕਰਦਾ ਹੈ। ਇਸਨੂੰ ਪੀਣ ਨਾਲ ਕਬਜ਼, ਗੈਸ, ਐਸੀਡਿਟੀ ਅਤੇ ਅੰਤੜੀਆਂ ਵਿੱਚ ਸੋਜ ਦੀਆਂ ਸਮੱਸਿਆਵਾਂ ਘੱਟ ਜਾਂਦੀਆਂ ਹਨ। ਇਸ ਤੋਂ ਇਲਾਵਾ, ਇਹ ਗਰਮੀਆਂ ਦੇ ਮੌਸਮ ਵਿੱਚ ਪੇਟ ਨੂੰ ਵੀ ਠੰਢਾ ਰੱਖਦਾ ਹੈ।

**ਸਰੀਰ ਨੂੰ ਡੀਟੌਕਸ ਕਰੇ:** ਖੀਰੇ ਦਾ ਪਾਣੀ ਪੀਣ ਨਾਲ ਸਰੀਰ ਵਿੱਚ ਜਮ੍ਹਾਂ ਹੋਏ ਜ਼ਹਿਰੀਲੇ ਪਦਾਰਥ ਪਿਸ਼ਾਬ ਰਾਹੀਂ ਬਾਹਰ ਨਿਕਲ ਜਾਂਦੇ ਹਨ। ਇਸ ਨਾਲ ਅੰਗ ਬਿਹਤਰ ਢੰਗ ਨਾਲ ਕੰਮ ਕਰਦੇ ਹਨ ਅਤੇ ਸਕਿਨ ਵੀ ਸਾਫ਼ ਹੋ ਜਾਂਦੀ ਹੈ।

**ਹਾਈਡ੍ਰੇਟਸ:** ਖੀਰੇ ਵਿੱਚ 95% ਤੋਂ ਵੱਧ ਪਾਣੀ ਹੁੰਦਾ ਹੈ। ਇਸ ਲਈ, ਇਹ ਡੀਹਾਈਡਰੇਸ਼ਨ ਨੂੰ ਰੋਕਣ ਵਿੱਚ ਮਦਦ ਕਰਦਾ ਹੈ। ਇਸ ਦਾ ਪਾਣੀ ਪੀਣ ਨਾਲ ਗਰਮੀਆਂ ਵਿੱਚ ਡੀਹਾਈਡਰੇਸ਼ਨ ਤੋਂ ਬਚਾਅ ਹੁੰਦਾ ਹੈ। ਤੁਸੀਂ ਖੀਰੇ ਦੇ ਨਾਲ ਪਾਣੀ ਵਿੱਚ ਨਿੰਬੂ ਵੀ ਮਿਲਾ ਸਕਦੇ ਹੋ, ਜੋ ਸਰੀਰ ਵਿੱਚ ਇਲੈਕਟ੍ਰੋਲਾਈਟਸ ਨੂੰ ਸੰਤੁਲਿਤ ਕਰਨ ਵਿੱਚ ਬਹੁਤ ਮਦਦ ਕਰ ਸਕਦਾ ਹੈ।

# ਭਾਰਤੀ ਵਿਦਿਆਰਥੀਆਂ ਲਈ ਦਰਵਾਜ਼ੇ ਬੰਦ ਕਰ ਰਿਹੈ ਕੈਨੇਡਾ

ਟੋਰਾਂਟੋ, 23 ਮਈ (ਚ.ਨ.ਸ.) : ਕੈਨੇਡਾ ਵਿਚ ਪੜਨ ਦੇ ਚਾਹਵਾਨ ਭਾਰਤੀ ਵਿਦਿਆਰਥੀਆਂ ਨੂੰ ਵੱਡਾ ਝਟਕਾ ਲੱਗਾ ਹੈ। ਕੈਨੇਡਾ ਨੇ ਭਾਰਤੀ ਵਿਦਿਆਰਥੀਆਂ ਨੂੰ ਸਟੱਡੀ ਪਰਮਿਟ ਜਾਰੀ ਕਰਨ ਵਿਚ ਵੱਡੀਆਂ ਕਟੌਤੀਆਂ ਕੀਤੀਆਂ ਹਨ। 2025 ਦੀ ਪਹਿਲੀ ਤਿਮਾਹੀ ਵਿਚ ਭਾਰਤੀ ਵਿਦਿਆਰਥੀ ਪਰਮਿਟਾਂ ਵਿਚ 31% ਦੀ ਕਟੌਤੀ ਕੀਤੀ



ਗਈ। ਜਨਵਰੀ ਤੋਂ ਮਾਰਚ 2025 ਦਰਮਿਆਨ ਸਿਰਫ਼ 30,640 ਭਾਰਤੀ ਵਿਦਿਆਰਥੀਆਂ ਨੂੰ ਸਟੱਡੀ ਪਰਮਿਟ ਜਾਰੀ ਕੀਤੇ ਗਏ ਸਨ, ਜਦਕਿ ਪਿਛਲੇ ਸਾਲ ਇਸੇ ਸਮੇਂ ਦੌਰਾਨ ਇਹ ਗਿਣਤੀ 44,295 ਸੀ। ਇਹ ਗਿਰਾਵਟ ਅਜਿਹੇ ਸਮੇਂ ਦਰਜ ਕੀਤੀ ਗਈ ਹੈ ਜਦੋਂ ਕੈਨੇਡਾ ਵਿਚ ਅੰਤਰਰਾਸ਼ਟਰੀ ਵਿਦਿਆਰਥੀਆਂ ਦੇ ਦਾਖ਼ਲੇ 'ਤੇ ਪਾਬੰਦੀਆਂ ਲਗਾਤਾਰ ਵਧ ਰਹੀਆਂ ਹਨ।ਕੈਨੇਡੀਅਨ ਸਰਕਾਰ ਦੀਆਂ ਨਵੀਆਂ ਨੀਤੀਆਂ 'ਤੇ ਪਾਬੰਦੀਆਂ ਕਾਰਨ ਨਾ ਸਿਰਫ਼ ਭਾਰਤ ਸਗੋਂ ਦੂਜੇ ਦੇਸ਼ਾਂ ਦੀਆਂ ਵੀ ਵਿਦਿਆਰਥੀ ਵੀਜ਼ਾ ਦਰਾਂ ਘਟੀਆਂ ਹਨ। 2024 ਦੀ ਪਹਿਲੀ ਤਿਮਾਹੀ ਵਿਚ ਕੁੱਲ 1,21,070 ਸਟੱਡੀ ਪਰਮਿਟ ਜਾਰੀ ਕੀਤੇ ਗਏ ਸਨ, ਜਦੋਂ ਕਿ 2025 ਵਿਚ ਇਹ ਅੰਕੜਾ ਘੱਟ ਕੇ 96,015 ਰਹਿ ਗਿਆ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਭਵਿੱਖ ਵਿਚ ਇਹ ਗਿਰਾਵਟ ਹੋਰ ਵੀ ਡੂੰਘੀ ਹੋਣ ਦੀ ਸੰਭਾਵਨਾ ਹੈ।2023 ਦੇ ਆਖ਼ਰੀ ਮਹੀਨਿਆਂ ਤੋਂ ਕੈਨੇਡੀਅਨ ਸਰਕਾਰ ਨੇ ਅੰਤਰਰਾਸ਼ਟਰੀ ਵਿਦਿਆਰਥੀਆਂ ਦੀ ਗਿਣਤੀ ਨੂੰ ਕੰਟਰੋਲ ਕਰਨ ਲਈ ਸਖ਼ਤ ਕਦਮ ਚੁੱਕਣੇ ਸ਼ੁਰੂ ਕਰ ਦਿਤੇ ਸਨ। ਇਸ ਦੇ ਪਿੱਛੇ ਮੁੱਖ ਕਾਰਨ ਦੇਸ਼ ਵਿਚ ਤੇਜ਼ੀ ਨਾਲ ਵਧ ਰਹੀ ਆਬਾਦੀ, ਰਿਹਾਇਸ਼ ਦੀ ਘਾਟ ਅਤੇ ਸਿਹਤ ਅਤੇ ਆਵਾਜਾਈ ਸੁਲਤਾਂ 'ਤੇ ਵਧਦਾ ਦਬਾਅ ਹੈ। 28 ਅਪ੍ਰੈਲ, 2025 ਨੂੰ ਹੋਈਆਂ ਸੰਘੀ ਚੋਣਾਂ ਤੋਂ ਬਾਅਦ ਪ੍ਰਧਾਨ ਮੰਤਰੀ ਮਾਰਕ ਕਾਰਨੀ ਸਰਕਾਰ ਵਿਚ ਵਾਪਸ ਆਏ ਅਤੇ ਉਨ੍ਹਾਂ ਨੇ ਖ਼ਾਸ ਤੌਰ ਤੇ ਕਿਹਾ ਕਿ 2027 ਤਕ ਅੰਤਰਰਾਸ਼ਟਰੀ ਵਿਦਿਆਰਥੀਆਂ ਤੇ ਵਿਦੇਸ਼ੀ ਕਾਮਿਆਂ ਸਮੇਤ ਅਸਥਾਈ ਨਿਵਾਸੀਆਂ ਦੀ ਗਿਣਤੀ ਦੇਸ਼ ਦੀ ਕੁੱਲ ਆਬਾਦੀ ਦੇ 5% ਤੋਂ ਵੱਧ ਨਹੀਂ ਹੋਵੇਗੀ। ਉਨ੍ਹਾਂ ਦਾ ਰੁਖ਼ ਦਰਸਾਉਂਦਾ ਹੈ ਕਿ ਇਸ ਸਮੇਂ ਇਨ੍ਹਾਂ ਨੀਤੀਆਂ ਵਿਚ ਕਿਸੇ ਵੀ ਤਰ੍ਹਾਂ ਦੀ ਢਿੱਲ ਦੀ ਉਮੀਦ ਨਹੀਂ ਕੀਤੀ ਜਾ ਸਕਦੀ।

# ਪੰਜ ਤਖ਼ਤਾਂ ਨੂੰ ਜੋੜੇਗੀ ਵਿਸ਼ੇਸ਼ ਯਾਤਰਾ ਟਰੇਨ

## ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਨਾਲ ਰਵਨੀਤ ਬਿੱਟੂ ਨੇ ਕੀਤੀ ਕਈ ਮੁੱਦਿਆਂ 'ਤੇ ਚਰਚਾ



ਨਾਂਦੇੜ , 23 ਮਈ (ਚ.ਨ.ਸ.) : ਗੁਰਦੁਆਰਾ ਸੱਚਖੰਡ ਬੋਰਡ ਨਾਂਦੇੜ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਸਾਬਕਾ ਆਈ. ਏ. ਐਸ. ਵੱਲੋਂ ਉਨ੍ਹਾਂ ਦੇ ਸਲਾਹਕਾਰ ਸ੍ਰ: ਜਸਵੰਤ ਸਿੰਘ ਬੌਬੀ ਦਿੱਲੀ ਨੇ ਅੱਜ ਸਟੇਟ ਰੇਲਵੇ ਮੰਤਰੀ ਸ੍ਰ: ਰਵਨੀਤ ਸਿੰਘ ਬਿੱਟੂ ਨਾਲ ਵਿਸ਼ੇਸ਼ ਮੁਲਾਕਾਤ ਕੀਤੀ । ਇਹ ਅਧਿਕਾਰਤ ਮੁਲਾਕਾਤ ਰੇਲਵੇ ਭਵਨ ਦਿੱਲੀ ਵਿਖੇ ਬਹੁਤ ਚੰਗੇ ਮਹੌਲ ਵਿੱਚ ਹੋਈ, ਜਿਸ ਵਿੱਚ ਕਈ ਮੁੱਦਿਆਂ ਤੇ ਸਾਰਥਿਕ ਚਰਚਾ ਹੋਈ । ਸ੍ਰ. ਬੌਬੀ ਨੇ ਦੱਸਿਆ ਕਿ ਬਹੁਤ ਛੇਤੀ ਹੀ ਡਾ. ਵਿਜੇ ਸਤਬੀਰ ਸਿੰਘ ਮੁੱਖ ਪ੍ਰਬੰਧਕ ਦੀ ਅਗਵਾਈ ਹੇਠ, ਮਹਾਰਾਸ਼ਟਰ, ਮੱਧ ਪ੍ਰਦੇਸ਼, ਛੱਤੀਸਗੜ੍ਹ, ਯੂ. ਪੀ., ਕਰਨਾਟਕ, ਪੰਜਾਬ ਆਦਿ ਦੇ ਸਿਰਕੱਢ ਪਤਵੰਤੇ ਸੱਜਣਾਂ ਦਾ ਇੱਕ ਵਿਸ਼ੇਸ਼ ਪ੍ਰਤੀਨਿਧ ਮੰਡਲ, ਭਾਰਤ ਦੇ ਰੇਲਵੇ ਰਾਜ ਮੰਤਰੀ ਸ੍ਰ: ਰਵਨੀਤ ਸਿੰਘ ਬਿੱਟੂ ਜੀ ਨਾਲ ਦਿੱਲੀ ਵਿਖੇ ਭੇਟ ਵਾਰਤਾ ਕਰੇਗਾ । ਇੱਥੇ ਇਹ ਜ਼ਿਕਰਯੋਗ ਹੈ ਕਿ ਹਜ਼ੂਰ ਸਾਹਿਬ ਨਾਂਦੇੜ ਤੋਂ ਸਿੱਧੀ ਤੇ ਆਸਾਨ ਯਾਤਰਾ ਦੀ ਮੰਗ ਸੰਗਤਾਂ ਵੱਲੋਂ ਲੰਬੇ ਸਮੇਂ ਤੋਂ ਕੀਤੀ ਜਾ ਰਹੀ ਹੈ, ਜਿਸ ਦਾ ਲਾਭ ਹਜ਼ੂਰ ਸਾਹਿਬ ਨਾਂਦੇੜ ਤੇ ਆਸ ਪਾਸ ਇਲਾਕੇ ਦੀਆਂ ਸੰਗਤਾਂ ਨੂੰ ਮਿਲ ਸਕੇ । ਅਜਿਹੀ ਵਿਸ਼ੇਸ਼ ਰੇਲ ਗੱਡੀ ਦੇ ਚੱਲਣ ਨਾਲ ਅੱਧੇ ਤੋਂ ਵੱਧ ਉਤਰ, ਮੱਧ ਤੇ ਦੱਖਣ ਭਾਰਤੀ ਸੂਬਿਆਂ ਵਿੱਚ ਵੱਸਦੇ ਸਿੱਖ ਭਾਈਚਾਰੇ ਨੂੰ ਵੱਡਾ ਲਾਭ ਮਿਲੇਗਾ । ਇਸੇ ਤਰ੍ਹਾਂ ਹਜ਼ੂਰ ਸਾਹਿਬ ਨਾਂਦੇੜ ਤੋਂ ਹੇਮਕੁੰਟ ਸਾਹਿਬ ਦੀ ਯਾਤਰਾ ਲਈ ਵੱਡੀ ਗਿਣਤੀ ਵਿੱਚ ਸੰਗਤਾਂ ਜਾਂਦੀਆਂ ਹਨ, ਨਾਂਦੇੜ ਸਾਹਿਬ ਤੋਂ ਉਤਰਾਖੰਡ ਲਈ ਸਿੱਧੀਆਂ ਰੇਲ ਗੱਡੀਆਂ ਨਾ ਚੱਲਣ ਕਰਕੇ ਸ਼ਰਧਾਵਾਨ ਸਿੱਖ ਸੰਗਤਾਂ ਨੂੰ ਭਾਰੀ ਆਵਾਜਾਈ ਦਾ ਸਾਹਮਣਾ ਕਰਨਾ ਪੈ ਰਿਹਾ ਹੈ । ਸੋ, ਸ੍ਰੀ ਹਜ਼ੂਰ ਸਾਹਿਬ ਨਾਂਦੇੜ ਤੋਂ ਦੇਹਰਾਦੂਨ ਤੇ ਪੰਜਾਂ ਤਖ਼ਤਾਂ ਲਈ ਵਿਸ਼ੇਸ਼ ਯਾਤਰਾ ਟ੍ਰੇਨ ਚਲਾਉਣ ਲਈ ਰੇਲਵੇ ਮੰਤਰੀ ਸਾਹਿਬ ਨੂੰ ਬੇਨਤੀ ਪੱਤਰ ਸੌਂਪਿਆ ਜਾਵੇਗਾ। ਸਟੇਟ ਰੇਲਵੇ ਮੰਤਰੀ ਸ੍ਰ: ਰਵਨੀਤ ਸਿੰਘ ਬਿੱਟੂ ਨੇ ਦੱਸਿਆ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੀ ਪਾਵਨ ਚਰਨ ਛੋਹ ਪ੍ਰਾਪਤ ਧਰਤੀ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਦੀਆਂ ਸੰਗਤਾਂ ਦੀ ਸੇਵਾ ਕਰਨ ਲਈ ਭਾਰਤ ਦੇ ਮਾਣਯੋਗ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਤੇ ਉਨ੍ਹਾਂ ਦੀ ਸਮੁੱਚੀ ਟੀਮ ਹਮੇਸ਼ਾਂ ਤੱਤਪਰ ਹੈ ।

# ਰੂਸ ਅਤੇ ਯੂਕ੍ਰੇਨ ਵਿਚਾਲੇ ਕੈਦੀਆਂ ਦੀ ਅਦਲਾ-ਬਦਲੀ

ਵਾਸ਼ਿੰਗਟਨ, 23 ਮਈ (ਚ.ਨ.ਸ.) : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਰੂਸ ਅਤੇ ਯੂਕ੍ਰੇਨ ਨੇ ਵੱਡੀ ਗਿਣਤੀ ਵਿੱਚ ਜੰਗੀ ਕੈਦੀਆਂ ਦੀ ਅਦਲਾ-ਬਦਲੀ ਕੀਤੀ ਹੈ, ਜਦੋਂ ਕਿ ਇੱਕ ਯੂਕ੍ਰੇਨੀ ਅਧਿਕਾਰੀ ਨੇ ਕਿਹਾ ਕਿ ਅਦਲਾ-ਬਦਲੀ ਜਾਰੀ ਹੈ ਪਰ ਅਜੇ ਪੂਰੀ ਨਹੀਂ ਹੋਈ। ਰੂਸ ਨੇ ਤੁਰੰਤ ਇਸ ਗੱਲ ਦੀ ਪੁਸ਼ਟੀ ਨਹੀਂ ਕੀਤੀ ਕਿ ਜੰਗੀ ਕੈਦੀਆਂ ਦੀ ਅਦਲਾ-ਬਦਲੀ ਚੱਲ ਰਹੀ ਹੈ। ਰਾਸ਼ਟਰਪਤੀ ਟਰੰਪ ਨੇ ਸੋਸ਼ਲ ਮੀਡੀਆ ਪਲੇਟਫਾਰਮ ਟਰੂਥ 'ਤੇ ਕਿਹਾ, ਰੂਸ ਅਤੇ ਯੂਕ੍ਰੇਨ ਵਿਚਕਾਰ ਵੱਡੇ ਪੱਧਰ 'ਤੇ ਕੈਦੀਆਂ ਦਾ ਆਦਾਨ-ਪ੍ਰਦਾਨ ਹੁਣੇ ਹੀ ਪੂਰਾ ਹੋਇਆ ਹੈ। ਉਨ੍ਹਾਂ ਇਹ ਵੀ ਕਿਹਾ, ...ਇਹ ਜਲਦੀ ਹੀ ਲਾਗੂ ਹੋਵੇਗਾ। ਹਾਲਾਂਕਿ ਇਹ ਸਪੱਸ਼ਟ ਨਹੀਂ ਸੀ ਕਿ ਇਸਦਾ ਕੀ ਅਰਥ ਹੈ। ਇੱਕ ਸੀਨੀਅਰ ਯੂਕ੍ਰੇਨੀ ਅਧਿਕਾਰੀ ਨੇ ਆਪਣਾ ਨਾਮ ਗੁਪਤ ਰੱਖਣ ਦੀ ਸ਼ਰਤ ਤੇ ਕਿਹਾ ਕਿ ਕੈਦੀਆਂ ਦੀ ਅਦਲਾ-ਬਦਲੀ ਸ਼ੁੱਕਰਵਾਰ ਸਵੇਰ ਤੋਂ ਹੀ ਚੱਲ ਰਹੀ ਸੀ ਅਤੇ ਅਜੇ ਤੱਕ ਪੂਰੀ ਨਹੀਂ ਹੋਈ ਹੈ। ਟਰੰਪ ਨੇ ਆਪਣੀ ਪੋਸਟ ਵਿਚ ਕਿਹਾ, ਕੀ ਇਸ ਤੋਂ ਵੱਡਾ ਕੁਝ ਹੋ ਸਕਦਾ ਹੈ? ਉਹ ਸਪੱਸ਼ਟ ਤੌਰ ਤੇ ਜੰਗ ਨੂੰ ਰੋਕਣ ਲਈ ਅੰਤਰਰਾਸ਼ਟਰੀ ਕੂਟਨੀਤਕ ਯਤਨਾਂ ਦਾ ਹਵਾਲਾ ਦੇ ਰਿਹਾ ਹੈ। ਵ੍ਹਾਈਟ ਹਾਊਸ ਅਤੇ ਰਾਸ਼ਟਰੀ ਸੁਰੱਖਿਆ ਪ੍ਰੀਸ਼ਦ ਦੇ ਅਧਿਕਾਰੀਆਂ ਨੇ ਵੇਰਵਿਆਂ ਲਈ ਬੇਨਤੀਆਂ ਦਾ ਤੁਰੰਤ ਜਵਾਬ ਨਹੀਂ ਦਿੱਤਾ।



ਬਰਨਾਲਾ ਤੋਂ ਜ਼ਿਲ੍ਹਾ ਇੰਚਾਰਜ ਸ੍ਰ. ਬਘੇਲ ਸਿੰਘ ਧਾਲੀਵਾਲ ਨੂੰ ਸਨਮਾਨਤ ਕਰਦੇ ਹੋਏ ਚੜ੍ਹਦੀਕਲਾ ਗਰੁੱਪ ਦੇ ਚੇਅਰਮੈਨ 'ਪਦਮ ਸ੍ਰੀ' ਡਾ. ਜਗਜੀਤ ਸਿੰਘ ਦਰਦੀ।

# ਵਿਸ਼ਵ ਟੈਸਟ ਚੈਂਪੀਅਨਸ਼ਿਪ ਫ਼ਾਈਨਲ ਲਈ ਅੰਪਾਇਰਾਂ ਦਾ ਐਲਾਨ

ਦੁਬਈ, 23 ਮਈ (ਚ.ਨ.ਸ.) : ਅੰਤਰਰਾਸ਼ਟਰੀ ਕ੍ਰਿਕਟ ਪ੍ਰੀਸ਼ਦ ਨੇ ਸ਼ੁੱਕਰਵਾਰ ਨੂੰ ਨਿਊਜ਼ੀਲੈਂਡ ਦੇ ਕ੍ਰਿਸ ਗੈਫਨੀ ਅਤੇ ਇੰਗਲੈਂਡ ਦੇ ਰਿਚਰਡ ਇਲਿੰਗਵਰਥ ਨੂੰ 11 ਤੋਂ 15 ਜੂਨ ਤੱਕ ਲਾਰਡਸ ਵਿਖੇ ਖੇਡੀ ਜਾਣ ਵਾਲੀ ਵਿਸ਼ਵ ਟੈਸਟ ਚੈਂਪੀਅਨਸ਼ਿਪ ਲਈ ਮੈਦਾਨੀ ਅੰਪਾਇਰ ਨਿਯੁਕਤ ਕੀਤਾ ਹੈ। ਵਿਸ਼ਵ ਟੈਸਟ ਚੈਂਪੀਅਨਸ਼ਿਪ ਦਾ ਫਾਈਨਲ ਮੈਚ ਦੱਖਣੀ ਅਫਰੀਕਾ ਅਤੇ ਆਸਟ੍ਰੇਲੀਆ ਵਿਚਕਾਰ ਖੇਡਿਆ ਜਾਵੇਗਾ।ਇਲਿੰਗਵਰਥ ਮੌਜੂਦਾ ਆਈਸੀਸੀ ਸਾਲ ਦਾ ਅੰਪਾਇਰ ਹੈ। ਉਹ 2021 ਅਤੇ 2023 ਦੇ ਫਾਈਨਲ ਵਿੱਚ ਅੰਪਾਇਰਿੰਗ ਟੀਮ ਦਾ ਵੀ ਹਿੱਸਾ ਸੀ। ਦੂਜੇ ਪਾਸੇ, ਗੈਫਨੀ ਨੇ ਪਿਛਲੇ ਸਾਲ ਪੁਰਸ਼ਾਂ ਦੇ ਟੀ-20 ਵਿਸ਼ਵ ਕੱਪ ਫਾਈਨਲ ਵਿੱਚ ਇਲਿੰਗਵਰਥ ਨਾਲ ਅੰਪਾਇਰਿੰਗ ਕੀਤੀ ਅਤੇ ਭਾਰਤ ਅਤੇ ਆਸਟ੍ਰੇਲੀਆ ਵਿਚਕਾਰ WTC 2023 ਦੇ ਫਾਈਨਲ ਵਿੱਚ ਵੀ ਅੰਪਾਇਰਿੰਗ ਕੀਤੀ। ਇੰਗਲੈਂਡ ਦੇ ਰਿਚਰਡ ਕੇਟਲਬਰੋ ਨੂੰ ਟੀਵੀ ਅੰਪਾਇਰ ਬਣਾਇਆ ਗਿਆ ਹੈ। ਭਾਰਤ ਦੇ ਨਿਤਿਨ ਮੈਨਨ ਨੂੰ ਮੈਚ ਲਈ ਚੌਥਾ ਅੰਪਾਇਰ ਨਿਯੁਕਤ ਕੀਤਾ ਗਿਆ ਹੈ।ਆਈਸੀਸੀ ਚੇਅਰਮੈਨ ਜੈ ਸ਼ਾਹ ਨੇ ਅੰਪਾਇਰਾਂ ਦੀਆਂ ਨਿਯੁਕਤੀਆਂ 'ਤੇ ਕਿਹਾ, ਸਾਨੂੰ ਲਾਰਡਜ਼ ਵਿਖੇ ਆਈਸੀਸੀ ਵਿਸ਼ਵ ਟੈਸਟ ਚੈਂਪੀਅਨਸ਼ਿਪ ਫਾਈਨਲ ਲਈ ਮੈਚ ਅਧਿਕਾਰੀਆਂ ਦੀ ਇੱਕ ਤਜਰਬੇਕਾਰ ਟੀਮ ਦਾ ਐਲਾਨ ਕਰਦੇ ਹੋਏ ਖੁਸ਼ੀ ਹੋ ਰਹੀ ਹੈ। ਸਾਨੂੰ ਭਰੋਸਾ ਹੈ ਕਿ ਉਹ ਸ਼ਾਨਦਾਰ ਪ੍ਰਦਰਸ਼ਨ ਕਰਨਗੇ। ਆਈਸੀਸੀ ਵੱਲੋਂ, ਮੈਂ ਉਸਨੂੰ ਸ਼ੁਭਕਾਮਨਾਵਾਂ ਦਿੰਦਾ ਹਾਂ ਅਤੇ ਉਮੀਦ ਕਰਦਾ ਹਾਂ ਕਿ ਉਹ ਇਸ ਜ਼ਿੰਮੇਵਾਰੀ ਦਾ ਆਨੰਦ ਮਾਣੇਗਾ।



# ਸਾਂ ਡਿਆਗੋ ਵਿੱਚ ਪ੍ਰਾਈਵੇਟ ਜੈਟ ਹਾਦਸਾਗ੍ਰਸਤ; ਕਈ ਮੌਤਾਂ

ਸਾਂ ਡਿਆਗੋ, 23 ਮਈ (ਚ.ਨ.ਸ.) : ਇੱਥੇ ਇੱਕ ਸੰਗੀਤਕ ਏਜੰਟ ਅਤੇ ਪੰਜ ਹੋਰਾਂ ਨੂੰ ਲੈ ਕੇ ਜਾ ਰਿਹਾ ਇੱਕ ਪ੍ਰਾਈਵੇਟ ਜੈੱਟ ਧੁੰਦ ਦੇ ਮੌਸਮ ਵਿੱਚ ਹਾਦਸਾਗ੍ਰਸਤ ਹੋ ਗਿਆ ਜਿਸ ਕਾਰਨ ਕਈ ਜਣਿਆਂ ਦੀ ਮੌਤ ਹੋ ਗਈ। ਇਹ ਜੈਟ ਹਾਦਸਾਗ੍ਰਸਤ ਹੋਣ ਤੋਂ ਬਾਅਦ ਰਿਹਾਇਸ਼ ਖੇਤਰ ਵਿਚ ਡਿੱਗ ਗਿਆ ਜਿਸ ਕਾਰਨ ਕਈ ਵਾਹਨ ਵੀ ਨੁਕਸਾਨੇ ਗਏ। ਇਹ ਜਾਣਕਾਰੀ ਸਾਂ ਡਿਆਗੋ ਦੇ ਪੁਲੀਸ ਮੁਖੀ ਸਕਾਟ ਵਾਹਲ ਨੇ ਦਿੱਤੀ। ਪੁਲੀਸ ਅਧਿਕਾਰੀ ਐਂਥਨੀ ਕੈਰਾਸਕੋ ਨੇ ਕਿਹਾ ਕਿ ਇਸ ਜਹਾਜ਼ ਦੇ ਡਿੱਗਣ ਤੋਂ ਬਾਅਦ ਰਿਹਾਇਸ਼ੀ ਖੇਤਰ ਦੇ ਕਿਸੇ ਵਸਨੀਕ ਦੀ ਮੌਤ ਨਹੀਂ ਹੋਈ ਪਰ ਅੱਠ ਜਣਿਆਂ ਨੂੰ ਧੂੰਏਂ ਵਿਚ ਸਾਹ ਲੈਣ ਅਤੇ ਸੱਟ ਫੇਟ ਲੱਗਣ 'ਤੇ ਹਸਪਤਾਲ ਲਿਜਾਇਆ ਗਿਆ।



ਅੱਜ ਰਜਿੰਦਰ ਸਿੰਘ ਬਾਵਾ ਫਿਜੀਓਥਰੇਪੀ ਸੈਂਟਰ ਨਾਭਾ ਵਿਖੇ 'ਪਦਮ ਸ੍ਰੀ' ਡਾ. ਜਗਜੀਤ ਸਿੰਘ ਦਰਦੀ ਚੜ੍ਹਦੀਕਲਾ ਟਾਈਮ ਟੀ.ਵੀ. ਦੇ ਚੇਅਰਮੈਨ ਅਤੇ ਸਰਦਾਰਨੀ ਜਸਵਿੰਦਰ ਕੌਰ ਦਰਦੀ ਨਾਭਾ ਵਿਖੇ ਪਹੁੰਚੇ, ਜਿੱਥੇ ਉਹਨਾਂ ਨੇ ਡਾ. ਜਸਵਿੰਦਰ ਸਿੰਘ ਨੂੰ ਸਨਮਾਨਿਤ ਕੀਤਾ, ਨਾਭਾ ਵਿਖੇ ਇਹ ਸੈਂਟਰ ਕਾਫੀ ਲੰਮੇ ਸਮੇਂ ਤੋਂ ਸਮਾਜ ਸੇਵਾ ਕਰਦਾ ਆ ਰਿਹਾ ਹੈ ਇਸ ਸੈਂਟਰ ਵਿੱਚ ਦੇਸ਼ਾਂ-ਵਿਦੇਸ਼ਾਂ ਤੋਂ ਮਰੀਜ਼ ਇਲਾਜ ਕਰਵਾਉਣ ਲਈ ਆਉਂਦੇ ਹਨ, ਡਾਕਟਰ ਸਾਹਿਬ ਨੇ ਕਿਹਾ ਕਿ ਇੱਥੇ ਗਰੀਬਾਂ ਅਤੇ ਜ਼ਰੂਰਤਮੰਦ ਮਰੀਜ਼ਾਂ ਦਾ ਫਰੀ ਇਲਾਜ ਕੀਤਾ ਜਾਂਦਾ ਹੈ।

# ਦੇਸ਼ ਭਗਤ ਯੂਨੀਵਰਸਿਟੀ ਵਿਖੇ ਅਕਾਦਮਿਕ ਸੂਝ ਨੂੰ ਪੇਸ਼ੇਵਰ ਕਾਨੂੰਨੀ ਅਭਿਆਸ ਨਾਲ ਜੋੜਨ ਲਈ ਐਡਵੋਕੇਟ ਚਰਚਾ ਦਾ ਆਯੋਜਨ




ਮੰਡੀ ਗੋਬਿੰਦਗੜ੍ਹ, 23 ਮਈ (ਅੰਮ੍ਰਿਤਪਾਲ ਸਿੰਘ) : ਦੇਸ਼ ਭਗਤ ਯੂਨੀਵਰਸਿਟੀ ਦੇ ਸਕੂਲ ਆਫ਼ ਲਾਅ ਦੇ ਕਾਨੂੰਨੀ ਸਹਾਇਤਾ ਸੈੱਲ ਨੇ 'ਵਕੀਲਾਂ ਅਤੇ ਸਾਬਕਾ ਵਿਦਿਆਰਥੀਆਂ ਦੀ ਮੁਲਾਕਾਤ: ਅਧਿਵਕਤਾ ਸੰਵਾਦ' ਦੀ ਮੇਜ਼ਬਾਨੀ ਕੀਤੀ, ਜੋ ਕਿ ਅਕਾਦਮਿਕ ਸੂਝ ਨੂੰ ਪੇਸ਼ੇਵਰ ਕਾਨੂੰਨੀ ਅਭਿਆਸ ਨਾਲ ਜੋੜਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਇਸ ਸਮਾਗਮ ਦੀ ਸ਼ੁਰੂਆਤ ਵਿਭਾਗ ਮੁਖੀ ਦੇ ਸਵਾਗਤੀ ਭਾਸ਼ਣ ਨਾਲ ਹੋਈ, ਜਿਸ ਤੋਂ ਬਾਅਦ ਮਾਣਯੋਗ ਚਾਂਸਲਰ ਡਾ. ਜ਼ੋਰਾ ਸਿੰਘ ਨੇ ਉਦਘਾਟਨੀ ਭਾਸ਼ਣ ਦਿੱਤਾ, ਜਿਨ੍ਹਾਂ ਨੇ ਕਾਨੂੰਨੀ ਸਿੱਖਿਆ ਅਤੇ ਵਿਵਹਾਰਕ ਤਿਆਰੀ ਨੂੰ ਵਧਾਉਣ ਵਿੱਚ ਅਜਿਹੇ ਇੰਟਰਐਕਟਿਵ ਪਲੇਟਫਾਰਮਾਂ ਦੇ ਮੁੱਲ 'ਤੇ ਜ਼ੋਰ ਦਿੱਤਾ। ਇਸ ਸਮਾਗਮ ਨੇ ਮੁਕੱਦਮੇਬਾਜ਼ੀ ਤੋਂ ਲੈ ਕੇ ਕਾਰਪੋਰੇਟ ਕਾਨੂੰਨ ਅਤੇ ਨਿਆਂਇਕ ਸੇਵਾਵਾਂ ਤੱਕ ਦੇ ਖੇਤਰਾਂ ਦੇ ਉੱਘੇ ਸਾਬਕਾ ਵਿਦਿਆਰਥੀਆਂ ਅਤੇ ਅਭਿਆਸ ਕਰਨ ਵਾਲੇ ਵਕੀਲਾਂ ਨੂੰ ਇਕੱਠਾ ਕੀਤਾ, ਜਿਨ੍ਹਾਂ ਨੇ ਅਨਮੋਲ ਸੂਝ ਅਤੇ ਨਿੱਜੀ ਯਾਤਰਾਵਾਂ ਸਾਂਝੀਆਂ ਕੀਤੀਆਂ। ਉੱਘੇ ਵਕੀਲਾਂ ਨੇ ਵਿਦਿਆਰਥੀਆਂ ਨੂੰ ਨੈਤਿਕ ਅਭਿਆਸ, ਅਦਾਲਤੀ ਵਿਵਹਾਰ ਅਤੇ ਕਾਨੂੰਨੀ ਦ੍ਰਿਸ਼ਟੀਕੋਣ ਦੀ ਗਤੀਸ਼ੀਲ ਪ੍ਰਕਿਰਤੀ ਬਾਰੇ ਮਾਰਗਦਰਸ਼ਨ ਕਰਕੇ ਵੀ ਯੋਗਦਾਨ ਪਾਇਆ। ਇਸ ਮੌਕੇ ਮਾਣਯੋਗ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੇ ਕਾਨੂੰਨੀ ਪੇਸ਼ੇਵਰਾਂ ਦੀ ਅਗਲੀ ਪੀੜ੍ਹੀ ਨੂੰ ਪ੍ਰੇਰਿਤ ਕਰਨ ਵਿੱਚ ਸਾਬਕਾ ਵਿਦਿਆਰਥੀਆਂ ਦੀ ਭੂਮਿਕਾ 'ਤੇ ਚਾਨਣਾ ਪਾਇਆ। ਇਹ ਸਮਾਗਮ ਧੰਨਵਾਦ ਅਤੇ ਇਕ ਸਨਮਾਨ ਸਮਾਰੋਹ ਨਾਲ ਸਮਾਪਤ ਹੋਇਆ, ਜਿਸ ਵਿੱਚ ਸਾਬਕਾ ਵਿਦਿਆਰਥੀਆਂ ਅਤੇ ਮਹਿਮਾਨਾਂ ਨੂੰ ਉਨ੍ਹਾਂ ਦੇ ਯੋਗਦਾਨ ਲਈ ਸਨਮਾਨਤ ਕੀਤਾ ਗਿਆ। ਅਧਿਵਕਤਾ ਸੰਵਾਦ ਇੱਕ ਅਰਥਪੂਰਨ ਅਤੇ ਪ੍ਰੇਰਨਾਦਾਇਕ ਆਦਾਨ-ਪ੍ਰਦਾਨ ਵਜੋਂ ਉਭਰਿਆ, ਜਿਸਨੇ ਯੂਨੀਵਰਸਿਟੀ ਦੇ ਆਪਣੇ ਜੀਵੰਤ ਕਾਨੂੰਨੀ ਭਾਈਚਾਰੇ ਨਾਲ ਸਬੰਧਾਂ ਨੂੰ ਮਜ਼ਬੂਤ ਕੀਤਾ।

# ਟਰੰਪ ਸਰਕਾਰ ਦਾ ਵੱਡਾ ਫ਼ੈਸਲਾ, ਹਾਰਵਰਡ ਯੂਨੀਵਰਸਿਟੀ 'ਚ ਵਿਦੇਸ਼ੀ ਵਿਦਿਆਰਥੀਆਂ ਦੇ ਦਾਖ਼ਲੇ 'ਤੇ ਲਗਾਈ ਪਾਬੰਦੀ

ਵਾਸ਼ਿੰਗਟਨ, 23 ਮਈ (ਚ.ਨ.ਸ.) : ਅਮਰੀਕਾ ਵਿਚ ਰਾਸ਼ਟਰਪਤੀ ਬਣਨ ਮਗਰੋਂ ਡੋਨਾਲਡ ਟਰੰਪ ਵੱਲੋਂ ਕਈ ਵੱਡੇ ਫੈਸਲੇ ਲਏ ਜਾ ਰਹੇ ਹਨ, ਜਿਸ ਦਾ ਸਿੱਧਾ ਅਸਰ ਭਾਰਤੀ ਤੇ ਕਈ ਹੋਰ ਵਿਦੇਸ਼ੀਆਂ 'ਤੇ ਪੈ ਰਿਹਾ ਹੈ। ਹੁਣ ਟਰੰਪ ਸਰਕਾਰ ਵੱਲੋਂ ਇੱਕ ਹੈਰਾਨ ਕਰਨ ਵਾਲਾ ਫੈਸਲਾ ਲਿਆ ਹੈ, ਜਿਸ ਤਹਿਤ ਵਿਦੇਸ਼ੀ ਵਿਦਿਆਰਥੀ ਫਿਲਹਾਲ ਹਾਰਵਰਡ ਵਿੱਚ ਦਾਖਲਾ ਨਹੀਂ ਲੈ ਸਕਣਗੇ। ਇਹ ਭਾਰਤੀ ਵਿਦਿਆਰਥੀਆਂ ਲਈ ਵੱਡਾ ਝਟਕਾ ਹੈ ਕਿਉਂਕਿ ਉੱਚ ਸਿੱਖਿਆ ਲਈ ਵੱਡੀ ਗਿਣਤੀ ਵਿਚ ਭਾਰਤੀ ਵਿਦਿਆਰਥੀ ਹਾਰਵਰਡ ਯੂਨੀਵਰਸਿਟੀ ਵਿਚ ਦਾਖਲਾ ਲੈਂਦੇ ਹਨ।ਟਰੰਪ ਪ੍ਰਸ਼ਾਸਨ ਨੇ ਯੂਨੀਵਰਸਿਟੀ ਵਿੱਚ ਵਿਦੇਸ਼ੀ ਵਿਦਿਆਰਥੀਆਂ ਦੇ ਦਾਖਲੇ 'ਤੇ ਰੋਕ ਲਗਾ ਦਿੱਤੀ ਹੈ। ਇਸ ਨਾਲ ਭਾਰਤ ਅਤੇ ਦੁਨੀਆ ਦੇ ਹੋਰ ਦੇਸ਼ਾਂ ਦੇ ਵਿਦਿਆਰਥੀਆਂ ਦੀਆਂ ਮੁਸ਼ਕਲਾਂ ਵੱਧ ਸਕਦੀਆਂ ਹਨ।ਰਿਪੋਰਟਾਂ ਮੁਤਾਬਕ



ਡਿਪਾਰਟਮੈਂਟ ਆਫ਼ ਹੋਮਲੈਂਡ ਸਿਕਿਓਰਿਟੀ ਦੀ ਸਕੱਤਰ ਕ੍ਰਿਸਟੀ ਨੋਏਮ ਵੱਲੋਂ ਹਾਰਵਰਡ ਯੂਨੀਵਰਸਿਟੀ ਨੂੰ ਇੱਕ ਪੱਤਰ ਭੇਜਿਆ ਗਿਆ ਜਿਸ ਵਿਚ ਕਿਹਾ ਗਿਆ ਕਿ ਮੈਂ ਤੁਹਾਨੂੰ ਇਹ ਸੂਚਿਤ ਕਰਨ ਲਈ ਲਿਖ ਰਹੀ ਹਾਂ ਕਿ ਹਾਰਵਰਡ ਯੂਨੀਵਰਸਿਟੀ ਦੇ ਵਿਦਿਆਰਥੀ ਅਤੇ ਅਕਾਦਮਿਕ ਐਕਸਚੇਂਜ ਦਾਖਲਾ ਪ੍ਰੋਗਰਾਮ ਦੀ ਮਾਨਤਾ ਰੱਦ ਕਰ ਦਿੱਤੀ ਗਈ ਹੈ, ਜੋ ਤੁਰੰਤ ਪ੍ਰਭਾਵ ਨਾਲ ਲਾਗੂ ਹੋਵੇਗੀ।ਹਾਰਵਰਡ ਦੇ ਅਧਿਕਾਰਤ ਰਿਕਾਰਡ ਮੁਤਾਬਕ ਹਰ ਸਾਲ 500 ਤੋਂ 800 ਭਾਰਤੀ ਵਿਦਿਆਰਥੀ ਇੱਥੇ ਦਾਖਲਾ ਲੈਂਦੇ ਹਨ। ਦੁਨੀਆ ਭਰ ਤੋਂ ਲਗਭਗ 6800 ਵਿਦਿਆਰਥੀ ਇੱਥੇ ਆਉਂਦੇ ਹਨ। ਇਸ ਸਾਲ 788 ਭਾਰਤੀ ਵਿਦਿਆਰਥੀਆਂ ਨੇ ਦਾਖਲਾ ਲਿਆ। ਹੁਣ ਅਜਿਹੀ ਸਥਿਤੀ ਵਿੱਚ ਇਨ੍ਹਾਂ ਵਿਦਿਆਰਥੀਆਂ ਦੀਆਂ ਮੁਸ਼ਕਲਾਂ ਵਧਣ ਵਾਲੀਆਂ ਹਨ।ਵਿਦੇਸ਼ੀ ਵਿਦਿਆਰਥੀਆਂ ਨੂੰ ਕਿਹਾ ਗਿਆ ਹੈ ਕਿ ਉਹ ਜਾਂ ਤਾਂ ਕਿਸੇ ਹੋਰ ਸੰਸਥਾ ਵਿੱਚ ਦਾਖਲਾ ਲੈਣ ਜਾਂ ਅਮਰੀਕਾ ਵਿੱਚ ਆਪਣਾ ਲੀਗਲ ਸਟੇਟਸ ਗੁਆ ਦੇਣ। ਇਸ ਲਈ ਭਾਰਤੀ ਵਿਦਿਆਰਥੀਆਂ ਕੋਲ ਕਿਸੇ ਹੋਰ ਸੰਸਥਾ ਵਿੱਚ ਦਾਖਲਾ ਲੈਣ ਦਾ ਬਦਲਾਅ ਹੋਵੇਗਾ। ਜੇ ਉਹ ਅਜਿਹਾ ਨਹੀਂ ਕਰਦੇ, ਤਾਂ ਉਨ੍ਹਾਂ ਨੂੰ ਅਮਰੀਕਾ ਛੱਡਣਾ ਪੈ ਸਕਦਾ ਹੈ।ਹਾਰਵਰਡ ਵਿੱਚ ਮੌਜੂਦਾ ਸਮੈਸਟਰ ਪੂਰਾ ਕਰਨ ਵਾਲੇ ਵਿਦਿਆਰਥੀਆਂ ਲਈ ਇੱਕ ਰਾਹਤ ਵਾਲੀ ਖ਼ਬਰ ਹੈ। ਉਹ ਆਪਣੀ ਗ੍ਰੈਜੂਏਸ਼ਨ ਪੂਰੀ ਕਰ ਸਕਣਗੇ। ਡਿਪਾਰਟਮੈਂਟ ਆਫ਼ ਹੋਮਲੈਂਡ ਸਿਕਿਓਰਿਟੀ ਦੀ ਸੈਕਟਰੀ ਕ੍ਰਿਸਟੀ ਨੋਏਮ ਨੇ ਆਪਣੇ ਪੱਤਰ ਵਿੱਚ ਇਸ ਦਾ ਜ਼ਿਕਰ ਕੀਤਾ ਹੈ। ਉਨ੍ਹਾਂ ਲਿਖਿਆ ਹੈ ਕਿ ਟਰੰਪ ਸਰਕਾਰ ਵੱਲੋਂ ਕੀਤੀ ਗਈ ਇਹ ਤਬਦੀਲੀ ਸਕੂਲ ਈਅਰ 2025-26 ਤੋਂ ਲਾਗੂ ਕੀਤੀ ਜਾਵੇਗੀ।

## ਟਰੰਪ ਦਾ ਈ. ਯੂ. 'ਤੇ ਵਾਰ! ਕਰਤੀ 50 ਫ਼ੀਸਦੀ ਟੈਰਿਫ਼ ਲਗਾਉਣ ਦੀ ਸਿਫਾਰਿਸ਼, 1 ਜੂਨ ਤੋਂ...

ਵਾਸ਼ਿੰਗਟਨ, 23 ਮਈ (ਚ.ਨ.ਸ.) : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਕਿ ਉਹ ਯੂਰਪੀਅਨ ਯੂਨੀਅਨ (ਈਯੂ) 'ਤੇ 50% ਟੈਰਿਫ ਲਗਾਉਣ ਦੀ ਸਿਫਾਰਸ਼ ਕਰ ਰਹੇ ਹਨ। ਇਹ ਨਵਾਂ ਟੈਕਸ 1 ਜੂਨ ਤੋਂ ਲਾਗੂ ਹੋਵੇਗਾ। ਟਰੰਪ ਨੇ ਆਪਣੀ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਯੂਰਪੀਅਨ ਯੂਨੀਅਨ ਨਾਲ ਵਪਾਰਕ ਗੱਲਬਾਤ ਬਹੁਤ ਮੁਸ਼ਕਲ ਰਹੀ ਹੈ ਅਤੇ ਉਨ੍ਹਾਂ ਦੀ ਚਰਚਾ ਅੱਗੇ ਨਹੀਂ ਵੱਧ ਰਹੀ ਹੈ।ਟਰੰਪ ਦਾ ਇਹ ਐਲਾਨ ਐਪਲ 'ਤੇ 25% ਟੈਕਸ ਲਗਾਉਣ ਦੀ ਧਮਕੀ ਦੇਣ ਤੋਂ ਥੋੜ੍ਹੀ ਦੇਰ ਬਾਅਦ ਆਇਆ, ਜਿਸ ਬਾਰੇ ਉਨ੍ਹਾਂ ਨੇ ਕਿਹਾ ਕਿ ਜੇਕਰ ਐਪਲ ਨੇ ਅਮਰੀਕਾ ਵਿੱਚ ਆਈਫੋਨ ਬਣਾਉਣਾ ਸ਼ੁਰੂ ਨਹੀਂ ਕੀਤਾ ਤਾਂ ਉਸਨੂੰ ਭੁਗਤਾਨ ਕਰਨਾ ਪਵੇਗਾ। ਟਰੰਪ ਦੇ ਬਿਆਨ ਤੋਂ ਬਾਅਦ, ਅਮਰੀਕੀ ਬਾਜ਼ਾਰ ਵਿੱਚ ਸਟਾਕ ਕੀਮਤਾਂ ਡਿੱਗ ਗਈਆਂ। ਇਸ ਤੋਂ ਪਤਾ ਲੱਗਦਾ ਹੈ ਕਿ ਟਰੰਪ ਫਿਰ ਤੋਂ ਉਨ੍ਹਾਂ ਚੀਜ਼ਾਂ 'ਤੇ ਭਾਰੀ ਟੈਕਸ ਲਗਾਉਣਾ ਚਾਹੁੰਦੇ ਹਨ ਜਿਨ੍ਹਾਂ ਤੋਂ ਉਹ ਸੰਤੁਸ਼ਟ ਨਹੀਂ ਹਨ।

# ਉੱਘੇ ਸਿੱਖ ਵਿਦਵਾਨ 'ਪਦਮ ਸ਼੍ਰੀ' ਡਾ. ਜੱਗੀ ਦਾ ਧਾਰਮਿਕ ਰਹੁ-ਰੀਤਾਂ ਤੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸਸਕਾਰ

☛ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਡਿਪਟੀ ਕਮਿਸ਼ਨਰ ਨੇ ਰੀਥ ਰੱਖਕੇ ਭੇਟ ਕੀਤੀ ਸ਼ਰਧਾਂਜਲੀ

☛ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਸਮੇਤ ਵੱਡੀ ਗਿਣਤੀ 'ਚ ਸਾਹਿਤਕ, ਸਮਾਜਿਕ, ਰਾਜਨੀਤਿਕ ਤੇ ਧਾਰਮਿਕ ਸ਼ਖ਼ਸੀਅਤਾਂ ਨੇ ਵਿਛੜੀ ਰੂਹ ਨੂੰ ਦਿੱਤੀ ਅੰਤਿਮ ਵਿਦਾਈ

ਪਟਿਆਲਾ, 23 ਮਈ (ਰੁਪਾਣਾ) : ਪੰਜਾਬੀ ਤੇ ਹਿੰਦੀ ਸਾਹਿਤ ਦੇ ਉਘੇ ਸਿੱਖ ਵਿਦਵਾਨ 'ਪਦਮ ਸ਼੍ਰੀ ਡਾ. ਰਤਨ ਸਿੰਘ ਜੱਗੀ (98 ਸਾਲ), ਜਿਨ੍ਹਾਂ ਦਾ ਬੀਤੇ ਦਿਨ ਦਿਹਾਂਤ ਹੋ ਗਿਆ ਸੀ, ਦੀ ਮ੍ਰਿਤਕ ਦੇਹ ਦਾ ਅੰਤਿਮ ਸਸਕਾਰ ਅੱਜ ਇੱਥੇ ਬੀਰ ਜੀ ਸਮਸ਼ਾਨਘਾਟ ਵਿਖੇ ਪੂਰੀਆਂ ਧਾਰਮਿਕ ਰਹੁ-ਰੀਤਾਂ ਤੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ। ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰ ਤੇ ਸੇਵਾ ਮੁਕਤ ਆਈ.ਏ.ਐਸ ਮਾਲਵਿੰਦਰ ਸਿੰਘ ਜੱਗੀ ਨੇ ਦਿਖਾਈ। ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਤਰਫ਼ੋਂ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਰੀਥ ਰੱਖਕੇ ਸ਼ਰਧਾਂਜਲੀ ਅਰਪਿਤ ਕੀਤੀ। ਜਦੋਂ ਕਿ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਵਧੀਕ ਡਾਇਰੈਕਟਰ (ਪ੍ਰਬੰਧ) ਸੰਦੀਪ ਸਿੰਘ ਗੜ੍ਹਾ ਸਮੇਤ ਹੋਰ ਸ਼ਖ਼ਸੀਅਤਾਂ ਨੇ ਵੀ ਰੀਥਾਂ ਰੱਖਕੇ ਡਾ. ਜੱਗੀ ਨੂੰ ਸ਼ਰਧਾਂਜਲੀ ਭੇਟ ਕੀਤੀ। ਪਟਿਆਲਾ ਪੁਲਿਸ ਦੀ ਹਥਿਆਰਬੰਦ ਟੁਕੜੀ ਨੇ ਹਥਿਆਰ ਉਲਟੇ ਕਰਕੇ ਅਤੇ ਫਾਇਰ ਕਰਕੇ ਸਲਾਮੀ ਦਿੱਤੀ।

ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਡਾ. ਰਤਨ ਸਿੰਘ ਜੱਗੀ ਪੰਜਾਬੀ ਤੇ ਹਿੰਦੀ ਸਿੱਖ ਸਾਹਿਤ ਦਾ ਅਨਮੋਲ ਖ਼ਜ਼ਾਨਾ ਸਨ, ਜਿਨ੍ਹਾਂ ਦੇ ਅਕਾਲ ਚਲਾਣੇ ਨਾਲ ਨਾ ਕੇਵਲ ਜੱਗੀ ਪਰਿਵਾਰ ਨੂੰ ਵੱਡਾ ਘਾਟਾ ਪਿਆ ਹੈ ਸਗੋਂ ਸਿੱਖ ਜਗਤ ਤੇ ਖਾਸ ਕਰਕੇ ਸਾਹਿਤਕ ਖੇਤਰ ਵਿੱਚ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਡਾ. ਰਤਨ ਸਿੰਘ ਜੱਗੀ ਆਪਣੇ ਪਿੱਛੇ ਸਾਹਿਤ ਜਗਤ ਲਈ ਆਪਣੀਆਂ ਲਿਖਤਾਂ ਦੇ ਰੂਪ ਵਿੱਚ ਅਨਮੋਲ ਖ਼ਜ਼ਾਨਾ ਛੱਡ ਗਏ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦਾ ਰਹੇਗਾ। ਇਸ ਮੌਕੇ ਡਾ. ਜੱਗੀ ਦੀ ਧਰਮ ਪਤਨੀ ਡਾ ਗੁਰਸ਼ਰਨ ਕੌਰ ਜੱਗੀ ਤੇ ਸਪੁੱਤਰ ਮਾਲਵਿੰਦਰ ਸਿੰਘ ਜੱਗੀ ਨੇ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਵਾਲਿਆਂ ਦਾ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਡਾ. ਰਤਨ ਸਿੰਘ ਜੱਗੀ



ਦੀਆਂ ਅਸਥੀਆਂ ਚੁਗਣ ਦੀ ਰਸਮ ਮਿਤੀ 24 ਮਈ ਨੂੰ ਸਵੇਰੇ 8 ਵਜੇ ਬੀਰ ਜੀ ਸਮਸ਼ਾਨਘਾਟ ਵਿਖੇ ਕੀਤੀ ਜਾਵੇਗੀ।

ਡਾ. ਰਤਨ ਸਿੰਘ ਜੱਗੀ ਦੇ ਅੰਤਿਮ ਸਸਕਾਰ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, 'ਪਦਮ ਸ਼੍ਰੀ' ਡਾ. ਜਗਜੀਤ ਸਿੰਘ ਦਰਦੀ, 'ਪਦਮ ਸ਼੍ਰੀ' ਪ੍ਰਾਣ ਸੱਭਰਵਾਲ ਸਮੇਤ ਪੰਜਾਬੀ ਯੂਨੀਵਰਸਿਟੀ ਤੋਂ ਵੱਡੀ ਗਿਣਤੀ ਮੌਜੂਦਾ ਤੇ ਸੇਵਾ ਮੁਕਤ ਫੈਕਲਟੀ ਤੇ ਹੋਰ ਅਮਲਾ, ਨਾਮਧਾਰੀ ਸੰਪਰਦਾ ਦੇ ਨੁਮਾਇੰਦੇ, ਸ਼ਿਵ ਸੈਨਾ ਹਿੰਦੁਸਤਾਨ ਦੇ ਕੌਮੀ ਪ੍ਰਧਾਨ ਪਵਨ ਗੁਪਤਾ, ਪ੍ਰੋ. ਕਿਰਪਾਲ ਸਿੰਘ, ਮਨਜੀਤ ਸਿੰਘ ਨਾਰੰਗ, ਸਾਬਕਾ ਡੀਪੀਆਰਓ ਉਜਾਗਰ ਸਿੰਘ, ਸ਼੍ਰੋਮਣੀ ਸਾਹਿਤਕਾਰ ਡਾ. ਦਰਸ਼ਨ ਸਿੰਘ ਆਸ਼ਟ, ਡਾ. ਮਨਮੋਹਨ ਸਹਿਗਲ ਤੇ ਡਾ. ਮਹੇਸ਼ ਗੌਤਮ, ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਨੁਮਾਇੰਦੇ, ਭਾਸ਼ਾ ਵਿਭਾਗ ਦੇ ਡਿਪਟੀ ਡਾਇਰੈਕਟਰ ਸਤਨਾਮ ਸਿੰਘ, ਅਲੋਕ ਚਾਵਲਾ, ਮਨਜਿੰਦਰ ਸਿੰਘ, ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਤੇ ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਵੱਲੋਂ ਡਾ. ਸੰਤੋਖ ਸਿੰਘ ਸੁੱਖੀ, ਕੁਲਵੰਤ ਸਿੰਘ ਨਾਰੀਕੇ, ਬਲਵਿੰਦਰ ਸਿੰਘ ਭੱਟੀ, ਕਸ਼ਮੀਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਧਾਰਮਿਕ, ਰਾਜਨੀਤਿਕ, ਸਮਾਜਿਕ ਤੇ ਸਾਹਿਤਕ ਸ਼ਖ਼ਸੀਅਤਾਂ ਨੇ ਜੱਗੀ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

ਜ਼ਿਕਰਯੋਗ ਹੈ ਕਿ ਡਾ. ਰਤਨ ਸਿੰਘ ਜੱਗੀ ਦਾ ਨਾਂ ਪੰਜਾਬੀ ਅਤੇ ਹਿੰਦੀ ਸਾਹਿਤ ਦੇ ਉਘੇ ਵਿਦਵਾਨਾਂ ਅਤੇ ਗੁਰਮਤਿ ਤੇ ਭਗਤੀ ਲਹਿਰ ਦੇ ਮਾਹਰਾਂ ਵਿੱਚ ਸ਼ੁਮਾਰ ਹਨ।ਉਨ੍ਹਾਂ 150 ਤੋਂ ਵੱਧ ਕਿਤਾਬਾਂ ਲਿਖੀਆਂ ਹਨ। ਸਾਹਿਤ ਤੇ ਸਿੱਖਿਆ ਦੇ ਖੇਤਰ ਵਿੱਚ ਪਾਏ ਯੋਗਦਾਨ ਸਦਕਾ ਉਨ੍ਹਾਂ ਨੂੰ ਭਾਰਤ ਸਰਕਾਰ ਨੇ 'ਪਦਮ ਸ਼੍ਰੀ', ਸਾਹਿਤ ਅਕਾਦਮੀ ਨੇ ਕੌਮੀ ਪੁਰਸਕਾਰ, ਪੰਜਾਬ ਸਰਕਾਰ ਨੇ ਪੰਜਾਬੀ ਸਾਹਿਤ ਸ਼੍ਰੋਮਣੀ ਪੁਰਸਕਾਰ ਨਾਲ ਸਨਮਾਨਿਆ। ਦਿੱਲੀ, ਹਰਿਆਣਾ ਤੇ ਉਤਰ ਪ੍ਰਦੇਸ਼ ਦੀਆਂ ਸਰਕਾਰਾਂ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨਤ ਕਰਨ ਤੋਂ ਇਲਾਵਾ ਉਨ੍ਹਾਂ ਨੂੰ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੇ ਆਨਰੇਰੀ ਡੀ. ਲਿਟ ਦੀ ਡਿਗਰੀ ਵੀ ਪ੍ਰਦਾਨ ਕੀਤੀ ਅਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਗਿਆਨ ਰਤਨ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ। ਭਾਸ਼ਾ ਵਿਭਾਗ ਪੰਜਾਬ ਵੱਲੋਂ ਅੱਠ ਵਾਰ ਪਹਿਲਾ ਪੁਰਸਕਾਰ ਹਾਸਲ ਕਰਨ ਤੋਂ ਇਲਾਵਾ ਵੱਖ-ਵੱਖ ਸਾਹਿਤ ਅਕਾਦਮੀਆਂ, ਵਿੱਦਿਅਕ, ਸਾਹਿਤਕ ਤੇ ਧਾਰਮਿਕ ਸੰਸਥਾਵਾਂ, ਸਰਕਾਰੀ ਤੇ ਗੈਰ ਸਰਕਾਰੀ ਸੰਗਠਨਾਂ ਵੱਲੋਂ ਵੀ ਸਨਮਾਨ ਮਿਲੇ ਸਨ।

# ਫਿਰੌਤੀ ਮੰਗਣ ਲਈ ਪਾਕਿਸਤਾਨੀ ਗਿਰੋਹ ਦੇ 9 ਮੈਂਬਰ ਕਾਬੂ

ਰੋਮ ਇਟਲੀ (ਗੁਰਸ਼ਰਨ ਸਿੰਘ ਸੋਨੀ) : ਕਈ ਵਾਰ ਲਾਲਚ ਬੰਦੇ ਨੂੰ ਅਜਿਹੇ ਮਕੜੀ ਜਾਲ ਵਿੱਚ ਫਸਾ ਲੈਂਦਾ ਹੈ ਜਿਸ ਦਾ ਪਤਾ ਫਿਰ ਸਲਾਖਾਂ ਵਿੱਚ ਜਾਣ ਤੋਂ ਬਾਅਦ ਹੀ ਲੱਗਦਾ ਹੈ ਅਜਿਹਾ ਹੀ ਇਟਲੀ ਵਿੱਚ ਰਹਿਣ



ਬਸੇਰਾ ਕਰਦੇ ਪਾਕਿਸਤਾਨੀ ਗਿਰੋਹ ਦੇ ਉਹਨਾਂ 9 ਮੈਂਬਰਾਂ ਨਾਲ ਹੋਇਆ ਜਿਹੜੇ ਕਿ ਮਜ਼ਬੂਰ ਤੇ ਬੇਵਸ ਲੋਕਾਂ ਨੂੰ ਇਟਲੀ ਪਹੁੰਚਾਉਣ ਦੇ ਇਰਾਦੇ ਨਾਲ ਰੱਜ ਕੇ ਲੁੱਟ ਤੇ ਕੁੱਟ ਦੇ ਪਰ ਇਸ ਗਿਰੋਹ ਨੂੰ ਨਹੀਂ ਪਤਾ ਸੀ ਕਿ ਇਟਲੀ ਦੀ ਪੁਲਸ ਉਹਨਾਂ ਦਾ ਇੱਕ ਦਿਨ ਸੋਧਾ ਲਗਾ ਹੀ ਦੇਵੇਗੀ।ਮਿਲੀ ਜਾਣਕਾਰੀ ਅਨੁਸਾਰ ਤ੍ਰੀਏਸਤੇ ਸਟੇਟ ਪੁਲਸਿ (ਪੁਲਿਸ ਹੈਡਕੁਆਰਟਰ ਦਾ ਮੋਬਾਈਲ ਸਕੁਐਡ ਅਤੇ ਸੈਂਟਰਲ ਆਪ੍ਰੇਸ਼ਨ ਸਰਵਸਿ), ਨੇ ਸਲੋਵੇਨੀਆ, ਕਰੋਸ਼ੀਆ ਅਤੇ ਬੋਸਨੀਆ ਅਤੇ ਹਰਜ਼ੇਗੋਵਨਿਾ ਦੇ ਪੁਲਸ ਬਲਾਂ ਦੇ ਸਹਿਯੋਗ ਨਾਲ, ਅਨਿਯਮਿਤ ਇਮੀਗ੍ਰੇਸ਼ਨ ਤਹਿਤ ਕੰਮ ਕਰਨ ਵਾਲੇ ਇੱਕ ਸੰਗਠਨ ਦਾ ਪਰਦਾ ਫਾਸ਼ ਕੀਤਾ ਹੈ।ਇਹ ਕਾਰਵਾਈ ਦੁਆਰਾ ਪਾਕਿਸਤਾਨੀ ਮੂਲ ਦੇ 9 ਲੋਕਾਂ ਖਿਲਾਫ਼ ਸੰਗੀਨ ਜੁਰਮ ਤਹਿਤ ਕੇਸ ਦਰਜ ਕੀਤਾ ਹੈ ਜਿਹਨਾਂ ਨੂੰ ਡਕੈਤੀ, ਜਬਰੀ ਵਸੂਲੀ, ਜਬਰੀ ਵਸੂਲੀ ਦੇ ਉਦੇਸ਼ ਨਾਲ ਅਗਵਾ ਅਤੇ ਗੰਭੀਰ ਹਮਲੇ ਵਰਗੇ ਹੋਰ ਅਪਰਾਧਾਂ ਲਈ ਦੋਸ਼ੀ ਪਾਇਆ ਗਿਆ ਹੈ।ਫਰਵਰੀ 2024 ਵਿੱਚ 2 ਭਾਰਤੀ ਮੂਲ ਦੇ ਇੱਕ ਅਨਿਯਮਿਤ ਪ੍ਰਵਾਸੀਆਂ ਦੁਆਰਾ ਦਾਇਰ ਕੀਤੀ ਗਈ ਸ਼ਿਕਾਇਤ ਤੋਂ ਬਾਅਦ ਪੁਲਸ ਵੱਲੋਂ ਬਹੁਤ ਹੀ ਬਾਰੀਕੀ ਨਾਲ ਸ਼ੁਰੂ ਹੋਈ ਸੀ, ਇਹ ਗਿਰੋਹ ਜੰਗਲੀ ਰਸਤਿਆਂ ਰਾਹੀਂ ਤਸਕਰਾਂ ਦੀ ਅਗਵਾਈ ਵਿੱਚ ਬੋਸਨੀਆ, ਕ੍ਰੋਏਸ਼ੀਆ, ਸਲੋਵੇਨੀਆ ਅਤੇ ਇਟਲੀ ਦੀਆਂ ਸਰਹੱਦਾਂ ਨੂੰ ਗੁਪਤ ਰੂਪ ਵਿੱਚ ਪਾਰ ਕਰਦਾ ਸੀ। ਇਸ ਪਾਕਿਸਤਾਨੀ ਗਿਰੋਹ ਦਾ ਭਾਂਡਾ ਉਸ ਸਮੇ ਫੁੱਟ ਗਿਆ ਜਦੋਂ ਇਹਨਾਂ ਗੈਰ-ਕਾਨੂੰਨੀ ਇਟਲੀ ਪਹੁੰਚੇ ਦੋ ਭਾਰਤੀਆਂ ਨੂੰ ਘਰ ਵਿੱਚ ਬੰਦੀ ਬਣਾਕੇ ਰੱਖਿਆ ।ਇਸ ਸੰਦਰਭ ਵਿੱਚ ਉਹਨਾਂ ਦੋ ਭਾਰਤੀ ਨਾਗਰਕਿਾਂ ਨੂੰ ਸਰੀਰਕ ਅਤੇ ਮਾਨਸਕਿ ਹਿੰਸਾ ਦਾ ਸ਼ਿਕਾਰ ਬਣਾਇਆ ਸੀ। ਪਾਕਿਸਤਾਨੀ ਗਿਰੋਹ ਨੇ ਬੰਦੀ ਭਾਰਤੀਆਂ ਨੂੰ ਤਸੀਹੇ ਦਿੰਦਿਆਂ ਇੱਕ ਵਿਸ਼ੇਸ਼ ਵੀਡਿਓ ਬਣਾ ਭਾਰਤ ਪੀੜ੍ਹਤ ਬੰਦੀ ਭਾਰਤੀਆਂ ਦੇ ਘਰ ਰਿਸ਼ਤੇਦਾਰਾਂ ਨੂੰ ਭੇਜੀ ਤੇ 2000 ਯੂਰੋ ਦੀ ਰਕਮ ਦੀ ਮੰਗ ਕੀਤੀ।

# ਸੰਯੁਕਤ ਕਿਸਾਨ ਮੋਰਚੇ ਵੱਲੋਂ ਜ਼ਬਰ ਵਿਰੋਧੀ ਰੈਲੀ ਦੀਆਂ ਤਿਆਰੀਆਂ ਮੁਕੰਮਲ

### ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਗ੍ਰਿਫ਼ਤਾਰ ਕੀਤੇ ਕਾਰਕੁੰਨਾਂ ਨੂੰ ਰਿਹਾਅ ਕਰਨ ਦੀ ਕੀਤੀ ਮੰਗ



ਸੰਗਰੂਰ 23 ਮਈ ( ਹਰਕੰਵਲ ਸਿੰਘ ਹੈਪੀ ) : ਸਥਾਨਕ ਕਾਮਰੇਡ ਤੇਜਾ ਸਿੰਘ ਸੁਤੰਤਰ ਭਵਨ ਵਿਖੇ ਸੰਯੁਕਤ ਕਿਸਾਨ ਮੋਰਚੇ ਦੀ ਮੀਟਿੰਗ ਕੁੱਲ ਹਿੰਦ ਕਿਸਾਨ ਸਭਾ ਅਜੇ ਭਵਨ ਦੇ ਸੂਬਾ ਆਗੂ ਬਲਦੇਵ ਸਿੰਘ ਨਿਹਾਲਗੜ੍ਹ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਸੂਬੇ ਦੇ ਫੈਸਲੇ ਅਨੁਸਾਰ 26 ਮਈ ਨੂੰ ਸੰਗਰੂਰ ਦੀ ਦਾਨਾ ਮੰਡੀ ਵਿਖੇ ਜਬਰ ਵਿਰੋਧੀ ਰੈਲੀ ਕਰਨ ਦੇ ਦਿੱਤੇ ਸੱਦੇ ਦੀਆਂ ਤਿਆਰੀਆਂ ਸਬੰਧੀ ਚਰਚਾ ਕੀਤੀ ਗਈ ਅਤੇ ਅੱਜ ਦੀ ਮੀਟਿੰਗ ਵਿੱਚ ਸਰਬ ਸੰਮਤੀ ਨਾਲ ਨਿੰਦਾ ਮਤਾ ਪਾਸ ਕਰਦਿਆਂ 20 ਮਈ ਨੂੰ ਜੀਂਦ ਰਿਆਸਤ ਦੇ ਰਾਜੇ ਦੀ ਜਮੀਨ ਦੇ ਕਬਜ਼ੇ ਸਬੰਧੀ ਸੰਘਰਸ਼ ਕਰ ਰਹੇ ਜਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ 500 ਦੇ ਕਰੀਬ ਕਾਰਕੁਨਾਂ ਨੂੰ ਜੇਲੀ ਡੱਕਣ ਦੀ ਸਖਤ ਨਿੰਦਾ ਕਰਦੇ ਹੋਏ ਮਜ਼ਦੂਰਾਂ ਨੂੰ ਤੁਰੰਤ ਰਿਹਾ ਕਰਨ ਦੀ ਮੰਗ ਵੀ ਕੀਤੀ। ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਬੀਕੇਯੂ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਸਕੱਤਰ ਦਰਬਾਰਾ ਸਿੰਘ ਛਾਜਲਾ,ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਭੁਪਿੰਦਰ ਸਿੰਘ ਲੌਂਗੋਵਾਲ,ਬੀਕੇਯੂ ਰਾਜੇਵਾਲ ਦੇ ਜ਼ਿਲਾ ਮੀਤ ਪ੍ਰਧਾਨ ਦਰਸ਼ਨ ਕੁਮਾਰ ਲਿਦੜਾ,ਬੀਕੇਯੂ ਡਕੌਂਦਾ ਧਨੇਰ ਦੇ ਆਗੂ ਬਹਾਦਰ ਸਿੰਘ ਘਰਾਚੋਂ,ਬੀਕੇਯੂ ਡਕੌਂਦਾ ਬੁਰਜ ਗਿੱਲ ਦੇ ਆਗੂ ਧਿਆਨ ਸਿੰਘ ਭੱਟੀਵਾਲ,ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਆਗੂ ਇੰਦਰਪਾਲ ਸਿੰਘ ਪੁੰਨਾਵਾਲ,ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਆਗੂ ਊਧਮ ਸਿੰਘ ਸੰਤੋਖਪੁਰਾ ਨੇ ਦੱਸਿਆ ਕਿ ਜੋ ਪਿਛਲੇ 25 ਅਪ੍ਰੈਲ ਨੂੰ ਕਿਰਤੀ ਕਿਸਾਨ ਯੂਨੀਅਨ ਦੇ ਯੂਥ ਦੇ ਜ਼ਿਲ੍ਹਾ ਪ੍ਰਧਾਨ ਨਿਰਭੈ ਸਿੰਘ ਖਾਈ ਤੇ ਕਾਤਲਾਨਾ ਹਮਲਾ ਕਰਨ ਵਾਲਿਆਂ ਨੂੰ ਪੁਲਿਸ ਵੱਲੋਂ ਅਜੇ ਤੱਕ ਗਿਰਫਤਾਰ ਨਹੀਂ ਕੀਤਾ ਗਿਆ ਕੈਬਨਟ ਮੰਤਰੀ ਵਰਿੰਦਰ ਗੋਇਲ ਦੇ ਦਬਾਅ ਕਾਰਨ ਪੁਲਿਸ ਦੋਸ਼ੀਆਂ ਨਾਲ ਨਰਮੀ ਵਾਲਾ ਵਤੀਰਾ ਅਪਣਾ ਰਹੀ ਹੈ ਤੇ ਦੋ ਦੋਸ਼ੀਆਂ ਨੂੰ ਕਥਿਤ ਤੌਰ ਤੇ ਜਮਾਨਤ ਲੈਣ ਵਿੱਚ ਵੀ ਪੁਲਿਸ ਵੱਲੋਂ ਮਦਦ ਕੀਤੀ ਗਈ। ਕਿਸਾਨ ਆਗੂ ਤੇ ਹੋਏ ਇਸ ਜਬਰ ਦੇ ਖਿਲਾਫ ਸੰਗਰੂਰ ਦਾਨਾ ਮੰਡੀ ਵਿਖੇ 26 ਮਈ ਨੂੰ ਵਿਸ਼ਾਲ ਰੋਸ ਰੈਲੀ ਕਰਨ ਉਪਰੰਤ ਡੀਸੀ ਦਫਤਰ ਸੰਗਰੂਰ ਤੱਕ ਰੋਸ ਮੁਜ਼ਾਹਰਾ ਕੀਤਾ ਜਾਵੇਗਾ। ਜਿਲੇ ਅੰਦਰ ਵੱਖ-ਵੱਖ ਜਥੇਬੰਦੀਆਂ ਵੱਲੋਂ ਇਸ ਰੋਸ ਮੁਜਾਹਰੇ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਭਗਵੰਤ ਮਾਨ ਸਰਕਾਰ ਲਗਾਤਾਰ ਸੰਘਰਸ਼ੀ ਕਿਸਾਨਾਂ ਮਜ਼ਦੂਰਾਂ ਤੇ ਜਬਰ ਦਾ ਕੁਹਾੜਾ ਤੇਜ਼ ਕਰ ਰਹੀ ਹੈ। ਪਿੰਡ ਜਿਉਂਦ ਵਿਖੇ ਅਤੇ ਚਾਉਕੇ ਵਿਖੇ ਸੰਘਰਸ਼ੀ ਕਿਸਾਨਾ ਤੇ ਪੁਲਿਸ ਵੱਲੋਂ ਜਬਰ ਕੀਤਾ ਗਿਆ ਇਸੇ ਤਰ੍ਹਾਂ ਬਾਇਓਗੈਸ ਫੈਕਟਰੀ ਦੇ ਖਿਲਾਫ ਪਿੰਡ ਅਖਾੜਾ ਵਿਖੇ ਸੰਘਰਸ਼ ਕਰ ਰਹੇ ਕਿਸਾਨਾਂ ਤੇ ਜਬਰ ਕੀਤਾ ਗਿਆ ਤੇ ਸੰਗਰੂਰ ਵਿਖੇ ਕਿਸਾਨ ਆਗੂ ਤੇ ਆਮ ਆਦਮੀ ਪਾਰਟੀ ਦੇ ਮੰਤਰੀ ਦੀ ਸਹਿ ਤੇ ਗੁੰਡਾ ਗਰੋਹ ਵੱਲੋਂ ਹਮਲਾ ਕਰਕੇ ਗੰਭੀਰ ਜ਼ਖਮੀ ਕੀਤਾ ਗਿਆ। ਇਹ ਸਾਰੇ ਮਾਮਲੇ ਕਿਸਾਨ ਲਹਿਰ ਨੂੰ ਦਬਾਉਣ ਨਾਲ ਸੰਬੰਧਿਤ ਹਨ ਪਰ ਲਹਿਰ ਇਹਨਾਂ ਹਮਲਿਆਂ ਅੱਗੇ ਨਹੀਂ ਝੁਕੇਗੀ ਸਗੋਂ ਇਹਨਾਂ ਹਮਲਿਆਂ ਦਾ ਟਾਕਰਾ ਜਥੇਬੰਦਕ ਸੰਘਰਸ਼ ਰਾਹੀਂ ਕੀਤਾ ਜਾਵੇਗਾ। ਅੱਜ ਦੀ ਮੀਟਿੰਗ ਵਿੱਚ ਕਿਸਾਨ ਆਗੂ ਨਿਰਮਲ ਸਿੰਘ ਬਟੜਿਆਣਾ,ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਰਨੈਲ ਸਿੰਘ ਜਹਾਂਗੀਰ,ਦਰਸ਼ਨ ਸਿੰਘ ਕੁੰਨਰਾ,ਜੁਝਾਰ ਸਿੰਘ ਬਡਰੁੱਖਾਂ,ਕੌਰ ਸਿੰਘ ਘਰਾਚੋਂ,ਮਨੀ ਸਿੰਘ ਭੈਣੀ ਗੰਢੂਆਂ,ਕਰਮਜੀਤ ਸਿੰਘ ਮੰਗਵਾਲ , ਸੁਖਦੇਵ ਸਿੰਘ ਉਭਾਵਾਲ ਹਾਜ਼ਰ ਸਨ।

# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਬਿਨਾਂ ਲਾਇਸੰਸ ਪ੍ਰੀਗਾਬਾਲਿਨ ਸਾਲਟ ਦੇ ਕੈਪਸੂਲ ਤੇ ਗੋਲੀਆਂ ਰੱਖਣ 'ਤੇ ਪਾਬੰਦੀ



ਫ਼ਤਹਿਗੜ੍ਹ ਸਾਹਿਬ, 23 ਮਈ : (ਹਰਪ੍ਰੀਤ ਕੌਰ ਟਿਵਾਣਾ ) :ਜ਼ਿਲ੍ਹਾ ਮੈਜਿਸਟ੍ਰੇਟ ਡਾ. ਸੋਨਾ ਥਿੰਦ ਨੇ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ (ਬੀ.ਐਨ.ਐਸ.ਐਸ) 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੀ ਹਦੂਦ ਅੰਦਰ ਪ੍ਰੀਗਾਬਾਲਿਨ ਸਾਲਟ ਦੇ ਕੈਪਸੂਲ ਤੇ ਗੋਲੀਆਂ ਨੂੰ ਬਿਨਾਂ ਲਾਇਸੰਸ ਅਤੇ ਮਨਜ਼ੂਰਸ਼ੁਦਾ ਮਾਤਰਾ ਤੋਂ ਵੱਧ ਮਾਤਰਾ ਵਿੱਚ ਰੱਖਣ ਤੇ ਪਾਬੰਦੀ ਲਗਾਈ ਹੈ।ਜ਼ਿਲ੍ਹਾ ਮੈਜਿਸਟਰੇਟ ਵੱਲੋਂ ਪ੍ਰੀਗਾਬਾਲਿਨ ਸਾਲਟ ਦੇ ਵੇਚੇ ਗਏ ਕੈਪਸੂਲ ਤੇ ਗੋਲੀਆਂ ਦੇ ਬਿਲ ਆਦਿ ਦਾ ਰਿਕਾਰਡ ਮੇਨਟੇਨ ਕਰਨ ਅਤੇ ਸਿਰਫ ਡਾਕਟਰ ਦੀ ਤਜਵੀਜ਼ ਸਲਿੱਪ ਰਾਹੀਂ ਹੀ ਵੇਚਣ ਦੇ ਆਦੇਸ਼ ਵੀ ਦਿੱਤੇ ਗਏ ਹਨ। ਇਹ ਹੁਕਮ 23 ਜੁਲਾਈ, 2025 ਤੱਕ ਲਾਗੂ ਰਹਿਣਗੇ।ਜਿਕਰਯੋਗ ਹੈ ਕਿ ਸੀਨੀਅਰ ਕਪਤਾਨ ਪੁਲਿਸ, ਫਤਿਹਗੜ੍ਹ ਸਾਹਿਬ ਦੇ ਦਫ਼ਤਰ ਦੇ ਪੱਤਰ ਨੰ. 1490/ਏ.ਸੀ-3 ਮਿਤੀ 23-7-2024 ਰਾਹੀਂ ਬੇਨਤੀ ਕੀਤੀ ਗਈ ਸੀ ਕਿ ਨਸ਼ੇ ਤਸਕਰਾਂ ਖਿਲਾਫ ਐਸ.ਟੀ.ਐਫ ਵੱਲੋਂ ਕੀਤੀ ਜਾ ਰਹੀ ਕਾਰਵਾਈ ਦੌਰਾਨ ਸਾਹਮਣੇ ਆਇਆ ਹੈ ਕਿ ਪ੍ਰੀਗਾਬਾਲਿਨ ਸਾਲਟ ਦੇ ਕੈਪਸੂਲ/ਗੋਲੀਆਂ ਦੀ ਵਰਤੋਂ ਲੋਕਾਂ ਵਲੋਂ ਨਸ਼ੇ ਦੇ ਤੌਰ ਤੇ ਕੀਤੀ ਜਾ ਰਹੀ ਹੈ। ਇਹ ਸਾਲਟ ਫਿਲਹਾਲ ਐਨ.ਡੀ.ਪੀ.ਐਸ ਐਕਟ ਦੇ ਦਾਇਰੇ ਵਿੱਚ ਨਹੀਂ ਆਉਂਦਾ। ਸਪੈਸ਼ਲ ਡਾਇਰੈਕਟਰ ਜਨਰਲ ਪੁਲਿਸ, ਐਸ.ਟੀ.ਐਫ ਵੱਲੋਂ ਮਿਤੀ 08 ਜੁਲਾਈ 2024 ਨੂੰ ਕੀਤੀ ਗਈ ਕਰਾਇਮ ਮੀਟਿੰਗ ਦੌਰਾਨ ਉਕਤ ਵਿਸ਼ੇ ਨੂੰ ਵਿਚਾਰ ਕੇ ਡਿਪਟੀ ਕਮਿਸ਼ਨਰ ਨਾਲ ਰਾਬਤਾ ਕਰਕੇ ਜ਼ਿਲ੍ਹੇ ਦੇ ਅਧਿਕਾਰ ਖੇਤਰ ਵਿੱਚ ਪ੍ਰੀਗਾਬਾਲਿਨ ਸਾਲਟ ਦੇ ਕੈਪਸੂਲ/ਗੋਲੀਆਂ ਨੂੰ ਬਿਨਾਂ ਲਾਇਸੰਸ ਰੱਖਣ, ਮਨਜ਼ੂਰਸ਼ੁਦਾ ਮਾਤਰਾ ਤੋਂ ਵੱਧ ਰੱਖਣ/ਵੇਚਣ ਤੇ ਪਾਬੰਦੀ ਲਗਾਉਣ, ਪ੍ਰੀਗਾਬਾਲਿਨ ਸਾਲਟ ਦੇ ਕੈਪਸੂਲ/ਗੋਲੀਆਂ ਦੇ ਬਿੱਲਾਂ ਆਦਿ ਦਾ ਰਿਕਾਰਡ ਮੇਨਟੇਨ ਕਰਨ ਅਤੇ ਇਹ ਦਵਾਈ ਸਿਰਫ ਡਾਕਟਰ ਵੱਲੋਂ ਦਿੱਤੀ ਗਈ ਸਲਿੱਪ ਤੇ ਹੀ ਵੇਚਣ ਬਾਰੇ ਧਾਰਾ 163 ਬੀ.ਐਨ.ਐਸ.ਐਸ. 2023 ਤਹਿਤ ਹੁਕਮ ਜਾਰੀ ਕਰਨ ਦੀ ਜ਼ਰੂਰਤ ਬਾਰੇ ਕਿਹਾ ਗਿਆ ਹੈ।

# ਪੈਰਾਡਾਈਜ ਪਬਲਿਕ ਸਕੂਲ ਕੋਟ ਮਜਲਸ ਦਾ ਨਤੀਜਾ 100 ਫੀਸਦੀ ਰਿਹਾ



ਫਤਿਹਗੜ੍ਹ ਚੂੜੀਆਂ, 23 ਮਈ (ਰਾਜਨ ਸ਼ਰਮਾ)ਫਤਿਹਗੜ੍ਹ ਚੂੜੀਆਂ ਦੇ ਨਜ਼ਦੀਕ ਇਲਾਕੇ ਦੀ ਨਾਮਵਰ ਸੰਸਥਾ ਪੈਰਾ ਡਾਈਜ ਪਬਲਿਕ ਸਕੂਲ ਕੋਟ ਮਜਲਸ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਗੁਰਦੀਪ ਸਿੰਘ ਕੋਟ ਮਜਲਸ ਅਤੇ ਪ੍ਰਿੰਸੀਪਲ ਸ੍ਰੀਮਤੀ ਰਮਨਦੀਪ ਕੌਰ ਦੀ ਯੋਗ ਅਗਵਾਈ ਹੇਠ ਸੰਸਥਾ ਦੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਸਕੂਲ ਦਾ ਨਤੀਜਾ 100 ਫੀਸਦੀ ਰਿਹਾ ਪ੍ਰਿੰਸੀਪਲ ਸ੍ਰੀਮਤੀ ਰਮਨਦੀਪ ਕੌਰ ਨੇ ਦੱਸਿਆ ਕਿ ਸਕੂਲ ਦੇ ਨਤੀਜੇ ਹਰ ਸਾਲ ਬਹੁਤ ਵਧੀਆ ਆਉਂਦੇ ਹਨ ਇਸ ਸਾਲ ਹਰ ਮਨ ਦੀਪ ਕੌਰ ਕੋਟ ਮਜਲਸ ਨੇ 91 ਫੀਸਦੀ, ਹਰਮਨ ਪ੍ਰੀਤ ਕੌਰ ਦਮੋਦਰ 90 ਫੀਸਦੀ ,ਹਰ ਸਿਮਰਨ ਜੀਤ ਸਿੰਘ ਨੇ 88 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਦੂਸਰਾ ਤੇ ਤੀਸਰਾ ਸਥਾਨ ਪ੍ਰਾਪਤ ਕੀਤਾ ਮਨਪ੍ਰੀਤ ਕੌਰ, ਪਵਨਦੀਪ ਸਿੰਘ ,ਅਮਨਦੀਪ ਕੌਰ, ਹਰਮਨਦੀਪ ਸਿੰਘ, ਸੁਮਨਦੀਪ ਕੌਰ ਨੇ 80 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਤੇ ਮਾਪਿਆਂ ਦਾ ਨਾਂ ਰੋਸ਼ਨ ਕੀਤਾ ਚੇਅਰਮੈਨ ਗੁਰਦੀਪ ਸਿੰਘ ਨੇ ਨਤੀਜਿਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਪ੍ਰਾਪਤੀ ਸਮੂਹ ਅਧਿਆਪਕਾਂ ਦੀ ਸਖਤ ਮਿਹਨਤ ਅਤੇ ਪ੍ਰਿੰਸੀਪਲ ਦੀ ਯੋਗ ਅਗਵਾਈ ਦਾ ਫਲ ਹੈ ਇਸ ਮੌਕੇ ਅਧਿਆਪਕ ਸਪਨਾ, ਸੁਮਨਦੀਪ ਕੌਰ ,ਸਰਬਜੀਤ ਕੌਰ, ਗੁਰਮੀਤ ਕੌਰ, ਹਰਪ੍ਰੀਤ ਕੌਰ, ਅਮਨਦੀਪ ਕੌਰ, ਸਰਨਦੀਪ ਕੌਰ, ਰਾਜਵਿੰਦਰ ਕੌਰ, ਸਿਮਰਨਜੀਤ ਕੌਰ, ਗੁਰਪ੍ਰੀਤ ਕੌਰ ,ਮਨਦੀਪ ਕੌਰ ਅਤੇ ਪ੍ਰਬੰਧਕ ਕਮੇਟੀ ਮੈਂਬਰ ਹਾਜ਼ਰ ਸਨ

# ਆਪਣੇ ਬਲੱਡ ਪ੍ਰੈਸ਼ਰ ਨੂੰ ਸਹੀ ਢੰਗ ਨਾਲ ਮਾਪੋ, ਕੰਟਰੋਲ ਕਰੋ, ਲੰਬੇ ਸਮੇਂ ਤੱਕ ਜੀਓ

ਕਾਦੀਆ ,23 ਮਈ:- (ਸਲਾਮ ਤਾਰੀ/ ਸਿਕੰਦਰ ਸੰਧੂ) ਸਿਵਲ ਸਰਜਨ ਗੁਰਦਾਸਪੁਰ ਡਾ ਜਸਵਿੰਦਰ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾਂ , ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾਕਟਰ ਤਜਿੰਦਰ ਕੌਰ ਦੇ ਮਾਰਗਦਰਸ਼ਨ ਅਤੇ ਕਾਰਜਕਾਰੀ ਐਸ ਐਮ ਓ ਡਾਕਟਰ ਮੋਹਪ੍ਰੀਤ ਸਿੰਘ ਦੀ ਅਗਵਾਈ ਹੇਠ ਬਲਾਕ ਭਾਮ ਵਿਖੇ ਹਾਈਪਰਟੈਂਸ਼ਨ ਯਾਨੀ ਹਾਈ ਬਲੱਡ ਪ੍ਰੈਸ਼ਰ ਸਿਹਤ ਸੰਭਾਲ ਸੰਬਧੀ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ ਅਤੇ ਸਾਈਕਲ ਰੈਲੀਆਂ ਕੱਢੀਆਂ ਜਾ ਰਹੀਆਂ ਹਨ। ਇਸੇ ਉਦੇਸ਼ ਦੀ ਪੂਰਤੀ ਹੇਠ ਅੱਜ ਪਿੰਡ ਹਰਚੋਵਾਲ ਵਿਖੇ ਗੈਰ ਸੰਚਾਰੀ ਰੋਗ ਦਾ ਕੈਂਪ ਲਗਾਇਆ ਗਿਆ ਬਲਕਿ ਜਾਗਰੂਕਤਾ ਸਾਈਕਲ ਰੈਲੀ ਵੀ ਕੱਢੀ ਗਈ। ਇਸ ਮੌਕੇ ਜਾਣਕਾਰੀ ਦਿੰਦਿਆ ਬੀ ਈ ਈ ਸੁਰਿੰਦਰ ਕੌਰ ਨੇ ਕਿਹਾ ਕਿ ਹਾਈਪਰਟੈਨਸ਼ਨ ਕਈ ਤਰ੍ਹਾਂ ਦੀਆਂ ਸਿਹਤ ਸਮੱਸਿਆਵਾਂ ਦਾ ਮੁੱਖ ਕਾਰਨ ਹੈ ਜਿਵੇਂ ਕਿ ਸਟ੍ਰੋਕ, ਦਿਲ ਦੇ ਦੌਰੇ ਅਤੇ ਗੁਰਦੇ ਦੀ ਬਿਮਾਰੀ, ਅਤੇ ਇਹ ਡਿਮੇਨਸ਼ੀਆ (ਦਿਮਾਗੀ ਕਮਜ਼ੋਰੀ) ਵਿੱਚ ਵੀ ਯੋਗਦਾਨ ਪਾ ਸਕਦੀ ਹੈ। ਬਹੁਤ ਸਾਰੇ ਲੋਕ ਜੋ ਹਾਈਪਰਟੈਨਸ਼ਨ ਤੋਂ ਪੀੜਤ ਹੁੰਦੇ ਹਨ, ਉਹਨਾਂ ਨੂੰ ਇਹ ਪਤਾ ਨਹੀਂ ਹੁੰਦਾ ਕਿ ਉਹ ਇਸ ਬੀਮਾਰੀ ਨਾਲ ਗ੍ਰਸਤ ਹਨ ਕਿਉਂਕਿ ਇਸਦਾ ਕੋਈ ਵੀ ਲੱਛਣ ਨਹੀਂ ਹੋ ਸਕਦਾ, ਅਕਸਰ ਲੋਕਾਂ ਨੂੰ ਦਿਲ ਦਾ ਦੌਰਾ ਪੈਣ ਜਾਂ ਦੌਰਾ ਪੈਣ ਤੋਂ ਬਾਅਦ ਹੀ ਪਤਾ ਲੱਗਦਾ ਹੈ। ਸੀ ਐਚ ਓ ਮੈਡਮ ਕੋਮਲ ਨੇ ਦੱਸਿਆ ਕਿ ਜੀਵਨਸ਼ੈਲੀ ਵਿੱਚ ਮਹੱਤਵਪੂਰਨ ਤਬਦੀਲੀਆਂ, ਜਿਵੇਂ ਕਿ ਚੰਗੀ-ਸੰਤੁਲਿਤ ਖੁਰਾਕ , ਲੂਣ ਦੀ ਮਾਤਰਾ ਘੱਟ, ਸ਼ਰਾਬ ਦੀ ਵਰਤੋ ਨਾ ਕਰਨਾ, ਨਿਯਮਤ ਸਰੀਰਕ ਗਤੀਵਿਧੀ ਕਰਨਾ, ਤਣਾਅ ਦਾ ਪ੍ਰਬੰਧਨ ਕਰਨਾ, ਸਹੀ ਸ਼ਰੀਰਕ ਭਾਰ ਬਣਾ ਕੇ ਰੱਖਣਾ, ਸਿਗਰਟਨੋਸ਼ੀ ਨਾ ਕਰਨਾ, ਆਪਣੀਆਂ ਦਵਾਈਆਂ ਸਹੀ ਢੰਗ ਨਾਲ ਲੈਣਾ ਅਤੇ ਆਪਣੇ ਡਾਕਟਰ ਦੀ ਸਲ੍ਹਾਹ ਤੇ ਕੰਮ ਕਰਨਾ ਆਦਿ ਨਾਲ ਕਾਫੀ ਹੱਦ ਤੱਕ ਬਲੱਡ ਪ੍ਰੈਸਰ ਨੂੰ ਕਾਬੂ ਵਿੱਚ ਰੱਖਿਆ ਜਾ ਸਕਦਾ ਹੈ। ਵਿਸ਼ਵ ਦੀ ਆਬਾਦੀ ਦਾ 30 ਪ੍ਰਤੀਸ਼ਤ ਤੋਂ ਵੱਧ, ਭਾਵ ਵਿਸ਼ਵ ਦੀ 1 ਅਰਬ ਤੋਂ ਵੱਧ ਆਬਾਦੀ ਹਾਈਪਰਟੈਨਸ਼ਨ ਤੋਂ ਪ੍ਰਭਾਵਿਤ ਹੈ। ਇਸ ਮੌਕੇ ਤੇ ਬੀ ਈ ਈ ਸੁਰਿੰਦਰ ਕੌਰ, ਸੀ ਐਚ ਓ ਮੈਡਮ ਕੋਮਲ, ਐਲ ਐਚ ਵੀ ਕੁਲਵਿੰਦਰ ਕੌਰ,ਹੈਲਥ ਇੰਸਪੈਕਟਰ ਹਰਪਿੰਦਰ ਸਿੰਘ, ਸਰਬਜੀਤ ਸਿੰਘ ਮਲਟੀਪਰਪਜ਼ ਹੈਲਥ ਵਰਕਰ, ਸ਼੍ਰੀਮਤੀ ਰੀਨਾ ਏ ਐਨ ਐਮ, ਸ਼ਿਵਦਿਆਲ ਸਿੰਘ , ਸਤਿੰਦਰ ਕੌਰ, ਮਨਜੀਤ ਕੌਰ, ਲਖਵਿੰਦਰ ਕੌਰ, ਬਲਬੀਰ ਕੌਰ ਆਸ਼ਾ ਆਦਿ ਮੌਜੂਦ ਰਹੇ।

# ਨਕਲੀ ਸ਼ਰਾਬ ਦੀ ਸਪਲਾਈ ਰੋਕਣ 'ਚ ਫੇਲ੍ਹ ਸਾਬਤ ਹੋਈ 'ਆਪ'ਸਰਕਾਰ: ਰਾਜੂ ਖੰਨਾ



ਅਮਲੋਹ, 23 ਮਈ ( ਚ.ਨ.ਸ.) :ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਤੇ ਹਲਕਾ ਅਮਲੋਹ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੇ ਲੁਧਿਆਣਾ ਵਿਖੇ ਜ਼ਹਿਰੀਲੀ ਸ਼ਰਾਬ ਪੀਣ ਨਾਲ 3 ਵਿਅਕਤੀਆਂ ਦੀ ਹੋਈ ਮੌਤ ਤੇ ਗਹਿਰਾ ਦੁੱਖ ਪ੍ਰਗਟ ਕਰਦਿਆਂ ਸਦਮੇ ਵਿੱਚ ਡੁੱਬੇ ਪਰਿਵਾਰਾਂ ਪ੍ਰਤੀ ਜਿਥੇ ਅੱਜ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਮਦਰਦੀ ਪ੍ਰਗਟ ਕੀਤੀ । ਉਥੇ ਉਨ੍ਹਾਂ ਕਿਹਾ ਕਿ ਸੂਬੇ ਚ ਨਕਲੀ ਸ਼ਰਾਬ ਦੇ ਉਤਪਾਦਨ ਅਤੇ ਸਪਲਾਈ ਨੂੰ ਕੰਟਰੋਲ ਕਰਨ ਅਤੇ ਰੋਕਣ ਚ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਬੁਰੀ ਤਰ੍ਹਾਂ ਫੇਲ ਸਾਬਤ ਹੋ ਚੁੱਕੀ ਹੈ। ਜਿਸ ਲਈ ਨੈਤਿਕ ਜ਼ਿੰਮੇਵਾਰੀ ਲੈਂਦੇ ਹੋਏ ਮੁੱਖ ਮੰਤਰੀ ਭਗਵੰਤ ਮਾਨ ਨੂੰ ਤੁਰੰਤ ਅਸਤੀਫ਼ਾ ਦੇ ਦੇਣਾ ਚਾਹੀਦਾ ਹੈ। ਰਾਜੂ ਖੰਨਾ ਨੇ ਅੱਗੇ ਕਿਹਾ ਕਿ ਅੰਮ੍ਰਿਤਸਰ ਦੇ ਮਜੀਠਾ ਚ ਜ਼ਹਿਰੀਲੀ ਸ਼ਰਾਬ ਕਾਂਡ ਚ 28 ਵਿਅਕਤੀਆਂ ਦੀ ਮੌਤ ਤੋਂ ਬਾਅਦ ਕੁਝ ਦਿਨਾਂ ਚ ਇਹ ਦੂਸਰੀ ਘਟਨਾ ਹੈ। ਉਨ੍ਹਾਂ ਕਿਹਾ ਕਿ ਇਹ ਹੋਰ ਵੀ ਜ਼ਿਆਦਾ ਹੈਰਾਨ ਕਰ ਦੇਣ ਵਾਲੀ ਗੱਲ ਹੈ ਕਿ ਪੀੜਤਾਂ ਨੇ ਕਥਿਤ ਤੌਰ ਤੇ ਸਰਕਾਰ ਵਲੋਂ ਮਨਜ਼ੂਰਸ਼ੁਦਾ ਵਿਕ੍ਰੇਤਾ ਤੋਂ ਸ਼ਰਾਬ ਖਰੀਦੀ ਸੀ।ਰਾਜੂ ਖੰਨਾ ਨੇ ਕਿਹਾ ਕਿ ਨਕਲੀ ਸ਼ਰਾਬ ਬਣਾਉਣ ਵਾਲੇ ਸਰਕਾਰ ਦਾ ਮਜ਼ਾਕ ਉਡਾ ਰਹੇ ਹਨ, ਕਿਉਂਕਿ ਉਨ੍ਹਾਂ ਨੂੰ ਕਾਨੂੰਨ ਦਾ ਕੋਈ ਡਰ ਨਹੀਂ ਹੈ। ਉਨ੍ਹਾਂ ਕਿਹਾ ਕਿ 15 ਦਿਨ ਪਹਿਲਾਂ ਅਜਿਹੀ ਹੀ ਭਿਆਨਕ ਤ੍ਰਾਸਦੀ ਹੋਈ ਸੀ, ਅਤੇ ਹੁਣ ਲੁਧਿਆਣਾ ਚ ਇਕ ਹੋਰ ਘਟਨਾ ਵਾਪਰੀ ਹੈ। ਸਰਕਾਰ ਦੇ ਕਥਿਤ 'ਨਸ਼ੀਲੇ ਪਦਾਰਥਾਂ ਵਿਰੁੱਧ ਯੁੱਧ ਦੀ ਇਸ ਤੋਂ ਬਦਤਰ ਤੱਥ ਜਾਂਚ ਨਹੀਂ ਹੋ ਸਕਦੀ, ਜਦੋਂ ਕਿ ਲੋਕ ਨਕਲੀ ਸ਼ਰਾਬ ਨਾਲ ਮਰ ਰਹੇ ਹਨ।ਰਾਜੂ ਖੰਨਾ ਕਿਹਾ ਕਿ ਨਸ਼ੇ ਤੇ ਜਿੱਤ ਦਾ ਦਾਅਵਾ ਕਰਨ ਦੀ ਬਜਾਏ, ਇਸ ਸਰਕਾਰ-ਨੂੰ ਸ਼ਰਮ ਨਾਲ ਆਪਣਾ ਸਿਰ ਝੁਕਾਉਣਾ ਚਾਹੀਦਾ ਹੈ

# ਖ਼ਾਲਸਾ ਕਾਲਜ ਗੁਰਦਾਸ ਨੰਗਲ ਵਿਖੇ ਲਾਇਬ੍ਰੇਰੀ ਦੀ ਮਹੱਤਤਾ ਸਬੰਧੀ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ

### ਆਨਲਾਈਨ ਕਿਤਾਬਾਂ ਲੱਭਣ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ



ਧਾਰੀਵਾਲ 23 ਮਈ ( ਅਸ਼ੋਕ ਕੁਮਾਰ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਅਤੇ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਦੀ ਦੇਖ-ਰੇਖ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਅਜੋਕੇ ਵਿਦਿਆਰਥੀ ਵਰਗ ਨੂੰ ਲਾਇਬ੍ਰੇਰੀ ਦੀ ਮਹੱਤਤਾ ਤੋਂ ਜਾਣੂ ਕਰਵਾਉਣ ਲਈ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਜੀ ਦੇ ਦਿਸ਼ਾ ਨਿਰਦੇਸ਼ ਅਧੀਨ ਕਾਲਜ ਲਾਇਬ੍ਰੇਰੀਅਨ ਸਰਬਜੀਤ ਕੌਰ ਨੇ ਇਹ ਪ੍ਰੋਗਰਾਮ ਉਲੀਕਿਆ। ਇਸ ਪ੍ਰੋਗਰਾਮ ਵਿੱਚ ਕਾਲਜ ਦੇ 10+1 ਅਤੇ 10+2 ਕਲਾਸਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਮੌਕੇ ਵਿਦਿਆਰਥੀਆਂ ਨੂੰ ਲਾਇਬ੍ਰੇਰੀ ਕਾਰਡ ਬਣਾਉਣ ਸਬੰਧੀ ਜਾਗਰੂਕ ਕੀਤਾ ਗਿਆ। ਵਿਦਿਆਰਥੀਆਂ ਨੂੰ ਆਨਲਾਈਨ ਕਿਤਾਬਾਂ ਲੱਭਣ ਅਤੇ ਮੁਫ਼ਤ ਕਿਤਾਬ ਵੈੱਬਸਾਈਟ ਤੋਂ ਕਿਤਾਬਾਂ ਪੜ੍ਹਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੂੰ ਅਜੋਕੇ ਸਮੇਂ ਦੇ ਹਾਣੀ ਬਣਨ ਲਈ ਈ-ਜਰਨਲ ਅਤੇ ਈ-ਮੈਗਜ਼ੀਨ ਪੜ੍ਹਨ ਅਤੇ ਵੱਧ ਤੋਂ ਵੱਧ ਗਿਆਨ ਹਾਸਲ ਕਰਨ ਲਈ ਪ੍ਰੇਰਿਤ ਕੀਤਾ ਗਿਆ। ਲਾਇਬ੍ਰੇਰੀਅਨ ਸਰਬਜੀਤ ਕੌਰ ਨੇ ਵਿਦਿਆਰਥੀਆਂ ਨੂੰ ਕਿਤਾਬਾਂ ਦੀ ਮਹੱਤਤਾ ਨੂੰ ਸਮਝਣ ਅਤੇ ਇਹਨਾਂ ਦੀ ਸਾਂਭ ਸੰਭਾਲ ਕਰਨ ਦੀ ਗੱਲ ਵੀ ਆਖੀ। ਕਾਲਜ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਕਿਤਾਬਾਂ ਵਿਦਿਆਰਥੀ ਜੀਵਨ ਦਾ ਅਨਮੋਲ ਗਹਿਣਾ ਹਨ। ਕਿਤਾਬਾਂ ਨੂੰ ਪਿਆਰ ਕਰਨ ਵਾਲੇ ਵਿਦਿਆਰਥੀ ਜ਼ਿੰਦਗੀ ਵਿੱਚ ਹਮੇਸ਼ਾ ਕਾਮਯਾਬ ਹੁੰਦੇ ਹਨ। ਉਹਨਾਂ ਕਿਹਾ ਕਿ ਅਜੋਕੇ ਸਮੇਂ ਦੀ ਨਜ਼ਾਕਤ ਨੂੰ ਸਮਝਦੇ ਹੋਏ ਵਿਦਿਆਰਥੀ ਵਰਗ ਨੂੰ ਕਿਤਾਬਾਂ ਨਾਲ ਜੋੜੀ ਰੱਖਣ ਲਈ ਅਜਿਹੇ ਪ੍ਰੋਗਰਾਮ ਕਰਵਾਏ ਜਾਣੇ ਚਾਹੀਦੇ ਹਨ। ਇਸ ਮੌਕੇ ਕਾਲਜ ਦੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

# ਬਟਾਲਾ ਪੁਲਿਸ ਨੇ 700 ਮੋਬਾਇਲ ਫੋਨ ਰਿਕਵਰ ਕੀਤੇ



ਬਟਾਲਾ, 23 ਮਈ (ਸੁਖਦੇਵ ਸਿੰਘ ਰੰਧਾਵਾ ਬਲਬੀਰ ਸੋਹਲ) : ਸੁਹੇਲ ਮੀਰ, ਸੀਨੀਅਰ ਪੁਲਿਸ ਕਪਤਾਨ ਬਟਾਲਾ ਵੱਲੋਂ ਅੱਜ ਤੋਂ ਕਰੀਬ 7 ਮਹੀਨੇ ਪਹਿਲਾਂ ਗੁੰਮ ਹੋਏ ਮੋਬਾਇਲਾਂ ਨੂੰ ਟਰੇਸ ਕਰਕੇ ਉਨ੍ਹਾਂ ਦੇ ਅਸਲ ਮਾਲਕਾਂ ਦੇ ਹਵਾਲੇ ਕਰਨ ਲਈ ਇੱਕ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਸੀ ਜਿਸ ਦਾ ਨਾਮ ਸੀ ਤੁਹਾਡਾ ਗੁੰਮ ਹੋਇਆ ਮੋਬਾਇਲ ਹੁਣ ਵਾਪਸ ਤੁਹਾਡੇ ਹੱਥ। ਇਸ ਮੁਹਿੰਮ ਦੀ ਲੜੀ ਵਿਚ ਬਟਾਲਾ ਪੁਲਿਸ ਵੱਲੋਂ ਹੁਣ ਤੱਕ ਪਿਛਲੇ 7 ਮਹੀਨਿਆ ਵਿਚ 700 ਮੋਬਾਇਲ ਫੋਨ ਜਿਨ੍ਹਾ ਦੀ ਮਾਰਕਿਟ ਕੀਮਤ ਕ੍ਰੀਬ 1.5 ਕਰੋੜ ਰੁਪਏ ਦੇ ਕ੍ਰੀਬ ਸੀ ਨੂੰ ਟਰੇਸ ਕਰਕੇ ਉਨ੍ਹਾਂ ਦੇ ਅਸਲ ਮਾਲਕਾਂ ਦੇ ਹਵਾਲੇ ਕਰਨ ਕੀਤਾ ਜਾ ਚੁੱਕਾ ਹੈ। ਬਟਾਲਾ ਪੁਲਿਸ ਵੱਲੋਂ ਅੱਜ ਸ਼ਿਵ ਔਡੀਟੋਰੀਅਮ ਬਟਾਲਾ ਵਿਖੇ ਚੌਥੇ ਸੈਮੀਨਾਰ ਦੌਰਾਨ ਗੁੰਮ ਹੋਏ 200 ਮੋਬਾਇਲ ਫੋਨ ਜਿੰਨਾ ਦੀ ਮਾਰਕੀਟ ਕੀਮਤ ਕ੍ਰੀਬ 50 ਲੱਖ ਰੁਪਏ ਦੇ ਕ੍ਰੀਬ ਸੀ ਨੂੰ ਪੰਜਾਬ ਭਰ ਵਿਚੋਂ ਅਤੇ ਦੇਸ਼ ਭਰ ਦੇ ਵੱਖ ਵੱਖ ਰਾਜਾਂ ਵਿਚੋਂ ਟਰੇਸ ਕਰਕੇ ਉਨ੍ਹਾਂ ਦੇ ਅਸਲ ਮਾਲਕਾਂ ਦੇ ਹਵਾਲੇ ਕੀਤਾ ਗਿਆ।ਪੱਤਰਕਾਰਾਂ ਨਾਲ ਜਾਣਕਾਰੀ ਸਾਂਝੀ ਕਰਦੇ ਹੋਏ ਐਸ.ਐਸ.ਪੀ ਬਟਾਲਾ ਵੱਲੋਂ ਦੱਸਿਆ ਗਿਆ ਕਿ ਬਟਾਲਾ ਪੁਲਿਸ ਵੱਲੋਂ ਇਸ ਵਿਸ਼ੇਸ਼ ਮੁਹਿੰਮ ਸਦਕਾ ਥਾਣਾ ਸਾਇਬਰ ਕ੍ਰਾਇਮ ਬਟਾਲਾ ਵਿਖੇ ਤਾਇਨਾਤ ਹੈੱਡ ਕਾਂਸਟੇਬਲ ਜਤਿੰਦਰ ਸਿੰਘ ਵੱਲੋਂ ਦਿਨ ਰਾਤ ਮਿਹਨਤ ਕਰਕੇ ਪਬਲਿਕ ਦੇ ਗੁੰਮ ਹੋਏ ਮੋਬਾਇਲ ਨੂੰ ਟਰੇਸ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਬਟਾਲਾ ਪੁਲਿਸ ਦਾ ਇਹ ਉਪਰਾਲਾ ਅੱਗੇ ਵੀ ਇਸ ਤਰਾਂ ਜਾਰੀ ਰਹੇਗਾ। ਉਨ੍ਹਾਂ ਪਬਲਿਕ ਨੂੰ ਮੀਡੀਆ ਰਾਹੀਂ ਅਪੀਲ ਕਿ ਉਹ ਆਪਣੇ ਗੁੰਮ ਹੋਏ ਮੋਬਾਇਲ ਸਬੰਧੀ ਸੂਚਨਾ ਆਪਣੇ ਨਜਦੀਕੀ ਸਾਂਝ ਕੇਂਦਰ ਦੇ ਕੇ ਥਾਣਾ ਸਾਇਬਰ ਕ੍ਰਾਇਮ ਬਟਾਲਾ ਨਾਲ ਜਰੂਰ ਸੰਪਰਕ ਕਰਨ। ਬਟਾਲਾ ਪੁਲਿਸ ਪਬਲਿਕ ਦੇ ਗੁੰਮ ਹੋਏ ਮੋਬਾਇਲਾਂ ਨੂੰ ਟਰੇਸ ਕਰਕੇ ਉਨ੍ਹਾਂ ਦੇ ਅਸਲ ਮਾਲਕਾਂ ਤੱਕ ਪਹੁੰਚਾਉਣ ਅਤੇ ਉਨ੍ਹਾਂ ਦੇ ਚਿਹਰਿਆਂ ਤੇ ਖੁਸ਼ੀ ਵਾਪਸ ਲਿਆਉਣ ਲਈ ਲਈ ਪੂਰੀ ਤਰਾਂ ਵਚਨਬੱਧ ਹੈ

# ਟਿੱਪਰ ਚਾਲਕ ਬੇਖ਼ੌਫ਼ ਕਰ ਰਹੇ ਨੇ ਜੰਗਲਾਤ ਰਕਬੇ ਦਾ ਉਜਾੜਾ

### ਪ੍ਰਸ਼ਾਸ਼ਨ ਬਣਿਆ ਮੂਕ-ਦਰਸ਼ਕ

ਗੜ੍ਹਸ਼ੰਕਰ 23 ਮਈ ( ਅਜਮੇਰ ਸਿੰਘ ਭਨੋਟ) ਗੜ੍ਹਸ਼ੰਕਰ ਤੋਂ ਨੰਗਲ ਰੋਡ ਤੇ ਪੈਂਦੇ ਪਿੰਡ ਸਾਹਪੁਰ ਅਤੇ ਸਦਰਪੁਰ ਤੋਂ ਕੰਢੀ ਨਹਿਰ ਦੇ ਨਾਲ ਨਾਲ ਪਿੰਡ ਚਾਂਦਪੁਰ ਰੁੜਕੀ ਤੱਕ ਜੰਗਲਾਤ ਰਕਬੇ ਦੇ ਵਿੱਚ ਮਾਈਨਿੰਗ ਮਾਫੀਆ ਵੱਲੋਂ ਬਣਾਏ ਗਏ ਗੈਰ ਕਾਨੂੰਨੀ ਰਸਤਾ ਕੱਢਿਆ ਗਿਆ ਹੈ.ਜਾਣਕਾਰੀ ਦਿੰਦੇ ਹੋਏ ਸਾਹਪੁਰ ਦੇ ਸਾਬਕਾ ਸਰਪੰਚ ਜਸਵੰਤ ਸਿੰਘ,ਸੁਖਵਿੰਦਰ ਸੰਧੂ, ਡਾਕਟਰ ਮਨਜੀਤ ਸਿੰਘ, ਹੈਪੀ ਅਤੇ ਹੋਰਾਂ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਕੰਢੀ ਕਨਾਲ ਨਹਿਰ ਦੇ ਨਾਲ ਮਾਈਨਿੰਗ ਮਾਫੀਏ ਵੱਲੋਂ ਜੰਗਲਾਤ ਵਿਭਾਗ ਦੀ ਮਿਲੀ ਭੁਗਤ ਦੇ ਨਾਲ ਇਹ ਗੈਰ ਕਾਨੂੰਨੀ ਤਰੀਕੇ ਨਾਲ ਪਿੰਡ ਸਾਹਪੁਰ,ਸਦਰਪੁਰ ਤੋਂ ਪਿੰਡ ਚਾਂਦਪੁਰ ਰੁੜਕੀ ਤੱਕ 7 ਕਿਲੋਮੀਟਰ ਲੰਬਾ ਅਤੇ 22 ਫੁੱਟ ਚੌੜਾ ਰਸਤਾ ਬਣਾਇਆ ਹੋਇਆ ਹੈ ਜਿਸ ਦੇ ਵਿੱਚ ਚਾਂਦਪੁਰ ਰੁੜਕੀ ਦੇ ਕਰੈਸ਼ਰ ਦਾ ਮਟੀਰੀਅਲ ਓਵਰਲੋਡ ਟਿੱਪਰਾਂ ਰਾਹੀਂ ਇਸ ਰਸਤੇ ਤੇ ਹੋ ਕੇ ਗੁਜ਼ਰਦਾ ਹੈ ਜਿਸ ਦੇ ਕਾਰਨ ਜੰਗਲਾਤ ਵਿਭਾਗ ਅਤੇ ਜੰਗਲੀ ਰਕਬੇ ਅਤੇ ਕੰਢੀ ਨਹਿਰ ਦਾ ਵੀ ਬਹੁਤ ਜ਼ਿਆਦਾ ਨੁਕਸਾਨ ਹੋ ਰਿਹਾ ਹੈ,ਉੱਥੇ ਹੀ ਆਲੇ ਦੁਆਲੇ ਪਿੰਡਾਂ ਦੇ ਵਿੱਚ ਗੈਰ ਕਾਨੂੰਨੀ ਮਾਈਨਿੰਗ ਦਾ ਵੀ ਬੋਲਬਾਲਾ ਹੈ.ਉਹਨਾਂ ਦੱਸਿਆ ਕਿ ਇਨ੍ਹਾਂ ਓਵਰਲੋਡ ਟਿੱਪਰਾਂ ਦੇ ਲੰਘਣ ਦੇ ਕਾਰਨ ਪਿੰਡ ਸਦਰਪੁਰ,ਕੁਨੈਲ,ਚੱਕਰੋਤਾ, ਜਮਾਲਪੁਰ,ਚਾਂਦਪੁਰ ਰੁੜਕੀ ਆਦਿ ਪਿੰਡਾਂ ਦਾ ਜੰਗਲਾਤ ਰਕਬਾ ਪੂਰੀ ਤਰ੍ਹਾਂ ਦੇ ਨਾਲ ਨੁਕਸਾਨਿਆ ਜਾ ਰਿਹਾ ਹੈ ਅਤੇ ਇਹਨਾਂ ਓਵਰਲੋਡ ਟਿੱਪਰਾਂ ਦੀਆਂ ਆਵਾਜ਼ਾਂ ਕਾਰਨ ਲੋਕਾਂ ਦਾ ਜਿਉਣਾ ਵੀ ਔਖਾ ਹੋਇਆ ਪਿਆ ਹੈ.ਉਹਨਾਂ ਕਿਹਾ ਕਿ ਇਹਨਾਂ ਓਵਰਲੋਡ ਟਿੱਪਰਾਂ ਦੇ ਕਾਰਨ ਪਿੰਡਾਂ ਦੀਆਂ ਸੜਕਾਂ ਅਤੇ ਜੰਗਲ ਦਾ ਵੀ ਭਾਰੀ ਨੁਕਸਾਨ ਹੋ ਰਿਹਾ ਹੈ.ਇਲਾਕਾ ਵਾਸੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਬੰਧਿਤ ਵਿਭਾਗ ਵੱਲੋਂ ਇਸ ਗੈਰ ਕਾਨੂੰਨੀ ਰਸਤੇ ਨੂੰ ਬੰਦ ਨਾ ਕੀਤਾ ਗਿਆ ਤਾਂ ਉਹ ਆਲੇ ਦੁਆਲੇ ਪਿੰਡਾਂ ਦੇ ਲੋਕਾਂ ਨੂੰ ਨਾਲ ਲੈਕੇ ਜੰਗਲਾਤ ਵਿਭਾਗ ਦੇ ਦਫਤਰ ਦਾ ਘਿਰਾਉ ਕਰਨਗੇ ਜਿਸ ਦੀ ਜ਼ੁਮੇਵਾਰੀ ਮਹਿਕਮੇ ਅਤੇ ਸਰਕਾਰ ਦੀ ਹੋਵੇਗੀ.ਇਸ ਮੌਕੇ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ.ਸੁਖਵਿੰਦਰ ਸਿੰਘ ਨੇ ਕਿਹਾ ਰਸਤਾ ਬੰਦ ਕਰਵਾਉਣ ਸਬੰਧੀ ਪਿਛਲੇ ਦਿਨੀ ਵਿਭਾਗ ਨੂੰ ਮੰਗ ਪੱਤਰ ਵੀ ਦੇ ਚੁੱਕੇ ਹਾਂ ਪਰ ਅਜੇ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ ।ਜਦੋਂ ਇਸ ਸਬੰਧੀ ਜੰਗਲਾਤ ਵਿਭਾਗ ਦੇ ਰੇਜ ਅਫ਼ਸਰ ਜਸਵੰਤ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਤੁਸੀਂ ਦਫ਼ਤਰ ਆਉ ਬੈਠ ਕੇ ਸਾਰੀ ਗੱਲਬਾਤ ਦੱਸਾਂਗੇ ਅਤੇ ਡਰਾਈਵਿੰਗ ਕਰ ਰਿਹਾ ਹਾਂ।

# ਡਾ.ਉਬਰਾਏ ਵੱਲੋਂ ਦੁਬਈ 'ਚ ਆਤਮ ਹੱਤਿਆ ਕਰਨ ਵਾਲੇ ਜਸ਼ਨਦੀਪ ਦੇ ਪਰਿਵਾਰ ਦੀ ਮਦਦ

### ਮ੍ਰਿਤਕ ਦੀ ਪਤਨੀ ਤੇ ਬਜ਼ੁਰਗ ਮਾਂ ਨੂੰ ਟਰੱਸਟ ਦੇਵੇਗਾ ਮਹੀਨਾਵਾਰ ਪੈਨਸ਼ਨ



ਜ਼ੀਰਾ, 23 ਮਈ (ਦੀਪਕ ਭਾਰਗੋ) : ਲੋੜਵੰਦਾਂ ਦੇ ਮਸੀਹਾ ਵਜੋਂ ਜਾਣੇ ਜਾਂਦੇ ਦੁਬਈ ਦੇ ਉੱਘੇ ਕਾਰੋਬਾਰੀ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਸਰਪ੍ਰਸਤ ਡਾ.ਐਸ.ਪੀ.ਸਿੰਘ ਓਬਰਾਏ ਵੱਲੋਂ ਬਸਤੀ ਮਲਸੀਆਂ (ਜ਼ੀਰਾ) ਨਾਲ ਸਬੰਧਿਤ ਮ੍ਰਿਤਕ ਜਸ਼ਨਦੀਪ ਸਿੰਘ, ਜਿਸ ਨੇ ਕੁਝ ਸਮਾਂ ਪਹਿਲਾਂ ਦੁਬਈ ਚ ਆਤਮਹੱਤਿਆ ਕਰ ਲਈ ਸੀ ਦੇ ਪਰਿਵਾਰ ਦੀ ਮੁਸ਼ਕਿਲ ਘੜੀ ਚ ਬਾਂਹ ਫੜ੍ਹਦਿਆਂ ਉਨ੍ਹਾਂ ਦੀ ਵੱਡੀ ਮਦਦ ਕੀਤੀ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਡਾ.ਐਸ.ਪੀ. ਸਿੰਘ ਉਬਰਾਏ ਨੇ ਦੱਸਿਆ ਕਿ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ ਵੱਲੋਂ ਉਨ੍ਹਾਂ ਦੇ ਧਿਆਨ ਵਿਚ ਲਿਆਂਦਾ ਗਿਆ ਸੀ ਕਿ ਆਪਣੇ ਪਰਿਵਾਰ ਦੇ ਬਿਹਤਰ ਭਵਿੱਖ ਲਈ ਕਰਜ਼ਾ ਚੁੱਕ ਕੇ ਬੀਤੀ 26 ਅਪ੍ਰੈਲ ਨੂੰ ਦੁਬਈ ਗਏ ਜਸ਼ਨਦੀਪ ਸਿੰਘ ਵੱਲੋਂ ਮਾਤਰ 20 ਦਿਨਾਂ ਬਾਅਦ ਹੀ ਭਾਵ 15 ਮਈ ਨੂੰ ਕਿਸੇ ਕਾਰਨ ਆਤਮ ਹੱਤਿਆ ਕਰ ਲਈ ਸੀ। ਉਨ੍ਹਾਂ ਦੱਸਿਆ ਕਿ ਮ੍ਰਿਤਕ ਆਪਣੇ ਪਿੱਛੇ ਆਪਣੀ ਪਤਨੀ,8 ਮਹੀਨਿਆਂ ਦੇ ਬੇਟੇ ਤੋਂ ਇਲਾਵਾ ਬਜ਼ੁਰਗ ਮਾਪਿਆਂ ਨੂੰ ਰੋਂਦਿਆਂ ਛੱਡ ਗਿਆ ਹੈ। ਉਨ੍ਹਾਂ ਕਿਹਾ ਕਿ ਪਰਿਵਾਰ ਦੀ ਆਰਥਿਕ ਹਾਲਤ ਨੂੰ ਵੇਖਦਿਆਂ ਟਰੱਸਟ ਨੇ ਫੈਸਲਾ ਕੀਤਾ ਹੈ ਕਿ ਉਸਦੀ ਵਿਧਵਾ ਪਤਨੀ ਅਤੇ ਬਜ਼ੁਰਗ ਮਾਂ ਨੂੰ ਘਰ ਦੇ ਗੁਜ਼ਾਰੇ ਲਈ ਦੋ-ਦੋ ਹਜ਼ਾਰ ਰੁਪਏ ਮਹੀਨਾਵਾਰ ਪੈਨਸ਼ਨ ਦਿੱਤੀ ਜਾਵੇਗੀ। ਮ੍ਰਿਤਕ ਜਸ਼ਨਦੀਪ ਸਿੰਘ ਦੇ ਪਰਿਵਾਰਕ ਮੈਂਬਰਾਂ ਨੇ ਡਾ.ਐੱਸ.ਪੀ.ਸਿੰਘ ਓਬਰਾਏ ਦਾ ਇਸ ਵੱਡੇ ਉਪਰਾਲੇ ਲਈ ਤਹਿ ਦਿਲੋਂ ਸ਼ੁਕਰਾਨਾ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਪਰਿਵਾਰ ਇਸ ਔਖੀ ਘੜੀ ਵੇਲੇ ਕੀਤੀ ਗਈ ਵੱਡੀ ਮਦਦ ਨੂੰ ਹਮੇਸ਼ਾ ਯਾਦ ਰੱਖੇਗਾ। ਜਸ਼ਨਦੀਪ ਦੇ ਅੰਤਿਮ ਸੰਸਕਾਰ ਮੌਕੇ ਪੀੜਤ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ, ਜ਼ਿਲ੍ਹਾ ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ, ਜ਼ਿਲ੍ਹਾ ਸਲਾਹਕਾਰ ਅਤੇ ਇੰਚਾਰਜ ਜੀਰਾ ਰਣਜੀਤ ਸਿੰਘ ਰਾਏ, ਜ਼ਿਲ੍ਹਾ ਸਲਾਹਕਾਰ ਅਤੇ ਇੰਚਾਰਜ ਇਸਤਰੀ ਵਿੰਗ ਜੀਰਾ ਬਲਵਿੰਦਰ ਕੌਰ ਲਹੁਕੇ, ਜਗਸੀਰ ਸਿੰਘ ਲੈਬ ਇੰਚਾਰਜ ਜੀਰਾ, ਮੈਂਬਰ ਮਹਾਂਵੀਰ ਸਿੰਘ ਹਾਜ਼ਰ ਸਨ।

# ਟੂਟੀਆਂ 'ਚ ਆ ਰਹੇ ਗੰਧਲ਼ੇ ਪਾਣੀ ਕਾਰਨ ਲੋਕਾਂ ਦੀ ਹੋਈ ਸਿਹਤ ਖਰਾਬ

ਸੰਗਰੂਰ 23 ਮਈ (ਮੋਹਣ ਸ਼ਰਮਾ) ਪਿੱਛਲੇ ਕਾਫੀ ਦਿਨਾਂ ਤੋਂ ਸ਼ਹਿਰ ਦੇ ਸਲੱਮ ਏਰੀਏ ਵਿੱਚ ਟੂਟੀਆਂ ਚ ਆ ਰਹੇ ਗੰਧਲ਼ੇ ਪਾਣੀ ਕਾਰਨ ਲੋਕਾਂ ਦੀ ਸਿਹਤ ਖਰਾਬ ਹੁੰਦੀ ਜਾ ਰਹੀ ਹੈ ਜਿਸ ਦੇ ਚਲਦਿਆਂ ਸਥਾਨਕ ਅਜੀਤ ਨਗਰ ਬਸਤੀ ਅਤੇ ਗੰਗਾ ਰਾਮ ਬਸਤੀ ਦੇ ਵੱਡੀ ਗਿਣਤੀ ਲੋਕ ਸਿਵਲ ਹਸਪਤਾਲ ਵਿਖੇ ਭਰਤੀ ਹੋ ਰਹੇ ਹਨ ਜਿਨ੍ਹਾਂ ਦਾ ਹਾਲ ਜਾਨਣ ਲਈ ਪਹੁੰਚੇ ਸ਼੍ਰੀ ਦਰਸ਼ਨ ਸਿੰਘ ਕਾਂਗੜਾ ਕੌਮੀ ਪ੍ਰਧਾਨ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਨੇ ਮੌਕੇ ਤੇ ਹੀ ਸਿਵਲ ਹਸਪਤਾਲ ਵਿਖੇ ਦਾਖਲ ਮਰੀਜ਼ਾਂ ਦੇ ਇਲਾਜ ਸਬੰਧੀ ਸਬੰਧਤ ਡਾਕਟਰ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦਾ ਮੁਫ਼ਤ ਇਲਾਜ ਕਰਵਾਉਣ ਲਈ ਕਿਹਾ ਇਸ ਦੇ ਨਾਲ ਹੀ ਉਨ੍ਹਾਂ ਸਿਵਲ ਸਰਜਨ ਸੰਗਰੂਰ ਨੂੰ ਫੋਨ ਕਰਕੇ ਇਹਨਾਂ ਬਸਤੀਆਂ ਵਿੱਚ ਸਿਹਤ ਵਿਭਾਗ ਦੀਆਂ ਟੀਮਾਂ ਭੇਜ ਕੇ ਘਰ - ਘਰ ਲੋਕਾਂ ਦੀ ਸਿਹਤ ਦੀ ਜਾਂਚ ਕਰਨ ਅਤੇ ਭਾਣੀ ਦੇ ਸੈਂਪਲ ਲੈਣ ਲਈ ਕਿਹਾ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਕਿ ਸੂਬੇ ਦੀ ਸਰਕਾਰ ਲੋਕਾਂ ਦੀ ਸਿਹਤ ਪ੍ਰਤੀ ਰੱਤੀ ਭਰ ਵੀ ਗੰਭੀਰ ਨਹੀਂ ਹੈ ਪਿਛਲੇ ਲੰਮੇ ਸਮੇਂ ਤੋਂ ਟੂਟੀਆਂ ਅੰਦਰ ਗੰਧਲਾ ਅਤੇ ਬੂਦਬੂ ਵਾਲਾ ਪਾਣੀ ਆ ਰਿਹਾ ਜਿਸ ਨਾਲ ਲੋਕਾਂ ਦੀ ਸਿਹਤ ਖਰਾਬ ਹੁੰਦੀ ਜਾ ਰਹੀ ਹੈ ਅਤੇ ਇਸ ਸਮੱਸਿਆ ਦੇ ਚਲਦਿਆਂ ਦੋ ਵਿਅਕਤੀਆਂ ਨੂੰ ਆਪਣੀ ਜ਼ਿੰਦਗੀ ਗਵਾਉਣੀ ਪਈ ਉਨ੍ਹਾਂ ਕਿਹਾ ਕਿ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਇਸ ਸਮੱਸਿਆ ਨੂੰ ਲਗਾਤਾਰ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆ ਰਿਹਾ ਹੈ ਪਰੰਤੂ ਪ੍ਰਸ਼ਾਸਨ ਇਸ ਸਮੱਸਿਆ ਨੂੰ ਠੀਕ ਕਰਨਾ ਕੋਈ ਜ਼ਰੂਰੀ ਨਹੀਂ ਸਮਝਿਆ ਸ਼੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਸਰਕਾਰ ਦੀਆਂ ਨਜ਼ਰਾਂ ਵਿੱਚ ਗਰੀਬਾਂ ਦੀ ਜ਼ਿੰਦਗੀ ਦੀ ਕੋਈ ਕੀਮਤ ਨਹੀਂ ਹੈ ਉਨ੍ਹਾਂ ਕਿਹਾ ਕਿ ਜਦੋਂ ਮੁੱਖ ਮੰਤਰੀ ਦੇ ਆਪਣੇ ਸ਼ਹਿਰ ਅੰਦਰ ਲੋਕਾਂ ਦਾ ਆਹ ਹਾਲ ਹੈ ਪੰਜਾਬ ਦੇ ਬਾਕੀ ਹਿੱਸਿਆਂ ਦਾ ਫੇਰ ਰੱਬ ਹੀ ਰਾਖਾ ਹੈ ਸ਼੍ਰੀ ਦਰਸ਼ਨ ਕਾਂਗੜਾ ਨੇ ਸਰਕਾਰ ਅਤੇ ਪ੍ਰਸ਼ਾਸਨ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇਸ ਸਮੱਸਿਆ ਦਾ ਇੱਕ ਹਫ਼ਤੇ ਵਿੱਚ ਹੱਲ ਨਾ ਹੋਈਆਂ ਤਾਂ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਵੱਲੋਂ ਸਰਕਾਰ ਦੇ ਖ਼ਿਲਾਫ਼ ਮੋਰਚਾ ਖੋਲ੍ਹਿਆ ਜਾਵੇਗਾ ।

# ਨਸ਼ਾ ਮੁਕਤੀ ਯਾਤਰਾ ਤਹਿਤ ਸਿਰਜਿਆ ਜਾ ਰਿਹੈ ਨਸ਼ਾ ਮੁਕਤ ਪੰਜਾਬ : ਵਿਧਾਇਕ ਗੁਰਦੀਪ ਸਿੰਘ ਰੰਧਾਵਾ

ਡੇਰਾ ਬਾਬਾ ਨਾਨਕ, 23: ਮਈ (ਹੈਪੀ ਕੋਟਲੀ) :- ਮੁੱਖ ਮੰਤਰੀ, ਪੰਜਾਬ, ਸ੍ਰ. ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਤਹਿਤ ਡੇਰਾ ਬਾਬਾ ਨਾਨਕ ਹਲਕੇ ਦੇ ਪਿੰਡ ਬਸੰਤਕੋਟ, ਧਿਆਨਪੁਰ ਅਤੇ ਸ਼ਾਹਪੁਰ ਜਾਜਨ ਵਿਖੇ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਦੀ ਅਗਵਾਈ ਵਿੱਚ ਵਿਲੇਜ ਡਿਫੈਂਸ ਕਮੇਟੀਆਂ ਨਾਲ ਮੀਟਿੰਗਾਂ ਦੌਰਾਨ ਨਸ਼ਿਆਂ ਖ਼ਿਲਾਫ਼ ਮਿਲ ਕੇ ਜੰਗ ਲੜਨ ਦਾ ਪ੍ਰਣ ਲਿਆ ਗਿਆ।ਬੀਤੀ ਸ਼ਾਮ ਪਿੰਡ ਬਸੰਤਕੋਟ, ਧਿਆਨਪੁਰ ਅਤੇ ਸ਼ਾਹਪੁਰ ਜਾਜਨ ਵਿਖੇ ਨਸ਼ਾ ਮੁਕਤੀ ਯਾਤਰਾ ਦੌਰਾਨ ਹੋਈਆਂ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਨਸ਼ਿਆਂ ਦੇ ਖ਼ਾਤਮੇ ਲਈ ਸੂਬਾ ਸਰਕਾਰ ਦੀ ਇਹ ਅਜਿਹੀ ਪਹਿਲ ਕਦਮੀ ਹੈ, ਜਿਸ ਨਾਲ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਸੂਬੇ ਵਿਚੋਂ ਨਸ਼ਿਆਂ ਦਾ ਮੁਕੰਮਲ ਖ਼ਾਤਮਾ ਕਰਨ ਵਿੱਚ ਵੱਡੇ ਪੱਧਰ ਉੱਤੇ ਮਦਦ ਮਿਲ ਰਹੀ ਹੈ। ਉਨ੍ਹਾਂ ਨੇ ਪਿੰਡਾਂ ਦੀਆਂ ਡਿਫੈਂਸ ਕਮੇਟੀਆਂ ਨੂੰ ਕਿਹਾ ਕਿ ਸੂਬੇ ਵਿੱਚੋਂ ਨਸ਼ਿਆਂ ਦੇ ਖ਼ਾਤਮੇ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇ ਅਤੇ ਪਿੰਡ ਵਾਸੀਆਂ ਨੂੰ ਨਿਰੰਤਰ ਨਸ਼ੇ ਖ਼ਿਲਾਫ਼ ਲੜੀ ਜਾ ਰਹੀ ਜੰਗ ਵਿੱਚ ਇੱਕਜੁੱਟ ਹੋ ਕੇ ਸਰਕਾਰ ਦਾ ਸਹਿਯੋਗ ਦੇਣ ਲਈ ਪ੍ਰੇਰਤ ਕੀਤਾ ਜਾਵੇ। ਵਿਧਾਇਕ ਸ. ਰੰਧਾਵਾ ਨੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੇ ਆਦੀ ਵਿਅਕਤੀਆਂ ਦਾ ਨਸ਼ਾ ਛੁਡਵਾਉਣ ਲਈ ਉਨ੍ਹਾਂ ਨੂੰ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਲਿਆਂਦਾ ਜਾਵੇ।

# ਵਿਧਾਇਕ ਸ਼ੈਰੀ ਕਲਸੀ ਨੇ ਨਸ਼ਾ ਮੁਕਤੀ ਯਾਤਰਾ ਦੌਰਾਨ ਲੋਕਾਂ ਨੂੰ ਨਸ਼ਾ ਮੁਕਤ ਪੰਜਾਬ ਬਣਾਉਣ ਦਾ ਦਿੱਤਾ ਸੁਨੇਹਾ



ਬਟਾਲਾ, 23 ਮਈ (ਬਲਵਿੰਦਰ ਸਿੰਘ ਪੰਜ ਗਰਾਈਂ /ਧੰਨਪਾਲ ਕਲਸੀ) ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਵਲੋ ਪੰਜਾਬ 'ਚੋ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਸ਼ੁਰੂ ਕੀਤੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਨਸ਼ਾ ਮੁਕਤੀ ਯਾਤਰਾਵਾਂ ਵਿਖੇ ਵੱਡੀ ਗਿਣਤੀ ਵਿਚ ਲੋਕਾਂ ਦੀ ਹਾਜ਼ਰੀ ਤੋ ਪਤਾ ਲੱਗਦਾ ਹੈ ਕਿ ਸੂਬਾ ਵਾਸੀ ਨਸ਼ਿਆਂ ਨੂੰ ਖ਼ਤਮ ਕਰਨ ਲਈ ਇਕਜੁੱਟ ਹੋ ਰਹੇ ਹਨ। ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਲੋਂ ਪਿੰਡ ਬਸਤੀ ਬਾਜੀਗਰ ਥਿੰਦ,ਧੰਨੇ ਤੇ ਡੱਲਾ ਮੌੜ ਵਿਖੇ ਨਸ਼ਾ ਮੁਕਤੀ ਯਾਤਰਾ ਦੀ ਅਗਵਾਈ ਕਰਦੇ ਹੋਏ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਿਹੜੇ ਲੋਕ ਕਿਸੇ ਮਾੜੀ ਸੰਗਤ ਦਾ ਸ਼ਿਕਾਰ ਹੋ ਕੇ ਨਸ਼ਿਆਂ ਦੀ ਦਲਦਲ ਵਿੱਚ ਫਸ ਚੁੱਕੇ ਹਨ, ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦਾ ਮੁਫ਼ਤ ਇਲਾਜ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਲੋਕਾਂ ਨੂੰ ਸਰਕਾਰ ਵੱਲੋਂ ਚਲਾਏ ਜਾ ਰਹੇ ਨਸ਼ਾ ਮੁਕਤੀ ਤੇ ਮੁੜ ਵਸੇਬਾ ਕੇਂਦਰਾਂ ਵਿੱਚ ਦਾਖਲ ਕਰਵਾਉਣ ਤੇ ਉਨ੍ਹਾਂ ਦਾ ਇਲਾਜ ਕਰਵਾਉਣ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਸ਼ਾ ਮੁਕਤੀ ਯਾਤਰਾ ਦਾ ਮਕਸਦ ਕੇਵਲ ਨਸ਼ਾ ਵਿਰੋਧੀ ਜਾਗਰੂਕਤਾ ਨਹੀਂ, ਸਗੋਂ ਸਮਾਜ ਵਿੱਚ ਸਕਾਰਾਤਮਕ ਮਾਹੌਲ ਪੈਦਾ ਕਰਨਾ ਹੈ। ਉਨ੍ਹਾ ਕਿਹਾ ਕਿ ਲੋਕਾਂ ਦੇ ਸ਼ਹਿਯੋਗ ਨਾਲ ਹੀ ਨਸ਼ਿਆ ਵਿਰੁੱਧ ਲੜਾਈ ਨੂੰ ਜਿੱਤਿਆ ਜਾ ਸਕਦਾ ਹੈ।ਇਸ ਦੌਰਾਨ ਉਨਾਂ ਪਿੰਡ ਵਾਸੀਆਂ ਨੂੰ ਨਸ਼ਾ ਵਿਕਣ ਤੋਂ ਰੋਕਣ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਬਾਰੇ ਸਹੁੰ ਵੀ ਚੁਕਵਾਈ।ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਪਿੰਡ ਵਿੱਚ ਕੋਈ ਨਸ਼ੇ ਵੇਚਦਾ ਹੈ ਤਾਂ ਉਸਦੀ ਸੂਚਨਾ ਦਿੱਤੀ ਜਾਵੇ। ਸੂਚਨਾ ਦੇਣ ਵਾਲੇ ਦੀ ਪਹਿਚਾਣ ਗੁਪਤ ਰੱਖਦੇ ਹੋਏ ਦੋਸ਼ੀ ਖਿਲਾਫ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਨਾਇਬ ਤਹਿਸੀਲਦਾਰ ਸਤਨਾਮ ਸਿੰਘ, ਐਸ.ਐਚ.ਓ ਨਿਰਮਲ ਸਿੰਘ, ਸਰਪੰਚ ਕਰਮ ਸਿੰਘ, ਸਰਪੰਚ ਬਲਵਿੰਦਰ ਸਿੰਘ, ਮਨਜੀਤ ਸਿੰਘ ਕੁਆਰਡੀਨੇਟਰ ਬਟਾਲਾ, ਸਰਪੰਚ ਜੋਗਾ ਸਿੰਘ, ਸਰਪੰਚ ਗੁਰਮੁੱਖ ਸਿੰਘ, ਸਰਪੰਚ ਕਰਨੈਲ ਸਿੰਘ, ਸਰਪੰਚ ਜਗਤਾਰ ਸਿੰਘ ਸਰਪੰਚ ਸਰਬਜੀਤ ਸਿੰਘ ਸਾਬਾ, ਵਾਸੁਦੇਵ ਸ਼ਰਮਾ ਵੀਨੂ ਕਾਹਲੋਂ, ਲੰਬੜਦਾਰ ਅਮਰੀਕ ਸਿੰਘ ਸਮੇਤ ਪਿੰਡ ਦੀ ਮੋਹਤਬਰ ਅਤੇ ਨੌਜਵਾਨ ਵੱਡੀ ਗਿਣਤੀ ਵਿੱਚ ਮੌਜੂਦ ਸਨ।

# ਅਮਨ ਅਰੋੜਾ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਪਿੰਡਾਂ ਦੀਆਂ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ

### ਇਹ ਮੁਹਿੰਮ ਜ਼ਰੂਰ ਹੀ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰੇਗੀ



ਸੁਨਾਮ, 23 ਮਈ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ) ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਵਿਧਾਨ ਸਭਾ ਹਲਕਾ ਸੁਨਾਮ ਦੇ ਹਰ ਇੱਕ ਪਿੰਡ ਅਤੇ ਸ਼ਹਿਰੀ ਖੇਤਰ ਨੂੰ ਨਸ਼ਾ ਮੁਕਤ ਕਰਨ ਦੀ ਮੁਹਿੰਮ ਜੋਸ਼ੋ-ਖਰੋਸ਼ ਨਾਲ ਚੱਲ ਰਹੀ ਹੈ ਅਤੇ ਵੱਖ-ਵੱਖ ਪਿੰਡਾਂ ਵਿੱਚ ਨਸ਼ਾ ਮੁਕਤੀ ਯਾਤਰਾ ਦੌਰਾਨ ਲੋਕਾਂ ਦੀ ਭਰਵੀਂ ਇਕੱਤਰਤਾ ਹੋ ਰਹੀ ਹੈ। ਇਸੇ ਲੜੀ ਤਹਿਤ ਪਿੰਡ ਲੋਹਾਖੇੜਾ, ਰੱਤੋਕੇ ਅਤੇ ਤੱਕੀਪੁਰ ਵਿਖੇ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ ਕੀਤੀਆਂ ਗਈਆਂ ਅਤੇ ਲੋਕਾਂ ਨੂੰ ਨਸ਼ਿਆਂ ਦੇ ਖਾਤਮੇ ਦੀ ਸਹੁੰ ਚੁਕਾਈ ਗਈ। ਇਸ ਮੌਕੇ ਐੱਸ.ਡੀ.ਐਮ., ਚਰਨਜੋਤ ਸਿੰਘ ਵਾਲੀਆ ਨੇ ਕਿਹਾ ਕਿ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਪ੍ਰਣ ਕਰ ਕੇ ਅਤੇ ਹਰ ਹੀਲੇ ਉਸ ਪ੍ਰਣ ਨੂੰ ਨਿਭਾਉਣ ਵਿੱਚ ਕਿਸੇ ਵੀ ਨਾਗਰਿਕ ਨੂੰ ਕੋਈ ਕਸਰ ਬਾਕੀ ਨਹੀਂ ਛੱਡਣੀ ਚਾਹੀਦੀ। ਹਰ ਇੱਕ ਪਿੰਡ ਵਿੱਚ ਪੇਂਡੂ ਡਿਫੈਂਸ ਕਮੇਟੀਆਂ ਕਾਰਜਸ਼ੀਲ ਹਨ ਅਤੇ ਪੂਰੀ ਉਮੀਦ ਹੈ ਕਿ ਇਹ ਡਿਫੈਂਸ ਕਮੇਟੀਆਂ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਸ਼ਿੱਦਤ ਅਤੇ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਨਸ਼ਾ ਤਸਕਰਾਂ ਦੇ ਕਾਰੋਬਾਰ ਨੂੰ ਮੁਕੰਮਲ ਤੌਰ ਤੇ ਬੰਦ ਕਰਵਾਉਣ ਵਿੱਚ ਯੋਗਦਾਨ ਪਾਉਣਗੀਆਂ। ਐੱਸ.ਡੀ.ਐਮ. ਨੇ ਕਿਹਾ ਕਿ ਜਾਗਰੂਕਤਾ ਮੀਟਿੰਗਾਂ ਵਿੱਚ ਪਹੁੰਚਣ ਵਾਲੇ ਲੋਕਾਂ ਦਾ ਵੀ ਇਹ ਫਰਜ਼ ਬਣਦਾ ਹੈ ਕਿ ਉਹ ਇਥੋਂ ਮਿਲਣ ਵਾਲੇ ਸੁਨੇਹੇ ਆਪਣੇ ਪਰਿਵਾਰਕ ਮੈਂਬਰਾਂ, ਦੋਸਤਾਂ-ਮਿੱਤਰਾਂ, ਗੁਆਂਢੀਆਂ ਅਤੇ ਹੋਰ ਪਤਵੰਤਿਆਂ ਨਾਲ ਨਿਰੰਤਰ ਸਾਂਝਾ ਕਰਦੇ ਰਹਿਣ ਕਿਉਂਕਿ ਲੋਕ ਲਹਿਰ ਬਣਨ ਨਾਲ ਹੀ ਅਜਿਹੀਆਂ ਸਮਾਜਿਕ ਬੁਰਾਈਆਂ ਦਾ ਖਾਤਮਾ ਸੰਭਵ ਹੁੰਦਾ ਹੈ। ਇਹ ਮੁਹਿੰਮ ਜ਼ਰੂਰ ਹੀ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰੇਗੀ। ਐੱਸ.ਡੀ.ਐਮ. ਨੇ ਕਿਹਾ ਕਿ ਸਰਕਾਰ ਵੱਲੋਂ ਪਿੰਡਾਂ ਅਤੇ ਸ਼ਹਿਰੀ ਵਾਰਡਾਂ ਵਿੱਚ ਹਰੇਕ ਨਾਗਰਿਕ ਤੱਕ ਸਿੱਧੀ ਪਹੁੰਚ ਨੂੰ ਯਕੀਨੀ ਬਣਾਉਣ ਲਈ ਨਸ਼ਾ ਮੁਕਤੀ ਯਾਤਰਾ ਆਰੰਭ ਕੀਤੀ ਗਈ ਹੈ ਤਾਂ ਜੋ ਲੋਕਾਂ ਤੋਂ ਸਿੱਧੀ ਫੀਡਬੈਕ ਲੈ ਕੇ ਨਸ਼ਿਆਂ ਦੀ ਸਪਲਾਈ ਲਾਈਨ ਤੋੜੀ ਜਾ ਸਕੇ ਅਤੇ ਨਸ਼ਿਆਂ ਦੀ ਦਲਦਲ ਵਿੱਚ ਫਸੇ ਵਿਅਕਤੀਆਂ ਦਾ ਮੁਫਤ ਅਤੇ ਢੁਕਵਾਂ ਇਲਾਜ ਕਰਵਾਇਆ ਜਾ ਸਕੇ।ਇਸ ਮੌਕੇ ਪੀ.ਏ. ਸੰਜੀਵ ਕੁਮਾਰ, ਜਰਨੈਲ ਸਿੰਘ ਸਰਪੰਚ ਲੋਹਾਖੇੜਾ, ਜਸਪਾਲ ਸਿੰਘ ਸਰਪੰਚ ਤੱਕੀਪੁਰ, ਹਰਦੀਪ ਕੌਰ ਸਰਪੰਚ ਰੱਤੋਕੇ, ਬਲਜਿੰਦਰ ਸਿੰਘ, ਸੁਖਪਾਲ ਸਿੰਘ, ਮਨੀ ਰੱਤੋਕੇ, ਗੁਰਦੀਪ ਸਿੰਘ ਤੱਕੀਪੁਰ, ਜੋਗਾ ਸਿੰਘ ਬਾਠ ਤੱਕੀਪੁਰ, ਰਸ਼ਪਾਲ ਸਿੰਘ ਰੱਤੋਕੇ, ਬਲਵਿੰਦਰ ਸਿੰਘ ਸਰਪੰਚ, ਲਾਭ ਸਿੰਘ ਨੀਲੋਵਾਲ, ਮਨਿੰਦਰ ਸਿੰਘ ਸਰਪੰਚ, ਲਵਦੀਪ ਸ਼ਰਮਾ ਜ਼ਿਲ੍ਹਾ ਕੋਆਰਡੀਨੇਟਰ, ਸੰਦੀਪ ਦੁੱਗਾਂ, ਮਨੀ ਸਾਰੋਂ, ਐੱਸ.ਐੱਚ.ਓ. ਲੌਂਗੋਵਾਲ ਬਲਵੰਤ ਸਿੰਘ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਡਿਫੈਂਸ ਕਮੇਟੀਆਂ ਦੇ ਮੈਂਬਰ, ਪਿੰਡਾਂ ਦੇ ਪੰਚ ਸਰਪੰਚ ਅਤੇ ਪਿੰਡ ਵਾਸੀ ਹਾਜ਼ਰ ਸਨ।

# ਅਕੈਡਮਿਕ ਵਰਲਡ ਸਕੂਲ ਦੇ ਬੱਚਿਆਂ ਨੂੰ ਬੈਂਕ ਵਿਜ਼ਿਟ ਕਰਵਾਇਆ



ਲਹਿਰਾਗਾਗਾ, 23 ਮਈ (ਰਾਮੇਸ਼ਵਰ ਸ਼ਰਮਾ/ਖੁਸ਼ਵਿੰਦਰ ਸ਼ਰਮਾ): ਅਕੈਡਮਿਕ ਵਰਲਡ ਸਕੂਲ ਦੇ ਗਿਆਰਵੀਂ ਅਤੇ ਬਾਰਵੀਂ ਜਮਾਤ ਦੇ ਕਮਰਸ ਖੇਤਰ ਦੇ ਵਿਦਿਆਰਥੀਆਂ ਨੂੰ ਅਧਿਆਪਕ ਸੋਨੀਆ ਸ਼ਰਮਾ ਦੀ ਅਗਵਾਈ ਹੇਠ ਲਹਿਰਾਗਾਗਾ ਵਿਖੇ ਸਥਿਤ ਯੂਕੋ ਬੈਂਕ ਵਿਜ਼ਿਟ ਕਰਵਾਇਆ ਗਿਆ। ਬੈਂਕ ਪਹੁੰਚਣ ਤੇ ਬੈਂਕ ਮੈਨੇਜਰ ਰੋਹਿਤ ਗਰਗ ਅਤੇ ਮੈਡਮ ਰਾਜਪ੍ਰੀਤ ਕੌਰ (ਹੈਡ ਕੈਸ਼ੀਅਰ )ਅਤੇ ਸਾਰੇ ਸਟਾਫ ਨੇ ਬੱਚਿਆਂ ਦਾ ਅਤੇ ਮੈਨੇਜਮੈਂਟ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਸਕੂਲ ਮੈਨੇਜਮੈਂਟ ਦਾ ਬੱਚਿਆਂ ਲਈ ਬਹੁਤ ਹੀ ਵਧੀਆ ਕਦਮ ਚੁੱਕਿਆ ਜਾ ਰਿਹਾ ਹੈ। ਇਸ ਤੋਂ ਬਾਅਦ ਬੱਚਿਆਂ ਨੂੰ ਸਾਰੇ ਬੈਂਕ ਦਾ ਵਿਜ਼ਿਟ ਕਰਵਾਇਆ ਗਿਆ ਜਿਸ ਵਿੱਚ ਬੱਚਿਆਂ ਦੱਸਿਆ ਗਿਆ ਕਿ ਕਿਸ ਤਰ੍ਹਾਂ ਵਾਊਚਰ ਭਰ ਕੇ ਬੈਂਕ ਵਿੱਚ ਪੈਸੇ ਜਮ੍ਹਾਂ ਕਰਵਾਏ ਅਤੇ ਕਢਵਾਏ ਜਾਂਦੇ ਹਨ। ਇਸ ਤੋਂ ਮੈਨੇਜਰ ਰੋਹਿਤ ਗਰਗ ਅਤੇ ਮੈਡਮ ਰਾਜਪ੍ਰੀਤ ਕੌਰ ਵੱਲੋਂ ਸਰਕਾਰ ਦੁਆਰਾ ਦਿੱਤੀਆਂ ਸਹੂਲਤਾਂ (ਜਿਵੇਂ ਕਿ ਜੀਵਨ ਜੋਤੀ ਬੀਮਾ ਯੋਜਨਾ) ਵਾਰੇ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਉਦਿਅਮ ਸਰਟੀਫਿਕੇਟ ਵਾਰੇ ਜਾਣਕਾਰੀ ਦਿੱਤੀ ਜੋ ਕਿ ਅੱਜ ਕੱਲ੍ਹ ਛੋਟੀਆਂ ਫਰਮਾਂ ਲਈ ਫਾਇਦੇਮੰਦ ਹੈ। । ਇਸ ਤੋਂ ਬਾਅਦ ਬੱਚਿਆਂ ਨੂੰ ਸਮਝਾਇਆ ਗਿਆ ਕਿ ਕਿਸ ਤਰ੍ਹਾਂ ਨੈਫਟ, ਆਰ.ਟੀ.ਜੀ ਐਸ ਨਾਲ ਇੱਕ ਫਰਮ ਤੋਂ ਦੂਸਰੀ ਫਰਮ ਨੂੰ ਵੱਡੀ ਤੋਂ ਵੱਡੀ ਪੇਮੈਂਟ ਅਸਾਨੀ ਨਾਲ ਭੇਜੀ ਜਾ ਸਕਦੀ ਹੈ। ਇਸ ਤੋਂ ਬਾਅਦ ਬੈਂਕ ਵਿੱਚ ਬੱਚਿਆਂ ਲਈ ਰਿਫਰੈਸ਼ਮੈਂਟ ਦਾ ਵੀ ਪ੍ਰਬੰਧ ਕੀਤਾ ਗਿਆ। ਇਸ ਤੋਂ ਸਕੂਲ ਦੇ ਚੇਅਰਮੈਨ ਸੰਜੇ ਸਿੰਗਲਾ ਜੀ ਨੇ ਦੱਸਿਆ ਕਿ ਉਦਮ ਹਰ ਸਾਲ ਕੀਤੇ ਜਾਂਦੇ ਹਨ ਇਸ ਨਾਲ ਬੱਚੇ ਵਿੱਚ ਆਤਮ ਵਿਸ਼ਵਾਸ ਵੱਧਦਾ ਹੈ ਖਾਸ ਕਰ ਕਮਰਸ ਲਾਈਨ ਦੇ ਬੱਚਿਆਂ ਨੂੰ ਵਧੀਆ ਮੌਕਾ ਮਿਲਦਾ ਹੈ ਕਿ ਉਹ ਆਪਣਾ ਭਵਿੱਖ ਵਧੀਆ ਬਣਾ ਸਕਣ ਅਤੇ ਆਉਣ ਵਾਲੇ ਸਮੇਂ ਵਿੱਚ ਇਹ ਯਤਨ ਜਾਰੀ ਰਹਿਣਗੇ।

# ਚੀਮਾ ਦੀ ਅਗਵਾਈ ਵਿੱਚ ਹਲਕਾ ਦਿੜ੍ਹਬਾ ਵਾਸੀਆਂ ਨੂੰ ਨਸ਼ਿਆਂ ਦੇ ਖ਼ਾਤਮੇ ਦਾ ਸੱਦਾ

ਦਿੜ੍ਹਬਾ, 23 ਮਈ (ਹੈਪੀ): ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਕੀਤੀ ਜਾ ਰਹੀ ਨਸ਼ਾ ਮੁਕਤੀ ਯਾਤਰਾ ਤਹਿਤ ਕੈਬਨਿਟ ਮੰਤਰੀ ਸ਼੍ਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ ਹਲਕਾ ਦਿੜ੍ਹਬਾ ਦੇ ਪਿੰਡ ਕਕੜਵਾਲ



ਭੰਗੂਆਂ, ਗੋਬਿੰਦਗੜ੍ਹ ਜੇਜੀਆਂ, ਭੈਣੀ ਗੰਢੂਆਂ, ਦਿੜ੍ਹਬਾ ਦੇ ਵਾਰਡ ਨੰਬਰ ਇੱਕ ਅਤੇ ਦੋ ਵਿਖੇ ਵਿਲੇਜ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ ਕੀਤੀਆਂ ਗਈਆਂ ਤੇ ਇਸ ਸਮੂਹ ਹਾਜ਼ਰੀਨ ਨੂੰ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਜੰਗੀ ਪੱਧਰ ਉੱਤੇ ਕੰਮ ਕਰਨ ਵਾਸਤੇ ਪ੍ਰੇਰਿਆ ਗਿਆ। ਇਹਨਾਂ ਮੀਟਿੰਗਾਂ ਦੌਰਾਨ ਸੰਬੋਧਨ ਕਰਦਿਆਂ ਚੇਅਰਮੈਨ, ਇੰਪਰੂਵਮੈਂਟ ਟਰੱਸਟ, ਸੰਗਰੂਰ ਸ. ਪ੍ਰੀਤਮ ਸਿੰਘ ਪੀਤੂ, ਕੈਬਨਿਟ ਮੰਤਰੀ ਸ. ਹਰਪਾਲ ਸਿੰਘ ਚੀਮਾ ਦੇ ਓ.ਐੱਸ.ਡੀ. ਤਪਿੰਦਰ ਸੋਹੀ ਅਤੇ ਮਾਰਕਿਟ ਕਮੇਟੀ ਦਿੜ੍ਹਬਾ ਦੀ ਚੇਅਰਪਰਸਨ ਸ੍ਰੀਮਤੀ ਜਸਵੀਰ ਕੌਰ ਸ਼ੇਰਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿੱਚ ਨਸ਼ਿਆਂ ਤੇ ਨਸ਼ਾ ਤਸਕਰਾਂ ਦੇ ਖਾਤਮੇ ਤੱਕ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਜੋਸ਼ ਖਰੋਸ਼ ਨਾਲ ਜਾਰੀ ਰਹੇਗੀ। ਉਹਨਾਂ ਕਿਹਾ ਕਿ ਪਿੰਡਾਂ ਵਿੱਚ ਪਿੰਡ ਡਿਫੈਂਸ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ ਅਤੇ ਸਾਰੇ ਹੀ ਵਰਗ, ਇਸ ਸਮਾਜਕ ਬੁਰਾਈ ਦੇ ਖਾਤਮੇ ਲਈ ਵਧ ਚੜ੍ਹ ਕੇ ਅੱਗੇ ਆ ਰਹੇ ਹਨ, ਜੋ ਕਿ ਬਹੁਤ ਸ਼ਲਾਘਾਯੋਗ ਹੈ।

# ਠੰਡੇ-ਮਿੱਠੇ ਪਾਣੀ ਦੀ ਛਬੀਲ ਲਗਾਈ



ਤਪਾ ਮੰਡੀ, 23 ਮਈ (ਭੂਸ਼ਨ ਘੜੈਲਾ): ਜੇਠ ਮਹੀਨੇ ਦੀ ਤਪਸ਼ ਨੂੰ ਦੇਖਦਿਆਂ ਬਰਨਾਲਾ -ਬਠਿੰਡਾ ਰੋਡ 'ਤੇ ਘੜੈਲੀ ਚੌਕ ਵਿੱਚ ਓਵਰਬਰਿਜ ਪੁਲ ਦੇ ਥੱਲੇ ਤਪਾ ਪਿੰਡ ਦੇ ਸਮਾਜ ਸੇਵੀਆਂ 'ਚ ਨੇਕ ਸਿੰਘ, ਜੱਗਿੰਦਰ ਪੱਪੀ ਸਿੰਘ, ਆਤਮਾ ਸਿੰਘ ਜੈਤੂਕੇ, ਬਿੰਦਰ ਸਿੰਘ ਜੈਤੂਕੇ, ਪ੍ਰਕਾਸ਼ ਸਿੰਘ ਪਰਜਾਪਤ ਤਪਾ ਵੱਲੋਂ ਠੰਡੇ ਮਿੱਠੇ ਪਾਣੀ ਦੀ ਛਬੀਲ ਰਾਹਗੀਰਾਂ ਲਈ ਲਗਾਈ ਗਈ। ਇਸ ਮੌਕੇ ਜੱਗਿੰਦਰ ਪੱਪੀ ਸਿੰਘ ਤੇ ਨੇਕ ਸਿੰਘ ਨੇ ਗੱਲਬਾਤ ਦੌਰਾਨ ਸਾਂਝੇ ਤੌਰ 'ਤੇ ਦੱਸਿਆ ਹਰ ਸਾਲ ਹੀ ਜੇਠ ਮਹੀਨੇ ਦੀਆਂ ਗਰਮ ਹਵਾਵਾਂ, ਨੂੰ ਦੇਖਦੇ ਹੋਏ ਠੰਡੇ ਮਿੱਠੇ ਪਾਣੀ ਦੀ ਛਬੀਲ ਲਗਾਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਦਿਨੋ ਦਿਨ ਗਰਮੀ ਦਾ ਪ੍ਰਭਾਵ ਵੱਧ ਰਿਹਾ ਹੈ,ਗਰਮ ਲੂ ਤੇ ਗਰਮ ਹਵਾਵਾਂ ਚੱਲ ਰਹੀਆਂ ਹਨ, ਰਾਹਗੀਰਾਂ ਲਈ ਇਹ ਠੰਡੇ ਮਿੱਠੇ ਪਾਣੀ ਦੀ ਛਬੀਲ ਲਗਾਈ ਜਾਂਦੀ ਹੈ। ਜਿਸ ਨਾਲ ਮਨ ਨੂੰ ਸਕੂਨ ਮਿਲਦਾ ਹੈ ਉਧਰ ਰਾਹਗੀਰਾਂ ਪਾਣੀ ਨਾਲ ਗਰਮੀ ਤੋਂ ਰਾਹਤ ਮਿਲਦੀ ਹੈ, ਜਿਸ ਕਾਰਨ ਹਰ ਸਾਲ ਸੇਠ ਮਹੀਨੇ ਦੀ ਤਪਸ਼ ਨੂੰ ਦੇਖਦੇ ਹੋਏ ਰਾਹਗੀਰਾਂ ਨੂੰ ਠੰਡਾ ਮਿੱਠਾ ਜਲ ਛਕਾਇਆ ਜਾਂਦਾ ਹੈ।

# ਜੀ. ਐੱਸ. ਪਬਲਿਕ ਸੀਨੀਅਰ ਸੈਕੰਡਰੀ ਸਕੂਲ ਧੌਲਾ ਵਿੱਚ ਨੰਨ੍ਹੇ-ਮੁੰਨ੍ਹੇ ਬੱਚਿਆਂ ਨੇ ਪੂਲ ਪਾਰਟੀ ਦਾ ਆਨੰਦ ਮਾਣਿਆ

ਬਰਨਾਲਾ, 23 ਮਈ (ਅਮਨਦੀਪ ਸਿੰਘ): ਜੀ ਐੱਸ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਧੌਲਾ ਵਿੱਚ ਨਰਸਰੀ ਕਲਾਸ ਦੇ ਨੰਨ੍ਹੇ-ਮੁੰਨ੍ਹ ਬੱਚਿਆਂ ਨੇ ਪੂਲ ਪਾਰਟੀ ਦਾ ਆਨੰਦ ਮਾਣਿਆ। ਇਸ ਮੌਕੇ ਸਕੂਲ ਵੱਲੋਂ ਬੱਚਿਆਂ ਲਈ ਸਕੂਲ ਵਿੱਚ ਹੀ ਪੂਲ ਦਾ ਪ੍ਰਬੰਧ ਕੀਤਾ ਗਿਆ। ਬੱਚਿਆਂ ਨੇ ਪਾਰਟੀ ਵਿੱਚ ਝੂਲਿਆਂ ਦੇ ਨਾਲ ਨਾਲ ਮਿਊਜ਼ਿਕ ਦਾ ਵੀ ਆਨੰਦ ਲਿਆ।



ਇਸ ਪਾਰਟੀ ਵਿੱਚ ਬੱਚਿਆਂ ਨੂੰ ਰਿਫਰੈਸ਼ਮੈਂਟ ਵਿੱਚ ਜੂਸ ਅਤੇ ਫਰੂਟ ਵੀ ਦਿੱਤਾ ਗਿਆ। ਇਸ ਮੌਕੇ ਸਕੂਲ ਮੈਨੇਜਿੰਗ ਡਾਇਰੈਕਟਰ ਸੁਰੇਸ਼ ਬਾਂਸਲ, ਚੇਅਰਮੈਨ ਰਿਸ਼ਵ ਜੈਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਮਨੋਰੰਜਨ ਕਰਵਾਉਣਾ ਵੀ ਬਹੁਤ ਜ਼ਰੂਰੀ ਹੈ, ਤਾਂ ਜੋ ਉਨ੍ਹਾਂ ਦੀ ਪੜ੍ਹਾਈ ਵਿੱਚ ਦਿਲਚਸਪੀ ਬਰਕਰਾਰ ਰਹੇ। ਬੱਚਿਆਂ ਨੂੰ ਮੌਸਮ ਅਨੁਸਾਰ ਗਤੀਵਿਧੀਆਂ ਕਰਵਾਉਣਾ ਵੀ ਸਕੂਲ ਦਾ ਮੁੱਖ ਮੰਤਵ ਹੈ, ਜਿਸ ਨਾਲ ਬੱਚੇ ਰੁੱਤਾਂ ਦਾ ਆਨੰਦ ਮਾਣਨਾ ਸਿੱਖਦੇ ਹਨ। ਉਨਾਂ ਕਿਹਾ ਆਉਣ ਵਾਲੇ ਸਮੇਂ ਵਿੱਚ ਵੀ ਬੱਚਿਆਂ ਲਈ ਹਰ ਤਰ੍ਹਾਂ ਦੀ ਗਤੀਵਿਧੀ ਦਾ ਪ੍ਰਬੰਧ ਕੀਤਾ ਜਾਵੇਗਾ ਜਿੰਨਾ ਨਾਲ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਵਾਧਾ ਹੋਵੇ। ਪੂਲ ਵਿੱਚੋਂ ਬਾਹਰ ਆਕੇ ਬੱਚਿਆਂ ਲਈ ਡਾਂਸ ਪਾਰਟੀ ਦਾ ਪ੍ਰਬੰਧ ਵੀ ਸੀ।

ਇਸ ਸਮੇਂ ਸਕੂਲ ਪ੍ਰਿੰਸੀਪਲ ਮੋਨਿਕਾ ਸਤੀਜਾ ਨੇ ਇਸ ਪਾਰਟੀ ਵਿੱਚ ਬੱਚਿਆਂ ਦੇ ਨਾਲ ਆਨੰਦ ਲਿਆ। ਉਨ੍ਹਾਂ ਨੇ ਬੱਚਿਆਂ ਨਾਲ ਫੋਟੋਸ਼ੂਟ ਵੀ ਕਰਵਾਇਆ। ਬੱਚਿਆਂ ਵਿੱਚ ਇਸ ਪਾਰਟੀ ਨੂੰ ਲੈਕੇ ਬਹੁਤ ਉਤਸ਼ਾਹ ਸੀ।

# ਤਪਾਉਣ ਲੱਗੀ ਗਰਮੀ, ਤਪਾ ਇਲਾਕੇ 'ਚ ਤਾਪਮਾਨ 42 ਡਿਗਰੀ, ਜੂਸ ਦੀਆਂ ਰੇਹੜੀਆਂ, ਆਈਸਕ੍ਰੀਮ, ਲੱਸੀ ਦੀ ਡਿਮਾਂਡ ਪਹਿਲਾਂ ਨਾਲੋ ਵੱਧੀ

ਤਪਾ ਮੰਡੀ, 23 ਮਈ (ਭੂਸ਼ਨ ਘੜੈਲਾ): ਸਥਾਨਕ 'ਚ ਗਰਮੀ ਦਾ ਕਹਿਰ ਦਿਨੋ-ਦਿਨ ਵਧਦਾ ਜਾ ਰਿਹਾ ਹੈ ਤੇ ਇਸ ਵਾਰ ਮਈ ਦੇ ਮਹੀਨੇ ਵਿੱਚ ਹੀ ਤਾਪਮਾਨ 43 ਡਿਗਰੀ ਸੈਲਸੀਅਸ ਨੂੰ ਛੂਹ ਗਿਆ ਹੈ, ਜਿਸ ਕਾਰਨ ਆਮ ਜਨਜੀਵਨ ਪੂਰੀ ਪ੍ਰਭਾਵਿਤ ਹੋ ਗਿਆ ਹੈ ਅਤੇ ਰਾਤਾਂ ਵੀ ਗਰਮ ਹੋ ਗਈਆਂ ਹਨ। ਗਰਮੀ ਅਤੇ ਲੂ ਨੇ ਲੋਕਾਂ ਨੂੰ ਆਪਣੇ ਘਰਾਂ ਤੱਕ ਸੀਮਤ ਰਹਿਣ ਲਈ ਮਜਬੂਰ ਕਰ ਦਿੱਤਾ ਹੈ। ਦੁਪਹਿਰ ਵੇਲੇ ਗਲੀਆਂ ਅਤੇ ਸੜਕਾਂ ਤੇ ਬਜ਼ਾਰ ,ਮੌਲ,ਢਾਬੇ ਸੁੰਨਸਾਨ ਹੋ ਗਏ ਲੋਕ ਸਿਰਫ਼ ਜ਼ਰੂਰੀ ਕੰਮ ਲਈ ਹੀ ਆਪਣੇ ਘਰਾਂ ਤੋਂ ਬਾਹਰ ਨਿਕਲਦੇ ਹਨ। ਲੋਕਾਂ ਨੇ ਕਿਹਾ ਅਗਲੇ ਕੁਝ ਦਿਨਾਂ ਤੱਕ ਗਰਮੀ ਤੋਂ ਰਾਹਤ ਮਿਲਣ ਦੀ ਕੋਈ ਉਮੀਦ ਨਹੀਂ ਹੈ। ਤਾਪਮਾਨ ਵਿੱਚ ਹੋਰ ਵਾਧਾ ਹੋਣ ਦੀ ਸੰਭਾਵਨਾ ਹੈ। ਗਰਮੀ ਦੀ ਲਹਿਰ ਦਾ ਸਥਾਨਕ ਬਾਜ਼ਾਰਾਂ 'ਤੇ ਵੀ ਅਸਰ ਪਿਆ ਹੈ, ਹਾਲਾਂਕਿ ਪੀਣ ਵਾਲੇ ਪਦਾਰਥਾਂ, ਜੂਸ, ਲੱਸੀ ਅਤੇ ਆਈਸ ਕਰੀਮ ਦੀ ਮੰਗ ਵਿੱਚ 50 ਪ੍ਰਤੀਸ਼ਤ ਤੱਕ ਦਾ ਵਾਧਾ ਹੋਇਆ ਹੈ। ਦੁਕਾਨਦਾਰ ਪ੍ਰੇਮ ਕੁਮਾਰ, ਕਾਲਾ ਭੂਸ਼ਨ ਕੁਮਾਰ, ਵਿਜੈ, ਪੰਕਜ ਕੁਮਾਰ ਅਨੁਸਾਰ ਗਰਮੀ ਕਾਰਨ ਲੋਕ ਕੋਲਡ ਡਰਿੰਕਸ ਅਤੇ ਆਈਸ ਕਰੀਮ ਦੀ ਮੰਗ ਵੱਧ ਹੈ ਉਨ੍ਹਾਂ ਕਿਹਾ ਹਾਲ ਹੀ ਦੇ ਦਿਨਾਂ ਵਿੱਚ ਵਿਕਰੀ ਬਹੁਤ ਵਧੀ ਹੈ। ਇਸ ਦੇ ਨਾਲ ਹੀ ਫਲ ਵੇਚਣ ਵਾਲਿਆਂ ਦਾ ਕਹਿਣਾ ਹੈ ਕਿ ਤਰਬੂਜ,



ਖਰਬੂਜਾ ਅਤੇ ਅੰਬ ਵਰਗੇ ਮੌਸਮੀ ਫਲਾਂ ਦੀ ਮੰਗ ਵੀ ਵਧੀ ਹੈ। ਸ਼ਹਿਰ ਦੇ ਡਾਕਟਰਾਂ ਅਨੁਸਾਰ ਗਰਮੀ ਅਤੇ ਗਰਮ ਹਵਾਵਾਂ ਕਾਰਨ ਲੋਕ ਤੇਜ਼ੀ ਨਾਲ ਬਿਮਾਰ ਹੋ ਰਹੇ ਹਨ ਖਾਸ ਕਰਕੇ ਬੱਚੇ ਅਤੇ ਬਜ਼ੁਰਗ ਇਸ ਦੇ ਜ਼ਿਆਦਾ ਸ਼ਿਕਾਰ ਹੋ ਰਹੇ ਹਨ। ਉਨ੍ਹਾਂ ਲੋਕਾਂ ਨੂੰ ਗਰਮੀ ਤੋਂ ਬਚਣ ਲਈ ਸਾਵਧਾਨੀ ਵਰਤਣ ਅਤੇ ਲੋੜੀਂਦੀ ਮਾਤਰਾ ਵਿੱਚ ਪਾਣੀ ਅਤੇ ਤਰਲ ਪਦਾਰਥਾਂ ਦਾ ਸੇਵਨ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਗਰਮੀ ਤੋਂ ਬਚਣ ਲਈ ਦਿਨ ਵਿੱਚ ਘੱਟੋ-ਘੱਟ 4-5 ਲੀਟਰ ਪਾਣੀ ਪੀਓ। ਸਰੀਰ ਵਿੱਚ ਪਾਣੀ ਦੀ ਕਮੀ ਨਾ ਹੋਵੇ ਇਸ ਲਈ ਨਿੰਬੂ ਪਾਣੀ, ਲੱਸੀ, ਨਾਰੀਅਲ ਪਾਣੀ ਅਤੇ ਓਆਰਐਸ ਵਰਗੇ ਪੀਣ ਵਾਲੇ ਪਦਾਰਥਾਂ ਦਾ ਸੇਵਨ ਕਰੋ। ਸੂਤੀ ਅਤੇ ਹਲਕੇ ਰੰਗਾਂ ਦੇ ਬਣੇ ਢਿੱਲੇ-ਫਿਟਿੰਗ ਵਾਲੇ ਕੱਪੜੇ ਪਾਓ ਜੋ ਚਮੜੀ ਤੱਕ ਹਵਾ ਪਹੁੰਚਾਉਣ ਅਤੇ ਪਸੀਨਾ ਸੋਖਣ। ਦੁਪਹਿਰ 12 ਤੋਂ 3 ਵਜੇ ਦੇ ਵਿਚਕਾਰ ਧੁੱਪ ਵਿੱਚ ਬਾਹਰ ਜਾਣ ਤੋਂ ਬਚੋ। ਜੇ ਬਾਹਰ ਜਾਣਾ ਜ਼ਰੂਰੀ ਹੋਵੇ, ਤਾਂ ਛੱਤਰੀ, ਟੋਪੀ ਜਾਂ ਸਕਾਰਫ਼ ਦੀ ਵਰਤੋਂ ਕਰੋ। ਹਲਕਾ ਅਤੇ ਆਸਾਨੀ ਨਾਲ ਪਚਣ ਵਾਲਾ ਭੋਜਨ ਖਾਓ, ਜਿਸ ਵਿੱਚ ਫਲ ਅਤੇ ਸਬਜ਼ੀਆਂ ਸ਼ਾਮਲ ਹੋ ਸਕਦੀਆਂ ਹਨ। ਜੇਕਰ ਚੱਕਰ ਆਉਣੇ, ਸਿਰ ਦਰਦ ਜਾਂ ਉਲਟੀਆਂ ਵਰਗੇ ਲੱਛਣ ਦਿਖਾਈ ਦਿੰਦੇ ਹਨ, ਤਾਂ ਤੁਰੰਤ ਡਾਕਟਰ ਨਾਲ ਸੰਪਰਕ ਕਰੋ।ਗਰਮੀ ਤੋਂ ਜਿੱਥੇ ਲੋਕ ਪ੍ਰੇਸ਼ਾਨ ਹਨ, ਉਥੇ ਹੀ ਸਬਜੀ ਕਾਸ਼ਤਕਾਰ ਵੀ ਚਿੰਤਾ ਵਿਚ ਹਨ, ਕਿਉਂਕਿ ਪਿਛਲੇ ਸਾਲ ਪਈ ਗਰਮੀ ਕਾਰਨ ਸਬਜ਼ੀਆਂ ਦੀਆਂ ਵੇਲ੍ਹਾਂ ਝੁਲਸ ਗਈਆਂ ਸਨ ਅਤੇ ਕਿਸਾਨਾਂ ਨੂੰ ਆਰਥਿਕ ਨੁਕਸਾਨ ਝੱਲਣਾ ਪਿਆ ਸੀ।

# ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਤਹਿਤ ਬਲਾਕ ਤਪਾ ਅਧੀਨ ਵੱਖ-ਵੱਖ ਥਾਣਿਆਂ 'ਚ ਕੀਤੀਆਂ ਡੇਂਗੂ ਸਬੰਧੀ ਜਾਗਰੂਕਤਾ ਗਤੀਵਿਧੀਆਂ

ਤਪਾ ਮੰਡੀ, 23 ਮਈ (ਭੂਸ਼ਨ ਘੜੈਲਾ) ਸਿਵਲ ਸਰਜਨ ਡਾ. ਬਲਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਿਹਤ ਬਲਾਕ ਤਪਾ ਅਧੀਨ ਆਉਂਦੇ ਖੇਤਰ ਵਿੱਚ ਡੇਂਗੂ ਸਬੰਧੀ ਜਾਗਰੂਕਤਾ ਗਤੀਵਿਧੀਆਂ ਲਗਾਤਾਰ ਜਾਰੀ ਹਨ। ਇਸੇ ਲੜੀ ਤਹਿਤ ਅੱਜ ਪੁਲਿਸ ਥਾਣਾ ਤਪਾ, ਸ਼ਹਿਣਾ, ਭਦੌੜ, ਟੱਲੇਵਾਲ ਵਿਖੇ ਸਿਹਤ ਵਿਭਾਗ ਦੀ ਟੀਮ ਨੇ ਪੁਲਿਸ ਮੁਲਾਜ਼ਮਾਂ ਨੂੰ ਡੇਂਗੂ ਸਬੰਧੀ ਜਾਗਰੂਕ ਕੀਤਾ ਤੇ ਥਾਣਿਆਂ ਅੰਦਰ ਡੇਂਗੂ ਦੇ ਲਾਰਵੇ ਦੀ ਚੈਕਿੰਗ ਕੀਤੀ। ਸੀਨੀਅਰ ਮੈਡੀਕਲ ਅਫਸਰ ਡਾ. ਇੰਦੂ ਬਾਂਸਲ ਨੇ ਦੱਸਿਆ ਕਿ ਡੇਂਗੂ ਇਕ ਖਤਰਨਾਕ ਬਿਮਾਰੀ ਹੈ ਜਿਸ ਤੋਂ ਬਚਾਅ ਲਈ ਸਾਨੂੰ ਥੋੜੀ ਜਿਹੀ ਸਾਵਧਾਨੀ ਰੱਖਣ ਦੀ ਜ਼ਰੂਰਤ ਹੈ। ਜੇਕਰ ਅਸੀਂ ਮੱਛਰ ਤੋਂ ਬਚਾਅ ਰੱਖੀਏ ਤਾਂ ਡੇਂਗੂ ਦੀ ਬਿਮਾਰੀ ਤੋਂ ਬਚਾਅ ਆਪਣੇ ਆਪ ਹੋ ਜਾਵੇਗਾ। ਡੇਂਗੂ ਤੋਂ ਬਚਾਅ ਲਈ ਸਾਵਧਾਨੀ ਸਭ ਤੋਂ ਵੱਡਾ ਹਥਿਆਰ ਹੈ। ਬਲਾਕ ਐਜੂਕੇਟਰ ਜਸਪਾਲ ਸਿੰਘ ਜਟਾਣਾ ਤੇ ਐਸ.ਆਈ. ਰਣਜੀਵ ਕੁਮਾਰ ਨੇ ਦੱਸਿਆ ਕਿ ਹਫਤੇ ਵਿਚ ਇੱਕ ਵਾਰ ਆਪਣੇ ਘਰ ਦੇ ਕੂਲਰਾਂ, ਛੱਤਾਂ 'ਤੇ ਰੱਖੇ ਪੰਛੀਆਂ ਦੇ ਪਾਣੀ ਵਾਲੇ ਬਰਤਨਾਂ, ਗਮਲਿਆਂ, ਸਜਾਵਟੀ ਬੂਟਿਆਂ ਦਾ ਪਾਣੀ ਬਦਲਣਾ ਚਾਹੀਦਾ ਹੈ ਤੇ ਸੁਕਾ ਕੇ ਦੁਬਾਰਾ ਭਰਨਾ ਚਾਹੀਦਾ ਹੈ। ਇਸ ਮੌਕੇ ਸਬ ਇੰਸਪੈਕਟਰ ਰੇਨੂੰ ਪਰੋਚਾ, ਥਾਣਾ ਸ਼ਹਿਣਾ ਦੇ ਮੁੱਖ ਅਫ਼ਸਰ ਗੁਰਮੰਦਰ ਸਿੰਘ, ਐਸ.ਆਈ ਜਗਦੇਵ ਸਿੰਗ, ਗਿਆਨ ਸਿੰਘ, ਏ.ਐਸ.ਆਈ. ਗੁਰਤੇਜ ਸਿੰਘ, ਹੈਟ ਕਾਂਸਟੇਬਲ ਦਵਿੰਦਰ ਸਿੰਘ, ਮੁਨਸ਼ੀ ਅਕਾਸ਼ਦੀਪ ਸਿੰਘ, ਹਰਵਿੰਦਰ ਸਿੰਘ ਤੋਂ ਇਲਾਵਾ ਮ.ਪ.ਹ.ਵ. ਗਗਨਦੀਪ ਸਿੰਘ. ਮਨਪ੍ਰੀਤ ਸ਼ਰਮਾ, ਬੂਟਾ ਸਿੰਘ, ਮੰਗਤ ਸਿੰਘ, ਬਲਜਿੰਦਰ ਸਿੰਘ, ਮਿੱਠੂ ਸਿੰਘ ਆਦਿ ਹਾਜ਼ਰ ਸਨ।

# ਸ਼ੂਗਰ ਸਮਾਰਟ ਬਣੋ: ਇੱਕ ਸੀ. ਬੀ. ਐਸ. ਈ. ਜਾਗਰੂਕਤਾ ਪ੍ਰੋਗਰਾਮ

ਬਰਨਾਲਾ, 23 ਮਈ (ਅਮਨਦੀਪ ਸਿੰਘ)- ਤੀਜੀ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਲਈ ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਨੂੰ ਉਤਸ਼ਾਹਿਤ ਕਰਨ ਲਈ ਇੱਕ ਸ਼ੂਗਰ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇੱਕ ਸਧਾਰਨ ਅਤੇ ਰੰਗੀਨ ਪਾਵਰਪੁਆਇੰਟ ਪੇਸ਼ਕਾਰੀ ਵਿੱਚ ਵਾਧੂ ਸ਼ੂਗਰ ਦੇ ਪ੍ਰਭਾਵਾਂ, ਲੁਕਵੇਂ ਸ਼ੂਗਰ ਦੇ ਸਰੋਤਾਂ ਅਤੇ ਸਿਹਤਮੰਦ ਵਿਕਲਪਾਂ ਬਾਰੇ ਦੱਸਿਆ ਗਿਆ। ਵਿਦਿਆਰਥੀਆਂ ਨੇ ਮਿੱਠੇ ਸਨੈਕਸ ਨੂੰ ਸੀਮਤ ਕਰਨ ਅਤੇ ਇਸ ਦੀ ਬਜਾਏ ਫਲ ਅਤੇ ਪਾਣੀ ਦੀ ਚੋਣ ਕਰਨ ਦੀ ਮਹੱਤਤਾ ਬਾਰੇ ਸਿੱਖਿਆ। ਸੈਸ਼ਨ ਦਾ ਅੰਤ ਸ਼ੂਗਰ ਸਮਾਰਟ ਪ੍ਰਣ ਨਾਲ ਹੋਇਆ, ਜਿਸ ਵਿੱਚ ਬੱਚਿਆਂ ਨੂੰ ਬਿਹਤਰ ਭੋਜਨ ਵਿਕਲਪ ਬਣਾਉਣ ਲਈ ਉਤਸ਼ਾਹਿਤ ਕੀਤਾ ਗਿਆ। ਇਹ ਪ੍ਰੋਗਰਾਮ ਜਾਣਕਾਰੀ ਭਰਪੂਰ, ਦਿਲਚਸਪ ਅਤੇ ਨੌਜਵਾਨ ਸਿਖਿਆਰਥੀਆਂ ਦੁਆਰਾ ਭਰਪੂਰ ਪ੍ਰਸ਼ੰਸਾਯੋਗ ਸੀ।

# ਸੰਤ ਲੌਂਗਪੁਰੀ ਬ੍ਰਿਲੀਐਂਟ ਸਕੂਲ ਪੱਖੋ ਕਲਾਂ ਵਿਖੇ ਸ਼ਹੀਦੀ ਸਮਾਗਮ ਕਰਵਾਇਆ




ਬਰਨਾਲਾ, 23 ਮਈ (ਅਮਨਦੀਪ ਸਿੰਘ): ਸੰਤ ਲੌਂਗਪੁਰੀ ਬ੍ਰਿਲੀਐਂਟ ਸਕੂਲ ਪੱਖੋ ਕਲਾਂ, ਤਹਿ ਤਪਾ ਜਿਲਾ ਬਰਨਾਲਾ ਵਿਖੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸੈਮੀਨਾਰ ਦੌਰਾਨ ਸਤਨਾਮ ਸਿੰਘ ਸਲ੍ਹੋਪੁਰੀ ਵੱਲੋਂ ਕੀਤੀ ਪ੍ਰੇਰਨਾ ਸਦਕਾ 65 ਵਿਦਿਆਰਥੀ ਤੇ ਅਧਿਆਪਕ ਸਹਿਜ ਪਾਠ ਕਰਨ ਲਈ ਤਿਆਰ ਹੋਏ 150 ਸੁੰਦਰ ਲਿਖਾਈ ਮੁਕਾਬਲੇ, 40 ਮੂਲ ਮੰਤਰ ਅਤੇ 40 ਵਾਹਿਗੁਰੂ ਲਿਖਣ ਅਭਿਆਸ ਵਿੱਚ ਭਾਗ ਲੈਣਗੇ। ਡਿਵਾਇਨ ਵਰਕਰ ਸੁਖਬੀਰ ਸਿੰਘ ਬਰਨਾਲਾ 22 ਮਈ ਨੂੰ ਪਾਠ ਆਰੰਭ ਕਰਾਉਣਗੇ। ਵਾਈਸ ਪ੍ਰਿੰਸੀਪਲ ਮੈਡਮ ਰਣਬੀਰ ਕੌਰ ਤੇ ਸਤਿਨਾਮ ਟਰੱਸਟ ਦੇ ਮੈਡਮ ਸਰਬਜੀਤ ਕੌਰ ਨੇ ਆਈ ਟੀਮ ਨੂੰ ਜੀ ਆਇਆਂ ਨੂੰ ਕਿਹਾ। ਸਕੂਲ ਨੂੰ ਯਾਦਗਾਰੀ ਚਿੰਨ ਚੋਣਵੇਂ ਵਿਦਿਆਰਥੀਆਂ, ਅਧਿਆਪਕਾਂ ਨੂੰ ਅਤੇ ਲਾਈਬ੍ਰੇਰੀ ਲਈ ਪੁਸਤਕਾਂ ਭੇਟ ਕੀਤੀਆਂ ਗਈਆਂ।

# ਸ੍ਰੀ ਅਕਾਲ ਤਖ਼ਤ ਵੱਲੋਂ ਪ੍ਰਵਾਨਿਤ ਪੰਜ ਮੈਂਬਰੀ ਕਮੇਟੀ ਨੂੰ ਪੰਜਾਬ ਦੇ ਲੋਕ ਦੇ ਰਹੇ ਨੇ ਪੂਰਾ ਸਹਿਯੋਗ : ਹਾਕਮ ਸਿੱਧੂ

ਭਦੌੜ, 23 ਮਈ (ਸੁਖਵਿੰਦਰ ਪਲਾਹਾ): ਸਿੱਖਾਂ ਦੀ ਸਰਬ ਉੱਚ ਅਦਾਲਤ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਪੰਥਕ ਏਕਤਾ ਅਤੇ ਪੰਥ ਦੇ ਹਿੱਤਾਂ ਨੂੰ ਮੁੱਖ ਰੱਖਦਿਆਂ ਹੋਇਆਂ ਪ੍ਰਵਾਨਿਤ ਪੰਜ ਮੈਂਬਰੀ ਕਮੇਟੀ ਜੋ ਕਿ ਸ੍ਰੀ ਅਕਾਲ ਤਖਤ ਵੱਲੋਂ ਗਠਿਤ ਕੀਤੀ ਗਈ ਸੀ ,ਉਸ ਨੂੰ ਪੰਜਾਬ ਦੇ ਲੋਕ ਆਪਣਾ ਪੂਰਾ ਸਹਿਯੋਗ ਦੇ ਰਹੇ ਹਨ ਅਤੇ ਪੰਜਾਬ ਦੇ ਲੋਕ ਉਸ ਪੰਜ ਮੈਂਬਰੀ ਕਮੇਟੀ ਦੇ ਫੈਸਲਿਆਂ ਤੇ ਫੁੱਲ ਚੜ੍ਹਾਉਣਗੇ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਹਾਕਮ ਸਿੰਘ ਸਿੱਧੂ ਹਾਲੈਂਡ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਇਹ ਪੰਜ ਮੈਂਬਰੀ ਕਮੇਟੀ ਪੰਜਾਬ ਦੇ ਹਿੱਤਾਂ ਨੂੰ ਮੁੱਖ ਰੱਖਦਿਆਂ ਹੋਇਆਂ ਸਾਹਿਬ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਪ੍ਰਵਾਨਿਤ ਸੰਸਾਰ



ਵਿੱਚ ਵੱਸਦੇ ਸਿੱਖਾਂ ਨੂੰ ਇਨਸਾਫ ਅਤੇ ਪੰਥਕ ਏਕਤਾ ਲਈ ਜ਼ਰੂਰੀ ਕਦਮ ਦੱਸਿਆ। ਉਹਨਾਂ ਕਿਹਾ ਕਿ 2027 ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਪੰਥਕ ਏਜੰਡਿਆਂ ਦੀ ਪਹਿਰੇਦਾਰ ਬਣ ਕੇ ਸਿੱਖਾਂ ਦੇ ਅਧੂਰੇ ਪਏ ਮਸਲੇ ਜਿਵੇਂ ਕਿ ਆਪਣੀਆਂ ਸਜਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ, ਸਿੱਖਾਂ ਨੂੰ ਵਿਦੇਸ਼ਾਂ ਵਿੱਚ ਉਹਨਾਂ ਦੀ ਅਸਲੀ ਪਹਿਚਾਣ ਦਵਾਉਣਾ, ਗੁਰੂ ਘਰਾਂ ਦੀ ਹੋਂਦ ਨੂੰ ਵਿਦੇਸ਼ਾਂ ਵਿੱਚ ਵੀ ਕਾਇਮ ਰੱਖਣਾ, ਗੁਰੂ ਘਰਾਂ ਦੀ ਰਾਖੀ ਕਰਨ ਆਦਿ ਪੰਥਕ ਮੁੱਦਿਆ ਦਾ ਪਹਿਰੇਦਾਰ ਬਣੇਗਾ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਹੌਲੈਂਡ ਇਕਾਈ ਇਸ ਪੰਜ ਮੈਂਬਰੀ ਕਮੇਟੀ ਜੋ ਕਿ ਅਕਾਲ ਤਖਤ ਵੱਲੋਂ ਪ੍ਰਵਾਨਿਤ ਕੀਤੀ ਗਈ ਹੈ ਉਸ ਦਾ ਪੂਰਾ ਸਮਰਥਨ ਕਰਦੀ ਹੈ ਅਤੇ ਪੰਥਕ ਮੁੱਦਿਆਂ' ਤੇ ਹਮੇਸ਼ਾ ਸ਼੍ਰੋਮਣੀ ਅਕਾਲੀ ਦਲ ਦੇ ਨਾਲ ਚਟਾਨ ਵਾਂਗ ਖੜੀ ਹੈ। ਇਸ ਮੌਕੇ ਹਾਕਮ ਸਿੰਘ ਸਿੱਧੂ ਹੌਲੈਂਡ , ਮਨਦੀਪ ਸਿੰਘ ਤੱਖਰ ਹੌਲੈਂਡ,ਹਰਮਨ ਸਿੰਘ ਸੇਖੋਂ ਹੌਲੈਂਡ, ਗੁਰਸੇਵਕ ਸਿੰਘ ਹਾਲੈਂਡ ,ਰਜਿੰਦਰ ਕੁਮਾਰ ਸ਼ਰਮਾ ਹੌਲੈਂਡ, ਨਛੱਤਰ ਸਿੰਘ ਬਚਿੱਤਰ ਸਿੰਘ ਨੰਬਰਦਾਰ ਆਦਿ ਹਾਜ਼ਰ ਸਨ ।

# ਬੰਗਲਾਦੇਸੀ ਅਤੇ ਰੋਹਿੰਗਿਆ ਘੁਸਪੈਠੀਆਂ ਨੂੰ ਭਾਰਤ 'ਚੋਂ ਬਾਹਰ ਕੱਢਣ ਦੀ ਕਾਰਵਾਈ ਜ਼ੋਰਾਂ 'ਤੇ

ਬਰਨਾਲਾ , 23 ਮਈ (ਸੁਖਵਿੰਦਰ ਸਿੰਘ ਭੰਡਾਰੀ)- ਭਾਰਤ ਦੇਸ਼ 'ਚ ਦੇਸ਼ ਦੀ ਵੰਡ ਦੇ ਸਮੇਂ ਤੋਂ ਵਿਸ਼ੇਸ਼ ਤੌਰ ਤੇ 1971 ਤੋਂ ਲੈ ਕੇ ਭਾਰਤ ਅੰਦਰ ਬੰਗਲਾਦੇਸ਼ੀ ਅਤੇ ਰੋਹਿੰਗਿਆ ਘੁਸਪੈਠੀਏ ਗੈਰ ਕਾਨੂੰਨੀ ਤੌਰ ਤੇ ਘੁੱਸਪੈਠ ਕਰ ਚੁੱਕੇ ਹਨ । ਇੰਨ੍ਹਾਂ ਘੁਸਪੈਠੀਆਂ ਨੇ ਭਾਰਤ ਅੰਦਰ ਆ ਕੇ ਰਾਸ਼ਨ ਕਾਰਡ, ਆਧਾਰ ਕਾਰਡ ਅਤੇ ਪੈਨ ਕਾਰਡ ਬਣਵਾ ਕੇ ਵੋਟਰ ਸੂਚੀਆਂ 'ਚ ਵੀ ਆਪਣੇ ਨਾਮ ਦਰਜ ਕਰਵਾ ਲਏ ਹਨ। ਇਨ੍ਹਾਂ ਘੁਸਪੈਠੀਆਂ ਨੇ ਭਾਰਤ ਦੀ ਏਕਤਾ, ਅਖੰਡਤਾ ਤੇ ਸ਼ਾਂਤੀ ਨੂੰ ਖਤਰੇ ਚ ਪਾ ਰੱਖਿਆ ਹੈ ਅਤੇ ਕਈ ਰਾਜਾਂ ਚ ਆਬਾਦੀ ਦਾ ਸੰਤੁਲਨ ਵੀ ਵਿਗਾੜ ਦਿੱਤਾ ਹੈ। ਸਮੇਂ ਦੀਆਂ ਸਰਕਾਰਾਂ ਨੇ ਵੋਟ ਬੈਂਕ ਦਾ ਲਾਹਾ ਲੈਣ ਲਈ ਇੰਨ੍ਹਾਂ ਘੁਸਪੈਠੀਆਂ ਦੀ ਆਧਾਰ ਕਾਰਡ, ਪੈਨ ਕਾਰਡ ਤੇ ਰਾਸ਼ਨ ਕਾਰਡ ਬਣਵਾ ਕੇ ਦੇਣ ਅਤੇ ਵੋਟਰ ਸੂਚੀਆਂ ਚ ਨਾਮ ਦਰਜ ਕਰਵਾਉਣ ਲਈ ਸਿੱਧੇ ਜਾਂ ਅਸਿੱਧੇ ਤੌਰ ਤੇ ਮੱਦਦ ਕੀਤੀ ਹੈ। ਇਸ ਮੌਕੇ ਰਾਕੇਸ਼ ਜਿੰਦਲ ਐਮ ਡੀ ਜਿੰਦਲ ਸਟੀਲ ਇੰਡਸਟਰੀਜ਼ ਬਰਨਾਲਾ, ਵਾਤਾਵਰਣ ਪ੍ਰੇਮੀ ਜਸਬੀਰ ਸਿੰਘ ਗੱਖੀ ਅਤੇ ਧਰਮ ਸਿੰਘ ਫ਼ੌਜੀ ਨਗਰ ਕੌਂਸਲਰ ਬਰਨਾਲਾ ਨੇ ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਭਾਰਤ ਚ ਇਨ੍ਹਾਂ ਘੁਸਪੈਠੀਆਂ ਦੀ ਗਿਣਤੀ ਸਰਕਾਰੀ ਅੰਕੜਿਆਂ ਅਨੁਸਾਰ 2 ਕਰੋੜ ਅਤੇ ਗੈਰ ਸਰਕਾਰੀ ਅੰਕੜਿਆਂ ਅਨੁਸਾਰ ਲਗਭਗ 6 ਕਰੋੜ ਬਣਦੀ ਹੈ। ਘੁਸਪੈਠੀਏ ਸਰਕਾਰੀ ਥਾਵਾਂ ਅਤੇ



ਜ਼ਮੀਨਾਂ ਤੇ ਗ਼ੈਰ ਕਾਨੂੰਨੀ ਝੁੱਗੀਆਂ ਝੋਪੜੀਆਂ ਬਣਾ ਕੇ ਰਹਿ ਰਹੇ ਹਨ। ਸੁਪਰੀਮ ਕੋਰਟ ਨੇ ਇੱਕ ਕੇਸ ਦਾ ਫ਼ੈਸਲਾ ਕਰਦਿਆਂ ਸਪੱਸ਼ਟ ਕੀਤਾ ਹੈ ਕਿ ਭਾਰਤ ਕੋਈ ਧਰਮਸ਼ਾਲਾ ਨਹੀਂ ਹੈ। ਬਿਨ੍ਹਾਂ ਨਾਗਰਿਕਤਾ ਹਾਸਲ ਕੀਤਿਆਂ ਕਿਸੇ ਨੂੰ ਵੀ ਭਾਰਤ ਚ ਰਹਿਣ ਦਾ ਕੋਈ ਅਧਿਕਾਰ ਨਹੀਂ। ਕੇਂਦਰ ਸਰਕਾਰ ਦੇ ਗ੍ਰਹਿ ਵਿਭਾਗ ਨੇ ਰਾਜ ਸਰਕਾਰਾਂ ਨੂੰ ਹਦਾਇਤਾਂ ਜਾਰੀ ਕਰਕੇ ਰੋਹਿੰਗਿਆ ਅਤੇ ਬੰਗਲਾਦੇਸ਼ੀ ਗ਼ੈਰ ਕਾਨੂੰਨੀ ਘੁਸਪੈਠੀਆਂ ਨੂੰ ਭਾਰਤ ਚੋਂ ਬਾਹਰ ਕੱਢਣ ਲਈ 30 ਦਿਨ ਦਾ ਸਮਾਂ ਦਿੱਤਾ ਹੈ। ਸੇਵਾ ਮੁਕਤ ਪ੍ਰਿੰਸੀਪਲ ਰਾਕੇਸ਼ ਗਰਗ, ਸਮਾਜ ਸੇਵੀ ਨੀਰਜ਼ ਬਾਲਾ ਦਾਨੀਆ ਅਤੇ ਮਹਿਲਾ ਵਿੰਗ ਦੀ ਪ੍ਰਧਾਨ ਬਬੀਤਾ ਜਿੰਦਲ ਨੇ ਕਿਹਾ ਹੈ ਕਿ ਗੈਰ ਕਾਨੂੰਨੀ ਬੰਗਲਾਦੇਸ਼ੀ ਘੁਸਪੈਠੀਆਂ ਭਾਰਤ ਚੋਂ ਬਾਹਰ ਕੱਢਣ ਲਈ ਕੇਂਦਰ ਸਰਕਾਰ ਨੇ ਰਾਜ ਸਰਕਾਰਾਂ ਨੂੰ ਲੋੜੀਂਦੀ ਕਾਰਵਾਈ ਕਰਨ ਲਈ ਲਿਖਿਆ ਹੈ।

# ਆਪਰੇਸ਼ਨ ਸਿੰਦੂਰ ਦੌਰਾਨ ਪਾਕਿਸਤਾਨ ਲਈ ਜਾਸੂਸੀ ਕਰਨ ਵਾਲਿਆਂ ਨੂੰ ਸਖ਼ਤ ਸਜ਼ਾਵਾਂ ਦੇਣ ਦੀ ਮੰਗ

ਬਰਨਾਲਾ, 23 ਮਈ (ਸੁਖਵਿੰਦਰ ਸਿੰਘ ਭੰਡਾਰੀ): ਪਹਿਲਗਾਮ 'ਚ ਹੋਏ ਆਤੰਕੀ ਹਮਲੇ ਉਪਰੰਤ ਭਾਰਤੀ ਫ਼ੌਜ ਵੱਲੋਂ ਆਤੰਕਵਾਦੀਆਂ ਦੇ ਖਾਤਮੇ ਲਈ ਜਾਨ ਹੀਲ ਕੇ ਬਹਾਦਰੀ ਦੇ ਜੌਹਰ ਦਿਖਾਏ ਗਏ ਅਤੇ ਇਸ ਦੌਰਾਨ ਹੀ ਹਰਿਆਣਾ, ਪੰਜਾਬ, ਰਾਜਸਥਾਨ, ਦਿੱਲੀ, ਆਸਾਮ ਆਦਿ ਥਾਵਾਂ ਤੋਂ ਪਾਕਿਸਤਾਨ ਲਈ ਜਾਸੂਸੀ ਕਰਨ



ਵਾਲਿਆਂ ਨੇ ਦੇਸ਼ ਦੀ ਪਿੱਠ 'ਚ ਛੁਰਾ ਮਾਰਿਆ ਹੈ। ਪੁਲਿਸ ਅਤੇ ਸੁਰੱਖਿਆ ਏਜੰਸੀਆਂ ਨੇ ਇਨ੍ਹਾਂ ਜਾਸੂਸਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ, ਜੋ ਕਿ ਗੰਭੀਰ ਅਤੇ ਚਿੰਤਾ ਦਾ ਵਿਸ਼ਾ ਹੈ।

ਗ੍ਰਿਫ਼ਤਾਰ ਕੀਤੇ ਜਾਸੂਸ ਪੁੱਛਗਿੱਛ ਦੌਰਾਨ ਸੱਚ ਵੀ ਉਗਲ ਰਹੇ ਹਨ । ਇਸ ਦੌਰਾਨ ਅਚਾਰੀਆ ਸਿਰੀ ਨਿਵਾਸ ਮਹਾਰਾਜ ਲਕਸ਼ਮੀ ਮੰਦਰ ਵਾਲੇ, ਨਰ ਨਰਾਇਣ ਸੇਵਾ ਸੰਸਥਾਨ ਬਰਨਾਲਾ ਦੇ ਪ੍ਰਧਾਨ ਸ਼ਿਆਮ ਸੁੰਦਰ ਗੁਪਤਾ ਅਤੇ ਸੇਵਾ ਮੁਕਤ ਪ੍ਰਿੰਸੀਪਲ ਰਾਕੇਸ਼ ਗਰਗ ਨੇ ਕੇਂਦਰ ਅਤੇ ਰਾਜਾਂ ਦੀਆਂ ਸਰਕਾਰਾਂ ਤੋਂ ਮੰਗ ਕੀਤੀ ਹੈ ਕਿ ਭਾਰਤ ਦੇ ਦੁਸ਼ਮਣ ਪਾਕਿਸਤਾਨ ਲਈ ਜਾਸੂਸੀ ਕਰਨ ਵਾਲੇ ਗ੍ਰਿਫ਼ਤਾਰ ਕੀਤੇ ਦੇਸ਼ ਦੇ ਗੱਦਾਰਾਂ ਨੂੰ ਤੁਰੰਤ ਸਖ਼ਤ ਸਜ਼ਾਵਾਂ ਦੇਣ ਲਈ ਫਾਸਟ ਟਰੈਕ ਅਦਾਲਤਾਂ ਸਥਾਪਤ ਕੀਤੀਆਂ ਜਾਣ ਅਤੇ ਰੋਜ਼ਾਨਾ ਸੁਣਵਾਈ ਕਰਕੇ ਜਲਦੀ ਤੋਂ ਜਲਦੀ ਇਨ੍ਹਾਂ ਗੱਦਾਰਾਂ ਨੂੰ ਫਾਂਸੀ 'ਤੇ ਲਟਕਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਮਾਵਾਂ ਦੇ ਫ਼ੌਜੀ ਪੁੱਤ ਦੁਸ਼ਮਣਾਂ ਖਿਲਾਫ਼ ਸਿਰ ਧੜ ਦੀ ਬਾਜ਼ੀ ਲਗਾ ਕੇ ਲੜ ਰਹੇ ਸਨ ਅਤੇ ਦੂਜੇ ਪਾਸੇ ਗੁੰਮਰਾਹ ਹੋਏ ਕੁੱਝ ਨੌਜਵਾਨ ਮੁੰਡੇ ਕੁੜੀਆਂ ਦੇਸ਼ ਲਈ ਗੱਦਾਰੀ ਕਰ ਰਹੇ ਸਨ । ਉਨ੍ਹਾਂ ਕਿਹਾ ਕਿ ਇਨ੍ਹਾਂ ਗੱਦਾਰਾਂ ਨੂੰ ਫਾਂਸੀ ਦੀ ਸਜ਼ਾ ਹੋਣੀ ਜ਼ਰੂਰੀ ਹੈ। ਇਸ ਮੌਕੇ ਰਾਜੇਸ਼ ਭੁਟਾਨੀ, ਅਸ਼ਵਨੀ ਸ਼ਰਮਾ ਕਸਤੂਰੀ ਲਾਲ ਬਿੱਲੂ ਹਰਮਨਜੀਤ ਸਿੰਘ ਰੁਪਾਲ ਆਦਿ ਨੇ ਵੀ ਕਿਹਾ ਕਿ ਓਪਰੇਸ਼ਨ ਸਿੰਦੂਰ ਦੌਰਾਨ ਪਾਕਿਸਤਾਨ ਲਈ ਜਾਸੂਸੀ ਕਰਨ ਵਾਲੇ ਵਾਲੇ ਬਖ਼ਸ਼ੇ ਨਹੀਂ ਜਾਣੇ ਚਾਹੀਦੇ।

# ਸਰਕਾਰੀ ਹਾਈ ਸਕੂਲ ਮੰਢਾਲੀ ਦਾ ਦਸਵੀਂ ਕਲਾਸ ਨਤੀਜਾ ਸ਼ਾਨਦਾਰ ਰਿਹਾ



ਸਰਦੂਲਗੜ੍ਹ, 23 ਮਈ ( ਲਛਮਣ ਸਿੱਧੂ ): ਸਰਕਾਰੀ ਹਾਈ ਸਕੂਲ ਮੰਢਾਲੀ ਦੇ ਮੁੱਖ ਅਧਿਆਪਕ ਹਰਪ੍ਰੀਤ ਸਿੰਘ ਜੱਸਲ ਦੀ ਮਿਹਨਤ ਸਦਕਾ ਸਕੂਲ ਦਾ ਦਸਵੀਂ ਕਲਾਸ ਦਾ ਨਤੀਜਾ ਸ਼ਾਨਦਾਰ ਰਿਹਾ ਜਾਣਕਾਰੀ ਅਨੁਸਾਰ ਸਕੂਲ ਦੇ ਬੱਚਿਆਂ ਨੇ ਦਸਵੀਂ ਕਲਾਸ ਦੀ ਪ੍ਰੀਖਿਆ ਵਿੱਚੋਂ ਚੰਗੇ ਅੰਕ ਪ੍ਰਾਪਤ ਕਰਕੇ ਜਿਸ ਵਿੱਚ ਖੁਸ਼ਪ੍ਰੀਤ ਸਿੰਘ ਨੇ ( 93. 7% ) ਹਸਨਪ੍ਰੀਤ ਕੌਰ ( 89 % ) ਹਨੀ ਸਿੰਘ ( 87 .4) ਅੰਕ ਪ੍ਰਾਪਤ ਕਰਕੇ ਆਪਣੇ ਮਾਪਿਆਂ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ ਇਸ ਮੌਕੇ ਬੱਚਿਆਂ ਦੇ ਮਾਪਿਆਂ ਨੇ ਸਕੂਲ ਸਟਾਫ ਅਤੇ ਹੈਡ ਮਾਸਟਰ ਦਾ ਧੰਨਵਾਦ ਕੀਤਾ।

# ਜ਼ਿਲ੍ਹਾ ਬਰਨਾਲਾ ਵਿੱਚ ਪ੍ਰੈਗਾਬਾਲਿਨ ਕੈਪਸੂਲ/ਗੋਲ੍ਹੀਆਂ/ਪਾਊਡਰ/ਤਰਲ ਰੱਖਣ, ਸਟੋਰ ਕਰਨ ਅਤੇ ਵਿਕਰੀ 'ਤੇ ਪਾਬੰਦੀ: ਜ਼ਿਲ੍ਹਾ ਮੈਜਿਸਟਰੇਟ

ਬਰਨਾਲਾ, 23 ਮਈ (ਹਿਮਾਂਸ਼ੂ ਗਰਗ)ਾਂ ਜ਼ਿਲ੍ਹਾ ਮੈਜਿਸਟਰੇਟ ਬਰਨਾਲਾ ਸ੍ਰੀ ਟੀ.ਬੈਨਿਥ ਆਈ.ਏ.ਐਸ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਤਹਿਤ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਬਰਨਾਲਾ ਵਿੱਚ ਪ੍ਰੈਗਾਬਾਲਿਨ (75 ਪ੍ਰਤੀਸ਼ਤ ਤੋਂ ਵੱਧ) ਕੈਪਸੂਲ/ਗੋਲੀਆਂ/ਪਾਊਡਰ/ਤਰਲ ਨੂੰ ਰੱਖਣ, ਸਟੋਰ ਕਰਨ ਅਤੇ ਵਿਕਰੀ 'ਤੇ ਤੁਰੰਤ ਪ੍ਰਭਾਵ ਨਾਲ ਪੂਰੀ ਤਰ੍ਹਾਂ ਪਾਬੰਦੀ ਲਗਾਈ ਗਈ ਹੈ।

ਇਸ ਸਬੰਧੀ ਜਾਰੀ ਹੁਕਮਾਂ ਤਹਿਤ ਹੋਲਸੇਲਰ, ਰਿਟੇਲਰ, ਕੈਮਿਸਟ, ਮੈਡੀਕਲ ਸਟੋਰ ਮਾਲਕ, ਹਸਪਤਾਲਾ ਵਿੱਚ ਮੌਜੂਦ ਫਾਰਮੇਸੀ ਜਾਂ ਹੋਰ ਕੋਈ ਵੀ ਵਿਅਕਤੀ ਪ੍ਰੈਗਾਬਾਲਿਨ (75 ਐਮਜੀ ਤੱਕ) ਬਿਨ੍ਹਾਂ ਅਸਲੀ ਪ੍ਰਿਸਕ੍ਰਿਪਸ਼ਨ ਸਲਿਪ ਦੇ ਨਹੀਂ ਵੇਚ ਸਕਦੇ। ਇਸ ਤੋਂ ਇਲਾਵਾ ਉਨ੍ਹਾਂ ਨੂੰ ਪ੍ਰੈਗਾਬਾਲਿਨ (75 ਐਮਜੀ ਤੱਕ) ਦੀ ਖਰੀਦ ਅਤੇ ਵਿਕਰੀ ਦਾ ਪੂਰਾ ਰਿਕਾਰਡ ਰੱਖਣਾ ਹੋਵੇਗਾ ਅਤੇ ਅਸਲੀ ਪ੍ਰਿਸਕ੍ਰਿਪਸ਼ਨ ਸਲਿਪ 'ਤੇ ਕੈਮਿਸਟ/ਰੀਟੇਲਰ ਦਾ ਨਾਮ, ਦਵਾਈ ਦੀ ਤਰੀਕ, ਦਿੱਤੀਆਂ ਗੋਲੀਆਂ ਦੀ ਗਿਣਤੀ, ਦਵਾਈ ਦਾ ਨਾਮ ਸਮੇਤ ਮਾਤਰਾ ਆਦਿ ਜਾਣਕਾਰੀ ਸਮੇਤ ਆਪਣੀ ਸਟੈਂਪ ਲਗਾਉਣੀ ਹੋਵੇਗੀ।

ਹੁਕਮਾਂ ਅਨੁਸਾਰ ਹੋਲਸੇਲਰ, ਰਿਟੇਲਰ, ਕੈਮਿਸਟ, ਮੈਡੀਕਲ ਸਟੋਰ ਮਾਲਕ ਜਾਂ ਹਸਪਤਾਲਾਂ ਦੀਆਂ ਫਾਰਮੇਸੀਆਂ ਇਹ ਯਕੀਨੀ ਬਣਾਉਣਗੀਆਂ ਕਿ ਅਸਲੀ ਪ੍ਰਿਸਕ੍ਰਿਪਸ਼ਨ ਸਲਿਪ ਸਲਿਪ 'ਤੇ ਦਿੱਤੀ ਪ੍ਰੈਗਾਬਾਲਿਨ ਗੋਲੀ ਪਹਿਲਾਂ ਕਿਸੇ ਹੋਰ ਦੁਕਾਨ ਤੋਂ ਨਹੀਂ ਦਿੱਤੀ ਗਈ। ਉਹ ਇਹ ਵੀ ਯਕੀਨੀ ਬਣਾਉਣਗੇ ਕਿ ਦਿੱਤੀਆਂ ਜਾਣ ਵਾਲੀਆਂ ਗੋਲੀਆਂ / ਕੈਪਸੂਲ ਪ੍ਰਿਸਕ੍ਰਿਪਸ਼ਨ ਵਿੱਚ ਲਿਖੀ ਮਿਆਦ ਤੋਂ ਵੱਧ ਨਾ ਹੋਣ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਕਮਾਂ ਨੂੰ ਲਾਗੂ ਕਰਵਾਉਣ ਲਈ ਡਰੱਗ ਇੰਸਪੈਕਟਰ ਅਤੇ ਪੁਲੀਸ ਦੀਆਂ ਸਾਂਝੀਆਂ ਟੀਮਾਂ ਵੱਲੋਂ ਲਗਾਤਾਰ ਅਚਨਚੇਤੀ ਚੈਕਿੰਗਾਂ ਕੀਤੀਆਂ ਜਾਣਗੀਆਂ। ਉਪਰੋਕਤ ਹੁਕਮਾਂ ਦੀ ਉਲੰਘਣਾ ਹੋਣ 'ਤੇ ਬਣਦੇ ਕਾਨੂੰਨਾਂ ਮੁਤਾਬਿਕ ਕਰਵਾਈ ਕੀਤੀ ਜਾਵੇਗੀ।

ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਉਪਰੋਕਤ ਹੁਕਮਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਨਸ਼ਿਆਂ ਸਬੰਧੀ ਸੂਚਨਾ ਪੰਜਾਬ ਸਰਕਾਰ ਵੱਲੋਂ ਜਾਰੀ ਨੰਬਰ 97791-00200 'ਤੇ ਦਿੱਤੀ ਜਾਵੇ।

# ਸ਼ਹਿਰ ਦੀਆਂ ਸਮੱਸਿਆਵਾਂ ਸਬੰਧੀ ਉੱਗੋਕੇ ਨੇ ਕੀਤੀ ਪੱਤਰਕਾਰਾਂ ਨਾਲ ਮੀਟਿੰਗ

ਭਦੌੜ, 23 ਮਈ (ਸੁਖਵਿੰਦਰ ਪਲਾਹਾ): ਵਿਧਾਨ ਸਭਾ ਹਲਕਾ ਭਦੌੜ ਦੇ ਵਿਧਾਇਕ ਲਾਭ ਸਿੰਘ ਉੱਗੋਕੇ ਨੇ ਭਦੌੜ ਦੇ ਪੱਤਰਕਾਰਾਂ ਨਾਲ ਸ਼ਹਿਰ ਦੀਆਂ ਸਮੱਸਿਆਵਾਂ ਸਬੰਧੀ ਸਥਾਨਕ ਮਾਰਕੀਟ ਕਮੇਟੀ ਦਫ਼ਤਰ ਭਦੌੜ ਵਿਖੇ ਉਚੇਚੇ ਤੌਰ 'ਤੇ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਸ਼ਹਿਰ ਵਾਸੀਆਂ ਨੂੰ ਆ ਰਹੀਆਂ ਰੋਜ਼ ਮਰਾ ਦੀਆਂ ਦਰਪੇਸ਼ ਮੁਸ਼ਕਲਾਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਵੱਲੋਂ ਸ਼ਹਿਰ ਦੀਆਂ ਸਾਰੀਆਂ ਸਮੱਸਿਆਵਾਂ ਨੂੰ ਲੈ ਕੇ ਹਲਕਾ ਵਿਧਾਇਕ ਉੱਗੋਕੇ ਨੂੰ ਜਾਣੂ ਕਰਵਾਇਆ ਗਿਆ। ਭਦੌੜ ਦੇ ਪੱਤਰਕਾਰਾਂ ਵੱਲੋਂ ਸ਼ਹਿਰ ਦੀਆਂ ਮੁੱਖ ਸਮੱਸਿਆਵਾਂ ਜਿਵੇਂ ਕਿ ਸਰਕਾਰੀ ਹਸਪਤਾਲ ਵਿੱਚ ਡਾਕਟਰਾਂ ਦੀ ਘਾਟ ,ਨਸ਼ਿਆਂ



ਖਿਲਾਫ ਸਖਤ ਕਾਰਵਾਈ, ਸ਼ਹਿਰ ਅੰਦਰ ਹੋ ਰਹੇ ਨਾਜਾਇਜ਼ ਕਬਜ਼ਿਆਂ ਸਬੰਧੀ, ਬਰਨਾਲਾ- ਬਾਜਾਖਾਨਾ ਸੜਕ ਉੱਪਰ ਬਣੇ ਖੱਡੇ ,ਸੀਵਰੇਜ ਦੀ ਲੀਕਿੰਗ ਅਤੇ ਸਰਕਾਰੀ ਹਸਪਤਾਲ ਵਿੱਚ ਸੀਸੀ ਟੀਵੀ ਕੈਮਰੇ ਆਦਿ ਸਮੱਸਿਆਵਾਂ ਸੰਬੰਧੀ ਭਦੌੜ ਵਾਸੀਆਂ ਦੀਆਂ ਮੰਗਾਂ ਵੱਲ ਧਿਆਨ ਦਵਾਇਆ ਗਿਆ । ਹਲਕਾ ਵਿਧਾਇਕ ਨੇ ਭਦੌੜ ਦੀਆਂ ਸਮੱਸਿਆਵਾਂ ਨੂੰ ਗੰਭੀਰਤਾਂ ਨਾਲ ਲੈਂਦੇ ਹੋਏ ਕਿਹਾ ਕਿ ਮੈਂ ਭਦੌੜ ਦੀਆਂ ਸਾਰੀਆਂ ਸਮੱਸਿਆਵਾਂ ਨੂੰ ਨੋਟ ਕਰ ਲਿਆ ਹੈ ਅਤੇ ਇੱਕ ਮਹੀਨੇ ਦੇ ਅੰਦਰ ਅੰਦਰ ਮੈਂ ਇਹਨਾਂ ਸਾਰੀਆਂ ਸਮੱਸਿਆਵਾਂ ਦਾ ਰਿਜਲਟ ਭਦੌੜ ਦੇ ਸਮੁੱਚੇ ਸ਼ਹਿਰ ਵਾਸੀਆਂ ਨੂੰ ਦੇਵਾਂਗਾ। ਉਹਨਾਂ ਕਿਹਾ ਕਿ ਮੈਨੂੰ ਲੋਕਾਂ ਨੇ ਹਲਕਾ ਭਦੌੜ ਦੀ ਸੇਵਾ ਕਰਨ ਲਈ ਚੁਣਿਆ ਹੈ ਅਤੇ ਮੈਂ ਹਮੇਸ਼ਾ ਹੀ ਹਲਕਾ ਭਦੌੜ ਦੇ ਲੋਕਾਂ ਦੀ ਸੇਵਾ ਕਰਦਾ ਰਹਾਂਗਾ। ਉਹਨਾਂ ਕਿਹਾ ਕਿ ਜੋ ਸਮੱਸਿਆਵਾਂ ਭਦੌੜ ਦੀ ਪ੍ਰੈਸ ਵੱਲੋਂ ਮੈਨੂੰ ਨੋਟ ਕਰਵਾਈਆਂ ਗਈਆਂ ਹਨ , ਉਹਨਾਂ ਸਬੰਧੀ ਮੈਂ ਸਬੰਧਤ ਵਿਭਾਗਾਂ ਦੇ ਉੱਚ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਇਹਨਾਂ ਸਮੱਸਿਆਵਾਂ ਦਾ ਸਥਾਈ ਹੱਲ ਜਲਦੀ ਤੋਂ ਜਲਦੀ ਲੱਭਾਂਗਾ ਤਾਂ ਜੋ ਭਦੌੜ ਦੇ ਲੋਕਾਂ ਨੂੰ ਇਹਨਾਂ ਸਮੱਸਿਆਵਾਂ ਤੋਂ ਨਿਜ਼ਾਤ ਦਿਵਾਈ ਜਾ ਸਕੇ। ਇਸ ਮੌਕੇ ਗੁਰਬਿੰਦਰ ਸਿੰਘ, ਸੁਖਵਿੰਦਰ ਸਿੰਘ ਪਲਾਹਾ, ਰਮਨੀਕ ਬੱਤਾ, ਰਜਿੰਦਰ, ਤੇਜਿੰਦਰ ਸ਼ਰਮਾ, ਸੁਖਵਿੰਦਰ ਸਿੱਧੂ ਆਦਿ ਹਾਜ਼ਿਰ ਸਨ।

# ਸੜਕ ਕਿਨਾਰੇ ਅਣਚਾਹੇ ਬਨਸਪਤੀ ਵਾਧੇ ਦੀ ਸਫ਼ਾਈ ਕਰਵਾਉਣੀ ਯਕੀਨੀ ਬਣਾਈ ਜਾਵੇ : ਡੀ. ਸੀ.

ਮਾਨਸਾ, 23 ਮਈ: (ਵਿਰੋਂਦਰਪਾਲ ਮੰਤਰੋ): ਸੜਕਾਂ 'ਤੇ ਲੋਕਾਂ ਦੀ ਸੁਰੱਖਿਆ ਨੂੰ ਲੈ ਕੇ ਮੁੱਦਿਆਂ 'ਤੇ ਵਿਚਾਰ ਵਟਾਂਦਰਾ ਕਰਨ ਲਈ ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ ਅੱਜ ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਉਨ੍ਹਾਂ ਕਿਹਾ ਕਿ ਸੜਕਾਂ 'ਤੇ ਦੁਰਘਟਨਾਵਾਂ ਕਾਰਨ ਕਈ ਕੀਮਤੀ ਜਾਨਾਂ ਚਲੀਆਂ ਜਾਂਦੀਆਂ ਹਨ, ਇਸ ਲਈ ਸੜ੍ਹਕੀ ਸੁਰੱਖਿਆ ਇੱਕ ਅਹਿਮ ਮੁੱਦਾ ਹੈ ਅਤੇ ਸਾਨੂੰ ਸਭ ਨੂੰ ਇਸ ਸਬੰਧੀ ਸੁਚੇਤ ਹੋ ਕੇ ਕੰਮ ਕਰਨ ਦੀ ਜ਼ਰੂਰਤ ਹੈ।ਮੀਟਿੰਗ ਦੌਰਾਨ ਉਨ੍ਹਾਂ ਕਿਹਾ ਕਿ ਸੜ੍ਹਕ ਦੇ ਕਿਨਾਰੇ ਅਣਚਾਹੇ ਬਨਸਪਤੀ ਵਾਧੇ ਦੀ ਸਫ਼ਾਈ ਕਰਵਾਉਣੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਸਕੂਲੀ ਵਿਦਿਆਰਥੀਆਂ ਦੀ ਸੁਰੱਖਿਆ ਲਈ ਸਕੂਲੀ ਬੱਸਾਂ ਦੀ ਚੈਕਿੰਗ ਕੀਤੀ ਜਾਵੇ



ਅਤੇ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਟੁੱਟੀਆਂ ਸੜ੍ਹਕਾਂ ਦੀ ਰਿਪੇਅਰ ਕਰਵਾਈ ਜਾਵੇ ਅਤੇ ਬਲੈਕ ਸਪੌਟ ਏਰੀਏ ਵਿਚ ਰਿਫਲੈਕਟਰ ਲਗਾਏ ਜਾਣ ਅਤੇ ਹੋਰ ਲੋੜੀਂਦੇ ਉਪਰਾਲੇ ਕੀਤੇ ਜਾਣ, ਤਾਂ ਜੋ ਕਿਸੇ ਵੀ ਤਰ੍ਹਾਂ ਦੀ ਦੁਰਘਟਨਾ ਤੋਂ ਬਚਾਅ ਕੀਤਾ ਜਾ ਸਕੇ।ਇਸ ਤੋਂ ਇਲਾਵਾ ਮੀਟਿੰਗ ਦੌਰਾਨ ਸੜਕਾਂ 'ਤੇ ਝੁਕੇ ਹੋਏ ਦਰਖ਼ਤਾਂ ਨੂੰ ਛਾਂਗਣ, ਟਰੈਫਿਕ ਲਾਈਟਾਂ, ਸਪੀਡ ਬਰੇਕਰ ਆਦਿ ਸਬੰਧੀ ਵਿਚਾਰ ਚਰਚਾ ਕੀਤੀ ਗਈ ਅਤੇ ਸੜ੍ਹਕੀ ਹਾਦਸਿਆਂ ਲਈ ਜ਼ਿੰਮੇਵਾਰ ਕਾਰਨਾਂ ਨੂੰ ਦੂਰ ਕਰਨ ਅਤੇ ਸੜ੍ਹਕੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕੀਤੇ ਜਾ ਸਕਣ ਵਾਲੇ ਉਪਰਾਲਿਆਂ ਬਾਰੇ ਗੱਲਬਾਤ ਕੀਤੀ ਗਈ।ਇਸ ਮੌਕੇ ਐਸ.ਡੀ.ਐਮ. ਮਾਨਸਾ ਸ੍ਰ. ਕਾਲਾ ਰਾਮ ਕਾਂਸਲ, ਐਸ.ਡੀ.ਐਮ. ਸਰਦੂਲਗੜ੍ਹ ਸ੍ਰ. ਗਗਨਦੀਪ ਸਿੰਘ ਤੋਂ ਪਬਲਿਕ ਵਰਕਸ ਹਾਜ਼ਰ ਸਨ।

## ਸੁਖਬੀਰ ਬਾਦਲ ਦੀ ਸੋਚ ਨੂੰ ਪੰਜਾਬੀਆਂ ਤੇ ਸਿੱਖ ਪੰਥ ਨੇ ਨਕਾਰ ਦਿੱਤੈ : ਢੀਂਡਸਾ



ਲਹਿਰਾਗਾਗਾ, 23 ਮਈ (ਗੁਰਦੀਪ ਸਿੰਘ); ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ 'ਤੇ ਬਣੀ ਪੰਜ ਮੈਂਬਰੀ ਭਰਤੀ ਕਮੇਟੀ ਦੇ ਨਿਰਦੇਸ਼ਾਂ ਤਹਿਤ ਚੱਲ ਰਹੀ ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਮੁਹਿੰਮ ਸਬੰਧੀ ਜਿੱਥੇ ਸਾਰੇ ਪੰਜਾਬ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ, ਉੱਥੇ ਹੀ ਦੂਜੇ ਪਾਸੇ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਦੇ ਉਲਟ ਅਕਾਲ ਤਖਤ ਸਾਹਿਬ ਤੋਂ ਭਗੌੜੇ ਇੱਕ ਧੜੇ ਵੱਲੋਂ ਸੁਖਬੀਰ ਬਾਦਲ ਨੂੰ ਪ੍ਰਧਾਨ ਬਣਾਉਣ ਕਰਕੇ ਪੰਜਾਬ ਭਰ ਵਿੱਚ ਭਾਰੀ ਵਿਰੋਧ ਹੋ ਰਿਹਾ ਹੈ, ਕਿਉਂਕਿ ਸੁਖਬੀਰ ਬਾਦਲ ਦੀ ਸੋਚ ਨੂੰ ਪੰਜਾਬੀਆਂ ਅਤੇ ਸਿੱਖ ਪੰਥ ਨੇ ਨਕਾਰ ਦਿੱਤਾ ਹੋਇਆ ਹੈ, ਇਸ ਗੱਲ ਦਾ ਪ੍ਰਗਟਾਵਾ ਸਾਬਕਾ ਵਿੱਤ ਮੰਤਰੀ ਸਰਦਾਰ ਪਰਮਿੰਦਰ ਸਿੰਘ ਢੀਂਡਸਾ ਨੇ ਅੱਜ ਲਹਿਰਾਗਾਗਾ ਦੇ ਗੁਰਦੁਆਰਾ ਸਾਹਿਬ ਵਿਖੇ ਅਕਾਲ ਤਖਤ ਸਾਹਿਬ ਦੇ ਆਦੇਸ਼ 'ਤੇ ਅਕਾਲੀ ਦਲ ਦੀ ਭਰਤੀ ਸਬੰਧੀ ਪਾਰਟੀ ਆਗੂਆਂ ਅਤੇ ਵਰਕਰਾਂ ਨੂੰ ਭਰਤੀ ਕਾਪੀਆਂ ਵੰਡਣ ਉਪਰੰਤ ਵਿਸ਼ੇਸ਼ ਗੱਲਬਾਤ ਕਰਦਿਆਂ ਹੋਇਆਂ ਕੀਤਾ, ਉਨ੍ਹਾਂ ਕਿਹਾ ਕਿ ਬਾਦਲ ਪਰਿਵਾਰ ਅਕਾਲ ਤਖਤ ਸਾਹਿਬ ਤੋਂ ਬੇਮੁਖ ਹੋ ਗਿਆ ਹੈ ਅਤੇ ਜੋ ਅਕਾਲ ਤਖਤ ਸਾਹਿਬ ਵੱਲੋਂ ਅਕਾਲੀ ਦਲ ਦੀ ਪੁਨਰ ਸੁਰਜੀਤ ਨੂੰ ਲੈ ਕੇ ਭਰਤੀ ਕਰਨ ਦਾ ਫੈਸਲਾ ਲਿਆ ਗਿਆ ਹੈ, ਉਸ ਫੈਸਲੇ 'ਤੇ ਫੁੱਲ ਚੜਾਉਂਦੇ ਹੋਏ ਪੰਜਾਬ ਵਾਸੀ ਭਰਤੀ ਸਬੰਧੀ ਬਹੁਤ ਉਤਸ਼ਾਹ ਦਿਖਾ ਰਹੇ ਹਨ, ਉਹਨਾਂ ਕਿਹਾ ਕਿ ਪੰਜਾਬ ਅਤੇ ਪੰਜਾਬੀਆਂ ਨੂੰ ਬਚਾਉਣ ਲਈ ਅਕਾਲੀ ਦਲ ਨੂੰ ਮੁੜ ਪੈਰਾਂ ਸਿਰ ਖੜੇ ਕਰਨਾ ਸਮੇਂ ਦੀ ਲੋੜ ਹੈ, ਗੁਰਦੁਆਰਾ ਸਾਹਿਬ ਲਹਿਰਾਗਾਗਾ ਵਿਖੇ ਢੀਂਡਸਾ ਨੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਤੇ ਪੰਜਾਬੀਆਂ ਦੀ ਆਪਣੀ ਪਾਰਟੀ ਹੈ, ਇਸ ਪਾਰਟੀ ਨੂੰ ਬਚਾਉਣਾ ਵੱਡੀ ਲੋੜ ਹੈ, ਜੇਕਰ ਸਾਡੀ ਇਹ ਖੇਤਰੀ ਪਾਰਟੀ ਮਜ਼ਬੂਤ ਹੋਵੇਗੀ ਤਾਂ ਹੀ ਸਾਡੇ ਪੰਜਾਬ ਦੇ ਮਸਲੇ ਹੱਲ ਹੋਣਗੇ ਇਸ ਮੌਕੇ ਜਥੇਦਾਰ ਰਾਮਪਾਲ ਸਿੰਘ ਬਹਿਨੀਵਾਲ, ਗੁਰਸੰਤ ਸਿੰਘ ਭੁਟਾਲ, ਵਰਿੰਦਰਪਾਲ ਸਿੰਘ ਟੀਟੂ, ਸਾਬਕਾ ਪ੍ਰਧਾਨ ਬਲਵਿੰਦਰ ਕੌਰ, ਆਸ਼ੂ ਜਿੰਦਲ ਡੈਹਰੀ ਵਾਲੇ, ਗੁਰਮੀਤ ਸਿੰਘ ਖਾਈ, ਰਜਿੰਦਰ ਸਿੰਘ ਬਿੱਟੂ, ਸਾਬਕਾ ਕੌਂਸਲਰ ਦਵਿੰਦਰ ਕੁਮਾਰ ਨੀਟੂ, ਮਹੇਸ਼ ਕੁਮਾਰ ਸ਼ਰਮਾ, ਜਗਦੀਸ਼ ਰਾਏ ਠੇਕੇਦਾਰ, ਰਣਵੀਰ ਸਿੰਘ ਦੇਹਲਾ, ਜਸਵੰਤ ਸਿੰਘ ਹੈਪੀ, ਛੱਜੂ ਸਿੰਘ ਧਾਲੀਵਾਲ, ਗੁਰਨਾਮ ਸਿੰਘ ਸਾਗੂ ਤੋਂ ਇਲਾਵਾ ਬਹੁਤ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ,

## ਜ਼ਿਲ੍ਹੇ ਦੇ ਵਿਧਾਇਕਾਂ ਵੱਲੋਂ ਨੌਜਵਾਨਾਂ ਨੂੰ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦਾ ਹਿਸਾ ਬਣਨ ਦੀ ਅਪੀਲ



ਮਾਨਸਾ, 23 ਮਈ : (ਵਿਰੋਦਰਪਾਲ ਮੰਤਰੋ ) : ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜ਼ਿਲ੍ਹਾ ਮਾਨਸਾ ਦੀਆਂ ਤਿੰਨੋਂ ਸਬ-ਡਵੀਜ਼ਨਾਂ ਦੇ ਵਿਧਾਇਕਾਂ ਵੱਲੋਂ ਪਿੰਡਾਂ ਵਿੱਚ ਜਾ ਕੇ ਨਸ਼ਾ ਰੋਕੂ ਰੱਖਿਆ ਕਮੇਟੀਆਂ ਅਤੇ ਪਿੰਡ ਦੇ ਵਸਨੀਕਾਂ ਨਾਲ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਨਸ਼ਾ ਮੁਕਤੀ ਦੀ ਇਸ ਮੁਹਿੰਮ ਨੂੰ ਲੋਕ ਲਹਿਰ ਬਣਾ ਕੇ ਨਸ਼ਿਆਂ ਦਾ ਮੁਕੰਮਲ ਖ਼ਾਤਮਾ ਕੀਤਾ ਜਾ ਸਕੇ। ਇਸੇ ਲੜੀ ਤਹਿਤ ਅੱਜ ਵਿਧਾਇਕਾਂ ਵੱਲੋਂ ਜ਼ਿਲ੍ਹੇ ਦੇ ਪਿੰਡਾਂ ਸਿਰਸੀਵਾਲਾ, ਗੋਬਿੰਦਪੁਰਾ, ਫੁੱਲੂਵਾਲਾ ਡੋਡ, ਭਾਈ ਦੇਸਾ, ਕੱਲੋ, ਕੋਟਲੀ, ਦੂਲੋਵਾਲ ਅਤੇ ਘਰਾਂਗਣਾ ਵਿਖੇ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਜਾਗਰੂਕਤਾ ਮੀਟਿੰਗਾਂ ਕੀਤੀਆਂ ਗਈਆਂ। ਪਿੰਡ ਸਿਰਸੀਵਾਲਾ, ਗੋਬਿੰਦਪੁਰਾ ਅਤੇ ਫੁੱਲੂਵਾਲਾ ਡੋਡ ਵਿਖੇ ਨਸ਼ਿਆਂ ਵਿਰੁੱਧ ਜਾਗਰੂਕਤਾ ਮੀਟਿੰਗਾਂ ਕਰਦਿਆਂ ਆਪਣੇ ਸੰਬੋਧਨ ਦੌਰਾਨ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਸ੍ਰੀ ਬੁੱਧ ਰਾਮ ਨੇ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਵਿੱਢੀ ਮੁਹਿੰਮ ਦਾ ਹੁਣ ਲੋਕਾਂ ਵੱਲੋਂ ਵੱਡੀ ਗਿਣਤੀ ਵਿੱਚ ਸਾਥ ਦਿੱਤਾ ਜਾ ਰਿਹਾ ਹੈ ਅਤੇ ਲੋਕਾਂ ਦੇ ਸਹਿਯੋਗ ਸਦਕਾ ਪੁਲਿਸ ਨੇ ਕਈ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ। ਇਸ ਤੋਂ ਇਲਾਵਾ ਨਸ਼ਾ ਤਸਕਰਾਂ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ਉੱਪਰ ਬੁਲਡੋਜ਼ਰ ਫੇਰ ਕੇ ਨਜਾਇਜ਼ ਕਬਜ਼ਾ ਛੁਡਵਾਇਆ ਗਿਆ ਹੈ। ਡਾ. ਵਿਜੈ ਸਿੰਗਲਾ ਨੇ ਭਾਈ ਦੇਸਾ, ਕੱਲੋ ਅਤੇ ਕੋਟਲੀ ਵਿਖੇ ਕਿਹਾ ਕਿ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਖ਼ਾਤਮੇ ਲਈ ਵਚਨਬੱਧ ਹੈ ਅਤੇ ਨੌਜਵਾਨੀ ਨੂੰ ਖ਼ਰਾਬ ਕਰਨ ਵਾਲੇ ਇਨ੍ਹਾਂ ਨਸ਼ਾ ਤਸਕਰ ਨੂੰ ਕਿਸੇ ਵੀ ਕੀਮਤ ਤੇ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ੇ ਦੀ ਬੁਰੀ ਆਦਤ ਵਿੱਚ ਫਸੇ ਲੋਕਾਂ ਨੂੰ ਮੁੜ ਤੋਂ ਸਮਾਜ ਦਾ ਜ਼ਿੰਮੇਵਾਰ ਹਿੱਸਾ ਬਣਾਉਣ ਲਈ ਸਰਕਾਰ ਵੱਲੋਂ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ ਅਤੇ ਉਨ੍ਹਾਂ ਨੂੰ ਮੁਫ਼ਤ ਇਲਾਜ ਲਈ ਨਸ਼ਾ ਮੁਕਤੀ ਕੇਂਦਰਾਂ ਵਿੱਚ ਦਾਖ਼ਲ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਆਪਣੇ ਜ਼ਿਲ੍ਹੇ ਅਤੇ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਹਰ ਵਿਅਕਤੀ ਨੂੰ ਸਹਿਯੋਗ ਕਰਨ ਦਾ ਸੱਦਾ ਦਿੱਤਾ।ਹਲਕਾ ਵਿਧਾਇਕ ਸਰਦੂਲਗੜ੍ਹ ਸ੍ਰੀ ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਪਿੰਡ ਘਰਾਂਗਣਾ ਅਤੇ ਦੂਲੋਵਾਲ ਵਿਖੇ ਨਸ਼ਾ ਰੋਕੂ ਰੱਖਿਆ ਕਮੇਟੀਆਂ ਅਤੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਕੋਸ਼ਿਸ਼ਾਂ ਸਦਕਾ ਲੋਕਾਂ ਦੇ ਜੋਸ਼ ਨੂੰ ਦੇਖਣ ਤੋਂ ਪਤਾ ਲੱਗਦਾ ਹੈ ਕਿ ਉਹ ਦਿਨ ਦੂਰ ਨਹੀਂ ਜਦੋਂ ਜਲਦ ਹੀ ਸੂਬਾ ਨਸ਼ਾ ਮੁਕਤੀ ਦੀ ਲਕੀਰ ਨੂੰ ਛੂਹੇਗਾ

## ਲੋਕ ਚੇਤਨਾ ਮੰਚ ਲਹਿਰਾਗਾਗਾ ਦੇ ਗਿਆਨ ਚੰਦ ਸ਼ਰਮਾ ਪ੍ਰਧਾਨ ਬਣੇ



ਲਹਿਰਾਗਾਗਾ, 23 ਮਈ (ਗੁਰਦੀਪ ਸਿੰਘ): ਲੋਕ ਚੇਤਨਾ ਮੰਚ ਉਹ ਪ੍ਰਸਿੱਧ ਸੰਸਥਾ ਹੈ, ਜਿਹੜੀ ਆਪਸੀ ਸਹਿਮਤੀ ਅਤੇ ਸਹਿਯੋਗ ਨਾਲ ਪਿਛਲੇ ਲੰਬੇ ਸਮੇਂ ਤੋਂ ਇਲਾਕੇ ਵਿੱਚ ਆਪਣੀ ਅਹਿਮ ਭੂਮਿਕਾ ਨਿਭਾਅ ਰਹੀ ਹੈ।ਬੀਤੇ ਕੱਲ ਮੰਚ ਦੇ ਪ੍ਰਧਾਨ ਦੀ ਸਰਬ ਸੰਮਤੀ ਨਾਲ ਚੋਣ ਕੀਤੀ ਗਈ, ਇਸ ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦੇ ਹੋਏ ਮੰਚ ਦੇ ਪ੍ਰੈਸ ਸਕੱਤਰ ਕਾਮਰੇਡ ਰਣਜੀਤ ਲਹਿਰਾ ਨੇ ਦੱਸਿਆ ਕਿ ਜਿੱਥੇ ਮੀਟਿੰਗ ਵਿੱਚ ਮੰਚ ਦੇ ਜਥੇਬੰਦਕ ਮਸਲੇ ਵਿਚਾਰੇ ਗਏ, ਉੱਥੇ ਮੰਚ ਦੇ ਅਹੁਦੇਦਾਰਾਂ ਦੀ ਨਵੇਂ ਸਿਰਿਓਂ ਚੋਣ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮੰਚ ਦੇ ਪ੍ਰਧਾਨ ਨੇ ਕਿਹਾ ਕਿ ਮੰਚ ਨੇ ਦਿੱਲੀ ਦੇ ਇਤਿਹਾਸਿਕ ਕਿਸਾਨ ਅੰਦੋਲਨ ਸਮੇਤ ਪੰਜਾਬ ਦੇ ਵੱਖ-ਵੱਖ ਤਬਕਿਆਂ ਦੇ ਸੰਘਰਸ਼ਾਂ ਵਿੱਚ ਭਰਵੀਂ ਸ਼ਮੂਲੀਅਤ ਕਰਕੇ ਪੰਜਾਬ ਭਰ ਵਿੱਚ ਆਪਣਾ ਨਾਮ ਬਣਾਇਆ ਹੈ। ਮੰਚ ਵਿੱਚ ਹਰ ਇੱਕ ਸਾਥੀ ਨੂੰ ਆਪਣੇ ਵਿਚਾਰ ਰੱਖਣ ਦਾ ਪੂਰਾ ਮੌਕਾ ਦਿੱਤਾ ਜਾਂਦਾ ਹੈ, ਤਾਂ ਕਿ ਜਥੇਬੰਦੀ ਮਜ਼ਬੂਤੀ ਨਾਲ ਅੱਗੇ ਵੱਧ ਸਕੇ। ਵਿਚਾਰ ਵਟਾਂਦਰੇ ਉਪਰੰਤ ਮੰਚ ਦੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ, ਜਿਸ ਵਿੱਚ ਮੰਚ ਦੇ ਸੀਨੀਅਰ ਆਗੂ ਡਾਕਟਰ ਜਗਦੀਸ਼ ਪਾਪੜਾ ਨੇ ਪੈਨਲ ਪੇਸ਼ ਕੀਤਾ, ਜਿਸ ਨੂੰ ਸਰਬ ਸੰਮਤੀ ਨਾਲ ਪਾਸ ਕੀਤਾ ਗਿਆ। ਮੀਟਿੰਗ ਵਿੱਚ ਗਿਆਨ ਚੰਦ ਸ਼ਰਮਾ ਨੂੰ ਪ੍ਰਧਾਨ, ਮਾਸਟਰ ਹਰਭਗਵਾਨ ਗੁਰਨੇ ਨੂੰ ਸਕੱਤਰ, ਜਗਜੀਤ ਭੁਟਾਲ ਨੂੰ ਮੀਤ ਪ੍ਰਧਾਨ, ਗੁਰਚਰਨ ਸਿੰਘ ਨੂੰ ਖਜ਼ਾਨਚੀ ਅਤੇ ਕਾਮਰੇਡ ਰਣਜੀਤ ਲਹਿਰਾ ਨੂੰ ਪ੍ਰੈਸ ਸਕੱਤਰ ਚੁਣਿਆ ਗਿਆ, ਮੀਟਿੰਗ ਨੇ ਇੱਕ ਵਿਸ਼ੇਸ਼ ਮਤਾ ਪਾਸ ਕਰਕੇ ਪਿਛਲੇ ਦਿਨੀਂ ਸਿਆਸੀ ਸ਼ਹਿ ਪ੍ਰਾਪਤ ਮਾਫੀਆ ਵੱਲੋਂ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਮਾਸਟਰ ਨਿਰਭੈ ਸਿੰਘ ਖਾਈ 'ਤੇ ਕੀਤੇ ਕਾਤਲਾਨਾ ਹਮਲੇ ਖਿਲਾਫ ਸਾਂਝੇ ਸੰਘਰਸ਼ ਵਿੱਚ ਪੂਰੀ ਤਾਕਤ ਨਾਲ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ। ਇੱਕ ਹੋਰ ਮਤੇ ਰਾਹੀਂ ਪੁਲਿਸ ਵੱਲੋਂ ਬੇਚਿਰਾਗ ਪਿੰਡ ਦੀ ਬੇ ਆਬਾਦ ਜ਼ਮੀਨ 'ਤੇ ਬੇਗਮਪੁਰਾ ਵਸਾਉਣ ਦੇ ਸੰਘਰਸ਼ ਵਿੱਚ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਸੈਂਕੜੇ ਕਾਰਕੁਨਾਂ ਨੂੰ ਗ੍ਰਿਫਤਾਰ ਕਰਨ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।

# ਬਠਿੰਡਾ ਪੁਲਿਸ ਨੇ ਕਸਿਆ ਨਸ਼ਾ ਤਸਕਰਾਂ 'ਤੇ ਸ਼ਿਕੰਜਾ

### 2 ਔਰਤਾਂ ਸਮੇਤ 21 ਗ੍ਰਿਫਤਾਰ, ਹੈਰੋਇਨ, ਭੁੱਕੀ ਤੇ ਨਸ਼ੀਲੀਆਂ ਦਵਾਈਆਂ ਬਰਾਮਦ



ਬਠਿੰਡਾ, 23 ਮਈ (ਦੀਪਕ ਸ਼ਰਮਾ) :ਜ਼ਿਲ੍ਹਾ ਪੁਲਿਸ ਨੇ ਵੱਖ-ਵੱਖ ਥਾਵਾਂ ਤੋਂ 21 ਵਿਅਕਤੀਆਂ ਨੂੰ ਭਾਰੀ ਮਾਤਰਾ ਨਸ਼ੀਲੇ ਪਦਾਰਥਾਂ ਸਮੇਤ ਗ੍ਰਿਫਤਾਰ ਕੀਤਾ ਹੈ। ਪੁਲਿਸ ਨੇ ਫੜੇ ਗਏ ਮੁਲਜ਼ਮਾਂ ਕੋਲੋਂ 92.63 ਗ੍ਰਾਮ ਹੈਰੋਇਨ, 130 ਨਸ਼ੀਲੀਆਂ ਗੋਲੀਆਂ, 930 ਪਾਬੰਦੀਸ਼ੁਦਾ ਕੈਪਸੂਲ, 25 ਕਿਲੋ ਭੁੱਕੀ ਅਤੇ 20 ਲੀਟਰ ਲਾਹਣ ਬਰਾਮਦ ਕੀਤੀ ਹੈ। ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿੱਚ ਫੜੇ ਗਏ ਮੁਲਜ਼ਮਾਂ ਵਿੱਚ ਦੋ ਔਰਤਾਂ ਵੀ ਸ਼ਾਮਲ ਹਨ।ਪੁਲਿਸ ਵਿਭਾਗ ਵੱਲੋਂ ਮੁਹੱਈਆ ਕਰਵਾਈ ਗਈ ਜਾਣਕਾਰੀ ਅਨੁਸਾਰ ਥਾਣਾ ਕੋਤਵਾਲੀ ਪੁਲਿਸ ਨੇ ਬਠਿੰਡਾ ਦੇ ਬੱਸ ਅੱਡੇ 'ਤੇ ਇਕ ਸ਼ੱਕੀ ਵਿਅਕਤੀ ਨੂੰ ਰੋਕ ਕੇ ਤਲਾਸ਼ੀ ਲਈ ਤਾਂ ਉਸ ਕੋਲੋਂ ਪਾਬੰਦੀ ਸ਼ੁਦਾ 930 ਕੈਪਸੂਲ ਬਰਾਮਦ ਹੋਏ। ਫੜੇ ਗਏ ਮੁਲਜ਼ਮ ਦੀ ਪਛਾਣ ਗੁਰਜੰਟ ਸਿੰਘ ਵਾਸੀ ਤਪਾ ਜ਼ਿਲ੍ਹਾ ਬਰਨਾਲਾ ਵਜੋਂ ਹੋਈ ਹੈ। ਇਸ ਤਰ੍ਹਾਂ ਹੀ ਥਾਣਾ ਕੈਨਾਲ ਕਲੋਨੀ ਦੀ ਪੁਲਿਸ ਨੇ ਦੋ ਵਿਅਕਤੀਆਂ ਨੂੰ ਰੇਲਵੇ ਕਲੋਨੀ ਨੇੜੇ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਲਵਪ੍ਰੀਤ ਸਿੰਘ ਵਾਸੀ ਸਿਲਵਰ ਸਿਟੀ ਕਲੋਨੀ ਬਠਿੰਡਾ ਅਤੇ ਸਾਗਰ ਵਾਸੀ ਜੰਜੇ ਨਗਰ ਬਠਿੰਡਾ ਵੱਲੋਂ ਹੋਈ ਹੈ। ਇਨ੍ਹਾਂ ਦੋਵਾਂ ਕੋਲੋਂ ਪੁਲਿਸ ਨੇ 10.3 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ।ਇਸ ਤਰ੍ਹਾਂ ਹੀ ਥਾਣਾ ਸਦਰ ਬਠਿੰਡਾ ਦੀ ਪੁਲਿਸ ਨੇ ਸੰਦੀਪ ਸਿੰਘ ਵਾਸੀ ਬੀੜ ਤਲਾਬ ਨੂੰ 35 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਹੈ। ਜਦੋਂ ਕਿ ਥਾਣਾ ਨੇਹੀਆਂਵਾਲਾ ਦੀ ਪੁਲਿਸ ਨੇ ਇਕ ਵਿਅਕਤੀ ਅਰਸ਼ਦੀਪ ਸਿੰਘ ਵਾਸੀ ਬੁਰਜ ਮਹਿਮਾ ਨੂੰ ਤਿੰਨ ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਹੈ। ਇਸ ਤਰ੍ਹਾਂ ਹੀ ਸੀਆਈਏ ਸਟਾਫ ਇੱਕ ਦੀ ਪੁਲਿਸ ਪੁਲਿਸ ਨੇ ਇੱਕ ਔਰਤ ਸਮੇਤ ਦੋ ਵਿਅਕਤੀਆਂ ਨੂੰ 20 ਕਿਲੋ ਭੁੱਕੀ ਸਮੇਤ ਗ੍ਰਿਫਤਾਰ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਬੌਬੀ ਸਿੰਘ ਵਾਸੀ ਰਾਮਪੁਰਾ ਅਤੇ ਜਸਪ੍ਰੀਤ ਕੌਰ ਵਾਸੀ ਭੁੱਚੋ ਮੰਡੀ ਵਜੋਂ ਹੋਈ ਹੈ।ਸੀਆਈਏ ਸਟਾਫ ਦੋ ਦੀ ਪੁਲਿਸ ਨੇ ਪਿੰਡ ਮਲੂਕਾ ਵਿੱਚ ਛਾਪੇਮਾਰੀ ਕਰਦਿਆਂ ਗੁਰਮੁਖ ਸਿੰਘ ਨੂੰ ਛੇ ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਹੈ। ਇਕ ਹੋਰ ਮਾਮਲੇ ਵਿੱਚ ਥਾਣਾ ਫੂਲ ਦੀ ਪੁਲਿਸ ਨੇ ਅਮਰੀਕ ਸਿੰਘ ਵਾਸੀ ਦੁੱਲੇਵਾਲਾ ਨੂੰ 50 ਲੀਟਰ ਲਾਹਣ ਸਮੇਤ ਫੜਿਆ ਹੈ, ਜਦੋਂ ਕਿ ਥਾਣਾ ਵਾਲਿਆਂਵਾਲੀ ਦੀ ਪੁਲਿਸ ਨੇ ਹਰਮਨ ਸਿੰਘ ਵਾਸੀ ਖੋਖਰ ਨੂੰ ਛੇ ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਹੈ। ਸੀਆਈਏ ਸਟਾਫ ਦੋ ਦੀ ਪੁਲਿਸ ਨੇ ਦੋ ਵਿਅਕਤੀਆਂ ਨੂੰ 20 ਗ੍ਰਾਮ ਹੈਰੋਇਨ ਅਤੇ 46000 ਦੀ ਡਰੱਗ ਮਨੀ ਸਮੇਤ ਕਾਬੂ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਬਿਕਰਮਜੀਤ ਸਿੰਘ ਵਾਸੀ ਮੌੜ ਕਲਾਂ ਅਤੇ ਹਰਕੀਰਤ ਸਿੰਘ ਵਾਸੀ ਮੌੜ ਖੁਰਦ ਵਜੋਂ ਹੋਈ ਹੈ।ਥਾਣਾ ਮੌੜ ਮੰਡੀ ਦੀ ਪੁਲਿਸ ਨੇ ਦੋ ਵਿਅਕਤੀਆਂ ਅਮਰੀਕ ਸਿੰਘ ਅਤੇ ਅਮਨ ਸਿੰਘ ਬਾਸੀ ਜੋਧਪੁਰ ਪਾਖਰ ਨੂੰ 5.50 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਹੈ, ਜਦੋਂ ਕਿ ਥਾਣਾ ਤਲਵੰਡੀ ਸਾਬੋ ਦੀ ਪੁਲਿਸ ਨੇ ਇਕ ਔਰਤ ਸਮੇਤ ਦੋ ਵਿਅਕਤੀਆਂ ਨੂੰ 20 ਨਸ਼ੀਲੀਆਂ ਗੋਲੀਆਂ ਅਤੇ 15 ਪਾਬੰਦੀਸ਼ੁਦਾ ਕੈਪਸੂਲਾਂ ਸਮੇਤ ਗ੍ਰਿਫਤਾਰ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਰਾਜਵਿੰਦਰ ਸਿੰਘ ਅਤੇ ਪਰਮਜੀਤ ਕੌਰ ਵਾਸੀਆਨ ਪਿੰਡ ਫਤਿਹਗੜ੍ਹ ਨੌ ਅਬਾਦ ਵਜੋਂ ਹੋਈ ਹੈ। ਥਾਣਾ ਤਲਵੰਡੀ ਸਾਬੋ ਦੀ ਪੁਲਿਸ ਨੇ ਖੁਸ਼ਵਿੰਦਰ ਸਿੰਘ, ਗੁਰਜੀਤ ਸਿੰਘ ਅਤੇ ਸੁਖਮੰਦਰ ਸਿੰਘ ਵਾਸੀ ਤਲਵੰਡੀ ਸਾਬੋ ਨੂੰ 50 ਗੋਲੀਆਂ ਨਸ਼ੀਲੀਆਂ ਅਤੇ 15 ਪਾਬੰਦੀਸ਼ੁਦਾ ਕੈਪਸੂਲਾਂ ਸਮੇਤ ਕਾਬੂ ਕੀਤਾ ਹੈ, ਜਦੋਂ ਕਿ ਥਾਣਾ ਰਾਮਾ ਮੰਡੀ ਦੀ ਪੁਲਿਸ ਨੇ ਲਵਪ੍ਰੀਤ ਸਿੰਘ ਨੂੰ 60 ਨਸ਼ੀਲੀਆਂ ਗੋਲੀਆਂ ਅਤੇ ਥਾਣਾ ਸੰਗਤ ਮੰਡੀ ਦੀ ਪੁਲਿਸ ਨੇ ਹਰਮਨ ਸਿੰਘ ਨੂੰ ਸੱਤ ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਹੈ।

## ਡਾ. ਸਤਪਾਲ ਸ਼ਰਮਾ ਨੂੰ ਸਬਜ਼ੀ ਵਿਗਿਆਨ ਵਿਭਾਗ ਦਾ ਮੁਖੀ ਨਿਯੁਕਤ ਕਰਨ 'ਤੇ ਖੁਸ਼ੀ ਦਾ ਮਾਹੌਲ



ਬਠਿੰਡਾ, 23 ਮਈ (ਇੰਦਰਪਾਲ ਬਾਂਸਲ): ਬੀਤੇ ਦਿਨੀਂ ਪੀ.ਏ.ਯੂ. ਦੇ ਪ੍ਰਬੰਧਕੀ ਬੋਰਡ ਨੇ ਵੱਖ-ਵੱਖ ਵਿਭਾਗਾਂ ਵਿਚ ਮੁਖੀਆਂ ਦੀਆਂ ਨਿਯੁਕਤੀਆਂ ਨੂੰ ਪ੍ਰਵਾਨਗੀ ਦੇਣ ਦੇ ਨਾਲ-ਨਾਲ ਕੁਝ ਖੇਤਰਾਂ ਵਿਚ ਨਵੇਂ ਕੁਆਡੀਨੇਟਰ ਵੀ ਨਿਯੁਕਤ ਕੀਤੇ।ਪੀ.ਏ.ਯੂ. ਦੇ ਸਬਜ਼ੀ ਵਿਗਿਆਨੀ ਡਾ. ਸਤਪਾਲ ਸ਼ਰਮਾ ਨੂੰ ਸਬਜ਼ੀ ਵਿਗਿਆਨ ਵਿਭਾਗ ਦਾ ਮੁਖੀ ਨਿਯੁਕਤ ਕੀਤਾ ਗਿਆ ਹੈ, ਜਿਸ ਉਹਨਾਂ ਦੇ ਜੱਦੀ ਪਿੰਡ ਮੰਡੀ ਕਲਾਂ ਅਤੇ ਰਾਮਪੁਰਾ ਸ਼ਹਿਰ ਵਿੱਚ ਖੁਸ਼ੀ ਦਾ ਮਾਹੌਲ ਬਣਿਆ ਹੋਇਆ ਹੈ । ਡਾ. ਸ਼ਰਮਾ ਨੇ ਪਿੰਡ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੰਡੀ ਕਲਾਂ ਪੜ੍ਹਨ ਤੋਂ ਲੈਕੇ ਅਮਰੀਕਾ ਦੀ ਟੈਕਸਾਸ ਯੂਨੀਵਰਸਿਟੀ ਤੋਂ ਖਰਬੂਜ਼ਿਆਂ ਦੇ ਵਿਕਾਸ ਵਿਸ਼ੇ ਤੇ ਪੀ ਐੱਚ ਡੀ ਦਾ ਸਫ਼ਰ ਆਪਣੀ ਲਗਨ ਅਤੇ ਮਿਹਨਤ ਨਾਲ ਤੈਅ ਕੀਤਾ। ਡਾਕਟਰ ਸ਼ਰਮਾ ਨੇ ਖੋਜ ਕੇਂਦਰ ਗੁਰਦਾਸਪੁਰ ਤੋਂ 2003 ਵਿਚ ਆਪਣਾ ਕਾਰਜ ਸ਼ੁਰੂ ਕੀਤਾ । ਉਹਨਾਂ ਨੇ ਅਮਰੀਕਾ ਦੀ ਟੈਕਸਾਸ ਯੂਨੀਵਰਸਿਟੀ ਤੋਂ ਖਰਬੂਜ਼ਿਆਂ ਦੇ ਵਿਕਾਸ ਵਿਸ਼ੇ ਤੇ ਪੀ ਐੱਚ ਡੀ ਕੀਤੀ । ਸਬਜ਼ੀ ਵਿਗਿਆਨੀ ਦੇ ਤੌਰ ਤੇ ਡਾ. ਸ਼ਰਮਾ ਪੀ.ਏ.ਯੂ. ਦੇ ਆਲੂ ਅਤੇ ਖਰਬੂਜ਼ਾ ਬਰੀਡਿੰਗ ਪ੍ਰੋਗਰਾਮ ਦੇ ਮੁੱਖ ਵਿਗਿਆਨੀ ਰਹੇ। ਹਿਮਾਚਲ ਦੇ ਕਿੰਲੋਂਗ ਵਿਖੇ ਬੇਮੌਸਮੀ ਸਥਿਤੀਆਂ ਵਿਚ ਵੀ ਡਾ. ਸ਼ਰਮਾ ਨੇ ਪੀ.ਏ.ਯੂ. ਦੇ ਆਲੂ ਬਰੀਡਿੰਗ ਪ੍ਰੋਗਰਾਮ ਨੂੰ ਜਾਰੀ ਰੱਖਿਆ। ਉਹਨਾਂ ਦੇ ਕਾਰਜ ਸਦਕਾ ਪੀ.ਏ.ਯੂ. ਨੇ ਪੰਜਾਬ ਪਟੈਟੋ-101 ਅਤੇ ਪੰਜਾਬ ਪਟੈਟੋ-102 ਵਰਗੀਆਂ ਦੋ ਕਿਸਮਾਂ ਜਾਰੀ ਕੀਤੀਆਂ। ਨਾਲ ਹੀ ਉਹਨਾਂ ਨੇ ਪੰਜਾਬ ਸ਼ਾਰਦਾ ਅਤੇ ਪੰਜਾਬ ਅੰਮ੍ਰਿਤ ਸਮੇਤ ਖਰਬੂਜ਼ਿਆਂ ਦੀਆਂ ਤਿੰਨ ਕਿਸਮਾਂ ਵੀ ਸਿਫਾਰਸ਼ ਕੀਤੀਆਂ। ਸਬਜ਼ੀਆਂ ਦੀਆਂ ਫਸਲਾਂ ਸੰਬੰਧੀ ਉਹਨਾਂ ਦੀਆਂ ਕਈ ਉਤਪਾਦਨ ਤਕਨੀਕਾਂ ਨੂੰ ਕਿਸਾਨਾਂ ਸਾਹਮਣੇ ਸਿਫਾਰਸ਼ ਕੀਤਾ ਗਿਆ। ਉਹ ਰਾਸ਼ਟਰੀ ਪੱਧਰੀ ਏਜੰਸੀਆਂ ਵੱਲੋਂ ਪ੍ਰਾਯੋਜਿਤ 7 ਖੋਜ ਪ੍ਰੋਜੈਕਟਾਂ ਦਾ ਹਿੱਸਾ ਵੀ ਰਹੇ। ਅਕਾਦਮਿਕ ਕਾਰਜ ਦੇ ਤੌਰ ਤੇ ਡਾ. ਸਤਪਾਲ ਸ਼ਰਮਾ ਨੇ 66 ਖੋਜ ਪੇਪਰ, 4 ਰਿਵਿਊ ਪੇਪਰ, 4 ਪ੍ਰੋਸੀਡਿੰਗ ਪੇਪਰ ਅਤੇ 75 ਰਾਸ਼ਟਰੀ ਅੰਤਰਰਾਸ਼ਟਰੀ ਕਾਨਫਰੰਸਾਂ ਵਿਚ ਪੇਪਰ ਪੇਸ਼ ਕੀਤੇ। 10 ਐੱਮ ਐੱਸ ਸੀ ਅਤੇ 3 ਪੀ ਐੱਚ ਡੀ ਦੇ ਵਿਦਿਆਰਥੀਆਂ ਨੇ ਉਹਨਾਂ ਕੋਲੋਂ ਨਿਗਰਾਨੀ ਲਈ। ਉਹਨਾਂ ਨੇ ਕਿਸਾਨਾਂ ਦੇ ਲਾਭ ਲਈ 58 ਪਸਾਰ ਲੇਖ ਲਿਖੇ, 130 ਭਾਸ਼ਣ ਦਿੱਤੇ ਅਤੇ 28 ਰੇਡੀਓ ਵਾਰਤਾਵਾ ਕੀਤੀਆਂ। ਉਹਨਾਂ ਨੂੰ 2023 ਵਿਚ ਸ਼੍ਰੀਮਤੀ ਹਰਪਾਲ ਕੌਰ ਯਾਦਗਾਰੀ ਐਵਾਰਡ ਦਿੱਤਾ ਗਿਆ। ਇਸੇ ਸਾਲ ਉਹ ਸਰਵੋਤਮ ਸਬਜ਼ੀ ਕੇਂਦਰ ਦਾ ਇਨਾਮ ਜਿੱਤਣ ਵਾਲੀ ਪੀ.ਏ.ਯੂ. ਟੀਮ ਦਾ ਹਿੱਸਾ ਸਨ। ਵਿਦਿਆਰਥੀ ਜੀਵਨ ਦੌਰਾਨ ਵੀ ਉਹਨਾਂ ਨੂੰ ਸਕਾਲਰਸ਼ਿਪ ਹਾਸਲ ਸੀ। ਉਹਨਾਂ ਦੇ ਲਿਖੇ 16 ਪੇਪਰਾਂ ਨੂੰ ਸਰਵੋਤਮ ਚੁਣਿਆ ਗਿਆ ਅਤੇ ਸਬਜ਼ੀ ਵਿਗਿਆਨੀਆਂ ਦੀ ਅਮਰੀਕੀ ਸੁਸਾਇਟੀ ਨੇ ਵਾਰੇਨ ਐੱਸ ਬ੍ਰੈਹਮ ਯਾਦਗਾਰੀ ਐਵਾਰਡ ਵੀ ਇਹਨਾਂ ਨੂੰ ਪ੍ਰਦਾਨ ਕੀਤਾ।

## ਪ੍ਰਗਟ ਭੁੱਕਲ ਬਸਪਾ ਟਰਾਂਸਪੋਰਟ ਵਿੰਗ ਖਨੌਰੀ ਦੇ ਪ੍ਰਧਾਨ ਨਿਯੁਕਤ

### ਨੌਜਵਾਨਾਂ ਅਤੇ ਟਰਾਂਸਪੋਰਟ ਦੇ ਸਾਥੀਆਂ ਚ ਭਾਰੀ ਉਤਸ਼ਾਹ

ਖਨੌਰੀ, 23 ਮਈ (ਓਮਪ੍ਰਕਾਸ਼ ਮੁਆਲ): ਉੱਘੇ ਅੰਬੇਡਕਰੀ ਆਗੂ ਅਤੇ ਗੁਰੂ ਰਵਿਦਾਸ ਮੰਦਿਰ ਖਨੌਰੀ ਦੇ ਕੈਸ਼ੀਅਰ ਪ੍ਰਗਟ ਭੁੱਕਲ ਖਨੌਰੀ ਨੂੰ ਬਸਪਾ ਹਾਈਕਮਾਨ ਵੱਲੋਂ ਟਰਾਂਸਪੋਰਟ ਵਿੰਗ ਖਨੌਰੀ ਦੇ ਪ੍ਰਧਾਨ ਨਿਯੁਕਤ ਕੀਤਾ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਕੋਆਰਡੀਨੇਟਰ ਅਤੇ ਹਲਕਾ ਇੰਚਾਰਜ ਅਮਨ ਬੋਧ ਨੇ ਦੱਸਿਆ ਪਾਰਟੀ ਦੇ ਸਟੇਟ ਜਨਰਲ ਸਕੱਤਰ ਚਮਕੌਰ ਸਿੰਘ ਜੀ ਵੀਰ ਵੱਲੋਂ ਪ੍ਰਗਟ ਸਿੰਘ ਨੂੰ ਟਰਾਂਸਪੋਰਟ ਵਿੰਗ ਖਨੌਰੀ ਦੇ ਪ੍ਰਧਾਨ ਦੇ ਅਹੁਦੇ ਨਾਲ ਨਿਵਾਜਿਆ । ਉਨ੍ਹਾਂ ਆਖਿਆ ਕੇ ਪ੍ਰਗਟ ਭੁੱਕਲ ਜੀ ਦੇ ਪ੍ਰਧਾਨਗੀ ਸੰਭਾਲਣ ਨਾਲ ਖਨੌਰੀ ਏਰੀਏ 'ਚ ਨੌਜਵਾਨਾਂ ਅਤੇ ਟਰਾਂਸਪੋਰਟ ਦੇ ਸਾਥੀਆਂ 'ਚ ਭਾਰੀ ਉਤਸ਼ਾਹ ਹੈ । ਇਸ ਦੌਰਾਨ ਜ਼ਿਲ੍ਹਾ ਪ੍ਰਧਾਨ ਸਤਿਗੁਰੂ ਸਿੰਘ ਕੋਹਰੀਆਂ , ਸਕੱਤਰ ਨਿਰਮਲ ਸਿੰਘ ਮੱਟੂ, ਹਲਕਾ ਪ੍ਰਧਾਨ ਡਾ. ਰਾਜਕੁਮਾਰ ਜੱਸਲ , ਹਲਕਾ ਜਨਰਲ ਸਕੱਤਰ ਸੰਭੂ ਰੰਗਾ, ਖਨੌਰੀ ਸ਼ਹਿਰੀ ਪ੍ਰਧਾਨ ਗੁਲਾਬ ਛਾਛੀਆ, ਰਾਜੇਸ਼ ਖਨੌਰੀ ਖੁਰਦ, ਸਾਹਿਬ ਛਾਛੀਆ, ਰਤਨ ਭੁੱਕਲ, ਸ਼ਰਨਜੀਤ ਨੰਬਰਦਾਰ ਆਦਿ ਆਗੂ ਅਤੇ ਭਾਰੀ ਇੱਕਠ 'ਚ ਵਰਕਰ ਹਾਜ਼ਰ ਸਨ।

## ਨਸ਼ਾ ਮੁਕਤੀ ਯਾਤਰਾ ਤਹਿਤ ਵਿਧਾਇਕ ਅਮੋਲਕ ਸਿੰਘ ਵੱਲੋਂ ਪਿੰਡਾਂ 'ਚ ਦੌਰੇ

ਬਾਜਾਖਾਨਾ, 23 ਮਈ (ਅਵਤਾਰ ਸਿੰਘ ਮੱਲਾ) : ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਸ਼ੁਰੂ ਕੀਤੀ ਹੋਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਅੱਜ ਹਲਕਾ ਜੈਤੋ ਦੇ ਝੱਖੜਵਾਲਾ, ਰਣ ਸਿੰਘ ਤੇ ਦਲ ਸਿੰਘ ਵਾਲਾ ਵਿਖੇ ਕਰਵਾਏ ਗਏ ਸਮਾਗਮ ਵਿਚ ਵਿਧਾਇਕ ਸ. ਅਮੋਲਕ ਸਿੰਘ ਨੇ ਮੁਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਵਿਧਾਇਕ ਸ. ਅਮੋਲਕ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਇਹ ਜੋ ਉਪਰਾਲਾ ਸ਼ੁਰੂ ਕੀਤਾ ਹੈ, ਉਹ ਬਹੁਤ ਹੀ ਵਧੀਆ ਹੈ,ਉਨ੍ਹਾਂ ਨੇ ਇਸ ਦੇ ਲਈ ਪੰਜਾਬ ਸਰਕਾਰ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਨੂੰ ਇੱਕ ਨਵਾਂ ਰਸਤਾ ਦਿਖਾ ਰਹੀ ਹੈ ਜੋ ਨਸ਼ਿਆਂ ਦੀ ਦਲਦਲ ਵਿੱਚ ਫਸ ਕੇ ਆਪਣੀ ਜ਼ਿੰਦਗੀ ਬਰਬਾਦ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਗਾਤਾਰ ਨਸ਼ਾ ਤਸਕਰਾਂ ਖਿਲਾਫ ਕਾਰਵਾਈ ਕੀਤੀ ਗਈ ਹੈ ਅਤੇ ਨਸ਼ਿਆਂ ਦੀ ਸਪਲਾਈ ਨੂੰ ਤੋੜਿਆ ਗਿਆ ਹੈ। ਉਨ੍ਹਾਂ ਕਿਹਾ ਕੀ ਸਰਕਾਰ ਵੱਲੋਂ ਜ਼ਿਲ੍ਹਾ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਸਮੇਤ ਸਮਾਜਿਕ ਸੰਗਠਨਾਂ ਦੇ ਸਹਿਯੋਗ ਨਾਲ ਨਸ਼ਾ ਮੁਕਤੀ ਲਈ ਚਲਾਏ ਜਾ ਰਹੇ ਇਸ ਸਾਂਝੇ ਯਤਨ ਨੂੰ ਲੋਕਾਂ ਦਾ ਵੀ ਪੂਰਨ ਸਮਰਥਨ ਮਿਲ ਰਿਹਾ ਹੈ।ਇਸ ਮੁਹਿੰਮ ਦੌਰਾਨ ਵਿਧਾਇਕ ਸ. ਅਮੋਲਕ ਸਿੰਘ ਨੇ ਕਿਹਾ ਕਿ ਜੋ ਲੋਕ ਨਸ਼ਾ ਛੱਡਣਾ ਚਾਹੁੰਦੇ ਹਨ, ਉਨ੍ਹਾਂ ਲਈ ਸੂਬੇ ਭਰ ਵਿੱਚ ਇਲਾਜ ਅਤੇ ਪੁਨਰਵਾਸ ਕੇਂਦਰਾਂ ਦੀ ਸੁਵਿਧਾ ਨੂੰ ਹੋਰ ਮਜ਼ਬੂਤ ਕੀਤਾ ਗਿਆ ਹੈ, ਤਾਂ ਜੋ ਉਨਾਂ ਦਾ ਨਸ਼ਾ ਛੁਡਵਾ ਕੇ ਇਸ਼ ਦਲਦਲ ਵਿਚੋਂ ਕੱਢਿਆ ਜਾ ਸਕੇ। ਉਨ੍ਹਾਂ ਸਮੂਹ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਖਿਲਾਫ ਖੜੇ ਹੋਣ ਅਤੇ ਜੇਕਰ ਕੋਈ ਵੀ ਉਹਨਾਂ ਨੂੰ ਨਸ਼ਾ ਕਰਨ ਜਾਂ ਨਸ਼ਾ ਵੇਚਣ ਵਾਲੇ ਬਾਰੇ ਪਤਾ ਚੱਲਦਾ ਹੈ ਤਾਂ ਉਹ ਉਸ ਦੀ ਰਿਪੋਰਟ ਨਜ਼ਦੀਕੀ ਥਾਣੇ ਵਿੱਚ ਦੇਣ। ਇਸ ਦੌਰਾਨ ਉਹਨਾਂ ਪਿੰਡ ਵਾਸੀਆਂ ਨੂੰ ਨਸ਼ਾ ਵਿਕਣ ਤੋਂ ਰੋਕਣ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਬਾਰੇ ਸਹੁੰ ਵੀ ਚੁਕਵਾਈ ਅਤੇ ਉਨ੍ਹਾਂ ਨੇ ਇਹ ਅਪੀਲ ਵੀ ਕੀਤੀ ਕਿ ਕਿਸੇ ਵੀ ਨਸ਼ਾ ਤਸਕਰ ਦਾ ਕੋਈ ਵੀ ਸਾਥ ਨਾ ਦੇਵੇ ਅਤੇ ਜੇਕਰ ਇਸ ਤਰ੍ਹਾਂ ਦਾ ਕੋਈ ਵੀ ਅਜਿਹਾ ਕੇਸ ਸਾਹਮਣੇ ਉਸ ਦੀ ਸੂਚਨਾ ਤੁਰੰਤ ਪੁਲਸ ਨੂੰ ਦਿੱਤੀ ਜਾਵੇ। ਉਨ੍ਹਾਂ ਇਹ ਵੀ ਅਪੀਲ ਕੀਤੀ ਕਿ ਨਸ਼ਿਆਂ ਤੋਂ ਪੀੜ੍ਹਤ ਲੋਕਾਂ ਨੂੰ ਨਸ਼ਾ ਛੁਡਾਓ ਕੇਂਦਰਾਂ ਵਿਚ ਦਾਖਲ ਕਰਵਾਇਆ ਜਾਵੇ।ਇਸ ਮੌਕੇ ਉੱਪ ਮੰਡਲ ਮੈਜਿਸਟਰੇਟ ਸ੍ਰੀ ਸੂਰਜ ਕੁਮਾਰ, ਬੀ.ਡੀ.ਪੀ.ਓ ਇਕਬਾਲ ਸਿੰਘ ਸੰਧੂ, ਸੀਨੀਅਰ ਮੈਡੀਕਲ ਅਫਸਰ ਬਾਜਾਖਾਨਾ ਡਾਕਟਰ ਵਰਿੰਦਰ ਕੁਮਾਰ, ਏ ਐਸ ਆਈ ਹਰਪਾਲ ਸਿੰਘ, ਡਿਪਟੀ ਮਾਸ ਮੀਡੀਆ ਅਫਸਰ ਡਾ. ਪ੍ਰਭਦੀਪ ਸਿੰਘ ਚਾਵਲਾ, ਅੰਮ੍ਰਿਤ, ਜਸਮੱਤ ਸਿੰਘ, ਹਲਕਾ ਕੋਆਰਡੀਨੇਟਰ ਨਰਿੰਦਰ ਰਾਮੇਆਣਾ ਅਤੇ ਅੰਮ੍ਰਿਤਪਾਲ ਸਿੰਘ ਬਹੁ ਮੰਤਵੀ ਸਿਹਤ ਕਰਮਚਾਰੀ ਹਾਜਰ ਸਨ।

### ਜ਼ਮੀਨੀ ਵਿਵਾਦ ਨੇ ਤੋੜੀ ਰਿਸ਼ਤਿਆਂ ਦੀ ਡੋਰ

# ਪੁੱਤ ਵੱਲੋਂ ਗੋਲ਼ੀ ਮਾਰਕੇ ਪਿਤਾ ਦਾ ਕਤਲ, ਲਾਸ਼ ਵਿਹੜੇ 'ਚ ਸਾੜੀ



ਬਠਿੰਡਾ, 23 ਮਈ ( ਦੀਪਕ ਸ਼ਰਮਾ) :ਇੱਕ ਨੌਜਵਾਨ ਦੇ ਸਿਰ 'ਤੇ ਜਮੀਨ ਦਾ ਲਾਲਚ ਇਸ ਕਦਰ ਹਾਵੀ ਹੋ ਗਿਆ ਕਿ ਉਸਨੇ ਆਪਣੇ ਜਨਮ ਦਾਤਾ ਪਿਓ ਨੂੰ ਗੋਲੀ ਮਾਰ ਕੇ ਕਤਲ ਕਰ ਦਿੱਤਾ। ਇਸ ਮਾਮਲੇ ਦਾ ਸਭ ਤੋਂ ਜ਼ਿਆਦਾ ਦੁਖਦਾਈ ਪਹਿਲੂ ਇਹ ਰਿਹਾ ਕਿ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਕਥਿਤ ਦੋਸ਼ੀ ਨੇ ਆਪਣੇ ਗੁਨਾਹ ਨੂੰ ਲੁਕਾਉਣ ਲਈ ਪਿਓ ਦੀ ਲਾਸ਼ ਨੂੰ ਘਰ ਦੇ ਵਿਹੜੇ ਵਿੱਚ ਰੱਖ ਕੇ ਸਾੜ ਦਿੱਤਾ, ਤਾਂ ਕਿ ਕਿਸੇ ਨੂੰ ਪਤਾ ਨਾ ਲੱਗੇ। ਇਹ ਘਟਨਾ 20 ਮਈ ਦੀ ਦੁਪਹਿਰ ਨੂੰ ਵਾਪਰੀ ਦੱਸੀ ਜਾ ਰਹੀ ਹੈ। ਵਾਰਦਾਤ ਤੋਂ ਦੋ ਦਿਨ ਬਾਅਦ 22 ਮਈ ਨੂੰ ਇਸ ਦੀ ਸੂਚਨਾ ਥਾਣਾ ਥਰਮਲ ਦੀ ਪੁਲਿਸ ਨੂੰ ਮਿਲੀ, ਜਿਸ ਤੋਂ ਬਾਅਦ ਪੁਲਿਸ ਨੇ ਕਥਿਤ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ। ਮੁਲਜ਼ਮ ਦੀ ਪਛਾਣ ਯਾਦਵਿੰਦਰ ਸਿੰਘ ਅਤੇ ਮ੍ਰਿਤਕ ਦੀ ਪਛਾਣ ਬੀਰਿੰਦਰ ਸਿੰਘ ਵਾਸੀ ਪਿੰਡ ਸਿਵੀਆਂ ਵੱਜੋਂ ਹੋਈ ਹੈ।ਇਸ ਸਬੰਧੀ ਸਥਾਨਕ ਸੈਕਟਰੀਏਟ ਵਿੱਚ ਕੀਤੀ ਗਈ ਪ੍ਰੈਸ ਵਾਰਤਾ ਦੌਰਾਨ ਐਸਪੀ ਸਿਟੀ ਨਰਿੰਦਰ ਸਿੰਘ ਨੇ ਦੱਸਿਆ ਹੈ ਕਿ ਪਿੰਡ ਸਿਵੀਆਂ ਵਿਖੇ ਹੋਈ ਵਾਰਦਾਤ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਿਸ ਕਪਤਾਨ ਅਮਨੀਤ ਕੌਂਡਲ ਵੱਲੋਂ ਡੀਐਸਪੀ ਸਿਟੀ ਟੂ ਸਰਬਜੀਤ ਸਿੰਘ ਬਰਾੜ ਅਤੇ ਐਸਐਚਓ ਥਰਮਲ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਇਸ ਮਾਮਲੇ ਦੀ ਗੁੱਥੀ ਸੁਲਝਾਉਣ ਲਈ ਪੁਲਿਸ ਟੀਮਾਂ ਬਣਾਈਆਂ ਗਈਆਂ। ਜਿਸ ਦੇ ਚਲਦਿਆਂ ਐਸਐਚਓ ਸੁਖਵਿੰਦਰ ਸਿੰਘ ਦੀ ਅਗਵਾਈ ਹੇਠਲੀ ਪੁਲਿਸ ਪਾਰਟੀ ਨੇ ਕਥਿਤ ਦੋਸ਼ੀ ਯਾਦਵਿੰਦਰ ਸਿੰਘ ਨੂੰ ਗ੍ਰਿਫਤਾਰ ਕਰ ਲਿਆ, ਜਿਸ ਦੀ ਗ੍ਰਿਫਤਾਰੀ ਤੋਂ ਬਾਅਦ ਪੂਰੇ ਮਾਮਲੇ ਦਾ ਖੁਲਾਸਾ ਹੋਇਆ।ਐਸਪੀ ਸਿਟੀ ਨਰਿੰਦਰ ਸਿੰਘ ਨੇ ਇਸ ਘਟਨਾ ਦੀ ਪਿਛੋਕੜ ਬਾਰੇ ਜਾਣਕਾਰੀ ਦਿੱਤੀ ਕਿ ਇਹ ਘਟਨਾ 20 ਮਈ 2025 ਨੂੰ ਦੁਪਹਿਰ ਕਰੀਬ 3 ਵਜੇ ਦੇ ਕਰੀਬ ਵਾਪਰੀ, ਜਦੋਂ ਪਿੰਡ ਸਿਵੀਆਂ ਦਾ ਵਸਨੀਕ ਯਾਦਵਿੰਦਰ ਸਿੰਘ, ਜਿਸਦੀ ਉਮਰ ਕਰੀਬ 49 ਸਾਲ ਹੈ ਅਤੇ ਉਹ ਬੇਰੁਜ਼ਗਾਰ ਹੈ, ਦਾ ਆਪਣੇ ਪਿਤਾ ਬੀਰਿੰਦਰ ਸਿੰਘ ਨਾਲ ਜ਼ਮੀਨੀ ਵਿਵਾਦ ਨੂੰ ਲੈ ਕੇ ਘਰ ਵਿੱਚ ਝਗੜਾ ਹੋ ਗਿਆ। ਝਗੜੇ ਦੌਰਾਨ ਬੀਰਿੰਦਰ ਸਿੰਘ ਨੇ ਯਾਦਵਿੰਦਰ ਸਿੰਘ ਦੀ ਕੁੱਟਮਾਰ ਕੀਤੀ ਅਤੇ ਉਸਦੀ ਅੱਖ 'ਤੇ ਸੱਟ ਮਾਰ ਦਿੱਤੀ। ਇਸੇ ਗੁੱਸੇ ਅਤੇ ਰੰਜਿਸ਼ ਕਾਰਨ ਯਾਦਵਿੰਦਰ ਸਿੰਘ ਨੇ ਆਪਣੀ ਲਾਇਸੰਸੀ 12 ਬੋਰ ਰਾਈਫਲ ਚੁੱਕ ਕੇ ਆਪਣੇ ਪਿਤਾ 'ਤੇ ਦੋ ਫਾਇਰ ਕਰ ਦਿੱਤੇ, ਜਿਸ ਕਾਰਨ ਉਸਦੇ ਪਿਤਾ ਬੀਰਿੰਦਰ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ।ਕਤਲ ਤੋਂ ਬਾਅਦ, ਕਥਿਤ ਦੋਸ਼ੀ ਯਾਦਵਿੰਦਰ ਸਿੰਘ ਨੇ ਬੀਰਿੰਦਰ ਸਿੰਘ ਦੀ ਲਾਸ਼ ਨੂੰ ਅੰਦਰੋਂ ਚੁੱਕ ਕੇ ਵਿਹੜੇ ਵਿੱਚ ਲਿਆਂਦਾ। ਫਿਰ ਉਸਨੇ ਲੱਕੜਾਂ ਇਕੱਠੀਆਂ ਕਰਕੇ ਅਤੇ ਤੇਲ ਪਾ ਕੇ ਲਾਸ਼ ਨੂੰ ਅੱਗ ਲਗਾ ਦਿੱਤੀ। ਇਸ ਘਿਨਾਉਣੀ ਘਟਨਾ ਦੀ ਇਤਲਾਹ ਥਾਣਾ ਥਰਮਲ ਪੁਲਿਸ ਨੂੰ ਲੰਘੀ 22 ਮਈ 2025 ਨੂੰ ਮਿਲੀ।ਜਾਣਕਾਰੀ ਅਨੁਸਾਰ ਜ਼ਿਲ੍ਹੇ ਵਿੱਚ ਵਾਪਰੀ ਇਸ ਦਿਲ ਕੰਬਾਊ ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਐਸਐਸਪੀ ਅਮਨੀਤ ਕੌਂਡਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਐਸਪੀ ਸਿਟੀ ਨਰਿੰਦਰ ਸਿੰਘ ਦੀ ਅਗਵਾਈ ਹੇਠ ਅਤੇ ਡੀਐਸਪੀ ਸਿਟੀ ਟੂ ਸਰਵਜੀਤ ਬਰਾੜ ਅਤੇ ਥਾਣਾ ਥਰਮਲ ਦੇ ਐਸਐਚਓ ਸੁਖਵਿੰਦਰ ਸਿੰਘ ਪੁਲਿਸ ਪਾਰਟੀ ਸਮੇਤ ਮੌਕੇ 'ਤੇ ਪਹੁੰਚੇ।ਪੁਲਿਸ ਟੀਮ ਨੇ ਮੌਕੇ 'ਤੇ ਪਹੁੰਚ ਕੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਸ਼ੁਰੂ ਕੀਤੀ। ਯਾਦਵਿੰਦਰ ਸਿੰਘ ਦਾ ਪਹਿਲਾਂ ਕੋਈ ਅਪਰਾਧਿਕ ਰਿਕਾਰਡ ਨਹੀਂ ਹੈ।

## ਮੁੱਖ ਮੰਤਰੀ ਦੀ ਨੁਮਾਇੰਦਗੀ ਦੇ ਬਾਵਜੂਦ ਧੂਰੀ ਵਾਸੀ ਨਿਰਾਸ਼ : ਗੋਲਡੀ ਖੰਗੂੜਾ



ਧੂਰੀ, 23 ਮਈ (ਰਾਜੇਸ਼ਵਰ ਪਿੰਟੂ, ਅਮਨ ਗਰਗ) : ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ ਨੇ ਅੱਜ ਆਪਣੀ ਰਿਹਾਇਸ਼ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਲਕਾ ਵਿਧਾਨਕਾਰ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਹਲਕਾ ਧੂਰੀ ਦੀ ਦੋ ਦਿਨਾਂ ਫ਼ੇਰੀ ਨੂੰ ਨਿਰਾਸ਼ਾਜਨਕ ਦੱਸਿਆ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਾਹਿਬ ਪਹਿਲਾਂ ਤਾਂ ਚੋਣ ਜਿੱਤਣ ਤੋਂ ਤਿੰਨ ਸਾਲ ਬਾਅਦ ਸ਼ਹਿਰ ਵਿੱਚ ਦਾਖਲ ਹੋਏ, ਪਰ ਸ਼ਹਿਰ ਵਿੱਚ ਉਨ੍ਹਾਂ ਦੀ ਆਮਦ ਦੇ ਮੱਦੇਨਜਰ ਜਿੱਥੇ ਗਰੀਬ ਲੋਕਾਂ ਦਾ ਰੋਜਗਾਰ ਖੋਹਿਆ ਗਿਆ, ਲੋਕਾਂ ਦੀਆਂ ਦੁਕਾਨਾਂ ਬੰਦ ਕਰਵਾਈਆਂ ਗਈਆਂ, ਉਥੇ ਉਨ੍ਹਾਂ ਵੱਲੋਂ ਅਕਸਰ ਹੀ ਸਿਆਸੀ ਆਗੂਆਂ ਦੇ ਹਵਾਈ ਝੂਟਿਆਂ ਤੇ ਕੀਤੀਆਂ ਜਾਂਦੀਆਂ ਟਿੱਪਣੀਆਂ ਨੂੰ ਖੁਦ ਹੀ ਭੁੱਲ ਗਏ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੇ ਹਲਕੇ ਦੀ ਅਸਲੀਅਤ ਤੋਂ ਜਾਣੂ ਹੋਣ ਲਈ ਸੜਕ ਮਾਰਗ ਰਾਹੀਂ ਆਉਣਾ ਮੁਨਾਸਿਬ ਨਹੀਂ ਸਮਝਿਆ, ਸਗੋਂ ਹਵਾਈ ਝੂਟਿਆਂ ਰਾਹੀਂ ਹੀ ਹਲਕੇ ਵਿੱਚ ਦਾਖਲ ਹੋਏ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਅਕਸਰ ਹੀ ਆਗੂਆ ਦੀ ਸਕਿਊਰਟੀ ਬਾਰੇ ਟਿੱਪਣੀ ਕਰਦੇ ਸਨ, ਉਸ ਦਿਨ ਹਲਕੇ ਵਿੱਚ ਮੁੱਖ ਮੰਤਰੀ ਦੀ ਆਮਦ ਨੂੰ ਵੇਖਦਿਆਂ ਇੰਝ ਜਾਪਿਆ ਕਿ ਹੁਣ ਮੁੱਖ ਮੰਤਰੀ ਨੂੰ ਖੁਦ ਹੀ ਉਨ੍ਹਾਂ ਨੂੰ 'ਹਰਾ ਪੈਨ' ਬਖ਼ਸ਼ਣ ਵਾਲੇ ਲੋਕਾਂ ਤੋਂ ਖਤਰਾ ਮਹਿਸੂਸ ਹੋਣਾ ਲੱਗ ਪਿਆ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੇ ਨਾ ਹੀ ਕਿਸੇ ਨਗਰ ਕੌਂਸਲਰ ਨਾਲ ਮੀਟਿੰਗ ਕੀਤੀ, ਸਗੋਂ ਵਪਾਰ ਮੰਡਲ ਦੇ ਆਗੂਆਂ ਨੂੰ ਪ੍ਰਸ਼ਾਸਨ ਨੇ ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗ ਨਹੀਂ ਕਰਵਾਈ ਅਤੇ ਨਾ ਹੀ ਕਿਸੇ ਆਮ ਵਿਅਕਤੀ ਦਾ ਦੁੱਖ ਸੁੱਖ ਜਾਣਿਆ। ਉਨ੍ਹਾ ਕਿਹਾ ਕਿ 2022 ਵਿੱਚ ਲੋਕਾਂ ਨੇ ਹਲਕੇ ਦੀ ਵਿਕਾਸ ਪੱਖੋਂ ਕਾਇਆ ਕਲਪ ਨੂੰ ਲੈ ਕੇ ਭਗਵੰਤ ਮਾਨ ਦੇ ਹੱਕ ਵਿੱਚ ਵੋਟਾਂ ਪਾਈਆਂ ਸਨ, ਪਰ ਲੋਕਾਂ ਦੀਆਂ ਆਸਾਂ ਤੇ ਉਮੀਦਾਂ ਨੂੰ ਬੂਰ ਨਹੀਂ ਪਿਆ।

## ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ ਵਿੱਚ ਕਾਮਯਾਬ ਹੋਈ: ਰਾਜਵੰਤ ਸਿੰਘ



ਧੂਰੀ , 23 ਮਈ ( ਰਣਜੀਤ ਸਿੰਘ ਪੇਧਨੀ ):ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਧੂਰੀ ਵਿਖੇ ਕਰੀਬ 09 ਲੱਖ 25 ਹਜ਼ਾਰ ਰੁਪਏ ਦੀ ਰਾਸ਼ੀ ਨਾਲ ਸਕੂਲ ਦੇ ਸੱਤ ਕਮਰਿਆਂ ਨੂੰ ਸਮਾਰਟ ਕਲਾਸਰੂਮ ਤਹਿਤ ਨਵੀਂ ਦਿੱਖ ਪ੍ਰਦਾਨ ਕਰਨ, ਚਾਰ ਕਮਰਿਆਂ ਦੇ ਫਰਸ਼ ਅਤੇ ਹਾਲ ਦੇ ਫਰਸ਼ ਦੀਆਂ ਟਾਇਲਾਂ ਲਗਵਾਉਣ ਉਪਰੰਤ ਇਹ ਪ੍ਰੋਜੈਕਟ ਮਾਰਕਿਟ ਧੂਰੀ ਦੇ ਚੇਅਰਮੈਨ ਸ. ਰਾਜਵੰਤ ਸਿੰਘ ਘੁੱਲੀ ਦਫ਼ਤਰ ਇੰਚਾਰਜ ਮੁੱਖ ਮੰਤਰੀ ਪੰਜਾਬ ਵੱਲੋਂ ਲੋਕ ਅਰਪਿਤ ਕੀਤੇ ਗਏ।ਇਸ ਮੌਕੇ ਸ. ਘੁੱਲੀ ਨੇ ਕਿਹਾ ਹੈ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰੀ ਸਕੂਲਾਂ ਨੂੰ ਦਰਪੇਸ਼ ਹਰ ਇੱਕ ਸਮੱਸਿਆ ਦੇ ਸਥਾਈ ਹੱਲ ਲਈ ਚਲਾਈ ਗਈ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ, ਆਪਣੇ ਟੀਚਿਆਂ ਨੂੰ ਸਾਕਾਰ ਕਰਨ ਵਿੱਚ ਕਾਮਯਾਬ ਹੋਈ ਹੈ। ਸਿੱਖਿਆ ਕ੍ਰਾਂਤੀ, ਇੱਕ ਸ਼ਾਨਦਾਰ ਉਪਰਾਲਾ ਸਾਬਿਤ ਹੋ ਰਿਹਾ ਹੈ, ਜਿਸ ਵਿੱਚ ਸਰਕਾਰ ਦੇ ਨੁਮਾਇੰਦੇ ਸਿੱਧੇ ਤੌਰ ਤੇ ਜਾ ਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਤੋਂ ਉਹਨਾਂ ਦੀਆਂ ਸਕੂਲਾਂ ਨਾਲ ਸੰਬੰਧਿਤ ਜ਼ਰੂਰਤਾਂ ਬਾਰੇ ਜ਼ਮੀਨੀ ਪੱਧਰ ਤੇ ਜਾਣਕਾਰੀ ਹਾਸਲ ਕਰ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਅਣਦੇਖੀ ਕਾਰਨ ਸਰਕਾਰੀ ਸਕੂਲਾਂ ਵਿੱਚ ਜਿੱਥੇ ਬੁਨਿਆਦੀ ਢਾਂਚੇ ਦੀ ਵੱਡੀ ਕਮੀ ਪੇਸ਼ ਆਉਂਦੀ ਰਹੀ, ਉਥੇ ਹੀ ਬੱਚਿਆਂ ਤੇ ਅਧਿਆਪਕਾਂ ਦੀ ਜ਼ਰੂਰਤਾਂ ਨੂੰ ਪੂਰਾ ਕਰਨ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ, ਜਿਸ ਕਾਰਨ ਵਿਦਿਅਕ ਪ੍ਰਾਪਤੀਆਂ ਉੱਤੇ ਮਾੜਾ ਅਸਰ ਪਿਆ।ਮਾਰਕੀਟ ਕਮੇਟੀ ਦੇ ਚੇਅਰਮੈਨ ਨੇ ਕਿਹਾ ਕਿ ਪੰਜਾਬ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿਛਲੇ ਸਵਾ ਤਿੰਨ ਸਾਲਾਂ ਤੋਂ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਬੇਮਿਸਾਲ ਸੁਧਾਰਾਂ ਨੂੰ ਯਕੀਨੀ ਬਣਾਇਆ ਗਿਆ ਹੈ। ਉਹਨਾਂ ਕਿਹਾ ਕਿ ਅਸੀਂ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਨੂੰ ਯਕੀਨੀ ਬਣਾਉਣ ਲਈ ਕਾਰਜਸ਼ੀਲ ਹਾਂ ਅਤੇ ਸਾਨੂੰ ਪੂਰਨ ਉਮੀਦ ਹੈ ਕਿ ਸਾਡੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀ ਆਉਣ ਵਾਲੇ ਸਮੇਂ ਵਿੱਚ ਦੁਨੀਆਂ ਦੇ ਹਰ ਖੇਤਰ ਵਿੱਚ ਆਪਣੀ ਮਿਹਨਤ ਤੇ ਦ੍ਰਿੜ੍ਹਤਾ ਨਾਲ ਆਪਣਾ ਨਾਮ ਚਮਕਾਉਣਗੇ।ਇਸ ਮੌਕੇ ਉਹਨਾਂ ਵੱਲੋਂ ਹੋਣਹਾਰ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਐਡਵੋਕੇਟ ਹੈਪੀ ਗਰਗ , ਦਰਸਨ ਸਿੰਘ ਪਾਠਕ, ਨਵਜੋਤ ਕੌਰ, ਹਰਦੀਪ ਸਿੰਘ, ਅਰਸ਼ਦੀਪ ਸਿੰਘ ਪੂਨੀਆ, ਸੁਖਪਾਲ ਸਿੰਘ ਪਾਲਾ, ਭਿੰਦਾ ਵਿਰਕ, ਨੰਬਰਦਾਰ ਰਜਿੰਦਰ ਸਿੰਘ ਪੇਧਨੀ ਹਾਜਰ ਸਨ।

## ਭਾਜਪਾ ਦੇ ਵਧਦੇ ਗ੍ਰਾਫ਼ ਤੋਂ ਬੁਖਲਾਹਟ 'ਚ ਆਏ ਮੁੱਖ ਮੰਤਰੀ ਮਾਨ : ਦੂੱਲਟ



ਸੰਗਰੂਰ, 23 ਮਈ (ਹਰਕੰਵਲ ਸਿੰਘ ਹੈਪੀ): ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਅੱਜ ਸੰਗਰੂਰ ਵਿਖੇ ਭਾਜਪਾ ਵੱਲੋਂ ਪੰਜਾਬ ਨਾਲ ਵਿਤਕਰੇਬਾਜ਼ੀ ਕਰਨ ਦੇ ਲਗਾਏ ਦੋਸ਼ਾਂ ਉੱਤੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਰੜਾ ਜਵਾਬ ਦਿੰਦਿਆਂ ਭਾਜਪਾ ਦੇ ਜ਼ਿਲ੍ਹਾ ਸੰਗਰੂਰ ਤੋਂ ਪ੍ਰਧਾਨ ਧਰਮਿੰਦਰ ਸਿੰਘ ਦੂੱਲਟ ਨੇ ਕਿਹਾ ਕਿ ਦਿੱਲੀ ਵਿੱਚ ਆਮ ਆਦਮੀ ਪਾਰਟੀ ਨੂੰ ਮਿਲੀ ਕਰਾਰੀ ਹਾਰ ਅਤੇ ਪੰਜਾਬ ਵਿੱਚ ਭਾਜਪਾ ਦੇ ਨਿਤ ਵੱਧਦੇ ਗ੍ਰਾਫ ਤੋਂ ਮੁੱਖ ਮੰਤਰੀ ਭਗਵੰਤ ਮਾਨ ਪੂਰੀ ਤਰ੍ਹਾਂ ਨਾਲ ਬੁਖਲਾਹਟ ਵਿੱਚ ਹਨ। ਉਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਆਪਣੇ ਹੁਣ ਤੱਕ ਦੇ ਕਾਰਜਕਾਲ ਦੌਰਾਨ ਕਰਜ਼ਾ ਚੁੱਕਣ ਅਤੇ ਇਸ਼ਤਿਹਾਰਬਾਜੀ ਤੋਂ ਬਿਨਾਂ ਹੋਰ ਕੁਝ ਨਹੀਂ ਕੀਤਾ ਗਿਆ, ਇਹਨਾਂ ਦੀਆਂ ਸਾਰੀਆਂ ਗਰੰਟੀਆਂ ਵਾਰੰਟੀਆਂ ਤੇ ਕ੍ਰਾਂਤੀਆਂ ਦੀ ਫੂਕ ਨਿਕਲ ਚੁੱਕੀ ਅਤੇ ਜਨਤਾ ਵਿੱਚ ਆਪਣਾ ਅਕਸ਼ ਚਮਕਾਉਣ ਅਤੇ ਪੰਜਾਬ ਦੀ ਜਨਤਾ ਨੂੰ ਮੁੱਦਿਆਂ ਤੋਂ ਭੜਕਾਉਣ ਲਈ ਕੇਂਦਰ ਉੱਤੇ ਵਿਤਕਰੇਬਾਜ਼ੀ ਅਤੇ ਪੰਜਾਬ ਦੇ ਪਾਣੀਆਂ ਦੇ ਮੁੱਦੇ ਨੂੰ ਲੈ ਕੇ ਸਿਆਸਤ ਖੇਡੀ ਜਾ ਰਹੀ। ਉਹਨਾਂ ਕਿਹਾ ਕਿ ਅੱਜ ਪੰਜਾਬ ਕੇਂਦਰੀ ਫੰਡਾ ਅਤੇ ਪ੍ਰੋਜੈਕਟਾਂ ਦੀ ਬਦੌਲਤ ਚੱਲ ਰਿਹਾ ਹੈ। ਉਹਨਾਂ ਕਿਹਾ ਕਿ ਕੇਂਦਰ ਨੇ ਸਕੂਲਾਂ, ਹਸਪਤਾਲਾਂ ਅਤੇ ਸੜਕੀ ਮਾਰਗਾਂ ਲਈ ਵੱਡੇ ਪੈਮਾਨੇ ਉੱਤੇ ਰਾਜ ਨੂੰ ਫੰਡ ਉਪਲਬਧ ਕਰਵਾਏ ਗਏ ਹਨ। ਨਹਿਰੀ ਪਾਣੀ, ਛੱਪੜਾਂ ਨੂੰ ਪੱਕਾ ਕਰਨ ਅਤੇ ਸਕੂਲਾਂ ਅਤੇ ਰੇਲਵੇ ਸਟੇਸ਼ਨਾਂ ਦੀ ਨੁਹਾਰ ਬਦਲਣ ਲਈ ਵੱਡੇ ਪ੍ਰੋਜੈਕਟ ਕੇਂਦਰ ਵੱਲੋਂ ਪੰਜਾਬ ਸਰਕਾਰ ਨੂੰ ਦਿੱਤੇ ਗਏ।ਦੂੱਲਟ ਨੇ ਕਿਹਾ ਕਿ ਅੱਜ ਹਰ ਪੰਜਾਬੀ ਕੇਂਦਰ ਦੀ ਆਯੁਸ਼ਮਾਨ ਭਾਰਤ ਯੋਜਨਾ ਸਦਕਾ ਮੁਫਤ ਵਿੱਚ ਆਪਣਾ ਇਲਾਜ ਕਰਵਾ ਰਿਹਾ ਹੈ ਜਦ ਕਿ ਪੰਜਾਬ ਸਰਕਾਰ ਲੋਕਾਂ ਨੂੰ ਸਿਹਤ ਸਹੂਲਤਾਂ ਉਪਲਬਧ ਕਰਵਾਉਣ ਵਿੱਚ ਬਿਲਕੁਲ ਹੀ ਨਾਕਾਮ ਸਾਬਤ ਹੋਈ ਹੈ ਹਸਪਤਾਲ ਅੰਦਰ ਡਾਕਟਰਾਂ ਦੀ ਭਾਰੀ ਘਾਟ ਹੈ। ਉਹਨਾਂ ਕਿਹਾ ਕਿ ਪੰਜਾਬ ਨਾਲ ਵਿਤਕਰੇਬਾਜ਼ੀ ਆਮ ਆਦਮੀ ਪਾਰਟੀ ਕਰ ਰਹੀ ਹੈ ਜਿਸ ਕੋਲ ਪੰਜਾਬ ਦੀ ਜਨਤਾ ਉੱਤੇ ਖਰਚ ਕਰਨ ਲਈ ਫੰਡਾਂ ਦੀ ਘਾਟ ਹੈ ਪਰ ਅਰਵਿੰਦ ਕੇਜਰੀਵਾਲ ਦੇ ਪ੍ਰਚਾਰ ਉੱਤੇ ਖਰਚਣ ਲਈ ਹਜ਼ਾਰਾਂ ਕਰੋੜ ਹੈ। ਉਹਨਾਂ ਕਿਹਾ ਕਿ ਪੰਜਾਬ ਨਾਲ ਵਿਤਕਰੇਬਾਜ਼ੀ ਆਮ ਆਦਮੀ ਪਾਰਟੀ ਅਤੇ ਇਸ ਦੀ ਕੌਮੀ ਲੀਡਰਸ਼ਿਪ ਕਰ ਰਹੀ ਹੈ ਪੰਜਾਬ ਅੰਦਰ ਵੱਡੇ ਪੱਧਰ ਤੇ ਗੈਰ ਪੰਜਾਬੀਆਂ ਨੂੰ ਅਹੁਦੇਦਾਰੀਆਂ ਦਿੱਤੀਆਂ ਜਾ ਰਹੀਆਂ ਹਨ ਕਿ ਇਹ ਪੰਜਾਬ ਨਾਲ ਦੇ ਨਾਲ ਨਾਲ ਆਦਮੀ ਪਾਰਟੀ ਦੇ ਪੰਜਾਬ ਕੇਡਰ ਨਾਲ ਵੀ ਵਿਤਕਰੇਬਾਜ਼ੀ ਹੈ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਇਸ ਉੱਤੇ ਆਪਣਾ ਸਟੈਂਡ ਸਪਸ਼ਟ ਕਰਨਾ ਚਾਹੀਦਾ ਹੈ। ਉਹਨਾਂ ਨੇ ਕਿਹਾ ਕਿ ਭਾਜਪਾ ਪੂਰੀ ਤਰਹਾਂ ਕਿਸਾਨ ਹਿਤੈਸ਼ੀ ਹੈ ਅਤੇ ਲਗਾਤਾਰ ਪੰਜਾਬ ਦੇ ਕਿਸਾਨਾਂ ਨਾਲ ਖੜੀ ਹੈ ਕਣਕ ਅਤੇ ਝੋਨੇ ਦੇ ਸੀਜ਼ਨ ਦੌਰਾਨ ਖਰੀਦ ਲਈ ਸਮੇਂ ਤੋਂ ਪਹਿਲਾਂ ਹੀ ਪੰਜਾਬ ਸਰਕਾਰ ਨੂੰ ਫੰਡ ਜਾਰੀ ਕਰ ਦਿੱਤੇ ਜਾਂਦੇ ਹਨ ਪਰ ਕਿਸਾਨਾਂ ਦੀਆਂ ਟਰੈਕਟਰ ਟਰਾਲੀਆਂ ਚੋਰੀਆਂ ਕਰਨ ਵਾਲੇ, ਕਿਸਾਨਾਂ ਨੂੰ ਧੋਖੇ ਨਾਲ ਕੈਦ ਕਰਨ ਵਾਲੇ ਤੇ ਕਿਸਾਨ ਆਗੂਆਂ ਨੂੰ ਘਰਾਂ ਚ ਹੀ ਨਜ਼ਰ ਬੰਦ ਕਰਨ ਵਾਲੇ ਕਿਸ ਮੂੰਹ ਨਾਲ ਕਿਸਾਨਾਂ ਦੀ ਗੱਲ ਕਰ ਰਹੇ ਹਨ ਆਪ ਪਾਰਟੀ ਵੱਲੋਂ ਨਵੀਂ ਖੇਤੀ ਨੀਤੀ ਆਪਣੇ ਵਾਅਦੇ ਦਾ ਹੁਣ ਜ਼ਿਕਰ ਤੱਕ ਵੀ ਨਹੀਂ ਕੀਤਾ ਜਾਂਦਾ।ਦੂੱਲਟ ਨੇ ਕਿਹਾ ਕਿ ਪੰਜਾਬ ਦੀ ਜਨਤਾ ਭਾਜਪਾ ਦੀ ਨੀਤੀਆਂ ਤੋਂ ਜਾਣੂ ਹੋ ਚੁੱਕੀ ਹੈ ਅਤੇ ਆਉਣ ਵਾਲੀਆਂ 2027 ਦੀ ਚੋਣਾਂ ਵਿੱਚ ਪੰਜਾਬ ਅੰਦਰ ਵੀ ਭਾਰੀ ਬਹੁਮਤ ਨਾਲ ਭਾਜਪਾ ਦੀ ਸਰਕਾਰ ਬਣੇਗੀ।

## ਓਵਰਬ੍ਰਿਜ ਦੇ ਹੇਠਾਂ ਬਣੇਗਾ ਸਪੋਰਟਸ ਕੋਰਟ

ਬਠਿੰਡਾ, 23 ਮਈ ( ਦੀਪਕ ਸ਼ਰਮਾ): ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਅਤੇ ਉਨ੍ਹਾਂ ਨੂੰ ਖੇਡਾਂ ਨਾਲ ਜੋੜਨ ਦੇ ਨਾਲ-ਨਾਲ ਸ਼ਹਿਰੀ ਖੇਤਰ ਵਿੱਚ ਸਥਿਤ ਫਲਾਈਓਵਰਾਂ ਦੇ ਹੇਠਾਂ ਪਈ ਜ਼ਮੀਨ ਦੀ ਸਹੀ ਵਰਤੋਂ ਕਰਨ ਦੇ ਮਕਸਦ ਨਾਲ, ਉੱਥੇ ਸਪੋਰਟਸ ਕੋਰਟ ਬਣਾਉਣ ਦੀ ਯੋਜਨਾ ਤੇ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਦੇ ਲਈ ਨਿਗਮ ਦੀ ਸਿਵਲ ਵਿੰਗ ਨੇ ਬਠਿੰਡਾ-ਡੱਬਵਾਲੀ ਓਵਰਬ੍ਰਿਜ ਦੇ ਹੇਠਾਂ ਲਗਭਗ 14.71 ਲੱਖ ਰੁਪਏ ਦੀ ਲਾਗਤ ਨਾਲ ਦੋ ਸਪੋਰਟਸ ਕੋਰਟ ਬਣਾਉਣ ਦਾ ਪ੍ਰਸਤਾਵ ਤਿਆਰ ਕੀਤਾ ਹੈ। ਇਸ ਯੋਜਨਾ ਤੇ ਆਉਣ ਵਾਲੇ ਖਰਚੇ ਨੂੰ ਨਿਗਮ ਦੀ ਫਾਈਨਾਂਸ ਐਂਡ ਕੰਟਰੈਕਟ ਕਮੇਟੀ (ਐੱਫ.ਐਂਡ.ਸੀ.ਸੀ.) ਨੇ ਮਨਜ਼ੂਰੀ ਦੇ ਦਿੱਤੀ ਹੈ।ਇਸ ਦੇ ਨਾਲ ਹੀ ਕਮੇਟੀ ਨੇ ਕਰਤਾਰ ਕਲੋਨੀ ਵਿੱਚ 13.13 ਲੱਖ ਰੁਪਏ ਦੀ ਲਾਗਤ ਨਾਲ ਬੈਡਮਿੰਟਨ ਕੋਰਟ ਬਣਾਉਣ ਦੀ ਯੋਜਨਾ ਨੂੰ ਵੀ ਹਰੀ ਝੰਡੀ ਦੇ ਦਿੱਤੀ ਹੈ। ਇਨ੍ਹਾਂ ਦੋਹਾਂ ਯੋਜਨਾਵਾਂ ਦੇ ਵਰਕ ਆਰਡਰ ਜਲਦ ਜਾਰੀ ਕੀਤੇ ਜਾਣਗੇ ਅਤੇ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਜ਼ਿਕਰਯੋਗ ਹੈ ਕਿ ਨਿਗਮ ਨੇ ਇਸ ਤੋਂ ਪਹਿਲਾਂ ਵੀ ਬਠਿੰਡਾ-ਮਾਨਸਾ ਓਵਰਬ੍ਰਿਜ ਦੇ ਹੇਠਾਂ ਇੱਕ ਸਪੋਰਟਸ ਕੋਰਟ ਦਾ ਨਿਰਮਾਣ ਕੀਤਾ ਹੋਇਆ ਹੈ, ਜਿੱਥੇ ਸਵੇਰੇ-ਸ਼ਾਮ ਬੱਚੇ ਅਤੇ ਨੌਜਵਾਨ ਖੇਡਦੇ ਹਨ। ਇਸ ਦੇ ਮੱਦੇਨਜ਼ਰ, ਨਿਗਮ ਹੁਣ ਡੱਬਵਾਲੀ ਓਵਰਬ੍ਰਿਜ ਦੇ ਹੇਠਾਂ ਦੋ ਨਵੇਂ ਸਪੋਰਟਸ ਕੋਰਟ ਬਣਾਏਗਾ। ਇਸ ਨਾਲ ਨਗਰ ਨਿਗਮ ਖੇਤਰ ਵਿੱਚ ਕੁੱਲ ਤਿੰਨ ਸਪੋਰਟਸ ਕੋਰਟ ਹੋ ਜਾਣਗੇ।ਦੱਸਣਯੋਗ ਹੈ ਕਿ ਨਿਗਮ ਖੇਤਰ ਵਿੱਚ ਜਿੰਨੇ ਵੀ ਓਵਰਬ੍ਰਿਜ ਹਨ, ਉਨ੍ਹਾਂ ਦੇ ਹੇਠਾਂ ਦੀ ਜ਼ਮੀਨ ਨਗਰ ਨਿਗਮ ਨੂੰ ਸੌਂਪੀ ਗਈ ਹੈ। ਨਿਗਮ ਅਧਿਕਾਰੀਆਂ ਦਾ ਕਹਿਣਾ ਹੈ ਕਿ ਪੁਲ ਦੇ ਹੇਠਾਂ ਅਜਿਹੀਆਂ ਖੇਡਾਂ ਲਈ ਜਗ੍ਹਾ ਵਿਕਸਤ ਕਰਨ ਲਈ ਸਰਵੇ ਸ਼ੁਰੂ ਕੀਤਾ ਗਿਆ ਹੈ, ਤਾਂ ਜੋ ਓਵਰਬ੍ਰਿਜ ਦੇ ਹੇਠਾਂ ਖਾਲੀ ਪਈ ਜਗ੍ਹਾ ਨੂੰ ਇਨਡੋਰ ਗੇਮਜ਼ ਲਈ ਤਿਆਰ ਕਰਕੇ ਉਸਦੀ ਸਹੀ ਵਰਤੋਂ ਕੀਤੀ ਜਾ ਸਕੇ। ਇਸ ਨਾਲ ਪੁਲਾਂ ਦੇ ਹੇਠਾਂ ਤੋਂ ਅਵੈਧ ਕਬਜ਼ੇ ਹਟਾਏ ਜਾਣਗੇ, ਕਿਉਂਕਿ ਜ਼ਿਆਦਾਤਰ ਥਾਵਾਂ ਤੇ ਰੇਹੜੀ-ਫੜ੍ਹੀ ਵਾਲਿਆਂ ਨੇ ਅਵੈਧ ਕਬਜ਼ਾ ਕੀਤਾ ਹੋਇਆ ਹੈ, ਜੋ ਕਿ ਗੰਦਗੀ ਫੈਲਾਉਂਦੇ ਹਨ। ਇਸ ਲਈ ਨਿਗਮ ਕੂੜਾ ਮੁਕਤ ਸ਼ਹਿਰ ਲਈ ਕਈ ਯਤਨ ਕਰ ਰਿਹਾ ਹੈ। ਪਹਿਲਾਂ ਤੋਂ ਬਣੇ ਇੱਕ ਸਪੋਰਟਸ ਕੋਰਟ ਤੋਂ ਬਾਅਦ ਲੋਕਾਂ ਵਿੱਚ ਕਾਫੀ ਉਤਸ਼ਾਹ ਹੈ, ਜਿਸ ਨੂੰ ਦੇਖਦੇ ਹੋਏ ਦੋ ਹੋਰ ਨਵੇਂ ਸਪੋਰਟਸ ਕੋਰਟ ਬਣਾਉਣ ਦੀ ਯੋਜਨਾ 'ਤੇ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ।



# ਪਟਿਆਲਾ-ਆਸ/ਪਾਸ



## 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਸਰਕਾਰੀ ਮਾਡਲ ਟਾਊਨ ਸਕੂਲ 'ਚ ਲੱਖਾਂ ਦੀ ਗ੍ਰਾਂਟ ਦੇ ਵਿਕਾਸ ਕਾਰਜ ਲੋਕ ਅਰਪਿਤ

### ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ

ਪਟਿਆਲਾ, 23 ਮਈ (ਗੁਰਮੁੱਖ ਰੁਪਾਣਾ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਅਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਾਡਲ ਟਾਊਨ ਪਟਿਆਲਾ ਵਿਖੇ ਲੱਖਾਂ ਰੁਪਏ ਦੀ ਗ੍ਰਾਂਟਾਂ ਨਾਲ ਹੋਏ ਵਿਕਾਸ ਕਾਰਜਾਂ ਨੂੰ ਹਲਕਾ ਪਟਿਆਲਾ ਸ਼ਹਿਰੀ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਵੱਲੋਂ ਲੋਕ ਅਰਪਿਤ ਕੀਤਾ ਗਿਆ। ਇਸ ਉਦੇਸ਼ ਹੇਠ ਕਰਵਾਏ ਗਏ ਉਦਘਾਟਨ ਸਮਾਰੋਹ ਦੌਰਾਨ ਮੁੱਖ ਮਹਿਮਾਨ ਹਲਕਾ ਪਟਿਆਲਾ ਸ਼ਹਿਰੀ ਵਿਧਾਇਕ ਸਰਦਾਰ ਅਜੀਤਪਾਲ ਸਿੰਘ ਕੋਹਲੀ ਵੱਲੋਂ ਪੰਜਾਬ ਸਰਕਾਰ ਦੀਆਂ ਸਿੱਖਿਆ ਖੇਤਰ ਵਿੱਚ ਹੋਈਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ ਗਿਆ।



ਸਮਾਰੋਹ ਦੀ ਸ਼ੁਰੂਆਤ ਬੱਚਿਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਰਾਹੀਂ ਹੋਈ। ਸਕੂਲ ਮੁਖੀ ਵੱਲੋਂ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨਾਂ ਅਤੇ ਪਤਵੰਤੇ ਸੱਜਣਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ ਗਏ। ਮੁੱਖ ਮਹਿਮਾਨ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਅਗਵਾਈ ਹੇਠ ਪੰਜਾਬ ਸਰਕਾਰ ਸਿੱਖਿਆ ਨੂੰ ਸਭ ਤੋਂ ਜ਼ਿਆਦਾ ਪਹਿਲ ਦੇ ਰਹੀ ਹੈ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਯੁੱਧ ਨਸ਼ਾ ਵਿਰੁੱਧ ਮੁਹਿੰਮ ਦੇ ਨਾਲ ਪੰਜਾਬ ਵਿੱਚੋਂ ਨਸ਼ੇ ਖਤਮ ਕਰਕੇ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਨੇ ਅੱਠਵੀਂ, ਦਸਵੀਂ ਅਤੇ ਬਾਰਵੀਂ ਜਮਾਤ ਦੇ ਮੈਰਿਟ ਹੋਲਡਰ ਅਤੇ ਚੰਗੇ ਨਤੀਜੇ ਲੈ ਕੇ ਆਏ ਵਿਦਿਆਰਥੀਆਂ ਦੀ ਵੀ ਸ਼ਲਾਘਾ ਕੀਤੀ ਅਤੇ ਸਨਮਾਨਿਤ ਕੀਤਾ। ਇਸ ਮੌਕੇ 'ਤੇ ਡਿਪਟੀ ਡੀਈਓ ਸ਼੍ਰੀ ਰਵਿੰਦਰ ਪਾਲ ਸ਼ਰਮਾ, ਐਮ.ਸੀ. ਸ. ਗੁਰਜੀਤ ਸਿੰਘ ਸਾਹਨੀ,ਸਕੂਲ ਮੁਖੀ ਮੈਡਮ ਨਰੇਸ਼ ਜੈਨ, ਸਿੱਖਿਆ ਕੋਆਰਡੀਨੇਟਰ ਸ਼੍ਰੀ ਅਮਿਤ ਡਾਬੀ,ਹਲਕਾ ਨੋਡਲ ਅਫਸਰ ਸ਼੍ਰੀ ਮਨੋਜ ਥਾਪਰ, ਬੀ ਐਨ ਓ ਲਲਿਤ ਸਿੰਗਲਾ, ਹੋਰ ਪਤਵੰਤੇ ਸੱਜਣ, ਅਧਿਆਪਕ, ਸਕੂਲ ਮੈਨੇਜਮੈਂਟ ਕਮੇਟੀ ਮੈਂਬਰ ਅਤੇ ਇਲਾਕੇ ਦੇ ਪਤਵੰਤੇ ਸੱਜਣ ਵੀ ਹਾਜ਼ਰ ਰਹੇ।

ਡੇਂਗੂ ਵਿਰੋਧੀ ਡਰਾਈ ਡੇਅ ਅਭਿਆਨ

## ਸਿਹਤ ਟੀਮਾਂ ਵੱਲੋ ਘਰਾਂ 'ਚ ਪਾਣੀ ਦੇ ਖੜ੍ਹੇ ਸਰੋਤਾਂ ਦੀ ਚੈਕਿੰਗ

### 256 ਥਾਂਵਾਂ 'ਤੇ ਮੱਛਰਾਂ ਦਾ ਲ਼ਾਰਵਾ ਪਾਏ ਜਾਣ 'ਤੇ ਕਰਵਾਇਆ ਨਸ਼ਟ : ਸਿਵਲ ਸਰਜਨ

ਪਟਿਆਲਾ, 23 ਮਈ (ਚ.ਨ.ਸ.) : ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡੇਂਗੂ ਬਿਮਾਰੀ ਦੀ ਰੋਕਥਾਮ ਲਈ ਵਿਸ਼ੇਸ ਤੌਰ 'ਤੇ ਡੇਂਗੂ ਵਿਰੋਧੀ ਡਰਾਈ ਡੇਅ ਅਭਿਆਨ ਚਲਾਇਆ ਗਿਆ , ਜਿਸ ਦੀ ਅਗਵਾਈ ਸਿਵਲ ਸਰਜਨ ਡਾ. ਜਗਪਾਲਇੰਦਰ ਸਿੰਘ ਨੇ ਕੀਤੀ। ਜ਼ਿਲ੍ਹਾ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਸਰਕਾਰੀ ਅਤੇ ਪ੍ਰਾਈਵੇਟ ਨਰਸਿੰਗ ਸਕੂਲਾਂ/ਕਾਲਜਾਂ ਦੇ ਨਰਸਿੰਗ ਵਿਦਿਆਰਥੀਆਂ ਅਤੇ ਆਸ਼ਾ ਵਰਕਰ ਦੇ ਸਹਿਯੋਗ ਨਾਲ ਡੇਂਗੂ ਲਾਰਵੇ ਦੀ ਜਾਂਚ ਲਈ ਲਾਰਵੇ ਦੇ ਹਾਟ-ਸਪਾਟ ਇਲਾਕਿਆਂ ਦੀ ਚੈਕਿੰਗ ਲਈ ਜ਼ਿਲ੍ਹੇ ਭਰ ਵਿੱਚ ਸਪੈਸ਼ਲ ਕੰਪੇਨ ਚਲਾਈ ਗਈ । ਅੱਜ ਖਾਸ ਤੌਰ 'ਤੇ ਜ਼ਿਲ੍ਹਾ ਪਟਿਆਲਾ ਦੇ ਪੁਲਿਸ ਥਾਣੇ,ਪੁਲਿਸ ਚੌਕੀਆਂ ਅਤੇ ਪੁਲਿਸ ਲਾਈਨ ਦੀ ਚੈਕਿੰਗ ਕੀਤੀ ਗਈ । ਜਿਸ ਤਹਿਤ ਜ਼ਿਲ੍ਹੇ ਭਰ ਵਿੱਚ 36 ਪੁਲਿਸ ਥਾਣਿਆਂ ਦੀ ਚੈਕਿੰਗ ਕੀਤੀ ਗਈ। ਇਸ ਮੌਕੇ ਘਰ-ਘਰ ਜਾ ਕੇ ਆਮ ਜਨਤਾ ਨੂੰ ਡੇਂਗੂ ਅਤੇ ਮਲੇਰੀਆ ਤੋਂ ਬਚਾਅ ਅਤੇ ਲੱਛਣ ਸਬੰਧੀ ਜਾਣਕਾਰੀ ਮੁਹੱਈਆ ਕਰਵਾਈ ਗਈ ਅਤੇ ਪਾਣੀ ਦੇ ਖੜੇ ਸਰੋਤਾਂ ਦੀ ਚੈਕਿੰਗ ਕੀਤੀ ਗਈ । ਜਿਨ੍ਹਾਂ ਘਰਾਂ ਅਤੇ ਥਾਵਾਂ ਵਿੱਚ ਡੇਂਗੂ ਦਾ ਲਾਰਵਾ ਮਿਲਿਆ, ਉਸ ਨੂੰ ਮੌਕੇ 'ਤੇ ਹੀ ਨਸ਼ਟ ਕੀਤਾ ਗਿਆ ।



ਲੋਕਾਂ ਨੂੰ ਮੱਛਰਾਂ ਦੀ ਪੈਦਾਇਸ਼ ਨੂੰ ਰੋਕਣ ਲਈ ਆਪਣੇ ਘਰਾਂ ਦੀਆਂ ਛੱਤਾਂ ਜਾਂ ਵਿਹੜੇ ਵਿੱਚ ਪਏ ਕਬਾੜ ਆਦਿ ਸਮਾਨ ਵਿੱਚ ਪਾਣੀ ਜਮ੍ਹਾਂ ਨਾ ਹੋਣ ਦੇਣ ਬਾਰੇ ਸਮਝਾਇਆ ਗਿਆ । ਇਸ ਅਭਿਆਨ ਵਿੱਚ ਟੀਮਾਂ ਦਾ ਨਿਰੀਖਣ ਸਿਵਲ ਸਰਜਨ ਸਮੇਤ ਜ਼ਿਲ੍ਹਾ ਪ੍ਰੋਗਰਾਮ ਅਫਸਰਾਂ ਅਤੇ ਸੀਨੀਅਰ ਮੈਡੀਕਲ ਅਫਸਰਾਂ ਵੱਲੋਂ ਕੀਤਾ ਗਿਆ। ਸਿਵਲ ਸਰਜਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਅਪਣੇ ਆਲੇ ਦੁਆਲੇ ਦੀ ਸਫਾਈ ਰੱਖੀ ਜਾਵੇ ਅਤੇ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ ,ਪਾਣੀ ਦੀ ਨਿਕਾਸੀ ਕੀਤੀ ਜਾਵੇ। ਜਿਲ੍ਹਾ ਐਪੀਡੇਮਿਲੋਜਿਸਟ ਡਾ. ਸੁਮੀਤ ਸਿੰਘ ਨੇ ਦੱਸਿਆ ਕਿ ਡੇਂਗੂ ਵਿਰੋਧੀ ਚਲਾਏ ਡਰਾਈ ਡੇਅ ਅਭਿਆਨ ਅਧੀਨ ਸਟਾਫ ਦੀਆਂ ਟੀਮਾਂ ਨਾਲ ਨਰਸਿੰਗ ਵਿਦਿਆਰਥੀਆਂ ਵੱਲੋਂ ਜ਼ਿਲ੍ਹੇ ਭਰ ਦੇ 28514 ਘਰਾਂ ਵਿਚ ਪਹੁੰਚ ਕੇ ਡੇਂਗੂ ਲਾਰਵੇ ਦੀ ਚੈਕਿੰਗ ਕੀਤੀ ਗਈ ਅਤੇ 91 ਥਾਂਵਾ ਤੇ ਮਿਲੇ ਲਾਰਵੇ ਨੂੰ ਟੀਮਾਂ ਵੱਲੋਂ ਮੌਕੇ ਤੇ ਹੀ ਨਸ਼ਟ ਕਰਵਾ ਦਿੱਤਾ ਗਿਆ। ਉਹਨਾਂ ਇਹ ਵੀ ਦੱਸਿਆ ਕਿ ਹੁਣ ਤੱਕ ਸਿਹਤ ਟੀਮਾਂ ਵੱਲੋਂ ਖੁਸ਼ਕ ਦਿਵਸ ਮੁਹਿੰਮ ਤਹਿਤ 158869 ਤੋਂ ਵੱਧ ਘਰਾਂ ਦਾ ਸਰਵੇਕੀਤਾ ਜਾ ਚੁੱਕਾ ਹੈ, ਜਿਹਨਾਂ ਵਿੱਚ 256 ਥਾਂਵਾ ਤੇ ਮਿਲੇ ਲਾਰਵੇ ਨੂੰ ਟੀਮਾਂ ਵੱਲੋਂ ਮੌਕੇ ਤੇ ਹੀ ਨਸ਼ਟ ਕਰਵਾ ਦਿੱਤਾ ਗਿਆ ਹੈ। ਉਨ੍ਹਾ ਕਿਹਾ ਕਿ ਮੀਂਹ ਦਾ ਮੌਸਮ ਹੋਣ ਕਾਰਨ ਛੱਤਾਂ ਤੇ ਭਰਨ ਵਾਲੇ ਪਾਣੀ ਦੀ ਨਿਕਾਸੀ ਕੀਤੀ ਜਾਵੇ ਤਾਂ ਕਿ ਲਾਰਵੇ ਨੂੰ ਪੈਦਾ ਹੋਣ ਤੋਂ ਰੋਕਿਆ ਜਾ ਸਕੇ। ਉਨ੍ਹਾਂ ਨੇ ਦੱਸਿਆ ਕਿ ਕਿਸੇ ਕਿਸਮ ਦਾ ਬੁਖਾਰ ਹੋਣ ਤੇ ਜਾਂਚ ਕਰਵਾਉਣੀ ਯਕੀਨੀ ਬਣਾਈ ਜਾਵੇ। ਉਹਨਾਂ ਕਿਹਾ ਕਿ ਇਹ ਗਤੀਵਿਧੀਆਂ ਲਗਾਤਾਰ ਜਾਰੀ ਰਹਿਣਗੀਆਂ।

## ਸਫ਼ਲਤਾ ਦੇ ਸਿਖਰ 'ਤੇ ਪਹੁੰਚੇ ਵਿਦਿਆਰਥੀਆਂ ਦਾ ਘਰ-ਘਰ ਜਾ ਕੇ ਵਿਲੱਖਣ ਢੰਗ ਨਾਲ ਸਨਮਾਨ



ਪਟਿਆਲਾ, 23 ਮਈ (ਰੁਪਾਣਾ) : ਸਕਾਲਰ ਫੀਲਡਜ਼ ਪਬਲਿਕ ਸਕੂਲ, ਪਟਿਆਲਾ ਵੱਲੋਂ ਦਸਵੀਂ ਅਤੇ ਬਾਰਵੀਂ ਜਮਾਤ ਦੀਆਂ ਪ੍ਰੀਖਿਆਵਾਂ ਵਿੱਚ ਸਿਰਮੌਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਇੱਕ ਵਿਲੱਖਣ ਢੰਗ ਨਾਲ ਸਨਮਾਨਿਤ ਕੀਤਾ ਗਿਆ। ਸਕੂਲ ਦੇ ਅਧਿਆਪਕਾਂ ਅਤੇ ਪ੍ਰਬੰਧਕ ਮੰਡਲ ਵੱਲੋਂ ਵਿਦਿਆਰਥੀਆਂ ਦੇ ਘਰਾਂ ਤੱਕ ਜਾ ਕੇ ਉਨ੍ਹਾਂ ਨੂੰ ਫੁੱਲ, ਮਿਠਾਈਆਂ ਅਤੇ ਸਨਮਾਨ ਪੱਤਰ ਭੇਟ ਕਰਕੇ ਉਨ੍ਹਾਂ ਦੀ ਹੌਂਸਲਾ ਅਫਜ਼ਾਈ ਕੀਤੀ ਗਈ। ਇਸ ਮੌਕੇ ਮਾਪਿਆਂ ਦੇ ਚਿਹਰੇ 'ਤੇ ਖੁਸ਼ੀ ਅਤੇ ਗਰਵ ਦੇ ਮਿਲੇ-ਜੁਲੇ ਜਜ਼ਬਾਤ ਨਜ਼ਰ ਆਏ, ਜਦੋਂ ਉਨ੍ਹਾਂ ਦੇ ਘਰ ਸਕੂਲ ਵੱਲੋਂ ਉਨ੍ਹਾਂ ਦੇ ਬੱਚਿਆਂ ਦੀ ਸਫਲਤਾ ਦੀ ਸ਼ਲਾਘਾ ਲਈ ਟੀਮ ਪਹੁੰਚੀ। ਸਕੂਲ ਦੇ ਪ੍ਰਿੰਸੀਪਲ ਬ੍ਰਿਜੇਸ਼ ਸਕਸੇਨਾ ਨੇ ਕਿਹਾ ਕਿ ਸਾਨੂੰ ਆਪਣੇ ਇਨ੍ਹਾਂ ਵਿਦਿਆਰਥੀਆਂ ਉੱਤੇ ਨਾਜ਼ ਹੈ, ਜਿਨ੍ਹਾਂ ਨੇ ਅਨੁਸ਼ਾਸਨ ਅਤੇ ਸੰਘਰਸ਼ ਰਾਹੀਂ ਇਹ ਸਫਲਤਾ ਹਾਸਲ ਕੀਤੀ।

## ਅੱਤ ਦੀ ਗਰਮੀ 'ਚ ਮੁੱਖ ਦ.ਫਤਰ ਅੱਗੇ ਗਰਜੇ ਬਿਜਲੀ ਕਾਮੇ

ਪਟਿਆਲਾ, 23 ਮਈ (ਰੁਪਾਣਾ) : ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਟੈਕਨੀਕਲ ਸਰਵਿਸਜ਼ ਯੂਨੀਅਨ ਵੱਲੋਂ ਬਿਜਲੀ ਕਾਮਿਆਂ ਦੀਆਂ ਭਖਦੀਆਂ ਮੰਗਾਂ ਸਮੱਸਿਆਵਾ ਦਾ ਹੱਲ ਕਰਵਾਉਣ ਲਈ ਅਤੇ ਪਾਵਰਕਾਮ ਦੀ ਮੈਨੇਜਮੈਂਟ ਦੀ ਨਿਜੀਕਰਨ ਵੱਲ ਵੱਧਦੇ ਕਦਮਾਂ ਨੂੰ ਰੋਕਣ ਲਈ ਹੈਡ ਆਫਿਸ ਪਟਿਆਲਾ ਦੇ ਸਾਹਮਣੇ ਕੜਕਦੀ ਗਰਮੀ ਵਿੱਚ ਬਿਜਲੀ ਕਾਮਿਆਂ ਵੱਲੋਂ ਵਿਸ਼ਾਲ ਰੋਸ ਪ੍ਰਦਰਸ਼ਨ ਸਾਥੀ ਹਰਪ੍ਰੀਤ ਸਿੰਘ ਸੂਬਾ ਕੋ-ਕਨਵੀਨਰ ਦੀ ਪ੍ਰਧਾਨਗੀ ਹੇਠ ਕੀਤਾ ਗਿਆ, ਜਿਸ ਵਿੱਚ ਹਜ਼ਾਰਾਂ ਬਿਜਲੀ ਕਾਮਿਆਂ ਨੇ ਸ਼ਮੂਲੀਅਤ ਕੀਤੀ। ਪੰਜਾਬ ਦੇ ਕੋਨੇ—ਕੋਨੇ ਤੋਂ ਆਏ ਬਿਜਲੀ ਕਾਮਿਆਂ ਨੂੰ ਸੰਬੋਧਨ ਕਰਦੇ ਹੋਏ ਸੂਬਾਈ ਆਗੂ ਦਲਬੀਰ ਸਿੰਘ ਜੋਹਲ, ਹਰਪ੍ਰੀਤ ਸਿੰਘ, ਸੰਜੀਵ ਕੁਮਾਰ, ਸੰਜੀਵ ਸੈਣੀ, ਦੀਪਕ ਕੁਮਾਰ, ਸੁਰਿੰਦਰ ਧਰਾਂਗਵਾਲਾ, ਸਿੰਗਾਰ ਚੰਦ, ਸਿੰਦਰ ਸਿੰਘ, ਲਖਵੀਰ ਸਿੰਘ ਨੇ ਕਿਹਾ ਕਿ 6ਵੇਂ ਤਨਖਾਹ ਕਮਿਸ਼ਨ ਅਨੁਸਾਰ ਸੋਧੀ ਹੋਈ ਤਨਖਾਹ, ਪੈਨਸ਼ਨ, ਫੈਮਿਲੀ ਪੈਨਸ਼ਨ, ਲੀਵ ਇਨਕੈਸ਼ਮੈਂਟ (ਸਮੇਤ ਮਹਿੰਗਾਈ ਭੱਤਾ/ ਮਹਿੰਗਾਈ ਸਹਿਤ) ਦਾ ਏਰੀਅਰ ਸਾਲ 2025 ਵਿੱਚ ਯਕਮੁਕਤ ਦੋ ਕਿਸ਼ਤਾਂ ਵਿੱਚ ਦੇਣ, 2004 ਤੋਂ ਬਾਅਦ ਭਰਤੀ ਹੋਏ ਕਰਮਚਾਰੀਆਂ 'ਤੇ ਵੀ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਸੀ.ਆਰ.ਏ. 249/4, 267/11 ਅਤੇ 281/13 ਤਹਿਤ ਭਰਤੀ ਹੋਏ ਲਾਈਨਮੈਨ/ਐਸ.ਐਸ.ਏ. ਨੂੰ ਕਨਟਰੈਕਟ ਪੀਰੀਅਡ ਦਾ ਲਾਭ ਪੈਨਸ਼ਨਰੀ ਲਾਭਾਂ, ਸੀਨੀਆਰਤਾ ਅਤੇ ਤਰੱਕੀ ਵਿੱਚ ਦਿੱਤਾ ਜਾਵੇ। ਸੀ.ਆਰ.ਏ. 295/19 ਦੇ ਰਹਿੰਦੇ 25 ਸਾਥੀਆਂ ਨੂੰ ਬਹਾਲ ਕਰਕੇ ਰੈਗੂਲਰ ਕਰਨ, ਜੁਲਾਈ 2020 ਤੋਂ ਨਿਯੁਕਤ ਕਰਮਚਾਰੀਆਂ ਉਪਰ ਕੇਂਦਰ ਸਰਕਾਰ ਦੇ ਤਨਖਾਹ ਸਕੇਲ ਦੀ ਥਾਂ ਬਿਜਲੀ ਨਿਗਮ ਦੇ ਸਕੇਲ ਲਾਗੂ ਕਰਨ, ਜੁਲਾਈ 2021 ਤੋਂ ਪਹਿਲਾਂ ਭਰਤੀ ਹੋਏ ਕਰਮਚਾਰੀਆਂ ਜਿਨ੍ਹਾਂ ਦੀ ਨਿਯੁਕਤੀ / ਤਰੱਕੀ ਸੋਧੇ ਸਕੇਲ ਲਾਗੂ ਹੋਣ ਤੋਂ ਬਾਅਦ ਹੋਈ ਹੈ ਨੂੰ ਵਿੱਤ ਸਰਕੂਲਰ ਨੰਬਰ 24/21 ਅਨੁਸਾਰ ਸੋਧੀ ਤਨਖਾਹ ਸਮੇਤ 15# ਦਾ ਵਾਧਾ ਦੇ ਕੇ ਮੁੱਢਲੀ ਤਨਖਾਹ 35400 ਕਰਨ ਸਮੇਤ ਹੋਰ ਮਹਤਵਪੂਰਨ ਮੁੱਦਿਆਂ ਨੂੰ ਤੁਰੰਤ ਹੱਲ ਕੀਤਾ ਜਾਵੇ ਅਤੇ ਜਥੇਬੰਦੀ ਵੱਲੋਂ ਦਿੱਤੇ ਮੰਗ ਪੱਤਰ ਅਨੁਸਾਰ ਸਮੱਸਿਆ ਦਾ ਨਿਪਟਾਰਾ ਕੀਤਾ ਜਾਵੇ ਪਰ ਪਾਵਰਕਾਮ ਦੀ ਮੈਨੇਜਮੈਂਟ ਨੇ ਮੰਗਾਂ ਮਸਲਿਆਂ ਦਾ ਹੱਲ ਕਰਨ ਦੀ ਬਜਾਏ, ਲਾਲੜੂ, ਖਰੜ ਡਵੀਜਨਾਂ ਸਮੇਤ ਅਜਮਾਇਸ਼ ਦੇ ਤੌਰ 'ਤੇ 10 ਡਵੀਜਨਾਂ ਵਿੱਚ ਬਿਜਲੀ ਪ੍ਰਬੰਧਕ ਦਾ ਸਾਰਾ ਕੰਮ ਨਿਜੀ ਹੱਥਾਂ ਵਿੱਚ ਦੇਣ ਵਲ ਕਦਮ ਵਧਾਉਣੇ ਸ਼ੁਰੂ ਕਰ ਦਿੱਤੇ ਹਨ, ਜਿਸ ਦਾ ਅੱਜ ਦੇ ਰੋਸ ਪ੍ਰਦਰਸ਼ਨ ਵਿੱਚ ਜ਼ੋਰਦਾਰ ਵਿਰੋਧ ਕਰਦੇ ਹੋਏ ਮੰਗ ਕੀਤੀ ਗਈ ਕਿ ਅਦਾਰੇ ਅੰਦਰ ਨਿਜੀਕਰਨ ਦੀ ਨੀਤੀ ਤੁਰੰਤ ਬੰਦ ਕੀਤੀ ਜਾਵੇ। ਧਰਨੇ ਨੂੰ ਸੰਬੋਧਨ ਕਰਦੇ ਹੋਏ ਸਾਥੀ ਕੁਲਦੀਪ ਸਿੰਘ ਖੰਨਾ ਮੁੱਖ ਸਲਾਹਕਾਰ, ਅਵਤਾਰ ਸਿੰਘ ਕੈਂਥ ਪ੍ਰਧਾਨ ਜੁਆਇੰਟ ਐਕਸ਼ਨ ਕਮੇਟੀ ਹੈਡ ਆਫਿਸ ਪਟਿਆਲਾ, ਜਗਜੀਤ ਸਿੰਘ ਕੰਡਾ ਸਾਬਕਾ ਜੁਆਇੰਟ ਫੋਰਮ ਆਗੂ, ਜਗਤਾਰ ਸਿੰਘ ਉੱਪਲ ਸਾਬਕਾ ਸੂਬਾ ਜਨਰਲ ਸਕੱਤਰ, ਪ੍ਰੀਤਮ ਸਿੰਘ ਪਿੰਡੀ, ਦਰਸ਼ਨ ਸਿੰਘ ਬੇਲੂਮਾਜਰਾ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਆਗੂ, ਤੇ ਗੁਰਚਰਨ ਸਿੰਘ ਨਾਭਾ ਆਦਿ ਨੇ ਪਾਵਰਕਾਮ ਦੀ ਮੈਨੇਜਮੈਂਟ ਤੋਂ ਮੰਗ ਕੀਤੀ ਕਿ ਅਦਾਰੇ ਅੰਦਰ ਖਾਲੀ ਪਈਆਂ ਹਜਾਰਾਂ ਪੋਸਟਾਂ ਨੂੰ ਤੁਰੰਤ ਰੈਗੂਲਰ ਭਰਤੀ ਰਾਹੀਂ ਭਰਿਆ ਜਾਵੇ, ਮ੍ਰਿਤਕਾਂ ਦੇ ਵਾਰਿਸਾਂ ਨੂੰ ਜੋ ਅਪਲਾਈ ਕਰਨ ਤੋਂ ਰਹਿ ਗਏ ਸਨ ਨੂੰ ਇੱਕ ਮੌਕਾ ਪ੍ਰਦਾਨ ਕਰਦੇ ਹੋਏ ਸ਼ਲੇਸ਼ੀਅਮ ਦੀ ਮੁੱਢਲੀ ਰਕਮ ਜਮਾਂ ਕਰਵਾ ਕੇ ਨੌਕਰੀ ਦਿੱਤੀ ਜਾਵੇ, ਹਰ ਤਰ੍ਹਾਂ ਦੇ ਕੱਚੇ ਕਾਨਟਰੈਕਟ ਤੇ ਲੱਗੇ ਮੀਟਰ ਰੀਡਰ, ਸਮੇਤ ਸੀ.ਐਚ.ਬੀ. ਨੂੰ ਤੁਰੰਤ ਪੱਕਾ ਕੀਤਾ ਜਾਵੇ। ਅੱਜ ਦੇ ਇਸ ਵਿਸ਼ਾਲ ਰੋਸ ਪ੍ਰਦਰਸ਼ਨ ਵਿੱਚ ਟੈਕਨੀਕਲ ਸਰਵਿਸਜ਼ ਯੂਨੀਅਨ ਦੇ ਹਜ਼ਾਰਾਂ ਕਾਮਿਆ ਨੇ ਆਕਾਸ਼ ਗੂੰਜਾਊ ਨਾਅਰਿਆਂ ਨਾਲ ਜਿੱਥੇ ਪਾਵਰਕਾਮ ਦੀ ਮੈਨੇਜਮੈਂਟ ਤੇ ਮੁਲਾਜਮਾਂ ਦੀਆਂ ਮਹੱਤਵਪੂਰਨ ਮੰਗਾਂ ਮੰਨਣ ਲਈ ਜ਼ੋਰ ਦਿੱਤਾ। ਸਟੇਜ਼ ਦੀ ਕਾਰਵਾਈ ਸਾਥੀ ਦਲਬੀਰ ਸਿੰਘ ਜ਼ੋਹਲ ਨੇ ਬਾਖੂਬੀ ਨਿਭਾਈ।



## ਦਾਜ ਲਈ ਤੰਗ ਕਰਨ 'ਤੇ ਮਾਮਲਾ ਦਰਜ

ਪਟਿਆਲਾ, 23 ਮਈ (ਵਿਨੋਦ ਸ਼ਰਮਾ) : ਥਾਣਾ ਵੂਮੈਨ ਪਟਿਆਲਾ ਪੁਲਿਸ ਕੋਲ ਕਿਰਨਪ੍ਰੀਤ ਕੌਰ ਪੁੱਤਰੀ ਰੇਸ਼ਮ ਸਿੰਘ ਵਾਸੀ ਦਸਮੇਸ਼ ਨਗਰ ਤ੍ਰਿਪੜੀ ਟਾਊਨ ਪਟਿਆਲਾ ਨੇ ਕਥਿਤ ਦੋਸ਼ੀ ਹਰਸ਼ਦੀਪ ਸਿੰਘ ਵਾਸੀ ਪਿੰਡ ਗੋਲੇਵਾਲਾ ਪੱਤੀ ਘਣੀਆ ਜ਼ਿਲ੍ਹਾ ਫਰੀਦਕੋਟ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਵਿਆਹ ਮਿਤੀ 13/10/19 ਨੂੰ ਕਥਿਤ ਦੋਸ਼ੀ ਨਾਲ ਹੋਇਆ ਸੀ, ਜੋ ਵਿਆਹ ਤੋਂ ਬਾਅਦ ਕਥਿਤ ਦੋਸ਼ੀ ਉਸ ਨੂੰ ਹੋਰ ਦਾਜ ਦਹੇਜ ਲਈ ਤੰਗ ਪ੍ਰੇਸ਼ਾਨ ਕਰਨ ਲੱਗ ਪਿਆ, ਜੋ ਉਸ ਦੇ ਦਾਜ ਦਾ ਸਮਾਨ ਵੀ ਦੋਸ਼ੀ ਦੇ ਕਬਜ਼ੇ ਵਿੱਚ ਹੈ। ਪੁਲਿਸ ਨੇ ਧਾਰਾ 85,316(2) ਬੀ.ਐਨ.ਐਸ. ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਸਿਹਤ ਵਿਭਾਗ ਨੇ 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਡੇਂਗੂ ਵਿਰੋਧੀ ਗਤੀਵਿਧੀਆਂ ਕੀਤੀਆਂ

### ਸਿਹਤ ਵਿਭਾਗ ਨੇ ਪੁਲਿਸ ਥਾਣਿਆਂ 'ਚ ਕੀਤੀ ਬ੍ਰੀਡਿੰਗ ਚੈਕਿੰਗ



ਨਾਭਾ, 23 ਮਈ (ਗੁਰਚਰਨ ਸਿੰਘ ਚੌਧਰੀਮਾਜਰਾ) : ਡਾਇਰੈਕਟਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਅਤੇ ਸਿਵਲ ਸਰਜਨ ਪਟਿਆਲਾ ਡਾ ਜਗਪਾਲ ਇੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਅੰਦਰ 'ਹਰ ਸ਼ੁਕਰਵਾਰ, ਡੇਂਗੂ ਤੇ ਵਾਰ' ਮੁਹਿੰਮ ਤਹਿਤ ਲਗਾਤਾਰ ਡੇਂਗੂ ਵਿਰੋਧੀ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ। ਉੱਚ ਅਧਿਕਾਰੀਆਂ ਵਲੋਂ ਮਿਲੀਆ ਹਦਾਇਤਾਂ ਅਨੁਸਾਰ ਸੀਨੀਅਰ ਮੈਡੀਕਲ ਅਫ਼ਸਰ ਡਾ ਵੀਨੂੰ ਗੋਇਲ ਅਗਵਾਈ ਹੇਠ ਸਿਵਲ ਹਸਪਤਾਲ ਨਾਭਾ ਦੇ ਖ਼ੇਤਰ ਵਿੱਚ ਪੁਲਿਸ ਥਾਣਿਆਂ ਪੁਲੀਸ ਚੌਕੀਆਂ ਆਦਿ ਥਾਵਾਂ 'ਤੇ ਬ੍ਰੀਡਿੰਗ ਚੈਕਿੰਗ ਕੀਤੀ ਗਈ ਅਤੇ ਇਹਨਾਂ ਥਾਵਾਂ ਤੇ ਕੰਮ ਕਰਨ ਵਾਲੇ ਸਟਾਫ਼ ਨੂੰ ਡੇਂਗੂ ਦੀ ਜਾਂਚ, ਵਾਰਨਿੰਗ ਸਾਈਨ ਅਤੇ ਇਸ ਦੇ ਇਲਾਜ ਸੰਬੰਧੀ ਸੁਚੇਤ ਕੀਤਾ ਗਿਆ ਤਾਂ ਕਿ ਡੇਂਗੂ ਦੇ ਗੰਭੀਰ ਮਰੀਜਾਂ ਦਾ ਸੁਚਾਰੂ ਢੰਗ ਨਾਲ ਇਲਾਜ ਕੀਤਾ ਜਾ ਸਕੇ। ਇਸ ਸੰਬੰਧੀ ਜਾਣਕਾਰੀ ਦਿੰਦਿਆ ਡਾ ਵੀਨੂੰ ਗੋਇਲ ਨੇ ਦੱਸਿਆ ਕਿ 9 ਟੀਮਾਂ ਵੱਲੋਂ ਸ਼ਹਿਰੀ ਖੇਤਰਾਂ ਵਿਚ ਸਰਕਾਰੀ, ਅਰਧ ਸਰਕਾਰੀ, ਗੈਰ ਸਰਕਾਰੀ ਸੰਸਥਾਵਾਂ, ਸਿੱਖਿਆਂ ਸੰਸਥਾਵਾਂ , ਘਰਾਂ, ਦੁਕਾਨਾਂ, ਝੁਗੀਆਂ ਝੋਪੜੀਆਂ ਆਦਿ ਤੱਕ ਪੁਹੰਚ ਕਰਕੇ ਜਾਗਰੂਕ ਕੀਤਾ ਜਾ ਰਿਹਾ ਹੈ। ਇਹਨਾਂ ਦਿਨਾਂ ਵਿੱਚ ਤਾਪਮਾਨ ਡੇਂਗੂ ਦੇ ਮਛਰ ਅਨੁਕੂਲ ਹੈ ਇਸ ਕਰਕੇ ਇਸ ਮੌਸਮ ਵਿੱਚ ਇਹ ਮੱਛਰ ਵਧੇਰੇ ਪਨਪਦਾ ਹੈ। ਉਨ੍ਹਾਂ ਕਿਹਾ ਕਿ ਸਾਰਿਆਂ ਦੇ ਸਹਿਯੋਗ ਨਾਲ ਹੀ ਇਸ ਨੂੰ ਕਾਬੂ ਵਿੱਚ ਰੱਖਿਆ ਜਾ ਸਕਦਾ ਹੈ ਇਸ ਲਈ ਇਸ ਤੋਂ ਬਚਨ ਲਈ ਸਿਹਤ ਵਿਭਾਗ ਵੱਲੋਂ ਸੁਝਾਏ ਨਿਯਮਾਂ ਦੀ ਪਾਲਣਾ ਕੀਤੀ ਜਾਵੇ। ਇਸ ਮੌਕੇ ਡਿਪਟੀ ਮਾਸ ਮੀਡੀਆ ਤੇ ਸੂਚਨਾਂ ਅਫਸਰ ਮਹਾਂਵੀਰ ਸਿੰਘ, ਹੈਲਥ ਇੰਸਪੈਕਟਰ ਸਤਪਾਲ ਸਿੰਘ ਤੇ ਚਮਕੌਰ ਸਿੰਘ, ਮ ਪ ਹ ਵ ਜਗਸੀਰ ਸਿੰਘ ਤੇ ਰਜਿੰਦਰ ਸਿੰਘ ਆਦਿ ਹਾਜ਼ਰ ਸਨ।

## ਖ਼ੂਨਦਾਨ ਤੋਂ ਵੱਡਾ ਕੋਈ ਦਾਨ ਨਹੀਂ: ਬਾਬਾ ਬਲਵਿੰਦਰ ਸਿੰਘ

ਭੁਨਰਹੇੜੀ, 23 ਮਈ (ਗੁਰਜੀਤ ਸਿੰਘ ਢੌਟ) : ਸ਼ਹੀਦਾਂ ਦੀ ਧਰਤੀ 'ਤੇ ਸੁਸ਼ੋਭਿਤ ਗੁਰਦੁਆਰਾ ਜੋਤੀ ਸਰੂਪ



ਸਾਹਿਬ ਵਿਖੇ ਨਤਮਸਤਕ ਹੋਣ ਪਹੁੰਚੇ ਮਿਸ਼ਨਰੀ ਕਾਰਕੁੰਨਾਂ ਨੇ ਸਤਿਕਾਰ ਸਹਿਤ ਮੱਥਾ ਟੇਕਿਆ ਤੇ ਸਰਬੱਤ ਦਾ ਭਲਾ ਮੰਗਿਆ। ਇਸ ਮੌਕੇ ਬਾਬਾ ਬਲਵਿੰਦਰ ਸਿੰਘ ਗੁਰਦੁਆਰਾ ਜੋਤੀ ਸਰੂਪ ਵਾਲਿਆਂ ਨਾਲ ਮੁਲਾਕਾਤ ਕੀਤੀ ਗਈ। ਟੀਮ ਵਿਚ ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਤੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ, ਸੁਖਦੀਪ ਸਿੰਘ ਸੋਹਲ ਤੇ ਬ੍ਰਿਜ ਪਾਲ ਭੱਟੀ ਪਸਿਆਣਾ, ਹਰਮਨਦੀਪ ਸਿੰਘ ਸਨੌਰ ਤੇ ਹਰਮਨ ਸਿੰਘ ਨਾਲ ਗੱਲਬਾਤ ਕਰਦਿਆਂ ਬਾਬਾ ਬਲਵਿੰਦਰ ਸਿੰਘ ਨੇ ਕਿਹਾ ਕਿ ਮਨੁੱਖਤਾ ਦੀ ਸੇਵਾ ਵਿਚ ਖੂਨਦਾਨ ਤੋਂ ਵੱਡਾ ਕੋਈ ਦਾਨ ਨਹੀਂ ਹੈ। ਉਨ੍ਹਾਂ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਕੀਤੀ ਜਾਂਦੀ ਸੇਵਾ ਦੀ ਸ਼ਲਾਘਾ ਕੀਤੀ ਅਤੇ ਜਲਦ ਹੀ ਫਤਿਹਗੜ੍ਹ ਸਾਹਿਬ ਵਿਖੇ ਖੂਨਦਾਨ ਕੈਂਪ ਲਗਵਾਉਣ ਦਾ ਵਾਅਦਾ ਵੀ ਕੀਤਾ।

## ਪਾਤੜਾਂ-ਮੂਣਕ ਰੋਡ 'ਤੇ ਪਿੰਡ ਖਾਨੇਵਾਲ ਨੇੜੇ ਚੋਅ ਦੇ ਪੁੱਲ ਦੀ ਮੁਰੰਮਤ ਤੇ ਰੇਲਿੰਗ ਲਾਉਣ ਦਾ ਕੰਮ ਸ਼ੁਰੂ

ਪਾਤੜਾਂ, 23 ਮਈ (ਹਰਮਿੰਦਰ ਕਰਤਾਰਪੁਰ) : ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਹੈ ਕਿ ਪਾਤੜਾਂ-ਮੂਣਕ ਰੋਡ 'ਤੇ ਪਿੰਡ ਖਾਨੇਵਾਲ ਨੇੜੇ ਹਾਦਸਿਆਂ ਦਾ ਕਾਰਨ ਬਣ ਰਹੇ ਇੱਕ ਚੋਅ ਦੇ ਪੁਲ ਮੁਰੰਮਤ ਕਰਵਾਈ ਜਾਵੇਗੀ। ਹਾਲ ਦੀ ਘੜੀ ਲੋਕ ਨਿਰਮਾਣ ਵਿਭਾਗ ਨੇ ਇਸ ਉਪਰੋਂ ਲੰਘਦੇ ਵਾਹਨਾਂ 'ਤੇ ਰਾਹਗੀਰਾਂ ਨੂੰ ਹਾਦਸਿਆਂ ਤੋਂ ਬਚਾਉਣ ਲਈ ਇਸ ਉਪਰ ਖ਼ਤਰੇ ਦੇ ਨਿਸ਼ਾਨ, ਕੈਟ ਆਈ, ਸਾਈਨ ਬੋਰਡ, ਆਰਜੀ ਰੇਲਿੰਗ ਅਤੇ ਕੋਨਾ ਰੱਖਕੇ ਵਾਹਨ ਚਾਲਕਾਂ ਨੂੰ ਸੁਚੇਤ ਕਰਨ ਦਾ ਕੰਮ ਕੀਤਾ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਉਨ੍ਹਾਂ ਨੂੰ ਇਸ ਬਾਬਤ



ਫੀਡਬੈਕ ਹਾਸਲ ਹੋਈ ਸੀ ਕਿ ਇਸ ਪੁੱਲ ਦੇ ਘੱਟ ਚੌੜਾ ਹੋਣ ਕਰਕੇ ਅਤੇ ਇਸ 'ਤੇ ਰੇਲਿੰਗ ਟੁੱਟਣ ਕਰਕੇ ਇਹ ਪੁੱਲ ਹਾਦਸਿਆਂ ਦਾ ਕਾਰਨ ਬਣ ਰਿਹਾ ਸੀ, ਇਸ ਲਈ ਤੁਰੰਤ ਇਸ ਦੀ ਲੋੜੀਂਦੀ ਮੁਰੰਮਤ ਲਈ 4.6 ਲੱਖ ਰੁਪਏ ਦੇ ਫੰਡਾਂ ਦਾ ਪ੍ਰਬੰਧ ਕਰਕੇ ਕੰਮ ਸ਼ੁਰੂ ਕਰਵਾਇਆ ਗਿਆ ਹੈ। ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨੂੰ ਦਰਪੇਸ਼ ਮੁਸ਼ਕਿਲਾਂ ਦਾ ਤੁਰੰਤ ਹੱਲ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਲੋਕ ਨਿਰਮਾਣ ਵਿਭਾਗ ਦੇ ਉਸਾਰੀ ਮੰਡਲ ਦੇ ਕਾਰਜਕਾਰੀ ਇੰਜੀਨੀਅਰ ਨਵੀਨ ਮਿੱਤਲ ਨੂੰ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ, ਕਿ ਜਦੋਂ ਤੱਕ ਇਸ ਪੁੱਲ ਦਾ ਪੱਕਾ ਹੱਲ ਨਹੀਂ ਹੁੰਦਾ ਉਦੋਂ ਤੱਕ ਇਸ ਉਪਰ ਆਰਜੀ ਸੁਰੱਖਿਆ ਲਈ ਤੁਰੰਤ ਪ੍ਰਬੰਧ ਕੀਤੇ ਜਾਣ।

## 'ਪੰਛੀਆਂ 'ਤੇ ਤਰਸ ਕਰੋ'-'ਚਾਰ ਚੁਫ਼ੇਰਾ ਰੁੱਖਾਂ ਨਾਲ ਭਰੋ': ਅੰਗਰੇਜ਼ ਸਿੰਘ ਵਿਰਕ

ਪਟਿਆਲਾ, 23 ਮਈ (ਚ.ਨ.ਸ.) : ਨੇਚਰ ਪਾਰਕ ਦੀ ਟੀਮ ਅਤੇ ਹਿਊਮਨ ਰਾਈਟਸ ਮਿਸ਼ਨ ਪ੍ਰੋਟੈਕਸ਼ਨ ਨੇ ਮਿਲ ਕੇ100 ਰੁੱਖ ਲਗਾਉਣਾ ਮਿਥਿਆ ਹੋਇਆ ਟੀਚਾ ਫੁੱਲਦਾਰ ਬੂਟੇ ਲਗਾ ਕੇ ਪੂਰਾ ਕੀਤਾ। ਇਸ ਮਿਸ਼ਨ ਵਿੱਚ ਤਰਲੋਚਨ ਵਾਲੀਆ, ਜਗਦੀਪ ਗੌਤਮ ਅਤੇ ਵਿਨੋਦ ਸ਼ਰਮਾ ਦੀ ਟੀਮ ਨੇ ਰੁੱਖ ਲਗਾਉਣ ਵਿੱਚ ਭਰਪੂਰ ਸਹਿਯੋਗ ਦਿੱਤਾ ਹੁਣ ਪੁਲਿਸ ਅਫਸਰ ਜਗਦੀਪ ਗੌਤਮ ਨੇ ਰੁੱਖਾਂ ਵੱਡੇ ਕਰਨ ਦੀ ਜਿੰਮੇਵਾਰੀ ਆਪਣੇ ਸਿਰ ਲਈ । ਇਸ ਮਿਸ਼ਨ ਵਿੱਚ ਜੰਗਲਾਤ ਵਿਭਾਗ ਦੇ ਅਧਿਕਾਰੀਆਂ ਨੇ ਇਸ ਕਦਮ ਦੀ ਸ਼ਲਾਘਾ ਵੀ ਕੀਤੀ ਅਤੇ ਟੀਮ ਦਾ ਸਾਥ ਦੇਣ ਲਈ ਵਾਅਦਾ ਕੀਤਾ। ਹਿਊਮਨ ਰਾਈਟਸ ਮਿਸ਼ਨ ਪ੍ਰੋਟੈਕਸ਼ਨ ਪੰਜਾਬ ਦੇ ਪ੍ਰਧਾਨ ਅੰਗਰੇਜ਼ ਵਿਰਕ ਨੇ ਇਸ ਮਿਸ਼ਨ ਵਿੱਚ ਸ਼ਾਮਿਲ ਹੋ ਕੇ ਲੋਕਾਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਅਪੀਲ ਕੀਤੀ। ਉਹਨਾਂ ਕਿਹਾ 'ਪੰਛੀਆਂ 'ਤੇ ਤਰਸ ਕਰੋ ਚਾਰ ਚੁਫੇਰਾ ਰੁੱਖਾਂ ਨਾਲ ਭਰੋ' ਕਿਉਂਕਿ ਜੇ ਰੁੱਖ ਹਨ ਤਾਂ ਹੀ ਮਨੁੱਖ ਹੈ ਜੇਕਰ ਰੁੱਖ ਸਾਨੂੰ ਸਾਹ ਦਿੰਦੇ ਹਨ ਤਾਂ ਆਓ ਇਹਨਾਂ ਰੁੱਖਾਂ ਨੂੰ ਅਤੇ ਜੰਗਲਾਂ ਨੂੰ ਜ਼ਿੰਦਗੀ ਦਈਏ ਹਿਊਮਨ ਰਾਇਟਸ ਮਿਸ਼ਨ ਪ੍ਰੋਡਕਸ਼ਨ ਵੱਲੋਂ 100 ਰੁੱਖ ਦਾ ਟੀਚਾ ਨੇਚਰ ਪਾਰਕ ਦੀ ਟੀਮ ਨਾਲ ਮਿਲ ਕੇ ਸਾਂਝੇ ਤੌਰ 'ਤੇ ਪੂਰਾ ਕੀਤਾ। ਇਸ ਵਿੱਚ ਰਣਧੀਰ ਸਿੰਘ, ਪ੍ਰੇਮ ਸਿੰਘ ਨੇ ਵੀ ਆਏ ਹੋਏ ਲੋਕਾਂ ਦਾ ਧੰਨਵਾਦ ਕੀਤਾ।



## 24 ਬੋਤਲਾਂ ਸ਼ਰਾਬ ਬ੍ਰਾਮਦ

ਪਟਿਆਲਾ, 23 ਮਈ (ਵਿਨੋਦ ਸ਼ਰਮਾ) : ਥਾਣਾ ਪਸਿਆਣਾ ਪੁਲਿਸ ਨੇ ਕਥਿਤ ਦੋਸ਼ੀ ਸੈਂਪੀ ਸਿੰਘ ਵਾਸੀ ਪਿੰਡ ਨੂਰਪੁਰਾ ਥਾਣਾ ਭਵਾਨੀਗੜ੍ਹ ਜ਼ਿਲ੍ਹਾ ਸੰਗਰੂਰ ਵਿਰੁੱਧ ਧਾਰਾ 61, 1, 14 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏ.ਐਸ.ਆਈ. ਬਲਬੀਰ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਤਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਪਿੰਡ ਰਾਮ ਨਗਰ ਤੋਂ ਬੀਬੀਪੁਰ ਨੂੰ ਜਾ ਰਹੇ ਸੀ, ਜੋ ਪੈਦਲ ਤੁਰੇ ਆਉਂਦੇ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ 'ਤੇ ਰੋਕ ਕੇ ਚੈਕ ਕਰਨ ਪਰ 24 ਬੋਤਲਾਂ ਸ਼ਰਾਬ ਠੇਕਾ ਦੇਸੀ ਮਾਲਟਾ ਹਰਿਆਣਾ ਦੀਆਂ ਬ੍ਰਾਮਦ ਹੋਈਆਂ।

## ਵਿਸ਼ਵ ਵਾਤਾਵਰਨ ਦਿਵਸ ਮਨਾਇਆ




ਪਟਿਆਲਾ, 23 ਮਈ (ਦੀਪਕ ਜੈਦਕਾ): ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਹਾਈ ਸਕੂਲ, ਸਮਾਣਾ (ਲੜਕੀਆਂ) ਅਤੇ ਸਰਕਾਰੀ ਸਮਾਰਟ ਹਾਈ ਸਕੂਲ, ਰਾਜਪੁਰਾ ਵਿਖੇ ਵਿਸ਼ਵ ਵਾਤਾਵਰਣ ਦਿਵਸ 2025 ਮਨਾਇਆ ਗਿਆ। ਇਹ ਸਮਾਗਮ ਸਮਾਣਾ ਵਿਖੇ ਇੰਜ. ਧਰਮਵੀਰ ਸਿੰਘ, ਸਹਾਇਕ ਵਾਤਾਵਰਣ ਇੰਜੀਨੀਅਰ ਅਤੇ ਇੰਜ. ਵਿਨੋਦ ਸਿੰਗਲਾ, ਜੂਨੀਅਰ ਵਾਤਾਵਰਣ ਇੰਜੀਨੀਅਰ ਅਤੇ ਰਾਜਪੁਰਾ ਵਿਖੇ ਇੰਜ. ਮੋਹਿਤ ਬਿਸ਼ਟ, ਵਾਤਾਵਰਣ ਇੰਜੀਨੀਅਰ ਤੇ ਇੰਜ. ਹਰਮਨਜੀਤ ਸਿੰਘ ਜੂਨੀਅਰ ਵਾਤਾਵਰਣ ਇੰਜੀਨੀਅਰ ਵੱਲੋਂ ਆਪਣੀ ਮੌਜੂਦੀ ਵਿੱਚ ਕਰਵਾਇਆ ਗਿਆ। ਇਸ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਵਿੱਚ ਵਾਤਾਵਰਣ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ ਇੱਕ ਡਰਾਇੰਗ ਮੁਕਾਬਲਾ ਇਸ ਸਾਲ ਵਾਤਾਵਰਣ ਦਿਵਸ ਦੀ ਥੀਮ 'ਪਲਾਸਟਿਕ ਪ੍ਰਦੂਸ਼ਣ ਦਾ ਅੰਤ, 2025' ਤੇ ਕਰਵਾਇਆ ਗਿਆ। ਇਸ ਪ੍ਰੋਗਰਾਮ ਦੌਰਾਨ ਇੱਕ ਖਾਸ ਪਲ ਉਹ ਸੀ ਜਦੋਂ ਸਾਰੇ ਵਿਦਿਆਰਥੀਆਂ ਨੇ ਆਪਣੇ ਰੋਜ਼ਾਨਾ ਜੀਵਨ ਵਿੱਚ ਸਿੰਗਲ-ਯੂਜ਼ ਪਲਾਸਟਿਕ ਦੀ ਵਰਤੋਂ ਤੋਂ ਪਰਹੇਜ਼ ਕਰਨ ਦੀ ਸਹੁੰ ਚੁੱਕੀ। ਡਰਾਇੰਗ ਮੁਕਾਬਲਾ ਵਿੱਚ ਪਹਿਲੇ, ਦੂਜੇ ਅਤੇ ਤੀਜੇ ਸਥਾਨ ਤੇ ਆਏ ਵਿਦਿਆਰਥੀਆਂ ਨੂੰ ਸਮਾਨਤ ਕੀਤਾ ਗਿਆ। ਇੰਜ. ਗੁਰਕਰਨ ਸਿੰਘ, ਵਾਤਾਵਰਣ ਇੰਜੀਨੀਅਰ, ਖੇਤਰੀ ਦਫਤਰ, ਪਟਿਆਲਾ ਵੱਲੋਂ ਜ਼ਿਲ੍ਹਾ ਪਟਿਆਲਾ ਅਧੀਨ ਪੈਂਦੇ ਸਾਰੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਨੂੰ ਵਾਤਾਵਰਣ ਦਿਵਸ 2025 ਦੀ ਥੀਮ 'ਪਲਾਸਟਿਕ ਪ੍ਰਦੂਸ਼ਣ ਦਾ ਅੰਤ, 2025' ਤਹਿਤ ਪ੍ਰਤੀਬੰਧਤ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਨਾ ਕਰਦੇ ਹੋਏ ਵਾਤਾਵਰਣ ਨੂੰ ਸੁਰੱਖਿਅਤ ਕਰਨ ਦੀ ਅਪੀਲ ਕੀਤੀ।

## ਪੰਜਾਬੀ ਯੂਨੀਵਰਸਿਟੀ ਵੱਲੋਂ ਡਾ. ਰਤਨ ਸਿੰਘ ਜੱਗੀ ਦੇ ਦੇਹਾਂਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ

ਪਟਿਆਲਾ, 23 ਮਈ (ਚ.ਨ.ਸ.) : ਉੱਘੇ ਖੋਜੀ ਅਤੇ ਵਿਦਵਾਨ ਡਾ. ਰਤਨ ਸਿੰਘ ਜੱਗੀ ਅਕਾਲ ਚਲਾਣਾ ਕਰ ਗਏ ਹਨ। ਪੰਜਾਬੀ ਯੂਨੀਵਰਸਿਟੀ ਵੱਲੋਂ ਉਨ੍ਹਾਂ ਦੇ ਵਿਛੋੜੇ ਉੱਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਗਿਆ ਹੈ। ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਨੇ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਉਨ੍ਹਾਂ ਨੂੰ ਨਿੱਘੀ ਸ਼ਰਧਾਂਜਲੀ ਭੇਟ ਕਰਦਿਆਂ ਪਰਿਵਾਰ ਅਤੇ ਉਨ੍ਹਾਂ ਦੇ ਸਮੂਹ ਪਾਠਕਾਂ ਦੇ ਦੁੱਖ ਵਿੱਚ ਸ਼ਰੀਕ ਹੈ। ਉਨ੍ਹਾਂ ਕਿਹਾ ਕਿ ਡਾ. ਜੱਗੀ ਜਿਹੀਆਂ ਸ਼ਖ਼ਸੀਅਤਾਂ ਦਾ ਪੰਜਾਬੀ ਯੂਨੀਵਰਸਿਟੀ ਨਾਲ਼ ਜੁੜੇ ਹੋਣਾ ਇਸ ਗੱਲ ਦਾ ਪ੍ਰਮਾਣ ਹੈ ਕਿ ਪੰਜਾਬੀ ਯੂਨੀਵਰਸਿਟੀ ਦੀ ਵਿਰਾਸਤ ਕਿੰਨੀ ਅਮੀਰ ਰਹੀ ਹੈ। ਜ਼ਿਕਰਯੋਗ ਹੈ ਕਿ ਡਾ. ਰਤਨ ਸਿੰਘ ਜੱਗੀ ਸਾਹਿਤ ਅਤੇ ਵਿਸ਼ੇਸ਼ ਤੌਰ ਉੱਤੇ ਗੁਰਮਤਿ ਸਾਹਿਤ ਦੇ ਖੇਤਰ ਵਿੱਚ ਵੱਡੇ ਵਿਦਵਾਨ ਸਨ। ਉਨ੍ਹਾਂ ਆਪਣੇ ਜੀਵਨ ਕਾਲ ਦਾ ਸੱਤ ਦਹਾਕਿਆਂ ਤੋਂ ਵੱਧ ਦਾ ਸਮਾਂ ਇਨ੍ਹਾਂ ਖੇਤਰਾਂ ਦੀ ਸੇਵਾ ਨੂੰ ਸਮਰਪਿਤ ਕੀਤਾ ਹੈ। ਇਸੇ ਤਰ੍ਹਾਂ ਡਾ. ਜੱਗੀ ਵੱਲੋਂ 'ਗੁਰੂ ਗ੍ਰੰਥ ਵਿਸ਼ਵ ਕੋਸ਼' ਤਿਆਰ ਕੀਤਾ ਗਿਆ, ਜਿਸ ਨੂੰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੇ ਛਾਪਿਆ। ਇਸ ਤੋਂ ਇਲਾਵਾ ਉਨ੍ਹਾਂ 'ਸਿੱਖ ਪੰਥ ਵਿਸ਼ਵਕੋਸ਼', 'ਅਰਥ ਬੋਧ ਸ਼੍ਰੀ ਗੁਰੂ ਗ੍ਰੰਥ ਸਾਹਿਬ' (ਪੰਜ ਭਾਗ) ਅਤੇ 'ਭਾਵ ਪ੍ਰਬੋਧਨੀ ਟੀਕਾ ਸ੍ਰੀ ਗੁਰੂ ਗ੍ਰੰਥ ਸਾਹਿਬ' ਆਦਿ ਬਹੁਤ ਸਾਰੇ ਮੁੱਲਵਾਨ ਗ੍ਰੰਥਾਂ ਅਤੇ ਪੁਸਤਕਾਂ ਦੀ ਰਚਨਾ ਕੀਤੀ ਜੋ ਪੰਜਾਬੀ ਯੂਨੀਵਰਸਿਟੀ ਵੱਲੋਂ ਹੀ ਪ੍ਰਕਾਸ਼ਿਤ ਹਨ।

## ਪਾਵਰਕਾਮ ਤੇ ਟਰਾਂਸਕੋ ਯੂਨੀਅਨ ਵੱਲੋਂ ਮੰਗਾਂ ਨੂੰ ਲੈ ਕੇ ਪੀ.ਐਸ.ਪੀ.ਸੀ.ਐਲ. ਮੈਨੇਜਮੈਂਟ ਨਾਲ ਮੀਟਿੰਗ



ਪਟਿਆਲਾ, 23 ਮਈ (ਚ.ਨ.ਸ.) : ਪਾਵਰਕਾਮ ਅਤੇ ਟਰਾਂਸਕੋ ਯੂਨੀਅਨ ਪੰਜਾਬ ਵੱਲੋਂ ਦਿੱਤੇ ਮੰਗ ਪੱਤਰ 'ਤੇ ਪੀ.ਐਸ.ਪੀ.ਸੀ.ਐਲ. ਮੈਨੇਜਮੈਂਟ ਵੱਲੋਂ ਮੀਟਿੰਗ ਦਿੱਤੀ ਗਈ। ਬੋਰਡ ਵੱਲੋਂ ਡਾਇਰੈਕਟਰ ਪ੍ਰਬੰਧਕੀ ਜਸਬੀਰ ਸਿੰਘ ਢਿੱਲੋਂ ਸੁਰ ਸਿੰਘ ਵਾਲਾ ਅਤੇ ਹੋਰ ਅਧਿਕਾਰੀ ਹਾਜ਼ਰ ਹੋਏ। ਮੀਟਿੰਗ ਵਿੱਚ ਮੰਗਾਂ 'ਤੇ ਵਿਸਥਾਰ ਪੂਰਵਕ ਵਿਚਾਰ ਕੀਤਾ ਗਿਆ ਤੇ ਮੀਟਿੰਗ ਬਹੁਤ ਸੁਖਾਵੇਂ ਮਾਹੌਲ ਵਿੱਚ ਹੋਈ । ਸਾਰੀਆਂ ਮੰਗਾਂ ਬਾਰੇ ਮੈਨੇਜਮੈਂਟ ਅਤੇ ਡਾਇਰੈਕਟਰ ਪ੍ਰਬੰਧਕੀ ਦਾ ਹਾਂ ਪੱਖੀ ਹੁੰਗਾਰਾ ਰਿਹਾ। ਇਨ੍ਹਾਂ ਮੰਗਾਂ ਨੂੰ ਮੁੱਖ ਰੱਖਦੇ ਹੋਏ ਯੂਨੀਅਨ ਨੇ 5 ਜੂਨ ਰੱਖੇ ਗਏ ਧਰਨੇ ਨੂੰ ਮੁਲਤਵੀ ਕਰ ਦਿੱਤਾ ਗਿਆ ਹੈ । ਇਸ ਮੌਕੇ ਚਮਕੌਰ ਸਿੰਘ ਵਰਕਿੰਗ ਪ੍ਰਧਾਨ, ਅਮਰੀਕ ਸਿੰਘ ਮਸ਼ੀਤਾਂ ਜਨਰਲ ਸਕੱਤਰ ਰਾਜਿੰਦਰ ਸਿੰਘ ਮੀਤ ਪ੍ਰਧਾਨ, ਨਰਿੰਦਰ ਸਿੰਘ ਬੱਲ, ਸੰਤੋਖ਼ ਸਿੰਘ ਬੋਪਾਰਾਏ, ਗੱਜਣ ਸਿੰਘ, ਭਿੰਦਰ ਸਿੰਘ ਚਾਹਲ, ਜਗਦੇਵ ਸਿੰਘ ਗੁਰਮੇਲ ਸਿੰਘ ਨਾਹਰ, ਅਜਮਲ ਖਾਨ, ਬਲਬੀਰ ਸਿੰਘ ਮਾਨ, ਸੁਖਜੰਟ ਸਿੰਘ, ਮਦਨ ਗੋਪਾਲ , ਦਵਿੰਦਰ ਸਿੰਘ, ਹਜ਼ਾਰਾ ਸਿੰਘ, ਜਗਤਾਰ ਸਿੰਘ ਚਰਨ ਸਿੰਘ ਅਤੇ ਮਨਜੀਤ ਸਿੰਘ ਆਦਿ ਯੂਨੀਅਨ ਵੱਲੋਂ ਹਾਜ਼ਰ ਸਨ।

## ਭਗਵਾਨ ਦਾਸ ਨੂੰ ਸਦਮਾ, ਪੁੱਤਰ ਦਾ ਦੇਹਾਂਤ

ਪਟਿਆਲਾ, 23 ਮਈ (ਚ.ਨ.ਸ.) : ਡਾ. ਰਾਕੇਸ਼ ਕੁਮਾਰ ਗੁਪਤਾ ਸਪੁੱਤਰ ਸੀਨੀਅਰ ਜਰਨਲਿਸਟ ਭਗਵਾਨ ਦਾਸ 71 ਸਾਲ ਦੀ ਉਮਰ ਭੋਗ ਕੇ ਸਵਰਗ ਸਿਧਾਰ ਗਏ। ਉਨ੍ਹਾਂ ਨੇ ਮੈਡੀਕਲ ਸੈਕਟਰ ਵਿਚ ਸ਼ਲਾਘਾਯੋਗ ਸੇਵਾਵਾਂ ਨਿਭਾਈਆਂ। ਉਹ ਲੋਕਾਂ ਦੇ ਬੜੇ ਕੰਮ ਆਉਂਦੇ ਰਹੇ। ਡਾਇਰੈਕਟਰ ਮੈਡੀਕਲ ਹੈਲਥ ਐਂਡ ਫੈਮਲੀ ਵੈਲਫੇਅਰ ਸਰਵੀਸਿਜ਼ ਦੇ ਅਹੁਦੇ ਤੋਂ ਸੇਵਾ ਮੁਕਤ ਹੋਏ ਅਤੇ ਮਾਨਸਾ, ਫਤਹਿਗੜ੍ਹ ਸਾਹਿਬ, ਪਟਿਆਲਾ, ਨਵਾਂ ਸ਼ਹਿਰ, ਰੋਪੜ ਆਦਿ ਜ਼ਿਲ੍ਹਿਆਂ ਵਿਚ ਸਿਵਲ ਸਰਜਨ ਰਹੇ। ਡਿਪਟੀ ਡਾਇਰੈਕਟਰ ਮੈਡੀਕਲ ਹੈਲਥ ਐਂਡ ਫੈਮਲੀ ਵੈਲਫੇਅਰ ਚੰਡੀਗੜ੍ਹ ਦੇ ਤੌਰ 'ਤੇ ਵੀ ਸੇਵਾ ਨਿਭਾਈ।

## ਕਿਸਾਨ ਫ਼ਲਾਂ ਨੂੰ ਕੀੜੇ ਮਕੌੜਿਆਂ ਤੋਂ ਬਚਾਉਣ ਲਈ ਫਰੂਟ ਫਲਾਈ ਟਰੈਪ ਦੀ ਵਰਤੋਂ ਕਰਨ : ਡਿਪਟੀ ਡਾਇਰੈਕਟਰ

ਪਟਿਆਲਾ, 23 ਮਈ (ਰੁਪਾਣਾ) : ਬਾਗ਼ਬਾਨੀ ਵਿਭਾਗ ਦੇ ਡਿਪਟੀ ਡਾਇਰੈਕਟਰ ਸੰਦੀਪ ਸਿੰਘ ਗਰੇਵਾਲ ਨੇ ਦੱਸਿਆ ਕਿ ਕਿਸਾਨਾਂ ਦੇ ਬਾਗ਼ਾਂ ਦੇ 20 ਫ਼ੀਸਦੀ ਫਲ਼ ਦਾ ਨੁਕਸਾਨ ਕੀੜੇ ਮਕੌੜੇ ਤੇ ਬਿਮਾਰੀ ਨਾਲ ਹੁੰਦਾ ਹੈ, ਜਿਸ ਨੂੰ ਫਰੂਟ ਫਲਾਈ ਟਰੈਪ ਦੀ ਵਰਤੋਂ ਕਰਕੇ ਘਟਾਇਆ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਕਿਸਾਨ ਫਰੂਟ ਫਲਾਈ ਟਰੈਪ ਅਮਰੂਦ ਅਸਟੇਟ ਵਜੀਦਪੁਰ, ਦਫ਼ਤਰ ਡਿਪਟੀ ਡਾਇਰੈਕਟਰ ਬਾਗ਼ਬਾਨੀ ਪਟਿਆਲਾ, ਜ਼ਿਲ੍ਹੇ ਦੇ ਸਾਰੇ ਬਾਗ਼ਬਾਨੀ ਵਿਕਾਸ ਅਫ਼ਸਰ ਦੇ ਨਰਸਰੀ ਫਾਰਮਾਂ/ਦਫ਼ਤਰਾਂ ਤੋਂ ਪ੍ਰਾਪਤ ਕਰ ਸਕਦੇ ਹਨ। ਡਿਪਟੀ ਡਾਇਰੈਕਟਰ ਨੇ ਦੱਸਿਆ ਕਿ ਕੀੜੇ ਮਕੌੜੇ ਵਿੱਚ ਮੁੱਖ ਕੀੜਾ ਫਲ਼ ਦੀ ਮੱਖੀ ਹੈ, ਜੋ ਕਿ ਫਲ਼ ਦਾ ਨੁਕਸਾਨ ਕਰਦੀ ਹੈ। ਇਹ ਫਲ਼ ਦੀ ਮੱਖੀ ਆੜੂ, ਅਲੂਚਾ, ਅਮਰੂਦ, ਅੰਬ, ਨਾਸ਼ਪਾਤੀ, ਕਿੰਨੂ ਦੇ ਬੂਟਿਆਂ ਤੇ ਜਿਵੇਂ-ਜਿਵੇਂ ਫਲ਼ ਦੀ ਆਮਦ ਹੁੰਦੀ ਹੈ, ਓਵੇਂ ਹੀ ਮੱਖੀ ਫਲ਼ ਦਾ ਨੁਕਸਾਨ ਕਰਦੀ ਹੈ। ਫਲ਼ ਦੀ ਮੱਖੀ ਦੀ ਰੋਕਥਾਮ ਲਈ ਫਰੂਟ ਫਲਾਈ ਟਰੈਪ ਦੀ ਵਰਤੋਂ ਕੀਤੀ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਕਿਸਾਨ 16 ਟਰੈਪ ਪ੍ਰਤੀ ਏਕੜ ਦੇ ਹਿਸਾਬ ਨਾਲ ਬਾਗ਼ ਵਿੱਚ ਲਗਾ ਸਕਦੇ ਹਨ ਤੇ ਟਰੈਪਾਂ ਨੂੰ ਬਾਗ਼ਾਂ ਵਿੱਚ ਉਸ ਸਮੇਂ ਤੱਕ ਟੰਗਣਾ ਹੈ, ਜਦੋਂ ਤੱਕ ਫਲ਼ਾਂ ਦੀ ਪੂਰੀ ਤੁੜਾਈ ਨਾ ਹੋ ਜਾਵੇ। ਬਾਗ਼ ਵਿੱਚ ਟਰੈਪ ਲਗਾਉਣ ਤੋਂ ਬਾਅਦ ਜੇਕਰ ਫਲ਼ਾਂ ਦੀ ਮੱਖੀ ਦਾ ਤਾਜ਼ਾ ਹਮਲਾ ਜ਼ਿਆਦਾ ਹੋਇਆ ਹੋਵੇ ਤਾਂ ਟਰੈਪ ਵਿੱਚ ਖ਼ੁਸ਼ਬੂ ਦੀ ਨਵੀਂ ਟਿੱਕੀ ਲਗਾਈ ਜਾ ਸਕਦੀ ਹੈ। ਡਿਪਟੀ ਡਾਇਰੈਕਟਰ ਨੇ ਦੱਸਿਆ ਕਿ ਬਾਗ਼ਾਂ ਵਿੱਚ ਟਰੈਪ ਦੀ ਵਰਤੋਂ ਇੱਕ ਵਾਤਾਵਰਨ ਸਹਾਈ ਤਕਨੀਕ ਹੈ ਅਤੇ ਕੀਟਨਾਸ਼ਕਾਂ ਤੇ ਆਉਂਦੇ ਖ਼ਰਚੇ ਦੇ ਮੁਕਾਬਲੇ ਇਹ ਸਸਤੀ ਤਕਨੀਕ ਹੈ। ਕੀਟਨਾਸ਼ਕਾਂ ਦੇ ਮੁਕਾਬਲੇ ਟਰੈਪ ਦੀ ਵਰਤੋਂ ਨਾਲ ਬਾਗ਼ਾਂ ਵਿੱਚ ਲੰਬੇ ਸਮੇਂ ਤੱਕ ਮੱਖੀਆਂ ਦੀ ਰੋਕਥਾਮ ਹੁੰਦੀ ਹੈ ਅਤੇ ਟਰੈਪਾਂ ਦੀ ਵਰਤੋਂ ਨਾਲ ਮਿੱਤਰ ਕੀੜਿਆਂ ਤੇ ਵੀ ਕੋਈ ਅਸਰ ਨਹੀਂ ਪੈਂਦਾ। ਉਨ੍ਹਾਂ ਦੱਸਿਆ ਕਿ ਟਰੈਪਾਂ ਨੂੰ ਫਲ਼ਾਂ ਦੀ ਤੁੜਾਈ ਖ਼ਤਮ ਹੋਣ ਤੋਂ ਬਾਅਦ ਵੱਖ-ਵੱਖ ਫਲ਼ਾਂ ਦੇ ਬਾਗ਼ਾਂ ਵਿੱਚ ਵਰਤਿਆ ਜਾ ਸਕਦਾ ਹੈ ਬਸ਼ਰਤੇ ਕਿ ਉਨ੍ਹਾਂ ਵਿੱਚ ਵਰਤੀ ਜਾਣ ਵਾਲੀ ਖ਼ੁਸ਼ਬੂ ਦੀ ਟਿੱਕੀ ਲੋੜ ਅਨੁਸਾਰ ਦੁਬਾਰਾ ਲਗਾਈ ਜਾਵੇ।





# ਪਟਿਆਲਾ-ਆਸ/ਪਾਸ



## ਪੰਜਾਬ ਸਰਕਾਰ ਨੇ ਨਸ਼ਿਆਂ ਦੇ ਤਸਕਰਾਂ ਦਾ ਲੱਕ ਤੋੜਿਆ : ਅਜੀਤਪਾਲ ਸਿੰਘ ਕੋਹਲੀ

**ਵਾਰਡ ਨੰਬਰ 41, 31 ਤੇ 60 'ਚ ਸਫ਼ਲ ਰਹੀ ਵਿਧਾਇਕ ਕੋਹਲੀ ਦੀ ਨਸ਼ਾ ਮੁਕਤੀ ਯਾਤਰਾ**



ਪਟਿਆਲਾ, 23 ਮਈ (ਗੁਰਮੁੱਖ ਰੁਪਾਣਾ) : ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਹੈ ਕਿ ਪੰਜਾਬ ਸਰਕਾਰ ਨੇ ਨਸ਼ਿਆਂ ਦਾ ਲੱਕ ਤੋੜ ਦਿੱਤਾ ਹੈ। ਉਨ੍ਹਾਂ ਕਿਹਾ ਕਿ ਹੁਣ ਨਸ਼ਾ ਤਸਕਰ ਇਸ ਕਾਲੇ ਕਾਰੋਬਾਰ ਨੂੰ ਤੌਬਾ ਆਖ ਰਹੇ ਹਨ, ਕਿਉਂਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਅਰੰਭੇ ਯੁੱਧ ਨਸ਼ਿਆਂ ਵਿਰੁੱਧ ਤਹਿਤ ਨਸ਼ਿਆਂ ਖ਼ਿਲਾਫ਼ ਜ਼ੀਰੋ ਟਾਲਰੈਂਸ ਦੀ ਨੀਤੀ ਅਪਣਾਈ ਗਈ ਹੈ। ਅੱਜ ਸਥਾਨਕ ਕੌਂਸਲਰਾਂ, ਅਮਨਪ੍ਰੀਤ ਕੌਰ ਵਾਰਡ ਨੰਬਰ 41, ਪਦਮਜੀਤ ਕੌਰ ਵਾਰਡ ਨੰਬਰ 31 ਤੇ ਵਾਰਡ ਇੰਚਾਰਜ ਵੀਰਪਾਲ ਕੌਰ ਵਾਰਡ ਨੰਬਰ 60 ਵਿਖੇ ਨਸ਼ਾ ਮੁਕਤੀ ਯਾਤਰਾ ਦੀ ਅਗਵਾਈ ਕਰਦਿਆਂ ਵਿਧਾਇਕ ਅਜੀਤ ਸਿੰਘ ਕੋਹਲੀ ਨੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਮੀਟਿੰਗਾਂ ਕੀਤੀਆਂ। ਇਸ ਮੌਕੇ ਉਨ੍ਹਾਂ ਦੇ ਨਾਲ ਨਸ਼ਾ ਮੁਕਤੀ ਮੋਰਚੇ ਦੇ ਹਲਕਾ ਕੋਆਰਡੀਨੇਟਰ ਦਵਿੰਦਰਪਾਲ ਸਿੰਘ ਮਿੱਕੀ ਤੇ ਹੋਰ ਸ਼ਖ਼ਸੀਅਤਾਂ ਵੀ ਮੌਜੂਦ ਸਨ। ਵਿਧਾਇਕ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਰੀਬ ਤਿੰਨ ਸਾਲਾਂ ਦੀ ਡੂੰਘੀ ਸੋਚ ਵਿਚਾਰ ਤੇ ਤਜਵੀਜ਼ ਬਣਾ ਕੇ ਨਸ਼ਿਆਂ ਨੂੰ ਚਾਰੇ ਪਾਸੇ ਤੋਂ ਘੇਰਾ ਪਾ ਕੇ ਨਸ਼ਿਆਂ ਦੀ ਸਪਲਾਈ ਲਾਇਨ ਕੱਟੀ ਹੈ ਅਤੇ ਨਸ਼ੇ ਦੇ ਆਦੀਆਂ ਦੇ ਮੁੜ ਵਸੇਬੇ ਤੇ ਰੋਜ਼ਗਾਰ ਲਈ ਨਵੀਆਂ ਪਹਿਲਕਦਮੀਆਂ ਕੀਤੀਆਂ ਹਨ। ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਵਟਸਐਪ ਨੰਬਰ 97791-00200 'ਤੇ ਨਸ਼ਾ ਤਸਕਰਾਂ ਦੀ ਜਾਣਕਾਰੀ ਦੇਣ ਦਾ ਸੱਦਾ ਦਿੰਦਿਆਂ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਨਸ਼ਾ ਤਸਕਰਾਂ ਦੀ ਸੂਹ ਦੇਣ ਵਾਲੇ ਦਾ ਨਾਮ ਪਤਾ ਗੁਪਤ ਰੱਖਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਪੁਲਿਸ ਦੀ ਸਖ਼ਤੀ ਸਦਕਾ ਨਸ਼ਾ ਤਸਕਰਾਂ ਦਾ ਲੱਕ ਤੋੜ ਦਿੱਤਾ ਗਿਆ ਹੈ। ਕੋਹਲੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਮੁਕਤ ਸਮਾਜ ਤੇ ਰੰਗਲਾ ਪੰਜਾਬ ਬਣਾਉਣ ਲਈ ਪੰਜਾਬ ਸਰਕਾਰ ਦਾ ਡੱਟ ਕੇ ਸਾਥ ਦੇਣ। ਇਸ ਦੌਰਾਨ ਵਾਰਡ ਵਾਸੀਆਂ ਨੇ ਇਸ ਗੱਲ 'ਤੇ ਤਸੱਲੀ ਦਾ ਇਜ਼ਹਾਰ ਕੀਤਾ ।

## ਪਟਿਆਲਾ ਵਿਖੇ ਅੱਜ ਲੱਗੇਗੀ ਕੌਮੀ ਲੋਕ ਅਦਾਲਤ

ਪਟਿਆਲਾ, 23 ਮਈ (ਵਿਨੋਦ ਸ਼ਰਮਾ) : ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਅਤੇ ਸੈਸ਼ਨ ਜੱਜ - ਕਮ- ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੈਡਮ ਰੁਪਿੰਦਰਜੀਤ ਚਾਹਲ ਦੀ ਯੋਗ ਅਗਵਾਈ ਹੇਠ ਚੈੱਕ ਬਾਊਂਸ ਕੇਸਾਂ, ਪੈਸੇ ਦੀ ਵਸੂਲੀ ਦੇ ਕੇਸ, ਲੇਬਰ ਅਤੇ ਰੁਜ਼ਗਾਰ ਝਗੜਿਆਂ ਦੇ ਕੇਸ, ਬਿਜਲੀ, ਪਾਣੀ ਦੇ ਬਿੱਲਾਂ ਅਤੇ ਹੋਰ ਬਿੱਲਾਂ ਦੇ ਭੁਗਤਾਨ ਦੇ ਕੇਸ (ਨਾਨ-ਕੰਪਾਊਂਡੇਬਲ ਨੂੰ ਛੱਡ ਕੇ), ਰੱਖ-ਰਖਾਅ ਦੇ ਕੇਸ, ਹੋਰ ਫ਼ੌਜਦਾਰੀ ਕੰਪਾਊਂਡੇਬਲ ਕੇਸ ਅਤੇ ਹੋਰ ਦੀਵਾਨੀ ਝਗੜੇ ਅਤੇ ਅਦਾਲਤਾਂ ਵਿੱਚ ਲੰਬਿਤ ਕੇਸਾਂ ਨਾਲ ਸਬੰਧਤ ਟ੍ਰਿਬਿਊਨਲ ਨਾਲ ਸਬੰਧਤ ਕੇਸਾਂ ਲਈ ਕੌਮੀ ਲੋਕ ਅਦਾਲਤ ਦਾ ਆਯੋਜਨ ਮਿਤੀ 24 ਮਈ ਨੂੰ ਜ਼ਿਲ੍ਹਾ ਪਟਿਆਲਾ ਵਿੱਚ ਕੀਤਾ ਜਾਵੇਗਾ। ਇਸ ਮੰਤਵ ਲਈ ਪਟਿਆਲਾ, ਰਾਜਪੁਰਾ, ਸਮਾਣਾ ਅਤੇ ਨਾਭਾ ਵਿਖੇ ਨਿਆਇਕ ਅਦਾਲਤਾਂ ਦੇ ਬੈਂਚਾਂ ਦਾ ਗਠਨ ਕੀਤਾ ਜਾਵੇਗਾ।

'ਨਸ਼ਾ ਮੁਕਤੀ ਯਾਤਰਾ'

## ਸਿਹਤ ਮੰਤਰੀ ਡਾ. ਬਲਬੀਰ ਸਿੰਘ ਰੋਜ਼ਾਨਾ ਸ਼ਾਮ ਪਿੰਡਾਂ 'ਚ ਜਾ ਕੇ ਲੋਕਾਂ ਨੂੰ ਨਸ਼ਿਆਂ ਖ਼ਿਲਾਫ਼ ਕਰ ਰਹੇ ਨੇ ਲਾਮਬੰਦ

**ਪਿੰਡ ਸ਼ਮਲਾ, ਹਿਆਣਾ ਕਲਾਂ ਤੇ ਰੋਹਟੀ ਖਾਸ ਦੇ ਵਸਨੀਕਾਂ ਨੇ ਨਸ਼ਿਆਂ ਖ਼ਿਲਾਫ਼ ਲਾਮਬੰਦ ਹੋਣ ਦਾ ਲਿਆ ਅਹਿਦ**



ਨਾਭਾ, 23 ਮਈ (ਗੁਰਚਰਨ ਸਿੰਘ ਚੌਧਰੀਮਾਜਰਾ) : ਸੂਬੇ 'ਚੋਂ ਨਸ਼ਿਆਂ ਦਾ ਕੋਹੜ ਖ਼ਤਮ ਕਰਨ ਲਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਨਸ਼ਾ ਮੁਕਤੀ ਯਾਤਰਾ ਤਹਿਤ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਰੋਜ਼ਾਨਾ ਸ਼ਾਮ ਪਟਿਆਲਾ ਦਿਹਾਤੀ ਹਲਕੇ ਦੇ ਪਿੰਡਾਂ 'ਚ ਜਾ ਕੇ ਲੋਕਾਂ ਨੂੰ ਨਸ਼ਿਆਂ ਖ਼ਿਲਾਫ਼ ਲਾਮਬੰਦ ਹੋਣ ਦਾ ਸੁਨੇਹਾ ਦੇ ਰਹੇ ਹਨ। ਇਸੇ ਲੜੀ ਤਹਿਤ ਅੱਜ ਪਿੰਡ ਸ਼ਮਲਾ, ਹਿਆਣਾ ਕਲਾਂ ਤੇ ਰੋਹਟੀ ਖਾਸ ਪੁੱਜੇ ਡਾ. ਬਲਬੀਰ ਸਿੰਘ ਨੇ ਇਕੱਠੇ ਹੋਏ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਿਆਂ ਦਾ ਕਲੰਕ ਲਾਹੁਣ ਲਈ ਹਰੇਕ ਪੰਜਾਬੀ ਨਸ਼ਾ ਮੁਕਤੀ ਯਾਤਰਾ ਦਾ ਹਿੱਸਾ ਬਣ ਕੇ ਇਸ ਲੜਾਈ ਵਿੱਚ ਆਪਣਾ ਯੋਗਦਾਨ ਪਾਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਛੇੜੀ ਜੰਗ ਹੁਣ ਲੋਕ ਲਹਿਰ ਬਣ ਚੁੱਕੀ ਹੈ ਅਤੇ ਹੁਣ ਲੋਕ ਆਮ ਮੁਹਰੇ ਇਸ ਮੁਹਿੰਮ ਦਾ ਹਿੱਸਾ ਬਣ ਕੇ ਨਸ਼ਾ ਤਸਕਰਾਂ ਖ਼ਿਲਾਫ਼ ਆਵਾਜ਼ ਬੁਲੰਦ ਕਰਨ ਲੱਗੇ ਹਨ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਲੋਕਾਂ ਵੱਲੋਂ ਨਸ਼ਿਆਂ ਖ਼ਿਲਾਫ਼ ਇਕਜੁੱਟਤਾ ਦਿਖਾਈ ਜਾ ਰਹੀ ਹੈ, ਉਹ ਦਿਨ ਦੂਰ ਨਹੀਂ ਜਦ ਸਾਡਾ ਪੰਜਾਬ ਮੁੜ ਤੋਂ ਹੱਸਦਾ ਖੇਡਦਾ ਰੰਗਲਾ ਪੰਜਾਬ ਅਖਵਾਏਗਾ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਨਸ਼ਾ ਤਸਕਰਾਂ ਤੇ ਨਸ਼ਾ ਕਰਨ ਵਾਲਿਆਂ 'ਤੇ ਨਿਗਾਹ ਰੱਖਣ ਲਈ ਵਿਲੇਜ ਡਿਫੈਂਸ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ, ਜੋ ਨਸ਼ਿਆਂ ਖ਼ਿਲਾਫ਼ ਛੇੜੀ ਜੰਗ ਨੂੰ ਅੰਜਾਮ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਉਨ੍ਹਾਂ ਪਿੰਡ ਵਾਸੀਆਂ ਨੂੰ ਨਸ਼ਿਆਂ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਵਿਲੇਜ ਡਿਫੈਂਸ ਕਮੇਟੀ ਦੇ ਮੈਂਬਰ ਜਾਂ ਫੇਰ ਪੁਲਿਸ ਨੂੰ ਸਾਂਝਾ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਆਪਣਾ ਨਾਮ ਗੁਪਤ ਰੱਖ ਕੇ ਸੂਚਨਾ ਦੇਣੀ ਚਾਹੁੰਦਾ ਹੈ ਤਾਂ ਉਹ ਵਟਸਐਪ ਹੈਲਪਲਾਈਨ 97791-00200 'ਤੇ ਜਾਣਕਾਰੀ ਸਾਂਝੀ ਕਰ ਸਕਦਾ ਹੈ। ਇਸ ਮੌਕੇ ਐਸ.ਡੀ.ਐਮ. ਨਾਭਾ ਡਾ. ਇਸਮਤ ਵਿਜੇ ਸਿੰਘ, ਜ਼ਿਲ੍ਹਾ ਕੁਆਰਡੀਨੇਟਰ ਯਾਦਵਿੰਦਰ ਗੋਲਡੀ, ਪਟਿਆਲਾ ਦਿਹਾਤੀ ਕੁਆਰਡੀਨੇਟਰ ਹਰਪਾਲ ਸਿੰਘ ਵਿਰਕ, ਬੀ.ਡੀ.ਪੀ.ਓ ਬਲਜੀਤ ਸਿੰਘ ਸੋਹੀ, ਜੈ ਸ਼ੰਕਰ, ਸਰਪੰਚ ਜਗਜੀਤ ਸਿੰਘ ਸਮੇਤ ਵੱਡੀ ਗਿਣਤੀ ਪਿੰਡ ਵਾਸੀ ਮੌਜੂਦ ਸਨ।

## ਕਿੱਤਾ ਮੁਖੀ ਸਿਖਲਾਈ ਕੋਰਸ ਕਰਵਾਇਆ

ਪਟਿਆਲਾ, 23 ਮਈ (ਚ.ਨ.ਸ.) : ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਫਲ਼ ਅਤੇ ਸਬਜ਼ੀਆਂ ਦੀ ਪ੍ਰੋਸੈਸਿੰਗ ਦਾ ਪੰਜ-ਰੋਜ਼ਾ ਸਿਖਲਾਈ ਕੋਰਸ ਆਯੋਜਿਤ ਕੀਤਾ ਗਿਆ। ਇਸ ਸਿਖਲਾਈ ਕੋਰਸ ਵਿਚ ਨੇੜਲੇ ਪਿੰਡਾਂ ਦਿਲਾਵਰਪੁਰ, ਦੀਵਾਨਗੜ੍ਹ, ਸਲ੍ਹਵਾਲ, ਨਰਮਾਣਾ, ਖੇੜੀ ਜੱਟਾਂ ਅਤੇ ਗੁਰਦਿੱਤਪੁਰਾ ਤੋਂ 48 ਕਿਸਾਨਾਂ ਅਤੇ ਬੀਬੀਆਂ ਨੇ ਭਾਗ ਲਿਆ। ਸਿਖਲਾਈ ਦੇ ਕੋਰਸ ਕੁਆਰਡੀਨੇਟਰ ਡਾ. ਰਜਨੀ ਗੋਇਲ, ਪ੍ਰੋਫੈਸਰ (ਭੋਜਨ ਵਿਗਿਆਨ) ਨੇ ਫਲ਼ ਅਤੇ ਸਬਜ਼ੀਆਂ ਦੀ ਪ੍ਰੋਸੈਸਿੰਗ, ਪੈਕਿੰਗ ਅਤੇ ਲੇਬਲਿੰਗ ਬਾਰੇ ਸਿਖਲਾਈ ਦਿੱਤੀ। ਕੋਰਸ ਦੌਰਾਨ ਸਿੱਖਿਆਰਥੀਆਂ ਨੇ ਆਪਣੇ ਹੱਥੀ ਵੱਖ-ਵੱਖ ਮੁਰੱਬੇ, ਕੈਂਡੀ, ਜੈਮ, ਆਰ.ਟੀ.ਸੀ., ਸੁਕੈਸ਼, ਬਰਫ਼ੀ ਅਤੇ ਜੂਸ ਤਿਆਰ ਕਰਨ ਦੀ ਵਿਧੀ ਨੂੰ ਜਾਣਿਆ। ਅਗਾਂਹਵਧੂ ਕਿਸਾਨ ਸ. ਬਲਵਿੰਦਰ ਸਿੰਘ, ਪਿੰਡ ਅਲਹੋਰਾਂ ਖੁਰਦ ਨੇ ਸਿੱਖਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਸਖ਼ਤ ਮਿਹਨਤ ਲਈ ਉਤਸ਼ਾਹਿਤ ਕੀਤਾ। ਡਾ. ਗੁਰਉਪਦੇਸ਼ ਕੌਰ, ਪ੍ਰੋਫੈਸਰ (ਗ੍ਰਹਿ ਵਿਗਿਆਨ), ਕੇ.ਵੀ.ਕੇ., ਪਟਿਆਲਾ ਨੇ ਸਿੱਖਿਆਰਥੀਆਂ ਨੂੰ ਫਲਾਂ ਅਤੇ ਸਬਜ਼ੀਆਂ ਦੇ ਖੁਰਾਕੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਡਾ. ਰਚਨਾ ਸਿੰਗਲਾ, ਪ੍ਰੋਫੈਸਰ (ਬਾਗਬਾਨੀ) ਨੇ ਘਰੇਲੂ ਬਗੀਚੀ ਅਤੇ ਫਲਦਾਰ ਬੂਟਿਆਂ ਦੀ ਕਾਸ਼ਤ ਬਾਰੇ ਦੱਸਿਆ।

## ਕਰਨਲ ਬਾਠ ਮਾਮਲੇ 'ਚ 164 ਦੇ ਬਿਆਨ ਹੋਏ ਦਰਜ

ਪਟਿਆਲਾ, 23 ਮਈ (ਵਿਨੋਦ ਸ਼ਰਮਾ) : ਅਦਾਲਤ ਵਿੱਚ ਕਰਨਲ ਬਾਠ ਮਾਮਲੇ ਵਿੱਚ ਇੱਕ ਵਿਅਕਤੀ ਦੇ ਅੱਜ ਧਾਰਾ 164 ਸੀ.ਆਰ.ਪੀ.ਸੀ. ਦੇ ਤਹਿਤ ਦਰਜ ਕੀਤੇ ਗਏ। ਇਸ ਮਾਮਲੇ 'ਚ ਸਿਰਫ ਜੁਡੀਸ਼ੀਅਲ ਅਧਿਕਾਰੀ ਹੀ ਅਦਾਲਤ ਵਿਚ ਸਨ, ਬਾਕੀ ਸਾਰੇ ਮੁਲਾਜ਼ਮ ਬਾਹਰ ਸਨ। ਇੱਥੇ ਜ਼ਿਕਰਯੋਗ ਹੈ ਕਿ ਇਸ ਮਾਮਲੇ ਦੀ ਪੂਰੀ ਜਾਂਚ ਪੜਤਾਲ ਸਿੱਟ ਚੰਡੀਗੜ੍ਹ ਕਰ ਰਹੀ ਹੈ। ਸਿੱਟ ਦਾ ਇੱਕ ਮੁਲਾਜ਼ਮ ਚੰਡੀਗੜ੍ਹ ਤੋਂ ਵਿਸ਼ੇਸ਼ ਤੌਰ 'ਤੇ ਆਇਆ ਸੀ।

## ਸ਼ੱਕੀ ਹਾਲਾਤਾਂ 'ਚ ਵਿਅਕਤੀ ਦੀ ਮੌਤ

ਸਮਾਣਾ, 23 ਮਈ (ਵਿਜੇ ਕੁਮਾਰ) : ਪਿੰਡ ਦੁਗਾਲ ਨਿਵਾਸੀ ਵਿਅਕਤੀ ਦੀ ਸ਼ੱਕੀ ਹਾਲਾਤਾਂ 'ਚ ਮੌਤ ਹੋਣ 'ਤੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ। ਮਾਮਲੇ ਦੇ ਜਾਂਚ ਅਧਿਕਾਰੀ ਪਾਤੜਾਂ ਪੁਲਿਸ ਦੇ ਏ.ਐਸ.ਆਈ. ਚਰਨਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਕੁਲਜਿੰਦਰ ਸਿੰਘ (35) ਨਿਵਾਸੀ ਪਿੰਡ ਦੁਗਾਲ ਦੀ ਪਤਨੀ ਸੰਦੀਪ ਕੌਰ ਵੱਲੋਂ ਦਰਜ ਕਰਵਾਏ ਬਿਆਨ ਅਨੁਸਾਰ ਉਹ ਦਾ ਪਤੀ 21 ਮਈ ਦੀ ਦੇਰ ਰਾਤ ਸੁੱਤਾ ਸੀ, ਇਸ ਲਈ 22 ਮਈ ਦੀ ਸਵੇਰ ਦੇਰ ਸਮੇਂ ਤੱਕ ਉਸ ਨੂੰ ਨਹੀਂ ਜਗਾਇਆ ਗਿਆ। ਕਰੀਬ 11 ਵਜੇ ਜਦੋਂ ਉਸ ਨੂੰ ਜਗਾਇਆ ਤਾਂ ਉਸ ਦੇ ਹੱਥ ਪੈਰ ਨੀਲੇ ਪੈ ਗਏ ਸੀ ਅਤੇ ਉਹ ਕੰਬ ਰਿਹਾ ਸੀ। ਹਸਪਤਾਲ ਲੈ ਜਾਣ 'ਤੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ। ਅਧਿਕਾਰੀ ਅਨੁਸਾਰ ਦਰਜ ਕਰਵਾਏ ਬਿਆਨ ਦੇ ਆਧਾਰ 'ਤੇ ਪੁਲਸ ਨੇ ਬੀ. ਐਨ. ਐਸ ਦੀ ਧਾਰਾ 194 ਤਹਿਤ ਪੋਸਟਮਾਰਟਮ ਉਪਰੰਤ ਲਾਸ਼ ਵਾਰਸਾ ਹਵਾਲੇ ਕਰ ਦਿੱਤੀ।

## 27 ਨੂੰ ਚਾਈਲਡ ਲੇਬਰ ਮਾਮਲਿਆਂ 'ਤੇ ਹੋਵੇਗੀ ਜ਼ਿਲ੍ਹਾ ਪੱਧਰੀ ਮੀਟਿੰਗ

ਪਟਿਆਲਾ, 23 ਮਈ (ਚ.ਨ.ਸ.) : ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ: ਪ੍ਰੀਤੀ ਯਾਦਵ ਨੇ ਚਾਈਲਡ ਲੇਬਰ ਦੀ ਸਮੱਸਿਆ ਨੂੰ ਗੰਭੀਰਤਾ ਨਾਲ ਲੈਂਦੇ ਹੋਏ 27 ਮਈ ਨੂੰ ਚਾਈਲਡ ਲੇਬਰ ਮਾਮਲਿਆਂ ਸਬੰਧੀ ਇਕ ਮਹੱਤਵਪੂਰਨ ਮੀਟਿੰਗ ਆਯੋਜਿਤ ਕਰਨ ਦਾ ਫੈਸਲਾ ਲਿਆ ਹੈ। ਇਸ ਮੀਟਿੰਗ ਦੌਰਾਨ ਬਾਲ ਮਜ਼ਦੂਰੀ ਦੀ ਸਮੱਸਿਆ 'ਤੇ ਡੂੰਘੀ ਚਰਚਾ ਕੀਤੀ ਜਾਵੇਗੀ ਅਤੇ ਇਸ ਸਬੰਧੀ ਹੁਣ ਤੱਕ ਕੀਤੀ ਜਾਂਚ ਅਤੇ ਚੈਕਿੰਗ ਦੀ ਸਮੀਖਿਆ ਕੀਤੀ ਜਾਵੇਗੀ। ਇਸ ਦੇ ਨਾਲ-ਨਾਲ ਭਵਿੱਖ ਲਈ ਕਾਰਗਰ ਯੋਜਨਾਵਾਂ ਵੀ ਤਿਆਰ ਕੀਤੀਆਂ ਜਾਣਗੀਆਂ। ਉਹਨਾਂ ਦੱਸਿਆ ਕਿ ਮੀਟਿੰਗ ਵਿੱਚ 18 ਸਾਲ ਤੋਂ ਘੱਟ ਉਮਰ ਵਾਲੇ ਬੱਚਿਆਂ ਨੂੰ ਕਿਸੇ ਵੀ ਕਿਸਮ ਦੀ ਮਜ਼ਦੂਰੀ ਵਿੱਚ ਸ਼ਾਮਲ ਨਾ ਹੋਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਜਾਵੇਗਾ । ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬਾਲ ਮਜ਼ਦੂਰੀ ਸਿਰਫ ਕਾਨੂੰਨੀ ਉਲੰਘਣਾ ਹੀ ਨਹੀ ਹੈ, ਸਗੋਂ ਮਾਨਵ ਅਧਿਕਾਰਾਂ ਦਾ ਵੀ ਉਲੰਘਣ ਹੈ । ਉਹਨਾਂ ਕਿਹਾ ਕਿ ਹਰ ਬੱਚਾ ਸਿੱਖਣ , ਖੇਡਣ ਅਤੇ ਇਕ ਚੰਗਾ ਜੀਵਨ ਜੀਣ ਦਾ ਹੱਕ ਰੱਖਦਾ ਹੈ । ਡਿਪਟੀ ਕਮਿਸ਼ਨਰ ਨੇ ਹਦਾਇਤਾਂ ਕੀਤੀਆਂ ਹਨ ਕਿ ਕਿਸੇ ਵੀ ਵਿਅਕਤੀ ਜਾਂ ਸੰਗਠਨ ਵੱਲੋਂ ਬੱਚਿਆਂ ਦੀ ਮਜ਼ਦੂਰੀ ਕਰਨ ਦੀ ਸੂਚਨਾ ਮਿਲਦੀ ਹੈ ਤਾਂ ਉਸ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਹਨਾਂ ਹਦਾਇਤ ਕੀਤੀ ਕਿ ਚਾਈਲਡ ਲੇਬਰ ਐਕਟ ਦੀ ਉਲੰਘਣਾ ਕਰਨ 'ਤੇ ਜੁਰਮਾਨਾ ਅਤੇ ਕੈਦ ਦੋਹਾਂ ਹੋ ਸਕਦੇ ਹਨ । ਉਹਨਾਂ ਇਹ ਵੀ ਕਿਹਾ ਕਿ ਜਨਤਾ ਨੂੰ ਚਾਈਲਡ ਲੇਬਰ ਦੇ ਮਾਮਲਿਆਂ ਵਿੱਚ ਸਹਿਯੋਗ ਦੇਣ ਲਈ ਸਰਕਾਰ ਨੇ ਇਕ ਵਿਸ਼ੇਸ਼ ਚਾਈਲਡ ਹੈਲਪਲਾਈਨ ਨੰਬਰ 1098 ਜਾਰੀ ਕੀਤਾ ਹੋਇਆ ਹੈ , ਜਿਸ ਰਾਹੀਂ ਕਿਸੇ ਵੀ ਚਾਈਲਡ ਲੇਬਰ ਦੇ ਮਾਮਲੇ ਦੀ ਸੂਚਨਾ ਮੁਫ਼ਤ ਦਿੱਤੀ ਜਾ ਸਕਦੀ ਹੈ । ਉਹਨਾਂ ਇਹ ਵੀ ਦੱਸਿਆ ਕਿ ਜੇਕਰ ਕੋਈ ਬਾਲ ਮਜ਼ਦੂਰੀ ਕਰਵਾਉਂਦਾ ਫੜਿਆ ਜਾਂਦਾ ਹੈ ਤਾਂ ਉਸ ਨੂੰ 20 ਹਜਾਰ ਤੋਂ ਲੈ ਕੇ 50 ਹਜ਼ਾਰ ਤੱਕ ਦਾ ਜੁਰਮਾਨਾ ਅਤੇ ਘੱਟ ਘੱਟ ਛੇ ਮਹੀਨਿਆ ਤੋਂ ਲੈ ਕੇ 2 ਸਾਲ ਦੀ ਕੈਦ ਹੋ ਸਕਦੀ ਹੈ । ਉਹਨਾਂ ਇਹ ਵੀ ਕਿਹਾ ਕਿ ਅਜਿਹੀ ਹਾਲਤ ਵਿੱਚ ਬੱਚੇ ਨੂੰ ਚਾਈਲਡ ਵੈਲਫੇਅਰ ਕਮੇਟੀ ਅੱਗੇ ਪੇਸ਼ ਕੀਤਾ ਜਾਵੇਗਾ ਅਤੇ ਇਹ ਫੈਸਲਾ ਲਿਆ ਜਾਵੇਗਾ ਕਿ ਬੱਚੇ ਨੂੰ ਮਾਪਿਆਂ ਨੂੰ ਸੌਂਪਣਾ ਸੇਫ ਹੈ ਜਾਂ ਉਸ ਨੂੰ ਚਿਲਡਰਨ ਹੋਮ ਵਿੱਚ ਰੱਖਿਆ ਜਾਣਾ ਹੈ । ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ (ਅਰਬਨ), ਵਧੀਕ ਡਿਪਟੀ ਕਮਿਸ਼ਨਰ (ਜ) ਇਸ਼ਾ ਸਿੰਗਲ , ਸੀ.ਐਮ.ਐਫ.ਓ. ਸਤੀਸ਼ ਚੰਦਰ, ਐਸ ਡੀ ਐਮ ਅਵਿਕੇਸ਼ ਗੁਪਤਾ ਹਾਜ਼ਰ ਸਨ।

## ਮਹਿਲਾ ਨੂੰ ਘਰ ਇਕੱਲੀ ਦੇਖ ਕੇ ਬਣਾਏ ਸਰੀਰਕ ਸੰਬੰਧ

ਪਟਿਆਲਾ, 23 ਮਈ (ਵਿਨੋਦ ਸ਼ਰਮਾ) : ਥਾਣਾ ਅਰਬਨ ਅਸਟੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਤੁਸ਼ਾਰ ਮਸੀਹ ਵਾਸੀ ਤਫੱਜਲਪੁਰਾ ਵਿਰੁੱਧ ਮਾਮਲਾ ਦਰਜ ਕੀਤਾ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਕਥਿਤ ਦੋਸ਼ੀ ਉਸ ਦਾ ਗੁਆਂਢੀ ਹੈ, ਜੋ ਕਰੀਬ 6 ਮਹੀਨੇ ਪਹਿਲਾ ਕਥਿਤ ਦੋਸ਼ੀ ਉਸ ਦੇ ਘਰ ਆਇਆ ਅਤੇ ਉਸ ਨੂੰ ਇਕੱਲੀ ਦੇਖ ਕੇ ਉਸ ਨਾਲ ਸਰੀਰਕ ਸਬੰਧ ਬਣਾਉਣ ਲੱਗਾ ਤਾਂ ਉਸ ਦੇ ਮਨ੍ਹਾ ਕਰਨ ਦੇ ਬਾਵਜੂਦ ਵੀ ਕਥਿਤ ਦੋਸ਼ੀ ਨੇ ਉਸ ਨਾਲ ਸਰੀਰਕ ਸਬੰਧ ਬਣਾਏ ਤੇ ਜਾਨੋਂ ਮਾਰਨ ਦੀਆ ਧਮਕੀਆਂ ਦੇ ਕੇ ਮੌਕੇ ਤੋਂ ਚਲਾ ਗਿਆ, ਜੋ ਉਸ ਤੋਂ ਬਾਅਦ ਕਥਿਤ ਦੋਸ਼ੀ ਉਸ ਨੂੰ ਆਪਣੇ ਘਰ ਬੁਲਾ ਕੇ ਜਾਂ ਉਸ ਨੂੰ ਘਰ ਵਿੱਚ ਇਕੱਲੀ ਦੇਖ ਕੇ ਉਸ ਨਾਲ ਸਰੀਰਕ ਸਬੰਧ ਬਣਾਉਂਦਾ ਰਿਹਾ, ਜੋ ਆਖਰੀ ਵਾਰ ਕਥਿਤ ਦੋਸ਼ੀ ਨੇ ਮਿਤੀ 14/5/25 ਨੂੰ ਉਸ ਨਾਲ ਉਸਦੇ ਘਰ ਸਰੀਰਕ ਸੰਬੰਧ ਬਣਾਏ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਕੁੱਟਮਾਰ ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਨ ਦੇ ਮਾਮਲੇ 'ਚ 20 ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ

ਸਮਾਣਾ, 23 ਮਈ (ਵਿਜੇ ਕੁਮਾਰ) : ਗੱਡੀਆਂ 'ਚ ਮਾਲ ਭਰਨ ਨੂੰ ਲੈ ਕੇ ਟੈਂਪੂ ਯੂਨੀਅਨ ਦੇ ਦੋ ਧੀਰਾਂ ਦੀ ਰੰਜਸ਼ ਦੇ ਚਲਦਿਆਂ ਕਾਰ 'ਚ ਬੈਠੇ ਵਿਅਕਤੀਆਂ ਦੀ ਕੁੱਟਮਾਰ ਅਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਕੇ ਜ਼ਖ਼ਮੀ ਕਰਨ ਦੇ ਇੱਕ ਮਾਮਲੇ 'ਚ ਸਿਟੀ ਪੁਲਿਸ ਨੇ 20 ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਮੁਲਜ਼ਮਾਂ 'ਚ ਮਨਪ੍ਰੀਤ ਸਿੰਘ ਨਿਵਾਸੀ ਤੇਜ ਕਲੋਨੀ ਸਮਾਣਾ, ਗੁਰਪ੍ਰੀਤ ਸਿੰਘ ਨਿਵਾਸੀ ਗੁਰੂ ਨਾਨਕ ਨਗਰ, ਛੰਨੂ ਅਤੇ ਸੋਭਾ ਨਿਵਾਸੀ ਤੇਜ ਕਲੋਨੀ, ਸੰਦੀਪ ਸਿੰਘ ਨਿਵਾਸੀ ਚਿੱਟੀ ਢੇਰੀ ਪੀਰ ਅਤੇ 15 ਅਣਪਛਾਤੇ ਵਿਅਕਤੀ ਸ਼ਾਮਲ ਹਨ। ਮਾਮਲੇ ਦੇ ਜਾਂਚ ਅਧਿਕਾਰੀ ਸਿਟੀ ਪੁਲਸ ਦੀ ਏ.ਐਸ.ਆਈ. ਜੱਜਪਾਲ ਸਿੰਘ ਨੇ ਦੱਸਿਆ ਕਿ ਰਣਧੀਰ ਸਿੰਘ ਨਿਵਾਸੀ ਪਿੰਡ ਬਦਨਪੁਰ ਵੱਲੋਂ ਪੁਲਿਸ ਨੂੰ ਦਰਜ ਕਰਵਾਈ ਸ਼ਿਕਾਇਤ ਅਨੁਸਾਰ 20 ਮਈ ਦੀ ਰਾਤ ਕਰੀਬ 10 ਵਜੇ ਉਹ ਆਪਣੇ ਦੋਸਤਾ ਅਤੇ ਭਰਾ ਦੇ ਨਾਲ ਅਗਰਸੈਨ ਚੌਂਕ ਨੇੜੇ ਇੱਕ ਕਾਰ 'ਚ ਬੈਠੇ ਸੀ, ਕਿ ਲੋਹੇ ਦੀ ਰਾਡ ਅਤੇ ਤੇਜ ਹਥਿਆਰਾਂ ਸਣੇ ਮੁਲਜ਼ਮਾ ਨੇ ਉਹਨਾਂ ਦੀ ਕਾਰ ਤੇ ਹਮਲਾ ਕਰਕੇ ਬੁਰੀ ਤਰਹਾਂ ਭੰਨ-ਤੋੜ ਕੀਤੀ। ਜਦੋਂ ਉਹ ਆਪਣੇ ਦੋਸਤ ਮਨਜੀਤ ਦੇ ਨਾਲ ਗੱਡੀ ਤੋਂ ਬਾਹਰ ਨਿਕਲੇ ਤਾਂ ਮੁਲਜਮਾਂ ਨੇ ਉਹਨਾਂ ਨਾਲ ਵੀ ਕੁੱਟਮਾਰ ਕੀਤੀ। ਉਸ ਦੇ ਸਾਥੀਆਂ ਦੇ ਪਹੁੰਚਣ ਅਤੇ ਰੌਲਾ ਪਾਉਣ ਤੇ ਮੁਲਜ਼ਮ ਭੱਜ ਗਏ। ਮਾਮਲੇ 'ਚ ਜ਼ਖ਼ਮੀ ਰਘਵੀਰ ਸਿੰਘ ਨਿਵਾਸੀ ਪਿੰਡ ਬਦਨਪੁਰ, ਜੋਗਾ ਸਿੰਘ ਨਿਵਾਸੀ ਪਿੰਡ ਕੁਤਬਨਪੁਰ ਅਤੇ ਮਨਜੀਤ ਸਿੰਘ ਨਿਵਾਸੀ ਪਿੰਡ ਬਦਨਪੁਰ ਨੂੰ ਇਲਾਜ ਲਈ ਸਿਵਲ ਹਸਪਤਾਲ ਸਮਾਣਾ 'ਚ ਦਾਖਲ ਕਰਵਾਇਆ ਗਿਆ। ਅਧਿਕਾਰੀ ਅਨੁਸਾਰ ਪੁਲਿਸ ਨੇ ਮਾਮਲਾ ਦਰਜ ਕਰਕੇ ਮੁਲਜ਼ਮਾਂ ਦੀ ਭਾਲ ਸ਼ੁਰੂ ਕਰ ਦਿੱਤੀ।

## 10 ਕਿੱਲੋ ਭੁੱਕੀ ਤੇ ਡਰੱਗ ਮਨੀ ਬ੍ਰਾਮਦ

ਪਟਿਆਲਾ, 23 ਮਈ (ਵਿਨੋਦ ਸ਼ਰਮਾ) : ਥਾਣਾ ਅਰਬਨ ਅਸਟੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਕੁਲਵੰਤ ਕੁਮਾਰ ਵਾਸੀ ਸ਼ਾਹਿਦ ਕਲੋਨੀ ਨੇੜੇ ਮਹਿੰਦਰਾ ਕਾਲਜ ਠੰਡੀ ਖੂਹੀ ਪਟਿਆਲਾ ਵਿਰੁੱਧ ਧਾਰਾ 15, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏ.ਐਸ.ਆਈ. ਗੁਰਵਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਫੇਸ-2 ਅਰਬਨ ਅਸਟੇਟ ਪਟਿਆਲਾ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 10 ਕਿਲੋ ਭੁੱਕੀ ਚੂਰਾ ਪੋਸਤ ਅਤੇ 650 ਰੁਪਏ ਡਰੱਗ ਮਨੀ ਬ੍ਰਾਮਦ ਹੋਈ।

## ਹੈਰੋਇਨ ਸਮੇਤ ਮੁਲਜ਼ਮ ਕਾਬੂ, ਦੋ ਦਿਨਾਂ ਪੁਲਿਸ ਰਿਮਾਂਡ 'ਤੇ

ਸਮਾਣਾ, 23 ਮਈ (ਵਿਜੇ ਕੁਮਾਰ): : ਸਦਰ ਪੁਲਿਸ ਨੇ ਇੱਕ ਨੌਜਵਾਨ ਨੂੰ 18 ਗ੍ਰਾਮ ਹੈਰੋਇਨ ਸਣੇ ਕਾਬੂ ਕਰਕੇ ਉਸ ਖ਼ਿਲਾਫ਼ ਨਸ਼ਾ ਵਿਰੋਧੀ ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਹਿਚਾਣ ਬਿੰਦਰ ਕੁਮਾਰ ਨਿਵਾਸੀ ਨੇੜੇ ਰਾਧਾ ਕ੍ਰਿਸ਼ਨ ਮੰਦਰ, ਮੱਛੀ ਹੱਟਾ ਚੌਂਕ ਸਮਾਣਾ ਵਜੋਂ ਹੋਈ। ਸਦਰ ਪੁਲਸ ਮੁਖੀ ਇੰਸਪੈਕਟਰ ਬਿਕਰਮਜੀਤ ਸਿੰਘ ਨੇ ਦੱਸਿਆ ਕਿ ਏ.ਐਸ.ਆਈ. ਨਿਰਮਲ ਸਿੰਘ ਨੇ ਪੁਲਿਸ ਪਾਰਟੀ ਸਣੇ ਕੁਲਾਰਾਂ ਮੋੜ 'ਤੇ ਗਸਤ ਦੌਰਾਨ ਮੁਲਜ਼ਮ ਦੇ ਨਸ਼ਾ ਵੇਚਣ ਦਾ ਧੰਦਾ ਕਰਨ ਅਤੇ ਇਸ ਸਮੇਂ ਪਿੰਡ ਬੱਸ ਅੱਡਾ ਕੋਟਲੀ ਤੇ ਸੂਆ ਪੁੱਲ ਨੇੜੇ ਕਿਸੇ ਵਾਹਨ ਦੇ ਇੰਤਜ਼ਾਰ 'ਚ ਖੜੇ ਹੋਣ ਸਬੰਧੀ ਮਿਲੀ ਸੂਚਨਾ 'ਤੇ ਰੇਡ ਕੀਤੀ ਅਤੇ ਮੁਲਜ਼ਮ ਕੋਲੋਂ 18 ਗ੍ਰਾਮ ਹੈਰੋਇਨ ਬਰਾਮਦ ਹੋਣ 'ਤੇ ਉਸ ਨੂੰ ਹਿਰਾਸਤ ਵਿੱਚ ਲੈ ਲਿਆ। ਅਧਿਕਾਰੀ ਅਨੁਸਾਰ ਮੁਲਜ਼ਮ ਨੂੰ ਮਾਨਯੋਗ ਅਦਾਲਤ 'ਚ ਪੇਸ਼ ਕਰਕੇ ਹੋਰ ਪੁੱਛਗਿਛ ਲਈ ਦੋ ਦਿਨਾਂ ਪੁਲਿਸ ਰਿਮਾਂਡ ਹਾਸਲ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਸਿਮਰਨਦੀਪ ਕੌਰ ਮਾਨਸ਼ਾਹੀਆ ਕਲੋਨੀ ਵੈਲ.ਫੇਅਰ ਸੁਸਾਇਟੀ ਵੱਲੋਂ ਸਨਮਾਨਤ



ਪਟਿਆਲਾ, 23 ਮਈ (ਚ.ਨ.ਸ.) : ਆਈ.ਸੀ.ਐਸ.ਈ. ਦੇ ਬਾਰਵੀਂ ਕਲਾਸ ਦੇ ਹਾਲ ਹੀ ਵਿਚ ਐਲਾਨੇ ਨਤੀਜਿਆਂ ਵਿੱਚ ਸਕਾਲਰ ਫੀਲਡਜ਼ ਪਬਲਿਕ ਸਕੂਲ ਪਟਿਆਲਾ ਦੀ ਵਿਦਿਆਰਥਣ ਸਿਮਰਨਦੀਪ ਕੌਰ ਚੱਢਾ ਨੇ 99.2% ਅੰਕ ਪ੍ਰਾਪਤ ਕਰਕੇ ਪਟਿਆਲਾ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਇਸ ਖੁਸ਼ੀ ਦੇ ਮੌਕੇ 'ਤੇ ਵਿਦਿਆਰਣ ਸਿਮਰਨਦੀਪ ਕੌਰ ਜੋ ਮਾਨਸ਼ਾਹੀਆ ਕਲੋਨੀ ਪਟਿਆਲਾ ਦੀ ਵਸਨੀਕ ਹੈ,ਨੂੰ ਮਾਨਸ਼ਾਹੀਆ ਕਲੋਨੀ ਵੈਲਫੇਅਰ ਸੁਸਾਇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਸਿਮਰਨਦੀਪ ਕੌਰ ਨੇ ਕਿਹਾ ਜਦੋਂ ਵੀ ਵਿਦਿਆਰਥੀ ਪੜ੍ਹਾਈ ਕਰਨ ਤਾਂ ਉਨ੍ਹਾਂ ਦਾ ਪੂਰਾ ਧਿਆਨ ਕੇਂਦਰਿਤ ਪੜ੍ਹਾਈ ਵਿੱਚ ਹੀ ਹੋਣਾ ਚਾਹੀਦਾ ਹੈ। ਸਿਮਰਨਦੀਪ ਕੌਰ ਨੇ ਆਪਣੀ ਸਫਲਤਾ ਦਾ ਮੁੱਖ ਸਿਹਰਾ ਸਕਾਲਰ ਫੀਲਡਜ਼ ਪਬਲਿਕ ਸਕੂਲ ਦੇ ਅਧਿਆਪਕਾਂ ਅਤੇ ਆਪਣੇ ਮਾਪਿਆਂ ਨੂੰ ਦਿੱਤਾ। ਇਸ ਮੌਕੇ 'ਤੇ ਡਾ. ਸੁਰਿੰਦਰ ਸਿੰਘ ਚੱਢਾ ਚੇਅਰਮੈਨ ਸਕਾਲਰ ਫੀਲਡਜ਼ ਪਬਲਿਕ ਸਕੂਲ ਬਲਜਿੰਦਰ ਸਿੰਘ ਕਾਰਜਸਾਧਕ ਅਫ਼ਸਰ ਸਮਾਣਾ, ਮਨਮੋਹਨ ਸਿੰਘ ਉਪ ਸਕੱਤਰ ਲੋਕ ਸੰਪਰਕ (ਸੇਵਾ ਮੁਕਤ) ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਡਾ. ਬੀ.ਐਸ.ਸੋਹਲ, ਦਰਸ਼ਨ ਸਿੰਘ ਵਿਰਕ ਲੈਕਚਰਾਰ, ਖੁਸ਼ਪਾਲ ਸਿੰਘ ਸੀਨੀਅਰ ਸਹਾਇਕ ਪਾਵਰਕਾਮ, ਮਹਿੰਦਰ ਗੋਇਲ ਸੰਅਤਕਾਰ, ਇੰਜੀਨੀਅਰ ਰਾਜਦੀਪ ਸਿੰਘ, ਚੰਦਨਦੀਪ ਕੌਰ ਪ੍ਰਬੰਧਕ ਸਕਾਲਰ ਫੀਲਡਜ਼ ਪਬਲਿਕ ਸਕੂਲ,ਗੁਰਪ੍ਰੀਤ ਕੌਰ ਸਿਖਿਆ ਸ਼ਾਸਤਰੀ, ਗੁਰਸ਼ਰਨ ਕੌਰ ਸਿਖਿਆ ਸ਼ਾਸਤਰੀ ਨੇ ਮਾਨਸ਼ਾਹੀਆ ਕਲੋਨੀ ਵੈਲਫੇਅਰ ਸੁਸਾਇਟੀ ਵੱਲੋਂ ਮਮੈਂਟੋ ਅਤੇ ਰੰਗਦਾਰ ਗੁਲਦਸਤੇ ਭੇਂਟ ਕੀਤੇ ।

## 'ਨਟਾਸ' ਦਾ 14ਵਾਂ 'ਯੁੱਧ ਨਸ਼ਿਆਂ ਵਿਰੁੱਧ' ਨਾਟਕ ਮੇਲਾ 26 ਨੂੰ

ਪਟਿਆਲਾ, 23 ਮਈ (ਚ.ਨ.ਸ.) :ਨੈਸ਼ਨਲ ਥੀਏਟਰ ਆਰਟਸ ਸੋਸਾਇਟੀ (ਨਟਾਸ) ਦਮਪਤੀ ਪਦਮਸ਼੍ਰੀ ਪ੍ਰਾਣ ਸੱਭਰਵਾਲ-ਸ਼੍ਰੀਮਤੀ ਸੁਨੀਤਾ ਸੱਭਰਵਾਲ ਵੱਲੋਂ ਆਪਣਾ 14ਵਾਂ 'ਯੁੱਧ ਨਸ਼ਿਆ ਵਿਰੁੱਧ' ਨਾਟਕ ਮੇਲੌ ਪਰਸਿਧ ਅਪੋਲੋ ਪਬਲਿਕ ਸਕੂਲ, ਫੇਜ਼-1 ਅਰਬਨ ਅਸਟੇਟ, ਪਟਿਆਲਾ ਵਿਖੇ ਸੋਮਵਾਰ 26 ਮਈ ਨੂੰ ਸਵੇਰੇ 8 ਵਜੇ ਆਯੋਜਿਤ ਕੀਤਾ ਜਾ ਰਿਹਾ ਹੈ। ਸਮਾਗਮ ਦਾ ਉਦਘਾਟਨ ਰਾਜ ਦੀਆਂ ਪ੍ਰਸਿੱਧ ਸਮਾਜਿਕ ਸ਼ਖਸੀਅਤਾਂ ਸਕੂਲ ਚੇਅਰਮੈਨ ਸ੍ਰ: ਤਰਬਿੰਦਰ ਸਿੰਘ ਗਰੋਵਰ, ਸਕੂਲ ਪ੍ਰਿੰਸੀਪਲ ਪ੍ਰਸਿੱਧ ਸਿੱਖਿਆ ਸ਼ਾਸ਼ਤਰੀ ਮੈਡਮ ਰੋਮਾ ਜੀ, ਨਟਾਸ ਪ੍ਰਧਾਨ ਸ਼੍ਰੀ ਜੀ.ਐਸ. ਕੱਕੜ, ਨਿਰਦੇਸ਼ਕ ਸ਼੍ਰੀ ਪ੍ਰਾਣ ਸੱਭਰਵਾਲ ਕਰਨਗੇ।

## ਵੱਖ-ਵੱਖ ਥਾਵਾਂ ਤੋਂ ਨਸ਼ੀਲਾ ਪਾਊਡਰ ਬ੍ਰਾਮਦ

ਨਾਭਾ, 23 ਮਈ (ਗੁਰਚਰਨ ਸਿੰਘ ਚੌਧਰੀਮਾਜਰਾ) : ਥਾਣਾ ਸਦਰ ਨਾਭਾ ਪੁਲਿਸ ਨੇ ਕਥਿਤ ਦੋਸ਼ੀ ਜਸਕਰਨ ਸਿੰਘ ਵਾਸੀ ਪਿੰਡ ਢੀਂਗੀ ਵਿਰੁੱਧ ਧਾਰਾ 22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ ਨਵਦੀਪ ਕੌਰ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਪਿੰਡ ਹਰੀਗੜ੍ਹ ਕੋਲ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ 'ਤੇ ਰੋਕ ਕੇ ਚੈਕ ਕਰਨ ਪਰ 15 ਗ੍ਰਾਮ ਨਸ਼ੀਲਾ ਪਾਊਡਰ ਬ੍ਰਾਮਦ ਹੋਇਆ।

ਇਸੇ ਤਰ੍ਹਾਂ ਥਾਣਾ ਸਦਰ ਨਾਭਾ ਪੁਲਿਸ ਨੇ ਜਗਸੀਰ ਸਿੰਘ ਵਾਸੀ ਪਿੰਡ ਬੰਮਣਾ ਵਿਰੁੱਧ ਧਾਰਾ 22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ ਪਵਿੱਤਰ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਗੋਲ ਚੋਂਕ ਰੋਹਟੀ ਪੁਲ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਦੋਸ਼ੀ ਨਸ਼ੀਲਾ ਪਾਊਡਰ ਵੇਚਣ ਲਈ ਗੁਰਦੁਆਰਾ ਰੋਹਟਾ ਸਾਹਿਬ ਵਾਲੀ ਸੜ੍ਹਕ 'ਤੇ ਖੜ੍ਹਾ ਗ੍ਰਾਹਕਾਂ ਦੀ ਉਡੀਕ ਕਰ ਰਿਹਾ ਹੈ, ਜੋ ਦੋਸ਼ੀ ਪਰ ਰੇਡ ਕਰਕੇ 15 ਗ੍ਰਾਮ ਨਸ਼ੀਲਾ ਪਾਊਡਰ ਬ੍ਰਾਮਦ ਹੋਇਆ।

## ਪੀ.ਯੂ. ਦੇ ਕੰਪਿਊਟਰ ਇੰਜੀਨੀਅਰਿੰਗ ਵਿਭਾਗ ਵੱਲੋਂ ਅਧਿਆਪਕਾਂ ਨਾਲ ਸਬੰਧਿਤ ਰਿਸਰਚ ਡਾਟਾ ਇਕੱਠਾ ਕਰਨ ਵਾਲਾ ਸਾਫ਼ਟਵੇਅਰ ਤਿਆਰ



ਪਟਿਆਲਾ, 23 ਮਈ (ਰੁਪਾਣਾ) : ਪੰਜਾਬੀ ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਐਂਡ ਇੰਜੀਨੀਅਰਿੰਗ ਵਿਭਾਗ ਨੇ ਮਾਨਤਾ ਅਤੇ ਸੰਸਥਾਨਕ ਗੁਣਵੱਤਾ ਦੇਣ ਵਾਲਿਆਂ ਸੰਸਥਾਵਾਂ ਨੂੰ ਡਾਟਾ ਦੇਣ ਦੀ ਪ੍ਰਕਿਰਿਆ ਨੂੰ ਆਸਾਨ ਬਣਾਉਣ ਲਈ ਇਕ ਨਵਾਂ ਸਾਫਟਵੇਅਰ ਵਿਕਸਿਤ ਕੀਤਾ ਹੈ। ਇਹ ਸਾਫਟਵੇਅਰ ਬੀ.ਟੈਕ ਵਿਦਿਆਰਥੀ ਹਿਤਾਸ਼ੂ ਵੱਲੋਂ ਡਾ. ਗੌਰਵ ਗੁਪਤਾ (ਸਹਾਇਕ ਪ੍ਰੋਫੈਸਰ ਸੀ.ਐਸ.ਈ.) ਦੀ ਨਿਗਰਾਨੀ ਹੇਠ ਤਿਆਰ ਕੀਤਾ ਗਿਆ ਹੈ। ਇਸ ਸਾਫਟਵੇਅਰ ਦਾ ਰਸਮੀ ਉਦਘਾਟਨ ਵਿਭਾਗ ਦੇ ਮੁਖੀ ਡਾ. ਹਿਮਾਂਸ਼ੂ ਅਗਰਵਾਲ ਨੇ ਕੀਤਾ। ਉਨ੍ਹਾਂ ਨੇ ਇਸ ਪਹਿਲ ਨੂੰ ਵਿਸ਼ੇਸ਼ ਤਰੀਕੇ ਨਾਲ ਸਰਹਾਉਂਦੇ ਹੋਏ ਕਿਹਾ ਕਿ ਇਹ ਯੂਨੀਵਰਸਿਟੀ ਦੀ ਅਕੈਡਮਿਕ ਅਤੇ ਪ੍ਰਸ਼ਾਸਕੀ ਕਾਰਗੁਜ਼ਾਰੀ ਵਧਾਉਣ ਵੱਲ ਇਕ ਉੱਤਮ ਯੋਗਦਾਨ ਹੈ। ਉਨ੍ਹਾਂ ਨੇ ਕਿਹਾ ਕਿ ਇਨ੍ਹਾਂ ਉਪਰਾਲਿਆਂ ਰਾਹੀਂ ਵਿਭਾਗ ਨਵੇਂ ਵਿਚਾਰਾਂ ਅਤੇ ਵਿਦਿਆਰਥੀਆਂ ਵਿੱਚ ਹਲ ਕੱਢਣ ਦੀ ਸੋਚ ਨੂੰ ਉਤਸ਼ਾਹਿਤ ਕਰ ਰਿਹਾ ਹੈ, ਜੋ ਅੱਜ ਦੇ ਆਈ.ਟੀ. ਉਦਯੋਗ ਦੀ ਵੀ ਮੰਗ ਹੈ। ਡਾ. ਗੌਰਵ ਗੁਪਤਾ ਨੇ ਦੱਸਿਆ ਕਿ, ਇਹ ਸਾਫਟਵੇਅਰ ਵਿਭਾਗ ਦੇ ਅਧਿਆਪਕਾਂ ਨਾਲ ਸੰਬੰਧਿਤ ਰਿਸਰਚ ਡਾਟਾ ਨੂੰ ਸੁਰੱਖਿਅਤ ਢੰਗ ਨਾਲ ਇਕੱਠਾ ਕਰਨ ਲਈ ਤਿਆਰ ਕੀਤਾ ਗਿਆ ਹੈ। ਇਹ ਕੰਮ ਕਰਨ ਵਿੱਚ ਸਮਾਂ, ਮਿਹਨਤ ਅਤੇ ਗਲਤੀਆਂ ਘਟਾਉਣ ਵਿੱਚ ਮਦਦਗਾਰ ਸਾਬਤ ਹੋਵੇਗਾ। ਇਸ ਮੌਕੇ ਤੇ ਡਾ. ਜਸਵਿੰਦਰ ਸਿੰਘ, ਡਾ. ਬ੍ਰਹਮਲੀਨ ਸਿੱਧੂ ਅਤੇ ਵਿਭਾਗ ਦੇ ਡਾਟਾ ਕਲੈਕਸ਼ਨ ਨੋਡਲ ਅਧਿਕਾਰੀ ਡਾ.ਗੁਰਜੀਤ ਸਿੰਘ ਭੱਠਲ ਵੀ ਮੌਜੂਦ ਸਨ। ਉਨ੍ਹਾਂ ਨੇ ਵੀ ਇਸ ਨਵੀਨਤਾ ਦੀ ਪ੍ਰਸ਼ੰਸਾ ਕੀਤੀ ਅਤੇ ਵਿਦਿਆਰਥੀ-ਕੇਂਦਰਿਤ ਉਪਰਾਲਿਆਂ ਦੀ ਅਹਿਮੀਅਤ ਨੂੰ ਰੇਖਾਂਕਿਤ ਕੀਤਾ ਜੋ ਯੂਨੀਵਰਸਿਟੀ ਦੇ ਅਕੈਡਮਿਕ ਅਤੇ ਪ੍ਰਸ਼ਾਸਕੀ ਢਾਂਚੇ ਨੂੰ ਮਜ਼ਬੂਤ ਕਰਦੇ ਹਨ।

## ਸ੍ਰੀ ਰਾਮ ਸੇਵਾ ਸੁਸਾਇਟੀ ਨੇ ਲੋੜਵੰਦ ਬੱਚਿਆਂ ਨੂੰ ਸਟੇਸ਼ਨਰੀ ਦਿੱਤੀ




ਸਮਾਣਾ, 23 ਮਈ (ਵਿਜੇ ਕੁਮਾਰ) : ਧਾਰਮਿਕ ਅਤੇ ਸਮਾਜਿਕ ਸੰਸਥਾ ਸ਼੍ਰੀ ਰਾਮ ਸੇਵਾ ਸੋਸਾਇਟੀ ਰਜਿ. ਵੱਲੋਂ ਆਪਣੇ ਸਮਾਜਿਕ ਕਾਰਜਾਂ ਦਾ ਵਿਸਤਾਰ ਕਰਦੇ ਹੋਏ, ਮੁੱਖ ਸੇਵਾਦਾਰ ਮੰਜੂ ਮਲਹੋਤਰਾ ਨੇ ਥੈਲੇਸੀਮੀਆ ਤੋਂ ਪੀੜਤ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਲੋੜਵੰਦ ਬੱਚਿਆਂ ਲਈ ਪ੍ਰਧਾਨ ਵਿਜੇ ਪਾਹਵਾ ਨੂੰ ਪੈੱਨ, ਪੈਨਸਿਲ, ਕਾਪੀਆਂ, ਸਟੇਸ਼ਨਰੀ, ਕਲਰ ਬੁੱਕ ਅਤੇ ਬੱਚਿਆਂ ਲਈ ਕਲਰ ਦੀਆ ਕਿੱਟਾ ਭੇਟ ਕੀਤੀਆਂ। ਇਸ ਮੌਕੇ ਉਨ੍ਹਾਂ ਨਾਲ ਪ੍ਰਸਿੱਧ ਸਮਾਜ ਸੇਵਿਕਾ ਮੈਡਮ ਸਤਿੰਦਰਪਾਲ ਕੌਰ ਵਾਲੀਆ ਵੀ ਮੌਜੂਦ ਸਨ। ਪਟਿਆਲਾ ਥੈਲੇਸੀਮਿਕ ਚਿਲਡਰਨ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਵਿਜੇ ਪਾਹਵਾ ਨੇ ਕਿਹਾ ਕਿ ਸ਼੍ਰੀ ਰਾਮ ਸੇਵਾ ਸੋਸਾਇਟੀ ਵੱਲੋਂ ਕੀਤੀ ਜਾ ਰਹੀ ਵਿੱਦਿਅਕ ਸੇਵਾ ਬਹੁਤ ਵਧੀਆ ਹੈ। ਇਸ ਰਾਹੀਂ, ਲੋੜਵੰਦ ਅਤੇ ਹੋਣਹਾਰ ਬੱਚਿਆਂ ਨੂੰ ਕਾਪੀ ਸਟੇਸ਼ਨਰੀ ਵੰਡ ਕੇ, ਉਨ੍ਹਾਂ ਨੇ ਬੱਚਿਆਂ ਦੇ ਚਿਹਰਿਆਂ 'ਤੇ ਮੁਸਕਰਾਹਟ ਲਿਆਂਦੀ ਹੈ । ਮੁੱਖ ਸੇਵਾਦਾਰ ਮੰਜੂ ਮਲਹੋਤਰਾ ਨੇ ਕਿਹਾ ਕਿ ਇਹ ਕੰਮ ਸਾਡੇ ਸਾਰੇ ਮੈਂਬਰ ਸ਼ਹਿਰ ਵਾਸੀਆਂ ਅਤੇ ਸਾਡੀ ਟੀਮ ਦੇ ਮੈਂਬਰਾਂ ਅੰਜਨਾ ਵੰਦਨਾ ਰੁਪਿੰਦਰ ਅਤੇ ਹੋਰ ਬਹੁਤ ਸਾਰੇ ਲੋਕਾਂ ਦੇ ਸਹਿਯੋਗ ਨਾਲ ਪੂਰਾ ਕੀਤਾ ਜਾ ਰਿਹਾ ਹੈ। ਇਸ ਮੌਕੇ ਉਪ ਪ੍ਰਧਾਨ ਰਾਜੀਵ ਅਰੋੜਾ, ਸਤੀਸ਼ ਕੁਮਾਰ, ਮੈਡਮ ਸੁਨੀਤਾ ਅਰੋੜਾ, ਸੀਨੀਅਰ ਸਮਾਜ ਪੁਨੀਤ ਗੁਪਤਾ ਗੋਪੀ ਵੀ ਮੌਜੂਦ ਸਨ।

## ਨਸ਼ਿਆਂ ਦੇ ਖ਼ਾਤਮੇ ਲਈ ਪਿੰਡਾਂ ਦੇ ਲੋਕ ਹੋਏ ਇਕਜੁੱਟ: ਡਾ. ਬਲਬੀਰ ਸਿੰਘ



ਪਟਿਆਲਾ, 23 ਮਈ (ਰੁਪਾਣਾ/ ਵਿਨੋਦ ਸ਼ਰਮਾ) : ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਕਰਨ ਦੇ ਲਈ ਅਹਿਦ ਤਹਿਤ ਸੂਬੇ ਭਰ 'ਚ ਚੱਲ ਰਹੀ ਨਸ਼ਾ ਮੁਕਤੀ ਯਾਤਰਾ ਦੀ ਪਟਿਆਲਾ ਦਿਹਾਤੀ ਹਲਕੇ 'ਚ ਅਗਵਾਈ ਕਰ ਰਹੇ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਪਿੰਡਾਂ ਦੇ ਲੋਕ ਇਕਜੁੱਟ ਹੋ ਗਏ ਹਨ ਤੇ ਹੁਣ ਉਹ ਦਿਨ ਦੂਰ ਨਹੀਂ ਜਦ ਪੰਜਾਬ ਪੂਰਨ ਤੌਰ 'ਤੇ ਨਸ਼ਾ ਮੁਕਤ ਹੋ ਜਾਵੇਗਾ। ਪਟਿਆਲਾ ਦੇ ਪਿੰਡ ਕਾਲਵਾ, ਹਰਦਾਸਪੁਰ ਤੇ ਬਾਰਨ ਦੇ ਵਸਨੀਕਾਂ ਨੂੰ ਨਸ਼ਿਆਂ ਖਿਲਾਫ਼ ਲਾਮਬੰਦ ਹੋਣ ਦੀ ਸਹੁੰ ਖੁਆਉਂਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਨਸ਼ਿਆਂ ਖਿਲਾਫ਼ ਲੜਾਈ ਪੰਜਾਬੀਆਂ ਦੇ ਵਜੂਦ ਦੀ ਲੜਾਈ ਹੈ ਇਸ ਲਈ ਹਰੇਕ ਪੰਜਾਬੀ ਇਸ ਲੜਾਈ ਵਿੱਚ ਸਹਿਯੋਗ ਕਰੇ। ਉਨ੍ਹਾਂ ਕਿਹਾ ਕਿ ਪਿੰਡਾਂ 'ਚ ਵਿਲੇਜ ਡਿਫੈਂਸ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ, ਜੋ ਪਿੰਡਾਂ ਵਿੱਚ ਨਸ਼ਾ ਵੇਚਣ ਵਾਲੇ ਅਤੇ ਨਸ਼ਾ ਕਰਨ ਵਾਲੇ 'ਤੇ ਨਿਗਾਹ ਰੱਖਣਗੀਆਂ ਅਤੇ ਇਸ ਦੀ ਸੂਚਨਾ ਇਲਾਕੇ ਦੇ ਐਸ.ਡੀ.ਐਮ. ਅਤੇ ਐਸ.ਐਚ.ਓ. ਤੱਕ ਪਹੁੰਚਾਉਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਾ ਕਰਨ ਵਾਲੇ ਵਿਅਕਤੀਆਂ ਦੇ ਇਲਾਜ ਦੇ ਪੁਖਤਾ ਪ੍ਰਬੰਧ ਕਰਨ ਸਮੇਤ ਉਨ੍ਹਾਂ ਨੂੰ ਠੀਕ ਹੋਣ ਤੋਂ ਬਾਅਦ ਸਮਾਜ ਦੀ ਮੁਖ ਧਾਰਾ 'ਚ ਸ਼ਾਮਲ ਕਰਨ ਦੇ ਉਦੇਸ਼ ਨਾਲ ਕਿੱਤਾ ਮੁਖੀ ਕੋਰਸ ਕਰਵਾਉਣ ਦੇ ਪ੍ਰਬੰਧ ਵੀ ਕੀਤੇ ਗਏ ਹਨ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਪਹਿਲਾ ਲੋਕ ਨਸ਼ਾ ਤਸਕਰਾਂ ਤੋਂ ਡਰਦੇ ਸਨ, ਪਰ ਹੁਣ ਪੰਜਾਬ ਸਰਕਾਰ ਵੱਲੋਂ ਨਸ਼ਾ ਤਸਕਰਾਂ ਖਿਲਾਫ਼ ਕੀਤੀ ਗਈ ਸਖਤ ਕਾਰਵਾਈ ਤੋਂ ਬਾਅਦ ਹੁਣ ਨਸ਼ਾ ਤਸਕਰ ਲੋਕਾਂ ਤੋਂ ਡਰਕੇ ਭੱਜਣ ਲੱਗੇ ਹਨ ਤੇ ਕਈ ਨਸ਼ਾ ਤਸਕਰ ਆਪਣੇ ਘਰਾਂ ਨੂੰ ਜਿੰਦਰੇ ਲਗਾ ਕੇ ਸੂਬਾ ਤੱਕ ਛੱਡਕੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਜਿਹੜੇ ਨਸ਼ਾ ਤਸਕਰਾਂ ਨੇ ਨਸ਼ੇ ਦੀ ਕਮਾਈ ਨਾਲ ਕੋਈ ਜਾਇਦਾਦ ਬਣਾਈ ਹੈ ਪੰਜਾਬ ਸਰਕਾਰ ਉਸ 'ਤੇ ਵੀ ਕਾਰਵਾਈ ਕਰੇਗੀ। ਸਿਹਤ ਮੰਤਰੀ ਨੇ ਲੋਕਾਂ, ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਵਿਚਕਾਰ ਮਜ਼ਬੂਤ ਸਹਿਯੋਗ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੰਦਿਆਂ ਕਿਹਾ ਕਿ ਨਸ਼ਾ ਤਸਕਰਾਂ ਸਬੰਧੀ ਕੋਈ ਵੀ ਵਿਅਕਤੀ ਵਟਸਐਪ ਹੈਲਪਲਾਈਨ 97791-00200 ਰਾਹੀਂ ਗੁਪਤ ਰੂਪ ਵਿੱਚ ਜਾਣਕਾਰੀ ਸਾਂਝੀ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਵੱਡੀ ਗਿਣਤੀ ਲੋਕਾਂ ਵੱਲੋਂ ਨਸ਼ਾ ਤਸਕਰਾਂ ਦੀ ਸੂਚਨਾ ਪੁਲਿਸ ਨੂੰ ਦਿੱਤੀ ਜਾ ਰਹੀ ਹੈ ਜੋ ਕਿ ਸ਼ਲਾਘਾਯੋਗ ਉਪਰਾਲਾ ਹੈ। ਇਸ ਮੌਕੇ ਪਟਿਆਲਾ ਦਿਹਾਤੀ ਕੁਆਰਡੀਨੇਟਰ ਹਰਪਾਲ ਸਿੰਘ ਵਿਰਕ, ਡੀ.ਐਸ.ਪੀ ਮਨੋਜ ਗੋਰਸੀ, ਬੀਡੀਪੀਓ ਬਲਜੀਤ ਸਿੰਘ ਸੋਹੀ ਸਮੇਤ ਵੱਡੀ ਗਿਣਤੀ ਪਿੰਡ ਵਾਸੀ ਮੌਜੂਦ ਸਨ।

## ਪਿੰਡ ਸਿਊਣਾ ਦਾ ਜਤਿੰਦਰ ਸਿੰਘ ਪੰਜ ਸਾਲਾਂ ਤੋਂ ਆਪਣੇ ਖੇਤਾਂ 'ਚ ਝੋਨੇ ਦੀ ਕਰ ਰਿਹੈ ਸਿੱਧੀ ਬਿਜਾਈ



ਸਮਾਣਾ, 23 ਮਈ (ਵਿਜੇ ਕੁਮਾਰ) : ਪਟਿਆਲਾ ਸ਼ਹਿਰ ਦੀ ਜੂਹ ਦੇ ਵਸੇ ਪਿੰਡ ਸਿਊਣਾ ਦੇ ਨੌਜਵਾਨ ਅਗਾਂਹਵਧੂ ਕਿਸਾਨ ਜਤਿੰਦਰ ਸਿੰਘ ਪਿਛਲੇ ਪੰਜ ਸਾਲਾਂ ਤੋਂ ਆਪਣੀ 10 ਏਕੜ ਜ਼ਮੀਨ 'ਚ ਝੋਨੇ ਦੀ ਸਿੱਧੀ ਬਿਜਾਈ ਕਰਕੇ ਹੋਰਨਾਂ ਕਿਸਾਨਾਂ ਲਈ ਰਾਹ ਦਸੇਰਾ ਬਣ ਰਿਹਾ ਹੈ। ਝੋਨੇ ਦੀ ਸਿੱਧੀ ਬਿਜਾਈ ਦੇ ਆਪਣੇ ਤਜਰਬੇ ਸਾਂਝੇ ਕਰਦਿਆਂ ਜਤਿੰਦਰ ਸਿੰਘ ਸਿੰਘ ਨੇ ਦੱਸਿਆ ਕਿ ਉਹ ਆਪਣੀ ਕਰੀਬ 15 ਏਕੜ ਜ਼ਮੀਨ 'ਚੋਂ 10 ਏਕੜ 'ਚ ਸਿੱਧੀ ਬਿਜਾਈ ਤੇ ਹੋਰ ਜ਼ਮੀਨ 'ਚ ਗੰਨਾ, ਮੱਕੀ ਤੇ ਹਰਾ ਚਾਰਾ ਬੀਜਦਾ ਹੈ। ਪੜ੍ਹੇ ਲਿਖੇ ਅਗਾਂਹਵਧੂ ਕਿਸਾਨ ਜਤਿੰਦਰ ਸਿੰਘ ਨੇ ਦੱਸਿਆ ਕਿ ਸਿੱਧੀ ਬਿਜਾਈ ਨਾਲ ਜਿੱਥੇ ਪਾਣੀ ਦੀ ਖਪਤ ਅੱਧੀ ਹੋਈ ਹੈ, ਉਥੇ ਹੀ ਖੇਤੀ ਖ਼ਰਚੇ ਵੀ 20 ਫ਼ੀਸਦੀ ਤੱਕ ਘਟੇ ਹਨ। ਜਤਿੰਦਰ ਸਿੰਘ ਨੇ ਦੱਸਿਆ ਕਿ ਤਜਰਬੇ ਅਨੁਸਾਰ ਇਸ ਵਿਧੀ ਨਾਲ ਮੀਂਹ ਦਾ ਪਾਣੀ ਭੂਮੀਗਤ ਜ਼ਿਆਦਾ ਹੁੰਦਾ ਹੈ, ਫ਼ਸਲ ਨੂੰ ਬਿਮਾਰੀਆਂ ਘੱਟ ਲਗਦੀਆਂ ਹਨ ਅਤੇ ਭੂਮੀ ਦੀ ਤਾਕਤ ਵਿੱਚ ਵੀ ਵਾਧਾ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਆਪਣੇ ਤਜਰਬੇ ਅਤੇ ਸਰਕਾਰ ਵੱਲੋਂ ਸਿੱਧੀ ਬਿਜਾਈ ਵਾਲੇ ਕਿਸਾਨਾਂ ਨੂੰ ਦਿੱਤੇ ਜਾ ਰਹੇ ਲਾਭ ਨੂੰ ਦੇਖਦਿਆਂ ਇਸ ਸਾਲ ਵੀ ਝੋਨੇ ਦੀ ਬਾਸਮਤੀ ਕਿਸਮਾਂ 1401 ਤੇ 1692 ਦੀ ਸਿੱਧੀ ਬਿਜਾਈ ਕਰ ਰਹੇ ਹਨ। ਉਸ ਨੇ ਕਿਸਾਨਾਂ ਨੂੰ ਸੁਨੇਹਾ ਦਿੰਦਿਆਂ ਆਖਿਆ ਕਿ ਸਿੱਧੀ ਬਿਜਾਈ ਕਰਨ ਨਾਲ ਸਾਡਾ ਆਪਣਾ ਫ਼ਾਇਦਾ ਹੁੰਦਾ ਹੈ ਅਤੇ ਅਸੀਂ ਆਉਣ ਵਾਲੀਆਂ ਸਾਡੀਆਂ ਪੀੜੀਆਂ ਵਾਸਤੇ ਧਰਤੀ ਹੇਠਲੇ ਪਾਣੀ ਦੀ ਬੱਚਤ ਕਰ ਸਕਦੇ ਹਾਂ, ਜੋ ਕਿ ਦਿਨ ਪ੍ਰਤੀ ਦਿਨ ਘੱਟਦਾ ਹੀ ਜਾ ਰਿਹਾ ਹੈ ।